ਸ਼ਨੀਵਾਰ, 25 ਜੁਲਾਈ, 2026
10 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 54

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • SATURDAY, 25 JULY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਸਰਕਾਰ ਵੱਲੋਂ ਪਰਮਾਰ ਨੂੰ ਕਲੀਨ ਚਿੱਟ

**ਚੰਡੀਗੜ੍ਹ** : ਪੰਜਾਬ ਸਰਕਾਰ ਨੇ ਵਿਜੀਲੈਂਸ ਬਿਊਰੋ ਦੇ ਤਤਕਾਲੀ ਮੁੱਖ ਡਾਇਰੈਕਟਰ ਸੁਰਿੰਦਰ ਪਾਲ ਸਿੰਘ ਪਰਮਾਰ ਨੂੰ ਕਲੀਨ ਚਿੱਟ ਦੇ ਦਿੱਤੀ ਹੈ। 1997 ਬੈਚ ਦੇ ਆਈ.ਪੀ.ਐੱਸ. ਅਧਿਕਾਰੀ ਪਰਮਾਰ ਇਸ ਵੇਲੇ ਏ.ਡੀ.ਜੀ.ਪੀ. (ਲਾਅ ਐਂਡ ਆਰਡਰ) ਵਜੋਂ ਜ਼ਿੰਮੇਵਾਰੀ ਸੰਭਾਲ ਰਹੇ ਹਨ। ਗ੍ਰਹਿ ਵਿਭਾਗ ਦੇ ਸਕੱਤਰ ਵੱਲੋਂ ਜਾਰੀ ਪੱਤਰ ਅਨੁਸਾਰ ਪਰਮਾਰ ਵਿਰੁੱਧ ਵਿਭਾਗੀ ਕਾਰਵਾਈ ਨੂੰ ਖ਼ਤਮ ਕਰਦਿਆਂ ਉਨ੍ਹਾਂ ਖ਼ਿਲਾਫ਼ ਲੱਗੇ ਦੋਸ਼ਾਂ ਨੂੰ ਰੱਦ ਕਰ ਦਿੱਤਾ ਗਿਆ ਹੈ। ਉਨ੍ਹਾਂ ਦੇ ਮੁਅੱਤਲੀ ਦੇ ਸਮੇਂ ਨੂੰ ਹੁਣ ਡਿਊਟੀ ਦਾ ਸਮਾਂ ਹੀ ਮੰਨਿਆ ਜਾਵੇਗਾ। ਪਰਮਾਰ ਨੇ 26 ਮਾਰਚ 2025 ਨੂੰ ਵਿਜੀਲੈਂਸ ਬਿਊਰੋ ਦੇ ਮੁਖੀ ਦਾ ਅਹੁਦਾ ਸੰਭਾਲਿਆ ਸੀ ਅਤੇ ਕਰੀਬ ਇੱਕ ਮਹੀਨੇ ਮਗਰੋਂ ਹੀ ਪੰਜਾਬ ਸਰਕਾਰ ਨੇ ਵਿਜੀਲੈਂਸ ਮੁਖੀ ਪਰਮਾਰ ਤੋਂ ਇਲਾਵਾ ਐੱਸ.ਐੱਸ.ਪੀ. ਵਿਜੀਲੈਂਸ ਸਵਰਨਪ੍ਰੀਤ ਸਿੰਘ ਅਤੇ ਏ.ਆਈ.ਜੀ. ਹਰਪ੍ਰੀਤ ਸਿੰਘ ਨੂੰ ਵੀ ਮੁਅੱਤਲ ਕਰ ਦਿੱਤਾ ਸੀ। ਡਰਾਈਵਿੰਗ ਲਾਇਸੈਂਸ ਮਾਮਲੇ 'ਚ ਡਿਊਟੀ 'ਚ ਕੋਤਾਹੀ ਦੇ ਦੋਸ਼ਾਂ ਤਹਿਤ ਸੀਨੀਅਰ ਅਧਿਕਾਰੀ ਪਰਮਾਰ ਨੂੰ ਮੁਅੱਤਲ ਕੀਤਾ ਗਿਆ ਸੀ। ਸੂਬਾ ਸਰਕਾਰ ਨੇ 27 ਅਗਸਤ 2025 ਨੂੰ ਪਰਮਾਰ ਨੂੰ ਬਹਾਲ ਕਰ ਦਿੱਤਾ ਸੀ।

## ਸਕੂਲਾਂ 'ਚ 1 ਅਗਸਤ ਤੋਂ ਲਾਗੂ ਹੋਵੇਗੀ ਐੱਸ ਐੱਚ ਵੀ ਆਰ

**ਚੰਡੀਗੜ੍ਹ** : ਪੰਜਾਬ ਸਕੂਲ ਸਿੱਖਿਆ ਵਿਭਾਗ ਨੇ ਸ਼ੁੱਕਰਵਾਰ ਨੂੰ ਸੂਬੇ ਦੇ ਸਮੂਹ ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ (ਏਡਿਡ) ਅਤੇ ਪ੍ਰਾਈਵੇਟ ਸਕੂਲਾਂ ਲਈ ਵਿਸਥਾਰਪੂਰਵਕ ਦਿਸ਼ਾ-ਨਿਰਦੇਸ਼ ਜਾਰੀ ਕਰਦਿਆਂ ਅਕਾਦਮਿਕ ਵਰ੍ਹੇ 2026-27 ਲਈ 'ਸਵੱਛ ਐਂਡ ਹਰਿਤ ਵਿਦਿਆਲਿਆ ਰੇਟਿੰਗ' (ਐੱਸ ਐੱਚ ਵੀ ਆਰ) ਪ੍ਰੋਗਰਾਮ ਨੂੰ ਲਾਜ਼ਮੀ ਤੌਰ 'ਤੇ ਲਾਗੂ ਕਰਨ ਦੇ ਹੁਕਮ ਦਿੱਤੇ ਹਨ। ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ ਦੇ ਦਫ਼ਤਰ ਵੱਲੋਂ ਜਾਰੀ ਸਰਕੂਲਰ ਵਿੱਚ ਜ਼ਿਕਰ ਕੀਤਾ ਗਿਆ ਹੈ ਕਿ ਐੱਸ ਐੱਚ ਵੀ ਆਰ 2025-26 ਦੀ ਅਪਾਰ ਸਫ਼ਲਤਾ, ਜਿਸ ਵਿੱਚ ਦੇਸ਼ ਭਰ ਦੇ 10 ਲੱਖ ਤੋਂ ਵੱਧ ਸਕੂਲਾਂ ਨੇ ਭਾਗ ਲਿਆ ਸੀ ਅਤੇ 191 ਸਕੂਲਾਂ ਨੂੰ ਕੌਮੀ ਪੱਧਰ 'ਤੇ ਸਰਟੀਫਿਕੇਟ ਆਫ਼ ਮੈਰਿਟ ਮਿਲਿਆ ਸੀ, ਨੂੰ ਧਿਆਨ ਵਿੱਚ ਰੱਖਦਿਆਂ ਕੇਂਦਰ ਨੇ ਇਸ ਪ੍ਰੋਗਰਾਮ ਨੂੰ 2026-27 ਲਈ ਵੀ ਜਾਰੀ ਰੱਖਣ ਦਾ ਫੈਸਲਾ ਕੀਤਾ ਹੈ। ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਸਫ਼ਾਈ, ਸਿਹਤਮੰਦ ਵਾਤਾਵਰਨ, ਸਰਬਪੱਖੀ ਵਿਕਾਸ ਅਤੇ ਵਾਤਾਵਰਨ ਜਾਗਰੂਕਤਾ ਨੂੰ ਉਤਸ਼ਾਹਿਤ ਕਰਨਾ ਹੈ।

## ਨਵੇਂ ਉੱਚ ਸਿੱਖਿਆ ਸਕੱਤਰ ਦੀ ਨਿਯੁਕਤੀ ਅੰਤਮ ਮਜ਼ਾਕ : ਬ੍ਰਿਟਾਸ

**ਨਵੀਂ ਦਿੱਲੀ** : ਵਿਦਿਆਰਥੀ ਅੰਦੋਲਨ ਦਰਮਿਆਨ ਵਿਨੀਤ ਜੋਸ਼ੀ ਨੂੰ ਹਟਾ ਕੇ ਨਰੇਸ਼ ਪਾਲ ਗੰਗਵਾਰ ਨੂੰ ਨਵਾਂ ਉੱਚ ਸਿੱਖਿਆ ਸਕੱਤਰ ਬਣਾਉਣ 'ਤੇ ਵਿਵਾਦ ਪੈਦਾ ਹੋ ਗਿਆ ਹੈ। ਸੀ ਪੀ ਆਈ (ਐੱਮ) ਦੇ ਰਾਜ ਸਭਾ ਮੈਂਬਰ ਜੌਨ ਬ੍ਰਿਟਾਸ ਨੇ ਸ਼ੁੱਕਰਵਾਰ ਨੂੰ ਗੰਗਵਾਰ ਦੀ ਨਿਯੁਕਤੀ ਦੀ ਸਖਤ ਨਿੰਦਾ ਕਰਦਿਆਂ ਕੇਂਦਰ ਸਰਕਾਰ ਦੇ ਫੈਸਲੇ ਨੂੰ ਅੰਤਮ ਮਜ਼ਾਕ ਗਰਦਾਨਿਆ। ਉਨ੍ਹਾ 'ਐੱਕਸ' ਉੱਤੇ ਪੋਸਟ ਕੀਤਾ, "ਇਹ ਉਹੀ ਆਈ ਏ ਐੱਸ ਅਧਿਕਾਰੀ ਹੈ ਜਿਸ ਦੀ ਮਾਂ, ਪਤਨੀ ਅਤੇ ਪੁੱਤਰ ਨੂੰ ਰਾਸ਼ਟਰੀ ਬਾਗਬਾਨੀ ਬੋਰਡ ਯੋਜਨਾ ਦੇ ਤਹਿਤ ਵਪਾਰਕ ਫਸਲਾਂ (ਖੀਰੇ ਦੀ ਕਾਸ਼ਤ) ਨੂੰ ਉਤਸ਼ਾਹਤ ਕਰਨ ਲਈ ਸਰਕਾਰੀ ਸਬਸਿਡੀ ਵਜੋਂ ਸਮੂਹਕ ਤੌਰ 'ਤੇ 1.16 ਕਰੋੜ ਰੁਪਏ ਤੋਂ ਵੱਧ ਪ੍ਰਾਪਤ ਹੋਏ ਸਨ। ਇਹੀ ਤਰੀਕਾ ਹੈ ਜਿਸ ਨਾਲ ਪ੍ਰਧਾਨ ਮੰਤਰੀ ਜਵਾਬਦੇਹੀ ਯਕੀਨੀ ਬਣਾਉਂਦੇ ਹਨ..।" ਗੰਗਵਾਰ ਨਵੀਂ ਨਿਯੁਕਤੀ ਤੋਂ ਪਹਿਲਾਂ ਮੱਛੀ ਪਾਲਣ, ਪਸ਼ੂ ਪਾਲਣ ਅਤੇ ਡੇਅਰੀ ਮੰਤਰਾਲੇ ਦੇ ਅਧੀਨ ਪਸ਼ੂ ਪਾਲਣ ਅਤੇ ਡੇਅਰੀ ਵਿਭਾਗ ਦੇ ਸਕੱਤਰ ਸਨ।

## ਟਰੰਪ ਨੇ ਭਾਰਤ ਸਮੇਤ 60 ਦੇਸ਼ਾਂ 'ਤੇ ਲਾਇਆ ਨਵਾਂ ਟੈਰਿਫ

**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਪ੍ਰਸ਼ਾਸਨ ਨੇ 60 ਅਮਰੀਕੀ ਵਪਾਰਕ ਭਾਈਵਾਲਾਂ 'ਤੇ ਨਵੇਂ, ਭਾਰੀ ਟੈਰਿਫ ਲਗਾਏ ਹਨ। ਇਹ ਟੈਰਿਫ 10% ਗਲੋਬਲ ਡਿਊਟੀ ਦੀ ਥਾਂ ਲੈਣਗੇ, ਜੋ ਸ਼ੁੱਕਰਵਾਰ ਸਵੇਰੇ ਖਤਮ ਹੋ ਗਏ ਹਨ। ਅਮਰੀਕਾ 60 ਤੋਂ ਵੱਧ ਦੇਸ਼ਾਂ 'ਤੇ 10 ਫੀਸਦੀ ਜਾਂ 12.5 ਫੀਸਦੀ ਦੇ ਟੈਰਿਫ ਲਗਾਏਗਾ। ਇਨ੍ਹਾਂ ਦੇਸ਼ਾਂ ਵਿੱਚ ਯੂਨਾਈਟਿਡ ਕਿੰਗਡਮ, ਮੈਕਸੀਕੋ, ਕੈਨੇਡਾ, ਆਸਟਰੇਲੀਆ, ਭਾਰਤ, ਚੀਨ ਅਤੇ ਯੂਰਪੀਅਨ ਯੂਨੀਅਨ ਦੇ 27 ਦੇਸ਼ ਸ਼ਾਮਲ ਹਨ। ਅਮਰੀਕੀ ਵਪਾਰ ਪ੍ਰਤੀਨਿਧੀ ਦੇ ਦਫ਼ਤਰ ਵੱਲੋਂ ਜਾਰੀ ਕੀਤੀ ਗਈ ਇੱਕ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਕੈਨੇਡਾ, ਮੈਕਸੀਕੋ, ਤਾਈਵਾਨ, ਯੂਨਾਈਟਿਡ ਕਿੰਗਡਮ (ਯੂ ਕੇ) ਅਤੇ ਕਈ ਹੋਰ ਦੇਸ਼ਾਂ 'ਤੇ 10 ਫੀਸਦੀ ਵਾਧੂ ਟੈਰਿਫ ਲਗਾਇਆ ਜਾਵੇਗਾ। ਇਹ ਦੋਸ਼ ਲਗਾਇਆ ਗਿਆ ਹੈ ਕਿ ਇਨ੍ਹਾਂ ਦੇਸ਼ਾਂ ਨੇ ਬੰਧੂਆ ਮਜ਼ਦੂਰੀ ਨਾਲ ਬਣੀਆਂ ਵਸਤਾਂ ਦੀ ਦਰਾਮਦ 'ਤੇ ਪਾਬੰਦੀ ਨੂੰ ਸਹੀ ਢੰਗ ਨਾਲ ਲਾਗੂ ਨਹੀਂ ਕੀਤਾ ਹੈ।

## ਛੇੜਖ਼ਾਨੀ ਕਰਨ ਵਾਲਾ ਟੀਚਰ ਮੁਅੱਤਲ

**ਚੰਡੀਗੜ੍ਹ** : ਪੰਜਾਬ ਸਰਕਾਰ ਵੱਲੋਂ ਸਕੂਲੀ ਵਿਦਿਆਰਥਣਾਂ ਨਾਲ ਗ਼ਲਤ ਵਿਹਾਰ ਅਤੇ ਧਮਕੀਆਂ ਦੇਣ ਦੇ ਇਲਜ਼ਾਮਾਂ ਤਹਿਤ ਮੋਗਾ ਦੇ ਪਿੰਡ ਮੋਠਾਂਵਾਲੀ ਦੇ ਸਰਕਾਰੀ ਮਿਡਲ ਸਕੂਲ ਵਿੱਚ ਤਾਇਨਾਤ ਸਮਾਜਿਕ ਸਿੱਖਿਆ ਅਧਿਆਪਕ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਨਿਰਦੇਸ਼ਾਂ 'ਤੇ ਸਕੂਲੀ ਵਿਦਿਆਰਥਣਾਂ ਦੀ ਸ਼ਿਕਾਇਤ ਦੀ ਮੁੱਢਲੀ ਜਾਂਚ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਮੋਗਾ ਨੇ ਕੀਤੀ। ਪੰਜਾਬ ਸਕੂਲ ਸਿੱਖਿਆ ਵਿਭਾਗ ਨੇ ਇਸ ਮੁੱਢਲੀ ਰਿਪੋਰਟ ਦੇ ਆਧਾਰ 'ਤੇ ਅਧਿਆਪਕ ਨੂੰ ਮੁਅੱਤਲ ਕਰ ਦਿੱਤਾ ਹੈ। ਮੁਅੱਤਲੀ ਦੌਰਾਨ ਮੁਲਜ਼ਮ ਨੂੰ ਸੇਵਾ ਨਿਯਮਾਂ ਅਨੁਸਾਰ ਗੁਜ਼ਾਰਾ ਭੱਤਾ ਮਿਲੇਗਾ।

# ਪ੍ਰਧਾਨ ਦੇ ਅਸਤੀਫ਼ੇ 'ਤੇ ਸਮਝੌਤਾ ਨਹੀਂ : ਸੀ ਜੇ ਪੀ

## ਕੇਂਦਰ ਨੇ ਅੱਜ ਤੱਕ ਦਾ ਸਮਾਂ ਲਿਆ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**



ਕੇਂਦਰ ਸਰਕਾਰ ਨੇ ਕਾਕਰੋਚ ਜਨਤਾ ਪਾਰਟੀ ਦੀਆਂ ਮੰਗਾਂ ਦਾ ਜਵਾਬ ਦੇਣ ਲਈ 25 ਜੁਲਾਈ ਸ਼ਨੀਵਾਰ ਬਾਅਦ ਦੁਪਹਿਰ ਤੱਕ ਦਾ ਸਮਾਂ ਲਿਆ ਹੈ। ਇਹ ਜਾਣਕਾਰੀ ਕਾਕਰੋਚ ਜਨਤਾ ਪਾਰਟੀ ਨੇ ਦਿੱਤੀ ਹੈ। ਕੇਂਦਰ ਸਰਕਾਰ ਦੇ ਮੰਤਰੀਆਂ ਨਾਲ ਹੋਈ ਅਹਿਮ ਮੀਟਿੰਗ ਤੋਂ ਬਾਅਦ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਸਟੈਂਡ ਵਿੱਚ ਕੋਈ ਤਬਦੀਲੀ ਨਹੀਂ ਹੋਈ ਹੈ ਤੇ ਉਹ ਆਪਣੀਆਂ ਮੰਗਾਂ 'ਤੇ ਕਾਇਮ ਹੈ। ਬੈਠਕ ਤੋਂ ਤੁਰੰਤ ਬਾਅਦ ਸੀ ਜੇ ਪੀ ਦੇ ਮੁੱਖ ਬੁਲਾਰੇ ਸੌਰਵ ਦਾਸ ਨੇ ਕਿਹਾ ਕਿ ਉਨ੍ਹਾਂ ਨੇ ਕੇਂਦਰੀ ਮੰਤਰੀਆਂ ਨੂੰ ਸਪੱਸ਼ਟ ਕਰ ਦਿੱਤਾ ਹੈ ਕਿ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ 'ਤੇ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਸੌਰਵ ਦਾਸ ਨੇ ਦੱਸਿਆ ਕਿ ਸਰਕਾਰ ਨਾਲ ਗੱਲਬਾਤ ਦੌਰਾਨ ਜਥੇਬੰਦੀ ਨੇ ਆਪਣੇ ਪੁਰਾਣੇ ਸਟੈਂਡ ਨੂੰ ਦੁਹਰਾਉਂਦਿਆਂ ਆਖਿਆ ਹੈ ਕਿ ਪ੍ਰੀਖਿਆਵਾਂ ਵਿੱਚ ਹੋਈਆਂ ਗੜਬੜੀਆਂ ਦੀ ਨੈਤਿਕ ਜ਼ਿੰਮੇਵਾਰੀ ਲੈਂਦਿਆਂ ਸਿੱਖਿਆ ਮੰਤਰੀ ਨੂੰ ਤੁਰੰਤ ਅਹੁਦਾ ਛੱਡਣਾ ਪਵੇਗਾ। ਉਨ੍ਹਾਂ ਕਿਹਾ ਕਿ ਜਦੋਂ ਤੱਕ ਸਰਕਾਰ ਉਨ੍ਹਾਂ ਦੀਆਂ ਮੁੱਖ ਮੰਗਾਂ ਨੂੰ ਪ੍ਰਵਾਨ ਨਹੀਂ ਕਰਦੀ, ਉਦੋਂ ਤੱਕ ਸ਼ਾਂਤੀਪੂਰਨ ਵਿਰੋਧ ਪ੍ਰਦਰਸ਼ਨ ਲਗਾਤਾਰ ਜਾਰੀ ਰਹੇਗਾ। ਦੱਸ ਦਈਏ ਕਿ ਸਰਕਾਰ ਅਤੇ ਸੀ ਜੇ ਪੀ ਦੇ ਆਗੂਆਂ ਵਿਚਕਾਰ ਇਹ ਤੀਜੀ ਅਧਿਕਾਰਤ • ਬਾਕੀ ਸਫਾ 2 'ਤੇ

## ਪੁਲਸ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਲਈ ਵੈੱਬਸਾਈਟ ਲਾਂਚ

**ਨਵੀਂ ਦਿੱਲੀ** : ਕਾਕਰੋਚ ਜਨਤਾ ਪਾਰਟੀ ਨੇ ਸ਼ੁੱਕਰਵਾਰ ਨੂੰ ਐਲਾਨ ਕੀਤਾ ਕਿ ਉਹ 'ਸੰਸਦ ਚੱਲੋ' ਮਾਰਚ ਦੌਰਾਨ 20 ਜੁਲਾਈ ਨੂੰ ਹੋਈ ਕਾਰਵਾਈ 'ਚ ਸ਼ਾਮਲ ਪੁਲਸ ਕਰਮਚਾਰੀਆਂ ਦੀ ਪਛਾਣ ਕਰਨ ਲਈ ਪ੍ਰਦਰਸ਼ਨਕਾਰੀਆਂ ਤੋਂ ਫੋਟੋਆਂ ਅਤੇ ਵੀਡੀਓਜ਼ ਇਕੱਠੀਆਂ ਕਰਨ ਵਾਸਤੇ ਇੱਕ ਵਿਸ਼ੇਸ਼ ਵੈੱਬਸਾਈਟ ਲਾਂਚ ਕਰੇਗੀ। ਪਾਰਟੀ ਨੇ ਕਿਹਾ ਕਿ ਉਹ ਕਾਰਵਾਈ 'ਚ ਸ਼ਾਮਿਲ ਪੁਲਸ ਵਾਲਿਆਂ ਖ਼ਿਲਾਫ਼ ਐੱਫ ਆਈ ਆਰ ਦਰਜ ਕਰਵਾਏਗੀ ਅਤੇ ਅਦਾਲਤ ਦਾ ਰੁਖ ਕਰੇਗੀ। ਸੀ ਜੇ ਪੀ ਦੇ ਬੁਲਾਰੇ ਸੌਰਵ ਦਾਸ ਨੇ ਦੋਸ਼ ਲਾਇਆ ਕਿ ਪੁਲਸ ਕਾਰਵਾਈ ਦੌਰਾਨ ਪੁਲਸ ਕਰਮਚਾਰੀਆਂ ਨੇ ਵਿਦਿਆਰਥੀਆਂ ਨਾਲ ਕੁੱਟਮਾਰ ਕੀਤੀ ਅਤੇ ਮਹਿਲਾ ਪ੍ਰਦਰਸ਼ਨਕਾਰੀਆਂ ਨਾਲ ਛੇੜਛਾੜ ਕੀਤੀ। ਸੌਰਵ ਦਾਸ ਨੇ ਦਾਅਵਾ ਕੀਤਾ, "ਜਿਵੇਂ ਕਿ ਅਸੀਂ ਪਹਿਲਾਂ ਐਲਾਨ ਕੀਤਾ ਸੀ, ਵਿਦਿਆਰਥੀਆਂ • ਬਾਕੀ ਸਫਾ 2 'ਤੇ

# ਟੈਕਸੀ 'ਤੇ ਡਿੱਗੀਆਂ ਢਿੱਗਾਂ, 13 ਦੀ ਮੌਤ



**ਸ਼ਿਮਲਾ** : ਹਿਮਾਚਲ ਪ੍ਰਦੇਸ਼ ਦੇ ਲਾਹੌਲ-ਸਪਿਤੀ ਵਿੱਚ ਸ਼ੁੱਕਰਵਾਰ ਨੂੰ ਉਦੇਪੁਰ-ਕਿਲਾੜ ਸੜਕ 'ਤੇ ਕਡੂ ਨਾਲੇ ਦੇ ਨੇੜੇ ਇੱਕ ਟਾਟਾ ਸੂਮੋ ਟੈਕਸੀ 'ਤੇ ਢਿੱਗਾਂ ਡਿੱਗ ਗਈਆਂ ਜਿਸ ਵਿਚ ਸਵਾਰ 13 ਲੋਕਾਂ ਦੀ ਮੌਤ ਹੋ ਗਈ ਜਦ ਕਿ 2 ਲੋਕਾਂ ਦੀ ਜਾਨ ਬਚ ਗਈ। ਮਰਨ ਵਾਲਿਆਂ ਵਿਚ ਛੇ ਮਹੀਨੇ ਦੀ ਬੱਚੀ ਵੀ ਸ਼ਾਮਲ ਹੈ। ਇਹ ਸਾਰੇ ਜਣੇ ਪਾਂਗੀ ਦੇ ਰਹਿਣ ਵਾਲੇ ਸਨ। ਇਹ ਗੱਡੀ ਕੁੱਲੂ ਤੋਂ ਕਿਲਾੜ ਵੱਲ ਜਾ ਰਹੀ ਸੀ ਅਤੇ ਇਸ ਵਿੱਚ ਕੁੱਲ 15 ਲੋਕ ਸਵਾਰ ਸਨ। ਜਿਵੇਂ ਹੀ ਗੱਡੀ ਕਡੂ ਨਾਲੇ ਦੇ ਨੇੜੇ ਪਹੁੰਚੀ, ਪਹਾੜ ਤੋਂ ਵੱਡੇ-ਵੱਡੇ ਪੱਥਰ ਗੱਡੀ ਉਸ ਉਪਰ ਆ ਡਿੱਗੇ, ਜਿਸ ਨਾਲ ਗੱਡੀ ਪੂਰੀ ਤਰ੍ਹਾਂ ਹੇਠਾਂ ਆ ਕੇ ਪਿਚਕ ਗਈ। ਹਾਦਸੇ ਤੋਂ ਬਾਅਦ ਗੱਡੀ ਦੇ ਪਿਛਲੇ ਹਿੱਸੇ ਨੂੰ ਅੱਗ ਲੱਗ ਗਈ। ਰਾਹਗੀਰਾਂ ਨੇ ਅੱਗ ਬੁਝਾਉਣ ਦੀ ਕੋਸ਼ਿਸ਼ ਕੀਤੀ। ਭਰਮੌਰ ਦੇ ਵਿਧਾਇਕ ਜਨਕ ਰਾਜ ਨੇ ਦੱਸਿਆ ਕਿ ਗੱਡੀ ਵਿੱਚੋਂ ਬਾਹਰ ਛਾਲ ਮਾਰਨ ਵਾਲੇ 2 ਵਿਅਕਤੀਆਂ ਨੂੰ ਛੱਡ ਕੇ ਬਾਕੀ ਸਾਰੇ ਲੋਕਾਂ ਦੀ ਮੌਤ ਹੋ ਗਈ। ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੇ 13 ਲੋਕਾਂ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ ਤੇ ਪੀੜਤ ਪਰਿਵਾਰਾਂ ਨੂੰ ਹਰ ਸੰਭਵ ਮਦਦ ਦੇਣ ਦਾ ਭਰੋਸਾ ਦਿੱਤਾ ਹੈ। ਇੱਕ ਹੋਰ ਵੱਖਰੀ ਘਟਨਾ ਵਿੱਚ ਮੰਡੀ ਜ਼ਿਲ੍ਹੇ ਦੇ ਜੋਗਿੰਦਰਨਗਰ ਦੇ ਗੁੰਮਾ ਇਲਾਕੇ ਵਿੱਚ ਢਿੱਗਾਂ ਡਿੱਗਣ ਕਾਰਨ ਇੱਕ ਔਰਤ ਦੀ ਮੌਤ ਹੋ ਗਈ ਅਤੇ 7 ਹੋਰ ਲੋਕ ਜ਼ਖ਼ਮੀ ਹੋ ਗਏ।

## ਪੇਪਰ ਲੀਕ ਸੋਧ ਬਿੱਲ 'ਚ 10 ਸਾਲ ਕੈਦ ਤੇ 10 ਕਰੋੜ ਜੁਰਮਾਨਾ

**ਨਵੀਂ ਦਿੱਲੀ** : ਸ਼ੁੱਕਰਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਹੋਈ ਕੈਬਨਿਟ ਮੀਟਿੰਗ ਦੌਰਾਨ 'ਪੇਪਰ ਲੀਕ ਸੋਧ ਬਿੱਲ' ਨੂੰ ਮਨਜ਼ੂਰੀ ਦਿੱਤੀ ਗਈ। ਬਿੱਲ ਵਿੱਚ ਪੇਪਰ ਲੀਕ ਮਾਫੀਆ ਵਿਰੁੱਧ ਸਖ਼ਤ ਵਿਵਸਥਾਵਾਂ ਸ਼ਾਮਲ ਹਨ ਅਤੇ ਵਿਸ਼ੇਸ਼ ਫਾਸਟ-ਟਰੈਕ ਅਦਾਲਤਾਂ ਨੂੰ ਕਾਨੂੰਨੀ ਸਮਰਥਨ ਦਿੱਤਾ ਗਿਆ ਹੈ। ਇਨ੍ਹਾਂ ਅਦਾਲਤਾਂ ਨੂੰ ਤਿੰਨ ਮਹੀਨਿਆਂ ਦੇ ਅੰਦਰ ਸੁਣਵਾਈਆਂ ਕਰਨ ਅਤੇ ਫੈਸਲੇ ਦੇਣ ਦਾ ਅਧਿਕਾਰ ਹੋਵੇਗਾ। ਇਨ੍ਹਾਂ ਵਿਵਸਥਾਵਾਂ ਵਿੱਚ ਪੇਪਰ ਲੀਕ ਅਪਰਾਧਾਂ ਲਈ 10 ਸਾਲ ਤੱਕ ਦੀ ਕੈਦ ਅਤੇ 10 ਕਰੋੜ ਦਾ ਜੁਰਮਾਨਾ ਸ਼ਾਮਲ ਹੈ। ਸੋਧ ਬਿੱਲ ਅਗਲੇ ਹਫ਼ਤੇ ਸੰਸਦ ਵਿੱਚ ਪੇਸ਼ ਕੀਤਾ ਜਾਣਾ ਹੈ।

## ਫਾਸਟ ਟ੍ਰੈਕ ਬਣਾਉਣੀਆਂ ਨਿਰਾ ਡਰਾਮਾ : ਕੇਜਰੀਵਾਲ

**ਨਵੀਂ ਦਿੱਲੀ (ਨ ਜ਼ ਸ)**

ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਪ੍ਰਧਾਨ ਮੰਤਰੀ ਵੱਲੋਂ ਪੇਪਰ ਲੀਕ 'ਤੇ ਫਾਸਟ ਟ੍ਰੈਕ ਕੋਰਟ ਬਣਾਉਣ ਲਈ ਸੰਸਦ ਵਿੱਚ ਕਾਨੂੰਨ ਲਿਆਉਣ ਦੇ ਭਰੋਸੇ ਨੂੰ ਪੂਰੀ ਤਰ੍ਹਾਂ ਖੋਖਲਾ ਅਤੇ ਝੂਠਾ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੇਪਰ ਲੀਕ ਲਈ ਸੋਮਵਾਰ ਨੂੰ ਸੰਸਦ ਵਿੱਚ ਫਾਸਟ ਟ੍ਰੈਕ ਕੋਰਟ ਬਣਾਉਣ ਦਾ ਮੋਦੀ ਦਾ ਭਰੋਸਾ ਕਿੰਨਾ ਖੋਖਲਾ ਹੈ, ਇਹ ਵੀਰਵਾਰ ਨੂੰ ਖ਼ੁਦ ਹੀ ਸਾਬਤ ਹੋ ਗਿਆ, ਜਦੋਂ 2024 ਨੀਟ ਪੇਪਰ ਲੀਕ ਦੇ ਮਾਸਟਰਮਾਈਂਡ ਸੰਜੀਵ ਮੁਖੀਆ ਨੂੰ ਸੀ ਬੀ ਆਈ ਨੇ ਅਦਾਲਤ ਵਿੱਚ ਬੇਗੁਨਾਹ ਐਲਾਨ ਦਿੱਤਾ। ਉਨ੍ਹਾਂ ਪੀ ਐੱਮ ਨੂੰ ਕਿਹਾ ਕਿ ਜੇਕਰ ਅਜਿਹੀ ਹੀ ਜਾਂਚ ਕਰਨੀ ਹੈ, ਜੇਕਰ ਤੁਸੀਂ ਸਬੂਤ ਹੀ ਨਹੀਂ ਪੇਸ਼ ਕਰਨੇ, ਤਾਂ ਫਾਸਟ ਟ੍ਰੈਕ ਕੋਰਟ ਬਣਾਉਣ ਦਾ ਡਰਾਮਾ ਕਿਉਂ? ਮੋਦੀ ਜੀ, ਤੁਹਾਡੀ ਨੀਅਤ ਵਿੱਚ ਹੀ ਖੋਟ ਹੈ। ਕੇਜਰੀਵਾਲ ਨੇ ਕਿਹਾ ਕਿ ਸੰਜੀਵ ਮੁਖੀਆ ਨੂੰ ਗ੍ਰਿਫ਼ਤਾਰੀ ਦੇ 3 ਮਹੀਨਿਆਂ ਦੇ ਅੰਦਰ ਹੀ ਸਰਕਾਰ ਨੇ ਜ਼ਮਾਨਤ ਦਿਵਾ ਦਿੱਤੀ ਅਤੇ ਉਹ ਜੇਲ੍ਹ ਤੋਂ ਬਾਹਰ ਆ ਗਿਆ। ਉਸ 'ਤੇ ਮੁਕੱਦਮਾ ਚੱਲਣ ਲੱਗਾ। ਹੁਣ ਸੀ ਬੀ ਆਈ ਨੇ ਕਿਹਾ ਕਿ ਸੰਜੀਵ ਮੁਖੀਆ ਖ਼ਿਲਾਫ਼ ਕੋਈ ਸਬੂਤ ਨਹੀਂ ਮਿਲਿਆ ਹੈ, ਇਸ ਲਈ ਉਸ ਨੂੰ ਛੱਡ ਦਿੱਤਾ ਜਾਵੇ। ਜੇਕਰ ਸੀ ਬੀ ਆਈ ਦੇ ਹਿਸਾਬ ਨਾਲ ਸੰਜੀਵ ਮੁਖੀਆ ਮਾਸਟਰਮਾਈਂਡ ਨਹੀਂ ਹੈ ਤਾਂ ਫਿਰ ਮਾਸਟਰਮਾਈਂਡ ਕੌਣ ਹੈ? ਸੀ ਬੀ ਆਈ ਨੇ ਕਿਸੇ ਮਾਸਟਰਮਾਈਂਡ ਦਾ ਨਾਂਅ ਨਹੀਂ ਦੱਸਿਆ। ਇਸ ਦਾ ਮਤਲਬ ਹੈ ਕਿ 2024 ਦਾ ਜੋ ਪੇਪਰ ਲੀਕ ਹੋਇਆ, ਉਸ ਨੂੰ ਕਿਸੇ ਨੇ ਲੀਕ ਕੀਤਾ ਹੀ ਨਹੀਂ। ਕੀ ਤੁਸੀਂ ਫਾਸਟ ਟ੍ਰੈਕ ਕੋਰਟ ਬਣਾ ਕੇ ਇਸ ਤਰ੍ਹਾਂ ਕੰਮ ਕਰੋਗੇ? ਪ੍ਰਧਾਨ ਮੰਤਰੀ ਜੀ, ਜੇਕਰ ਤੁਹਾਡੀ ਸੀ ਬੀ ਆਈ ਅਦਾਲਤ ਵਿੱਚ ਸਬੂਤ ਹੀ ਪੇਸ਼ ਨਹੀਂ ਕਰੇਗੀ, ਤਾਂ ਇਹ ਫਾਸਟ ਟ੍ਰੈਕ ਅਦਾਲਤਾਂ ਦੀ ਅਹਿਮੀਅਤ ਹੀ ਕੀ ਹੈ? ਤੁਸੀਂ ਪੇਪਰ ਲੀਕ ਮਾਫੀਆ ਨੂੰ ਕਿਉਂ ਬਚਾਉਣਾ ਚਾਹੁੰਦੇ ਹੋ? ਤੁਸੀਂ ਦੇਸ਼ ਨੂੰ ਇਸ ਤਰ੍ਹਾਂ ਦੇ ਝੂਠੇ ਅਤੇ ਖੋਖਲੇ ਭਰੋਸੇ ਕਿਉਂ ਦੇ ਰਹੇ ਹੋ?

## 'ਵਾਂਗਚੁੱਕ ਅੰਨਾ ਹਜ਼ਾਰੇ ਦਾ ਦੂਜਾ ਅਵਤਾਰ'

**ਸਹਾਰਨਪੁਰ (ਨ ਜ਼ ਸ)** : ਕਾਂਗਰਸ ਦੇ ਸਾਂਸਦ ਇਮਰਾਨ ਮਸੂਦ ਨੇ ਸੋਨਮ ਵਾਂਗਚੁੱਕ ਵੱਲੋਂ ਭੁੱਖ ਹੜਤਾਲ ਖਤਮ ਕਰਨ ਨੂੰ 'ਅੰਨਾ ਪਾਰਟ 2' ਦੱਸਿਆ ਹੈ। ਮਸੂਦ ਨੇ ਕਿਹਾ ਕਿ ਵਾਂਗਚੁੱਕ ਅੰਨਾ ਹਜ਼ਾਰੇ ਦਾ ਦੂਜਾ ਅਵਤਾਰ ਹੈ। ਅੰਨਾ 12 ਸਾਲ ਚੁੱਪ ਰਹੇ, ਹੁਣ ਸੋਨਮ ਵਾਂਗਚੁੱਕ ਵੀ ਚੁੱਪ ਰਹਿਣਗੇ। ਉਨ੍ਹਾ ਕਿਹਾ ਕਿ ਵਾਂਗਚੁੱਕ ਜਦੋਂ ਸਰਕਾਰ ਨਾਲ ਗੱਲਬਾਤ ਕਰ ਰਹੇ ਸੀ, ਉੱਥੇ ਕੋਈ ਵਿਦਿਆਰਥੀ ਮੌਜੂਦ ਨਹੀਂ ਸੀ। ਸਿਰਫ ਲੱਦਾਖ ਦੇ ਲੋਕ ਹੀ ਮੌਜੂਦ ਸਨ। ਉਨ੍ਹਾ ਕਿਹਾ ਕਿ ਵਾਂਗਚੁੱਕ ਨੇ ਸਰਕਾਰ ਨਾਲ ਨਿੱਜੀ ਸੌਦਾ ਮਾਰਿਆ ਹੈ। ਮਸੂਦ ਨੇ ਕਿਹਾ, "ਸਾਨੂੰ ਪਹਿਲਾਂ ਹੀ ਪਤਾ ਸੀ ਕਿ ਉਹ ਅਜਿਹਾ ਸਮਝੌਤਾ ਕਰਨਗੇ।"

## ਪਾਣੀ ਲੈਣ ਗਈਆਂ ਦਰਾਣੀ-ਜਠਾਣੀ ਦੀ ਸੜਕ ਹਾਦਸੇ 'ਚ ਮੌਤ



**ਫਰੀਦਕੋਟ** : ਇੱਥੇ ਇੱਕ ਤੇਜ਼ ਰਫ਼ਤਾਰ ਸਵਿਫਟ ਕਾਰ ਨੇ ਐਕਟਿਵਾ ਸਵਾਰ ਦਰਾਣੀ-ਜਠਾਣੀ ਨੂੰ ਦਰੜ ਦਿੱਤਾ। ਦੋਵੇਂ ਔਰਤਾਂ 300 ਮੀਟਰ ਦੂਰ ਨਹਿਰ ਦੇ ਕੰਢੇ 'ਤੇ ਇੱਕ ਟਿਊਬਵੈੱਲ ਤੋਂ ਪੀਣ ਵਾਲਾ ਪਾਣੀ ਲਿਆਉਣ ਤੋਂ ਬਾਅਦ ਆਪਣੇ ਘਰ ਨੂੰ ਵਾਪਸ ਆ ਰਹੀਆਂ ਸਨ। ਚਸ਼ਮਦੀਦਾਂ ਮੁਤਾਬਕ ਕਾਰ ਚਾਲਕ ਨੇ ਉਨ੍ਹਾਂ ਨੂੰ ਲੱਗਭੱਗ 100 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਟੱਕਰ ਮਾਰੀ ਅਤੇ ਉਨ੍ਹਾਂ ਨੂੰ 200 ਮੀਟਰ ਤੱਕ ਘਸੀਟਦਾ ਲੈ ਗਿਆ, ਜਿਸ ਨਾਲ ਸਿਰ ਸੜਕ 'ਤੇ ਘਸੀਟਦੇ ਗਏ। ਦੋਵਾਂ ਦੇ ਸਿਰ ਵਿਚ ਗੰਭੀਰ ਸੱਟਾਂ ਆਈਆਂ ਅਤੇ ਹਸਪਤਾਲ ਪਹੁੰਚਣ ਤੋਂ ਪਹਿਲਾਂ ਹੀ ਉਨ੍ਹਾਂ ਦੀ ਮੌਤ ਹੋ ਗਈ। ਹਾਦਸੇ ਤੋਂ ਬਾਅਦ ਦੋਸ਼ੀ ਡਰਾਈਵਰ ਮੌਕੇ ਤੋਂ ਭੱਜ ਗਿਆ। ਮ੍ਰਿਤਕਾਂ ਦੀ ਪਛਾਣ ਸੰਜਨਾ (43) ਅਤੇ ਪੂਜਾ (49) ਵਜੋਂ ਹੋਈ ਹੈ।

# ਰੋਜ਼ਾਨਾ 'ਨਵਾਂ ਜ਼ਮਾਨਾ' ਲੋਕ ਪੱਖੀ ਵਿਚਾਰਧਾਰਾ ਪ੍ਰਤੀ ਵਚਨਬੱਧ : ਚੰਦ ਫ਼ਤਿਹਪੁਰੀ

## ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਵਿਹੜੇ 'ਚ ਪੱਤਰਕਾਰਾਂ ਦੀ ਭਰਵੀਂ ਇਕੱਤਰਤਾ

**ਜਲੰਧਰ (ਗਿਆਨ ਸੈਦਪੁਰੀ)**



'ਲੋਕ ਪੱਖੀ ਵਿਚਾਰਧਾਰਾ ਪ੍ਰਤੀ ਵਚਨਬੱਧ ਰੋਜ਼ਾਨਾ 'ਨਵਾਂ ਜ਼ਮਾਨਾ' ਨੂੰ ਅਖ਼ਬਾਰੀ ਤੇ ਸਾਹਿਤਕ ਆਕਾਸ਼ ਵਿੱਚ ਸਿਖਰਾਂ 'ਤੇ ਲੈ ਜਾਣ ਲਈ ਕਾਮਰੇਡ ਜਗਜੀਤ ਸਿੰਘ ਆਨੰਦ ਅਤੇ ਜਤਿੰਦਰ ਪਨੂੰ ਵਰਗੇ ਸੰਪਾਦਕਾਂ ਦੀ ਮਿਹਨਤ ਤੇ ਸੁਹਿਰਦਤਾ ਦੇ ਨਾਲ-ਨਾਲ ਫੀਲਡ ਦੇ ਪੱਤਰਕਾਰਾਂ ਦੀ ਵਫ਼ਾਦਾਰੀ ਇਸ ਦਾ ਸਬੱਬ ਬਣਦੇ ਰਹੇ ਹਨ। ਪੱਤਰਕਾਰਾਂ ਨੇ 'ਨਵਾਂ ਜ਼ਮਾਨਾ' ਨੂੰ ਹਮੇਸ਼ਾ ਮੋਢਿਆਂ 'ਤੇ ਚੁੱਕਿਆ ਹੈ, ਇਸੇ ਕਰਕੇ ਅੱਜ ਵੀ ਇਹ ਪੱਤਰਕਾਰਤਾ ਦਾ ਮਾਣਮੱਤਾ ਹਾਸਲ ਹੈ।'ਉਕਤ ਵਿਚਾਰਾਂ ਦਾ ਪ੍ਰਗਟਾਵਾ ਨਵਾਂ ਜ਼ਮਾਨਾ ਦੇ ਸੰਪਾਦਕ ਚੰਦ ਫਤਿਹਪੁਰੀ ਨੇ ਕੀਤਾ।ਉਹ ਸ਼ੁੱਕਰਵਾਰ ਨੂੰ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਵਿਹੜੇ ਵਿੱਚ ਪੰਜਾਬ ਦੇ ਕੋਨੇ-ਕੋਨੇ ਤੋਂ ਭਰਵੀਂ ਗਿਣਤੀ ਵਿੱਚ ਜੁੜ ਬੈਠੇ ਪੱਤਰਕਾਰਾਂ ਨੂੰ ਸੰਬੋਧਨ ਕਰ ਰਹੇ ਸਨ।ਉਨ੍ਹਾ ਕਿਹਾ ਕਿ ਜਦੋਂ ਅਖ਼ਬਾਰ ਨੂੰ ਵਧੀਆ ਢੰਗ ਨਾਲ ਚਲਾਉਣ ਲਈ ਆਰਥਿਕ ਵਸੀਲਿਆਂ ਦੀ ਘਾਟ ਸੀ ਤਾਂ ਉਸ ਵੇਲੇ ਹੀਲੇ-ਵਸੀਲਿਆਂ ਦੇ ਉੱਦਮ ਲਈ ਪੱਤਰਕਾਰਾਂ ਨੇ ਮੋਹਰੀ ਭੂਮਿਕਾ ਨਿਭਾਈ ਸੀ।ਫਤਿਹਪੁਰੀ ਹੁਰਾਂ ਨਵਾਂ ਜ਼ਮਾਨਾ ਦੀ ਨੀਤੀ ਦੀ ਗੱਲ ਕਰਦਿਆਂ ਕਿਹਾ ਕਿ ਅਸੀਂ ਤਾਨਾਸ਼ਾਹੀ ਦੇ ਵਿਰੋਧੀ ਹਾਂ। ਫਾਸ਼ੀਵਾਦ ਸਾਨੂੰ ਕਦੇ ਵੀ ਬਰਦਾਸ਼ਤ ਨਹੀਂ।ਇਸ ਦੇ ਨਾਲ-ਨਾਲ ਨਵਾਂ ਜ਼ਮਾਨਾ ਜਾਣਕਾਰੀ ਦੇਣ ਬਾਰੇ ਵੀ ਪਿੱਛੇ ਨਹੀਂ ਆਪਣੀ ਵਿਚਾਰਧਾਰਾ ਦੇ ਅਕਸ ਨੂੰ ਬਰਕਰਾਰ ਰੱਖਦਿਆਂ ਹੋਇਆਂ। ਉਨ੍ਹਾ ਇਸ ਗੱਲ 'ਤੇ ਖੁਸ਼ੀ ਤੇ ਤਸੱਲੀ ਪ੍ਰਗਟ ਕੀਤੀ ਕਿ ਨਵਾਂ ਜ਼ਮਾਨਾ ਦੇ ਸੁਨੇਹੇ ਨੂੰ ਪੱਤਰਕਾਰਾਂ ਨੇ ਭਰਪੂਰ ਹੁੰਗਾਰਾ ਦਿੱਤਾ ਹੈ।ਸੋਸ਼ਲ ਮੀਡੀਏ ਦੇ ਦੌਰ ਦੇ ਹਵਾਲੇ ਨਾਲ ਫਤਿਹਪੁਰੀ ਨੇ ਪੱਤਰਕਾਰਾਂ ਨੂੰ ਪ੍ਰੇਰਨਾ ਦਿੱਤੀ ਕਿ ਨਵਾਂ ਜ਼ਮਾਨਾ ਵੈੱਬ ਟੀ ਵੀ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਸਹਿਯੋਗ ਕੀਤਾ ਜਾਵੇ।

ਨਵਾਂ ਜ਼ਮਾਨਾ ਦੀ ਸੰਚਾਲਕ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਆਪਣੇ ਸੰਖੇਪ ਸੰਬੋਧਨ ਵਿੱਚ ਅਖ਼ਬਾਰ ਦੇ ਆਰਥਿਕ ਪੱਖ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਹ ਗੱਲ ਤਸੱਲੀ ਪ੍ਰਗਟ ਕਰਦੀ ਹੈ ਕਿ ਨਵਾਂ ਜ਼ਮਾਨਾ ਇਸ ਮਾਮਲੇ ਵਿੱਚ ਚੰਗੇ ਦੌਰ ਵਿੱਚ ਹੈ।ਮਾੜੀਮੇਘਾ ਨੇ ਪੱਤਰਕਾਰਾਂ ਦੇ ਨਾਲ-ਨਾਲ ਉਨ੍ਹਾਂ ਧਿਰਾਂ ਦਾ ਵੀ ਧੰਨਵਾਦ ਕੀਤਾ, ਜਿਹੜੇ ਸਮੇਂ-ਸਮੇਂ ਅਨੁਸਾਰ ਨਵਾਂ ਜ਼ਮਾਨਾ ਵੱਲੋਂ ਪਾਈ 'ਬਾਤ' ਦਾ ਭਰਪੂਰ ਹੁੰਗਾਰਾ ਦਿੰਦੇ ਰਹੇ ਹਨ। ਮਾੜੀਮੇਘਾ ਨੇ ਪੱਤਰਕਾਰਾਂ ਨਾਲ ਮਿਲਣੀਆਂ ਦੇ ਸਿਲਸਲੇ ਦੀ ਲਗਾਤਾਰਤਾ ਬਣਾਈ ਰੱਖਣ ਦੇ ਮਹੱਤਵ ਨੂੰ ਵੀ ਸਾਰਿਆਂ ਨਾਲ ਸਾਂਝਿਆਂ ਕੀਤਾ।

ਨਵਾਂ ਜ਼ਮਾਨਾ ਦੇ ਮਾਣ-ਮੱਤੇ ਇਤਿਹਾਸ ਦੀ ਗੱਲ ਕਰਦਿਆਂ ਕਾਮਰੇਡ ਗੁਰਮੀਤ ਨੇ ਕਿਹਾ ਕਿ ਇਸ ਰੁਤਬੇ ਨੂੰ ਕਾਇਮ ਰੱਖਣਾ ਪੱਤਰਕਾਰਾਂ 'ਤੇ ਨਿਰਭਰ ਕਰਦਾ ਹੈ।ਉਨ੍ਹਾ ਆਪਣੇ ਤਜਰਬੇ ਦੇ ਹਵਾਲੇ ਨਾਲ ਕਿਹਾ ਕਿ ਉਹ ਨਵਾਂ ਜ਼ਮਾਨਾ ਦੇ ਦੋ ਦੌਰਾਂ ਦੀ ਵਿਚਕਾਰਲੀ ਕੜੀ ਹਨ। ਮੀਟਿੰਗ ਦੌਰਾਨ ਵੈੱਬ ਟੀ ਵੀ ਲਈ ਚੰਗੀ ਕਾਰਗੁਜ਼ਾਰੀ ਦਿਖਾਉਣ ਵਾਲੇ ਪੱਤਰਕਾਰ ਲਖਵਿੰਦਰ ਸਿੰਘ ਆਧੀ, ਰਮੇਸ਼ ਡੇਰਾ ਬਾਬਾ ਨਾਨਕ ਅਤੇ ਲਵਲੀ ਮਾਛੀਕੇ (ਨਿਹਾਲ ਸਿੰਘ ਵਾਲਾ) ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਮੀਟਿੰਗ ਦੇ ਸ਼ੁਰੂ ਵਿੱਚ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਮਰਹੂਮ ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਅਤੇ ਉਨ੍ਹਾਂ ਦੇ ਪੁੱਤਰ ਟਰੱਸਟੀ ਐਡਵੋਕੇਟ ਰਜਿੰਦਰ ਸਿੰਘ ਮੰਡ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਦੌਰਾਨ ਐੱਮ ਈ ਐੱਸ ਵਰਕਰਜ਼ ਯੂਨੀਅਨ ਏਰੀਆ ਕਮੇਟੀ ਅੰਬਾਲਾ ਦੇ ਪ੍ਰਧਾਨ ਸੀ • ਬਾਕੀ ਸਫਾ 2 'ਤੇ

## ਸਫ਼ਾਈ ਕਾਮਿਆਂ ਦੇ ਹੱਕ 'ਚ ਨਿੱਤਰੀ ਦੇਸ਼ ਭਗਤ ਯਾਦਗਾਰ ਕਮੇਟੀ

**ਜਲੰਧਰ (ਨ ਜ਼ ਸ)**-ਜਲੰਧਰ ਸ਼ਹਿਰ ਵਿੱਚ ਸਫ਼ਾਈ, ਸੀਵਰੇਜ ਅਤੇ ਜਲ ਸਪਲਾਈ ਕਾਮਿਆਂ ਵੱਲੋਂ ਮੁਕੰਮਲ ਹੜਤਾਲ ਕਰਨ ਅਤੇ ਐਤਵਾਰ ਤੱਕ ਦੇ ਅਲਟੀਮੇਟਮ ਉਪਰੰਤ ਪੰਜਾਬ ਭਰ ਵਿੱਚ ਹੜਤਾਲ ਕਰਕੇ, ਬਰਨਾਲਾ ਵਿਖੇ ਸਫ਼ਾਈ ਕਾਮਿਆਂ ਉਪਰ ਵਹਿਸ਼ੀਆਨਾ ਲਾਠੀਚਾਰਜ ਕਰਨ ਦੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਅਤੇ ਕਾਮਿਆਂ ਦੀਆਂ ਹੱਕੀ ਮੰਗਾਂ ਪ੍ਰਵਾਨ ਕਰਨ ਲਈ ਆਵਾਜ਼ ਬੁਲੰਦ ਕਰਨ ਦੀ ਜ਼ੋਰਦਾਰ ਹਮਾਇਤ ਕਰਦੇ ਹੋਏ ਦੇਸ਼ ਭਗਤ ਯਾਦਗਾਰ ਕਮੇਟੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਕਾਮਿਆਂ ਦੀਆਂ ਮੰਗਾਂ ਨੂੰ ਤੁਰੰਤ ਪ੍ਰਵਾਨ ਕੀਤਾ ਜਾਏ।ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਲਿਖਤੀ ਪ੍ਰੈੱਸ ਬਿਆਨ 'ਚ ਕਿਹਾ ਹੈ ਕਿ ਬਰਨਾਲਾ ਵਿਖੇ ਜਿਵੇਂ ਪੁਲਸ ਅਧਿਕਾਰੀਆਂ ਵਿਸ਼ੇਸ਼ ਕਰਕੇ • ਬਾਕੀ ਸਫਾ 2 'ਤੇ

## ਸਤਿਕਾਰ ਯੋਜਨਾ 'ਤੇ ਹਾਈ ਕੋਰਟ ਨੇ ਕੋਈ ਰੋਕ ਨਹੀਂ ਲਾਈ : ਬਲਤੇਜ ਪੰਨੂ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਆਪ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਵਿਰੋਧੀ ਧਿਰਾਂ ਵਾਰ-ਵਾਰ ਦਾਅਵਾ ਕਰਦੀਆਂ ਸਨ ਕਿ ਮਾਵਾਂ ਧੀਆਂ ਸਤਿਕਾਰ ਯੋਜਨਾ ਕਦੇ ਲਾਗੂ ਨਹੀਂ ਹੋਵੇਗੀ। ਉਨ੍ਹਾ ਦੱਸਿਆ ਕਿ ਯੋਜਨਾ ਤਹਿਤ 18 ਸਾਲ ਅਤੇ ਇਸ ਤੋਂ ਵੱਧ ਉਮਰ ਦੀਆਂ 72,56,686 ਔਰਤਾਂ ਰਜਿਸਟ੍ਰੇਸ਼ਨ ਕਰਵਾ ਚੁੱਕੀਆਂ ਹਨ। ਜਿਨ੍ਹਾਂ ਔਰਤਾਂ ਦੀ ਰਜਿਸਟ੍ਰੇਸ਼ਨ ਬਾਅਦ ਵਿੱਚ ਪੂਰੀ ਹੋਈ ਹੈ, ਉਨ੍ਹਾਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ, ਕਿਉਂਕਿ ਉਨ੍ਹਾਂ ਨੂੰ ਵੀ ਤਿੰਨ ਮਹੀਨਿਆਂ ਦਾ ਲਾਭ ਇੱਕੋ ਵਾਰ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਮਿਲੇਗਾ। ਭੁਗਤਾਨ ਦਾ ਅਗਲਾ ਪੜਾਅ 1 ਅਗਸਤ ਨੂੰ ਖਾਤਿਆਂ ਵਿੱਚ ਪਾਇਆ ਜਾਵੇਗਾ। ਸੋਸ਼ਲ ਮੀਡੀਆ 'ਤੇ ਚੱਲ ਰਹੀਆਂ ਅਫ਼ਵਾਹਾਂ ਦਾ ਜਵਾਬ ਦਿੰਦਿਆਂ ਬਲਤੇਜ ਪੰਨੂ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਮਾਵਾਂ ਧੀਆਂ ਸਤਿਕਾਰ ਯੋਜਨਾ 'ਤੇ ਰੋਕ ਲਗਾਉਣ ਦੇ ਦਾਅਵਿਆਂ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ। ਉਨ੍ਹਾ ਸਪੱਸ਼ਟ ਕੀਤਾ ਕਿ ਹਾਈ ਕੋਰਟ ਨੇ ਇਸ ਸਕੀਮ 'ਤੇ ਕੋਈ ਰੋਕ ਨਹੀਂ ਲਗਾਈ ਹੈ ਅਤੇ ਸਰਕਾਰ ਇਸ ਨੂੰ ਯੋਜਨਾ ਅਨੁਸਾਰ ਲਾਗੂ ਕਰਨਾ ਜਾਰੀ ਰੱਖੇਗੀ। ਉਨ੍ਹਾ ਕਿਹਾ ਕਿ ਭਗਵੰਤ ਮਾਨ ਸਰਕਾਰ ਸਿਰਫ਼ ਐਲਾਨਾਂ 'ਚ ਨਹੀਂ, ਸਗੋਂ ਕੰਮ ਕਰਨ 'ਚ ਵਿਸ਼ਵਾਸ ਰੱਖਦੀ ਹੈ। ਇਹ ਰਿਕਾਰਡ ਰਜਿਸਟ੍ਰੇਸ਼ਨਾਂ ਅਤੇ ਲੱਖਾਂ ਲੋਕਾਂ ਤੱਕ ਪਹੁੰਚ ਰਹੇ ਲਾਭ ਸਾਬਤ ਕਰਦੇ ਹਨ ਕਿ ਪੰਜਾਬ ਦੇ ਲੋਕਾਂ ਨੂੰ ਇਸ ਸਰਕਾਰ 'ਤੇ ਪੂਰਾ ਭਰੋਸਾ ਹੈ।

## ਅੱਜ-ਨਾਮਾ

ਪਤਾ ਕੱਖ ਨਹੀਂ ਦਿੱਲੀ ਵਿੱਚ ਕੀ ਹੋਇਆ,
ਮੁੱਕੀ ਆ ਗੱਲ ਕਿ ਵਧੀ ਪਈ ਹੋਰ ਬੇਲੀ।
ਛੱਡਿਆ ਵਰਤ ਜਦ ਸੋਨਮ ਵਾਂਗਚੁੱਕ ਨੇ,
ਪਿਆ ਹੈ ਕਿਵੇਂ ਸਮਝੌਤੇ ਦਾ ਸ਼ੋਰ ਬੇਲੀ।
ਫੈਸਲਾ ਕੇਂਦਰ ਸਰਕਾਰ ਆ ਕਰੀ ਜਾਂਦੀ,
ਜਾਵੇ ਫੜਨ ਲਈ ਅਸਲ ਨਾ ਚੋਰ ਬੇਲੀ।
ਵਾਰਤਾ ਵੱਲ ਤਾਂ ਅਜੇ ਸੁਹਿਰਦਤਾ ਨਹੀਂ,
ਕੁੱਟਦੇ ਜਾਣ 'ਤੇ ਲੱਗਾ ਪਿਆ ਜ਼ੋਰ ਬੇਲੀ।
ਸਾਰਾ ਤੰਤਰ ਫਿਰ ਜਾਪਦਾ ਇੱਕ ਤਰਫਾ,
ਸਮਝਦੇ ਪੀੜਤਾਂ ਨੂੰ ਫਾਲਤੂ ਭੀੜ ਬੇਲੀ।
ਨਸ਼ਾ ਸੱਤਾ ਦਾ ਪਿਆ ਈ ਸਿਰ ਚੜ੍ਹਿਆ,
ਕਿਹੜਾ ਬੱਚਿਆਂ ਦੀ ਸਮਝੇ ਪੀੜ ਬੇਲੀ।

-ਤੀਸ ਮਾਰ ਖਾਂ

# ਪੈਲੇਟ ਗੰਨ ਨਾ ਵਰਤਣ ਦਾ ਸਰਕਾਰੀ ਦਾਅਵਾ ਝੂਠਾ : ਰਾਹੁਲ

**ਨਵੀਂ ਦਿੱਲੀ (ਨ ਜ਼ ਸ)**

ਰਾਹੁਲ ਗਾਂਧੀ ਨੇ ਸ਼ੁੱਕਰਵਾਰ ਕੇਂਦਰ 'ਤੇ ਪ੍ਰਦਰਸ਼ਨਕਾਰੀਆਂ ਵਿਰੁੱਧ ਪੈਲੇਟ ਗੰਨ ਦੀ ਵਰਤੋਂ 'ਤੇ ਦੇਸ਼ ਨੂੰ ਗੁੰਮਰਾਹ ਕਰਨ ਦਾ ਦੋਸ਼ ਲਗਾਇਆ ਅਤੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੂੰ ਬਰਖਾਸਤ ਕਰਨ ਦੀ ਕਾਂਗਰਸ ਦੀ ਮੰਗ ਨੂੰ ਦੁਹਰਾਇਆ। ਰਾਹੁਲ ਨੇ ਪ੍ਰੈਸ ਕਾਨਫਰੰਸ ਵਿੱਚ ਵਿਦਿਆਰਥੀ ਸਾਹਿਲ ਦੀਆਂ ਬਾਹਾਂ, ਪਿੱਠ ਅਤੇ ਛਾਤੀ 'ਤੇ ਜ਼ਖ਼ਮ ਦਿਖਾਉਂਦਿਆਂ ਕਿਹਾ, "ਮੈਂ ਇਹ ਕਹਿਣਾ ਚਾਹੁੰਦਾ ਹਾਂ ਕਿ ਇੱਥੇ ਖੜ੍ਹਾ ਮੇਰਾ ਭਰਾ ਪੈਲੇਟ ਗੰਨ ਨਾਲ ਜ਼ਖਮੀ ਹੋਇਆ, ਜਦੋਂ ਉਹ ਤਿਰੰਗੇ ਨਾਲ ਸ਼ਾਂਤੀਪੂਰਵਕ ਪ੍ਰੋਟੈਸਟ ਕਰ ਰਿਹਾ ਸੀ।" ਰਾਹੁਲ ਨੇ ਕਿਹਾ ਕਿ ਸਰਕਾਰ ਨੇ ਕਿਹਾ ਸੀ ਕਿ ਪ੍ਰਦਰਸ਼ਨਕਾਰੀਆਂ ਵਿਰੁੱਧ ਪੈਲੇਟ ਗੰਨ ਦੀ ਵਰਤੋਂ ਨਹੀਂ ਕੀਤੀ ਗਈ, ਪਰ ਵਿਦਿਆਰਥੀ ਦੀ ਸੱਟ ਇੱਕ ਵੱਖਰੀ ਕਹਾਣੀ ਦੱਸਦੀ ਹੈ। ਉਨ੍ਹਾ ਕਿਹਾ ਕਿ ਵਿਦਿਆਰਥੀ ਦੀ ਪੈਲੇਟ ਲੱਗਣ ਤੋਂ ਬਾਅਦ ਇੱਕ ਅੱਖ ਦੀ ਨਜ਼ਰ ਜਾਂਦੀ ਲੱਗੀ ਹੈ। ਹਜ਼ਾਰਾਂ ਪੁਰਅਮਨ ਨੌਜਵਾਨ ਪ੍ਰਦਰਸ਼ਨਕਾਰੀਆਂ ਨੂੰ ਪੈਲੇਟ ਫਾਇਰਿੰਗ, ਲਾਠੀਚਾਰਜ ਅਤੇ ਹਮਲੇ ਦਾ ਸ਼ਿਕਾਰ ਬਣਾਇਆ ਗਿਆ।



ਧਰਮਿੰਦਰ ਪ੍ਰਧਾਨ ਨੂੰ ਅਪਰਾਧੀ ਸਿੱਖਿਆ ਮੰਤਰੀ ਕਰਾਰ ਦਿੰਦਿਆਂ ਰਾਹੁਲ ਨੇ ਸਿੱਖਿਆ ਪ੍ਰਣਾਲੀ ਵਿੱਚ ਮੌਜੂਦਾ ਸੰਕਟ ਲਈ ਪ੍ਰਧਾਨ ਨੂੰ ਜ਼ਿੰਮੇਵਾਰ ਦੱਸਿਆ ਅਤੇ ਦੋਸ਼ ਲਗਾਇਆ ਕਿ ਪੇਪਰ ਲੀਕ ਵਿਵਾਦ ਨੇ ਹਜ਼ਾਰਾਂ ਨੌਜਵਾਨਾਂ ਨੂੰ ਸੜਕਾਂ 'ਤੇ ਉਤਰਨ ਲਈ ਮਜਬੂਰ ਕੀਤਾ ਹੈ। ਕਾਂਗਰਸ ਦੇ ਸਟੈਂਡ ਨੂੰ ਦੁਹਰਾਉਂਦੇ ਹੋਏ ਉਨਾ ਕਿਹਾ ਕਿ ਪ੍ਰਧਾਨ ਨੂੰ ਅਹੁਦੇ ਤੋਂ ਹਟਾ ਦੇਣਾ ਚਾਹੀਦਾ ਹੈ।

ਇਸੇ ਦੌਰਾਨ ਦਿੱਲੀ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਨੂੰ ਜੰਤਰ-ਮੰਤਰ 'ਤੇ ਪ੍ਰਦਰਸ਼ਨਾਂ ਤੋਂ ਦੂਰ ਰਹਿਣ ਦੀ ਦਿੱਤੀ ਗਈ ਸਲਾਹ 'ਤੇ ਕਾਂਗਰਸ ਨੇ ਤਿੱਖੀ ਪ੍ਰਤੀਕਿਰਿਆ ਕੀਤੀ ਹੈ। ਰਾਹੁਲ ਗਾਂਧੀ ਨੇ ਯੂਨੀਵਰਸਿਟੀ 'ਤੇ ਆਪਣੇ ਜਮਹੂਰੀ ਅਧਿਕਾਰਾਂ ਦੀ ਵਰਤੋਂ ਕਰਨ ਵਾਲੇ ਵਿਦਿਆਰਥੀਆਂ ਨੂੰ ਧਮਕਾਉਣ ਦਾ ਦੋਸ਼ ਲਗਾਇਆ ਹੈ। ਰਾਹੁਲ ਨੇ ਕਿਹਾ ਕਿ ਅਜਿਹੀਆਂ ਚੇਤਾਵਨੀਆਂ ਜਾਰੀ ਕਰਨ ਵਾਲਿਆਂ ਨੂੰ ਜਵਾਬਦੇਹ ਠਹਿਰਾਇਆ ਜਾਵੇਗਾ। ਕਾਂਗਰਸ ਦੇ ਲੋਕ ਸਭਾ ਮੈਂਬਰ ਦੀਪੇਂਦਰ ਸਿੰਘ ਹੁੱਡਾ, ਜਿਹੜੇ ਦਿੱਲੀ ਯੂਨੀਵਰਸਿਟੀ ਵੀ ਪੜ੍ਹੇ, ਨੇ ਵੀ ਦਿੱਲੀ ਯੂਨੀਵਰਸਿਟੀ ਵੱਲੋਂ ਜਾਰੀ ਕੀਤੇ ਗਏ ਗੁੰਮਰਾਹਕੁੰਨ ਅਤੇ ਧਮਕੀ ਭਰੇ ਬਿਆਨ ਦੀ ਨਿੰਦਾ ਕੀਤੀ ਹੈ। ਹੁੱਡਾ ਨੇ ਯੂਨੀਵਰਸਿਟੀ ਦੇ ਇਸ ਦਾਅਵੇ 'ਤੇ ਸਵਾਲ ਉਠਾਇਆ ਕਿ ਜੰਤਰ-ਮੰਤਰ 'ਤੇ ਪ੍ਰਦਰਸ਼ਨਾਂ ਨੂੰ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਤਹਿਤ ਗੈਰ-ਕਾਨੂੰਨੀ ਕਰਾਰ ਦਿੱਤਾ ਗਿਆ ਸੀ। ਉਨ੍ਹਾ ਪੁੱਛਿਆ ਕਿ ਸੁਪਰੀਮ ਕੋਰਟ ਦੇ ਕਿਹੜੇ ਫੈਸਲੇ ਨੇ ਇਕੱਠਾਂ ਅਤੇ ਪ੍ਰਦਰਸ਼ਨਾਂ ਨੂੰ ਗੈਰ-ਕਾਨੂੰਨੀ ਕਰਾਰ ਦਿੱਤਾ ਹੈ। ਦਿੱਲੀ ਯੂਨੀਵਰਸਿਟੀ ਵੱਲੋਂ ਵੀਰਵਾਰ ਰਾਤ ਦਿੱਤੀ ਗਈ ਸਲਾਹ ਤੋਂ ਬਾਅਦ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ (ਜੇ ਐੱਨ ਯੂ) ਨੇ ਵੀ ਉਸ ਵਰਗੀ ਸਲਾਹ ਜਾਰੀ ਕੀਤੀ, ਜਿਸ ਵਿੱਚ ਪ੍ਰੋਟੈਸਟ ਵਾਲੀ ਥਾਂ ਤੋਂ ਦੂਰ ਰਹਿਣ ਅਤੇ ਸੋਸ਼ਲ ਮੀਡੀਆ 'ਤੇ ਸੰਜਮ ਵਰਤਣ ਲਈ ਕਿਹਾ • ਬਾਕੀ ਸਫਾ 2 'ਤੇ

## ਅੰਮ੍ਰਿਤਪਾਲ ਦਾ ਸਾਥੀ ਭਗੌੜਾ ਮੁਲਜ਼ਮ ਕਾਬੂ

**ਅੰਮ੍ਰਿਤਸਰ** : 2023 ਦੇ ਚਰਚਿਤ ਅਜਨਾਲਾ ਥਾਣਾ ਝੜਪ ਕੇਸ 'ਚ ਲੋੜੀਂਦੇ ਭਗੌੜੇ ਮੁਲਜ਼ਮ ਅਤੇ 'ਵਾਰਿਸ ਪੰਜਾਬ ਦੇ' ਸੰਗਠਨ ਦੇ ਕਾਰਕੁਨ ਵਿਕਰਮਜੀਤ ਸਿੰਘ ਨੂੰ ਉੱਤਰ ਪ੍ਰਦੇਸ਼ ਪੁਲਸ ਨੇ ਨੇਪਾਲ ਦੇ ਰਸਤੇ ਗੈਰ-ਕਾਨੂੰਨੀ ਢੰਗ ਨਾਲ ਭਾਰਤ 'ਚ ਦਾਖ਼ਲ ਹੋਣ ਦੀ ਕੋਸ਼ਿਸ਼ ਕਰਦਿਆਂ ਗ੍ਰਿਫ਼ਤਾਰ ਕੀਤਾ ਹੈ। ਉਸ ਦੇ ਨਾਲ ਹੀ ਪੁਲਸ ਨੇ ਇੱਕ ਅਮਰੀਕੀ ਨਾਗਰਿਕ ਮਨਵੀਰ ਸਿੰਘ ਨੂੰ ਵੀ ਹਿਰਾਸਤ 'ਚ ਲਿਆ ਹੈ। ਇਸ ਤੋਂ ਇਲਾਵਾ ਉਨ੍ਹਾਂ ਦੀ ਗੈਰ-ਕਾਨੂੰਨੀ ਦਾਖ਼ਲੇ 'ਚ ਮਦਦ ਕਰਨ ਵਾਲੇ ਤਿੰਨ ਹੋਰ ਵਿਅਕਤੀਆਂ ਨੂੰ ਵੀ ਕਾਬੂ ਕੀਤਾ ਗਿਆ ਹੈ। ਇਹ ਗ੍ਰਿਫ਼ਤਾਰੀਆਂ ਉਸ ਵੇਲੇ ਸਾਹਮਣੇ ਆਈਆਂ ਜਦੋਂ ਉੱਤਰ ਪ੍ਰਦੇਸ਼ ਪੁਲਸ ਨੇ ਇਸ ਬਾਰੇ ਅੰਮ੍ਰਿਤਸਰ ਦਿਹਾਤੀ ਪੁਲਸ ਨਾਲ ਜਾਣਕਾਰੀ ਸਾਂਝੀ ਕੀਤੀ। ਵਿਕਰਮਜੀਤ ਸਿੰਘ ਪਿਛਲੇ ਦੋ ਸਾਲਾਂ ਦੇ ਵੱਧ ਸਮੇਂ ਤੋਂ ਪੁਲਸ ਨੂੰ ਝਕਾਨੀ ਦੇ ਰਿਹਾ ਸੀ। ਇਸ ਦੌਰਾਨ ਉਹ ਮੁੰਬਈ, ਰਾਜਸਥਾਨ, ਦਿੱਲੀ ਅਤੇ ਊਧਮਪੁਰ ਵਰਗੀਆਂ ਵੱਖ-ਵੱਖ ਥਾਵਾਂ 'ਤੇ ਲੁਕਿਆ ਰਿਹਾ ਅਤੇ ਲੱਗਭੱਗ ਇੱਕ ਸਾਲ ਪਹਿਲਾਂ ਨੇਪਾਲ ਦੀ ਰਾਜਧਾਨੀ ਕਾਠਮੰਡੂ ਭੱਜ ਗਿਆ ਸੀ। ਜ਼ਿਕਰਯੋਗ ਹੈ ਕਿ ਵਿਕਰਮਜੀਤ ਸਿੰਘ ਫਰਵਰੀ 2023 'ਚ ਅਜਨਾਲਾ ਥਾਣੇ 'ਤੇ ਕੀਤੇ ਗਏ ਪ੍ਰਦਰਸ਼ਨ ਦੌਰਾਨ 'ਵਾਰਿਸ ਪੰਜਾਬ ਦੇ' ਦੇ ਮੁਖੀ ਅੰਮ੍ਰਿਤਪਾਲ ਸਿੰਘ ਦੇ ਨਾਲ ਸੀ। ਇਹ ਪ੍ਰਦਰਸ਼ਨ ਅੰਮ੍ਰਿਤਪਾਲ ਦੇ ਸਾਥੀ ਲਵਪ੍ਰੀਤ ਸਿੰਘ ਉਰਫ਼ ਤੂਫ਼ਾਨ ਨੂੰ ਇਰਾਦਾ-ਏ-ਕਤਲ ਕੇਸ 'ਚੋਂ ਛੁਡਵਾਉਣ ਲਈ ਕੀਤਾ ਗਿਆ ਸੀ।

## ਅਕਾਲੀ ਆਗੂ ਮੱਖਣ ਸਿੰਘ ਲਾਲਕਾ ਨੇ ਸਫਾਈ ਸੇਵਕਾਂ ਦੇ ਧਰਨੇ 'ਚ ਕੀਤੀ ਸ਼ਮੂਲੀਅਤ



**ਨਾਭਾ (ਅਮਨ ਗਰਗ)**-ਨਗਰ ਕੌਂਸਲ ਨਾਭਾ ਦੇ ਸਫਾਈ ਸੇਵਕਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਚਲਾਏ ਜਾ ਰਹੇ ਸੰਘਰਸ਼ ਨੂੰ ਉਸ ਸਮੇਂ ਹੋਰ ਬਲ ਮਿਲਿਆ, ਜਦੋਂ ਸ਼੍ਰੋਮਣੀ ਅਕਾਲੀ ਦਲ ਹਲਕਾ ਨਾਭਾ ਦੇ ਇੰਚਾਰਜ ਮੱਖਣ ਸਿੰਘ ਲਾਲਕਾ ਧਰਨੇ ਵਾਲੀ ਥਾਂ 'ਤੇ ਪਹੁੰਚੇ ਤੇ ਮੁਲਾਜ਼ਮਾਂ ਨਾਲ ਏਕਤਾ ਦਾ ਪ੍ਰਗਟਾਵਾ ਕੀਤਾ।ਇਸ ਦੌਰਾਨ ਉਹ ਨਗਰ ਕੌਂਸਲ ਦਫ਼ਤਰ ਅੱਗੇ ਧਰਨੇ 'ਤੇ ਬੈਠੇ ਸਫਾਈ ਸੇਵਕਾਂ ਵਿੱਚ ਸ਼ਾਮਲ ਹੋਏ ਤੇ ਉਨ੍ਹਾਂ ਦੀਆਂ ਮੰਗਾਂ ਨੂੰ ਜਾਇਜ਼ ਕਰਾਰ ਦਿੱਤਾ।ਧਰਨੇ ਨੂੰ ਸੰਬੋਧਨ ਕਰਦਿਆਂ ਮੱਖਣ ਸਿੰਘ ਲਾਲਕਾ ਕਿਹਾ ਕਿ ਸਫਾਈ ਸੇਵਕ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਲਈ ਦਿਨ-ਰਾਤ ਮਿਹਨਤ ਕਰਦੇ ਹਨ, ਪਰ ਅੱਜ ਉਨ੍ਹਾਂ ਨੂੰ ਆਪਣੀਆਂ ਹੱਕੀ ਮੰਗਾਂ ਲਈ ਸੜਕਾਂ 'ਤੇ ਬੈਠਣਾ ਪੈ ਰਿਹਾ ਹੈ, ਜੋ ਕਿ ਬਹੁਤ ਹੀ ਮੰਦਭਾਗੀ ਗੱਲ ਹੈ।ਉਨ੍ਹਾਂ ਕਿਹਾ ਕਿ ਸਫਾਈ ਕਰਮਚਾਰੀਆਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕੀਤਾ ਜਾਣਾ ਚਾਹੀਦਾ ਹੈ ਤੇ ਸਰਕਾਰ ਨੂੰ ਉਨ੍ਹਾਂ ਦੀਆਂ ਮੰਗਾਂ ਪ੍ਰਤੀ ਗੰਭੀਰਤਾ ਦਿਖਾਉਣੀ ਚਾਹੀਦੀ ਹੈ।ਉਨ੍ਹਾਂ ਪੰਜਾਬ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਕੀਤੇ ਗਏ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਸਰਕਾਰ ਨਾਕਾਮ ਰਹੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਮੁਲਾਜ਼ਮ ਵਰਗ ਆਪਣੀਆਂ ਮੰਗਾਂ ਨੂੰ ਲੈ ਕੇ ਲਗਾਤਾਰ ਸੰਘਰਸ਼ ਕਰ ਰਿਹਾ ਹੈ, ਪਰ ਸਰਕਾਰ ਉਨ੍ਹਾਂ ਦੀ ਆਵਾਜ਼ ਸੁਣਨ ਲਈ ਤਿਆਰ ਨਹੀਂ ਹੈ।ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਤੇ ਵਪਾਰ ਵਿੰਗ ਪ੍ਰਧਾਨ ਨਰੇਸ਼ ਕੁਮਾਰ ਗਰਗ ਨੇ ਸਫਾਈ ਸੇਵਕਾਂ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪਾਰਟੀ ਦਾ ਹਰ ਵਰਕਰ ਤੇ ਵਪਾਰ ਵਿੰਗ ਦਾ ਭਾਈਚਾਰਾ ਉਨ੍ਹਾਂ ਦੇ ਹਰ ਸੰਘਰਸ਼ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਹੈ।ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਬਰਨਾਲਾ ਵਿਖੇ ਪੁਲਸ ਪ੍ਰਸ਼ਾਸਨ ਵੱਲੋਂ ਸਫਾਈ ਸੇਵਕਾਂ ਤੇ ਬੀਬੀਆਂ ਉੱਪਰ ਜੋ ਲਾਠੀਚਾਰਜ ਕੀਤਾ ਗਿਆ, ਉਹ ਅਤੀ ਨਿੰਦਣਯੋਗ ਹੈ।

## ਆਪ ਵਿਕਾਸ ਕਾਰਜਾਂ ਦੇ ਦਮ 'ਤੇ ਮੁੜ ਰਚੇਗੀ ਇਤਿਹਾਸ : ਐਡਵੋਕੇਟ ਗਰਗ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਹੈਪੀ ਗਰਗ ਨੇ ਗੱਲਬਾਤ ਦੌਰਾਨ ਵੱਡਾ ਦਾਅਵਾ ਕਰਦਿਆਂ ਕਿਹਾ ਹੈ ਕਿ ਪੰਜਾਬ ਦੀ ਮੌਜੂਦਾ ਸਰਕਾਰ ਵੱਲੋਂ ਕੀਤੇ ਗਏ ਇਤਿਹਾਸਕ ਵਿਕਾਸ ਕਾਰਜਾਂ ਤੇ ਲੋਕ-ਹਿੱਤੂ ਨੀਤੀਆਂ ਦੇ ਬਲਬੂਤੇ ਆਮ ਆਦਮੀ ਪਾਰਟੀ ਰਾਜ ਵਿੱਚ ਮੁੜ ਪੂਰਨ ਬਹੁਮੱਤ ਨਾਲ ਆਪਣੀ ਸਰਕਾਰ ਬਣਾਏਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਸਿੱਖਿਆ, ਸਿਹਤ ਤੇ ਰੋਜ਼ਗਾਰ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਂਦੇ ਹਨ। ਪੰਜਾਬ ਦੇ ਹਜ਼ਾਰਾਂ ਨੌਜਵਾਨਾਂ ਨੂੰ ਬਿਨਾਂ ਕਿਸੇ ਰਿਸ਼ਵਤ ਜਾਂ ਸਿਫ਼ਾਰਸ਼ ਦੇ ਪੂਰੀ ਪਾਰਦਰਸ਼ਤਾ ਨਾਲ ਸਰਕਾਰੀ ਨੌਕਰੀਆਂ ਮੁਹੱਈਆ ਕਰਵਾਈਆਂ ਗਈਆਂ ਹਨ।ਇਸ ਤੋਂ ਇਲਾਵਾ, ਆਮ ਆਦਮੀ ਕਲੀਨਿਕਾਂ ਰਾਹੀਂ ਆਮ ਲੋਕਾਂ ਨੂੰ ਘਰਾਂ ਦੇ ਨੇੜੇ ਹੀ ਮੁਫ਼ਤ ਤੇ ਵਧੀਆ ਇਲਾਜ ਦੀ ਸਹੂਲਤ ਮਿਲ ਰਹੀ ਹੈ, ਜਦਕਿ 300 ਯੂਨਿਟ ਮੁਫ਼ਤ ਬਿਜਲੀ ਨੇ ਆਮ ਪਰਿਵਾਰਾਂ ਦੇ ਬਜਟ ਨੂੰ ਵੱਡੀ ਆਰਥਿਕ ਰਾਹਤ ਦਿੱਤੀ ਹੈ।ਐਡਵੋਕੇਟ ਹੈਪੀ ਗਰਗ ਨੇ ਕਿਹਾ ਕਿ ਵਿਰੋਧੀ ਧਿਰਾਂ ਕੋਲ ਸਰਕਾਰ ਦੀਆਂ ਪ੍ਰਾਪਤੀਆਂ ਦਾ ਕੋਈ ਜਵਾਬ ਨਹੀਂ ਹੈ, ਜਿਸ ਕਰਕੇ ਉਹ ਬੌਖਲਾਹਟ ਵਿੱਚ ਆ ਕੇ ਨਿਰਾਧਾਰ ਬਿਆਨਬਾਜ਼ੀ ਕਰ ਰਹੀਆਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਆਮ ਜਨਤਾ ਦਾ ਵਿਸ਼ਵਾਸ ਆਮ ਆਦਮੀ ਪਾਰਟੀ 'ਚ ਹੋਰ ਮਜ਼ਬੂਤ ਹੋਇਆ ਹੈ ਤੇ ਆਉਣ ਵਾਲੀਆਂ ਚੋਣਾਂ ਵਿੱਚ ਵੀ ਪੰਜਾਬ ਦੇ ਸੂਝਵਾਨ ਵੋਟਰ ਵਿਕਾਸ ਦੀ ਰਾਹ 'ਤੇ ਚੱਲਦਿਆਂ ਮੁੜ 'ਆਪ' ਦੀ ਸਰਕਾਰ ਚੁਣਨਗੇ।



## 18 ਸਾਲ ਤੋਂ ਘੱਟ ਉਮਰ ਦੇ ਬਾਲ ਲੇਖਕਾਂ ਲਈ ਸੁਨਹਿਰੀ ਮੌਕਾ

### ਪੰਜਾਬ ਭਵਨ ਸਰੀ ਵੱਲੋਂ ਬਾਲ ਲੇਖਕਾਂ ਨੂੰ ਸਾਹਿਤਕ ਮੰਚ ਪ੍ਰਦਾਨ ਕਰਨ ਲਈ ਵਿਸ਼ੇਸ਼ ਮੁਹਿੰਮ



**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**

ਪੰਜਾਬ ਭਵਨ ਸਰੀ (ਕੈਨੇਡਾ) ਵੱਲੋਂ ਪੰਜਾਬ ਭਰ ਦੇ 18 ਸਾਲ ਤੋਂ ਘੱਟ ਉਮਰ ਦੇ ਬਾਲ ਲੇਖਕਾਂ ਦੀਆਂ ਅਪ੍ਰਕਾਸ਼ਿਤ ਰਚਨਾਵਾਂ ਇਕੱਤਰ ਕਰਕੇ ਉਨ੍ਹਾਂ ਨੂੰ ਸਾਹਿਤਕ ਮੰਚ ਪ੍ਰਦਾਨ ਕਰਨ ਲਈ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਹੈ।ਜ਼ਿਲ੍ਹਾ ਫ਼ਾਜ਼ਿਲਕਾ ਟੀਮ ਵੱਲੋਂ ਸਮੂਹ ਸਰਕਾਰੀ, ਪ੍ਰਾਈਵੇਟ ਤੇ ਮਾਨਤਾ ਪ੍ਰਾਪਤ ਸਕੂਲਾਂ ਦੇ ਮੁਖੀਆਂ, ਅਧਿਆਪਕਾਂ, ਮਾਪਿਆਂ ਤੇ ਵਿਦਿਆਰਥੀਆਂ ਨੂੰ ਇਸ ਮੁਹਿੰਮ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਗਈ ਹੈ।ਵਿਦਿਆਰਥੀ ਆਪਣੀਆਂ ਮੌਲਿਕ ਰਚਨਾਵਾਂ 03 ਅਗਸਤ ਤੱਕ ਭੇਜ ਸਕਦੇ ਹਨ।ਮਨੀਸ਼ ਕੁਮਾਰ (ਮੁੱਖ ਸੰਪਾਦਕ) ਨੇ ਕਿਹਾ ਕਿ ਪੰਜਾਬ ਭਵਨ ਸਰੀ ਵੱਲੋਂ ਸ਼ੁਰੂ ਕੀਤੀ ਇਹ ਮੁਹਿੰਮ ਬੱਚਿਆਂ ਦੀ ਸਾਹਿਤਕ ਪ੍ਰਤਿਭਾ ਨੂੰ ਨਵੀਂ ਪਹਿਚਾਣ ਦੇਣ ਦਾ ਸ਼ਲਾਘਾਯੋਗ ਉਪਰਾਲਾ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਹਰ ਸਕੂਲ ਤੱਕ ਇਸ ਮੁਹਿੰਮ ਨੂੰ ਪੁਚਾਇਆ ਜਾ ਰਿਹਾ ਹੈ ਤਾਂ ਜੁ ਕੋਈ ਵੀ ਪ੍ਰਤਿਭਾਸ਼ਾਲੀ ਬੱਚਾ ਇਸ ਮੌਕੇ ਤੋਂ ਵਾਂਝਾ ਨਾ ਰਹੇ।ਸੋਨੀਆ ਬਜਾਜ (ਜ਼ਿਲ੍ਹਾ ਸਰਪ੍ਰਸਤ) ਨੇ ਕਿਹਾ ਕਿ ਬੱਚਿਆਂ ਨੂੰ ਬਚਪਨ ਤੋਂ ਹੀ ਸਾਹਿਤ ਤੇ ਪੰਜਾਬੀ ਭਾਸ਼ਾ ਨਾਲ ਜੋੜਨਾ ਸਮੇਂ ਦੀ ਲੋੜ ਹੈ। ਉਨ੍ਹਾਂ ਮਾਪਿਆਂ ਤੇ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਉਹ ਬੱਚਿਆਂ ਨੂੰ ਰਚਨਾਤਮਕ ਲਿਖਣ ਲਈ ਪ੍ਰੇਰਿਤ ਕਰਨ ਤੇ ਉਨ੍ਹਾਂ ਦੀਆਂ ਮੌਲਿਕ ਰਚਨਾਵਾਂ ਇਸ ਮੁਹਿੰਮ ਲਈ ਭੇਜਣ।ਸੁਨੀਤਾ ਕੰਬੋਜ (ਜ਼ਿਲ੍ਹਾ ਪ੍ਰਧਾਨ) ਨੇ ਕਿਹਾ ਕਿ ਜ਼ਿਲ੍ਹਾ ਫਾਜ਼ਿਲਕਾ ਦੀ ਟੀਮ ਇਸ ਮੁਹਿੰਮ ਨੂੰ ਪਿੰਡ-ਪਿੰਡ ਤੇ ਸਕੂਲ-ਸਕੂਲ ਤੱਕ ਪੁਚਾਉਣ ਲਈ ਸਰਗਰਮੀ ਨਾਲ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਇਹ ਉਪਰਾਲਾ ਬੱਚਿਆਂ ਦੇ ਆਤਮ-ਵਿਸ਼ਵਾਸ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਲਿਖਣ ਕਲਾ ਨੂੰ ਵੀ ਨਿਖਾਰੇਗਾ।ਸਿਮਲਜੀਤ ਸਿੰਘ (ਜ਼ਿਲ੍ਹਾ ਮੀਡੀਆ ਕੋਆਰਡੀਨੇਟਰ) ਨੇ ਦੱਸਿਆ ਕਿ ਪੰਜਾਬ ਭਵਨ ਸਰੀ ਵੱਲੋਂ ਕਵਿਤਾ, ਕਹਾਣੀ, ਲੇਖ, ਗੀਤ ਤੇ ਹੋਰ ਸਾਹਿਤਕ ਵਿਧਾਵਾਂ ਵਿੱਚ ਰਚਨਾਵਾਂ ਮੰਗੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਸਾਰੇ ਸਕੂਲ ਇਸ ਸਬੰਧੀ ਜਾਣਕਾਰੀ ਵਿਦਿਆਰਥੀਆਂ ਤੱਕ ਪਹੁੰਚਾਉਣ ਅਤੇ ਸਮੇਂ ਸਿਰ ਰਚਨਾਵਾਂ ਭੇਜਣ ਨੂੰ ਯਕੀਨੀ ਬਣਾਉਣ।

## ਖੋ-ਖੋ ਤੇ ਬੈਡਮਿੰਟਨ ਟੂਰਨਾਮੈਂਟ ਦਾ ਸ਼ਾਨਦਾਰ ਆਗਾਜ਼



**ਸਮਾਣਾ (ਇਕਬਾਲ ਸਿੰਘ ਬੱਲ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਖੋ-ਖੋ ਤੇ ਬੈਡਮਿੰਟਨ ਟੂਰਨਾਮੈਂਟ ਦਾ ਉਦਘਾਟਨ ਸ਼ਾਨੋ-ਸ਼ੌਕਤ ਨਾਲ ਕਰਾਇਆ ਗਿਆ।ਟੂਰਨਾਮੈਂਟ ਵਿੱਚ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ ਤੇ ਚੰਡੀਗੜ੍ਹ ਦੇ ਕਰੀਬ 5 ਹਜ਼ਾਰ ਖਿਡਾਰੀ, ਕੋਚ, ਟੀਮ ਮੈਨੇਜਰ ਤੇ ਅਧਿਕਾਰੀ ਭਾਗ ਲੈ ਰਹੇ ਹਨ।ਉਦਘਾਟਨੀ ਸਮਾਰੋਹ ਦੌਰਾਨ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਦਰਸ਼ਕਾਂ ਦਾ ਮਨ ਮੋਹ ਲਿਆ।ਸਕੂਲ ਪ੍ਰਬੰਧਕ ਕਮੇਟੀ ਨੇ ਪਹੁੰਚੇ ਹੋਏ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ਤੇ ਖੇਡਾਂ ਦੀ ਮਹੱਤਤਾ ਬਾਰੇ ਵਿਚਾਰ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ।ਸਕੂਲ ਦੀ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਦਲਜੀਤ ਸਿੰਘ ਤੇ ਸਕੂਲ ਪ੍ਰਿੰਸੀਪਲ ਸ੍ਰੀਮਤੀ ਸੁਨੀਤਾ ਰਾਣੀ ਨੇ ਕਿਹਾ ਕਿ ਅਜਿਹੇ ਰਾਜ ਪੱਧਰੀ ਤੇ ਕਲੱਸਟਰ ਪੱਧਰੀ ਟੂਰਨਾਮੈਂਟ ਵਿਦਿਆਰਥੀਆਂ ਵਿੱਚ ਖੇਡ ਭਾਵਨਾ, ਅਨੁਸ਼ਾਸਨ, ਆਤਮ-ਵਿਸ਼ਵਾਸ ਤੇ ਟੀਮ ਵਰਕ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ।ਉਨ੍ਹਾਂ ਦੱਸਿਆ ਕਿ ਟੂਰਨਾਮੈਂਟ ਦੌਰਾਨ ਖੋ-ਖੋ ਤੇ ਬੈਡਮਿੰਟਨ ਦੇ ਮੁਕਾਬਲੇ ਵੱਖ-ਵੱਖ ਉਮਰ ਵਰਗਾਂ ਵਿੱਚ ਕਰਵਾਏ ਜਾਣਗੇ ਅਤੇ ਜੇਤੂ ਟੀਮਾਂ ਨੂੰ ਸਨਮਾਨਤ ਕੀਤਾ ਜਾਵੇਗਾ।ਸਮਾਰੋਹ ਵਿੱਚ ਸਕੂਲ ਪ੍ਰਬੰਧਕ ਕਮੇਟੀ ਦੇ ਮੈਂਬਰ, ਅਧਿਆਪਕ, ਮਾਪੇ ਅਤੇ ਵੱਡੀ ਗਿਣਤੀ ਵਿੱਚ ਖਿਡਾਰੀ ਹਾਜ਼ਰ ਸਨ।

## ਜੰਤਰ-ਮੰਤਰ 'ਤੇ ਲਾਠੀਚਾਰਜ ਦੇ ਵਿਰੋਧ 'ਚ ਕੱਢਿਆ ਕੈਂਡਲ ਮਾਰਚ




**ਸਮਾਣਾ (ਇਕਬਾਲ ਸਿੰਘ ਬੱਲ)**-ਦਿੱਲੀ ਦੇ ਜੰਤਰ-ਮੰਤਰ ਵਿਖੇ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਨੌਜਵਾਨਾਂ ਤੇ ਵਿਦਿਆਰਥੀਆਂ 'ਤੇ ਪੁਲਸ ਵੱਲੋਂ ਕੀਤੇ ਗਏ ਲਾਠੀਚਾਰਜ ਤੇ ਮਾੜੇ ਵਿਹਾਰ ਦੇ ਵਿਰੋਧ ਵਿੱਚ ਪੰਜਾਬ ਕਾਂਗਰਸ ਦੇ ਬੁਲਾਰੇ ਸੰਦੀਪ ਸਿੰਗਲਾ ਦੀ ਅਗਵਾਈ ਹੇਠ ਕਾਂਗਰਸੀ ਵਰਕਰਾਂ ਵੱਲੋਂ ਇੱਕ ਵਿਸ਼ਾਲ ਕੈਂਡਲ ਮਾਰਚ ਕੱਢਿਆ ਗਿਆ।ਕਾਂਗਰਸੀ ਆਗੂਆਂ ਨੇ ਕੇਂਦਰ ਸਰਕਾਰ ਤੇ ਦਿੱਲੀ ਪੁਲਿਸ ਦੀ ਇਸ ਧੱਕੇਸ਼ਾਹੀ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਤੇ ਇਸ ਕਾਰਵਾਈ ਨੂੰ ਲੋਕਤੰਤਰ ਦੇ ਸਿਧਾਂਤਾਂ ਦਾ ਘਾਣ ਕਰਾਰ ਦਿੱਤਾ।ਸੰਦੀਪ ਸਿੰਗਲਾ ਨੇ ਕਿਹਾ ਕਿ ਜੰਤਰ-ਮੰਤਰ ਵਿਖੇ ਪ੍ਰਦਰਸ਼ਨਕਾਰੀਆਂ 'ਤੇ ਕੀਤਾ ਗਿਆ ਲਾਠੀਚਾਰਜ ਬੇਹੱਦ ਨਿੰਦਣਯੋਗ ਤੇ ਅਫ਼ਸੋਸਜਨਕ ਹੈ।ਉਨ੍ਹਾਂ ਕਿਹਾ ਕਿ ਦੇਸ਼ ਦੇ ਸੰਵਿਧਾਨ ਮੁਤਾਬਕ ਸ਼ਾਂਤਮਈ ਢੰਗ ਨਾਲ ਆਪਣੇ ਹੱਕਾਂ ਲਈ ਆਵਾਜ਼ ਉਠਾਉਣਾ ਅਤੇ ਰੋਸ ਪ੍ਰਦਰਸ਼ਨ ਕਰਨਾ ਹਰੇਕ ਨਾਗਰਿਕ ਦਾ ਲੋਕਤੰਤਰੀ ਅਧਿਕਾਰ ਹੈ।ਸਰਕਾਰ ਵੱਲੋਂ ਇਸ ਤਰ੍ਹਾਂ ਬੇਕਸੂਰਾਂ 'ਤੇ ਤਾਕਤ ਦੀ ਵਰਤੋਂ ਕਰਨਾ ਲੋਕਤੰਤਰ ਦੇ ਮੂਲ ਸਿਧਾਂਤਾਂ ਦੇ ਬਿਲਕੁਲ ਉਲਟ ਹੈ।ਮਾਰਚ 'ਚ ਸ਼ਾਮਲ ਕਾਂਗਰਸੀ ਆਗੂਆਂ ਨੇ ਆਖਿਆ ਕਿ ਨੀਟ ਪੇਪਰ ਲੀਕ ਮਾਮਲੇ 'ਚ ਸਬੰਧਤ ਮੰਤਰੀ ਦੇ ਅਸਤੀਫ਼ੇ ਦੀ ਮੰਗ ਕਰ ਰਹੇ ਅਤੇ ਆਪਣੇ ਹੱਕ ਮੰਗਦੇ ਨੌਜਵਾਨਾਂ ਦੀ ਆਵਾਜ਼ ਨੂੰ ਡੰਡੇ ਦੇ ਜ਼ੋਰ 'ਤੇ ਦਬਾਇਆ ਨਹੀਂ ਜਾ ਸਕਦਾ।ਉਨ੍ਹਾਂ ਮੰਗ ਕੀਤੀ ਕਿ ਪ੍ਰਦਰਸ਼ਨਕਾਰੀਆਂ ਨਾਲ ਬਦਸਲੂਕੀ ਕਰਨ ਵਾਲੇ ਜ਼ਿੰਮੇਵਾਰ ਅਧਿਕਾਰੀਆਂ 'ਤੇ ਤੁਰੰਤ ਬਣਦੀ ਕਾਰਵਾਈ ਕੀਤੀ ਜਾਵੇ ਤੇ ਕੇਂਦਰ ਸਰਕਾਰ ਆਪਣਾ ਤਾਨਾਸ਼ਾਹੀ ਰਵੱਈਆ ਛੱਡ ਨੌਜਵਾਨਾਂ ਦੇ ਮਸਲਿਆਂ ਦਾ ਹੱਲ ਕੱਢੇ।

## ਵਕੀਲਾਂ ਦੀ ਹੜਤਾਲ ਤੀਜੇ ਦਿਨ ਵੀ ਜਾਰੀ



**ਸਮਾਣਾ (ਇਕਬਾਲ ਸਿੰਘ ਬੱਲ)**-ਬਾਰ ਐਸੋਸੀਏਸ਼ਨ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਵਿੱਢੀ ਗਈ ਹੜਤਾਲ ਤੀਜੇ ਦਿਨ ਵਿੱਚ ਦਾਖ਼ਲ ਹੋ ਗਈ ਹੈ।ਰੋਸ ਪ੍ਰਗਟਾਉਂਦੇ ਹੋਏ ਵਕੀਲ ਹੜਤਾਲ 'ਤੇ ਬੈਠੇ ਤੇ ਪ੍ਰਸ਼ਾਸਨ ਖ਼ਿਲਾਫ਼ ਆਪਣਾ ਵਿਰੋਧ ਦਰਜ ਕਰਾਇਆ।ਇਸ ਹੜਤਾਲ ਦੀ ਅਗਵਾਈ ਕਰਦਿਆਂ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਨਵਦੀਪ ਸਿੰਘ ਢਿੱਲੋਂ ਨੇ ਕਿਹਾ ਕਿ ਮੰਗਾਂ ਪੂਰੀਆਂ ਹੋਣ ਤੱਕ ਇਹ ਸੰਘਰਸ਼ ਇਸੇ ਤਰ੍ਹਾਂ ਜਾਰੀ ਰਹੇਗਾ।ਵਕੀਲ ਭਾਈਚਾਰੇ ਦੇ ਸਾਬਕਾ ਪ੍ਰਧਾਨ ਦਵਿੰਦਰ ਸਿੰਘ ਢਿੱਲੋਂ, ਹਰਮਨਦੀਪ ਸਿੰਘ ਸਿੱਧੂ, ਬਿਕਰਮਜੀਤ ਸਿੰਘ ਚਾਹਲ, ਰਮਨਦੀਪ ਕੌਰ ਸੰਧੂ, ਰਣਜੋਧ ਸਿੰਘ ਸੰਧੂ ਤੇ ਅਸ਼ਵਨੀ ਗੁਪਤਾ ਸਮੇਤ ਵੱਡੀ ਗਿਣਤੀ ਵਿੱਚ ਵਕੀਲ ਸਾਹਿਬਾਨ ਧਰਨੇ 'ਤੇ ਬੈਠੇ। ?ਧਰਨੇ ਨੂੰ ਸੰਬੋਧਨ ਕਰਦਿਆਂ ਵਕੀਲਾਂ ਨੇ ਦੱਸਿਆ ਕਿ ਪ੍ਰਸ਼ਾਸਨਿਕ ਉਦਾਸੀਨਤਾ ਦੇ ਚੱਲਦਿਆਂ ਵਕੀਲਾਂ ਨੂੰ ਮਜਬੂਰਨ ਇਹ ਕਦਮ ਚੁੱਕਣਾ ਪਿਆ ਹੈ।ਉਨ੍ਹਾਂ ਐਲਾਨ ਕੀਤਾ ਕਿ ਜਦੋਂ ਤੱਕ ਉਨ੍ਹਾਂ ਦੀਆਂ ਵਜਿਬ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ, ਉਦੋਂ ਤੱਕ ਰੋਜ਼ਾਨਾ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ?ਹੜਤਾਲ ਦੇ ਤੀਜੇ ਦਿਨ ਵਿੱਚ ਦਾਖਲ ਹੋਣ ਕਾਰਨ ਅਦਾਲਤੀ ਕੰਮਕਾਜ ਪ੍ਰਭਾਵਿਤ ਹੋ ਰਿਹਾ ਹੈ ਅਤੇ ਕੇਸਾਂ ਦੀ ਪੈਰਵੀ ਲਈ ਆਏ ਲੋਕਾਂ ਨੂੰ ਵੀ ਖੱਜਲ-ਖੁਆਰ ਹੋਣਾ ਪੈ ਰਿਹਾ ਹੈ।ਵਕੀਲ ਆਗੂਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਜਲਦ ਤੋਂ ਜਲਦ ਮਸਲੇ ਦਾ ਹੱਲ ਕੱਢਿਆ ਜਾਵੇ, ਤਾਂ ਜੁ ਅਦਾਲਤੀ ਕੰਮਕਾਜ ਸੁਚਾਰੂ ਢੰਗ ਨਾਲ ਚੱਲ ਸਕੇ।

## ਕਰਾਟੇ ਚੈਂਪੀਅਨਸ਼ਿਪ 'ਚ ਸ਼ਾਨਦਾਰ ਜਿੱਤ ਹਾਸਲ



**ਬਰੇਟਾ (ਰੀਤਵਾਲ)**-ਗੁਆਂਢੀ ਸੂਬੇ ਨੋਇਡਾ ਵਿੱਚ ਕਰਾਈ ਗਈ ਰਾਜ ਪੱਧਰੀ ਕਰਾਟੇ ਚੈਂਪੀਅਨਸ਼ਿਪ ਵਿੱਚ ਆਤਮਾ ਰਾਮ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਈ ਤਗਮੇ ਆਪਣੇ ਨਾਂਅ ਕੀਤੇ।ਸਕੂਲ ਦੀ ਪ੍ਰਿੰਸੀਪਲ ਮੋਨਿਕਾ ਗਰਗ ਨੇ ਦੱਸਿਆ ਕਿ ਇਨ੍ਹਾਂ ਮੁਕਾਬਲੇ ਵਿੱਚ ਵੱਖ-ਵੱਖ ਰਾਜਾਂ ਤੋਂ ਸੈਂਕੜੇ ਖਿਡਾਰੀਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ ਸਾਡੇ ਸਕੂਲ ਦੇ 6 ਵਿਦਿਆਰਥੀਆਂ ਆਰੀਅਨ ਸ਼ੁਕਲਾ (ਇੱਕ ਸਿਲਵਰ), ਅਨਮੋਲ ਪ੍ਰੀਤ ਕੌਰ (ਇੱਕ ਗੋਲਡ ਤੇ ਇੱਕ ਸਿਲਵਰ), ਅਵੀ ਕੁਮਾਰ (ਇੱਕ ਬਰਾਊਨ), ਨਵਰਾਜ ਸਿੰਘ (ਇੱਕ ਗੋਲਡ ਤੇ ਇੱਕ ਸਿਲਵਰ), ਗਗਨਦੀਪ ਕੌਰ ਅਤੇ ਹਰਮਨਪ੍ਰੀਤ ਸਿੰਘ (ਇੱਕ ਗੋਲਡ ਤੇ ਇੱਕ ਸਿਲਵਰ) ਨੇ ਵੱਖ-ਵੱਖ ਵਜ਼ਨ ਸ਼੍ਰੇਣੀਆਂ ਵਿੱਚ ਹਿੱਸਾ ਲੈਂਦਿਆਂ ਗੋਲਡ ਮੈਡਲ ਅਤੇ ਸਿਲਵਰ ਮੈਡਲ ਜਿੱਤੇ।ਵਿਦਿਆਰਥੀਆਂ ਨੇ ਦੱਸਿਆ ਕਿ ਉਨ੍ਹਾਂ ਨੇ ਇਸ ਜਿੱਤ ਲਈ ਪਿਛਲੇ ਕਈ ਮਹੀਨਿਆਂ ਤੋਂ ਸਖ਼ਤ ਮਿਹਨਤ ਕੀਤੀ ਤੇ ਆਪਣੀ ਕੋਚ ਗੁਰਜੋਤ ਕੌਰ ਦੀ ਸਖ਼ਤ ਨਿਗਰਾਨੀ ਹੇਠ ਅਭਿਆਸ ਕੀਤਾ।ਸਕੂਲ ਦੇ ਚੇਅਰਮੈਨ ਸ਼ੈਰਿਕ ਗਰਗ ਨੇ ਵਿਦਿਆਰਥੀਆਂ ਦੀ ਇਸ ਪ੍ਰਾਪਤੀ ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਸਕੂਲ ਲਈ ਮਾਣ ਵਾਲੀ ਗੱਲ ਹੈ ਤੇ ਬੱਚਿਆਂ ਦੀ ਇਸ ਸਫਲਤਾ ਨਾਲ ਹੋਰਨਾਂ ਵਿਦਿਆਰਥੀਆਂ ਨੂੰ ਵੀ ਖੇਡਾਂ ਵੱਲ ਪ੍ਰੇਰਿਤ ਹੋਣ ਦਾ ਮੌਕਾ ਮਿਲੇਗਾ।

## ਸੈਂਟੀਨਲ ਇੰਟਰਨੈਸ਼ਨਲ ਸਕੂਲ ਦਾ ਸਕੇਟਿੰਗ 'ਚ ਸ਼ਾਨਦਾਰ ਪ੍ਰਦਰਸ਼ਨ



**ਸਮਰਾਲਾ (ਸੁਰਜੀਤ ਸਿੰਘ)**-ਸੈਫਰਨ ਸਿਟੀ ਸਕੂਲ, ਫ਼ਤਹਿਗੜ੍ਹ ਸਾਹਿਬ ਵਿਖੇ ਕਰਾਈ ਇੰਟਰ ਸਕੂਲ ਸਕੇਟਿੰਗ ਚੈਂਪੀਅਨਸ਼ਿਪ-2026 ਵਿੱਚ ਸੈਂਟੀਨਲ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕੁੱਲ 11 ਮੈਡਲ ਆਪਣੇ ਨਾਂਅ ਕੀਤੇ।ਵਿਦਿਆਰਥੀਆਂ ਨੇ 6 ਗੋਲਡ, 2 ਸਿਲਵਰ ਤੇ 3 ਬਰੌਂਜ਼ ਮੈਡਲ ਜਿੱਤ ਕੇ ਸਕੂਲ, ਮਾਪਿਆਂ ਤੇ ਕੋਚ ਦਾ ਨਾਂਅ ਰੌਸ਼ਨ ਕੀਤਾ।ਗੋਲਡ ਮੈਡਲ ਜਿੱਤ ਕੇ ਪਹਿਲੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਵਿੱਚ ਗੁਰਕਮਲ ਸਿੰਘ, ਅਰਮਾਨ ਪੁਰੀ, ਵਨਵ ਸ਼ਰਮਾ, ਪ੍ਰਕੀਰਤ ਸਿੰਘ ਘੁੰਮਣ, ਰਿਵਾਨ ਬਠਲਾ ਤੇ ਵਿਰਾਜ ਬਾਤਿਸ਼ ਸ਼ਾਮਲ ਸਨ।ਦੂਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀ ਅਰਾਧਿਆ ਬਠਲਾ ਤੇ ਕ੍ਰਿਸ਼ਨ ਕੁਮਾਰ ਨੇ ਸਿਲਵਰ ਮੈਡਲ ਹਾਸਲ ਕੀਤਾ, ਜਦਕਿ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀ ਮਨਮਿਲਾਪ ਸਿੰਘ, ਆਰਵ ਰਾਣਾ ਤੇ ਹਰਿਧੀ ਬਾਤਿਸ਼ ਨੇ ਬਰੌਂਜ਼ ਮੈਡਲ ਜਿੱਤੇ। ਸਕੂਲ ਦੀ ਪ੍ਰਬੰਧਕ ਕਮੇਟੀ ਦੀ ਡਾਇਰੈਕਟਰ ਅੰਮ੍ਰਿਤਪਾਲ ਕੌਰ ਢਿੱਲੋਂ ਤੇ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੀ ਮਿਹਨਤ, ਲਗਨ ਤੇ ਅਨੁਸ਼ਾਸਨ ਦੀ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਇਹ ਸਫ਼ਲਤਾ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਕੋਚ ਰਾਜਵਿੰਦਰ ਸਿੰਘ ਦੀ ਨਿਰੰਤਰ ਸਿਖਲਾਈ ਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਰਾਜ ਅਤੇ ਰਾਸ਼ਟਰੀ ਪੱਧਰ 'ਤੇ ਹੋਰ ਵੱਡੀਆਂ ਪ੍ਰਾਪਤੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦਾ ਅਹਿਮ ਹਿੱਸਾ ਹਨ।ਉਨ੍ਹਾਂ ਜੇਤੂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨ ਨਾਲ-ਨਾਲ ਸਕੂਲ ਦੇ ਹੋਰ ਵਿਦਿਆਰਥੀਆਂ ਨੂੰ ਵੀ ਖੇਡਾਂ ਵਿੱਚ ਵੱਧ ਤੋਂ ਵੱਧ ਹਿੱਸਾ ਲੈਣ ਲਈ ਉਤਸ਼ਾਹਤ ਕੀਤਾ।

## ਏ ਐੱਸ ਕਾਲਜ ਵੱਲੋਂ ਸ਼ਿਵ ਕੁਮਾਰ ਬਟਾਲਵੀ ਦੇ ਜਨਮ ਦਿਨ ਨੂੰ ਸਮਰਪਤ ਕਵਿਤਾ-ਉਚਾਰਨ ਮੁਕਾਬਲੇ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**


ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਏ. ਐੱਸ. ਕਾਲਜ ਖੰਨਾ ਵੱਲੋਂ ਸ਼ਿਵ ਕੁਮਾਰ ਬਟਾਲਵੀ ਦੇ ਜਨਮ ਦਿਨ ਨੂੰ ਸਮਰਪਤ ਕਵਿਤਾ-ਉਚਾਰਨ ਮੁਕਾਬਲਾ ਕਰਵਾਇਆ ਗਿਆ।ਸਮਾਗਮ ਦੇ ਆਰੰਭ ਵਿੱਚ ਪੰਜਾਬੀ ਵਿਭਾਗ ਦੇ ਮੁੱਖੀ ਡਾ. ਰਾਜਪ੍ਰੀਤ ਕੌਰ ਬੈਨੀਪਾਲ ਨੇ ਕਾਲਜ ਪ੍ਰਿੰਸੀਪਲ ਡਾ. ਕੇ ਕੇ ਸ਼ਰਮਾ ਨੂੰ 'ਜੀ ਆਇਆਂ' ਕਿਹਾ ਤੇ ਸ਼ਿਵ ਕੁਮਾਰ ਬਟਾਲਵੀ ਦੇ ਜੀਵਨ, ਸ਼ਖ਼ਸੀਅਤ ਤੇ ਸਾਹਿਤਕ ਰਚਨਾਵਾਂ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ।ਵਿਭਾਗ ਵੱਲੋਂ ਪ੍ਰਿੰਸੀਪਲ ਡਾ. ਕੇ. ਕੇ. ਸ਼ਰਮਾ ਤੇ ਉਨ੍ਹਾਂ ਨਾਲ ਉਚੇਚੇ ਤੌਰ 'ਤੇ ਪਹੁੰਚੇ ਅੰਗਰੇਜ਼ੀ ਵਿਭਾਗ ਦੇ ਮੁਖੀ ਡਾ. ਦਿਨੇਸ਼ ਕੁਮਾਰ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਨਮਾਨਤ ਕੀਤਾ ਗਿਆ।ਉਪਰੰਤ ਵਿਦਿਆਰਥੀਆਂ ਨੇ ਸ਼ਿਵ ਕੁਮਾਰ ਦੁਆਰਾ ਰਚਿਤ ਰਚਨਾਵਾਂ ਪੇਸ਼ ਕਰਦਿਆਂ ਅਨੂਠਾ ਰੰਗ ਬੰਨ੍ਹਿਆ।

ਮੁਕਾਬਲੇ ਦਾ ਨਿਰਣਾ ਡਾ. ਮਨਦੀਪ ਕੌਰ ਤੇ ਪ੍ਰੋ. ਰਮਨਦੀਪ ਕੌਰ ਨੇ ਬਤੌਰ ਜੱਜ ਬਾਖ਼ੂਬੀ ਨਿਭਾਇਆ।ਮੁਕਾਬਲੇ ਵਿੱਚ ਪਹਿਲਾ ਸਥਾਨ ਪਰਮਵੀਰ ਸਿੰਘ ਬੀ. ਕਾਮ ਭਾਗ ਤੀਜਾ, ਦੂਜਾ ਸਥਾਨ ਗੁਰਨੂਰ ਸਿੰਘ ਬੀ.ਕਾਮ ਪਹਿਲਾ ਤੇ ਜਸਲੀਨ ਕੌਰ ਬੀ.ਏ.ਭਾਗ ਤੀਜਾ ਅਤੇ ਤੀਜਾ ਸਥਾਨ ਅੰਸ਼ਿਕਾ ਬੀ.ਐੱਸ.ਸੀ. ਭਾਗ ਦੂਜਾ ਤੇ ਤਰਨਪ੍ਰੀਤ ਕੌਰ ਬੀ. ਏ. ਭਾਗ ਦੂਜਾ ਨੇ ਪ੍ਰਾਪਤ ਕੀਤਾ।ਜੇਤੂ ਵਿਦਿਆਰਥੀਆਂ ਨੂੰ ਉੱਘੇ ਸਾਹਿਤਕਾਰਾਂ ਦੀਆਂ ਕਿਤਾਬਾਂ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਸਮਾਗਮ ਦਾ ਮੰਚ ਸੰਚਾਲਨ ਪੰਜਾਬੀ ਸਾਹਿਤ ਸਭਾ ਦੀ ਪ੍ਰਧਾਨ ਤੇ ਐੱਮ.ਏ. ਪੰਜਾਬੀ ਦੀ ਵਿਦਿਆਰਥਣ ਸੁਮਨਪ੍ਰੀਤ ਨੇ ਬਾਖ਼ੂਬੀ ਕੀਤਾ।ਇਸ ਦੇ ਨਾਲ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਅਧਿਆਪਕਾਂ ਨੇ ਵੀ ਸਮਾਗਮ ਵਿੱਚ ਸ਼ਮੂਲੀਅਤ ਕੀਤੀ, ਜਿਨ੍ਹਾਂ ਨੇ ਸਮਾਰੋਹ ਵਿੱਚ ਵਿਦਿਆਰਥੀਆਂ ਦਾ ਹੌਸਲਾ ਵਧਾਇਆ।ਕਾਲਜ ਮੈਨੇਜਮੈਂਟ ਦੇ ਪ੍ਰਧਾਨ ਸੰਜੀਵ ਧਮੀਜਾ ਤੇ ਜਨਰਲ ਸਕੱਤਰ ਰਾਜੇਸ਼ ਡਾਲੀ ਨੇ ਕਾਲਜ ਪ੍ਰਿੰਸੀਪਲ ਤੇ ਪੋਸਟ-ਗ੍ਰੈਜੂਏਟ ਪੰਜਾਬੀ ਵਿਭਾਗ ਦੀ ਸਮੁੱਚੀ ਟੀਮ ਨੂੰ ਮੁਬਾਰਕਬਾਦ ਦਿੱਤੀ।

## 15 ਸਾਲਾ ਲੜਕੀ ਨੂੰ ਬੰਦੀ ਬਣਾ ਕੇ ਰੱਖਣ ਦੇ ਦੋਸ਼ 'ਚ ਕੇਸ ਦਰਜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ)**-ਥਾਣਾ ਸਦਰ ਵਿੱਚ ਇੱਕ 15 ਸਾਲਾ ਨਾਬਾਲਿਗ ਲੜਕੀ ਨੂੰ ਕਥਿਤ ਤੌਰ 'ਤੇ ਬੰਦੀ ਬਣਾ ਕੇ ਰੱਖਣ ਤੇ ਡਰਾ-ਧਮਕਾ ਕੇ ਰੱਖਣ ਦੇ ਦੋਸ਼ ਹੇਠ ਮਾਮਲਾ ਦਰਜ ਕੀਤਾ ਗਿਆ ਹੈ।ਪੁਲਸ ਨੂੰ ਦਿੱਤੇ ਬਿਆਨਾਂ ਅਨੁਸਾਰ ਹਰਸ਼ਦੀਪ ਕੌਰ ਪੁੱਤਰੀ ਗੁਰਮਿੰਦਰ ਸਿੰਘ ਵਾਸੀ ਚੜ੍ਹੇਵਾਂ 10 ਜੁਲਾਈ 2026 ਨੂੰ ਆਪਣੇ ਨਾਨਕੇ ਪਿੰਡ ਸਾਦਿਕ ਜਾ ਰਹੀ ਸੀ। ਰਸਤੇ ਵਿੱਚ ਉਸ ਦੀ ਮੁਲਾਕਾਤ ਪਾਇਲ ਨਾਮ ਦੀ ਲੜਕੀ ਨਾਲ ਹੋਈ, ਜਿਸ ਨੇ ਉਸ ਨੂੰ ਆਪਣੇ ਨਾਲ ਫਰੀਦਕੋਟ ਤੇ ਬਾਅਦ ਵਿੱਚ ਬਠਿੰਡਾ ਲੈ ਗਈ।ਸ਼ਿਕਾਇਤ ਮੁਤਾਬਕ ਪਾਇਲ ਉਸ ਨੂੰ ਆਪਣੇ ਘਰ ਲੈ ਗਈ, ਜਿੱਥੇ 10 ਜੁਲਾਈ ਤੋਂ 22 ਜੁਲਾਈ ਤੱਕ ਕਥਿਤ ਤੌਰ 'ਤੇ ਬੰਦੀ ਬਣਾ ਕੇ ਰੱਖਿਆ ਗਿਆ ਤੇ ਧਮਕੀਆਂ ਦਿੱਤੀਆਂ ਗਈਆਂ ਕਿ ਜੇਕਰ ਉਸ ਨੇ ਰੌਲਾ ਪਾਇਆ ਤਾਂ ਉਸ ਨੂੰ ਜਾਨੋਂ ਮਾਰ ਦਿੱਤਾ ਜਾਵੇਗਾ।ਸ਼ਿਕਾਇਤ ਵਿੱਚ ਇਹ ਵੀ ਦੱਸਿਆ ਕਿ ਇਸ ਦੌਰਾਨ ਪਰਮਜੀਤ ਕੌਰ ਭੁੱਲਰ ਨਾਮ ਦੀ ਔਰਤ ਵੀ ਉੱਥੇ ਆਈ, ਜਿਸ ਨੇ ਲੜਕੀ ਦੀ ਫੋਟੋ ਮੋਬਾਈਲ 'ਤੇ ਦਿਖਾ ਕੇ ਉਸ ਦੇ ਪਰਿਵਾਰਕ ਮੈਂਬਰਾਂ ਨਾਲ ਸੰਪਰਕ ਕੀਤਾ।ਬਾਅਦ ਵਿੱਚ ਲੜਕੀ ਨੂੰ ਉਸ ਦੇ ਪਿਤਾ ਤੇ ਫੁੱਫੜ ਦੇ ਹਵਾਲੇ ਕਰ ਦਿੱਤਾ ਗਿਆ।ਪੁਲਸ ਨੇ ਇਸ ਮਾਮਲੇ ਵਿੱਚ ਪਾਇਲ ਤੇ ਪਰਮਜੀਤ ਕੌਰ ਭੁੱਲਰ ਵਾਸੀ ਬਠਿੰਡਾ ਖ਼ਿਲਾਫ਼ ਕੇਸ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਵੱਡੀ ਗਿਣਤੀ 'ਚ ਸਾਥੀ ਅਕਾਲੀ ਦਲ ਵਾਰਿਸ ਪੰਜਾਬ ਦੇ 'ਚ ਸ਼ਾਮਲ



**ਕੋਟ ਈਸੇ ਖਾਂ (ਅਰੋੜਾ)**-ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਧਰਮਕੋਟ ਦੇ ਆਗੂ ਜਸਵਿੰਦਰ ਸਿੰਘ ਸਿੱਧੂ ਦੀ ਪਾਰਟੀ 'ਚ ਸ਼ਾਮਲ ਹੋਣ ਸਮੇਂ ਹੋਏ ਲਾਜਵਾਬ ਇਕੱਠ ਨੇ ਸਥਾਪਤ ਸਿਆਸੀ ਪਾਰਟੀਆਂ ਦੀਆਂ ਚੂਲਾਂ ਹਿਲਾ ਕੇ ਰੱਖ ਦਿੱਤੀਆਂ ਹਨ। ਸਿੱਧੂ ਨੇ ਸਰਗਰਮੀਆਂ ਤੇਜ਼ ਕਰਦਿਆਂ ਨਸੀਰਪੁਰ ਜਾਨੀਆਂ ਪਿੰਡ 'ਚ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਕਿਸਾਨ ਯੂਨੀਅਨ ਲੱਖੋਵਾਲ ਦੇ ਪ੍ਰਧਾਨ ਮੋਹਣ ਸਿੰਘ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਵਰਣ ਸਿੰਘ ਜਾਨੀਆਂ ਵੱਡੀ ਗਿਣਤੀ 'ਚ ਆਪਣੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ ਹੋਏ।ਇਕੱਠ 'ਚ ਹਾਜ਼ਰ ਮਾਵਾਂ ਨੇ ਕਿਹਾ ਕਿ ਸਾਡੇ ਜਵਾਕ ਨਸ਼ਿਆਂ ਨਾਲ ਮਰ ਰਹੇ ਹਨ।ਉਨ੍ਹਾਂ ਕਿਹਾ ਕਿ ਸਰਕਾਰ ਸਾਨੂੰ ਆਟਾ, ਦਾਲ਼ ਜਾਂ ਹੋਰ ਫਰੀ ਦੀਆਂ ਸਕੀਮਾਂ ਦੇਣ ਦੀ ਬਜਾਏ ਸਾਨੂੰ ਅਤੇ ਸਾਡੇ ਬੱਚਿਆਂ ਨੂੰ ਰੁਜ਼ਗਾਰ ਦੇਵੇ ਤਾਂ ਜੁ ਅਸੀਂ ਆਪਣਾ ਕੰਮ ਕਰਕੇ ਆਪਣੇ ਪੈਰਾਂ 'ਤੇ ਖੜ੍ਹਾ ਹੋ ਸਕੀਏ।

## ਪੰਜ ਵਕੀਲ ਬੈਠੇ ਤੀਜੇ ਦਿਨ ਵੀ ਹੜਤਾਲ 'ਤੇ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਕੇਂਦਰ ਸਰਕਾਰ ਵੱਲੋਂ ਨਾਲਸਾ ਰਾਹੀਂ ਲਾਗੂ ਕੀਤੇ ਐੱਲ.ਏ.ਡੀ.ਸੀ. ਪ੍ਰੋਗਰਾਮ ਦੇ ਵਿਰੋਧ 'ਚ ਪੰਜਾਬ ਅਤੇ ਹਰਿਆਣਾ ਦੀਆਂ ਬਾਰ ਐਸੋਸੀਏਸ਼ਨਾਂ ਵੱਲੋਂ 7 ਜੁਲਾਈ ਤੋਂ ਵਿੱਢੀ ਹੜਤਾਲ 16ਵੇਂ ਦਿਨ 'ਚ ਦਾਖ਼ਲ ਹੋ ਗਈ ਹੈ।ਸਰਕਾਰ ਵੱਲੋਂ ਕੋਈ ਠੋਸ ਹੱਲ ਨਾ ਕੱਢੇ ਜਾਣ ਕਾਰਨ ਗੁੱਸੇ ਵਿਚ ਆਏ ਗਿੱਦੜਬਾਹਾ ਦੇ ਵਕੀਲਾਂ ਨੇ ਬੀਤੇ ਸੋਮਵਾਰ ਤੋਂ ਲੜੀਵਾਰ ਭੁੱਖ ਹੜਤਾਲ ਸ਼ੁਰੂ ਦਿੱਤੀ ਸੀ, ਜਿਸ ਦੇ ਅੱਜ ਤੀਜੇ ਦਿਨ ਵੀ 5 ਵਕੀਲ ਭੁੱਖ ਹੜਤਾਲ 'ਤੇ ਬੈਠੇ ਰਹੇ। ਇਸ ਦੌਰਾਨ ਬਾਰ ਐਸੋਸੀਏਸ਼ਨ ਗਿੱਦੜਬਾਹਾ ਦੇ ਜੁਆਇੰਟ ਸੈਕਟਰੀ ਮਨਜੀਤ ਸਿੰਘ ਥੇੜ੍ਹੀ, ਐਡਵੋਕੇਟ ਕੁਲਦੀਪ ਜਿੰਦਲ, ਐਡਵੋਕੇਟ ਗੁਰਪਿੰਕਸ ਮਾਨ, ਐਡਵੋਕੇਟ ਅਨੰਤਨੂਰ ਸਿੰਘ, ਐਡਵੋਕੇਟ ਗਗਨਦੀਪ ਸਿੰਘ ਧਾਲੀਵਾਲ ਭੁੱਖ ਹੜਤਾਲ 'ਤੇ ਬੈਠੇ, ਜਦਕਿ ਸਮੁੱਚੇ ਵਕੀਲ ਭਾਈਚਾਰੇ ਨੇ ਧਰਨੇ 'ਚ ਸ਼ਮੂਲੀਅਤ ਕੀਤੀ।ਬਾਰ ਐਸੋਸੀਏਸ਼ਨ ਦੇ ਪ੍ਰਧਾਨ ਸਤਬੀਰ ਸਿੰਘ ਔਲਖ ਤੇ ਸੈਕਟਰੀ ਕੰਵਰ ਹੰਸਪਾਲ ਸਿੰਘ ਨੇ ਆਖਿਆ ਕਿ ਸਰਕਾਰ ਵੱਲੋਂ ਜ਼ਿਲ੍ਹਾ ਅਤੇ ਸਬ-ਡਵੀਜ਼ਨ ਪੱਧਰ 'ਤੇ ਕੰਟਰੈਕਟ 'ਤੇ ਡਿਫੈਂਸ ਕੌਂਸਲ ਰੱਖੇ ਜਾ ਰਹੇ ਹਨ, ਜੋ ਜੇਲ੍ਹਾਂ ਵਿੱਚ ਜਾ ਕੇ ਮੁਲਜ਼ਮਾਂ ਨੂੰ ਪ੍ਰਾਈਵੇਟ ਵਕੀਲ ਨਾ ਕਰਨ ਅਤੇ ਕੇਸ ਮੁਫ਼ਤ ਲੜਨ ਲਈ ਪ੍ਰੇਰਿਤ ਕਰਦੇ ਹਨ।ਇਸ ਨਾਲ ਵਕਾਲਤ ਦਾ ਪੇਸ਼ਾ ਬੁਰੀ ਤਰ੍ਹਾਂ ਪ੍ਰਭਾਵਤ ਹੋ ਰਿਹਾ ਹੈ ਅਤੇ ਨਵੇਂ ਵਕੀਲਾਂ ਦਾ ਰੁਜ਼ਗਾਰ ਖੁੱਸ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਤੋਂ ਪਹਿਲਾਂ ਵੀ ਬਾਰ ਐਸੋਸੀਏਸ਼ਨ ਵੱਲੋਂ ਗਰੀਬਾਂ ਤੇ ਲੋੜਵੰਦਾਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਦਿੱਤੀ ਜਾਂਦੀ ਰਹੀ ਹੈ, ਪਰ ਮੌਜੂਦਾ ਨੀਤੀ ਨਾਲ ਮੁਲਜ਼ਮਾਂ ਦੇ ਹੌਸਲੇ ਬੁਲੰਦ ਹੋ ਰਹੇ ਹਨ, ਜੋ ਸਮਾਜ ਲਈ ਘਾਤਕ ਹੈ।

## ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਵੱਲੋਂ 29 ਨੂੰ ਸੰਗਰੂਰ 'ਚ ਮਹਾਂ ਰੈਲੀ

### ਵਿੱਤ ਮੰਤਰੀ ਹਰਪਾਲ ਚੀਮਾ ਦੀ ਰਿਹਾਇਸ਼ ਵੱਲ ਹੋਵੇਗਾ ਮਾਰਚ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਦੇ ਸਮੂਹ ਪੈਨਸ਼ਨਰ ਫੈਮਲੀ ਪੈਨਸ਼ਨਰ ਅਤੇ ਉਨ੍ਹਾਂ ਦੇ ਵਾਰਸ ਵਿੱਚ ਪੰਜਾਬ ਸਰਕਾਰ ਦੁਆਰਾ ਪੈਨਸ਼ਨਰਾਂ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਨੂੰ ਬੰਦ ਕਰਨ ਦੀਆਂ ਚਾਲਾਂ ਪ੍ਰਤੀ ਭਾਰੀ ਗੁੱਸਾ ਤੇ ਰੋਹ ਹੈ, ਛੇਵੇਂ ਤਨਖਾਹ-ਕਮਿਸ਼ਨ ਦੀਆਂ ਸਿਫਾਰਸ਼ਾਂ ਲਾਗੂ ਕਰਨ ਤੋਂ ਲਗਾਤਾਰ ਆਨਾ-ਕਾਨੀ ਕੀਤੀ ਜਾ ਰਹੀ ਹੈ, ਪੈਨਸ਼ਨਰਾਂ ਦੀਆਂ ਪੈਨਸ਼ਨਾਂ ਜਾਮ ਕਰਨ ਲਈ ਬੈਂਕਾਂ ਨੂੰ ਉਨ੍ਹਾਂ ਦੀਆਂ ਬਣਦੀਆਂ ਅਦਾਇਗੀਆਂ ਕਰਨ ਤੋਂ ਪਾਸਾ ਵੱਟਿਆ ਜਾ ਰਿਹਾ ਹੈ, ਪੈਨਸ਼ਨਰਾਂ ਨੂੰ ਖੱਜਲ ਖੁਆਰ ਕਰਨ ਲਈ ਡਿਜੀਟਲ ਲਾਈਵ ਸਾਰਟੀਫਿਕੇਟ ਅੱਪਡੇਟ ਨਾ ਹੋਣ ਦੇ ਬਹਾਨੇ ਹਜ਼ਾਰਾਂ ਪੈਨਸ਼ਨਰਾਂ ਦੀਆਂ ਪੈਨਸ਼ਨਾਂ ਰੋਕੀਆਂ ਹੋਈਆਂ ਹਨ, ਦੋ ਸਾਲ ਬਾਅਦ ਮਿਲਣ ਵਾਲੇ ਸਫ਼ਰੀ ਭੱਤੇ ਨੂੰ ਦੇਣ ਲਈ ਉਸ ਨੂੰ ਆਨਲਾਈਨ ਕਰਨ ਲਈ ਪੈਨਸ਼ਨ ਸੇਵਾ ਪੋਰਟਲ ਦੀ ਗੁੰਝਲਦਾਰ ਪ੍ਰਕਿਰਿਆ ਵਿੱਚ ਉਲਝਾ ਕੇ ਉਸ ਦੀ ਅਦਾਇਗੀ ਨੂੰ ਰੋਕਣ ਦੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ, ਹਾਈ ਕੋਰਟ ਦੇ ਮੁਲਾਜ਼ਮ ਪੈਨਸ਼ਨਰ ਪੱਖੀ ਫੈਸਲੇ ਲਾਗੂ ਕਰਨ ਦੀ ਬਜਾਏ ਉਨ੍ਹਾਂ ਨੂੰ ਲਟਕਾਉਣ ਲਈ ਹਾਈ ਰੋਰਟ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ, ਬੋਰਡਾਂ ਕਾਰਪੋਰੇਸ਼ਨਾਂ ਨਗਰ ਕਮੇਟੀਆਂ ਵਰਗੇ ਅਦਾਰਿਆਂ ਦੇ ਪੈਨਸ਼ਨਰਾਂ ਨੂੰ ਪੈਨਸ਼ਨ ਦੇਣ ਤੋਂ ਟਾਲਾ ਵੱਟਿਆ ਜਾ ਰਿਹਾ ਹੈ, ਪੈਨਸ਼ਨਰਾਂ ਦੇ ਇਲਾਜ 'ਤੇ ਹੋਏ ਲੱਖਾਂ ਰੁਪਏ ਦੇ ਖਰਚਿਆਂ ਦੀ ਪ੍ਰਤੀ ਪੂਰਤੀ ਲਈ ਬਣਦਾ ਬੱਜਟ ਦੋ ਦੋ ਸਾਲ ਜਾਰੀ ਨਹੀਂ ਕੀਤਾ ਜਾਂਦਾ, ਜਿਸ ਕਰਕੇ ਪੰਜਾਬ ਦੇ ਪੈਨਸ਼ਨਰ ਪੰਜਾਬ ਸਰਕਾਰ ਖ਼ਿਲਾਫ਼ ਅੱਕ ਥੱਕ ਕੇ ਸੰਘਰਸ਼ ਦੇ ਰਾਹ ਪੈ ਕੇ ਤੇ ਕਾਨੂੰਨੀ ਲੜਾਈ ਲੜਨ ਲਈ ਮੈਦਾਨ ਵਿੱਚ ਉੱਤਰੇ ਹਨ। ਸਾਰੇ ਪੰਜਾਬ ਦੇ ਜ਼ਿਲ੍ਹਿਆ ਵਿੱਚੋਂ ਪੈਨਸ਼ਨਰ ਵੱਡੀ ਗਿਣਤੀ ਵਿੱਚ ਲਾਮਬੰਦੀ ਕਰਦੇ ਹੋਏ 29 ਜੁਲਾਈ ਨੂੰ ਸਾਢੇ ਦਸ ਵਜੇ ਸੰਗਰੂਰ ਦੀ ਧਰਤੀ ਤੇ ਮਹਾਂ ਰੈਲੀ ਕਰਨ ਲਈ ਤੇ ਸਰਕਾਰ ਨੂੰ ਸੁਣਾਉਣੀ ਕਰਨ ਲਈ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚ ਰਹੇ ਹਨ। ਪੈਨਸ਼ਨਰ ਜੁਆਇੰਟ ਫਰੰਟ ਦੇ ਸੂਬਾ ਕਨਵੀਨਰਾਂ ਭਜਨ ਸਿੰਘ ਗਿੱਲ, ਕਰਮ ਸਿੰਘ ਧਨੋਆ, ਅਵਿਨਾਸ਼ ਸ਼ਰਮਾ ਤੇ ਸੁਖਵਿੰਦਰ ਸਿੰਘ ਸੈਣੀ ਨੇ ਵਰਚੁਅਲ ਮੀਟਿੰਗ ਕਰਨ ਉਪਰੰਤ ਸੰਗਰੂਰ ਵਿਖੇ ਫਿਜੀਕਲ ਮੀਟਿੰਗ ਕਰਕੇ ਸਰਕਾਰ ਨੂੰ 29 ਜੁਲਾਈ ਦੀ ਰੈਲੀ ਉਪਰੰਤ ਵਿੱਤ ਮੰਤਰੀ ਦੀ ਰਹਾਇਸ਼ ਵੱਲ ਮਾਰਚ ਕਰਨ ਦਾ ਨੋਟਿਸ ਡਿਪਟੀ ਕਮਿਸ਼ਨਰ ਸੰਗਰੂਰ ਰਾਹੀਂ ਦੇਣ ਦਾ ਫੈਸਲਾ ਕੀਤਾ।ਜੁਆਇੰਟ ਫਰੰਟ ਦੇ ਮੈਂਬਰਾਂ ਧਨਵੰਤ ਸਿੰਘ ਭੱਠਲ, ਸੁਰਿੰਦਰ ਰਾਮ ਕੁੱਸਾ, ਕੁਲਵਰਨ ਸਿੰਘ, ਨਾਹਰ ਸਿੰਘ, ਦੇਵ ਰਾਜ, ਹਰਜੀਤ ਸਿੰਘ ਤਰਖਾਣ ਮਾਜਰਾ, ਸੁਖਦੇਵ ਸਿੰਘ ਪੰਨੂੰ, ਪ੍ਰੇਮਚੰਦ ਸ਼ਰਮਾ ਪੰਜੋਲਾ ਨੇ ਪੰਜਾਬ ਸਰਕਾਰ ਨੂੰ ਪੈਨਸ਼ਨਰਾਂ ਦੀਆਂ ਮੰਗਾਂ ਨਾ ਮੰਨਣ ਦੀ ਸੂਰਤ ਵਿੱਚ ਤਿੱਖੇ ਸੰਘਰਸ਼ਾਂ ਦਾ ਸਾਹਮਣਾ ਕਰਨ ਤੇ 2027 ਦੀਆਂ ਵਿਧਾਨ ਸਭਾ ਚੋਣਾ ਵਿੱਚ ਸਿਆਸੀ ਹਰਜਾ ਝੱਲਣ ਲਈ ਤਿਆਰ ਰਹਿਣਾ ਚਾਹੀਦਾ ਹੈ।ਮੀਟਿੰਗ ਵਿੱਚ ਸਰਬਸੰਮਤੀ ਨਾਲ ਇੱਕ ਮਤਾ ਪਾਸ ਕਰਕੇ ਸਫਾਈ ਸੇਵਕਾਂ, ਨਰੇਗਾ ਤੇ ਜੰਤਰ ਮੰਤਰ ਤੇ ਸ਼ਾਂਤਮਈ ਬੈਠੇ ਬੇਰੁਜ਼ਗਾਰਾਂ 'ਤੇ ਕੀਤੇ ਅੰਨ੍ਹੇ ਤਸ਼ੱਦਦ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।ਮੀਟਿੰਗ ਵਿੱਚ ਪੰਜਾਬ ਦੇ ਸਮੂਹ ਪੈਨਸ਼ਨਰਾਂ ਨੂੰ 29 ਜੁਲਾਈ ਦੀ ਮਹਾਂ ਰੈਲੀ ਵਿੱਚ ਸੰਗਰੂਰ ਵਿਖੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ।ਪੈਨਸ਼ਨਰਜ਼ ਜੁਆਇੰਟ ਫਰੰਟ ਵੱਲੋਂ 29 ਜੁਲਾਈ ਦੀ ਰੈਲੀ ਸਬੰਧੀ ਸਧਾਨਕ ਅਧਿਕਾਰੀਆਂ ਨੂੰ ਨੋਟਿਸ ਦਿੱਤਾ ਗਿਆ।ਮੀਟਿੰਗ ਵਿੱਚ ਗੁਰਦੀਪ ਸਿੰਘ ਵਾਲੀਆ, ਸ਼ਿੰਦਰ ਸਿੰਘ ਧੌਲਾ, ਧਰਮਜੀਤ ਸਿੰਘ, ਸੁਰੇਸ਼ ਪਾਲ, ਇੰਦਰਜੀਤ ਸਿੰਘ, ਹਰਵਿੰਦਰ ਸਿੰਘ ਭੱਠਲ, ਸੁਖਮੰਦਰ ਸਿੰਘ ਮੋਗਾ, ਪਿਰਥੀ ਪਾਲ ਸਿੰਘ, ਜੰਟ ਸਿੰਘ ਸੋਹੀਆਂ, ਕਸਤੂਰੀ ਲਾਲ, ਮਨਜੀਤ ਸਿੰਘ ਸੈਣੀ, ਅਵਿਨਾਸ਼ ਸ਼ਰਮਾ ਜਨਰਲ ਸਕੱਤਰ ਕਨਫੈਡਰੇਸ਼ਨ ਸੰਗਰੂਰ ਯੂਨਿਟ ਸ਼ਾਮਲ ਹੋਏ।

## ਸਫਾ 1 ਦੇ ਬਾਕੀ...

### ਰੋਜ਼ਾਨਾ 'ਨਵਾਂ ਜ਼ਮਾਨਾ' ਲੋਕ ਪੱਖੀ...



ਸ੍ਰੀ ਕੁਮਾਰ, ਕਾਮਰੇਡ ਰਾਜ ਕੁਮਾਰ, ਓਮ ਪ੍ਰਕਾਸ਼ ਵਸ਼ਿਸ਼ਟ ਅਤੇ ਕਾਮਰੇਡ ਰਣਜੀਤ ਸਿੰਘ ਔਲਖ ਯੂਨੀਅਨ ਦੀ 25 ਅਤੇ 26 ਜੁਲਾਈ ਨੂੰ ਇੱਥੇ ਹੋ ਰਹੀ ਕਾਨਫ਼ਰੰਸ ਵਿੱਚ ਸ਼ਾਮਲ ਹੋਣ ਦਾ ਪੱਤਰਕਾਰਾਂ ਨੂੰ ਸੱਦਾ ਦੇਣ ਲਈ ਮੀਟਿੰਗ ਵਿੱਚ ਪਹੁੰਚੇ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਬਖਤੌਰ ਢਿੱਲੋਂ, ਜਸਵੀਰ ਪੱਟੀ, ਭੁਪਿੰਦਰਜੀਤ ਮੌਲਵੀਵਾਲ, ਰਾਜੇਸ਼ ਥਾਪਾ, ਸ਼ੈਲੀ ਐਲਬਰਟ, ਨਛੱਤਰ ਸਿੰਘ ਸੰਧੂ, ਸਤੀਸ਼ ਸਚਦੇਵਾ, ਹਾਕਮ ਸਿੰਘ ਭੱਟੀ, ਬਾਲ ਕ੍ਰਿਸ਼ਨ ਬਾਲੀ, ਆਤਮਾ ਸਿੰਘ ਪਮਾਰ, ਅਵਤਾਰ ਕਲੇਰ, ਸੁਰਜੀਤ ਸੁਮਨ, ਬਲਵਿੰਦਰ ਸਿੰਘ ਧਾਲੀਵਾਲ, ਸੁਖਵੰਤ ਚੇਤਨਪੁਰੀ ਅਤੇ ਪਰਵਿੰਦਰਜੀਤ ਸਿੰਘ ਹਾਜ਼ਰ ਸਨ।

### ਪ੍ਰਧਾਨ ਦੇ ਅਸਤੀਫ਼ੇ 'ਤੇ ...

ਗੱਲਬਾਤ ਸੀ। ਇਸ ਤੋਂ ਪਹਿਲਾਂ 20 ਜੁਲਾਈ ਨੂੰ ਮੰਤਰੀ ਦੀ ਰਿਹਾਇਸ਼ 'ਤੇ ਦੋ ਲਗਾਤਾਰ ਬੈਠਕਾਂ ਹੋਈਆਂ ਸਨ, ਜਿਨ੍ਹਾਂ ਵਿੱਚ ਕਾਕਰੋਚ ਜਨਤਾ ਪਾਰਟੀ ਦੇ ਇੱਕ ਹੋਰ ਬੁਲਾਰੇ ਆਸ਼ੂਤੋਸ਼ ਰਾਂਕਾ ਵੀ ਸ਼ਾਮਲ ਸਨ। ਇਹ ਬੈਠਕ ਸੋਨਮ ਵਾਂਗਚੁਕ ਵੱਲੋਂ ਸਰਕਾਰ ਤੋਂ ਮਿਲੇ ਭਰੋਸੇ ਤੋਂ ਬਾਅਦ ਆਪਣੀ 26 ਦਿਨਾਂ ਦੀ ਭੁੱਖ ਹੜਤਾਲ ਖ਼ਤਮ ਕਰਨ ਤੋਂ ਕੁਝ ਘੰਟਿਆਂ ਬਾਅਦ ਹੋਈ ਹੈ। ਸੀ ਜੇ ਪੀ ਨੇ ਪਹਿਲਾਂ ਮੰਤਰੀ ਦੀ ਰਿਹਾਇਸ਼ ਜਾਂ ਦਫ਼ਤਰ 'ਚ ਬੈਠਕ ਕਰਨ ਦੇ ਸਰਕਾਰੀ ਸੱਦੇ ਨੂੰ ਰੱਦ ਕਰਦਿਆਂ ਕਿਸੇ ਨਿਰਪੱਖ ਥਾਂ 'ਤੇ ਗੱਲਬਾਤ ਕਰਨ ਦੀ ਸ਼ਰਤ ਰੱਖੀ ਸੀ। ਸਿੱਖਿਆ ਮੰਤਰੀ ਦੇ ਅਸਤੀਫ਼ੇ ਤੋਂ ਇਲਾਵਾ ਜਥੇਬੰਦੀ ਨੇ ਮੁਕਾਬਲੇ ਦੀਆਂ ਪ੍ਰੀਖਿਆਵਾਂ 'ਚ ਹੋਈਆਂ ਗੜਬੜੀਆਂ ਦੀ ਜਵਾਬਦੇਹੀ, ਸਿੱਖਿਆ ਪ੍ਰਣਾਲੀ 'ਚ ਸੁਧਾਰ, ਨੀਟ ਪੇਪਰ ਲੀਕ ਤੋਂ ਬਾਅਦ ਖ਼ੁਦਕੁਸ਼ੀ ਕਰਨ ਵਾਲੇ ਵਿਦਿਆਰਥੀਆਂ ਦੇ ਪਰਵਾਰਾਂ ਲਈ 1-1 ਕਰੋੜ ਰੁਪਏ ਦੇ ਮੁਆਵਜ਼ੇ ਅਤੇ ਸ਼ਾਂਤੀਪੂਰਨ ਪ੍ਰਦਰਸ਼ਨਕਾਰੀਆਂ 'ਤੇ ਦਰਜ ਕੀਤੇ ਗਏ ਸਮੁੱਚੇ ਕੇਸ ਵਾਪਸ ਲੈਣ ਦੀ ਮੰਗ ਕੀਤੀ ਹੈ। ਇਸ ਮੀਟਿੰਗ ਵਿੱਚ ਸਰਕਾਰ ਵੱਲੋਂ ਕੇਂਦਰੀ ਸਿਹਤ ਮੰਤਰੀ ਜੇ.ਪੀ. ਨੱਢਾ ਅਤੇ ਪ੍ਰਧਾਨ ਮੰਤਰੀ ਦਫ਼ਤਰ ਦੇ ਰਾਜ ਮੰਤਰੀ ਜਿਤੇਂਦਰ ਸਿੰਘ ਸ਼ਾਮਲ ਹੋਏ, ਜਦ ਕਿ ਸੀ ਜੇ ਪੀ ਵੱਲੋਂ ਉਨ੍ਹਾਂ ਦੇ ਰਾਸ਼ਟਰੀ ਤਰਜਮਾਨ ਸੌਰਵ ਦਾਸ ਅਤੇ ਆਸ਼ੂਤੋਸ਼ ਰੰਕਾ ਨੇ ਹਿੱਸਾ ਲਿਆ।

### ਸਫ਼ਾਈ ਕਾਮਿਆਂ ਦੇ ...

ਡੀ.ਐੱਸ.ਪੀ. ਵੱਲੋਂ ਵਹਿਸ਼ੀਆਨਾ ਢੰਗ ਨਾਲ ਔਰਤ ਕਾਮਿਆਂ ਉਪਰ ਡਾਂਗਾਂ ਦਾ ਮੀਂਹ ਵਰ੍ਹਾਉਣਾ ਇਹ ਸਾਬਤ ਕਰਦਾ ਹੈ ਕਿ ਇਸ ਰਾਜ ਅਤੇ ਸਮਾਜ ਅੰਦਰ ਮਜ਼ਦੂਰਾਂ ਦੇ ਮੁਢਲੇ ਮਾਨਵੀ ਹੱਕਾਂ ਦੀ ਹੱਤਿਆ ਕਰਨਾ ਰਾਜ ਕਰੇਂਦੀਆਂ ਹਾਕਮ ਜਮਾਤਾਂ ਆਪਣਾ ਜਨਮ ਸਿੱਧ ਅਧਿਕਾਰ ਸਮਝਦੀਆਂ ਹਨ, ਇਸ ਧੱਕੜ ਧਾਰਨਾ ਨੂੰ ਕੋਈ ਵੀ ਲੋਕ-ਪੱਖੀ ਜਮਹੂਰੀ ਸੰਸਥਾ ਅਤੇ ਵਿਅਕਤੀ ਕਦਾਚਿੱਤ ਬਰਦਾਸ਼ਤ ਨਹੀਂ ਕਰੇਗਾ।

ਦੇਸ਼ ਭਗਤ ਕਮੇਟੀ ਦਾ ਕਹਿਣਾ ਹੈ ਕਿ ਧੂਰੀ, ਸੰਗਰੂਰ ਅਤੇ ਬਰਨਾਲਾ ਵਿਖੇ ਸਫ਼ਾਈ ਕਾਮਿਆਂ ਦੇ ਪਿੰਡਿਆਂ 'ਤੇ ਮਾਰੀਆਂ ਡਾਂਗਾਂ ਦਾ ਸੇਕ ਸੁਆਲ ਕਰਦਾ ਹੈ ਕਿ ਚੋਣਾਂ ਵੇਲੇ 'ਤੂੰ ਮਘਦਾ ਰਹੀਂ ਵੇ ਸੂਰਜਾ, ਕੰਮੀਆਂ ਦੇ ਵਿਹੜੇ' ਵਰਗੇ ਗੀਤ ਗਾਉਣ ਵਾਲੇ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਮਜ਼ਦੂਰਾਂ ਉਪਰ ਢਾਹੇ ਵਹਿਸ਼ੀਆਨਾ ਕਹਿਰ ਦੀ ਦਰਦਨਾਕ ਦਾਸਤਾਂ ਦਿੱਲੀ ਵਿੱਚ ਵਿਦਿਆਰਥੀਆਂ ਅਤੇ ਨੌਜਵਾਨਾਂ ਉਪਰ ਢਾਹੇ ਜ਼ੁਲਮ ਨਾਲ ਮਿਲਦੀ ਹੈ, ਜਿਸ ਦਾ ਇੱਕ ਦਿਨ ਸੱਥਾਂ ਵਿੱਚ ਜਵਾਬ ਦੇਣਾ ਪਵੇਗਾ।

ਸਫ਼ਾਈ ਕਾਮਿਆਂ ਨੂੰ ਦੇਸ਼ ਭਗਤ ਯਾਦਗਾਰ ਕਮੇਟੀ ਨੇ ਪੂਰਨ ਵਿਸ਼ਵਾਸ ਦੁਆਇਆ ਹੈ ਕਿ ਉਹ ਆਪਣੇ-ਆਪ ਨੂੰ ਇਕੱਲੇ ਨਾ ਸਮਝਣ, ਦੇਸ਼ ਭਗਤ ਯਾਦਗਾਰ ਹਾਲ ਅਤੇ ਪੰਜਾਬ ਦੀਆਂ ਸਮੂਹ ਲੋਕ-ਪੱਖੀ ਸੰਸਥਾਵਾਂ ਉਹਨਾਂ ਦੀ ਹੱਕੀ ਆਵਾਜ਼ ਦੇ ਸਦਾ ਅੰਗ-ਸੰਗ ਹਨ।

### ਪੁਲਸ ਵਾਲਿਆਂ...

'ਤੇ ਹਮਲਾ ਕਰਨ, ਉਨ੍ਹਾਂ ਨੂੰ ਜ਼ਖ਼ਮੀ ਕਰਨ ਅਤੇ ਨੌਜਵਾਨ ਕੁੜੀਆਂ ਨਾਲ ਛੇੜਛਾੜ ਕਰਨ ਵਾਲੇ ਹਰ ਅਧਿਕਾਰੀ ਨੂੰ ਚਿਤਾਵਨੀ ਦਿੱਤੀ ਗਈ ਹੈ। ਅਸੀਂ ਚੁੱਪ ਨਹੀਂ ਬੈਠਾਂਗੇ। ਅਸੀਂ ਸਭ ਕੁਝ ਯਾਦ ਰੱਖਾਂਗੇ।"

ਉਨ੍ਹਾਂ ਨੇ ਪ੍ਰਦਰਸ਼ਨਕਾਰੀਆਂ ਨੂੰ ਅਪੀਲ ਕੀਤੀ ਕਿ ਉਹ ਕਾਰਵਾਈ 'ਚ ਸ਼ਾਮਲ ਪੁਲੀਸ ਕਰਮਚਾਰੀਆਂ ਦੀਆਂ ਫੋਟੋਆਂ ਅਤੇ ਵੀਡੀਓਜ਼ ਅੱਪਲੋਡ ਕਰਨ। ਸੀ ਜੇ ਪੀ ਟੀਮ ਇਸ ਸਮੱਗਰੀ ਦੀ ਜਾਂਚ ਕਰੇਗੀ ਅਤੇ ਹਰ ਪੁਲੀਸ ਅਧਿਕਾਰੀ ਦੀ ਪਛਾਣ ਕਰੇਗੀ। ਉਨ੍ਹਾਂ ਖ਼ਿਲਾਫ਼ ਐੱਫ ਆਈ ਆਰ ਦਰਜ ਕਰਵਾਏਗੀ।

### ਪੈਲੇਟ ਗੰਨ ਨਾ...

ਗਿਆ। ਦਿੱਲੀ ਯੂਨੀਵਰਸਿਟੀ ਅਧੀਨ ਆਉਂਦੇ ਅਦਿਤੀ ਮਹਾਵਿਦਿਆਲਿਆ ਦੀ ਕਾਰਜਕਾਰੀ ਪ੍ਰਿੰਸੀਪਲ ਨੀਲਮ ਰਾਠੀ ਨੇ ਵੀ ਵਿਦਿਆਰਥੀਆਂ ਨੂੰ ਪੜ੍ਹਾਈ 'ਤੇ ਧਿਆਨ ਕੇਂਦਰਤ ਕਰਨ ਅਤੇ 'ਵਿਘਨ ਪਾਉਣ ਵਾਲੀਆਂ ਗਤੀਵਿਧੀਆਂ' ਤੋਂ ਬਚਣ ਦੀ ਅਪੀਲ ਕੀਤੀ। ਸ਼ਿਆਮ ਲਾਲ ਕਾਲਜ ਨੇ ਵੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਲਈ ਸਮਰਥਨ ਪ੍ਰਗਟ ਕਰਦੇ ਹੋਏ ਇੱਕ ਸੁਨੇਹਾ ਪੋਸਟ ਕੀਤਾ, ਜੋ ਅਜਿਹਾ ਕਰਨ ਵਾਲਾ ਦਿੱਲੀ ਯੂਨੀਵਰਸਿਟੀ ਦਾ ਨਵੀਨਤਮ ਕਾਲਜ ਬਣ ਗਿਆ ਹੈ। ਅਧਿਆਪਕਾਂ ਦੇ ਸਮੂਹਾਂ ਨੇ ਦਲੀਲ ਦਿੱਤੀ ਹੈ ਕਿ ਯੂਨੀਵਰਸਿਟੀਆਂ ਨੂੰ ਅਜਿਹੀਆਂ ਸਲਾਹਾਂ ਦੇਣ ਦੀ ਤਾਂ ਪ੍ਰੀਖਿਆ ਪ੍ਰਣਾਲੀ ਅਤੇ ਅਕਾਦਮਿਕ ਸੁਧਾਰਾਂ ਬਾਰੇ ਵਿਦਿਆਰਥੀਆਂ ਦੀਆਂ ਚਿੰਤਾਵਾਂ ਨੂੰ ਦੂਰ ਕਰਨ 'ਤੇ ਧਿਆਨ ਕੇਂਦਰਤ ਕਰਨਾ ਚਾਹੀਦਾ ਹੈ।

## ਅੱਠਵੀਂ ਤੇ ਨੌਵੀਂ ਦੀਆਂ ਵਿਦਿਆਰਥਣਾਂ ਨੂੰ ਨਕਦ ਰਾਸ਼ੀ ਤੇ ਸ਼ੀਲਡਾਂ ਨਾਲ ਸਨਮਾਨਿਆ



**ਬਰੇਟਾ (ਰੀਤਵਾਲ)**-ਹਰ ਸਾਲ ਦੀ ਤਰ੍ਹਾਂ ਇਸ ਵਾਰ ਲਗਾਤਾਰ 6ਵੇਂ ਸਾਲ ਮਾਨਸ਼ਾਹੀਆ ਪਰਵਾਰ ਵੱਲੋਂ ਮਾਤਾ ਸੁਰਜੀਤ ਕੌਰ ਪਤਨੀ ਕਿਰਪਾਲ ਸਿੰਘ ਹੈਡਮਾਸਟਰ ਦੀ ਯਾਦ ਨੂੰ ਸਮਰਪਤ ਗਰਲਜ ਸਕੂਲ ਦੀਆਂ ਅੱਠਵੀਂ ਤੇ ਨੌਵੀਂ ਜਮਾਤ ਦੀਆਂ ਪਹਿਲੀ ਅਤੇ ਦੂਜੀ ਪੁਜੀਸ਼ਨ 'ਤੇ ਆਉਣ ਵਾਲੀਆਂ ਵਿਦਿਆਰਥਣਾਂ ਨੂੰ ਨਕਦ ਰਾਸ਼ੀ ਤੇ ਸ਼ੀਲਡਾਂ ਦੇ ਕੇ ਸਨਮਾਨਤ ਕੀਤਾ ਗਿਆ।ਮਾਨਸ਼ਾਹੀਆ ਪਰਵਾਰ ਦੇ ਮੈਂਬਰ ਸੇਵਾਮੁਕਤ ਟੀਚਰ ਚਰਨਜੀਤ ਕੌਰ ਪਤਨੀ ਭੋਲਾ ਸਿੰਘ ਨੇ ਕਿਹਾ ਕਿ ਮੈਂ ਇਸ ਸਕੂਲ ਦੀ ਵਿਦਿਆਰਥਣ ਰਹੀ ਹਾਂ ਅਤੇ ਮੇਰਾ ਹੁਣ ਵੀ ਇਸ ਸਕੂਲ ਨਾਲ ਬਹੁਤ ਮੋਹ ਹੈ। ਉਨ੍ਹਾਂ ਕਿਹਾ ਕਿ ਧੀਆਂ ਸਾਡੇ ਸਮਾਜ ਦਾ ਮਾਣ ਹਨ ਅਤੇ ਉਨ੍ਹਾਂ ਨੂੰ ਪੜ੍ਹਾਈ ਵਿੱਚ ਅੱਗੇ ਵਧਾਉਣ ਲਈ ਹਰ ਸੰਭਵ ਸਹਾਇਤਾ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੜ੍ਹਾਈ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਉਤਸ਼ਾਹਤ ਕਰਨਾ ਹੀ ਸਾਡਾ ਮੁੱਖ ਮੰਤਵ ਹੈ, ਤਾਂ ਜੋ ਹੋਰ ਵਿਦਿਆਰਥਣਾਂ ਨੂੰ ਵੀ ਪ੍ਰੇਰਨਾ ਮਿਲ ਸਕੇ।ਸਕੂਲ ਦੀ ਇੰਚਾਰਜ ਸੁਸ਼ਮਾ ਰਾਣੀ ਨੇ ਮਾਨਸ਼ਾਹੀਆ ਪਰਵਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਵਿਦਿਆਰਥੀਆਂ ਦੇ ਹੌਸਲੇ ਬੁਲੰਦ ਕਰਦੇ ਹਨ ਤੇ ਭਵਿੱਖ ਵਿੱਚ ਹੋਰ ਬਿਹਤਰ ਪ੍ਰਦਰਸ਼ਨ ਲਈ ਪ੍ਰੇਰਿਤ ਕਰਦੇ ਹਨ।

## ਲਵਲੀਨ ਸਿੰਘ ਆਲ ਇੰਡੀਆ ਸੈਣੀ ਸੇਵਾ ਸਮਾਜ ਪੰਜਾਬ ਦੇ ਮੁੜ ਪ੍ਰਧਾਨ ਨਿਯੁਕਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਲ ਇੰਡੀਆ ਸੈਣੀ ਸੇਵਾ ਸਮਾਜ ਦੀ ਰਾਸ਼ਟਰੀ ਕਾਰਜਕਾਰਨੀ (2026-2029) ਦੇ ਗਠਨ ਉਪਰੰਤ ਕੌਮੀ ਪ੍ਰਧਾਨ ਦਿਲਬਾਗ ਸਿੰਘ ਸੈਣੀ ਵੱਲੋਂ ਜਾਰੀ ਨਿਯੁਕਤੀ ਸੂਚਨਾ ਅਨੁਸਾਰ ਲਵਲੀਨ ਸਿੰਘ ਸੈਣੀ ਨੂੰ ਮੁੜ ਆਲ ਇੰਡੀਆ ਸੈਣੀ ਸੇਵਾ ਸਮਾਜ ਪੰਜਾਬ ਪ੍ਰਦੇਸ਼ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਇਹ ਨਿਯੁਕਤੀ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਈ ਹੈ।ਇਹ ਨਿਯੁਕਤੀ ਲਵਲੀਨ ਸੈਣੀ ਵੱਲੋਂ ਆਪਣੇ ਪਿਛਲੇ ਕਾਰਜਕਾਲ ਦੌਰਾਨ ਕੀਤੀ ਗਈ ਸ਼ਾਨਦਾਰ ਤੇ ਇਤਿਹਾਸਕ ਕਾਰਗੁਜ਼ਾਰੀ ਤੇ ਦੂਰਅੰਦੇਸ਼ ਅਗਵਾਈ ਤੇ ਸੰਗਠਨ ਨੂੰ ਨਵੀਆਂ ਉੱਚਾਈਆਂ ਤੱਕ ਪਹੁੰਚਾਉਣ ਦੇ ਯੋਗਦਾਨ ਦਾ ਸਨਮਾਨ ਮੰਨੀ ਜਾ ਰਹੀ ਹੈ। ਨਿਯੁਕਤੀ ਤੋਂ ਬਾਅਦ ਲਵਲੀਨ ਸਿੰਘ ਸੈਣੀ ਨੇ ਕੌਮੀ ਪ੍ਰਧਾਨ ਦਿਲਬਾਗ ਸਿੰਘ ਸੈਣੀ ਤੇ ਰਾਸ਼ਟਰੀ ਕਾਰਜਕਾਰਨੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸੰਗਠਨ ਵੱਲੋਂ ਪ੍ਰਗਟਾਏ ਗਏ ਭਰੋਸੇ 'ਤੇ ਪਹਿਲਾਂ ਨਾਲੋਂ ਵੀ ਵੱਧ ਨਿਸ਼ਠਾ, ਮਿਹਨਤ ਤੇ ਸਮਰਪਣ ਨਾਲ ਖਰੇ ਉਤਰਣਗੇ।

## ਟ੍ਰੈਫਿਕ ਪੁਲਸ ਸੁਨਾਮ ਨੇ ਹੁੱਲੜਬਾਜ਼ਾਂ ਨੂੰ ਪਾਈ ਨੱਥ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਟ੍ਰੈਫਿਕ ਪੁਲਸ ਸੁਨਾਮ ਦੇ ਇੰਚਾਰਜ ਏਐੱਸਆਈ ਨਿਰਭੈ ਸਿੰਘ ਵੱਲੋਂ ਸ਼ਹੀਦ ਉਧਮ ਸਿੰਘ ਸਰਕਾਰੀ ਸਕੂਲ (ਕੰਨਿਆ) ਦੇ ਬਾਹਰ ਛੁੱਟੀ ਦੇ ਟਾਇਮ ਟ੍ਰੈਫਿਕ ਪੁਲਸ ਵੱਲੋਂ ਨਾਕਾ ਲਗਾ ਕੇ ਖਾਸ ਤੌਰ 'ਤੇ ਬੁਲਟ ਤੇ ਹੁੱਲੜਬਾਜ਼ਾਂ ਨੂੰ ਨੱਥ ਪਾਈ। ਇਸ ਮੌਕੇ ਟ੍ਰੈਫਿਕ ਪੁਲਸ ਸੁਨਾਮ ਵੱਲੋਂ ਦੋ ਮੋਟਰਸਾਈਕਲ ਮੌਕੇ 'ਤੇ ਹੀ ਇੰਪਾਊਂਡ ਕੀਤੇ ਗਏ ਤੇ 25 ਤੋਂ ਵੱਧ ਮੋਟਰਸਾਈਕਲਾਂ ਦੇ ਚਲਾਨ ਕੀਤੇ ਗਏ। ਟ੍ਰੈਫਿਕ ਪੁਲਸ ਸੁਨਾਮ ਦੇ ਇੰਚਾਰਜ ਏ.ਐੱਸ.ਆਈ. ਨਿਰਭੈ ਸਿੰਘ ਵੱਲੋਂ ਆਮ ਜਨਤਾ ਨੂੰ ਵੀ ਅਪੀਲ ਕੀਤੀ ਜਾ ਰਹੀ ਹੈ ਕਿ ਉਹ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਤੇ ਜੇਕਰ ਕਿਤੇ ਕੋਈ ਹੁੱਲੜਬਾਜ਼ੀ ਕਰਦਾ ਦਿਖਾਈ ਦੇਵੇ, ਤਾਂ ਤੁਰੰਤ ਪੁਲਸ ਦੇ ਹੈਲਪਲਾਈਨ ਨੰਬਰ 80545-45537 'ਤੇ ਸੂਚਨਾ ਦੇਣ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ :** 0181-5097300, **ਸਮਾਚਾਰ ਵਿਭਾਗ :** 0181-5097310, **ਈ-ਮੇਲ :** nawanzamana@gmail.com * **Web :** www.nawanzamana.in

# ਖੰਡ ਮਿੱਲ ਸ਼ੇਰੋਂ ਵਿਖੇ ਲੱਗਾ ਪੱਕਾ ਮੋਰਚਾ 63ਵੇਂ ਦਿਨ 'ਚ ਦਾਖਲ

## ਐੱਸ ਕੇ ਐੱਮ ਵੱਲੋਂ ਬਿਜਲੀ ਕਾਮਿਆਂ ਦੇ ਮਸਲੇ ਹੱਲ ਕਰਨ ਦੀ ਮੰਗ

**ਵਲਟੋਹਾ (ਰਣਜੀਤ ਸਿੰਘ ਵਲਟੋਹਾ)**- ਸੰਯੁਕਤ ਕਿਸਾਨ ਮੋਰਚਾ ਪੰਜਾਬ ਜ਼ਿਲ੍ਹਾ ਤਰਨ ਤਾਰਨ ਵੱਲੋਂ ਖੰਡ ਮਿੱਲ ਸ਼ੇਰੋਂ ਨੂੰ ਮੁੜ ਚਾਲੂ ਕਰਾਉਣ ਲਈ ਸ਼ੁਰੂ ਕੀਤਾ ਗਿਆ ਪੱਕਾ ਮੋਰਚਾ ਤਰੇਠਵੇਂ ਦਿਨ ਵਿੱਚ ਪ੍ਰਵੇਸ਼ ਕਰ ਗਿਆ।ਧਰਨੇ ਨੂੰ ਸੰਬੋਧਨ ਕਰਦਿਆਂ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਹਰਜਿੰਦਰ ਸਿੰਘ ਟਾਂਡਾ, ਗੁਰਪ੍ਰੀਤ ਸਿੰਘ ਗੰਡੀਵਿੰਡ, ਨਛੱਤਰ ਸਿੰਘ ਪੰਨੂ, ਮਨਜੀਤ ਸਿੰਘ ਬੱਗੂ ਨੇ ਕਿਹਾ ਕਿ ਪੰਜਾਬ ਸਰਕਾਰ ਬਿਜਲੀ ਮੁਲਾਜ਼ਮਾਂ ਨਾਲ ਧੱਕਾ ਕਰ ਰਹੀ ਹੈ, ਉਨ੍ਹਾਂ ਦੀਆਂ ਮੰਨੀਆਂ ਮੰਗਾਂ ਲਾਗੂ ਨਹੀਂ ਕਰ ਰਹੀ।ਇਸੇ ਕਰਕੇ ਬਿਜਲੀ ਕਾਮਿਆਂ ਵੱਲੋਂ ਪਿਛਲੇ ਤਿੰਨ ਦਿਨਾਂ ਤੋਂ ਹੜਤਾਲ 'ਤੇ ਹਨ।ਬਿਜਲੀ ਬੰਦ ਹੋਣ ਕਾਰਨ ਕਈ ਥਾਵਾਂ 'ਤੇ ਲੋਕ ਪ੍ਰੇਸ਼ਾਨ ਹਨ।ਸਰਕਾਰ ਨੂੰ ਹਠਧਰਮੀ ਛੱਡ ਕੇ ਤੁਰੰਤ ਬਿਜਲੀ ਕਾਮਿਆਂ ਦੀਆਂ ਮੰਗਾਂ ਪੂਰੀਆਂ ਕਰਨੀਆਂ ਚਾਹੀਦੀਆਂ ਹਨ।ਇਸ ਮੌਕੇ ਕਿਸਾਨ ਆਗੂਆਂ ਇਹ ਵੀ ਮੰਗ ਕੀਤੀ ਕਿ ਕਿਸਾਨਾਂ ਨੂੰ ਖਾਦਾਂ ਦੀ ਸਪਲਾਈ ਸਹੀ ਢੰਗ ਨਾਲ ਯਕੀਨੀ ਬਣਾਉਣੀ ਚਾਹੀਦੀ ਹੈ।ਇਸ ਵੇਲੇ ਬਹੁਤ ਥਾਵਾਂ 'ਤੇ ਖਾਦ ਨਾਲ ਹੋਰ ਗੈਰ-ਜ਼ਰੂਰੀ ਚੀਜ਼ਾਂ ਦਿੱਤੀਆਂ ਜਾ ਰਹੀਆਂ ਹਨ ਜਿਸ ਨਾਲ ਕਿਸਾਨਾਂ 'ਤੇ ਨਾਜਾਇਜ਼ ਆਰਥਿਕ ਬੋਝ ਪਾਇਆ ਜਾ ਰਿਹਾ ਹੈ।



ਕਿਸਾਨ ਆਗੂਆਂ ਕਿਹਾ ਕਿ ਸਰਕਾਰ ਨੂੰ ਇਹ ਨੀਤੀ ਮਹਿੰਗੀ ਪਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਦਵਿੰਦਰ ਸੋਹਲ, ਸੂਬੇਦਾਰ ਜਸਪਾਲ ਸਿੰਘ ਸਾਬਕਾ ਸੈਨਿਕ ਕਮੇਟੀ, ਕੇਵਲ ਸਿੰਘ ਕੰਬੋਕੇ, ਨਾਜਰ ਸਿੰਘ ਸਰਹਾਲੀ, ਅੰਗਰੇਜ਼ ਸਿੰਘ ਸਰਹਾਲੀ, ਪੰਜਾਬ ਸਿੰਘ ਕਸੇਲ, ਦਲਜੀਤ ਸਿੰਘ ਦਿਆਲਪੁਰਾ, ਬੂਟਾ ਸਿੰਘ ਮੁਗਲ ਚੱਕ, ਜੱਸਾ ਸਿੰਘ ਕੱਦਗਿੱਲ, ਹਰਪਾਲ ਸਿੰਘ ਗੋਰਖਾ, ਮੇਹਰ ਸਿੰਘ ਸਭੀਰਾ, ਤਰਸੇਮ ਸਿੰਘ ਲਖਣਾ, ਬਲਕਾਰ ਸਿੰਘ ਵਲਟੋਹਾ, ਗੁਰਪ੍ਰੀਤ ਸਿੰਘ ਲਾਲਪੁਰਾ, ਅੰਮ੍ਰਿਤ ਪਾਲ ਸਿੰਘ, ਕਵਲਜੀਤ ਸਿੰਘ ਡੇਹਰਾ ਸਾਹਿਬ, ਚੈਂਚਲ ਸਿੰਘ, ਵਿਰਸਾ ਸਿੰਘ ਸਰਹਾਲੀ, ਕਸ਼ਮੀਰ ਸਿੰਘ ਸ਼ੇਰੋਂ, ਅਮਰੀਕ ਸਿੰਘ, ਬਲਦੇਵ ਸਿੰਘ ਸ਼ੇਰੋਂ, ਕੁਲਵੰਤ ਸਿੰਘ ਖਹਿਰਾ, ਬਲਜੀਤ ਸਿੰਘ ਪੱਟੀ ਸਮੇਤ ਕਈ ਆਗੂ ਹਾਜ਼ਰ ਸਨ।

# ਕ੍ਰਿਸ਼ਨਾਨਗਰ ਕੈਂਪ 'ਚ ਕਈ ਪਰਿਵਾਰ ਆਮ ਆਦਮੀ ਪਾਰਟੀ 'ਚ ਸ਼ਾਮਲ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਦੀਨਾਨਗਰ ਸ਼ਹਿਰ ਦੇ ਕ੍ਰਿਸ਼ਨਾਨਗਰ ਕੈਂਪ ਅੰਦਰ ਤਿੰਨ ਦਰਜਨ ਦੇ ਕਰੀਬ ਪਰਿਵਾਰਾਂ ਨੇ ਕਾਂਗਰਸ ਅਤੇ ਭਾਜਪਾ ਨੂੰ ਤਗੜਾ ਝਟਕਾ ਦਿੰਦਿਆਂ ਨੌਜਵਾਨ ਆਗੂ ਤਿਲਕ ਚੌਹਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ ਹੈ। ਇਸ ਸਬੰਧ ਵਿਚ ਦੀਨਾਨਗਰ ਸ਼ਹਿਰ ਦੇ ਕ੍ਰਿਸ਼ਨਾਨਗਰ ਕੈਂਪ ਦੇ 6 ਅਤੇ 7 ਨੰਬਰ ਵਾਰਡਾਂ ਦੇ ਲੋਕਾਂ ਦੀ ਇਕ ਮੀਟਿੰਗ ਨੌਜਵਾਨ ਆਗੂ ਤਿਲਕ ਚੌਹਾਨ ਦੀ ਅਗਵਾਈ ਹੇਠ ਹੋਈ। ਜਿਸ ਵਿਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।





ਮੀਟਿੰਗ ਦੌਰਾਨ ਵੱਡੀ ਗਿਣਤੀ ਵਿਚ ਨੌਜਵਾਨਾਂ ਨੇ ਨੌਜਵਾਨ ਆਗੂ ਤਿਲਕ ਚੌਹਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਜਿਨ੍ਹਾਂ ਦਾ ਆਮ ਆਦਮੀ ਪਾਰਟੀ ਚ ਸ਼ਾਮਲ ਹੋਣ ਤੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਸਵਾਗਤ ਕਰਦਿਆਂ ਉਹਨਾਂ ਨੂੰ ਪਾਰਟੀ ਅੰਦਰ ਪੂਰੇ ਮਾਣ ਸਤਿਕਾਰ ਦਾ ਭਰੋਸਾ ਦਿਵਾਇਆ। ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਸ਼ਾਨਦਾਰ ਨੀਤੀਆਂ ਨੇ ਪੰਜਾਬ ਦੇ ਲੋਕਾਂ ਨੂੰ ਪ੍ਰਭਾਵਿਤ ਕੀਤਾ ਹੈ ਅਤੇ ਲੋਕ ਧੜਾ ਧੜ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ। ਇਸ ਮੌਕੇ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਵਾਲਿਆਂ ਤਿਲਕ ਚੌਹਾਨ, ਡਾ. ਕਮਲ, ਨਿਰਮਲ ਸਿੰਘ ਨਿੰਮਾ, ਜੀਵਨ ਕੁਮਾਰ, ਓਂਕਾਰ ਸਿੰਘ, ਧਰਮ ਪਾਲ, ਅਜੀਤ ਸਿੰਘ, ਪਿਆਰਾ ਸਿੰਘ, ਰਮੇਸ਼ ਚੌਧਰੀ, ਜੋਗਿੰਦਰ ਪਾਲ, ਕਰਨ ਸਿੰਘ, ਜੰਗ ਬਹਾਦੁਰ, ਸਨੇਹ ਕੁਮਾਰ, ਸੁਮੇਸ਼ ਕੁਮਾਰ, ਕੁਲਵੰਤ ਸਿੰਘ, ਗੁਰਜਿੰਦਰ ਸਿੰਘ, ਅਸ਼ੋਕ ਕੁਮਾਰ, ਬਿਕਰਮਜੀਤ ਸਿੰਘ, ਚੰਨਣ ਸਿੰਘ, ਅਸ਼ੋਕ ਕੁਮਾਰ, ਬੁਆ ਦਾਸ, ਅਵਤਾਰ ਸਿੰਘ, ਸੂਬੇਦਾਰ ਕਰਮ ਸਿੰਘ, ਸੋਨੂੰ, ਬਿਕਰਮਜੀਤ ਸਿੰਘ ਅਤੇ ਰਾਹੁਲ ਸ਼ਰਮਾ ਦੇ ਇਲਾਵਾ ਆਮ ਆਦਮੀ ਪਾਰਟੀ ਦੇ ਵਾਰਡ ਨੰਬਰ 7 ਤੋਂ ਕੌਂਸਲਰ ਡਾ. ਭਾਰਤੀ, ਵਾਰਡ ਇੰਚਾਰਜ ਅੰਮ੍ਰਿਤਪਾਲ ਅੰਮੂ ਅਤੇ ਵਾਰਡ ਇੰਚਾਰਜ ਮਦਨ ਮੋਹਨ ਡਾਲੀ ਵੀ ਮੌਜੂਦ ਸਨ।

# 'ਅਕਾਲੀ ਦਲ ਵਾਰਿਸ ਪੰਜਾਬ ਦੇ' ਨੂੰ ਮਿਲਿਆ ਭਰਵਾਂ ਹੁੰਗਾਰਾ



**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**- ਭੰਗਵਾਂ, ਹਲਕਾ ਮਜੀਠਾ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਨੂੰ ਪਿੰਡ ਵਾਸੀਆਂ ਅਤੇ ਸੰਗਤ ਵੱਲੋਂ ਭਰਵਾਂ ਹੁੰਗਾਰਾ ਮਿਲਿਆ।ਭਾਈ ਮਨਿੰਦਰਪਾਲ ਸਿੰਘ ਭੰਗਵਾਂ ਅਤੇ ਭਾਈ ਜਸਵੰਤ ਸਿੰਘ ਦੇ ਸੱਦੇ 'ਤੇ ਪਾਰਟੀ ਦੀ ਟੀਮ ਨੂੰ ਪਿੰਡ ਦੀ ਸੰਗਤ ਦੇ ਦਰਸ਼ਨ ਕਰਨ ਅਤੇ ਉਨ੍ਹਾਂ ਨਾਲ ਵਿਚਾਰ ਸਾਂਝੇ ਕਰਨ ਦਾ ਮੌਕਾ ਪ੍ਰਾਪਤ ਹੋਇਆ। ਇਸ ਮੌਕੇ ਪਿੰਡ ਵਾਸੀਆਂ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਮੁੱਖ ਮੰਤਰੀ ਦੇ ਚਿਹਰੇ ਵਜੋਂ ਐਲਾਨੇ ਜਾਣ ਨੂੰ ਲੈ ਕੇ ਭਾਰੀ ਉਤਸ਼ਾਹ ਅਤੇ ਜੋਸ਼ ਦੇਖਣ ਨੂੰ ਮਿਲਿਆ।ਸੰਗਤ ਵੱਲੋਂ ਅਕਾਲੀ ਦਲ ਵਾਰਿਸ ਪੰਜਾਬ ਦੇ ਨੂੰ ਭਰਪੂਰ ਪਿਆਰ, ਸਤਿਕਾਰ ਅਤੇ ਸਮਰਥਨ ਦਿੱਤਾ ਗਿਆ।ਇਸ ਦੌਰੇ ਦੌਰਾਨ ਭਾਈ ਨਾਥਵਿੰਦਰ ਸਿੰਘ ਬਾਜਵਾ, ਭਾਈ ਬਲਵਿੰਦਰ ਸਿੰਘ (ਜਨਰਲ ਸਕੱਤਰ, ਅੰਮ੍ਰਿਤਸਰ ਦਿਹਾਤੀ) ਅਤੇ ਕੰਵਲਜੀਤ ਸਿੰਘ ਸੋਹੀ (ਮੀਡੀਆ ਇੰਚਾਰਜ, ਅੰਮ੍ਰਿਤਸਰ ਦਿਹਾਤੀ) ਨੇ ਪਿੰਡ ਪਹੁੰਚ ਕੇ ਸਮੂਹ ਸੰਗਤ ਦਾ ਦਿਲੋਂ ਧੰਨਵਾਦ ਕੀਤਾ ਅਤੇ ਪਾਰਟੀ ਪ੍ਰਤੀ ਵਿਖਾਏ ਜਾ ਰਹੇ ਵਿਸ਼ਵਾਸ ਅਤੇ ਸਹਿਯੋਗ ਲਈ ਆਭਾਰ ਪ੍ਰਗਟਾਇਆ।

# ਚੇਅਰਮੈਨ ਮਾਨਿਕ ਮਹਿਤਾ ਨੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਮਾਰਕਿਟ ਕਮੇਟੀ ਬਟਾਲਾ ਦੇ ਚੇਅਰਮੈਨ ਮਾਨਿਕ ਮਹਿਤਾ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੁਆਰਾ ਸ਼ੁਰੂ ਕੀਤੀ ਗਈ ਮੇਰੀ ਰਸੋਈ ਯੋਜਨਾ ਤਹਿਤ ਨਹਿਰੂ ਗੇਟ ਵਿਖੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਮਾਨਿਕ ਮਹਿਤਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਹੈ ਕਿ ਹਰ ਘਰ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚੇ ਅਤੇ ਹਰ ਪਰਿਵਾਰ ਨੂੰ ਬਨਦਾ ਹੱਕ ਮਿਲੇ। ਲੋਕ ਸੇਵਾ ਅਤੇ ਸਮਾਜ ਭਲਾਈ ਲਈ ਅਜਿਹੇ ਉਪਰਾਲੇ ਅੱਗੇ ਵੀ ਨਿਰੰਤਰ ਜਾਰੀ ਰਹਿਣਗੇ।ਉਨ੍ਹਾਂ ਅੱਗੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਅੰਦਰ ਵੱਖ ਵੱਖ ਵਿਕਾਸ ਕਾਰਜ ਜਾਰੀ ਹਨ ਅਤੇ ਉਨ੍ਹਾਂ ਵਲੋਂ ਖੁਦ ਲੋਕਾਂ ਨੂੰ ਮਿਲਕੇ ਉਨ੍ਹਾਂ ਦੀਆਂ ਮੁਸ਼ਕਲਾਂ ਹੱਲ ਕੀਤੀਆਂ ਜਾ ਰਹੀਆਂ ਹਨ।





# ਯੂਥ ਪ੍ਰਧਾਨ ਗੁਰਵਿੰਦਰ ਸਿੰਘ ਝੰਡੇਰ ਦਾ ਸਨਮਾਨ

**ਜੈਂਤੀਪੁਰ (ਸੁਖਬੀਰ ਸਿੰਘ ਸਿਧੂ)**- ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਹਲਕਾ ਮਜੀਠਾ ਤੋਂ ਭਾਈ ਨਾਥਵਿੰਦਰ ਸਿੰਘ ਵੱਲੋਂ ਅੰਮ੍ਰਿਤਸਰ ਦਿਹਾਤੀ-2 ਦੇ ਨਵ-ਨਿਯੁਕਤ ਯੂਥ ਪ੍ਰਧਾਨ ਗੁਰਵਿੰਦਰ ਸਿੰਘ ਝੰਡੇਰ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਭਾਈ ਨਾਥਵਿੰਦਰ ਸਿੰਘ ਨੇ ਗੁਰਵਿੰਦਰ ਸਿੰਘ ਝੰਡੇਰ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੰਦਿਆਂ ਕਿਹਾ ਕਿ ਨੌਜਵਾਨਾਂ ਦੀ ਭਾਗੀਦਾਰੀ ਨਾਲ ਹੀ ਸੰਗਠਨ ਹੋਰ ਮਜ਼ਬੂਤ ਹੋਵੇਗਾ। ਉਨ੍ਹਾਂ ਯੂਥ ਵਿੰਗ ਨੂੰ ਪਿੰਡ ਪੱਧਰ ਤੱਕ ਹੋਰ ਮਜ਼ਬੂਤ ਕਰਨ ਅਤੇ ਵੱਧ ਤੋਂ ਵੱਧ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਦੀ ਅਪੀਲ ਕੀਤੀ।ਇਸ ਮੌਕੇ ਜਸਕਰਨ ਸਿੰਘ ਰਿਆੜ (ਜ਼ਿਲ੍ਹਾ ਪ੍ਰਧਾਨ, ਅੰਮ੍ਰਿਤਸਰ ਦਿਹਾਤੀ), ਭਾਈ ਬਲਜਿੰਦਰ ਸਿੰਘ (ਜਨਰਲ ਸਕੱਤਰ, ਅੰਮ੍ਰਿਤਸਰ ਦਿਹਾਤੀ), ਕੰਵਲਜੀਤ ਸਿੰਘ ਸੋਹੀ (ਮੀਡੀਆ ਇੰਚਾਰਜ, ਅੰਮ੍ਰਿਤਸਰ ਦਿਹਾਤੀ) ਅਤੇ ਕੰਵਲਜੀਤ ਸਿੰਘ ਝੰਡੇਰ (ਕਾਰਜਕਾਰੀ ਮੈਂਬਰ, ਅੰਮ੍ਰਿਤਸਰ ਦਿਹਾਤੀ) ਵੀ ਹਾਜ਼ਰ ਸਨ। ਸਮੂਹ ਆਗੂਆਂ ਨੇ ਗੁਰਵਿੰਦਰ ਸਿੰਘ ਝੰਡੇਰ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਵਿਸ਼ਵਾਸ ਜਤਾਇਆ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਂਦੇ ਹੋਏ ਯੂਥ ਵਿੰਗ ਨੂੰ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ।



# ਪੰਜਾਬ ਇਸਤਰੀ ਸਭਾ ਵੱਲੋਂ ਵਿਦਿਆਰਥੀਆਂ 'ਤੇ ਕੀਤੇ ਤਸ਼ੱਦਦ ਦੀ ਨਿਖੇਧੀ

**ਅੰਮ੍ਰਿਤਸਰ (ਨਜ਼ਸ)**- ਪੰਜਾਬ ਇਸਤਰੀ ਸਭਾ ਦੇ ਜਨਰਲ ਸਕੱਤਰ ਨਰਿੰਦਰ ਸੋਹਲ, ਪ੍ਰਧਾਨ ਰਜਿੰਦਰ ਪਾਲ ਕੌਰ, ਚੇਅਰਪਰਸਨ ਕੁਸ਼ਲ ਭੌਰਾ ਅਤੇ ਸਰਪ੍ਰਸਤ ਨਰਿੰਦਰ ਪਾਲ ਨੇ 20 ਜੁਲਾਈ ਨੂੰ ਦਿੱਲੀ ਵਿੱਚ ਜੰਤਰ ਮੰਤਰ 'ਤੇ ਆਪਣੇ ਹੱਕਾਂ ਦੀ ਮੰਗ ਕਰ ਰਹੇ ਵਿਦਿਆਰਥੀਆਂ 'ਤੇ ਕੀਤੇ ਗਏ ਬੇਤਹਾਸ਼ਾ ਤਸ਼ੱਦਦ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ।ਵਰਨਣਯੋਗ ਹੈ ਕਿ ਨੀਟ ਦਾ ਪ੍ਰੀਖਿਆ ਪੇਪਰ ਲੀਕ ਹੋਣ ਕਰਕੇ ਪੇਪਰ ਕੈਂਸਲ ਹੋ ਗਿਆ ਸੀ ਜਿਸ ਕਰਕੇ ਵਿਦਿਆਰਥੀ ਬਹੁਤ ਸਦਮੇ ਵਿੱਚ ਸਨ।ਇਕ ਗਰੀਬ ਬਾਪ ਦੀ ਬੇਟੀ ਕਹਿ ਰਹੀ ਸੀ ਕਿ ਮੇਰਾ ਪਿਤਾ ਇਸ ਸਦਮੇ ਨੂੰ ਨਾ ਬਰਦਾਸ਼ਤ ਕਰਦਾ ਹੋਇਆ ਮੌਤ ਦੇ ਅਗੋਸ਼ ਵਿੱਚ ਚਲਾ ਗਿਆ।ਇਸ ਤਰ੍ਹਾਂ ਦੀਆਂ ਪਤਾ ਨਹੀਂ ਕਿੰਨੀਆਂ ਹੀ ਕਹਾਣੀਆਂ ਨੀਟ ਦੇ ਪੇਪਰ ਕੈਂਸਲ ਹੋਣ ਪਿੱਛੇ ਛੁਪੀਆਂ ਹਨ।ਹੁਣ ਜਦੋਂ ਇਹ ਵਿਦਿਆਰਥੀ ਆਪਣਾ ਹੱਕ ਲੈਣ ਵਾਸਤੇ ਦਿੱਲੀ ਦੀਆਂ ਸੜਕਾਂ 'ਤੇ ਲੱਖਾਂ ਦੀ ਗਿਣਤੀ ਵਿੱਚ ਇਕੱਠੇ ਹੋ ਰਹੇ ਹਨ ਤਾਂ ਸਰਕਾਰ ਨੇ ਉਨ੍ਹਾਂ ਦੀ ਕੋਈ ਗੱਲ ਸੁਣਨ ਦੀ ਬਜਾਏ ਉਨ੍ਹਾਂ ਉੱਤੇ ਇਸ ਤਰ੍ਹਾਂ ਜ਼ੁਲਮ ਕੀਤਾ ਜੋ ਜਲ੍ਹਿਆਂਵਾਲੇ ਬਾਗ ਦੀ ਘਟਨਾ ਨੂੰ ਵੀ ਮਾਤ ਪਾਉਂਦਾ ਹੈ।ਲੱਗਦੈ ਕੇਂਦਰ ਦੀ ਇਸ ਫਾਸ਼ੀਵਾਦੀ ਸਰਕਾਰ ਦਾ ਅੰਤ ਨੇੜੇ ਆਇਆ ਹੋਇਆ ਜਿਸ ਨੇ ਭਾਰਤ ਮਾਂ ਦੇ ਲਾਲਾਂ ਨੂੰ ਇਸ ਤਰ੍ਹਾਂ ਸੜਕਾਂ 'ਤੇ ਰੋਲਿਆ ਅਤੇ ਕਈ ਬੱਚਿਆਂ ਨੂੰ ਮੌਤ ਦੇ ਮੂੰਹ ਪਹੁੰਚਾ ਕੇ ਉਨ੍ਹਾਂ ਦੇ ਪਰਿਵਾਰਾਂ ਨੂੰ ਉਜਾੜ ਦਿੱਤਾ ਗਿਆ ।ਪੰਜਾਬ ਇਸਤਰੀ ਸਭਾ ਮੰਗ ਕਰਦੀ ਹੈ ਕਿ ਵਿਦਿਆਰਥੀਆਂ ਨੂੰ ਗੱਲਬਾਤ ਦਾ ਸੱਦਾ ਦਿੱਤਾ ਜਾਵੇ ਅਤੇ ਉਨ੍ਹਾਂ ਦੀਆਂ ਹੱਕੀ ਮੰਗਾਂ ਨੂੰ ਪੂਰਾ ਕੀਤਾ ਜਾਵੇ।

# ਬਿਜਲੀ ਕਾਮਿਆਂ ਵੱਲੋਂ ਹੜਤਾਲ 'ਚ ਵਾਧਾ, ਤੀਜੇ ਦਿਨ ਵੀ ਲਈ ਸਮੂਹਿਕ ਛੁੱਟੀ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਬਿਜਲੀ ਵਿਭਾਗ ਵਿੱਚ ਕੰਮ ਕਰਦੀਆਂ ਵੱਖ ਵੱਖ ਜਥੇਬੰਦੀਆਂ ਦੇ ਸੱਦੇ 'ਤੇ ਪੰਜਾਬ ਸਰਕਾਰ ਅਤੇ ਪਾਵਰਕੌਮ ਮੈਨੇਜਮੈਂਟ ਦੇ ਮੁਲਾਜ਼ਮ ਤੇ ਲੋਕ ਵਿਰੋਧੀ ਰਵੱਈਏ ਵਿਰੁੱਧ ਅਤੇ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਮਨਵਾਉਣ ਲਈ ਸਮੂਹ ਬਿਜਲੀ ਕਾਮਿਆਂ ਨੇ 23 ਤੇ 24 ਜੁਲਾਈ ਦੀ ਛੁੱਟੀ ਭਰ ਕੇ ਤੀਜੇ ਦਿਨ ਵੀ ਸਮੂਹਿਕ ਛੁੱਟੀ 'ਤੇ ਜਾ ਕੇ ਸਬ ਡਵੀਜ਼ਨ ਹਰਸ਼ਾ ਛੀਨਾ ਦੇ ਗੇਟ 'ਤੇ ਰੋਸ ਭਰਪੂਰ ਰੈਲੀ ਕੀਤੀ। ਗੇਟ ਰੈਲੀ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਦੱਸਿਆ ਕਿ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਸਾਮਰਾਜੀ ਦਿਸ਼ਾ ਨਿਰਦੇਸ਼ਿਤ ਨੀਤੀਆਂ ਤਹਿਤ ਨਿੱਜੀਕਰਨ ਦਾ ਹੱਲਾ ਵਿਢਿਆ ਹੋਇਆ ਹੈ, ਇਸੇ ਨੀਤੀ ਤਹਿਤ ਹੀ ਮੁਲਾਜ਼ਮ ਤੇ ਮਜ਼ਦੂਰ ਪੱਖੀ ਕਿਰਤ ਕਾਨੂੰਨਾਂ ਵਿੱਚ ਵੱਡੀਆਂ ਤਬਦੀਲੀਆਂ ਕਰਕੇ ਕਿਰਤ ਦੀ ਲੁੱਟ ਕਰਨ ਲਈ ਚਾਰ ਲੇਬਰ ਕੋਡ ਪਾਸ ਕੀਤੇ ਗਏ ਹਨ, ਤਨਖਾਹਾਂ ਦਾ ਬੁਨਿਆਦੀ ਢਾਂਚਾ ਬਦਲ ਕੇ ਘੱਟ ਤੋਂ ਘੱਟ ਤਨਖਾਹ ਦੇਣ ਦਾ ਫਾਰਮੂਲਾ ਲਾਗੂ ਕੀਤਾ ਜਾ ਰਿਹਾ ਹੈ, ਇਸੇ ਨੀਤੀ ਤਹਿਤ ਹੀ ਪੰਜਾਬ ਸਰਕਾਰ ਵੱਲੋਂ 17-07-2020 ਤੋਂ ਬਾਅਦ ਭਰਤੀ ਮੁਲਾਜ਼ਮਾਂ ਤੇ ਬਰਾਬਰ ਕੰਮ ਲਈ



ਬਰਾਬਰ ਤਨਖਾਹ ਦਾ ਫਾਰਮੂਲਾ ਰੱਦ ਕਰਕੇ ਕੇਂਦਰ ਸਰਕਾਰ ਦੇ ਸੱਤਵੇਂ ਪੇਅ ਸਕੇਲ ਮੁਤਾਬਿਕ ਤਨਖਾਹ ਦੇਣ ਦਾ ਫਾਰਮੂਲਾ ਲਾਗੂ ਕੀਤਾ ਜਾ ਰਿਹਾ ਹੈ, ਆਰ. ਟੀ.ਐਮ. ਤੋਂ ਪ੍ਰਮੋਟ ਹੋਏ ਸਹਾਇਕ ਲਾਈਨਮੈਨ ਅਤੇ ਏ.ਐਸ.ਐਸ.ਏ. ਨੂੰ ਪਹਿਲਾਂ ਤੋਂ ਮਿਲਦਾ 35400 ਦਾ ਸਕੇਲ ਨਹੀਂ ਦਿੱਤਾ ਜਾ ਰਿਹਾ, ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਨੂੰ ਲੰਮੇ ਸਮੇਂ ਤੋਂ ਬਕਾਇਆ 18% ਮਹਿੰਗਾਈ ਭੱਤਾ ਨਹੀਂ ਦਿੱਤਾ ਜਾ ਰਿਹਾ, ਪੰਜਾਬ ਸਰਕਾਰ ਵੱਲੋਂ ਚੋਣਾਂ ਸਮੇਂ ਕੀਤੇ ਵਾਅਦੇ ਮੁਤਾਬਕ ਪੁਰਾਣੀ ਪੈਨਸ਼ਨ ਸਕੀਮ ਬਹਾਲ ਨਹੀਂ ਕੀਤੀ ਜਾ ਰਹੀ, ਨਿੱਜੀਕਰਨ ਦੀ ਨੀਤੀ ਨੂੰ ਲਾਗੂ ਕਰਦਿਆਂ ਮੁਲਾਜ਼ਮਾਂ ਤੇ ਵਾਧੂ ਬੋਝ ਲੱਦਣ ਲਈ ਜਬਰੀ ਮੋਬਾਇਲ ਫੋਨ ਦਿੱਤੇ ਜਾ ਰਹੇ ਹਨ, ਬਿਜਲੀ ਕਾਮਿਆਂ ਦੀ ਭਾਰੀ ਘਾਟ ਦੇ ਬਾਵਜੂਦ ਸ਼ਿਕਾਇਤਾਂ ਅਤੇ ਬ੍ਰੇਕਡਾਊਨਾਂ ਵਿੱਚ ਘੰਟੇ ਅੰਦਰ ਹੱਲ ਕਰਨ ਦੇ ਨਾਦਰਸ਼ਾਹੀ ਫ਼ਰਮਾਨ ਜਾਰੀ ਕੀਤੇ ਗਏ ਹਨ। ਆਗੂਆਂ ਨੇ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਹਨਾਂ ਮੰਗਾਂ ਮਸਲਿਆਂ ਦਾ ਸੰਜੀਦਗੀ ਨਾਲ ਨਿਪਟਾਰਾ ਨਾ ਕੀਤਾ ਤਾਂ ਜਥੇਬੰਦੀਆਂ ਇਸ ਸਮੂਹਿਕ ਛੁੱਟੀ ਦੇ ਫੈਸਲੇ ਨੂੰ ਅੱਗੇ ਵਧਾਉਣ ਲਈ ਮਜਬੂਰ ਹੋਣਗੀਆਂ। ਇਸ ਰੋਸ ਰੈਲੀ ਨੂੰ ਸਰਕਲ ਪ੍ਰਧਾਨ ਮਲਕੀਅਤ ਸਿੰਘ ਸੈਂਸਰਾ, ਸਬ ਡਵੀਜ਼ਨ ਪ੍ਰਧਾਨ ਜੁਗਰਾਜ ਸਿੰਘ, ਜਰਨੈਲ ਸਿੰਘ ਸੈਂਸਰਾ, ਨਰਿੰਦਰ ਕੁਮਾਰ, ਜਸਪਾਲ ਸਿੰਘ, ਹਰਦੇਵ ਸਿੰਘ ਫੌਜੀ ਤੇ ਮਨਦੀਪ ਸਿੰਘ ਫੌਜੀ ਨੇ ਸੰਬੋਧਨ ਕੀਤਾ।

# ਅੰਮ੍ਰਿਤਸਰ ਚਾਈਲਡ ਡਿਵੈਲਪਮੈਂਟ ਵੱਲੋਂ ਮੁਫਤ ਮੈਡੀਕਲ ਜਾਂਚ ਕੈਂਪ ਆਯੋਜਿਤ





**ਅੰਮ੍ਰਿਤਸਰ (ਨਜ਼ਸ)**- ਚਾਈਲਡ ਆਫ ਇੰਡੀਆ ਦੇ ਪ੍ਰੋਜੈਕਟ ਅੰਮ੍ਰਿਤਸਰ ਚਾਈਲਡ ਡਿਵੈਲਪਮੈਂਟ ਦੇ ਅਨੁਸਾਰ 13 ਜੁਲਾਈ ਤੋਂ 22 ਜੁਲਾਈ ਤੱਕ ਪੰਜ ਟਾਰਗੇਟ ਇਲਾਕਿਆਂ ਵਿੱਚ ਮੁਫਤ ਜਨਰਲ ਹੈਲਥ ਚੈੱਕਅਪ ਕੈਂਪਾਂ ਦਾ ਸਫ਼ਲ ਆਯੋਜਨ ਕੀਤਾ ਗਿਆ।ਇਹ ਕੈਂਪ ਮਸੀਹਾ ਹਾਰਟ ਬੀਟਿੰਗ ਫਾਊਂਡੇਸ਼ਨ ਦੇ ਤਕਨੀਕੀ ਸਹਿਯੋਗ ਨਾਲ ਪ੍ਰੀਤ ਨਗਰ, ਹਾਊਸਿੰਗ ਬੋਰਡ ਕਲੋਨੀ, ਸੰਜੇ ਗਾਂਧੀ ਕਲੋਨੀ ਫੈਜ਼ਪੁਰਾ, ਕਿਰਪਾਲ ਕਲੋਨੀ ਅਤੇ ਮਲਕਪੁਰ ਵਿਖੇ ਲਗਾਏ ਗਏ।ਇਸ ਕੈਂਪ ਵਿੱਚ ਮੁੱਖ ਤੌਰ ਤੇ ਬੱਚਿਆਂ ਤੇ ਔਰਤਾਂ ਦੀ ਮੁਫਤ ਸਿਹਤ ਜਾਂਚ, ਸ਼ੂਗਰ,ਐੱਚਬੀ, ਈਸੀਜੀ ਦੇ ਮੁਫਤ ਟੈਸਟ, ਡਾਕਟਰ ਦੀ ਸਲਾਹ ਤੋਂ ਬਾਅਦ ਪੰਜ ਦਿਨਾਂ ਦੀ ਮੁਫਤ ਦਵਾਈ, ਪੋਸ਼ਣ, ਸਫਾਈ ਅਤੇ ਬਚਾਅ ਬਾਰੇ ਜਾਗਰੂਕ ਕੀਤਾ ਗਿਆ। ਇਸ ਮੌਕੇ ਪਵਨ ਮਸੀਹ ਕਮਿਊਨਿਟੀ ਡਿਵੈਲਪਮੈਂਟ ਫੈਸਿਲੀਟੇਟਰ ਨੇ ਕਿਹਾ ਕਿ ਅੰਮ੍ਰਿਤਸਰ ਚਾਈਲਡ ਡਿਵੈਲਪਮੈਂਟ ਲੋਕਾਂ ਦੀ ਸੇਵਾ ਲਈ ਸਮਰਪਿਤ ਹੈ।ਅਸੀਂ ਅੰਮ੍ਰਿਤਸਰ ਚਾਈਲਡ ਡਿਵੈਲਪਮੈਂਟ ਦੇ ਸਹਿਯੋਗ ਨਾਲ ਸਮੇਂ ਸਮੇਂ 'ਤੇ ਸਾਧਨਹੀਣ ਲੋਕਾਂ ਦੀ ਮਦਦ ਵਾਸਤੇ ਇਹੋ ਜਿਹੇ ਕੈਂਪਾਂ ਦਾ ਆਯੋਜਨ ਕਰਦੇ ਰਹਿੰਦੇ ਹਾਂ ਅਤੇ ਅਸੀਂ ਅੱਗੇ ਵੀ ਇਹ ਸੇਵਾਵਾਂ ਜਾਰੀ ਰੱਖਾਂਗੇ।

# ਕਿਲਾ ਲਾਲ ਸਿੰਘ ਵਿਖੇ ਹਲਕਾ ਇੰਚਾਰਜ ਪੰਨੂ ਵੱਲੋਂ ਰਾਸ਼ਨ ਕਿੱਟਾਂ ਤਕਸੀਮ

**ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਮਾਨ ਸਰਕਾਰ ਦੀ 'ਮੇਰੀ ਰਸੋਈ' ਯੋਜਨਾ ਤਹਿਤ ਹਲਕਾ ਫਤਹਿਗੜ੍ਹ ਚੂੜੀਆਂ ਦੇ ਪਿੰਡ ਕਿਲਾ ਲਾਲ ਸਿੰਘ ਵਿਖੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਲਾਭਪਾਤਰੀਆਂ ਨੂੰ ਮਾਨ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਯੋਜਨਾਵਾਂ ਬਾਰੇ ਵੀ ਜਾਣੂ ਕਰਵਾਇਆ ਗਿਆ। ਇਸ ਮੌਕੇ ਡਾ. ਗੁਰਵਿੰਦਰ ਸਿੰਘ, ਸਰਪੰਚ ਜਸਬੀਰ ਕੌਰ ਸਲਗਾਨੀਆ, ਗੁਰਦੇਵ ਸਿੰਘ ਗਿੱਲ, ਗੁਰਪ੍ਰੀਤ ਸਿੰਘ, ਗੁਰਪ੍ਰੀਤ ਸਿੰਘ ਸਲਗਾਨੀਆਂ, ਡਾਕਟਰ ਅਵਤਾਰ ਸਿੰਘ, ਸਬੇਦਾਰ ਨਰਿੰਦਰ ਸਿੰਘ, ਡਾਕਟਰ ਕੁਲਬੀਰ ਸਿੰਘ, ਪੰਚ ਸੁਨੀਤਾ, ਪੰਚ ਰਣਜੀਤ ਕੌਰ, ਦਵਿੰਦਰ ਸਿੰਘ, ਹਰਜਿੰਦਰ ਸਿੰਘ, ਬਬਲੀ, ਬਲਜੀਤ ਕੌਰ, ਸਿਮਰਨ ਅਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਰਹੇ।



# ਬਲਬੀਰ ਸਿੰਘ ਪੰਨੂ ਨੇ ਧੀਰ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਸਮੱਸਿਆਵਾਂ ਸੁਣੀਆਂ

**ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਹਲਕਾ ਫਤਹਿਗੜ੍ਹ ਚੂੜੀਆਂ ਦੇ ਪਿੰਡ ਧੀਰ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਪਿੰਡ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਤੁਰੰਤ ਹੱਲ ਲਈ ਸੰਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਇਸ ਮੌਕੇ ਮਾਨ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ, ਤਾਂ ਜੋ ਹਰ ਯੋਗ ਪਰਵਾਰ ਸਰਕਾਰੀ ਸਹੂਲਤਾਂ ਦਾ ਲਾਭ ਲੈ ਸਕੇ। ਇਸ ਮੌਕੇ ਸਰਪੰਚ ਹਰਵਿੰਦਰ ਸਿੰਘ, ਚੇਅਰਮੈਨ ਗੁਰਪ੍ਰੀਤ ਸਿੰਘ, ਪੰਚ ਰਣਜੀਤ ਸਿੰਘ, ਡਿੰਪਲ, ਨਿਰਮਲ ਸਿੰਘ, ਕਰਤਾਰ ਸਿੰਘ, ਨੀਲੂ ਸਿੰਘ ਅਤੇ ਪਿੰਡ ਦੇ ਹੋਰ ਮੋਹਤਬਰ ਸੱਜਣ ਵੀ ਹਾਜ਼ਰ ਰਹੇ।



# ਹਲਕਾ ਮਜੀਠਾ ਵਿੱਚ ਪਿੰਡ ਚੰਨਣਕੇ ਦੀ ਪੰਚਾਇਤ 'ਆਪ' 'ਚ ਸ਼ਾਮਲ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਵੀਰਵਾਰ ਉਸ ਵੇਲੇ ਹਲਕਾ ਮਜੀਠਾ ਵਿੱਚ ਅਕਾਲੀ ਦਲ ( ਬਾਦਲ ) ਨੂੰ ਵੱਡਾ ਝਟਕਾ ਲੱਗਾ ਜਦੋਂ ਹਲਕਾ ਮਜੀਠਾ ਦੇ ਪਿੰਡ ਨਵੇਂ ਚੰਨਣਕੇ ਤੋਂ ਸਰਪੰਚ ਬੀਬੀ ਪਰਮਜੀਤ ਕੌਰ ਪਤਨੀ ਮੇਜਰ ਸਿੰਘ ਆਪਣੀ ਸਮੁੱਚੀ ਪੰਚਾਇਤ ਸਮੇਤ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਏ ਜਿਨਾਂ ਨੂੰ ਪਾਰਟੀ ਵਿੱਚ ਸ਼ਾਮਿਲ ਕਰਦਿਆਂ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਸਰੋਪੇ ਪਾ ਕੇ ਸਨਮਾਨਿਤ ਕੀਤਾ ਅਤੇ ਪਾਰਟੀ ਵਿੱਚ ਬਣਦਾ ਪੂਰਾ ਮਾਣ ਤਾਣ ਦੇਣ ਦਾ ਐਲਾਨ ਕੀਤਾ। ਸਰਪੰਚ ਬੀਬੀ ਪਰਮਜੀਤ ਕੌਰ ਨਾਲ ਉਨ੍ਹਾਂ ਦੇ ਮੈਂਬਰ ਬਲਵਿੰਦਰ ਸਿੰਘ, ਮੈਂਬਰ ਸਰਬਜੀਤ ਸਿੰਘ, ਮੈਂਬਰ ਰਾਜਵਿੰਦਰ ਸਿੰਘ ਅਤੇ ਮੈਂਬਰ ਗੁਰਸਾਹਿਬ ਸਿੰਘ ਨੇ ਅਕਾਲੀ ਦਲ ਨੂੰ ਛੱਡ ਕੇ ਆਪ ਵਿੱਚ ਸ਼ਾਮਿਲ ਹੋਏ ਹਨ। ਇਸ ਮੌਕੇ ਗਿੱਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ ਉਸਾਰੂ ਨੀਤੀਆਂ ਤੋਂ ਲੋਕ ਖੁਸ਼ ਹਨ ਅਤੇ ਉਹ ਵੱਖ-ਵੱਖ ਪਾਰਟੀਆਂ ਨੂੰ ਛੱਡ ਕੇ ਆਪ ਵਿੱਚ ਸ਼ਾਮਿਲ ਹੋ ਰਹੇ ਹਨ । ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਰਕੀਟ ਕਮੇਟੀ ਮਜੀਠਾ ਦੇ ਚੇਅਰਮੈਨ ਬਲਬੀਰ ਸਿੰਘ ਬੋਪਾਰਾਏ, ਮੇਜਰ ਸਿੰਘ ਚੰਨਣਕੇ, ਮਲਕੀਤ ਸਿੰਘ ਬਾਠ ਭੋਏ, ਸ਼ਿਵਰਾਜ ਸਿੰਘ ਭੀਲੋਵਾਲ, ਸਕਿੰਦਰ ਸਿੰਘ ਭੋਏਵਾਲ ਸਮੇਤ ਵੱਡੀ ਗਿਣਤੀ ਵਿਚ ਆਪ ਆਗੂ ਹਾਜ਼ਰ ਸਨ।

# ਸਫਾਈ ਕਰਮਚਾਰੀਆਂ 'ਤੇ ਲਾਠੀਚਾਰਜ ਦੀ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਨਿਖੇਧੀ

**ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)**- ਸਫਾਈ ਕਰਮਚਾਰੀਆਂ 'ਤੇ ਬਰਨਾਲਾ ਪੁਲਿਸ ਵੱਲੋਂ ਕੀਤੇ ਗਏ ਲਾਠੀਚਾਰਜ ਦੀ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ।ਜਥੇਬੰਦੀ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਨੇ ਕਿਹਾ ਕਿ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਸਫਾਈ ਕਰਮਚਾਰੀਆਂ ਨਾਲ ਪੁਲਿਸ ਵੱਲੋਂ ਤਾਕਤ ਦੀ ਵਰਤੋਂ ਕਰਨਾ ਬਹੁਤ ਹੀ ਨਿੰਦਣਯੋਗ ਕਾਰਵਾਈ ਹੈ।ਸਭਰਾ ਨੇ ਕਿਹਾ ਕਿ ਸਫਾਈ ਕਰਮਚਾਰੀ ਸਮਾਜ ਦੀ ਇੱਕ ਅਹਿਮ ਕੜੀ ਹਨ, ਜੋ ਦਿਨ-ਰਾਤ ਮਿਹਨਤ ਕਰਕੇ ਸ਼ਹਿਰਾਂ ਦੀ ਸਫਾਈ ਵਿਵਸਥਾ ਨੂੰ ਕਾਇਮ ਰੱਖਦੇ ਹਨ। ਇਸ ਦੇ ਬਾਵਜੂਦ ਉਨ੍ਹਾਂ ਨੂੰ ਆਪਣੀਆਂ ਬੁਨਿਆਦੀ ਮੰਗਾਂ ਲਈ ਸੜਕਾਂ 'ਤੇ ਉਤਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਪ੍ਰਸ਼ਾਸਨ ਨੂੰ ਮੁਲਾਜ਼ਮਾਂ ਦੀਆਂ ਸਮੱਸਿਆਵਾਂ ਦਾ ਹੱਲ ਗੱਲਬਾਤ ਰਾਹੀਂ ਕਰਨਾ ਚਾਹੀਦਾ ਹੈ, ਨਾ ਕਿ ਲਾਠੀਆਂ ਦੇ ਜ਼ੋਰ 'ਤੇ ਉਨ੍ਹਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਮੌਜੂਦਾ ਸਰਕਾਰਾਂ ਵੱਲੋਂ ਮਜ਼ਦੂਰ ਅਤੇ ਮੁਲਾਜ਼ਮ ਵਰਗ ਦੀਆਂ ਮੰਗਾਂ ਨੂੰ ਲਗਾਤਾਰ ਅਣਦੇਖਾ ਕੀਤਾ ਜਾ ਰਿਹਾ ਹੈ। ਜਦੋਂ ਇਹ ਵਰਗ ਆਪਣੇ ਹੱਕਾਂ ਲਈ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰਦਾ ਹੈ ਤਾਂ ਉਨ੍ਹਾਂ ਨਾਲ ਧੱਕੇਸ਼ਾਹੀ ਕੀਤੀ ਜਾਂਦੀ ਹੈ।ਸਭਰਾ ਨੇ ਮੰਗ ਕੀਤੀ ਕਿ ਸਫਾਈ ਕਰਮਚਾਰੀਆਂ 'ਤੇ ਹੋਈ ਪੁਲਿਸ ਕਾਰਵਾਈ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇ।



# ਸ੍ਰੀ ਭੈਰਵ ਨਾਥ ਮੂਰਤੀ ਸਥਾਪਨਾ ਦਿਵਸ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

**ਕਾਦੀਆਂ (ਅਸ਼ੋਕ ਨਈਅਰ)**- ਸ੍ਰੀ ਬਾਬਾ ਭੈਰਵ ਨਾਥ ਮੰਦਰ ਮੇਨ ਬਜ਼ਾਰ ਕਾਦੀਆਂ ਵੱਲੋਂ ਸ੍ਰੀ ਭੈਰਵ ਨਾਥ ਦਾ ਮੂਰਤੀ ਸਥਾਪਨਾ ਦਿਵਸ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਸਮੂਹ ਕਮੇਟੀ ਮੈਂਬਰਾਂ ਅਤੇ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਮਨਾਇਆ ਗਿਆ।ਇਸ ਮੌਕੇ ਮੰਦਰ ਸ੍ਰੀ ਕਾਲੀਦਵਾਰਾ ਮੇਨ ਬਜ਼ਾਰ ਕਾਦੀਆਂ ਦੀ ਕੀਰਤਨ ਮੰਡਲੀ ਵੱਲੋਂ ਪ੍ਰਸਿੱਧ ਧਾਰਮਿਕ ਗਾਇਕ ਮੋਤੀ ਲਾਲ ਭਗਤ, ਭਗਤ ਸੂਰਜ, ਗੌਰਵ ਭਨੋਟ, ਮੋਤੀ ਲਾਲ ਟੇਲਰ ਆਦਿ ਵੱਲੋਂ ਭੈਰੋਂ ਬਾਬਾ ਦੇ ਭਜਨਾਂ ਅਤੇ ਮਾਤਾ ਰਾਣੀ ਦੀਆਂ ਭੇਟਾਂ ਦਾ ਗੁਣਗਾਨ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ੍ਰੀ ਭੈਰੋ ਬਾਬਾ ਦੇ ਚਰਨਾਂ ਵਿੱਚ ਮੱਥਾ ਟੇਕ ਕੇ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਕਮੇਟੀ ਵੱਲੋਂ ਦੁੱਧ ਦਾ ਲੰਗਰ ਅਤੇ ਵੱਖ-ਵੱਖ ਤਰ੍ਹਾਂ ਦੇ ਪ੍ਰਸ਼ਾਦ ਦੀ ਸੇਵਾ ਵੀ ਕੀਤੀ ਗਈ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਨਰਿੰਦਰ ਕੁਮਾਰ ਭਾਟੀਆ ਸਾਬਕਾ ਪ੍ਰਧਾਨ ਨਗਰ ਕੌਂਸਲ ਤੋਂ ਇਲਾਵਾ ਚੇਅਰਮੈਨ ਰਾਜਿੰਦਰ ਕੁਮਾਰ ਭਾਟੀਆ, ਪ੍ਰਧਾਨ ਪਵਨ ਕੁਮਾਰ ਭਾਮੜੀ, ਉਪ ਪ੍ਰਧਾਨ ਅਮਿਤ ਕੁਮਾਰ ਭਾਟੀਆ, ਡਾ. ਤਿਲਕ ਰਾਜ ਘੁੰਮਣ, ਪਵਨ ਕੁਮਾਰ ਭਾਟੀਆ ਪ੍ਰਧਾਨ ਮੰਦਰ ਸ੍ਰੀ ਕਾਲੀਦਵਾਰਾ, ਅਸ਼ੋਕ ਕੁਮਾਰ ਨਈਅਰ, ਸੁਰਿੰਦਰ ਭਾਟੀਆ, ਵੀਰੂ ਸੇਠ, ਅਮਿਤ ਗੁਪਤਾ, ਸ਼ਾਮ ਸੁੰਦਰ ਸ਼ਰਮਾ, ਬੱਬਲ ਮਹਾਜਨ, ਵਿਨੋਦ ਕੁਮਾਰ, ਰਜਤ ਮਹਾਜਨ, ਡਿੰਪਲ ਵਰਮਾ, ਵਰਿੰਦਰ ਕੁਮਾਰ ਮਹਾਜਨ, ਅਨੀਸ਼ ਬਲੱਗਣ, ਰਾਹੁਲ ਜੋਜੜਾ, ਪੰਕਜ ਸਿੰਘ, ਰਾਹੁਲ ਮਹਿਰਾ, ਸਤਨਾਮ ਸਿੰਘ ਭਾਟੀਆ, ਦਮਨਪ੍ਰੀਤ ਸਿੰਘ, ਅਨਿਲ ਗੁਪਤਾ, ਰੋਹਿਤ ਗੁਪਤਾ, ਰੋਹਿਤ ਭਨੋਟ, ਯੁਵਰਾਜ ਸਲੋਤਰਾ, ਸੁੱਜਲ ਸਹਿਦੇਵ, ਲੇਡੀ ਸੇਵਕ ਸਭਾ ਵੱਲੋਂ ਪ੍ਰੀਆ ਭਾਟੀਆ, ਪੂਰਨ ਚੰਦ ਪੂਰੀ, ਅਮਿਤ ਸ਼ਰਮਾ, ਹੀਰਾ ਲਾਲ, ਰਾਜੂ ਢੋਲਕ ਮਾਸਟਰ, ਸੋਨੂ, ਵਿਸ਼ਾਲ ਬਲੱਗਣ, ਸਮੇਤ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ।



# ਜੁਗਰਾਜ ਸਿੰਘ ਨੇ ਹਾਈਕਮਾਂਡ ਦਾ ਕੀਤਾ ਧੰਨਵਾਦ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਅੰਮ੍ਰਿਤਸਰ ਦਿਹਾਤੀ ਦਾ ਯੂਥ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਜੁਗਰਾਜ ਸਿੰਘ ਉਦੋ ਨੰਗਲ ਨੇ ਪਾਰਟੀ ਹਾਈਕਮਾਂਡ ਦਾ ਦਿਲੋਂ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ 'ਤੇ ਜੋ ਭਰੋਸਾ ਪ੍ਰਗਟਾਇਆ ਗਿਆ ਹੈ, ਉਹ ਉਸ 'ਤੇ ਪੂਰੀ ਤਰ੍ਹਾਂ ਖਰਾ ਉਤਰਨ ਦੀ ਕੋਸ਼ਿਸ਼ ਕਰਨਗੇ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ, ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਉਠਾਉਣ ਅਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

# ਹਜ਼ਰਤ ਪੀਰ ਬਾਬਾ ਜ਼ਿੰਦਾ ਸ਼ਾਹ ਮਦਾਰ ਦਾ ਸਾਲਾਨਾ ਉਰਸ ਮਨਾਇਆ

**ਅਜਨਾਲਾ, (ਸੁੱਖਤਿੰਦਰ ਸਿੰਘ ਰਾਜੂ)**- ਸਥਾਨਕ ਸ਼ਹਿਰ ਅਜਨਾਲਾ ਦੇ ਪ੍ਰਾਚੀਨ ਸ਼ਿਵ ਮੰਦਰ ਨਜ਼ਦੀਕ ਸਥਿਤ ਦਰਬਾਰ ਹਜ਼ਰਤ ਪੀਰ ਬਾਬਾ ਜ਼ਿੰਦਾ ਸ਼ਾਹ ਮਦਾਰ ਜੀ ਦੇ ਦਰਬਾਰ 'ਤੇ ਉਨ੍ਹਾਂ ਦੀ ਯਾਦ ਵਿੱਚ ਸਾਲਾਨਾ ਉਰਸ 23 ਜੁਲਾਈ ਦਿਨ ਵੀਰਵਾਰ ਨੂੰ ਬੜੀ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਉਪਰੰਤ ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ ਆਪਣੇ ਸਾਥੀਆਂ ਸਮੇਤ ਉਚੇਚੇ ਤੌਰ 'ਤੇ ਪਹੁੰਚੇ ਤੇ ਦਰਬਾਰ 'ਤੇ ਚਾਦਰ ਚੜ੍ਹਾਈ ਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ।ਦਰਬਾਰ ਦੇ ਮੁੱਖ ਸੇਵਾਦਾਰ ਹੈਪੀ ਸ਼ਾਹ ਵਲੋਂ ਸਾਬਕਾ ਕਾਂਗਰਸੀ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ ਤੇ ਨਾਲ ਆਏ ਹੋਏ ਸਾਥੀਆਂ ਦਾ ਮਾਣ ਸਨਮਾਨ ਵੀ ਕੀਤਾ ਗਿਆ।ਦਰਬਾਰ ਤੇ ਲੰਗਰ ਭੰਡਾਰਾ ਵੀ ਅਤੁੱਟ ਵਰਤਾਇਆ ਗਿਆ।ਇਸ ਮੌਕੇ ਕਾਂਗਰਸ ਪਾਰਟੀ ਸ਼ਹਿਰੀ ਅਜਨਾਲਾ ਦੇ ਪ੍ਰਧਾਨ ਦਵਿੰਦਰ ਸਿੰਘ ਡੈਮ ਅਜਨਾਲਾ, ਬਾਊ ਸੁਖਦੇਵ ਸਰੀਨ, ਮੋਹਿਤ ਵਾਂਸਲ, ਸੀਨੀਅਰ ਆਗੂ ਬਾਊ ਦਰਸ਼ਨ ਲਾਲ ਸ਼ਰਮਾ, ਗੁਰਮੀਤ ਕੁਮਾਰ, ਮਨਬੀਰ ਸਿੰਘ ਲੱਕੀ,ਪ੍ਰਭ ਭੱਖਾ, ਮਨਿੰਦਰ ਸਰਾਫ, ਸਾਬਕਾ ਏ ਐੱਸ ਆਈ ਬਲਵਿੰਦਰ ਸਿੰਘ, ਅਸ਼ੋਕ ਮਸੀਹ, ਵਿਨੋਦ ਅਰੋੜਾ, ਅਮਰਬੀਰ ਸਿੰਘ ਬੱਲ ਆਦਿ ਹਾਜ਼ਰ ਸਨ।



# ਪਹਿਲੀ ਹੀ ਬਾਰਿਸ਼ ਨਾਲ ਫ਼ਸਲਾਂ ਪਾਣੀ ਦੀ ਮਾਰ ਹੇਠ ਆਈਆਂ : ਔਜਲਾ

**ਰਮਦਾਸ, (ਰਤਨ ਪੱਡਾ)**- ਅਜਨਾਲਾ ਹਲਕੇ ਵਿਚ ਪਹਿਲੀ ਹੀ ਬਾਰਿਸ਼ ਨੇ ਸਰਕਾਰੀ ਪ੍ਰਬੰਧਾਂ ਦੀਆਂ ਕਮੀਆਂ ਉਜਾਗਰ ਕਰ ਦਿੱਤੀਆਂ ਹਨ। ਖੇਤਾਂ ਵਿਚ ਪਾਣੀ ਭਰਨ ਕਾਰਨ ਵੱਡੇ ਪੱਧਰ 'ਤੇ ਫ਼ਸਲਾਂ ਪ੍ਰਭਾਵਿਤ ਹੋਈਆਂ ਹਨ। ਇਨ੍ਹਾਂ ਹਾਲਤਾਂ ਦਾ ਜਾਇਜ਼ਾ ਲੈਣ ਲਈ ਐੱਮ ਪੀ ਗੁਰਜੀਤ ਸਿੰਘ ਔਜਲਾ ਦੇ ਭਰਾ ਤੇ ਹਲਕਾ ਅਜਨਾਲਾ ਤੋਂ ਕਾਂਗਰਸੀ ਆਗੂ ਸੁਖਜਿੰਦਰ ਸਿੰਘ ਔਜਲਾ ਨੇ ਵੀਰਵਾਰ ਨੂੰ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ। ਉਨ੍ਹਾਂ ਪਾਣੀ ਵਿਚ ਡੁੱਬੇ ਖੇਤਾਂ, ਓਵਰਫਲੋਅ ਹੋ ਰਹੇ ਨਾਲਿਆਂ ਤੇ ਕਮਜ਼ੋਰ ਪਏ ਬੰਨ੍ਹਾਂ ਨੂੰ ਵਿਖਾਉਂਦਿਆਂ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ। ਸੁਖਜਿੰਦਰ ਸਿੰਘ ਔਜਲਾ ਨੇ ਕਿਹਾ ਕਿ ਅਜਨਾਲਾ ਤੋਂ ਰਮਦਾਸ ਰੋਡ ਤੱਕ ਪਹਿਲੀ ਹੀ ਬਾਰਿਸ਼ ਨਾਲ ਵੱਡੀ ਗਿਣਤੀ ਵਿਚ ਕਿਸਾਨਾਂ ਦੀਆਂ ਫ਼ਸਲਾਂ ਪਾਣੀ ਦੀ ਮਾਰ ਹੇਠ ਆ ਗਈਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਮਾਨਸੂਨ ਤੋਂ ਪਹਿਲਾਂ ਨਾਲਿਆਂ ਦੀ ਸਫ਼ਾਈ ਕਰਵਾਈ ਜਾਂਦੀ ਤੇ ਪਾਣੀ ਦੀ ਨਿਕਾਸੀ ਲਈ ਪੱਕੇ ਪ੍ਰਬੰਧ ਕੀਤੇ ਜਾਂਦੇ ਤਾਂ ਕਿਸਾਨਾਂ ਨੂੰ ਇਹ ਨੁਕਸਾਨ ਨਾ ਝੱਲਣਾ ਪੈਂਦਾ। ਉਨ੍ਹਾਂ ਕਿਹਾ ਕਿ ਕਿਸਾਨ ਹੜ੍ਹ ਵਰਗੇ ਹਾਲਾਤ ਨਾਲ ਜੂਝ ਰਹੇ ਹਨ, ਜਦਕਿ ਪਿਛਲੀ ਵਾਰ ਦੇ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਵੀ ਅਜੇ ਤਕ ਪੂਰਾ ਮੁਆਵਜ਼ਾ ਨਹੀਂ ਮਿਲਿਆ। ਅਜਿਹੇ ਵਿਚ ਇਸ ਵਾਰ ਦੇ ਨੁਕਸਾਨ ਦੀ ਭਰਪਾਈ ਕਿਵੇਂ ਹੋਵੇਗੀ, ਇਹ ਵੱਡਾ ਸਵਾਲ ਹੈ। ਔਜਲਾ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਜਿਨ੍ਹਾਂ ਨਾਲਿਆਂ ਵਿਚ ਰੁਕਾਵਟ ਹੈ, ਉਨ੍ਹਾਂ ਦੀ ਤੁਰੰਤ ਸਫ਼ਾਈ ਕਰਵਾਈ ਜਾਵੇ ਅਤੇ ਪਾਣੀ ਦੀ ਨਿਕਾਸੀ ਲਈ ਐਮਰਜੈਂਸੀ ਪ੍ਰਬੰਧ ਕੀਤੇ ਜਾਣੇ। ਉਨ੍ਹਾਂ ਘੋਨੇਵਾਲ ਪੁਲ ਤੇ ਆਲੇ-ਦੁਆਲੇ ਦੇ ਇਲਾਕਿਆਂ ਦਾ ਵੀ ਨਿਰੀਖਣ ਕੀਤਾ। ਉਨ੍ਹਾਂ ਮੰਗ ਕੀਤੀ ਕਿ ਸੰਵੇਦਨਸ਼ੀਲ ਇਲਾਕਿਆਂ ਦਾ ਤੁਰੰਤ ਸਰਵੇ ਕਰਕੇ ਕਮਜ਼ੋਰ ਬੰਨ੍ਹਾਂ ਤੇ ਦਰਿਆ ਦੇ ਕਿਨਾਰਿਆਂ ਨੂੰ ਮਜ਼ਬੂਤ ਕੀਤਾ ਜਾਵੇ ਅਤੇ ਪ੍ਰਭਾਵਿਤ ਕਿਸਾਨਾਂ ਨੂੰ ਜਲਦੀ ਵਿਸ਼ੇਸ਼ ਰਾਹਤ ਤੇ ਯੋਗ ਮੁਆਵਜ਼ਾ ਦਿੱਤਾ ਜਾਵੇ।



# ਸਰਕਾਰੀ ਯੋਜਨਾਵਾਂ ਨੂੰ ਲੋਕ ਭਲਾਈ ਲਈ ਚਲਾਇਆ ਜਾਣਾ ਚਾਹੀਦਾ ਨਿੱਜੀ ਪ੍ਰਚਾਰ ਲਈ ਨਹੀਂ : ਬਿਕਰਮ ਮਜੀਠੀਆ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**- ਹਲਕਾ ਮਜੀਠਾ ਦੇ ਪਿੰਡ ਤਲਵੰਡੀ ਖੁੰਮਣ ਵਿਖੇ ਰੱਖੀ ਗਈ ਸ਼੍ਰੋਮਣੀ ਅਕਾਲੀ ਦਲ ਦੇ ਸਰਪੰਚ ਰਘਬੀਰ ਸਿੰਘ ਸੰਧੂ ਵੱਲੋਂ ਮੀਟਿੰਗ ਨੇ ਰੈਲੀ ਦਾ ਰੂਪ ਧਾਰਿਆ ਜਿਸ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਵਿਚ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ ਕਿਉਂਕਿ ਇਸ ਦਾ ਦੋਹਰਾ ਚਿਹਰਾ ਬੇਨਕਾਬ ਹੋਇਆ ਜਦੋਂ ਉਹ ਦਿੱਲੀ ਵਿਚ ਵਿਦਿਆਰਥੀਆਂ 'ਤੇ ਹੋਏ ਲਾਠੀਚਾਰਜ ਦੀ ਨਿੰਦਿਆ ਕਰ ਰਹੀ ਹੈ ਪਰ ਪੰਜਾਬ ਵਿਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਾਲੀ ਸਰਕਾਰ ਵਲੋਂ ਕਿਸਾਨਾਂ, ਮੁਲਾਜ਼ਮਾਂ ਤੇ ਆਮ ਲੋਕਾਂ ਉੱਪਰ ਭਾਰੀ ਤਸ਼ੱਦਦ ਕੀਤਾ ਜਾ ਰਿਹਾ ਹੈ, ਉਸ ਬਾਰੇ ਕਿਉਂ ਨਹੀ ਕੁਝ ਬੋਲੇ। ਮਜੀਠੀਆ ਨੇ ਸਿੱਖਿਆ ਪ੍ਰਣਾਲੀ ਬਾਰੇ ਬੋਲਦਿਆਂ ਕਿਹਾ ਕਿ ਆਪ ਸਰਕਾਰ ਸਿੱਖਿਆ ਕ੍ਰਾਂਤੀ ਦੀ ਗੱਲ ਕਰਦੀ ਥੱਕਦੀ ਨਹੀਂ ਪਰ ਅਸਲ ਵਿੱਚ ਵੱਖ ਵੱਖ ਸਰਵੇਖਣਾਂ ਤੋਂ ਪਤਾ ਲੱਗਾ ਕਿ ਇਹ ਸਿੱਖਿਆ ਵਿਕਾਸ ਦੇ ਮਾਪਦੰਡਾਂ ਤੋਂ ਪਿੱਛੇ ਹਟ ਰਹੀ ਹੈ। ਉਨ੍ਹਾਂ ਮੁੱਖ ਮੰਤਰੀ ਮਾਨ ਦੀਆਂ ਤਸਵੀਰਾਂ ਸਕੂਲ ਬੈਗਾਂ ਅਤੇ ਪ੍ਰਸ਼ਾਦ ਦੇ ਲਿਫਾਫਿਆਂ, ਸਰਕਾਰੀ ਯੋਜਨਾਵਾਂ 'ਤੇ ਲਗਾਉਣ ਦੇ ਮੁੱਦੇ 'ਤੇ ਵੀ ਸਰਕਾਰ ਦੀ ਅਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰੀ ਯੋਜਨਾਵਾਂ ਨੂੰ ਲੋਕ ਭਲਾਈ ਲਈ ਚਲਾਇਆ ਜਾਣਾ ਚਾਹੀਦਾ ਹੈ ਨਾ ਕਿ ਆਪਣੇ ਨਿੱਜੀ ਪ੍ਰਚਾਰ ਲਈ। ਆਪਣੇ ਦੌਰੇ ਦੌਰਾਨ ਮਜੀਠੀਆ ਨੇ ਤਲਵੰਡੀ ਖੁੰਮਣ ਦੀ ਸਮੂਹ ਗ੍ਰਾਮ ਪੰਚਾਇਤ ਅਤੇ ਸਥਾਨਕ ਆਗੂਆਂ ਦੀ ਵੀ ਸ਼ਲਾਘਾ ਕੀਤੀ। ਮਜੀਠੀਆ ਨੇ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਦਾ ਮੁੱਦੇ ਲਗਾਤਾਰ ਉਠਾਉਣ ਅਤੇ ਪਿੰਡਾਂ ਵਿਚ ਜਾ ਕੇ ਅਕਾਲੀ ਦਲ ਦੀਆ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ। ਇਸ ਮੌਕੇ ਸਰਪੰਚ ਰਘਬੀਰ ਸਿੰਘ ਸੰਧੂ, ਜਰਨੈਲ ਸਿੰਘ ਸੰਧੂ, ਚਾਚਾ ਹਰਪਾਲ ਸਿੰਘ, ਹਰਅੰਮ੍ਰਿਤਪਾਲ ਸਿੰਘ, ਦਲਜੀਤ ਸਿੰਘ, ਸੁਖਦੇਵ ਸਿੰਘ (ਤਿੰਨੇ ਸਾਬਕਾ ਸਰਪੰਚ), ਪ੍ਰਧਾਨ ਰਜਿੰਦਰ ਸਿੰਘ, ਗੁਰਲਾਲ ਸਿੰਘ, ਜੋਗਿੰਦਰ ਸਿੰਘ ਰੰਧਾਵਾ, ਬਲਵਿੰਦਰ ਸਿੰਘ, ਮਨਪ੍ਰੀਤ ਸਿੰਘ ਸੰਧੂ, ਬਾਪੂ ਤਰਲੋਕ ਸਿੰਘ, ਡਾ. ਪੂਰਨ ਸਿੰਘ, ਬਾਬਾ ਸਰੂਪ ਸਿੰਘ, ਕੁਲਵੰਤ ਸਿੰਘ ਸੰਘਾ, ਡਾ. ਗੁਰਦੀਪ ਸਿੰਘ, ਰਾਜਾ ਡਰਾਇਵਰ, ਸੁਖਵਿੰਦਰ ਸਿੰਘ, ਜਸਪਾਲ ਸਿੰਘ ਚੱਕੀ ਵਾਲੇ, ਸਾਬਕਾ ਸਰਪੰਚ ਜਸਵੰਤ ਸਿੰਘ, ਗੁਰਦਿਆਲ ਸਿੰਘ ਬਿੱਟੂ ਸਮੇਤ ਪਿੰਡ ਵਾਸੀ ਸ਼ਾਮਲ ਸਨ।



# 6 ਆਧੁਨਿਕ ਪਿਸਤੌਲਾਂ ਤੇ 1 ਕਿਲੋ ਹੈਰੋਇਨ ਸਮੇਤ ਦੋ ਗ੍ਰਿਫ਼ਤਾਰ

**ਛੇਹਰਟਾ/ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਸਰਹੱਦ ਪਾਰ ਗੈਰ-ਕਾਨੂੰਨੀ ਹਥਿਆਰਾਂ ਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦੇ ਹੋਏ 6 ਆਧੁਨਿਕ ਪਿਸਤੌਲ, 1 ਕਿਲੋ ਹੈਰੋਇਨ, 1 ਕਿਲੋ ਅਫੀਮ, 1000 ਰੁਪਏ ਡਰੱਗ ਮਨੀ ਬਰਾਮਦ ਕੀਤੀ ਹੈ। ਪੰਜਾਬ ਦੇ ਡਾਇਰੈਕਟਰ ਜਨਰਲ ਆਫ ਪੁਲਸ (ਡੀਜੀਪੀ) ਗੌਰਵ ਯਾਦਵ ਨੇ ਇਸ ਸਬੰਧ ਵਿਚ ਜਾਣਕਾਰੀ ਦਿੰਦੇ ਹੋਏ ਦੱਸਿਆ ਫੜੇ ਗਏ ਵਿਅਕਤੀਆਂ ਦੀ ਪਛਾਣ ਤਰਨਤਾਰਨ ਦੇ ਪਿੰਡ ਡੱਲ ਦੇ ਜੋਗਾ ਸਿੰਘ (45) ਤੇ ਤਰਨਤਾਰਨ ਦੇ ਪਿੰਡ ਕੱਲੇ ਦੇ ਮਨਪ੍ਰੀਤ ਸਿੰਘ (28) ਵਜੋਂ ਹੋਈ ਹੈ। ਬਰਾਮਦ ਕੀਤੇ ਪਿਸਤੌਲਾਂ ਵਿਚ ਦੋ .30 ਬੋਰ ਦਾ ਐਕਸ-ਸ਼ੌਟ, ਦੋ .30 ਬੋਰ (ਚੀਨ ਨਿਰਮਤ), ਇਕ .30 ਬੋਰ ਤੁਰਕੀਏ ਜ਼ਿਗਾਨਾ ਤੇ ਇਕ .30 ਬੋਰ ਦਾ ਪੀਐੱਕਸ 5 ਸਟੌਰਮ ਸ਼ਾਮਲ ਹਨ। ਪੁਲਿਸ ਟੀਮਾਂ ਨੇ ਤਸਕਰੀ ਲਈ ਵਰਤਿਆ ਜਾ ਰਿਹਾ ਮੋਟਰਸਾਈਕਲ ਵੀ ਜ਼ਬਤ ਕੀਤਾ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਵਿਦੇਸ਼ੀ ਅਧਾਰਤ ਹੈਂਡਲਰ ਦੇ ਸਿੱਧੇ ਸੰਪਰਕ ਵਿਚ ਸਨ। ਹੋਰ ਵੇਰਵੇ ਸਾਂਝੇ ਕਰਦਿਆਂ ਪੁਲਸ ਕਮਿਸ਼ਨਰ (ਸੀ.ਪੀ.) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਖੁਫੀਆ ਸੂਚਨਾ 'ਤੇ ਕਾਰਵਾਈ ਕਰਦੇ ਹੋਏ ਪੁਲਸ ਟੀਮਾਂ ਨੇ ਪਹਿਲਾਂ ਜੋਗਾ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਉਸ ਦੇ ਕਬਜ਼ੇ 'ਚੋਂ 30 ਬੋਰ ਦੇ ਚਾਰ ਨਾਜਾਇਜ਼ ਪਿਸਤੌਲ ਬਰਾਮਦ ਕੀਤੇ। ਉਨ੍ਹਾਂ ਦੱਸਿਆ ਕਿ ਲਗਾਤਾਰ ਪੁੱਛਗਿੱਛ ਦੌਰਾਨ ਪੁਲਸ ਨੇ ਉਸ ਦੇ ਖੁਲਾਸੇ 'ਤੇ 30 ਬੋਰ ਦੇ ਦੋ ਹੋਰ ਪਿਸਤੌਲ ਬਰਾਮਦ ਕੀਤੇ ਹਨ। ਅਗਲੇਰੀ ਕਾਰਵਾਈ ਵਿਚ ਪੁਲਿਸ ਨੇ ਮੁਲਜ਼ਮ ਮਨਪ੍ਰੀਤ ਸਿੰਘ ਨੂੰ ਵੀ ਗ੍ਰਿਫ਼ਤਾਰ ਕਰਕੇ ਉਸਦੇ ਕਬਜ਼ੇ ਵਿਚੋਂ 1 ਕਿਲੋਗ੍ਰਾਮ ਹੈਰੋਇਨ, 1 ਕਿਲੋ ਅਫੀਮ ਤੇ 10,000 ਰੁਪਏ ਡਰੱਗ ਮਨੀ ਬਰਾਮਦ ਕੀਤੀ। ਉਨ੍ਹਾਂ ਦੱਸਿਆ ਕਿ ਮੁਲਜ਼ਮ ਜੋਗਾ ਸਿੰਘ ਆਦਤਨ ਅਪਰਾਧੀ ਹੈ ਜਿਸ ਖਿਲਾਫ ਪਹਿਲਾਂ ਹੀ ਤਰਨਤਾਰਨ, ਅੰਮ੍ਰਿਤਸਰ ਦਿਹਾਤੀ, ਕਪੂਰਥਲਾ ਤੇ ਲੁਧਿਆਣਾ ਦਿਹਾਤੀ ਵਿਚ 21 ਅਪਰਾਧਿਕ ਕੇਸ ਦਰਜ ਹਨ। ਜੋਗਾ ਸਿੰਘ ਵਿਰੁੱਧ 2019 'ਚ ਥਾਣਾ ਖਾਲੜਾ, ਤਰਨਤਾਰਨ ਵਿਚ ਦਰਜ ਮਾਮਲੇ ਨਾਲ ਸਬੰਧਤ ਇਕ ਘਟਨਾ ਦੌਰਾਨ ਉਸ ਨੇ ਆਪਣੇ ਸਾਥੀ ਨਾਲ ਰਾਵੀ ਦਰਿਆ ਰਸਤੇ ਸਰਹੱਦ ਪਾਰੋਂ ਨਸ਼ੇ ਦੀ ਖੇਪ ਬਰਾਮਦ ਕਰਨ ਦੀ ਕੋਸ਼ਿਸ਼ ਕੀਤੀ ਸੀ। ਇਸ ਘਟਨਾ ਦੌਰਾਨ ਉਸ ਦਾ ਸਾਥੀ ਦਰਿਆ ਪਾਰ ਕਰਨ ਦੀ ਕੋਸ਼ਿਸ਼ ਦੌਰਾਨ ਡੁੱਬ ਗਿਆ ਤੇ ਮੌਕੇ 'ਤੇ ਹੀ ਦਮ ਤੋੜ ਗਿਆ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿਚ ਥਾਣਾ ਛੇਹਰਟਾ ਤੇ ਥਾਣਾ ਕੈਂਟ ਵਿਚ ਦੋ ਵੱਖ-ਵੱਖ ਕੇਸ ਦਰਜ ਕੀਤੇ ਗਏ ਹਨ।



# ਜੇ ਐੱਮ ਕੇ ਇੰਟਰਨੈਸ਼ਨਲ ਸਕੂਲ 'ਚ ਵਿਦਿਆਰਥੀਆਂ ਦੀ ਸਿਹਤ ਦੀ ਜਾਂਚ ਕੀਤੀ

**ਪਠਾਨਕੋਟ (ਦਵਿੰਦਰ ਸਿੰਘ)**- ਜੇ ਐਮ ਕੇ ਇੰਟਰਨੈਸ਼ਨਲ ਸਕੂਲ, ਪਠਾਨਕੋਟ ਵਿੱਚ ਵਿਦਿਆਰਥੀਆਂ ਦੀ ਬਿਹਤਰ ਸਿਹਤ ਅਤੇ ਸਰਵਪੱਖੀ ਵਿਕਾਸ ਨੂੰ ਧਿਆਨ ਵਿੱਚ ਰੱਖਦਿਆਂ ਅਮਨਦੀਪ ਹਸਪਤਾਲ ਦੇ ਸਹਿਯੋਗ ਨਾਲ ਬਾਲ ਰੋਗ ਸਿਹਤ ਜਾਂਚ ਅਤੇ ਜਾਗਰੂਕਤਾ ਸੈਸ਼ਨ ਦਾ ਆਯੋਜਨ ਕੀਤਾ ਗਿਆ। ਇਹ ਪ੍ਰੋਗਰਾਮ ਸਕੂਲ ਦੇ ਚੇਅਰਮੈਨ ਅਨੁਜ ਸੂਦ ਅਤੇ ਡਾਇਰੈਕਟਰ ਤਾਨਿਆ ਸੂਦ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ, ਜਦ ਕਿ ਇਸ ਦੀ ਪ੍ਰਧਾਨਗੀ ਡਾਇਰੈਕਟਰ ਅਤੇ ਪ੍ਰਿੰਸੀਪਲ ਡਾ. ਨੀਰਜ ਮੋਹਨ ਪੁਰੀ ਨੇ ਕੀਤੀ। ਪ੍ਰੋਗਰਾਮ ਦੌਰਾਨ ਅਮਨਦੀਪ ਹਸਪਤਾਲ ਦੇ ਕਨਸਲਟੈਂਟ ਪੀਡੀਆਟ੍ਰਿਕਸ ਅਤੇ ਨਿਓਨੇਟੋਲੋਜੀ ਡਾ. ਅਸ਼ਵਿਨੀ ਸਾਮੀ ਨੇ ਆਪਣੀ ਮਾਹਿਰ ਟੀਮ ਦੇ ਨਾਲ ਵਿਦਿਆਰਥੀਆਂ ਦੀ ਸਿਹਤ ਜਾਂਚ ਕੀਤੀ। ਉਨ੍ਹਾਂ ਨੇ ਸਿਹਤ ਸੰਬੰਧੀ ਲਾਭਕਾਰੀ ਸਲਾਹਾਂ ਵੀ ਦਿੱਤੀਆਂ।ਸਿਹਤ ਜਾਂਚ ਦੌਰਾਨ ਮਾਹਿਰਾਂ ਨੇ ਵਿਦਿਆਰਥੀਆਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਨਾਉਣ, ਸੰਤੁਲਿਤ ਅਤੇ ਪੌਸ਼ਟਿਕ ਆਹਾਰ ਲੈਣ, ਨਿੱਜੀ ਸਫ਼ਾਈ ਬਣਾਈ ਰੱਖਣ, ਨਿਯਮਿਤ ਕਸਰਤ ਕਰਨ ਅਤੇ ਮੌਸਮੀ ਬਿਮਾਰੀਆਂ ਤੋਂ ਬਚਾਅ ਦੇ ਪ੍ਰਭਾਵਸ਼ਾਲੀ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਡਾਇਰੈਕਟਰ ਅਤੇ ਪ੍ਰਿੰਸੀਪਲ ਡਾ. ਨੀਰਜ ਮੋਹਨ ਪੁਰੀ ਨੇ ਕਿਹਾ ਕਿ ਵਿਦਿਆਰਥੀਆਂ ਦੀ ਚੰਗੀ ਸਿਹਤ ਹੀ ਉਨ੍ਹਾਂ ਦੀ ਸਿੱਖਿਆ ਵਿੱਚ ਸਫਲਤਾ ਅਤੇ ਉੱਜਵਲ ਭਵਿੱਖ ਦੀ ਮਜ਼ਬੂਤ ਨੀਂਹ ਹੈ। ਅੰਤ ਵਿੱਚ ਸਕੂਲ ਪ੍ਰਬੰਧਨ ਨੇ ਡਾ. ਅਸ਼ਵਿਨੀ ਸਾਮੀ ਅਤੇ ਅਮਨਦੀਪ ਹਸਪਤਾਲ ਦੀ ਪੂਰੀ ਮੈਡੀਕਲ ਟੀਮ ਦਾ ਇਸ ਮਹੱਤਵਪੂਰਨ ਸਿਹਤ ਜਾਗਰੂਕਤਾ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਧੰਨਵਾਦ ਕੀਤਾ।



# ਡੁੱਡੀਪੁਰ ਦੇ ਦਰਜਨਾਂ ਪਰਿਵਾਰ ਆਮ ਆਦਮੀ ਪਾਰਟੀ 'ਚ ਸ਼ਾਮਿਲ

**ਧਾਰੀਵਾਲ (ਮਨਦੀਪ ਵਿੱਕੀ)** - ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀਆਂ ਵਿਕਾਸ ਅਤੇ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਪਿੰਡ ਡੁੱਡੀਪੁਰ ਵਿਖੇ ਦਰਜਨਾਂ ਪਰਿਵਾਰਾਂ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਛੱਡ 'ਆਪ' ਦਾ ਪੱਲਾ ਫੜਿਆ ਹੈ। ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਦੀਆਂ ਖੋਖਲੀਆਂ ਨੀਤੀਆਂ ਤੋਂ ਤੌਬਾ ਕਰਦਿਆਂ ਲੋਕਾਂ ਨੇ ਹੁਣ ਇਨਕਲਾਬੀ ਸੋਚ ਅਤੇ ਤਰੱਕੀ ਦਾ ਸਾਥ ਦੇਣ ਦਾ ਪੱਕਾ ਮਨ ਬਣਾ ਲਿਆ ਹੈ। ਉਨ੍ਹਾਂ ਪਾਰਟੀ ਵਿੱਚ ਸ਼ਾਮਿਲ ਹੋਏ ਸਾਰੇ ਨਵੇਂ ਪਰਿਵਾਰਾਂ ਦਾ 'ਆਪ' ਪਰਿਵਾਰ ਵੱਲੋਂ ਨਿੱਘਾ ਸਵਾਗਤ ਕੀਤਾ। ਇਸ ਮੌਕੇ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ, ਲੋਕਾਂ ਦੇ ਸਰਬਪੱਖੀ ਵਿਕਾਸ ਤੇ ਭਲਾਈ ਸਕੀਮਾਂ ਦਾ ਲਾਭ ਪਾਰਦਰਸ਼ੀ ਢੰਗ ਨਾਲ ਦੇਣ ਲਈ ਵਚਨਬੱਧ ਹੈ। ਉਨਾਂ ਪੰਜਾਬ ਸਰਕਾਰ ਵਲੋਂ ਮਹਿਜ ਚਾਰ ਸਾਲਾਂ ਦੇ ਅੰਦਰ ਲਏ ਵੱਡੇ ਇਤਿਹਾਸਕ ਫੈਸਲਿਆਂ ਦੀ ਗੱਲ ਕਰਦਿਆਂ ਦੱਸਿਆ ਕਿ ਸਿੱਖਿਆ ਦਾ ਮਿਆਰ ਉੱਚਾ ਚੁੱਕਣ ਲਈ ਸਕੂਲ ਆਫ ਐਮੀਨੈਂਸ ਖੋਲ੍ਹੇ ਗਏ, ਸਿੱਖਿਆ ਦੇ ਖੇਤਰ ਵਿੱਚ ਹੋਰ ਸੁਧਾਰ ਦੇ ਮੰਤਵ ਨਾਲ ਅਧਿਆਪਕਾਂ ਨੂੰ ਸਿੰਘਾਪੁਰ ਭੇਜਿਆ। ਲੋਕਾਂ ਦੀ ਸਿਹਤ ਸਹੂਲਤ ਨੂੰ ਮੁੱਖ ਰੱਖਦਿਆਂ ਆਮ ਆਦਮੀ ਕਲੀਨਿਕ ਖੋਲ੍ਹੇ, 600 ਯੂਨਿਟ ਤੱਕ ਬਿਜਲੀ ਦੇ ਬਿੱਲ ਮਾਫ ਕੀਤੇ, ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਗਈ ਹੈ , 10 ਲੱਖ ਰੁਪਏ ਤੱਕ ਇਲਾਜ ਕਰਵਾਉਣ ਲਈ ਸਿਹਤ ਯੋਜਨਾ ਲਾਗੂ ਕੀਤੀ, ਔਰਤਾਂ ਨੂੰ ਮੁਫਤ ਬੱਸ ਦੀ ਸਹੂਲਤ, ਕਿਰਤੀਆਂ ਦੇ ਹਿੱਤਾਂ ਲਈ , ਕਿਸਾਨਾਂ ਨੂੰ ਬੇਮੌਸਮੀ ਬਰਸਾਤ ਕਾਰਨ ਖਰਾਬ ਹੋਈ ਫਸਲ ਦਾ ਖਰਾਬਾ ਦੇਣ ਸਮੇਤ ਜ਼ਿਕਰਯੋਗ ਫੈਸਲੇ ਲਏ ਗਏ ਹਨ।



# ਪੰਜਾਬ ਸਰਕਾਰ ਫਰੀਡਮ ਫਾਈਟਰਜ਼ ਸੰਸਥਾ ਦੀਆਂ ਮੰਗਾਂ ਪ੍ਰਵਾਨ ਕਰੇ : ਪੰਨੂੰ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਫਰੀਡਮ ਫਾਈਟਰਜ਼ ਉੱਤਰਾਧਿਕਾਰੀ ਸੰਸਥਾ ਪੰਜਾਬ (ਰਜਿ: 196) ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਮੁੱਖ ਮੰਤਰੀ ਮਾਨ ਵੱਲੋਂ ਫਰੀਡਮ ਫਾਈਟਰਜ਼ ਸੰਸਥਾ ਨੂੰ ਮੀਟਿੰਗ ਲਈ ਸਮਾਂ ਨਾ ਦੇਣ ਸੰਬੰਧੀ ਪੰਜਾਬ ਦੇ ਰਾਜਪਾਲ, ਸਪੀਕਰ ਪੰਜਾਬ ਵਿਧਾਨ ਸਭਾ, ਮੁੱਖ ਮੰਤਰੀ ਪੰਜਾਬ ਅਤੇ ਕੈਬਨਿਟ ਮੰਤਰੀ ਸੁਤੰਤਰਤਾ ਸੰਗਰਾਮੀ ਵਿਭਾਗ ਪੰਜਾਬ ਨੂੰ ਏ ਡੀ ਸੀ ਪੱਲਵੀ ਮਿਸ਼ਰਾ ਰਾਹੀਂ ਮੰਗ ਪੱਤਰ ਦਿੱਤੇ ਗਏ।ਇਹ ਮੰਗ ਪੱਤਰ ਫਰੀਡਮ ਫਾਈਟਰਜ਼ ਸੰਸਥਾ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਰਾਮਪਾਲ ਸਿੰਘ ਪੰਨੂੰ ਦੀ ਅਗਵਾਈ ਹੇਠ ਵਫਦ ਵੱਲੋਂ ਏ ਡੀ ਸੀ ਪੱਲਵੀ ਮਿਸ਼ਰਾ ਨੂੰ ਦਿੱਤਾ ਗਿਆ।ਜ਼ਿਲ੍ਹਾ ਪ੍ਰਧਾਨ ਰਾਮਪਾਲ ਸਿੰਘ ਪੰਨੂੰ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸੰਸਥਾ ਵੱਲੋਂ ਸੁਤੰਤਰਤਾ ਸੰਗਰਾਮੀਆਂ ਦੀਆਂ ਹੱਕੀ ਮੰਗਾਂ ਸੰਬੰਧੀ ਮੁੱਖ ਮੰਤਰੀ ਪੰਜਾਬ ਤੋਂ ਗੱਲਬਾਤ ਲਈ ਕਈ ਵਾਰ ਸਮਾਂ ਮੰਗਿਆ ਗਿਆ ਪਰ ਤਿੰਨ ਵਾਰ ਟਾਈਮ ਦੇ ਕੇ ਵੀ ਸੰਸਥਾ ਨਾਲ ਕੋਈ ਮੀਟਿੰਗ ਨਹੀਂ ਕੀਤੀ ਗਈ ਜਿਸ ਕਾਰਨ ਆਜ਼ਾਦੀ ਘੁਲਾਟੀਏ ਪਰਿਵਾਰਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ।ਜੇਕਰ ਪੰਜਾਬ ਸਰਕਾਰ ਨੇ 2 ਅਗਸਤ ਤੱਕ ਮੀਟਿੰਗ ਦਾ ਸਮਾਂ ਦੇ ਕੇ ਸੰਸਥਾ ਦੀਆਂ ਹੱਕੀ ਮੰਗਾਂ ਦੀ ਸੁਣਵਾਈ ਨਾ ਕੀਤੀ ਤਾਂ ਸੰਸਥਾ ਸੂਬਾ ਸਰਕਾਰ ਵਿਰੁੱਧ ਤਿੱਖੇ ਸੰਘਰਸ਼ ਦੀ ਰੂਪ ਰੇਖਾ ਉਲੀਕਣ ਲਈ ਮਜਬੂਰ ਹੋਵੇਗੀ। ਵਫਦ ਵਿੱਚ ਜ਼ਿਲ੍ਹਾ ਪ੍ਰਧਾਨ ਰਾਮਪਾਲ ਸਿੰਘ ਪੰਨੂੰ, ਮੀਤ ਪ੍ਰਧਾਨ ਜਸਬੀਰ ਸਿੰਘ, ਮਹਿੰਦਰਪਾਲ ਸਿੰਘ, ਸੰਤੋਖ ਸਿੰਘ, ਜਸਵਿੰਦਰ ਸਿੰਘ, ਜਗਜੀਤ ਸਿੰਘ, ਬਸੰਤ ਸਿੰਘ, ਸਿਮਰਨਜੀਤ ਸਿੰਘ, ਮਨਜੀਤ ਸਿੰਘ ਵੇਰਕਾ, ਸਤਪਾਲ ਸਿੰਘ ਪੰਨੂੰ, ਤਰਸੇਮ ਸਿੰਘ ਕੋਹਰੀ, ਚੰਦਰ ਮੋਹਨ, ਸੁਰਜੀਤ ਸਿੰਘ, ਮਨਜੀਤ ਸਿੰਘ, ਪ੍ਰਵੀਨ ਕੌਰ, ਕਸ਼ਮੀਰ ਕੌਰ, ਕੁਲਵੰਤ ਸਿੰਘ, ਗੁਰਪਾਲ ਸਿੰਘ ਆਦਿ ਹਾਜ਼ਰ ਸਨ।



# ਹਲਕਾ ਇੰਚਾਰਜ ਸੋਨੀਆ ਮਾਨ ਨੇ ਕੋਹਾਲੀ ਵਿਖੇ ਸਕੂਲ 'ਚ ਵਿਦਿਆਰਥੀਆਂ ਨੂੰ ਬੈਗ ਵੰਡੇ



**ਵੇਰਕਾ (ਰਾਣਾ)** ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ ਬੱਚਿਆਂ ਨੂੰ ਮੁਫ਼ਤ ਬੈਗ ਵੰਡਣ ਲਈ ਸਿੱਖਿਆ ਕ੍ਰਾਂਤੀ ਅਧੀਨ ਚਲਾਈ ਗਈ ਮੁਹਿੰਮ ਦਾ ਆਗਾਜ਼ ਕਰਦੇ ਹੋਏ ਵਿਧਾਨ ਸਭਾ ਹਲਕਾ ਰਾਜਾਸਾਂਸੀ ਦੇ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਹਾਲੀ ਅੰਮ੍ਰਿਤਸਰ ਵਿਖੇ ਵਿਦਿਆਰਥੀਆਂ ਨੂੰ ਬੈਗ ਵੰਡੇ।ਇਸ ਮੌਕੇ ਮੈਡਮ ਮਾਨ ਨੇ ਆਖਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਅੰਦਰ ਸਿੱਖਿਆ ਕ੍ਰਾਂਤੀ ਤਹਿਤ ਚਲਾਈ ਗਈ ਮੁਹਿੰਮ ਅਤਿਅੰਤ ਸਲਾਹੁਣਯੋਗ ਹੈ।ਅੱਜ ਸਕੂਲਾਂ ਦੀ ਨੁਹਾਰ ਹੀ ਬਦਲ ਗਈ ਹੈ।ਲੋਕ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣ ਲਈ ਪਹਿਲ ਦਿੰਦੇ ਹਨ।ਇਸ ਦੌਰਾਨ ਪ੍ਰਿੰਸੀਪਲ ਜਸਬੀਰ ਸਿੰਘ ਦੀ ਰਹਿਨੁਮਾਈ ਹੇਠ ਸਕੂਲ ਦੇ ਸਮੂਹ ਸਟਾਫ ਵੱਲੋਂ ਹਲਕਾ ਇੰਚਾਰਜ ਸੋਨੀਆ ਮਾਨ ਨੂੰ ਸਨਮਾਨ ਚਿੰਨ੍ਹ ਦਿੰਦੇ ਹੋਏ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਸਰਪੰਚ ਗੁਰਜੰਟ ਸਿੰਘ, ਲੈਕਚਰਾਰ ਹਰਿੰਦਰਪਾਲ ਕੌਰ, ਹਰਪ੍ਰੀਤ ਕੌਰ ਵੋਕੇ. ਮਿਸਟ੍ਰੈਸ, ਮਨਜੀਤ ਸਿੰਘ ਵੋਕੇ. ਮਾਸਟਰ, ਐੱਸ. ਐੱਲ. ਏ. ਰਮਨਦੀਪ ਸਿੰਘ ਪੰਛੀ, ਗੁਰਪ੍ਰੀਤ ਸਿੰਘ, ਇੰਦਰਜੀਤ ਸਿੰਘ, ਕੁਲਵਿੰਦਰਪਾਲ ਸਿੰਘ, ਲੈਕ. ਰਜਿੰਦਰ ਕੌਰ, ਰਛਪਾਲ ਕੌਰ ਕੰਪਿਊਟਰ ਟੀਚਰ, ਹਰਦੀਪ ਕੌਰ, ਕੈਂਪਸ ਮੈਨੇਜਰ ਰਜਿੰਦਰ ਸਿੰਘ ਸਮੇਤ ਹੋਰ ਸਟਾਫ ਮੈਂਬਰ ਵੀ ਹਾਜ਼ਰ ਸਨ।

ਨਵਾਂ ਜ਼ਮਾਨਾ
ਸ਼ਨੀਵਾਰ, 25 ਜੁਲਾਈ 2026

# ਉਸ ਇਨਕਲਾਬ ਕਾ ...

ਦਿੱਲੀ 'ਚ ਪੁਲਸ ਬਰਬਰੀਅਤ ਦਾ ਸ਼ਿਕਾਰ ਹੋ ਕੇ ਹਸਪਤਾਲਾਂ ਵਿੱਚ ਮੌਤ ਨਾਲ ਜੂਝ ਰਹੇ ਨੌਜਵਾਨਾਂ ਦਾ ਦੁੱਖ ਅਤੇ ਸਰਕਾਰ ਵਿਰੁੱਧ ਦੇਸ਼ਵਿਆਪੀ ਰੋਸ 25 ਮਈ, 2020 ਨੂੰ ਇੱਕ ਕਾਲੇ ਵਿਅਕਤੀ ਜਾਰਜ ਫਲਾਇਡ ਦੀ ਪੁਲਸ ਬੇਰਹਿਮੀ ਨਾਲ ਹੱਤਿਆ ਤੋਂ ਬਾਅਦ ਅਮਰੀਕਾ ਵਿੱਚ ਉੱਭਰੇ 'ਆਈ ਕਾਂਟ ਬ੍ਰੀਥ' ਅਤੇ 'ਬਲੈਕ ਲਾਈਵਜ਼ ਮੈਟਰ' ਵਰਗੇ ਅੰਦੋਲਨਾਂ ਦੀ ਯਾਦ ਦਿਵਾਉਂਦਾ ਹੈ। ਅਸੀਂ ਮੌਜੂਦਾ ਅੰਦੋਲਨ ਨੂੰ 'ਯੰਗ ਲਾਈਵਜ਼ ਮੈਟਰ' ਵੀ ਕਹਿ ਸਕਦੇ ਹਾਂ। ਜਿਵੇਂ ਅਮਰੀਕਾ ਵਿੱਚ ਵਾਪਰੀ ਉਸ ਘਟਨਾ ਤੋਂ ਬਾਅਦ ਸਾਰਾ ਦੇਸ਼, ਜਿਸ ਵਿੱਚ ਕਾਲੇ ਅਤੇ ਗੋਰੇ ਦੋਵੇਂ ਸ਼ਾਮਲ ਸਨ, ਇਕਜੁੱਟ ਹੋ ਗਿਆ ਸੀ, ਉਸੇ ਤਰ੍ਹਾਂ ਭਾਰਤ ਵਿੱਚ ਸਿੱਖਿਆ ਸੁਧਾਰ ਦੀ ਲਹਿਰ ਨੇ ਪੂਰੇ ਦੇਸ਼ ਦੇ ਨੌਜਵਾਨਾਂ ਨੂੰ ਇਕਜੁੱਟ ਕੀਤਾ ਹੈ ਅਤੇ ਉਨ੍ਹਾਂ ਦੇ ਪਿੱਛੇ, ਮਾਪਿਆਂ ਨੂੰ ਵੀ। ਜਿਹੜੇ ਮਾਪੇ ਪਹਿਲਾਂ ਭਾਜਪਾ ਸਰਕਾਰ ਅਤੇ ਇਸ ਦੇ ਨੇਤਾ ਨਰਿੰਦਰ ਮੋਦੀ ਦੇ ਸ਼ਰਧਾਲੂ ਹੁੰਦੇ ਸਨ, ਉਹ ਵੀ ਨੌਜਵਾਨਾਂ ਦੇ ਨਾਲ ਖੜ੍ਹੇ ਹਨ। ਉਹ ਆਪਣੇ ਬੱਚਿਆਂ ਦੇ ਭਵਿੱਖ ਬਾਰੇ ਚਿੰਤਤ ਹਨ ਅਤੇ ਬੱਚੇ ਇਸ ਦੇਸ਼ ਦੇ ਭਵਿੱਖ ਬਾਰੇ ਚਿੰਤਤ ਹਨ।

ਇਸ ਅੰਦੋਲਨ ਦੀ ਇੱਕ ਪ੍ਰਾਪਤੀ ਇਹ ਹੈ ਕਿ ਜਿਹੜੇ ਨੌਜਵਾਨ ਮੰਦਰ-ਮਸਜਿਦ ਅਤੇ ਨਮਾਜ਼-ਪੂਜਾ ਵਿੱਚ ਵੰਡੇ ਹੋਏ ਸਨ, ਹੁਣ ਜਾਗ ਪਏ ਹਨ। ਉਨ੍ਹਾਂ ਨੇ ਦੇਖਿਆ ਕਿ ਕਨਾਟ ਪਲੇਸ ਵਿੱਚ, ਮੰਦਰ ਦੇ ਪੁਜਾਰੀਆਂ ਨੇ ਲਾਠੀਚਾਰਜ ਤੋਂ ਭੱਜ ਰਹੇ ਨੌਜਵਾਨਾਂ ਲਈ ਆਪਣੇ ਦਰਵਾਜ਼ੇ ਬੰਦ ਕਰ ਦਿੱਤੇ ਸਨ, ਪਰ ਮਸਜਿਦ ਅਤੇ ਬੰਗਲਾ ਸਾਹਿਬ ਗੁਰਦੁਆਰੇ ਨੇ ਉਨ੍ਹਾਂ ਦੀ ਰੱਖਿਆ ਕਰਨ ਅਤੇ ਉਨ੍ਹਾਂ ਨੂੰ ਭੋਜਨ ਤੇ ਪਾਣੀ ਪ੍ਰਦਾਨ ਕਰਨ ਲਈ ਆਪਣੇ ਦਰਵਾਜ਼ੇ ਖੋਲ੍ਹ ਦਿੱਤੇ। ਇਸੇ ਲਈ ਨੌਜਵਾਨ ਇਹ ਨਾਅਰਾ ਲਗਾ ਰਹੇ ਹਨ : 'ਜਦੋਂ ਵੀ ਮੋਦੀ ਡਰਦਾ ਹੈ, ਹਿੰਦੂ-ਮੁਸਲਿਮ ਕਰਦਾ ਹੈ।' ਕੁਝ ਮਹੀਨੇ ਪਹਿਲਾਂ, ਜਦੋਂ ਕੈਂਪਸਾਂ ਵਿੱਚ ਜਾਤੀਗਤ ਵਿਤਕਰੇ ਨੂੰ ਰੋਕਣ ਲਈ ਯੂ ਜੀ ਸੀ ਨਿਯਮ ਲਾਗੂ ਕੀਤੇ ਗਏ ਸਨ, ਤਾਂ ਨੌਜਵਾਨਾਂ ਨੂੰ ਉੱਚ ਜਾਤੀ ਅਤੇ ਨੀਵੀਂ ਜਾਤ ਵਿੱਚ ਵੰਡਿਆ ਗਿਆ ਸੀ। ਕੁਝ ਸਮੇਂ ਲਈ ਅਜਿਹਾ ਲੱਗ ਰਿਹਾ ਸੀ ਕਿ ਸੰਘ ਪਰਵਾਰ ਦੀ ਵੰਡਪਾਊ ਰਣਨੀਤੀ ਸਫਲ ਹੋ ਗਈ ਹੈ ਅਤੇ ਇਸ ਦੇਸ਼ ਦੇ ਨੌਜਵਾਨ ਕਦੇ ਵੀ ਧਰਮਨਿਰਪੱਖ ਮੁੱਦਿਆਂ ਲਈ ਇਕੱਠੇ ਨਹੀਂ ਖੜ੍ਹੇ ਹੋਣਗੇ। ਪਰ ਇਸ ਅੰਦੋਲਨ ਨੇ ਹਿੰਦੂਆਂ ਅਤੇ ਮੁਸਲਮਾਨਾਂ, ਉੱਚ ਜਾਤੀਆਂ ਅਤੇ ਨੀਵੀਆਂ ਜਾਤਾਂ, ਪੂਰਬ ਅਤੇ ਪੱਛਮ, ਉੱਤਰ ਅਤੇ ਦੱਖਣ, ਨੌਜਵਾਨ ਮਰਦਾਂ ਅਤੇ ਔਰਤਾਂ ਨੂੰ ਇਕਜੁੱਟ ਕੀਤਾ ਹੈ। ਉਹ ਇੱਕ ਲੋਕਤੰਤਰੀ ਅਤੇ ਧਰਮਨਿਰਪੱਖ ਦੇਸ਼ ਦੀ ਮੰਗ ਕਰ ਰਹੇ ਹਨ, ਜਿੱਥੇ ਮਨੁੱਖੀ ਮਾਣ ਨੂੰ ਬਰਕਰਾਰ ਰੱਖਿਆ ਜਾਵੇ। ਨੌਜਵਾਨਾਂ ਨੇ ਸਮਝ ਲਿਆ ਹੈ ਕਿ ਰਾਸ਼ਟਰੀ ਸਿੱਖਿਆ ਨੀਤੀ ਦੀ ਆੜ ਵਿੱਚ, ਭਾਜਪਾ ਅਤੇ ਸੰਘ ਪਰਵਾਰ ਨਾ ਸਿਰਫ ਸਿੱਖਿਆ ਦਾ ਭਗਵਾਂਕਰਨ ਕਰ ਰਹੇ ਹਨ, ਸਗੋਂ ਇਸ ਦਾ ਵਪਾਰੀਕਰਨ ਵੀ ਕਰ ਰਹੇ ਹਨ। ਇਹ ਨੀਤੀ ਦੇਸ਼ ਦੇ ਤਾਣੇ-ਬਾਣੇ ਨੂੰ ਤੋੜ ਰਹੀ ਹੈ ਅਤੇ ਬਹੁਤ ਸਾਰੇ ਲੋਕਾਂ ਨੂੰ ਮਿਆਰੀ ਸਿੱਖਿਆ ਤੱਕ ਪਹੁੰਚ ਤੋਂ ਵਾਂਝਾ ਕਰ ਰਹੀ ਹੈ। ਕਈ ਖੋਜ ਪ੍ਰੋਜੈਕਟ ਬੰਦ ਕੀਤੇ ਜਾ ਰਹੇ ਹਨ। ਸੀ ਐੱਸ ਡੀ ਐੱਸ ਵਰਗੇ ਸਮਾਜ ਸ਼ਾਸਤਰ ਦੇ ਸੰਸਥਾਨ ਬੰਦ ਕੀਤੇ ਜਾ ਰਹੇ ਹਨ। ਯੂਨੀਵਰਸਿਟੀਆਂ ਅਤੇ ਹੋਰ ਵਿੱਦਿਅਕ ਸੰਸਥਾਵਾਂ ਦੀ ਖ਼ੁਦਮੁਖਤਿਆਰੀ ਖੋਹੀ ਜਾ ਰਹੀ ਹੈ। ਵਿਗਿਆਨਕ ਖੋਜ 'ਤੇ ਪਾਬੰਦੀ ਲਗਾਈ ਜਾ ਰਹੀ ਹੈ। ਯੂਨੀਵਰਸਿਟੀ ਕੈਂਪਸਾਂ ਵਿੱਚ ਵਿਦਿਆਰਥੀ ਯੂਨੀਅਨ ਚੋਣਾਂ 'ਤੇ ਪਾਬੰਦੀ ਹੈ। ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਵਿੱਚ ਹਿੰਸਾ ਕਰਕੇ ਉਸ ਨੂੰ ਬਦਨਾਮ ਕਰ ਦਿੱਤਾ ਗਿਆ। ਲੱਗਭੱਗ 90,000 ਸਰਕਾਰੀ ਸਕੂਲ ਬੰਦ ਕਰ ਦਿੱਤੇ ਗਏ ਹਨ। ਸ਼ਾਇਦ ਸੰਘ ਅਜਿਹਾ ਇਸ ਲਈ ਕਰ ਰਿਹਾ ਹੈ ਤਾਂ ਜੋ ਉਹ ਭਾਰਤ ਦੀ ਸਾਂਝੀ ਵਿਰਾਸਤ ਨੂੰ ਮਿਟਾ ਕੇ ਅਤੇ ਲੋਕਾਂ ਦੇ ਮਨਾਂ ਦਾ ਹਿੰਦੂਕਰਨ ਕਰਕੇ ਇਸ ਦੇਸ਼ ਨੂੰ ਆਸਾਨੀ ਨਾਲ ਹਿੰਦੂ ਰਾਸ਼ਟਰ ਐਲਾਨ ਸਕੇ।

ਇਸ ਅੰਦੋਲਨ ਨਾਲ ਸਿੱਖਿਆ ਵਿੱਚ ਸੁਧਾਰ ਲਈ, ਭਾਵ ਭਗਵਾਂਕਰਨ ਅਤੇ ਵਪਾਰੀਕਰਨ ਨੂੰ ਰੋਕਣ ਲਈ ਆਵਾਜ਼ ਬੁਲੰਦ ਹੋਈ ਹੈ। ਇਸ ਨੇ ਮਨੁੱਖੀ ਅਧਿਕਾਰਾਂ ਦਾ ਸਵਾਲ ਵੀ ਉਠਾਇਆ ਹੈ। ਪੁਲਸ ਪ੍ਰਣਾਲੀ ਵਿੱਚ ਸੁਧਾਰ ਦਾ ਸਵਾਲ ਵੀ ਉਠਾਇਆ ਜਾ ਰਿਹਾ ਹੈ। ਸਭ ਤੋਂ ਵੱਧ ਲੋਕਤੰਤਰੀ ਚੇਤਨਾ ਦੀ ਇੱਕ ਨਵੀਂ ਲਹਿਰ ਵੀ ਉੱਭਰੀ ਹੈ। ਦੇਸ਼ ਦੇ ਸੰਵੇਦਨਸ਼ੀਲ ਕਲਾਕਾਰ ਅਤੇ ਸਿਰਜਣਹਾਰ ਨੌਜਵਾਨਾਂ ਉੱਤੇ ਹੋਏ ਜ਼ੁਲਮ ਤੋਂ ਬਹੁਤ ਗੁੱਸੇ ਵਿੱਚ ਹਨ। ਨਸੀਰੂਦੀਨ ਸ਼ਾਹ ਨੇ ਨਾ ਸਿਰਫ ਮੌਜੂਦਾ ਸ਼ਾਸਨ ਨੂੰ ਜ਼ਾਹਿਲ ਕਿਹਾ ਹੈ ਬਲਕਿ ਇਹ ਵੀ ਕਿਹਾ ਹੈ ਕਿ ਕਿਸੇ ਵੀ ਗੁਰੂ ਨੂੰ ਸਭ ਤੋਂ ਵੱਧ ਸਿੱਖਿਆ ਆਪਣੇ ਚੇਲੇ ਤੋਂ ਮਿਲਦੀ ਹੈ। ਅਜਿਹੇ ਵਿੱਚ ਨੌਜਵਾਨਾਂ ਨੇ ਇਹ ਉਮੀਦ ਜਤਾਈ ਹੈ ਕਿ ਉਹ ਹਿੰਦੂ ਰਾਸ਼ਟਰ ਦੇ ਵਧਦੇ ਰੱਥ ਨੂੰ ਰੋਕ ਸਕਦੇ ਹਨ ਅਤੇ ਵੈਂਟੀਲੇਟਰ 'ਤੇ ਪਏ ਲੋਕਤੰਤਰ ਨੂੰ ਸੁਰਜੀਤ ਕਰ ਸਕਦੇ ਹਨ। ਕੈਫੀ ਆਜ਼ਮੀ ਦਾ ਇਹ ਸ਼ੇਅਰ ਨੌਜਵਾਨਾਂ ਦੇ ਇਸ ਅੰਦੋਲਨ 'ਤੇ ਕਾਫੀ ਢੁੱਕਵਾਂ ਬੈਠਦਾ ਹੈ : ਕੋਈ ਤੋ ਸੂਦ ਚੁਕਾਏ, ਕੋਈ ਤੋ ਜਿੰਮਾ ਲੇ, ਉਸ ਇਨਕਲਾਬ ਕਾ ਜੋ ਆਜ ਤੱਕ ਉਧਾਰ ਸਾ ਹੈ?

# ਜੰਤਰ ਮੰਤਰ : ਸਿੱਖਿਆ ਅਤੇ ਲੋਕਤੰਤਰ ਲਈ ਨਵੀਂ ਪੀੜ੍ਹੀ ਦਾ ਸੰਘਰਸ਼

ਡਾ. ਅਰੁਣ ਮਿੱਤਰਾ



ਹੁਣ ਤੋਂ 46 ਸਾਲ ਪਹਿਲਾਂ ਮੈਂ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ (AISF) ਵੱਲੋਂ ਚਲਾਈ ਗਈ ਕੰਮ ਦਿਓ ਜਾਂ ਜੇਲ੍ਹ ਦਿਓ ਮੁਹਿੰਮ ਵਿੱਚ ਹਿੱਸਾ ਲਿਆ ਸੀ। ਉਹ ਯਾਦਾਂ ਐਤਵਾਰ, 19 ਜੁਲਾਈ ਨੂੰ ਬੜੀ ਸਪੱਸ਼ਟਤਾ ਨਾਲ ਫਿਰ ਤਾਜ਼ਾ ਹੋ ਗਈਆਂ, ਜਦੋਂ ਮੈਂ ਜੰਤਰ ਮੰਤਰ ਵਿਖੇ AISF ਦੇ ਸਟਾਲ 'ਤੇ ਲੱਗਭੱਗ ਚਾਰ ਘੰਟੇ ਵਿਦਿਆਰਥੀਆਂ ਦੇ ਨਾਲ ਬਿਤਾਏ, ਜਿੱਥੇ ਚਾਰ ਵਿਦਿਆਰਥੀ ਭੁੱਖ ਹੜਤਾਲ 'ਤੇ ਬੈਠੇ ਹੋਏ ਸਨ।

ਗਰਮੀ ਬੇਹੱਦ ਤਿੱਖੀ ਸੀ ਅਤੇ ਭੀੜ ਇੰਨੀ ਘਣੀ ਸੀ ਕਿ ਸਾਹ ਲੈਣਾ ਵੀ ਔਖਾ ਹੋ ਰਿਹਾ ਸੀ। ਇਸੇ ਦੌਰਾਨ ਇੱਕ ਨੌਜਵਾਨ ਕੁੜੀ ਅਚਾਨਕ ਬੇਹੋਸ਼ ਹੋ ਕੇ ਡਿੱਗ ਪਈ। ਤਿੱਖੀ ਧੁੱਪ ਅਤੇ ਸਰੀਰ ਵਿੱਚ ਪਾਣੀ ਦੀ ਘਾਟ ਕਾਰਨ ਉਹ ਖੜ੍ਹੀ ਨਹੀਂ ਰਹਿ ਸਕੀ। ਵਿਦਿਆਰਥੀਆਂ ਨੇ ਤੁਰੰਤ ਉਸ ਨੂੰ ਸਟਾਲ 'ਤੇ ਲਿਆਂਦਾ, ਜਿੱਥੇ ਮੈਂ ਉਸ ਦਾ ਮੁਆਇਨਾ ਕੀਤਾ ਅਤੇ ਸਭ ਨੂੰ ਭਰੋਸਾ ਦਿਵਾਇਆ ਕਿ ਉਹ ਠੀਕ ਹੋ ਜਾਵੇਗੀ। ਮੈਂ ਕਿਹਾ ਕਿ ਜਿਵੇਂ ਹੀ ਉਸ ਨੂੰ ਹੋਸ਼ ਆਵੇਗਾ, ਅਸੀਂ ਉਸ ਨੂੰ ਓਰਲ ਰੀਹਾਈਡ੍ਰੇਸ਼ਨ ਸੋਲਿਊਸ਼ਨ (ORS) ਦੇਵਾਂਗੇ।

ਕੁਝ ਹੀ ਸਮੇਂ ਬਾਅਦ ਇੱਕ ਮੈਡੀਕਲ ਟੀਮ ਉੱਥੇ ਪਹੁੰਚ ਗਈ। ਉਨ੍ਹਾਂ ਨੇ ਆਪਣੇ ਸਾਜ਼-ਸਾਮਾਨ ਨਾਲ ਉਸ ਦੀ ਜਾਂਚ ਕੀਤੀ ਅਤੇ ਦੱਸਿਆ ਕਿ ਉਸ ਦੇ ਸਾਰੇ ਜ਼ਰੂਰੀ ਸਰੀਰਕ ਸੰਕੇਤ ਸਹੀ ਹਨ। ਥੋੜ੍ਹੀ ਦੇਰ ਬਾਅਦ ਉਸ ਨੂੰ ਹੋਸ਼ ਆ ਗਿਆ, ਉਸ ਨੇ ਪਾਣੀ ਪੀਤਾ ਅਤੇ ਪੂਰੇ ਹੌਸਲੇ ਨਾਲ ਬੈਠ ਗਈ, ਇਹ ਕਹਿੰਦੀ ਹੋਈ ਕਿ ਹੁਣ ਉਹ ਬਿਲਕੁਲ ਠੀਕ ਹੈ। ਮੈਂ ਪਿਆਰ ਨਾਲ ਉਸ ਨੂੰ ਕਿਹਾ, ਨਹੀਂ ਬੇਟੀ, ਫਿਰ ਵੀ ਤੈਨੂੰ ਪੂਰੀ ਜਾਂਚ ਲਈ ਹਸਪਤਾਲ ਜਾਣਾ ਚਾਹੀਦਾ ਹੈ। ਉਸ ਨੂੰ ਹਸਪਤਾਲ ਲਿਜਾਇਆ ਗਿਆ ਅਤੇ ਲੱਗਭੱਗ ਇੱਕ ਘੰਟੇ ਬਾਅਦ ਉਹ ਆਪਣੇ ਪੈਰਾਂ 'ਤੇ ਤੁਰਦੀ ਹੋਈ ਵਾਪਸ ਆ ਗਈ।

ਮੈਂ ਇਸ ਘਟਨਾ ਦਾ ਜ਼ਿਕਰ ਇਸ ਲਈ ਕਰ ਰਿਹਾ ਹਾਂ, ਕਿਉਂਕਿ ਉਹ ਨੌਜਵਾਨ ਕੁੜੀ, ਜਿਸ ਦੀ ਉਮਰ ਮੁਸ਼ਕਿਲ ਨਾਲ ਅਠਾਰਾਂ ਜਾਂ ਉੱਨੀ ਸਾਲ ਹੋਵੇਗੀ, ਸਰੀਰਕ ਤੌਰ 'ਤੇ ਬਹੁਤ ਕਮਜ਼ੋਰ ਅਤੇ ਦੁਬਲੀ-ਪਤਲੀ, ਪਰ ਅਸਾਧਾਰਨ ਹਿੰਮਤ ਅਤੇ ਦ੍ਰਿੜ੍ਹ ਇਰਾਦੇ ਦੀ ਮਾਲਕ—ਮੇਰੇ ਮਨ 'ਤੇ ਡੂੰਘਾ ਪ੍ਰਭਾਵ ਛੱਡ ਗਈ। ਉਸ ਨੂੰ ਅਤੇ ਉੱਥੇ ਇਕੱਠੇ ਹੋਏ ਹਜ਼ਾਰਾਂ ਵਿਦਿਆਰਥੀਆਂ ਨੂੰ ਦੇਖ ਕੇ ਮੇਰੇ ਅੰਦਰ ਨਵੀਂ ਉਮੀਦ ਜਾਗੀ। ਕਈ ਸਾਲਾਂ ਤੋਂ ਸਾਡੇ ਵਿੱਚੋਂ ਬਹੁਤ ਸਾਰੇ ਲੋਕ ਸੋਚਦੇ ਰਹੇ ਸਨ ਕਿ ਅੱਜ ਦੀ ਪੀੜ੍ਹੀ ਇੰਨੀ ਚੁੱਪ ਕਿਉਂ ਹੈ। ਉਸ ਦਿਨ ਇਸ ਸਵਾਲ ਦਾ ਜਵਾਬ ਮਿਲ ਗਿਆ। ਨਵੀਂ ਪੀੜ੍ਹੀ ਚੁੱਪ ਨਹੀਂ ਹੈ; ਉਸ ਦੀ ਆਵਾਜ਼ ਨੂੰ ਸਿਰਫ਼ ਦਬਾਇਆ ਗਿਆ ਹੈ। ਜਦੋਂ ਹਾਲਾਤ ਮੰਗ ਕਰਦੇ ਹਨ ਤਾਂ ਇਹੀ ਆਵਾਜ਼ ਬੇਹੱਦ ਤਾਕਤ ਨਾਲ ਉੱਭਰ ਕੇ ਸਾਹਮਣੇ ਆਉਂਦੀ ਹੈ।

ਨੀਟ (NEET) ਪ੍ਰੀਖਿਆ ਦੇ ਪ੍ਰਸ਼ਨ ਪੱਤਰ ਲੀਕ ਹੋਣ ਨੇ ਲੱਖਾਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਗੰਭੀਰ ਝਟਕਾ ਦਿੱਤਾ, ਜਿਨ੍ਹਾਂ ਨੇ ਆਪਣੇ ਬੱਚਿਆਂ ਦੇ ਬਿਹਤਰ ਭਵਿੱਖ ਲਈ ਸਾਲਾਂ ਦੀ ਮਿਹਨਤ ਅਤੇ ਤਿਆਗ ਕੀਤਾ ਸੀ। ਇਸ ਘਪਲੇ ਨੇ ਅਣਗਿਣਤ ਨੌਜਵਾਨਾਂ ਦਾ ਭਰੋਸਾ ਤੋੜ ਦਿੱਤਾ। ਕੁਝ ਇਸ ਅਸਹਿਣਯ ਨਿਰਾਸ਼ਾ ਨੂੰ ਸਹਿ ਨਾ ਸਕੇ ਅਤੇ ਲੱਗਭੱਗ 15 ਵਿਦਿਆਰਥੀਆਂ ਨੇ, ਜੋ ਅੱਗੇ ਚੱਲ ਕੇ ਡਾਕਟਰਾਂ ਵਜੋਂ ਸਮਾਜ ਦੀ ਸੇਵਾ ਕਰ ਸਕਦੇ ਸਨ, ਦੁੱਖਦਾਈ ਢੰਗ ਨਾਲ ਆਪਣੀ ਜਾਨ ਦੇ ਦਿੱਤੀ। ਮਾਪਿਆਂ ਲਈ ਇਸ ਤੋਂ ਵੱਡਾ ਦੁੱਖ ਹੋਰ ਕੀ ਹੋ ਸਕਦਾ ਹੈ ਕਿ ਉਹ ਆਪਣੇ ਹੀ ਬੱਚੇ ਦੀ ਚਿਤਾ ਨੂੰ ਅੱਗ ਦੇਣ।

ਇਸ ਤ੍ਰਾਸਦੀ ਨੇ ਪੂਰੀ ਇੱਕ ਪੀੜ੍ਹੀ ਦੇ ਮਨ 'ਤੇ ਡੂੰਘਾ ਮਨੋਵਿਗਿਆਨਕ ਜ਼ਖ਼ਮ ਛੱਡਿਆ, ਜੋ ਲੰਮੇ ਸਮੇਂ ਤੋਂ ਆਪਣੇ ਦਰਦ, ਗੁੱਸੇ ਅਤੇ ਦੱਬੀਆਂ ਭਾਵਨਾਵਾਂ ਨੂੰ ਪ੍ਰਗਟ ਕਰਨ ਦੇ ਮੌਕੇ ਦੀ ਉਡੀਕ ਕਰ ਰਹੀ ਸੀ।

ਇਹ ਗੁੱਸਾ ਉਸ ਵੇਲੇ ਫੁੱਟ ਪਿਆ, ਜਦੋਂ ਦੇਸ਼ ਦੀ ਸਭ ਤੋਂ ਉੱਚੀ ਨਿਆਂਪਾਲਿਕਾ ਦੇ ਮੁਖੀ ਵੱਲੋਂ ਕਥਿਤ ਤੌਰ 'ਤੇ ਵਿਦਿਆਰਥੀਆਂ ਅਤੇ ਬੇਰੁਜ਼ਗਾਰ ਨੌਜਵਾਨਾਂ ਨੂੰ ਕਾਕਰੋਚ ਕਿਹਾ ਗਿਆ। ਇਸ ਦੇ ਜਵਾਬ ਵਿੱਚ ਪ੍ਰਤੀਕਾਤਮਕ ਕਾਕਰੋਚ ਜਨਤਾ ਪਾਰਟੀ ਦਾ ਜਨਮ ਹੋਇਆ। ਸਿੱਖਿਆ ਅਤੇ ਰੁਜ਼ਗਾਰ ਲਈ ਸੰਘਰਸ਼ ਕਰ ਰਹੇ ਨੌਜਵਾਨਾਂ ਦੀ ਤੁਲਨਾ ਉਹਨਾਂ ਜੀਵਾਂ ਨਾਲ ਕਰਨਾ, ਜਿਨ੍ਹਾਂ ਨੂੰ ਪੈਰਾਂ ਹੇਠਾਂ ਕੁਚਲ ਦਿੱਤਾ ਜਾਂਦਾ ਹੈ, ਸ਼ਾਇਦ ਸਭ ਤੋਂ ਅਪਮਾਨਜਨਕ ਗੱਲਾਂ ਵਿੱਚੋਂ ਇੱਕ ਸੀ। ਕਾਕਰੋਚਾਂ ਨੂੰ ਆਮ ਤੌਰ 'ਤੇ ਗੰਦਗੀ ਨਾਲ ਜੋੜਿਆ ਜਾਂਦਾ ਹੈ। ਇਹ ਟਿੱਪਣੀ ਉਸ ਅਣਗੌਰ ਅਤੇ ਤਿਰਸਕਾਰ ਦਾ ਪ੍ਰਤੀਕ ਬਣ ਗਈ, ਜਿਸ ਦਾ ਅਹਿਸਾਸ ਬਹੁਤ ਸਾਰੇ ਵਿਦਿਆਰਥੀਆਂ ਨੂੰ ਹੋ ਰਿਹਾ ਸੀ।

ਜਦੋਂ ਜੰਤਰ ਮੰਤਰ ਵਿੱਚ ਇਕੱਠੇ ਹੋਣ ਦਾ ਸੱਦਾ ਦਿੱਤਾ ਗਿਆ ਤਾਂ ਬਹੁਤਿਆਂ ਨੂੰ ਲੱਗਿਆ ਕਿ ਸਿਰਫ਼ ਕੁਝ ਸੌ ਲੋਕ ਹੀ ਪਹੁੰਚਣਗੇ। ਸ਼ੁਰੂ ਵਿੱਚ ਇਹ ਡਰ ਸਹੀ ਵੀ ਜਾਪਿਆ। ਮੁੱਖਧਾਰਾ ਦੇ ਮੀਡੀਆ ਅਤੇ ਸੋਸ਼ਲ ਮੀਡੀਆ ਦੇ ਵੱਡੇ ਹਿੱਸੇ ਨੇ ਇਸ ਵਿਰੋਧ ਨੂੰ ਨਗਣ ਸਮਝ ਕੇ ਖਾਰਜ ਕਰ ਦਿੱਤਾ।

ਇਸ ਅੰਦੋਲਨ ਨੂੰ ਨਵੀਂ ਤਾਕਤ ਉਸ ਵੇਲੇ ਮਿਲੀ ਜਦੋਂ ਪ੍ਰਸਿੱਧ ਸਮਾਜਿਕ ਕਾਰਕੁਨ ਅਤੇ ਨਵੀਨਤਾਕਾਰ ਸੋਨਮ ਵਾਂਗਚੁਕ ਨੇ ਵਿਦਿਆਰਥੀਆਂ ਨਾਲ ਇਕਜੁੱਟਤਾ ਜਤਾਉਂਦੇ ਹੋਏ ਵਰਤ ਸ਼ੁਰੂ ਕੀਤਾ। ਫਿਰ ਵੀ ਸ਼ਮੂਲੀਅਤ ਹੌਲੀ-ਹੌਲੀ ਹੀ ਵਧੀ, ਪਰ ਜਦੋਂ ਉਨ੍ਹਾਂ ਨੂੰ ਅਜਿਹੇ ਢੰਗ ਨਾਲ ਹਿਰਾਸਤ ਵਿੱਚ ਲਿਆ ਗਿਆ, ਜਿਸ ਨੂੰ ਬਹੁਤ ਸਾਰੇ ਲੋਕਾਂ ਨੇ ਕਠੋਰ ਅਤੇ ਦਮਨਕਾਰੀ ਕਰਾਰ ਦਿੱਤਾ, ਤਾਂ ਸਥਿਤੀ ਨਾਟਕੀ ਢੰਗ ਨਾਲ ਬਦਲ ਗਈ। ਨੌਜਵਾਨਾਂ ਦੇ ਵਿਰੋਧ ਦੀ ਇੱਕ ਲਹਿਰ ਜੰਤਰ ਮੰਤਰ ਅਤੇ ਦਿੱਲੀ ਦੀਆਂ ਸੜਕਾਂ 'ਤੇ ਫੈਲ ਗਈ।

ਨਾ ਸਰਕਾਰ, ਨਾ ਜਨਤਾ ਅਤੇ ਨਾ ਹੀ ਖੁਦ ਆਯੋਜਕਾਂ ਨੇ ਇਹ ਸੋਚਿਆ ਸੀ ਕਿ ਲੱਖਾਂ ਨੌਜਵਾਨ ਦੇਸ਼ ਭਰ ਤੋਂ ਰਾਜਧਾਨੀ ਵਿੱਚ ਇਕੱਠੇ ਹੋਣਗੇ, ਤਿੱਖੀ ਗਰਮੀ ਸਹਿਣਗੇ ਅਤੇ 20 ਜੁਲਾਈ ਨੂੰ ਸ਼ਾਂਤਮਈ ਢੰਗ ਨਾਲ ਸਰਕਾਰੀ ਦਮਨ ਦਾ ਸਾਹਮਣਾ ਕਰਨਗੇ। ਜਿਵੇਂ ਭਾਰਤ ਦੇ ਆਜ਼ਾਦੀ ਸੰਘਰਸ਼ ਦੇ ਸੈਨਾਨੀਆਂ ਨੇ ਪੁਲਸ ਦੀਆਂ ਲਾਠੀਆਂ ਖਾ ਕੇ ਵੀ ਆਪਣੇ ਹੌਸਲੇ ਨੂੰ ਟੁੱਟਣ ਨਹੀਂ ਦਿੱਤਾ ਸੀ, ਉਸੇ ਤਰ੍ਹਾਂ ਇਹ ਵਿਦਿਆਰਥੀ, ਜਿਨ੍ਹਾਂ ਨੂੰ ਅਕਸਰ ਸਿਰਫ਼ ਮੋਬਾਈਲ ਫੋਨਾਂ ਅਤੇ ਸੋਸ਼ਲ ਮੀਡੀਆ ਵਿੱਚ ਰੁੱਝੀ ਹੋਈ ਪੀੜ੍ਹੀ ਕਿਹਾ ਜਾਂਦਾ ਹੈ, ਅਸਾਧਾਰਨ ਦਲੇਰੀ ਨਾਲ ਆਪਣੀ ਥਾਂ 'ਤੇ ਡਟੇ ਰਹੇ ਅਤੇ ਲਾਠੀਆਂ ਦੀਆਂ ਚੋਟਾਂ ਸਹਿੰਦੇ ਹੋਏ ਵੀ ਪਿੱਛੇ ਨਹੀਂ ਹਟੇ।

ਏਨਾ ਵਿਸ਼ਾਲ ਇਕੱਠ ਅਚਾਨਕ ਨਹੀਂ ਹੋਇਆ। ਇਹ ਕਿਸੇ ਇੱਕ ਸੰਗਠਨ ਦੀ ਪ੍ਰਾਪਤੀ ਨਹੀਂ ਸੀ, ਸਗੋਂ ਕਈ ਵਿਦਿਆਰਥੀ ਅਤੇ ਨੌਜਵਾਨ ਜਥੇਬੰਦੀਆਂ ਦੀ ਸਾਂਝੀ ਮਿਹਨਤ ਦਾ ਨਤੀਜਾ ਸੀ। ਉਨ੍ਹਾਂ ਨੇ ਨਾਅਰੇ ਲਗਾਏ, ਪੋਸਟਰ ਬਣਾਏ, ਵੀਡੀਓ ਤਿਆਰ ਕੀਤੇ, ਸੋਸ਼ਲ ਮੀਡੀਆ 'ਤੇ ਜਾਣਕਾਰੀ ਸਾਂਝੀ ਕੀਤੀ, ਗੀਤ ਗਾਏ, ਡਫਲੀ ਵਜਾਈ ਅਤੇ ਵਿਰੋਧ ਨੂੰ ਲੋਕਤੰਤਰਿਕ ਭਾਗੀਦਾਰੀ ਦੇ ਇੱਕ ਸ਼ਕਤੀਸ਼ਾਲੀ ਪ੍ਰਗਟਾਵੇ ਵਿੱਚ ਬਦਲ ਦਿੱਤਾ। ਉਨ੍ਹਾਂ ਦੀਆਂ ਮੁੱਖ ਮੰਗਾਂ ਵਿੱਚ ਸਿੱਖਿਆ ਮੰਤਰੀ ਦਾ ਅਸਤੀਫ਼ਾ, ਖ਼ੁਦਕੁਸ਼ੀ ਕਰਨ ਵਾਲੇ ਵਿਦਿਆਰਥੀਆਂ ਦੇ ਪਰਵਾਰਾਂ ਨੂੰ ਇੱਕ ਕਰੋੜ ਰੁਪਏ ਦਾ ਮੁਆਵਜ਼ਾ, ਸੋਨਮ ਵਾਂਗਚੁਕ ਦੀ ਰਿਹਾਈ ਅਤੇ ਦੇਸ਼ ਦੀ ਸਿੱਖਿਆ ਪ੍ਰਣਾਲੀ ਵਿੱਚ ਵਿਆਪਕ ਸੁਧਾਰ ਸ਼ਾਮਲ ਸਨ।

ਇਨ੍ਹਾਂ ਵਿਦਿਆਰਥੀਆਂ ਨੇ ਅਸਾਧਾਰਨ ਹਿੰਮਤ ਦਾ ਪ੍ਰਦਰਸ਼ਨ ਕੀਤਾ, ਕਿਉਂਕਿ ਉਨ੍ਹਾਂ ਨੇ ਉਸ ਨੇਤਾ ਨੂੰ ਚੁਣੌਤੀ ਦਿੱਤੀ, ਜੋ ਆਪਣੇ ਆਪ ਨੂੰ ਗੈਰ-ਜੈਵਿਕ ਦੱਸਦਾ ਹੈ, ਜੋ ਕਹਿੰਦਾ ਹੈ ਕਿ ਉਹ ਮਾਂ ਦੀ ਕੁੱਖ ਤੋਂ ਨਹੀਂ ਜਨਮਿਆ, ਸਗੋਂ ਰੱਬ ਵੱਲੋਂ ਸਿੱਧਾ ਭੇਜਿਆ ਗਿਆ, ਅਤੇ ਜਿਸ ਬਾਰੇ ਅਕਸਰ ਇਹ ਦਾਅਵਾ ਕੀਤਾ ਜਾਂਦਾ ਹੈ ਕਿ ਕੇਂਦਰ ਸਰਕਾਰ ਵਿੱਚ ਉਸ ਦੀ ਸਹਿਮਤੀ ਤੋਂ ਬਿਨਾਂ ਪੱਤਾ ਵੀ ਨਹੀਂ ਹਿਲਦਾ। ਫਿਰ ਵੀ ਵਿਦਿਆਰਥੀਆਂ ਨੇ ਬੇਮਿਸਾਲ ਪਰਿਪੱਕਤਾ ਦਾ ਪ੍ਰਦਰਸ਼ਨ ਕੀਤਾ। ਇੰਨੀ ਵੱਡੀ ਭੀੜ ਹੋਣ ਦੇ ਬਾਵਜੂਦ ਕਿਸੇ ਵੀ ਤਰ੍ਹਾਂ ਦੇ ਦੁਰਵਿਵਹਾਰ ਦੀ ਕੋਈ ਰਿਪੋਰਟ ਸਾਹਮਣੇ ਨਹੀਂ ਆਈ। ਨੌਜਵਾਨ ਲੜਕੀਆਂ ਅਤੇ ਲੜਕੇ ਦਿਨ-ਰਾਤ ਸਾਥੀ ਸੰਘਰਸ਼ੀਆਂ ਵਜੋਂ ਇਕੱਠੇ ਰਹੇ ਅਤੇ ਕਿਸੇ ਵੀ ਅਣਉਚਿੱਤ ਵਿਵਹਾਰ ਦੀ ਇੱਕ ਵੀ ਘਟਨਾ ਸਾਹਮਣੇ ਨਹੀਂ ਆਈ। ਇਹ ਗੱਲ ਆਪਣੇ-ਆਪ ਵਿੱਚ ਮਾਨਤਾ ਦੀ ਹੱਕਦਾਰ ਹੈ। ਜਿਵੇਂ ਕਿਸਾਨ ਅੰਦੋਲਨ ਨੂੰ ਬਦਨਾਮ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ ਸਨ, ਉਸੇ ਤਰ੍ਹਾਂ ਇਸ ਅੰਦੋਲਨ ਨੂੰ ਵੀ ਬਦਨਾਮ ਕਰਨ ਦੀਆਂ ਕੋਸ਼ਿਸ਼ਾਂ ਹੋਈਆਂ, ਪਰ ਉਹ ਸਫ਼ਲ ਨਹੀਂ ਹੋਈਆਂ।

ਵਿਆਪਕ ਪਾਬੰਦੀਆਂ ਦੇ ਬਾਵਜੂਦ ਰੇਲ ਸੇਵਾਵਾਂ ਰੱਦ ਕੀਤੀਆਂ ਗਈਆਂ, ਮੈਟਰੋ ਸਟੇਸ਼ਨ ਬੰਦ ਕੀਤੇ ਗਏ, ਰੇਲ ਮਾਰਗ ਬਦਲੇ ਗਏ ਅਤੇ ਥਾਂ-ਥਾਂ ਵੱਡੀਆਂ ਬੈਰੀਕੇਡਿੰਗ ਕੀਤੀਆਂ ਗਈਆਂ, ਪਰ ਫਿਰ ਵੀ ਦੇਸ਼ ਦੇ ਕੋਨੇ-ਕੋਨੇ ਤੋਂ ਲੱਖਾਂ ਨੌਜਵਾਨ ਦਿੱਲੀ ਪਹੁੰਚੇ ਅਤੇ ਸੰਸਦ ਵੱਲ ਮਾਰਚ ਕੀਤਾ। ਇੱਕ ਸਮੇਂ ਅਜਿਹਾ ਵੀ ਲੱਗਿਆ ਕਿ ਪ੍ਰਸ਼ਾਸਨ ਨੇ ਜੰਤਰ ਮੰਤਰ ਦਾ ਇਕੱਠ ਪੂਰੀ ਤਰ੍ਹਾਂ ਖ਼ਤਮ ਕਰ ਦਿੱਤਾ ਹੈ, ਪਰ ਪੈਲੇਟ ਗੰਨਾਂ, ਸ਼ਾਕ ਬੈਟਨਾਂ, ਅੱਥਰੂ ਗੈਸ ਅਤੇ ਲਾਠੀਚਾਰਜ ਸਮੇਤ ਬੇਮਿਸਾਲ ਪੁਲਸ ਦਮਨ ਵੀ ਵਿਦਿਆਰਥੀਆਂ ਦਾ ਹੌਸਲਾ ਨਹੀਂ ਤੋੜ ਸਕਿਆ। ਰਾਤ ਤੱਕ ਧਰਨਾ ਮੁੜ ਸ਼ੁਰੂ ਹੋ ਚੁੱਕਾ ਸੀ। ਹੁਣ ਇਹ ਅੰਦੋਲਨ ਅੱਗੇ ਕਿਹੜਾ ਰੁਖ਼ ਅਖ਼ਤਿਆਰ ਕਰੇਗਾ, ਇਹ ਕਹਿਣਾ ਮੁਸ਼ਕਲ ਹੈ। ਸੋਨਮ ਵਾਂਗਚੁਕ ਆਪਣਾ ਵਰਤ ਜਾਰੀ ਰੱਖੇ ਹੋਏ ਹਨ।

ਇਤਿਹਾਸ ਸਾਨੂੰ ਯਾਦ ਦਿਵਾਉਂਦਾ ਹੈ ਕਿ ਜਦੋਂ ਸਾਈਮਨ ਕਮਿਸ਼ਨ ਭਾਰਤ ਆਇਆ ਸੀ ਤਾਂ ਲਾਲਾ ਲਾਜਪਤ ਰਾਏ 'ਤੇ ਬੇਰਹਿਮੀ ਨਾਲ ਲਾਠੀਚਾਰਜ ਕੀਤਾ ਗਿਆ ਸੀ ਅਤੇ ਬਾਅਦ ਵਿੱਚ ਉਹਨਾਂ ਦੀਆਂ ਸੱਟਾਂ ਕਾਰਨ ਮੌਤ ਹੋ ਗਈ ਸੀ। ਬਹੁਤਿਆਂ ਦਾ ਮੰਨਣਾ ਸੀ ਕਿ ਬਰਤਾਨਵੀ ਹਕੂਮਤ ਦੀ ਇਸ ਬੇਰਹਿਮੀ ਨੇ ਉਸ ਦੇ ਰਾਜ ਦੇ ਤਾਬੂਤ ਵਿੱਚ ਆਖ਼ਰੀ ਕਿੱਲ ਠੋਕ ਦਿੱਤੀ ਸੀ। 20 ਜੁਲਾਈ ਦੀਆਂ ਘਟਨਾਵਾਂ ਅਜਿਹੀਆਂ ਇਤਿਹਾਸਕ ਤੁਲਨਾਵਾਂ ਦਰਸਾਉਂਦੀਆਂ ਹਨ। ਕੀ ਇਹ ਵੀ ਉਨ੍ਹਾਂ ਜਿੰਨੀਆਂ ਹੀ ਦੂਰਗਾਮੀ ਸਾਬਤ ਹੋਣਗੀਆਂ, ਇਹ ਸਮਾਂ ਹੀ ਦੱਸੇਗਾ। ਨਾਲ ਹੀ ਇਹ ਵੀ ਸਮਝਣਾ ਜ਼ਰੂਰੀ ਹੈ ਕਿ ਅੱਜ ਸੱਤਾ ਵਿੱਚ ਬੈਠੇ ਲੋਕ ਰਾਜਨੀਤਿਕ ਤੌਰ 'ਤੇ ਬਹੁਤ ਚਤੁਰ ਹਨ, ਕਥਾਵਾਂ ਨੂੰ ਆਪਣੇ ਹੱਕ ਵਿੱਚ ਗੜ੍ਹਨ ਵਿੱਚ ਨਿਪੁੰਨ ਹਨ ਅਤੇ ਅਜਿਹੀਆਂ ਸੰਸਥਾਵਾਂ ਦਾ ਸਹਾਰਾ ਰੱਖਦੇ ਹਨ, ਜੋ ਗਲਤ ਜਾਣਕਾਰੀ ਫੈਲਾਉਣ ਅਤੇ ਤੱਥਾਂ ਨੂੰ ਤੋੜ-ਮਰੋੜ ਕੇ ਪੇਸ਼ ਕਰਨ ਦੀ ਸਮਰੱਥਾ ਰੱਖਦੀਆਂ ਹਨ। ਇਸ ਲਈ ਚੌਕਸੀ ਬਰਕਰਾਰ ਰੱਖਣਾ ਬਹੁਤ ਜ਼ਰੂਰੀ ਹੈ।

ਜਦੋਂ ਵੀ ਧਰਮਨਿਰਪੱਖਤਾ, ਲੋਕਤੰਤਰ, ਜਾਤੀ-ਅਧਾਰਤ ਭੇਦਭਾਵ ਅਤੇ ਸਮਾਜਿਕ ਉੱਚ-ਨੀਚ ਦੇ ਖ਼ਾਤਮੇ ਜਾਂ ਲਿੰਗ ਸਮਾਨਤਾ ਵਰਗੇ ਸਵਾਲ ਉਠਾਏ ਜਾਂਦੇ ਹਨ ਤਾਂ ਸਰਕਾਰ ਬੇਚੈਨ ਦਿਖਾਈ ਦਿੰਦੀ ਹੈ। ਮੌਜੂਦਾ ਵਿਦਿਆਰਥੀ ਅੰਦੋਲਨ ਨੇ ਸੰਵਿਧਾਨ ਵਿੱਚ ਦਰਜ ਇਨ੍ਹਾਂ ਮੁੱਲਾਂ ਦੀ ਸਦੀਵੀ ਪ੍ਰਸੰਗਿਕਤਾ ਨੂੰ ਮੁੜ ਸਾਬਤ ਕੀਤਾ ਹੈ। ਵੱਖ-ਵੱਖ ਖੇਤਰਾਂ, ਧਰਮਾਂ, ਜਾਤੀਆਂ ਅਤੇ ਸਮਾਜਿਕ ਪਿਛੋਕੜਾਂ ਤੋਂ ਆਏ ਵਿਦਿਆਰਥੀਆਂ ਵੱਲੋਂ ਦਿਖਾਈ ਗਈ ਇਕਜੁੱਟਤਾ ਉਸ ਭਾਰਤ ਦੀ ਝਲਕ ਪੇਸ਼ ਕਰਦੀ ਹੈ, ਜਿਸ ਦਾ ਨਿਰਮਾਣ ਬਹੁਤ ਸਾਰੇ ਲੋਕ ਕਰਨਾ ਚਾਹੁੰਦੇ ਹਨ-ਇੱਕ ਅਜਿਹਾ ਭਾਰਤ ਜੋ ਝੂਠ, ਨਫ਼ਰਤ ਅਤੇ ਵੰਡ ਦੇ ਵਿਰੁੱਧ ਇਕੱਠਾ ਖੜ੍ਹਾ ਹੋਵੇ।

ਹੁਣ ਇਸ ਅੰਦੋਲਨ ਨੂੰ ਸਿੱਖਿਆ ਨੀਤੀ, ਅਕਾਦਮਿਕ ਇਮਾਨਦਾਰੀ ਅਤੇ ਵਿਦਿਆਰਥੀਆਂ ਦੇ ਅਧਿਕਾਰਾਂ ਬਾਰੇ ਰਾਸ਼ਟਰੀ ਚਰਚਾ ਨੂੰ ਹੋਰ ਡੂੰਘਾ ਕਰਨਾ ਚਾਹੀਦਾ ਹੈ। ਇਹ ਵਿਚਾਰ-ਵਟਾਂਦਰਾ ਦੇਸ਼ ਦੇ ਹਰ ਸਕੂਲ, ਕਾਲਜ ਅਤੇ ਯੂਨੀਵਰਸਿਟੀ ਤੱਕ ਪਹੁੰਚਣਾ ਚਾਹੀਦਾ ਹੈ, ਕਿਉਂਕਿ ਇੱਕ ਗੱਲ ਹੁਣ ਬਿਲਕੁਲ ਸਪੱਸ਼ਟ ਹੋ ਚੁੱਕੀ ਹੈ: ਅੱਜ ਦੇ ਵਿਦਿਆਰਥੀ ਸਿਰਫ਼ ਸੁਣਨ ਲਈ ਹੀ ਨਹੀਂ, ਸਗੋਂ ਸੋਚਣ, ਸੰਗਠਿਤ ਹੋਣ ਅਤੇ ਕਾਰਵਾਈ ਕਰਨ ਲਈ ਵੀ ਤਿਆਰ ਹਨ।

# ਸੰਪਰਕ : 94170-00360

# ਨੀਮ-ਹਕੀਮ ਖ਼ਤਰਾ-ਏ-ਜਾਨ

ਇੱਕ ਕਹਾਵਤ ਹੈ, 'ਜਿੰਨੇ ਮੂੰਹ ਓਨੀਆਂ ਗੱਲਾਂ।' ਇਸ ਨੂੰ ਬਾਖ਼ੂਬੀ ਸਿੱਧ ਕਰ ਦਿਖਾਇਆ ਹੈ ਸੋਸ਼ਲ ਮੀਡੀਆ ਨੇ, ਜਿੱਥੇ ਹਰ ਕੋਈ ਡਾਕਟਰ, ਹਕੀਮ, ਖਾਧ-ਖੁਰਾਕ ਮਾਹਰ, ਸਿਹਤ ਚਿਕਿਤਸਕ ਤੇ ਇਲਾਜ ਵਿਗਿਆਨੀ ਬਣਿਆ ਬੈਠਾ ਹੈ।

ਅਖ਼ਬਾਰਾਂ ਵਿੱਚ ਕਦੀ-ਕਦਾਈਂ ਛਪਦੇ ਸਿਹਤ ਪੰਨੇ 'ਤੇ ਸਿਹਤ ਨਾਲ ਜੁੜੀ ਜਾਣਕਾਰੀ ਛਪਦੀ ਸੀ/ਹੈ, ਜੋ ਕਿ ਕਿਸੇ ਮਸ਼ਹੂਰ ਚਿਕਿਤਸਕ ਜਾਂ ਡਾਕਟਰ ਵੱਲੋਂ ਸਾਂਝੀ ਕੀਤੀ ਹੁੰਦੀ ਸੀ/ਹੈ ਜਾਂ ਫਿਰ ਚਿਹਰੇ ਦੀ ਸੁੰਦਰਤਾ ਨਾਲ ਸੰਬੰਧਤ ਹਲਕੇ-ਫੁਲਕੇ ਟੋਟਕੇ ਛਪੇ ਹੁੰਦੇ ਸਨ/ਹਨ, ਪਰ ਹੁਣ ਤੁਸੀਂ ਫੇਸਬੁਕ, ਇੰਸਟਾਗ੍ਰਾਮ ਜਾਂ ਇਹੋ ਜਿਹੀ ਕੋਈ ਹੋਰ ਸੋਸ਼ਲ ਸਾਈਟ ਖੋਲ੍ਹੋ ਤਾਂ ਸਹੀ, ਧੜਾਧੜ ਸਿਹਤ ਨਾਲ ਸੰਬੰਧਤ ਪੋਸਟਾਂ ਤੇ ਰੀਲ੍ਹਾਂ ਦਿਖਾਈ ਦੇਣ ਲਗਦੀਆਂ ਨੇ, ਜਿਹਨੂੰ ਦੇਖੋ ਉਹੀ ਆਪੋ ਆਪਣਾ ਪੇਜ਼/ਚੈਨਲ ਬਣਾ ਕੇ ਸਲਾਹਾਂ ਦੇਣ ਲੱਗਿਆ ਹੈ। ਸੋਹਣੀ ਜਿਹੀ ਕੁੜੀ ਮੂਹਰੇ ਬਿਠਾ ਕੇ ਵਿੰਗੇ-ਟੇਢੇ ਸਵਾਲ-ਜਵਾਬ ਕਰਦੇ ਨੇ, ਜਿਸ ਨੂੰ ਪੌਡਕਾਸਟ ਦਾ ਨਾਂਅ ਦਿੱਤਾ ਜਾਂਦਾ ਹੈ। ਉੱਤੋਂ ਗੱਲਬਾਤ ਦਾ ਢੰਗ ਵੀ ਬੇਸ਼ਰਮੀ ਭਰਿਆ। ਕਈਆਂ ਦੀ ਤਾਂ ਸ਼ਬਦਾਵਲੀ ਵੀ ਇਹੋ ਜਿਹੀ ਹੁੰਦੀ ਹੈ ਕਿ ਤੁਹਾਨੂੰ 'ਕੱਲੇ ਸੁਣਦਿਆਂ/ਵੇਖਦਿਆਂ ਨੂੰ ਸੰਗ ਮਹਿਸੂਸ ਹੁੰਦੀ ਹੈ, ਪਰ ਉਨ੍ਹਾਂ ਨੂੰ ਬੋਲਦਿਆਂ ਸ਼ਰਮ ਨਹੀਂ ਆਉਂਦੀ। ਬਿਮਾਰੀਆਂ ਦੇ ਐਸੇ-ਐਸੇ ਲੱਛਣ ਦੱਸਣਗੇ ਕਿ ਚੰਗਾ-ਭਲਾ ਬੰਦਾ ਵੀ ਖੁਦ ਨੂੰ ਬਿਮਾਰ ਜਾਂ ਰੋਗੀ ਸਮਝਣ ਲੱਗ ਜਾਂਦਾ ਹੈ। ਉਸ ਤੋਂ ਬਾਅਦ ਆਪਣੀਆਂ ਦਵਾਈਆਂ, ਨੁਸਖ਼ਿਆਂ ਤੇ ਟੋਟਕਿਆਂ ਦੀਆਂ ਸਿਫਤਾਂ ਦੇ ਅਜਿਹੇ ਪੁਲ ਬੰਨ੍ਹਦੇ ਹਨ ਕਿ ਪਲਾਂ ਵਿੱਚ ਹੀ ਤੁਹਾਨੂੰ ਘੋੜੇ ਜਿਹਾ ਤਾਕਤਵਰ ਅਤੇ ਚੀਤੇ ਜਿਹਾ ਫੁਰਤੀਲਾ ਬਣਾ ਕੇ ਰੱਖ ਦਿੰਦੇ ਨੇ, ਜਦ ਕਿ ਅਸਲ ਵਿੱਚ ਇਹਨਾਂ ਲੋਕਾਂ ਕੋਲ ਕੋਈ ਪੁਖ਼ਤਾ ਵਿਗਿਆਨਕ ਜਾਣਕਾਰੀ ਹੁੰਦੀ ਹੀ ਨਹੀਂ।

ਇਨ੍ਹਾਂ ਲੋਕਾਂ ਦਾ ਮਗਰ ਲਾਉਣ ਦਾ ਸੌਖਾ ਢੰਗ ਦੇਖੋ, ਬਹੁਤਿਆਂ ਦਾ ਤਾਂ ਵਿਸ਼ਾ ਹੀ ਇਹ ਹੁੰਦਾ ਹੈ ਕਿ ਖਾਲ਼ੀ ਪੇਟ ਕੀ ਖਾਣਾ ਚਾਹੀਦਾ ਹੈ ਜਾਂ ਕੀ ਬਿਲਕੁਲ ਵੀ ਨਹੀਂ ਖਾਣਾ? ਕੋਈ ਕਹਿੰਦਾ ਆਹ ਖਾਓ ਕੋਈ ਕਹਿੰਦਾ ਓਹ ਖਾਓ। ਕਿਸੇ ਨੂੰ ਮਾਂਹ ਬਾਦੀ ਤੇ ਕਿਸੇ ਨੂੰ ਸੁਆਦੀ ਕਹਾਵਤ ਹੀ ਫੇਲ੍ਹ ਕਰ ਰੱਖੀ ਹੈ ਇਹਨਾਂ ਆਪੂੰ ਬਣੇ ਵਿਦਵਾਨਾਂ ਨੇ। ਕੋਈ ਪੁੱਛੇ, ਉਹ ਭਲਿਓਮਾਣਸੋ ਸਾਡੇ ਸਰੀਰ ਵਿੱਚ ਅੱਠ ਤਰਾਂ ਦੇ ਮੁੱਢਲੇ ਬਲੱਡ ਗਰੁੱਪ ਨੇ, ਜੋ ਅੱਗੋਂ ਤਬਦੀਲ (ਕੰਪਲੈਕਸ) ਹੋ ਕੇ 330 ਤਰ੍ਹਾਂ ਦੇ ਬਣ ਜਾਂਦੇ ਨੇ। ਕਿਸੇ ਦਾ ਕੋਈ ਖ਼ੂਨ ਦਾ ਗਰੁੱਪ ਹੈ ਅਤੇ ਕਿਸੇ ਦਾ ਕੋਈ, ਕਿਸੇ ਵਿੱਚ ਜ਼ਿਆਦਾ ਮਾਤਰਾ ਅਤੇ ਕਿਸੇ ਵਿੱਚ ਘੱਟ, ਕਿਸੇ ਦੀ ਉਮਰ ਘੱਟ ਅਤੇ ਕਿਸੇ ਦੀ ਵੱਧ, ਕਿਸੇ ਦਾ ਸਰੀਰ ਮਾੜਾ ਅਤੇ ਕਿਸੇ ਦਾ ਤਕੜਾ, ਕੋਈ ਜਿਆਦਾ ਮਿਹਨਤੀ ਅਤੇ ਕੋਈ ਜਮਾਂ ਨਿਕੰਮਾ ਜਾਂ ਵਿਹਲਾ, ਕਿਸੇ ਦੀ ਪਾਚਨ ਕਿਰਿਆ ਤੇਜ਼ ਅਤੇ ਕਿਸੇ ਦੀ ਹੌਲੀ। ਕੋਈ ਗਰਮ ਦੇਸ਼ ਦਾ ਵਾਸੀ, ਕੋਈ ਠੰਢ ਵਿੱਚ ਰਹਿਣ ਵਾਲਾ। ਕੋਈ ਪਹਾੜਾਂ ਦਾ ਵਸਨੀਕ ਅਤੇ ਕੋਈ ਸਮੁੰਦਰ ਕੰਢੇ ਦਾ ਵਾਸੀ। ਔਰਤਾਂ ਦੇ ਰੋਗ ਹੋਰ ਅਤੇ ਮਰਦਾਂ ਦੇ ਹੋਰ। ਗੱਲ ਕੀ ਕਿਸੇ ਨੂੰ ਕੋਈ ਬਿਮਾਰੀ ਅਤੇ ਕਿਸੇ ਨੂੰ ਕੋਈ। ਉਸੇ ਹਿਸਾਬ ਨਾਲ ਖਾਧੀ ਚੀਜ਼ ਮਾਫ਼ਿਕ ਬੈਠਦੀ ਹੈ ਜਾਂ ਫਿਰ ਵਿਗਾੜ ਕਰਦੀ ਹੈ, ਪਰ ਤੁਹਾਡੇ ਲਈ ਸਭ ਮੱਝ, ਭੇਡ ਸਭ ਇੱਕੋ ਜਿਹੀ। ਉਪਰੋਂ ਉਹੋ ਜਿਹੇ ਅਸੀਂ। ਕੋਈ ਕਹਿ ਦੇਵੇ ਕਿ ਫਲਾਣੀ ਚੀਜ਼ ਨੂੰ ਕੱਚਾ ਖਾਓ ਜਾਂ ਜਾਲ ਕੇ, ਸੁਆਹ ਬਣਾ ਕੇ ਖਾਓ, ਝੱਟ ਤਿਆਰ ਹੋ ਜਾਂਦੇ ਹਾਂ।ਇਸ ਤੋਂ ਇਲਾਵਾ ਸਾਡੇ ਸਰੀਰ ਦੇ ਤਿੰਨ ਪ੍ਰਮੁੱਖ ਦੋਸ਼ ਹਨ ਕਫ, ਪਿੱਤ ਤੇ ਵਾਤ ਦੋਸ਼। ਇਹਨਾਂ ਦੇ ਹਿਸਾਬ ਨਾਲ ਹੀ ਸਾਡੀ ਤਸੀਰ ਬਣਦੀ ਹੈ ਤੇ ਸਾਡਾ ਸਰੀਰ ਭੋਜਨ ਗ੍ਰਹਿਣ ਕਰਦਾ ਹੈ, ਹਜ਼ਮ ਕਰਦਾ ਹੈ ਤੇ ਨਤੀਜੇ ਦਿੰਦਾ ਹੈ। ਮੋਟੇ ਤੌਰ ਤੇ ਜਾਣੀਏ ਤਾਂ ਕਫ਼ ਰੋਗ 28 ਬਿਮਾਰੀਆਂ ਦੀ ਜੜ੍ਹ, ਪਿੱਤ ਰੋਗ 50 ਰੋਗਾਂ ਲਈ ਜ਼ਿੰਮੇਵਾਰ ਅਤੇ ਵਾਤ ਦੋਸ਼ 80 ਬਿਮਾਰੀਆਂ ਦਾ ਜਨਮਦਾਤਾ। ਪੁਰਾਣਾ ਸਮਾਂ ਯਾਦ ਕਰੋ, ਜਦੋਂ ਬਲੱਡ ਗਰੁੱਪਾਂ ਬਾਰੇ ਪੁਖ਼ਤਾ ਜਾਣਕਾਰੀ ਨਹੀਂ ਸੀ ਤਾਂ ਹਕੀਮ ਕਰੂਲ਼ੇ (ਪਿਸ਼ਾਬ, ਮੂਤਰ) ਦਾ ਰੰਗ ਦੇਖ ਕੇ ਜਾਂ ਥੁੱਕ, ਮਲ ਦੇਖ ਕੇ ਉਪਚਾਰ ਕਰਦੇ ਸਨ ਤੇ ਹੁਣ ਮਾਹਰ ਡਾਕਟਰ ਘੱਟੋ-ਘੱਟ ਛੱਤੀ ਤਰਾਂ ਦੀਆਂ ਲੈਬ ਰਿਪੋਰਟਾਂ ਦੇਖ ਕੇ ਦਵਾਈ ਦਿੰਦੇ ਨੇ; ਤੁਸੀਂ ਕੀ ਉਨ੍ਹਾਂ ਤੋਂ ਵੀ ਉਪਰ ਹੋ ਗਏ? ਸਿਆਣਿਆਂ ਐਵੇਂ ਤਾਂ ਨਹੀਂ ਕਿਹਾ- 'ਨੀਮ-ਹਕੀਮ ਖ਼ਤਰਾ-ਏ-ਜਾਨ।' ਇਨ੍ਹਾਂ ਅਣਜਾਣ ਵੈਦਾਂ ਦੀ ਗਲਤ ਸਲਾਹ ਕਈ ਵਾਰ ਲੋਕਾਂ ਲਈ ਖਤਰਨਾਕ ਸਾਬਤ ਹੋ ਸਕਦੀ ਹੈ 'ਬਿਮਾਰੀ ਵਧ ਸਕਦੀ ਹੈ ਜਾਂ ਗਲਤ ਇਲਾਜ ਨਾਲ ਨੁਕਸਾਨ ਹੋ ਸਕਦਾ ਹੈ। ਇਹ ਆਪੂੰ ਬਣੇ 'ਵੈਦ' ਇੱਕ-ਦੂਜੇ ਦੇ ਮਗਰ ਲੱਗ ਕੇ ਕਹੀ ਜਾਂਦੇ ਨੇ ਕਿ ਸਾਨੂੰ ਖੜੇ ਹੋ ਕੇ ਪਾਣੀ ਨਹੀਂ ਪੀਣਾ ਚਾਹੀਦਾ ਤੇ ਇਸ ਪਿੱਛੇ ਤਰਕ ਇਹ ਦਿੱਤਾ ਜਾਂਦਾ ਹੈ ਕਿ ਇਸ ਤਰਾਂ ਕਰਨ ਨਾਲ ਪਾਣੀ ਗੋਡਿਆਂ ਵਿੱਚ ਪਹੁੰਚ ਜਾਂਦਾ ਹੈ।



ਗੁਰਜਿੰਦਰ ਸਿੰਘ ਸਾਹਦੜਾ

ਕੋਈ ਪੁੱਛੇ ਕਿ ਦੱਸੋ ਸਾਡੇ ਸਰੀਰ ਵਿੱਚ ਅਜਿਹਾ ਕਿਹੜਾ ਪਾਈਪ ਜਾਂ ਨਾਲੀ ਲੱਗੀ ਹੈ, ਜੋ ਨਾਨ ਸਟਾਪ ਬੱਸ ਦੀ ਤਰਾਂ ਬਿਨਾਂ ਰਸਤੇ ਵਿੱਚ ਰੁਕੇ ਪਾਣੀ ਨੂੰ ਸਿੱਧਾ ਮੂੰਹ ਤੋਂ ਗੋਡਿਆਂ ਤੱਕ ਲੈ ਜਾਂਦੀ ਹੈ। ਇੱਕ ਕਹਿੰਦਾ ਸੱਤ-ਅੱਠ ਲੀਟਰ ਪਾਣੀ ਪੀਓ। ਕੋਈ ਪੁੱਛੇ ਅੰਦਰ ਝੋਨਾ ਲਾ ਰੱਖਿਆ ਹੈ? ਮੌਸਮ ਦੇ ਅਨੁਕੂਲ, ਜਿੰਨੀ ਲੋੜ ਹੈ, ਸਰੀਰ ਨੇ ਆਪ ਹੀ ਮੰਗ ਲੈਣਾ। ਨਿਰਭਰ ਤੁਹਾਡੇ 'ਤੇ ਹੈ, ਪਿਆਸ ਲੱਗੀ ਤੋਂ ਪੀਣਾ ਹੈ ਜਾਂ ਟਾਲਣਾ।ਨਿੱਜੀ ਤਜਰਬੇ ਦੀ ਗੱਲ ਕਰਾਂ ਤਾਂ ਵੀਹ-ਪੱਚੀ ਸਾਲ ਪਹਿਲਾਂ ਇਹੋ ਜਿਹਾ ਲਿਖਿਆ ਕਿਤੇ ਪੜ੍ਹ ਲਿਆ ਅਤੇ ਨਿਰਣੇ ਕਾਲਜੇ ਯਾਨਿ ਕਿ ਖਾਲੀ ਪੇਟ ਟਮਾਟਰ ਨੂੰ ਸੇਂਧਾ ਲੂਣ ਪਾ ਕੇ ਖਾਣਾ ਸ਼ੁਰੂ ਕਰ ਦਿੱਤਾ। ਨਤੀਜਾ ਯੂਰਿਕ ਐਸਿਡ ਵਧਣ ਲੱਗ ਗਿਆ। ਪਹਿਲਾਂ ਤਾਂ ਕਾਰਨ ਹੀ ਸਮਝ ਵਿੱਚ ਨਾ ਆਇਆ ਤੇ ਫਿਰ ਬੜੀ ਮੁਸ਼ਕਲ ਨਾਲ ਬਿਮਾਰੀ 'ਤੇ ਕਾਬੂ ਪਾ ਹੋਇਆ।

ਇਵੇਂ ਹੀ ਦੋ-ਤਿੰਨ ਕੁ ਸਾਲ ਪਹਿਲਾਂ ਕਿਸੇ ਨੀਮ-ਹਕੀਮ ਦਾ ਟੋਟਕਾ ਪੜ੍ਹ ਲਿਆ ਕਿ ਸਰੀਰ ਨੂੰ ਡੀਟੌਕਸ ਕਰਨ ਲਈ ਰਾਤ ਨੂੰ ਖੀਰੇ ਦੇ ਕੁਝ ਟੁਕੜੇ, ਨਿੰਬੂ, ਅਦਰਕ ਤੇ ਪੁਦੀਨੇ ਸਮੇਤ ਪਾਣੀ ਵਿੱਚ ਭਿਉਂ ਦਿਓ ਅਤੇ ਸਵੇਰੇ ਉਹ ਪਾਣੀ ਪੀਓ। ਯਕੀਨ ਮੰਨਿਓ ਸਰੀਰ ਹੀ ਜੁੜ ਗਿਆ। (ਮੇਰੀ ਤਾਸੀਰ ਵਾਤ ਹੈ)। ਕਿਸੇ ਹੋਰ ਸਿਆਣੇ ਨਾਲ ਮਸ਼ਵਰਾ ਸਾਂਝਾ ਕਰਿਆ ਤਾਂ ਉਹ ਕਹਿੰਦਾ-ਭਲਿਆ ਭਾਦਸਾ! ਖੀਰਾ ਤਾਂ ਪਹਿਲਾਂ ਹੀ ਬਾਏ (ਬਾਅ) ਦਾ ਘਰ ਹੁੰਦਾ ਤੇ ਤੂੰ ਰਾਤ ਭਰ ਭਿਉਂ ਕੇ ਹੋਰ ਵਾ ਬਾਦਲਾ ਕਰ ਲਿਆ। ਮੁੜ ਕੇ ਖੀਰੇ ਖਾਣ ਦਾ ਖਹਿੜਾ ਹੀ ਛੱਡ ਦਿੱਤਾ ਤੇ ਬਿਲਕੁਲ ਸਹੀ ਹੋ ਗਿਆ।ਨਾਲੇ ਹੁਣ ਵਾਲੇ ਖੀਰੇ ਤਾਂ ਹੈ ਈ ਬਾਅ। ਯਾਦ ਆਉਂਦਾ ਹੈ, ਛੋਟੇ ਹੁੰਦਿਆਂ ਖੀਰਾ ਖਾਣ ਤੋਂ ਪਹਿਲਾਂ ਡੰਡੀ (ਸਿਰ) ਵਾਲੇ ਪਾਸਿਓਂ ਕੱਟ ਕੇ ਦੋ-ਚਾਰ ਮਿੰਟ ਧੜ ਉੱਤੇ ਮਲਣਾ। ਜਦੋਂ ਸਾਰੀ ਕੁੜੱਤਣ ਅਤੇ ਜ਼ਹਿਰ ਨਿਕਲ ਜਾਣੀ, ਫਿਰ ਟੁਕੜੇ ਕਰ ਕੇ ਖਾਣ ਲਈ ਪਲੇਟ ਵਿੱਚ ਸਜਾਉਣਾ। ਹੁਣ ਤਾਂ ਕੁੜੱਤਣ ਇੱਕ ਪਾਸੇ, ਬੀਜ ਵੀ ਨਹੀਂ ਰਹੇ ਖੀਰਿਆਂ ਵਿੱਚ। ਨਿਰੇ ਬਾਅ। ਵਾਤ ਦੋਸ਼ ਵਾਲਿਆਂ ਲਈ ਤਾਂ ਸੁਧੀ ਜ਼ਹਿਰ।ਹਾਂ, ਕੁਝ ਗੱਲਾਂ ਤਰਕ-ਸੰਗਤ ਜ਼ਰੂਰ ਹਨ। ਦਹੀਂ ਸਵੇਰੇ ਜਾਂ ਦੁਪਹਿਰੇ ਖਾਣਾ ਮਤਲਬ ਤਾਜ਼ਾ ਖਾਣਾ ਤੇ ਬੈਕਟੀਰੀਆ ਫੈਲਣ ਤੋਂ ਪਹਿਲਾਂ ਖਾਣਾ। ਕੇਲਾ ਦੁਪਹਿਰ ਵੇਲੇ ਖਾਣ ਦਾ ਮਤਲਬ ਹੈ, ਓਦੋਂ ਮੌਸਮ ਵਿੱਚ ਗਰਮੀ ਹੁੰਦੀ ਹੈ ਤੇ ਕਫ਼ ਦਾ ਕਾਰਨ ਨਹੀਂ ਬਣਦਾ, ਜਦ ਕਿ ਰਾਤ ਨੂੰ ਕੇਲਾ ਖਾਧਾ ਰੇਸ਼ਾ ਕਰਦਾ ਹੈ ਤੇ ਰੇਸ਼ਾ ਜਾਂ ਜ਼ੁਕਾਮ ਦੌਰਾਨ ਦੁੱਧ ਪੀਣ ਦਾ ਮਤਲਬ ਹੈ ਮੁਸੀਬਤ ਨੂੰ ਹੋਰ ਵਧਾਉਣਾ। ਮੌਸਮੀ ਫਲ ਤੇ ਸਬਜ਼ੀਆਂ ਖਾਣਾ ਹਮੇਸ਼ਾ ਸਹੀ ਹੁੰਦਾ ਹੈ, ਜਦ ਕਿ ਬੇਮੌਸਮੀ ਚੀਜ਼ ਹਮੇਸ਼ਾ ਵਿਗਾੜ ਹੀ ਕਰਦੀ ਹੈ। ਇਸ ਤੋਂ ਇਲਾਵਾ ਜਿਵੇਂ ਕਿ ਸਿਆਣਿਆਂ ਦਾ ਨਚੋੜ ਹੈ, ਸਵੇਰ ਵੇਲੇ ਰਾਜੇ ਦੀ ਤਰ੍ਹਾਂ ਖਾਣਾ ਚਾਹੀਦਾ ਹੈ, ਦੁਪਹਿਰ ਵੇਲੇ ਰਾਜਕੁਮਾਰ ਦੀ ਤਰ੍ਹਾਂ ਅਤੇ ਰਾਤ ਨੂੰ ਭਿਖਾਰੀ ਦੀ ਤਰਾਂ।ਮਤਲਬ ਕਿ ਸਵੇਰ ਨੂੰ ਚੰਗੀ ਤਰਾਂ ਢਿੱਡ ਭਰ ਕੇ ਖਾਓ, ਦੁਪਹਿਰ ਨੂੰ ਅੱਧਾ ਢਿੱਡ ਭਰ ਕੇ ਅਤੇ ਰਾਤ ਨੂੰ ਬਹੁਤ ਘੱਟ ਸਿਰਫ ਗੁਜ਼ਾਰੇ ਜੋਗਾ। ਬਾਕੀ ਨਿਰਭਰ ਕਰਦਾ ਹੈ ਤੁਹਾਡੇ ਕੰਮ-ਕਾਰ ਅਤੇ ਸਿਹਤ 'ਤੇ।

ਵੈਸੇ ਸਾਡੇ ਗੁਆਂਢੀ ਮੁਲਕ ਚੀਨ ਨੇ ਇਸ ਮਾਮਲੇ ਵਿੱਚ ਪਹਿਲਕਦਮੀ ਕਰਦੇ ਹੋਏ ਸਿਰਫ਼ ਵਿਊਜ਼ 'ਤੇ ਪੈਸੇ ਕਮਾਉਣ ਲਈ ਗਲਤ ਜਾਂ ਅਧੂਰੀ ਜਾਣਕਾਰੀ ਦੇ ਰਹੇ ਅਜਿਹੇ ਲੋਕਾਂ ਦੀ ਵਜ੍ਹਾ ਨਾਲ ਹੋਰ ਆਮ ਲੋਕਾਂ ਦੀ ਸਿਹਤ ਨਾਲ ਹੋ ਰਹੇ ਖਿਲਵਾੜ ਨੂੰ ਦੇਖਦੇ ਹੋਏ ਇੱਕ ਸਖ਼ਤ ਕਾਨੂੰਨ ਲਾਗੂ ਕੀਤਾ ਹੈ, ਜਿਸ ਦੇ ਤਹਿਤ ਹੁਣ ਕੋਈ ਵੀ ਵਿਅਕਤੀ ਬਿਨ੍ਹਾਂ ਮੈਡੀਕਲ ਡਿਗਰੀ ਜਾਂ ਪ੍ਰਮਾਣਿਤ ਯੋਗਤਾ ਦੇ ਸੋਸ਼ਲ ਮੀਡੀਆ 'ਤੇ ਸਿਹਤ ਸੰਬੰਧੀ ਸਲਾਹ ਨਹੀਂ ਦੇ ਸਕਦਾ, ਜਿਸ ਦਾ ਸਾਫ਼ ਮਕਸਦ ਹੈ ਕਿ ਲੋਕਾਂ ਦੀ ਸਿਹਤ ਦੀ ਰੱਖਿਆ ਕਰਨੀ ਅਤੇ ਫੇਕ ਮੈਡੀਕਲ ਕਨਟੈਂਟ 'ਤੇ ਰੋਕ ਲਗਾਉਣੀ।


# ਸੰਪਰਕ : 98153-02341

# ਲੁਕਵੀਂ ਰਾਜ-ਸੱਤਾ ਦੀ ਉਪਜ ਸੀ ਪੰਜਾਬ ਦਾ ਕਾਲਾ ਦੌਰ

ਇਹ ਬਹਿਸ ਫਜ਼ੂਲ ਹੈ ਕਿ 1980-90 ਦੇ ਕਾਲੇ ਦੌਰ ਦੇ ਵੱਡੇ ਦੋਸ਼ੀ ਪੁਲਸ ਹੈ ਜਾਂ ਖਾੜਕੂ ਧਿਰ।ਅਸਲ ਵਿੱਚ ਉਸ ਦੌਰ ਨੂੰ ਪੂਰਨ ਤੌਰ 'ਤੇ ਵੱਡੇ ਸਿਆਸੀ ਹਿਤਾਂ ਦੀ ਪੂਰਤੀ ਲਈ ਲੁਕਵੀਂ ਰਾਜ-ਸੱਤਾ ਵੱਲੋਂ ਚਲਾਇਆ ਗਿਆ ਸੀ।ਮੈਂ ਇਸ ਬਾਬਤ ਆਪਣੀ ਹੱਡਬੀਤੀ ਸਾਂਝੀ ਕਰ ਰਿਹਾ ਹਾਂ।

ਬਲਿਊ ਸਟਾਰ ਤੋਂ ਬਾਅਦ ਭਾਰਤੀ ਰਾਜ-ਸੱਤਾ ਵੱਲੋਂ ਪੰਜਾਬ ਨੂੰ ਗੜਬੜ ਵਾਲਾ ਇਲਾਕਾ ਘੋਸ਼ਿਤ ਕਰਕੇ ਓਪਰੇਸ਼ਨ ਵੁਡਰੋਜ਼ ਸ਼ੁਰੂ ਕਰ ਦਿੱਤਾ ਗਿਆ ਸੀ। ਇਸ ਅਪਰੇਸ਼ਨ ਤਹਿਤ ਪਿੰਡ-ਪਿੰਡ ਵਿੱਚ ਫੌਜ ਬਿਠਾ ਦਿਤੀ ਗਈ, ਫੌਜ ਸਵੇਰ ਸਾਰ ਪਿੰਡਾਂ ਨੂੰ ਘੇਰ ਕਿ ਘਰ-ਘਰ ਤਲਾਸ਼ੀ ਲੈਂਦੀ ਅਤੇ ਸਾਰੇ ਪਿੰਡ ਦੇ ਲੋਕਾਂ ਨੂੰ ਇਕ ਜਗ੍ਹਾ ਇਕੱਤਰ ਕਰਕੇ ਕੇਸਰੀ ਪੱਗਾਂ ਅਤੇ ਪਰਨਿਆਂ ਵਾਲੇ ਨੌਜਵਾਨਾਂ ਨੂੰ ਵੱਖ ਕਰ ਲਿਆ ਜਾਂਦਾ, ਉਨਾਂ ਨੂੰ ਜਨਤਕ ਤੌਰ 'ਤੇ ਕੁੱਟਮਾਰ ਕਰਨ, ਜ਼ਲੀਲ ਕਰਨ ਅਤੇ ਗ੍ਰਿਫਤਾਰ ਕਰਕੇ ਲੈ ਜਾਣਾ ਫੌਜ ਦਾ ਆਮ ਵਰਤਾਰਾ ਬਣ ਗਿਆ ਸੀ।

ਮੈਂ ਰਾਜਨੀਤਕ ਹਲਕਿਆਂ ਵਿੱਚ ਇੱਕ ਕਮਿਊਨਿਸਟ ਕਾਰਕੁਨ ਵਜੋਂ ਜਾਣਿਆ ਜਾਂਦਾ ਸਾਂ। ਜਦੋਂ ਅਗਸਤ 1984 ਵਿੱਚ ਵੱਖਵਾਦੀਆਂ ਨੇ ਬਟਾਲਾ ਤੋਂ ਗੁਰਦਾਸਪੁਰ ਸੜਕ ਉਪਰ ਪੈਂਦੇ ਛੀਨਾ ਪਿੰਡ ਵਿੱਚ ਬੱਸ 'ਚੋਂ ਕੱਢ ਕੇ ਇਕ ਫਿਰਕੇ ਦੇ 6 ਬੱਸ ਯਾਤਰੀ ਕਤਲ ਕਰ ਦਿੱਤੇ ਸਨ, ਜਿਨ੍ਹਾਂ ਵਿੱਚ ਧਾਰੀਵਾਲ ਸ਼ਹਿਰ ਦਾ ਡਾਕਟਰ ਸ਼ਾਂਤੀ ਵੀ ਸੀ, ਜੋ ਇਸ ਸ਼ਹਿਰ ਵਿੱਚ ਇਕ ਹਰਮਨ-ਪਿਆਰਾ ਡਾਕਟਰ ਸੀ।ਫੌਜ ਨੇ ਛੀਨਾ ਬੱਸ ਕਾਂਡ ਦੇ ਦੋਸ਼ੀਆਂ ਦੀ ਪਛਾਣ ਲਈ ਆਲੇ-ਦੁਆਲੇ ਦੇ ਦਰਜਨਾਂ ਪਿੰਡਾਂ ਦੇ ਚੋਣਵੇਂ ਨੌਜਵਾਨਾ ਨੂੰ ਗ੍ਰਿਫਤਾਰ ਕਰਕੇ ਬਿਆਸ ਦਰਿਆ ਨੇੜੇ ਲਗਦੇ ਆਪਣੇ ਤਿਬੜੀ ਇੰਟੈਰੋਗੇਸ਼ਨ ਸੈਂਟਰ ਵਿੱਚ ਹਰ ਰੋਜ਼ ਲਿਜਾ ਕੇ ਕੋਹਣਾ ਸ਼ੁਰੂ ਕਰ ਦਿਤਾ।ਇਸ ਬਾਬਤ ਫੌਜ ਨੇ 19 ਸਤੰਬਰ ਨੂੰ ਮੇਰੇ ਘਰ ਬਖਤਪੁਰ ਵਿੱਚ ਜਾ ਛਾਪਾ ਮਾਰਿਆ, ਮੈਂ ਉਥੇ ਨਾ ਮਿਲਿਆ, ਕਿਉਂਕਿ ਮੈਂ ਅਕਸਰ ਘਰੋਂ ਬਾਹਰ ਰਹਿੰਦਾ ਸੀ ਤਾਂ 21 ਸਤੰਬਰ ਨੂੰ ਜਦੋਂ ਮੈਂ ਅਤੇ ਗੁਲਜ਼ਾਰ ਸਿੰਘ ਧਾਰੀਵਾਲ ਵੂਲਨ ਮਿੱਲ ਦੇ ਗੇਟ ਸਾਹਮਣੇ ਕਰੀਬ 11 ਵਜੇ ਇਕ ਦੁਕਾਨ 'ਤੇ ਚਾਹ ਪੀ ਰਹੇ ਸਾ ਤਾਂ ਮਿਲਟਰੀ ਅਫਸਰ ਮੇਜਰ ਦਾਸ ਦੀ ਅਗਵਾਈ ਵਿੱਚ 89 ਬ੍ਰਿਗੇਡ ਡਗਰਦਾਸ ਰੈਜੀਮੈਂਟ ਦੀ ਫੌਜੀ ਟੁਕੜੀ ਨੇ ਸਾਨੂੰ ਗ੍ਰਿਫਤਾਰ ਕਰ ਲਿਆ।



ਗੁਰਮੀਤ ਸਿੰਘ ਬਖਤਪੁਰਾ

ਮੈਨੂੰ ਇਹ ਅਜੀਬ ਜਾਂ ਡਰਾਵਣਾ ਨਾ ਲੱਗਿਆ। ਮੈਂ ਸਮਝਦਾ ਸਾਂ ਕਿ ਸਾਨੂੰ ਕਿਸੇ ਗਲਤਫਹਮੀ ਵਿੱਚ ਲਿਆਂਦਾ ਹੋ ਸਕਦਾ ਹੈ ਤੇ ਜਲਦੀ ਛੱਡ ਦਿੱਤਾ ਜਾਵੇਗਾ, ਪਰ ਜਲਦੀ ਹੀ ਸਾਨੂੰ ਵੂਲਨ ਮਿਲ ਦੇ ਰੈਸਟ ਹਾਊਸ ਵਿੱਚ ਲਿਜਾ ਕੇ ਸਾਡੀਆ ਬਾਹਵਾਂ ਪਿਛੇ ਬੰਨ੍ਹ ਦਿੱਤੀਆਂ ਗਈਆ। ਪਹਿਲਾ ਗੌਰਮਿੰਟ ਕਾਲਜ ਗੁਰਦਾਸਪੁਰ ਦੇ ਫੌਜੀ ਕੇਂਦਰ ਵਿੱਚ ਲਿਜਾਇਆ ਗਿਆ ਅਤੇ ਸ਼ਾਮ ਤੱਕ ਸਾਨੂੰ ਬਿਆਸ ਦਰਿਆ ਦੇ ਨਜ਼ਦੀਕ ਮਿਲਟਰੀ ਛਾਉਣੀ ਤਿੱਬੜੀ ਵਿੱਚ ਬਣਾਏ ਗਏ ਫੌਜੀ ਇੰਟੈਰੋਗੇਸ਼ਨ ਸੈਂਟਰ ਲੈ ਗਏ, ਜਿਥੇ ਸਾਨੂੰ ਇਕੱਲੇ-ਇਕੱਲੇ ਕਮਰੇ ਵਿੱਚ ਬੰਦ ਕਰ ਦਿੱਤਾ ਗਿਆ।ਇਥੇ ਹਮੇਸ਼ਾ ਦਿਨ ਅਤੇ ਰਾਤ ਸਮੇਂ ਅੱਖਾਂ ਅਤੇ ਹੱਥ ਬੰਨ੍ਹੇ ਰੱਖੇ ਜਾਂਦੇ, ਜੋ ਕੇਵਲ ਖਾਣੇ ਵੇਲੇ ਹੀ ਖੋਲ੍ਹੇ ਜਾਂਦੇ ਸਨ।ਅਗਲੀ ਸਵੇਰ ਹੀ ਇੰਟੈਰੋਗੇਸ਼ਨ ਸ਼ੁਰੂ ਹੋ ਗਈ।ਹਰ ਰੋਜ਼ ਸਾਰਾ ਦਿਨ ਵੱਖਰੀਆਂ-ਵੱਖਰੀਆਂ ਪੁਜੀਸ਼ਨਾਂ ਵਿੱਚ ਖੜੇ ਕਰਨ, ਉਚੀਆਂ ਨੀਵੀਆਂ ਥਾਵਾਂ ਵਾਲੀ ਜਗ੍ਹਾ 'ਤੇ ਲੰਮੇ ਪਾਉਣਾ, ਇਕ ਲੱਤ 'ਤੇ ਖੜੇ ਰਹਿਣ ਅਤੇ ਜੇਕਰ ਡਿੱਗ ਜਾਣਾ ਤਾਂ ਰਾਈਫਲ ਦੇ ਬੱਟਾਂ, ਡਾਂਗਾ ਅਤੇ ਠੁਡਿਆਂ ਨਾਲ ਕੋਲ ਖੜੇ ਫੌਜੀ ਹਮਲਾ ਕਰਦੇ।ਹਰ ਰੋਜ਼ ਕੁੱਟਮਾਰ ਕਰਨ ਤੋਂ ਬਾਅਦ ਪੁੱਛਗਿੱਛ ਟੀਮ ਮੋਹਰੇ ਲਿਜਾਇਆ ਜਾਂਦਾ ਤੇ ਕਿਹਾ ਜਾਂਦਾ ਕਿ ਤੇਰੇ ਸੰਬੰਧ ਅੱਤਵਾਦੀਆਂ ਨਾਲ ਹਨ, ਤੂੰ ਡਾਕਟਰ ਸ਼ਾਂਤੀ ਦਾ ਕਤਲ ਕੀਤਾ ਹੈ, ਤੂੰ ਭਿੰਡਰਾਂਵਾਲੇ ਅਤੇ ਸੰਤ ਲੌਂਗੋਵਾਲ ਨੂੰ ਮਿਲਦਾ ਰਿਹਾ ਹੈਂ, ਤੇਰੇ ਕੋਲ ਨਜਾਇਜ਼ ਅਸਲਾ ਹੈ।ਇਕ ਦਿਨ ਮੈਨੂੰ ਫੌਜੀ ਡਾਕਟਰ ਸਾਹਮਣੇ ਪੇਸ਼ ਕੀਤਾ ਗਿਆ, ਉਸ ਨੇ ਮੈਨੂੰ ਜਲਾਦਾਂ ਦੀ ਭਾਸ਼ਾ ਵਿੱਚ ਗਾਲੀ-ਗਲੋਚ ਅਤੇ ਸਵਾਲ ਕਰਨੇ ਸ਼ੁਰੂ ਕਰ ਦਿੱਤੇ-ਤੂੰ ਮੁਸਲਮਾਨ ਹੈਂ ਜਾਂ ਸਿਖ, ਤੈਨੂੰ ਮੇਰੇ ਸਾਹਮਣੇ ਠੀਕ-ਠੀਕ ਬੋਲਣਾ ਪਵੇਗਾ, ਜੇਕਰ ਤੂੰ ਸੱਚ ਨੂੰ ਲੁਕਾਉਣ ਦੀ ਕੋਸ਼ਿਸ਼ ਕੀਤੀ ਤਾਂ ਤੈਨੂੰ ਬਿਆਸ ਦਰਿਆ ਦੇ ਕੰਢੇ ਲਿਜਾ ਕੇ ਮਾਰ-ਮੁਕਾ ਦਿੱਤਾ ਜਾਵੇਗਾ।ਉਸ ਨੇ ਆਪਣੀ ਗੱਲ ਮਨਾਉਣ ਲਈ ਆਪਣੀ ਹਾਜ਼ਰੀ ਵਿਚ ਇੰਟੈਰੋਗੇਸ਼ਨ ਕਰਵਾਈ ਅਤੇ ਖੁਦ ਕੁੱਟ ਕੇ ਆਪਣਾ ਗੁੱਸਾ ਠੰਢਾ ਕੀਤਾ।

ਇਕ ਦਿਨ ਮੇਰੇ ਕਮਰੇ ਵਿੱਚ 14-15 ਸਾਲ ਦੇ ਕੁਝ ਨੌਜਵਾਨ ਲਿਆ ਕੇ ਬੰਦ ਕਰ ਦਿੱਤੇ,ਤਾਂ ਕਮਰੇ ਅੱਗੇ ਸ਼ਾਮੀਂ 9 ਵਜੇ ਖੜਾ ਸੰਤਰੀ ਨੇ ਕਮਰੇ ਅੰਦਰ ਆ ਕੇ ਉਨ੍ਹਾਂ ਨੂੰ ਬੱਟਾਂ ਅਤੇ ਠੁੱਡਿਆਂ ਨਾਲ ਕੁੱਟਣ ਦਾ ਮਜ਼ਾ ਲੈਣ ਲੱਗਾ ਤਾਂ ਮੈਂ ਉਸ ਦਾ ਸਖਤ ਸ਼ਬਦਾਂ ਵਿਚ ਵਿਰੋਧ ਕੀਤਾ ਤਾਂ ਉਸ ਫੌਜੀ ਨੇ ਭੜਕਦਿਆਂ ਮੈਨੂੰ ਗਾਲੀਗਲੋਚ ਕਰਦਿਆਂ ਮੇਰੇ ਸਰੀਰ ਉਪਰ ਬੱਟਾਂ ਦਾ ਮੀਂਹ ਵਰਾ ਦਿੱਤਾ। ਮੈਂ ਇਸ ਸੰਤਰੀ ਦੀ ਰਾਤ ਦੇ ਇੰਚਾਰਜ ਸਿੱਖ ਸੂਬੇਦਾਰ ਨੂੰ ਸ਼ਿਕਾਇਤ ਕੀਤੀ ਤਾਂ ਅਗਲੀ ਰਾਤ ਸ਼ਿਕਾਇਤ ਦੇ ਗੁੱਸੇ ਵਿਚ ਕਈ ਫੌਜੀ ਮੇਰੇ 'ਤੇ ਆਣ ਟੁੱਟ ਪਏ।ਭਾਵੇਂ ਅਫਸਰਾਂ ਦੀ ਹਾਜ਼ਰੀ ਤੋਂ ਬਿਨਾਂ ਅਤੇ ਰਾਤ ਸਮੇ ਕੁੱਟਮਾਰ ਕਰਨਾ ਕਨੂੰਨੀ ਨਹੀਂ ਸੀ, ਪਰ ਅਕਸਰ ਰਾਤ ਨੂੰ ਸ਼ਰਾਬ ਦੇ ਨਸ਼ੇ ਵਿੱਚ ਧੁਤ ਹੋਏ ਇਹ ਫੌਜੀ ਮੇਰੇ ਕਮਰੇ ਵਿੱਚ ਆ ਵੜਦੇ ਕਿ ਇਹ ਸਾਲਾ ਪੱਕਾ ਖਾਲਿਸਤਾਨੀ ਹੈ, ਕੁਝ ਨਹੀ ਬਕਦਾ, ਇਕ ਦਿਨ ਸਾਨੂੰ ਖਾਣਾ ਖਵਾਉਣ ਸਮੇਂ ਲਾਈਨ ਵਿੱਚ ਬੈਠੇ ਹੋਏ ਇਕ 65-70 ਸਾਲ ਦੇ ਬਜ਼ੁਰਗ ਦੀ ਲੰਮੀ ਦਾੜ੍ਹੀ ਦੇ ਵਾਲ ਪੁੱਟਦਿਆਂ ਇਕ ਫੌਜੀ ਨੇ ਖਿੱਲੀ ਉਡਾਉਂਦਿਆਂ ਕਿਹਾ-ਬੁਢੇ ਇਸ ਦਾ ਕੰਬਲ ਬਣ ਸਕਦਾ ਹੈ।ਫੌਜੀ ਦੀ ਇਸ ਹਰਕਤ 'ਤੇ ਆਏ ਗੁੱਸੇ ਨੂੰ ਮੈਂ ਬਹੁਤ ਮੁਸ਼ਕਲ ਨਾਲ ਦਬਾਅ ਗਿਆ।

ਇਸ ਬੇਗਾਨਗੀ ਅਤੇ ਮਰ ਮਿਟਣ ਵਾਲੀ ਭਾਵਨਾ ਨੂੰ ਜਨਮ ਦੇਣ ਵਾਲੇ ਇਸ ਮਨੁੱਖੀ ਬੁੱਚੜਖਾਨੇ ਵਿੱਚ ਇੱਕ ਹਮਦਰਦੀ ਭਰਿਆ ਮਨੁੱਖ ਰਾਤ ਦਾ ਇੰਚਾਰਜ ਸੂਬੇਦਾਰ ਹਰੀ ਸਿੰਘ ਵੀ ਸੀ।ਜਦੋਂ ਰਾਤ ਨੂੰ ਫੌਜੀ

ਬਾਕੀ ਸਫ਼ਾ 9 'ਤੇ

# ਵਿਕਾਸ ਕਾਰਜਾਂ ਨੇ ਵਧਾਈ ਮੁਸੀਬਤ : ਪੁੱਟੀਆਂ ਸੜਕਾਂ ਬਣੀਆਂ ਹਾਦਸਿਆਂ ਦਾ ਕਾਰਨ

**ਕੋਟਕਪੂਰਾ ਰੋਡ 'ਤੇ ਯੂਰੀਆ ਨਾਲ ਭਰਿਆ ਟਰੱਕ ਪਲਟਿਆ, ਮਲੋਟ ਰੋਡ 'ਤੇ ਬੱਸ ਫਸੀ**



ਪਲਟਿਆ ਹੋਇਆ ਟਰੱਕ ਤੇ ਮਲੋਟ ਰੋਡ 'ਤੇ ਫਸੀ ਹੋਈ ਨਿੱਜੀ ਕੰਪਨੀ ਦੀ ਬੱਸ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ)**-ਸ਼ਹਿਰ ਵਿੱਚ ਵਿਕਾਸ ਕਾਰਜਾਂ ਦੇ ਨਾਂ 'ਤੇ ਸੀਵਰੇਜ, ਪੀਣ ਵਾਲੇ ਪਾਣੀ ਤੇ ਹੋਰ ਵੱਖ-ਵੱਖ ਤਰ੍ਹਾਂ ਦੀਆਂ ਪਾਈਪਾਂ ਵਿਛਾਉਣ ਲਈ ਲੰਬੇ ਸਮੇਂ ਤੋਂ ਸੜਕਾਂ ਪੁੱਟੀਆਂ ਹੋਈਆਂ ਹਨ।ਕੰਮ ਮੁਕੰਮਲ ਹੋਣ ਦੇ ਬਾਵਜੂਦ ਇਨ੍ਹਾਂ ਸੜਕਾਂ ਦੀ ਮੁਰੰਮਤ ਨਾ ਕੀਤੇ ਜਾਣ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸ਼ਹਿਰ ਵਾਸੀਆਂ ਵੱਲੋਂ ਪਹਿਲਾਂ ਹੀ ਇਹ ਖਦਸ਼ਾ ਜਤਾਇਆ ਜਾ ਰਿਹਾ ਸੀ ਕਿ ਸਾਉਣ ਮਹੀਨੇ ਦੌਰਾਨ ਪੈਣ ਵਾਲੀਆਂ ਬਾਰਿਸ਼ਾਂ ਵਿੱਚ ਪੁੱਟੀਆਂ ਸੜਕਾਂ ਵੱਡੇ ਹਾਦਸਿਆਂ ਦਾ ਕਾਰਨ ਬਣ ਸਕਦੀਆਂ ਹਨ ਤੇ ਹੁਣ ਇਹ ਚਿੰਤਾ ਹਕੀਕਤ ਦਾ ਰੂਪ ਧਾਰਨੀ ਨਜ਼ਰ ਆ ਰਹੀ ਹੈ।


ਤਾਜ਼ਾ ਘਟਨਾ ਸ੍ਰੀ ਮੁਕਤਸਰ ਸਾਹਿਬ ਦੇ ਕੋਟਕਪੂਰਾ ਰੋਡ 'ਤੇ ਵਾਪਰੀ, ਜਿੱਥੇ ਪਾਈਪਾਂ ਪਾਉਣ ਲਈ ਪੁੱਟੀ ਗਈ ਸੜਕ ਨੂੰ ਚੰਗ ਨਾਲ ਨਾ ਭਰਨ ਕਾਰਨ ਇੱਕ ਟਰੱਕ ਹਾਦਸੇ ਦਾ ਸ਼ਿਕਾਰ ਹੋ ਗਿਆ। ਜਾਣਕਾਰੀ ਅਨੁਸਾਰ ਸ੍ਰੀ ਮੁਕਤਸਰ ਸਾਹਿਬ ਤੋਂ ਕੋਟਕਪੂਰਾ ਵੱਲ ਜਾ ਰਿਹਾ ਸੀ ਤੇ ਇਸ ਵਿੱਚ ਯੂਰੀਆ ਦੇ ਗੱਟ ਲੱਦੇ ਹੋਏ ਸਨ।ਟਰੱਕ ਦੇ ਡਰਾਈਵਰ ਰਾਜੂ ਨੇ ਦੱਸਿਆ ਕਿ ਜਦੋਂ ਉਸ ਨੇ ਸਾਹਮਣੇ ਤੋਂ ਆ ਰਹੀ ਇੱਕ ਬੱਸ ਨੂੰ ਸਾਈਡ ਦਿੱਤੀ ਤਾਂ ਸੜਕ ਦੇ ਕਿਨਾਰੇ ਮਿੱਟੀ ਨਾਲ ਭਰੀ ਗਈ ਨਾਲੀ ਧੱਸ ਗਈ, ਜਿਸ ਕਾਰਨ ਟਰੱਕ ਬੇਕਾਬੂ ਹੋ ਕੇ ਪਲਟ ਗਿਆ।ਖੁਸ਼ਕਿਸਮਤੀ ਨਾਲ ਇਸ ਹਾਦਸੇ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ, ਪਰ ਟਰੱਕ ਨੂੰ ਨੁਕਸਾਨ ਪਹੁੰਚਿਆ ਤੇ ਕੁਝ ਸਮੇਂ ਲਈ ਆਵਾਜਾਈ ਵੀ ਪ੍ਰਭਾਵਿਤ ਰਹੀ।

ਇਸੇ ਤਰ੍ਹਾਂ ਮਲੋਟ ਰੋਡ 'ਤੇ ਵੀ ਪਾਈਆਂ ਪਾਉਣ ਲਈ ਪੁੱਟੀ ਗਈ ਨਾਲੀ ਵਿੱਚ ਇੱਕ ਨਿੱਜੀ ਕੰਪਨੀ ਦੀ ਬੱਸ ਫਸ ਗਈ, ਜਿਸ ਕਾਰਨ ਯਾਤਰੀਆਂ ਨੂੰ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ।ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਸ਼ਹਿਰ ਦੀਆਂ ਕਈ ਮੁੱਖ ਸੜਕਾਂ ਦਾ ਇਹੀ ਹਾਲ ਹੈ।ਬਾਰਿਸ਼ ਕਾਰਨ ਮਿੱਟੀ ਧੱਸ ਰਹੀ ਹੈ ਤੇ ਵਾਹਨਾਂ ਲਈ ਸੁਰੱਖਿਅਤ ਆਵਾਜਾਈ ਕਰਨਾ ਮੁਸ਼ਕਲ ਹੋ ਗਿਆ ਹੈ।

ਸ਼ਹਿਰ ਵਾਸੀਆਂ ਨੇ ਪ੍ਰਸ਼ਾਸਨ ਤੇ ਸਬੰਧਤ ਵਿਭਾਗਾਂ ਤੋਂ ਮੰਗ ਕੀਤੀ ਹੈ ਕਿ ਵਿਕਾਸ ਕਾਰਜਾਂ ਨੂੰ ਜਲਦ ਤੋਂ ਜਲਦ ਮੁਕੰਮਲ ਕਰਕੇ ਪੁੱਟੀਆਂ ਸੜਕਾਂ ਦੀ ਪੱਕੀ ਮੁਰੰਮਤ ਕਰਵਾਈ ਜਾਵੇ ਤਾਂ ਜੋ ਲੋਕਾਂ ਨੂੰ ਰਾਹਤ ਮਿਲ ਸਕੇ ਤੇ ਹਾਦਸਿਆਂ ਨੂੰ ਰੋਕਿਆ ਜਾ ਸਕੇ।

# ਵਕੀਲਾਂ ਵੱਲੋਂ ਵਿਦਿਆਰਥੀਆਂ 'ਤੇ ਸਰਕਾਰੀ ਜਬਰ ਦੀ ਪੁਰਜ਼ੋਰ ਨਿੰਦਾ

**ਲੁਧਿਆਣਾ (ਐੱਮ ਐੱਸ ਭਾਟੀਆ)**



ਇੰਡੀਅਨ ਐਸੋਸੀਏਸ਼ਨ ਆਫ਼ ਲਾਅਇਰਜ਼ (ਆਈ.ਏ.ਐੱਲ), ਪੰਜਾਬ ਨਵੀਂ ਦਿੱਲੀ ਦੇ ਜੰਤਰ-ਮੰਤਰ ਵਿਖੇ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ 'ਤੇ ਕੀਤੇ ਗਏ ਸਰਕਾਰੀ ਜਬਰ ਦੀ ਪੁਰਜ਼ੋਰ ਨਿੰਦਾ ਕਰਦੀ ਹੈ ਅਤੇ ਇਸ 'ਤੇ ਡੂੰਘੇ ਸਦਮੇ ਦਾ ਪ੍ਰਗਟਾਵਾ ਕਰਦੀ ਹੈ। ਸ਼ਾਂਤਮਈ ਢੰਗ ਨਾਲ ਇਕੱਠੇ ਹੋਣ ਤੇ ਆਪਣੀਆਂ ਸ਼ਿਕਾਇਤਾਂ ਆਵਾਜ਼ ਚੁੱਕਣ ਦਾ ਅਧਿਕਾਰ ਭਾਰਤੀ ਸੰਵਿਧਾਨ ਦੀ ਧਾਰਾ 19 ਤਹਿਤ ਦਿੱਤੀ ਗਈ ਇੱਕ ਮੂਲ ਲੋਕਤੰਤਰੀ ਗਾਰੰਟੀ ਹੈ।ਜਨਤਕ ਪ੍ਰੀਖਿਆਵਾਂ ਵਿੱਚ ਪ੍ਰਣਾਲੀਗਤ ਜਵਾਬਦੇਹੀ ਦੀ ਮੰਗ ਕਰ ਰਹੇ ਨੌਜਵਾਨ ਨਾਗਰਿਕਾਂ 'ਤੇ ਸੁਰੱਖਿਆ ਏਜੰਸੀਆਂ ਦੁਆਰਾ ਜ਼ਬਰਦਸਤੀ, ਅੱਥਰੂ ਗੈਸ ਤੇ ਬੇਰਹਿਮੀ ਨਾਲ ਕੀਤੇ ਗਏ ਲਾਠੀਚਾਰਜ ਪਹਿਲੇ ਗਨਸ ਦੇ ਸਿੱਟੇ ਵਜੋਂ ਦੁਖਦਾਈ ਤੌਰ 'ਤੇ ਇੱਕ ਕੀਮਤੀ ਨੌਜਵਾਨ ਜਾਨ ਚਲੀ ਗਈ ਹੈ ਤੇ ਸੈਂਕੜੇ ਗੰਭੀਰ ਰੂਪ ਵਿੱਚ ਜ਼ਖਮੀ ਹੋਏ ਹਨ।ਇੱਕ ਜਾਇਜ਼ ਸੰਵਿਧਾਨਕ ਪ੍ਰਗਟਾਵੇ ਨੂੰ ਸੱਤਾ ਦੀ ਹਿੰਸਾ ਦੇ ਦ੍ਰਿਸ਼ ਵਿੱਚ ਬਦਲਣਾ ਬੁਨਿਆਦੀ ਮਨੁੱਖੀ ਅਧਿਕਾਰਾਂ ਦੀ ਗੰਭੀਰ ਉਲੰਘਣਾ ਤੇ ਕਾਨੂੰਨ ਦੇ ਸ਼ਾਸਨ 'ਤੇ ਹਮਲਾ ਹੈ।ਕਾਨੂੰਨੀ ਭਾਈਚਾਰੇ ਦੇ ਮੈਂਬਰ ਹੋਣ ਦੇ ਨਾਤੇ, ਅਸੀਂ ਵਿਦਿਆਰਥੀ ਭਾਈਚਾਰੇ ਨਾਲ ਮਜ਼ਬੂਤੀ ਨਾਲ ਖੜ੍ਹੇ ਹਾਂ ਤੇ ਤੁਰੰਤ ਕਾਰਜਕਾਰੀ ਤੇ ਨਿਆਂਇਕ ਜਵਾਬਦੇਹੀ ਦੀ ਮੰਗ ਕਰਦੇ ਹਾਂ।ਅਸੀਂ ਅਧਿਕਾਰੀਆਂ ਨੂੰ ਅਪੀਲ ਕਰਦੇ ਹਾਂ ਕਿ ਉਹ ਸ਼ਾਂਤਮਈ ਪ੍ਰਦਰਸ਼ਨਕਾਰੀਆਂ ਨੂੰ ਧਮਕਾਉਣਾ ਤੁਰੰਤ ਬੰਦ ਕਰਨ, ਪੁਲਿਸ ਦੁਆਰਾ ਦਰਜ ਕੀਤੇ ਗਏ ਸਾਰੇ ਮਨਮਾਨੇ ਕੇਸ ਵਾਪਸ ਲੈਣ ਤੇ ਇਸ ਕਾਰਵਾਈ ਦੀ ਜਾਂਚ ਲਈ ਕਿਸੇ ਮੌਜੂਦਾ ਹਾਈ ਕੋਰਟ ਦੇ ਜੱਜ ਦੀ ਅਗਵਾਈ ਹੇਠ ਇੱਕ ਆਜ਼ਾਦ, ਉੱਚ-ਪੱਧਰੀ ਨਿਆਂਇਕ ਜਾਂਚ ਦਾ ਗਠਨ ਕਰਨ। ਇਸ ਤੋਂ ਇਲਾਵਾ, ਪੀੜਤਾਂ ਦੇ ਪਰਿਵਾਰਾਂ ਨੂੰ ਢੁੱਕਵਾਂ ਵਿੱਤੀ ਮੁਆਵਜ਼ਾ ਦਿੱਤਾ ਜਾਣਾ ਚਾਹੀਦਾ ਹੈ।ਆਈ. ਏ. ਐੱਲ. ਸਾਰੀਆਂ ਅਗਾਂਹਵਧੂ ਅਤੇ ਲੋਕਤੰਤਰੀ ਸ਼ਕਤੀਆਂ ਤੇ ਵਕੀਲ ਭਾਈਚਾਰੇ ਨੂੰ ਅਪੀਲ ਕਰਦੀ ਹੈ ਕਿ ਉਹ ਵਿਦਿਆਰਥੀਆਂ ਦੇ ਨਾਲ ਹਰ ਸੰਭਵ ਤਰੀਕੇ ਨਾਲ ਖੜ੍ਹੇ ਹੋਣ ਤੇ ਉਨ੍ਹਾਂ ਨਾਲ ਆਪਣੀ ਇਕਜੁੱਟਤਾ ਦਾ ਪ੍ਰਗਟਾਵਾ ਕਰਨ।ਬਿਆਨ ਜਾਰੀ ਕਰਨ ਵਾਲਿਆ ਵਿੱਚ ਐਡਵੋਕੇਟ ਐੱਨ. ਕੇ. ਛਿੱਬੜ ਪ੍ਰਧਾਨ ਤੇ ਐਡਵੋਕੇਟ ਜਸਪਾਲ ਸਿੰਘ ਦੱਪੜ ਜਨਰਲ ਸਕੱਤਰ ਸ਼ਾਮਲ ਹਨ।

# ਬਰਨਾਲਾ ਲਾਠੀਚਾਰਜ ਦੇ ਵਿਰੋਧ 'ਚ ਸ.ਫ਼ਾਈ ਸੇਵਕਾਂ ਵੱਲੋਂ ਰੋਸ ਪ੍ਰਦਰਸ਼ਨ

**ਕਾਂਗਰਸ ਆਗੂਆਂ ਨੇ ਦਿੱਤਾ ਪੂਰਨ ਸਮਰਥਨ, ਦੋਸ਼ੀ ਅਧਿਕਾਰੀਆਂ 'ਤੇ ਕਾਰਵਾਈ ਦੀ ਮੰਗ**




**ਸਮਾਣਾ/ਪਟਿਆਲਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ/ਰਾਜਿੰਦਰ ਸਿੰਘ ਥਿੰਦ)**-ਬਰਨਾਲਾ ਵਿਖੇ ਆਪਣੀਆਂ ਹੱਕੀ ਮੰਗਾਂ ਲਈ ਲੜ ਰਹੇ ਸਫ਼ਾਈ ਸੇਵਕਾਂ 'ਤੇ ਹੋਏ ਕਥਿਤ ਪੁਲਸ ਲਾਠੀਚਾਰਜ ਤੇ ਮਹਿਲਾ ਮੁਲਾਜ਼ਮਾਂ ਨਾਲ ਹੋਏ ਦੁਰਵਿਹਾਰ ਦੇ ਵਿਰੋਧ ਵਿੱਚ ਅੱਜ ਸਮਾਣਾ ਵਿਖੇ ਸਫ਼ਾਈ ਸੇਵਕਾਂ ਵੱਲੋਂ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨਕਾਰੀਆਂ ਨੇ ਪੰਜਾਬ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਤੇ ਸਰਕਾਰ ਦਾ ਪੁਤਲਾ ਫੂਕ ਕੇ ਆਪਣੇ ਰੋਸ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਬਰਨਾਲਾ ਘਟਨਾ ਦੀ ਨਿਰਪੱਖ ਜਾਂਚ ਤੇ ਜ਼ਿੰਮੇਵਾਰ ਪੁਲਸ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਗਈ।ਸਫ਼ਾਈ ਸੇਵਕਾਂ ਦੇ ਇਸ ਸੰਘਰਸ਼ ਨੂੰ ਸਮਰਥਨ ਦੇਣ ਲਈ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਭਾਰਤੀ ਬਾਲਮੀਕ ਧਰਮ ਸਮਾਜ ਦੇ ਅਹੁਦੇਦਾਰ ਵਿਸ਼ੇਸ਼ ਤੌਰ 'ਤੇ ਪਹੁੰਚੇ।ਪ੍ਰਦਰਸ਼ਨ ਵਿੱਚ ਸ਼ਾਮਲ ਹੋਏ ਆਗੂਆਂ ਵਿੱਚ ਸਾਬਕਾ ਵਿਧਾਇਕ ਰਜਿੰਦਰ ਸਿੰਘ, ਜ਼ਿਲ੍ਹਾ ਪ੍ਰਧਾਨ (ਪਟਿਆਲਾ ਦਿਹਾਤੀ) ਗੁਰਸ਼ਰਨ ਕੌਰ ਰੰਧਾਵਾ, ਸਾਬਕਾ ਵਿਧਾਇਕ ਜਗਤਾਰ ਸਿੰਘ ਰਾਜਲਾ, ਕਾਂਗਰਸ ਪਾਰਟੀ ਦੇ ਬੁਲਾਰੇ ਸੰਦੀਪ ਸਿੰਗਲਾ ਤੇ ਰਛਪਾਲ ਸਿੰਘ ਜੌੜਾਮਾਜਰਾ, ਭਾਰਤੀ ਬਾਲਮੀਕ ਧਰਮ ਸਮਾਜ ਜ਼ਿਲ੍ਹਾ ਪ੍ਰਧਾਨ ਦੀਪੂ ਬਾਲੀ, ਸਾਹਿਲ ਸਾਂਦੜ, ਲਵਲੀ ਸਾਂਦੜ, ਅਜੈ ਕੁਮਾਰ ਭਿੰਡੀ ਤੇ ਸੋਨੂ ਸੰਗਰ ਸਮੇਤ ਹੋਰ ਪਾਰਟੀ ਵਰਕਰ ਸ਼ਾਮਲ ਸਨ।ਇਕੱਠ ਨੂੰ ਸੰਬੋਧਨ ਕਰਦਿਆਂ ਕਾਂਗਰਸੀ ਆਗੂਆਂ ਨੇ ਬਰਨਾਲਾ ਪੁਲਸ ਦੀ ਕਾਰਵਾਈ ਦੀ ਸ਼ਰੇਆਮ ਨਿੰਦਾ ਕੀਤੀ।ਉਨ੍ਹਾਂ ਦੋਸ਼ ਲਾਇਆ ਕਿ ਸ਼ਾਂਤਮਈ ਢੰਗ ਨਾਲ ਹੱਕ ਮੰਗ ਰਹੇ ਸਫ਼ਾਈ ਸੇਵਕਾਂ, ਖਾਸ ਕਰਕੇ ਮਹਿਲਾ ਮੁਲਾਜ਼ਮਾਂ ਨਾਲ ਪੁਲਸ ਵੱਲੋਂ ਕੀਤਾ ਗਿਆ ਬਲ ਪ੍ਰਯੋਗ ਤੇ ਅਭੱਦਰ ਵਿਵਹਾਰ ਬੇਹੱਦ ਸ਼ਰਮਨਾਕ ਹੈ।ਆਗੂਆਂ ਨੇ ਸਪੱਸ਼ਟ ਕੀਤਾ ਕਿ ਕਾਂਗਰਸ ਪਾਰਟੀ ਸਫ਼ਾਈ ਸੇਵਕਾਂ ਦੀਆਂ ਮੰਗਾਂ ਤੇ ਉਨ੍ਹਾਂ ਦੇ ਇਸ ਸੰਘਰਸ਼ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ।ਲੋਕਤੰਤਰਿਕ ਦੇਸ਼ ਵਿੱਚ ਅਧਿਕਾਰਾਂ ਦੀ ਮੰਗ ਕਰਨ ਵਾਲੇ ਮੁਲਾਜ਼ਮਾਂ ਨਾਲ ਕਿਸੇ ਵੀ ਤਰ੍ਹਾਂ ਦੀ ਧੱਕੇਸ਼ਾਹੀ ਜਾਂ ਦੁਰਵਿਵਹਾਰ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਮੰਗ ਕੀਤੀ ਕਿ ਪੀੜਤਾਂ ਨੂੰ ਇਨਸਾਫ਼ ਮਿਲਣ ਤੱਕ ਇਹ ਸੰਘਰਸ਼ ਜਾਰੀ ਰਹੇਗਾ।

## ਕਾਤਰਾਂ

### ਦੂਸ਼ਿਤ ਪਾਣੀ ਦੀ ਸਪਲਾਈ ਤੋਂ ਲੋਕ ਪ੍ਰੇਸ਼ਾਨ



**ਸਮਾਣਾ (ਇਕਬਾਲ ਸਿੰਘ ਬੱਲ)**-ਸ਼ਹਿਰ ਦੇ ਘੜਾਮੀ ਪੱਤੀ ਤੇ ਹੋਰਨਾਂ ਵੱਖ-ਵੱਖ ਇਲਾਕਿਆਂ ਵਿੱਚ ਪੀਣ ਵਾਲੇ ਪਾਣੀ ਦੀ ਆ ਰਹੀ ਦੂਸ਼ਿਤ ਸਪਲਾਈ ਕਾਰਨ ਆਮ ਜਨ-ਜੀਵਨ ਬੁਰਾ ਪ੍ਰਭਾਵਿਤ ਹੋ ਰਿਹਾ ਹੈ।ਟੂਟੀਆਂ ਵਿੱਚੋਂ ਲਗਾਤਾਰ ਆ ਰਹੇ ਬਦਬੂਦਾਰ ਪਾਣੀ ਕਾਰਨ ਇਲਾਕੇ ਵਿੱਚ ਹੈਜ਼ਾ, ਪੀਲੀਆ ਤੇ ਹੋਰ ਭਿਆਨਕ ਬਿਮਾਰੀਆਂ ਫੈਲਣ ਦਾ ਗੰਭੀਰ ਖ਼ਤਰਾ ਬਣ ਗਿਆ ਹੈ, ਜਿਸ ਨਾਲ ਸ਼ਹਿਰ ਵਾਸੀਆਂ ਵਿੱਚ ਭਾਰੀ ਸਹਿਮ ਅਤੇ ਰੋਸ ਦਾ ਮਾਹੌਲ ਹੈ।ਇਲਾਕਾ ਨਿਵਾਸੀ ਗੁਰਪਿਆਰ ਸਿੰਘ ਅਤੇ ਹੋਰਨਾਂ ਲੋਕਾਂ ਨੇ ਆਪਣਾ ਦਰਦ ਬਿਆਨ ਕਰਦਿਆਂ ਦੱਸਿਆ ਕਿ ਪੀਣ ਵਾਲੇ ਪਾਣੀ ਦੀ ਸਪਲਾਈ 'ਚ ਭਾਰੀ ਮਾਤਰਾ ਵਿੱਚ ਗਾਰ, ਮਿੱਟੀ ਅਤੇ ਗੰਦਗੀ ਆ ਰਹੀ ਹੈ।ਇਸ ਗੰਦੇ ਪਾਣੀ ਕਾਰਨ ਘਰਾਂ ਦੀਆਂ ਛੱਤਾਂ 'ਤੇ ਰੱਖੀਆਂ ਪਾਣੀ ਦੀਆਂ ਟੈਂਕੀਆਂ ਵਿੱਚ ਮਿੱਟੀ ਜਮ੍ਹਾਂ ਹੋ ਚੁੱਕੀ ਹੈ।ਇਸ ਤੋਂ ਇਲਾਵਾ ਘਰਾਂ ਵਿੱਚ ਲੱਗੇ ਵਾਟਰ ਪਿਊਰੀਫਾਇਰ ਸਿਸਟਮ ਵੀ ਪੂਰੀ ਤਰ੍ਹਾਂ ਖ਼ਰਾਬ ਹੋ ਰਹੇ ਹਨ, ਜਿਸ ਨਾਲ ਲੋਕਾਂ ਦਾ ਆਰਥਿਕ ਨੁਕਸਾਨ ਵੀ ਹੋ ਰਿਹਾ ਹੈ। ?ਇਸ ਗੰਭੀਰ ਸਮੱਸਿਆ ਸਬੰਧੀ ਜਦੋਂ ਸੀਵਰੇਜ ਬੋਰਡ ਦੇ ਐੱਸ.ਡੀ.ਓ. ਲਲਿਤ ਕੁਮਾਰ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦਾਅਵਾ ਕੀਤਾ ਕਿ ਪਾਣੀ ਗੰਦਾ ਆਉਣ ਦੇ ਕਾਰਨਾਂ ਦੀ ਤੁਰੰਤ ਜਾਂਚ ਕਰਾਈ ਜਾਵੇਗੀ।

### 13 ਸਾਲਾ ਬੱਚੇ ਨਾਲ ਜਬਰ ਜ਼ਨਾਹ, ਮਾਮਲਾ ਦਰਜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ)**-ਥਾਣਾ ਲੱਖੇਵਾਲੀ ਪੁਲਸ ਨੇ 13 ਸਾਲਾ ਨਾਬਾਲਗ ਬੱਚੇ ਨਾਲ ਕਥਿਤ ਜਬਰ ਜ਼ਨਾਹ ਦੇ ਦੋਸ਼ ਹੇਠ ਇੱਕ ਨੌਜਵਾਨ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ।ਪੁਲਸ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਪੀੜਤ ਬੱਚੇ ਦੇ ਪਰਿਵਾਰਕ ਮੈਂਬਰ ਦੀ ਸ਼ਿਕਾਇਤ 'ਤੇ ਪਿੰਡ ਅਟਾਰੀ ਵਾਸੀ ਜਸ਼ਨਦੀਪ ਸਿੰਘ ਪੁੱਤਰ ਕੁਲਜੀਤ ਸਿੰਘ ਖ਼ਿਲਾਫ਼ ਕੇਸ ਦਰਜ ਕੀਤਾ ਗਿਆ ਹੈ।ਸ਼ਿਕਾਇਤ ਵਿੱਚ ਦੋਸ਼ ਲਗਾਇਆ ਗਿਆ ਹੈ ਕਿ 21 ਜੁਲਾਈ 2026 ਨੂੰ ਮੁਲਜ਼ਮ ਨੇ ਕਰੀਬ 13 ਸਾਲਾ ਨਾਬਾਲਗ ਬੱਚੇ ਨਾਲ ਜ਼ਬਰਦਸਤੀ ਗਲਤ ਹਰਕਤ ਕੀਤੀ।ਸ਼ਿਕਾਇਤ ਦੇ ਆਧਾਰ 'ਤੇ ਪੁਲਸ ਨੇ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।ਪੁਲਸ ਦਾ ਕਹਿਣਾ ਹੈ ਕਿ ਮਾਮਲੇ ਦੀ ਹਰ ਪੱਖ ਤੋਂ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

### ਵਕੀਲਾਂ ਵੱਲੋਂ ਅਦਾਲਤੀ ਕੰਮਾਂ ਦਾ ਬਾਈਕਾਟ 18ਵੇਂ ਦਿਨ 'ਚ ਦਾਖਲ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ)**-ਮੁਕਤਸਰ ਦੇ ਵਕੀਲਾਂ ਵੱਲੋਂ ਐੱਲ ਏ ਡੀ ਸੀ ਪ੍ਰਣਾਲੀ ਦੇ ਖ਼ਿਲਾਫ਼ ਸ਼ੁਰੂ ਕੀਤੀ ਕੰਮ ਛੋੜ ਹੜਤਾਲ 18ਵੇਂ ਦਿਨ ਵਿੱਚ ਦਾਖਲ ਹੋ ਗਈ ਹੈ।ਪੰਜ ਦਿਨਾਂ ਤੋਂ ਲੜੀਵਾਲ ਭੁੱਖ ਹੜਤਾਲ ਵੀ ਜਾਰੀ ਹੈ।ਵਕੀਲਾਂ ਨੇ ਦੋਸ਼ ਲਾਇਆ ਕਿ ਐੱਲ ਏ ਡੀ ਸੀ ਪ੍ਰਣਾਲੀ ਕਰਕੇ ਵਕੀਲਾਂ ਦੇ ਰੁਜ਼ਗਾਰ 'ਤੇ ਮਾੜਾ ਅਸਰ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਇਹ ਪ੍ਰਣਾਲੀ ਰੱਦ ਨਾ ਕੀਤੇ ਜਾਣ ਤੱਕ ਉਹ ਹੜਤਾਲ ਜਾਰੀ ਰੱਖਣਗੇ।ਦੂਜੇ ਪਾਸੇ ਵਕੀਲਾਂ ਦੇ ਅਦਾਲਤਾਂ 'ਚ ਚਾਰਾਜੋਈ ਨਾ ਕਰਕੇ ਜਿਹੜੇ ਲੋਕਾਂ ਦੇ ਕੇਸ ਲਟਕ ਰਹੇ ਹਨ, ਉਹ ਡਾਢੇ ਪ੍ਰੇਸ਼ਾਨ ਹਨ।ਉਨ੍ਹਾਂ ਦਾ ਕਹਿਣਾ ਹੈ ਕਿ ਝਗੜਾ ਵਕੀਲਾਂ ਤੇ ਸਰਕਾਰਾਂ ਦਾ ਹੈ, ਪਰ ਨੁਕਸਾਨ ਉਨ੍ਹਾਂ ਦਾ ਹੋ ਰਿਹਾ ਹੈ।

# ਏ ਐੱਸ ਆਈ ਵੱਲੋਂ ਖੁਦਕੁਸ਼ੀ ਕਰਨ ਦੇ ਮਾਮਲੇ 'ਚ 7 ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਮਖੂ ਵਿਖੇ ਪੰਜਾਬ ਫੀਡਰ ਨਹਿਰ ਮਖੂ ਬੰਗਾਲੀ ਵਾਲਾ ਪੁਲ ਕੋਲ ਇਕ ਏਐੱਸਆਈ ਵੱਲੋਂ ਛਾਲ ਮਾਰ ਕੇ ਖੁਦਕੁਸ਼ੀ ਕਰਨ ਦੇ ਮਾਮਲੇ ਵਿੱਚ ਥਾਣਾ ਮਖੂ ਦੀ ਪੁਲਸ ਨੇ 7 ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸੁਰਜੀਤ ਕੌਰ ਸਾਬਕਾ ਐੱਮਸੀ ਪਤਨੀ ਏਐੱਸਆਈ ਗੁਰਦਿਆਲ ਸਿੰਘ ਵਾਸੀ ਹਾਊਸ ਨੰਬਰ 417 ਚੰਦਰ ਨਗਰ (ਮੁਰਗੀ ਮੁਹੱਲਾ) ਬਟਾਲਾ, ਥਾਣਾ ਸਿਵਲ ਲਾਈਨ ਬਟਾਲਾ ਜ਼ਿਲ੍ਹਾ ਗੁਰਦਾਸਪੁਰ ਨੇ ਦੱਸਿਆ ਕਿ ਬਿਕਰਮਜੀਤ ਸਿੰਘ ਵਾਸੀ ਦੀਨਾਨਗਰ, ਗੁਰਦਾਸਪੁਰ, ਜੋਤੀ ਪੱਤਰਕਾਰ ਵਾਸੀ ਸ਼ੁਕਰਪੁਰਾ ਥਾਣਾ ਸਿਵਲ ਲਾਈਨ ਬਠਿੰਡਾ, ਪਿਆਰਾ ਲਾਲ ਪੁੱਤਰ ਲਾਲ ਸਿੰਘ ਅਮਨਦੀਪ ਸਿੰਘ ਪੁੱਤਰ ਪਿਆਰਾ ਲਾਲ, ਰਮਨਦੀਪ ਸਿੰਘ, ਚਰਨਜੀਤ ਕੌਰ ਅਤੇ ਸੰਤੋਖ ਸਿੰਘ ਵੱਲੋਂ ਦੁਖੀ ਹੋ ਕੇ ਮਿਤੀ 22 ਜੁਲਾਈ 2026 ਨੂੰ ਵਕਤ ਕਰੀਬ 10 ਪੀਐੱਮ ਤੋਂ ਮਿਤੀ 23 ਜੁਲਾਈ 2026 ਨੂੰ 12.30 ਏਐੱਮ ਦੇ ਵਿਚਕਾਰ ਉਸ ਦੇ ਪਤੀ ਗੁਰਦਿਆਲ ਸਿੰਘ ਵੱਲੋਂ ਪੰਜਾਬ ਫੀਡਰ ਨਹਿਰ ਮਖੂ ਬੰਗਾਲੀ ਵਾਲਾ ਪੁਲ ਨੇੜੇ ਛਾਲ ਮਾਰ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲਈ ਗਈ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਰਾਮ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਸੁਰਜੀਤ ਕੌਰ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# 28 ਨੂੰ ਡਾਇਰੈਕਟਰ, ਸਿਹਤ ਤੇ ਪਰਵਾਰ ਭਲਾਈ ਦੇ ਦਫ਼ਤਰ ਅੱਗੇ ਦਿੱਤਾ ਜਾਵੇਗਾ ਧਰਨਾ : ਗੁਰਪ੍ਰੀਤ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**

ਗਵਰਨਮੈਂਟ ਡੀ-ਐਡੀਕਸ਼ਨ, ਰੀਹੈਬਿਲੀਟੇਸ਼ਨ ਤੇ ਆਊਟਸੋਰਸ ਕਰਮਚਾਰੀ ਯੂਨੀਅਨ ਪੰਜਾਬ ਨੇ ਦੱਸਿਆ ਕਿ ਪਿਛਲੇ ਕਾਫ਼ੀ ਸਮੇਂ ਤੋਂ ਯੂਨੀਅਨ ਵੱਲੋਂ ਆਪਣੀਆਂ ਜਾਇਜ਼ ਮੰਗਾਂ ਸਬੰਧੀ ਪੰਜਾਬ ਦੇ ਸਿਹਤ ਮੰਤਰੀ, ਪ੍ਰਿੰਸੀਪਲ ਸਕੱਤਰ ਸਿਹਤ ਤੇ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਨੂੰ ਵਾਰ-ਵਾਰ ਮੀਟਿੰਗ ਲਈ ਸਮਾਂ ਮੰਗਿਆ ਗਿਆ।ਇਸ ਲਈ ਲਿਖਤੀ ਪੱਤਰ ਵੀ ਦਿੱਤੇ ਗਏ ਤੇ ਨਿੱਜੀ ਤੌਰ 'ਤੇ ਵੀ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ, ਪਰ ਅੱਜ ਤੱਕ ਯੂਨੀਅਨ ਨੂੰ ਆਪਣਾ ਪੱਖ ਰੱਖਣ ਦਾ ਮੌਕਾ ਨਹੀਂ ਦਿੱਤਾ ਗਿਆ।ਯੂਨੀਅਨ ਆਗੂਆਂ ਨੇ ਕਿਹਾ ਕਿ ਜਦੋਂ ਗੱਲਬਾਤ ਦੇ ਸਾਰੇ ਲੋਕਤੰਤਰੀ ਰਸਤੇ ਅਪਣਾਉਣ ਦੇ ਬਾਵਜੂਦ ਸਰਕਾਰ ਤੇ ਵਿਭਾਗ ਵੱਲੋਂ ਕੋਈ ਸਕਾਰਾਤਮਕ ਜਵਾਬ ਨਹੀਂ ਮਿਲਿਆ ਤਾਂ ਮਜਬੂਰਨ ਸੰਘਰਸ਼ ਦਾ ਰਾਹ ਅਪਣਾਉਣਾ ਪਿਆ ਹੈ।ਇਸੇ ਕਰਕੇ ਯੂਨੀਅਨ ਵੱਲੋਂ 28 ਜੁਲਾਈ ਨੂੰ ਡਾਇਰੈਕਟਰ, ਸਿਹਤ ਤੇ ਪਰਿਵਾਰ ਭਲਾਈ ਦੇ ਦਫ਼ਤਰ ਦੇ ਬਾਹਰ ਵਿਸ਼ਾਲ ਧਰਨਾ ਦਿੱਤਾ ਜਾਵੇਗਾ।ਜੇਕਰ ਇਸ ਤੋਂ ਬਾਅਦ ਵੀ ਸਰਕਾਰ ਵੱਲੋਂ ਕੋਈ ਸਾਰਥਕ ਪਹਿਲ ਨਾ ਕੀਤੀ ਗਈ ਤਾਂ ਅਗਲੇ ਸੰਘਰਸ਼ ਦੀ ਰੂਪ-ਰੇਖਾ ਦਾ ਐਲਾਨ ਕੀਤਾ ਜਾਵੇਗਾ।

ਯੂਨੀਅਨ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਦੀਆਂ ਮੰਗਾਂ ਪੂਰੀ ਤਰ੍ਹਾਂ ਜਾਇਜ਼ ਹਨ।ਆਊਟਸੋਰਸ ਕਰਮਚਾਰੀ ਲੰਮੇ ਸਮੇਂ ਤੋਂ ਨਸ਼ਾ ਮੁਕਤੀ ਦਵਾਈ ਕੇਂਦਰ ਤੇ ਸਿਹਤ ਵਿਭਾਗ ਦੇ ਮੁਲਾਜ਼ਮ ਸੇਵਾਵਾਂ ਵਿੱਚ ਨਿਰੰਤਰ ਸੇਵਾ ਨਿਭਾਅ ਰਹੇ ਹਨ, ਪਰ ਉਨ੍ਹਾਂ ਨੂੰ ਅਜੇ ਤੱਕ ਬਣਦੇ ਹੱਕ ਤੇ ਸਹੂਲਤਾਂ ਨਹੀਂ ਮਿਲੀਆਂ। ਯੂਨੀਅਨ ਦਾ ਮੰਨਣਾ ਹੈ ਕਿ ਸਰਕਾਰ ਨੂੰ ਗੱਲਬਾਤ ਰਾਹੀਂ ਇਸ ਮਸਲੇ ਦਾ ਹੱਲ ਕੱਢਣਾ ਚਾਹੀਦਾ ਹੈ, ਨਾ ਕਿ ਕਰਮਚਾਰੀਆਂ ਨੂੰ ਸੜਕਾਂ 'ਤੇ ਉਤਰਣ ਲਈ ਮਜਬੂਰ ਕਰਨਾ ਚਾਹੀਦਾ ਹੈ।ਯੂਨੀਅਨ ਨੇ ਇੱਕ ਵਾਰ ਫਿਰ ਸਿਹਤ ਮੰਤਰੀ, ਪ੍ਰਿੰਸੀਪਲ ਸਕੱਤਰ ਤੇ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਨੂੰ ਅਪੀਲ ਕੀਤੀ ਹੈ ਕਿ ਧਰਨੇ ਤੋਂ ਪਹਿਲਾਂ ਯੂਨੀਅਨ ਨੂੰ ਮੀਟਿੰਗ ਦਾ ਸਮਾਂ ਦੇ ਕੇ ਮੰਗਾਂ ਦਾ ਹੱਲ ਕੀਤਾ ਜਾਵੇ, ਤਾਂ ਜੋ ਸੰਘਰਸ਼ ਦੀ ਨੌਬਤ ਹੀ ਨਾ ਆਵੇ।ਸਿਹਤ ਵਿਭਾਗ ਦੇ ਕਰਮਚਾਰੀਆਂ ਦੀਆ 6 ਮਹੀਨੇ ਦੀਆਂ ਤਨਖ਼ਾਹ ਹਜੇ ਤੱਕ ਪ੍ਰਾਪਤ ਨਹੀਂ ਹੋਈਆਂ, ਜੋ ਸਰਕਾਰ ਦੀ ਨਖੇਦੀ ਨੂੰ ਦੇਖਦੇ ਹੋਏ ਹੋਰ ਤਿੱਖਾ ਸੰਘਰਸ ਕੀਤਾ ਜਾਵੇਗਾ।ਇਸ ਮੌਕੇ ਕੁਲਬੀਰ ਸਿੰਘ ਢਿੱਲੋਂ ਚੇਅਰਮੈਨ ਤਾਲਮੇਲ ਕਮੇਟੀ ਪੈਰਾਮੈਡੀਕਲ ਤੇ ਸਿਹਤ ਕਰਮਚਾਰੀ ਪੰਜਾਬ, ਅਮਰਦੀਪ ਸਿੰਘ ਕਨਵੀਨਰ ਢੁੱਡੀਕੇ, ਗੁਰਪ੍ਰੀਤ ਸਿੰਘ ਸੀਨੀਅਰ ਵਾਇਸ ਪ੍ਰਧਾਨ ਪੰਜਾਬ ਤੇ ਜ਼ਿਲ੍ਹਾ ਪ੍ਰਧਾਨ ਮੋਗਾ, ਸੁੱਖਪ੍ਰੀਤ ਕੌਰ ਵਾਇਸ ਪ੍ਰਧਾਨ, ਗਗਨਦੀਪ ਕੌਰ ਜਰਨਲ ਸਕੱਤਰ, ਅਨਮੋਲ ਸਿੰਘ, ਹਰਮਨਦੀਪ ਸਿੰਘ, ਅਮਨਦੀਪ ਕੌਰ, ਅਮਨਪ੍ਰੀਤ ਕੌਰ, ਸੁਖਵੀਰ ਕੌਰ, ਪਰਦੀਪ ਸਿੰਘ, ਨਵਦੀਪ ਕੌਰ, ਜਤਿੰਦਰ ਸਿੰਘ, ਮਨਪ੍ਰੀਤ ਸਿੰਘ, ਲਵਪ੍ਰੀਤ ਸਿੰਘ, ਰਣਜੋਤ ਸਿੰਘ ਆਦਿ ਹਾਜ਼ਰ ਹੋਏ।

# ਮੰਗਾਂ ਨੂੰ ਲੈ ਕੇ ਪਾਵਰਕਾਮ ਕਾਮਿਆਂ ਵੱਲੋਂ ਮੁਜ਼ਾਹਰਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਏਕਤਾ ਮੰਚ ਪੰਜਾਬ ਤੇ ਜੁਆਇੰਟ ਫੋਰਮ ਪੰਜਾਬ ਦੇ ਸੱਦੇ 'ਤੇ ਸਮੂਹਕ ਛੁੱਟੀ ਲੈ ਕੇ ਸਰਕਲ ਫਿਰੋਜ਼ਪੁਰ ਦੇ ਬਿਜਲੀ ਕਰਮਚਾਰੀਆਂ ਨੇ ਅਜੇ ਸਤੀਸ਼ ਕੁਮਾਰ ਸਕੱਤਰ ਸਬ ਅਰਬਨ ਮੰਡਲ ਫਿਰੋਜ਼ਪੁਰ ਦੀ ਪ੍ਰਧਾਨਗੀ ਹੇਠ ਪੀ.ਐੱਸ.ਈ.ਬੀ. ਇੰਪਲਾਈਜ਼ ਫੈਡਰੇਸ਼ਨ ਏਟਕ ਤੇ ਐੱਸ.ਯੂ.ਓ. ਵੱਲੋਂ ਸਾਂਝੇ ਤੌਰ 'ਤੇ ਸਿਟੀ ਡਵੀਜ਼ਨ ਅਤੇ ਸਬ ਅਰਬਨ ਮੰਡਲ ਫਿਰੋਜ਼ਪੁਰ ਵਿਖੇ ਰੋਸ ਧਰਨਾ ਦਿੱਤਾ ਗਿਆ ਅਤੇ ਧਰਨੇ ਨੂੰ ਸੰਬੋਧਨ ਕਰਦਿਆਂ ਸਾਥੀ ਰਾਕੇਸ਼ ਸੈਨੀ ਸੀਨੀਅਰ ਮੀਤ ਪ੍ਰਧਾਨ ਪੰਜਾਬ ਤੇ ਹਤੇਸ਼ ਕੁਮਾਰ ਸੈਕਟਰੀ ਪੰਜਾਬ ਐੱਸ.ਯੂ.ਓ. ਤੇ ਸਤੀਸ਼ ਕੁਮਾਰ ਸਾਬਕਾ ਆਗੂ ਪੰਜਾਬ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਪਾਵਰ/ਟਰਾਂਸਕੋ ਦੀ ਮੈਨੇਜਮੈਂਟ ਵੱਲੋਂ ਮੰਗੀਆਂ ਮੰਗਾਂ ਜਿਵੇਂ ਕਿ 17.07.2020 ਵਾਲਾ ਪੱਤਰ ਰੱਦ ਕਰਕੇ ਕਰਮਚਾਰੀਆਂ ਨੂੰ ਛੇਵਾਂ ਸਕੇਲ ਲਾਗੂ ਕਰਨਾ, ਸੀ.ਆਰ.ਏ 249/04, 267/11, 281/13 ਵਾਲੇ ਕਰਮਚਾਰੀਆਂ ਦੀ ਸੇਵਾ ਰੈਗੂਲਰ ਕਰਨ, 18 ਫੀਸਦੀ ਬਕਾਇਆ ਡੀ ਏ ਦੀ ਕਿਸ਼ਤਾਂ ਜਾਰੀ ਕਰਨਾ ਤੇ ਅਗੇਤ ਆਧਾਰ 'ਤੇ ਲੱਗੇ ਆਰ.ਟੀ.ਐੱਮ. ਕਰਮਚਾਰੀਆਂ ਦੀ ਵਿਆਜ ਮੁਆਫ ਕਰਨਾ, ਪੁਰਾਣੀ ਪੈਨਸ਼ਨ ਬਹਾਲ ਕਰਨ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨਾ, ਕਲੈਰੀਕਲ ਭਰਤੀ ਕਰਨ ਆਦਿ ਮੰਗਾਂ ਜਿੰਨਾ ਚਿਰ ਲਾਗੂ ਨਹੀਂ ਕੀਤੀਆਂ ਜਾਂਦੀਆਂ, ਉਨੀ ਦੇਰ ਸੰਘਰਸ਼ ਜਾਰੀ ਰਹੇਗਾ। ਇਸ ਤੋਂ ਇਲਾਵਾ ਧਰਨੇ ਨੂੰ ਅਸ਼ਵਨੀ ਕੁਮਾਰ ਸਬ ਅਰਬਨ ਮੰਡਲ ਪ੍ਰਧਾਨ ਪੀ.ਐੱਸ.ਈ.ਬੀ. ਇੰਪਲਾਈਜ਼ ਫੈਡਰੇਸ਼ਨ ਏਟਕ ਨੇ ਕਿਹਾ ਕਿ ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਛੁੱਟੀ ਨੂੰ ਹੋਰ ਵਧਾਇਆ ਜਾ ਸਕਦਾ ਹੈ ਅਤੇ ਜ਼ੋਨ ਆਗੂ ਸਾਥੀ ਰਾਕੇਸ਼ ਦੱਤਾ ਨੇ ਸੰਬੋਧਨ ਕਰਦਿਆਂ ਸਾਥੀਆਂ/ਮੁਲਾਜ਼ਮਾਂ ਨੂੰ ਕਿਹਾ ਕਿ ਜੇਕਰ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਲੰਬਾ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਰੋਸ਼ਨ ਲਾਲ, ਕੁਲਜੀਤ ਸਿੰਘ, ਅਮੋਲਕ ਸਿੰਘ, ਬਲਵੰਤ ਸਿੰਘ, ਕਰਮਜੀਤ ਸਿੰਘ, ਸੁਨੀਲ ਕੁਮਾਰ, ਗੁਰਮੁੱਖ ਸਿੰਘ, ਰਾਕੇਸ਼ ਕੁਮਾਰ, ਰਣਬੀਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਮੰਨੀਆਂ ਮੰਗਾਂ ਲਾਗੂ ਨਾ ਕੀਤੀਆਂ ਤਾਂ ਨਿਕਲਣ ਵਾਲੇ ਸਿੱਟਿਆਂ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਦੀ ਹੋਵੇਗੀ।

# 29 ਦੀ ਰੈਲੀ ਸੰਬੰਧੀ ਮੁੱਖ ਮੰਤਰੀ ਤੇ ਵਿੱਤ ਮੰਤਰੀ ਨੂੰ ਦਿੱਤਾ ਨੋਟਿਸ



**ਸੰਗਰੂਰ (ਪ੍ਰਵੀਨ ਸਿੰਘ)**

ਪੰਜਾਬ ਗੌਰਮਿੰਟ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੀ ਸੂਬਾ ਕਮੇਟੀ ਦੇ ਫੈਸਲੇ ਮੁਤਾਬਕ 29 ਜੁਲਾਈ ਨੂੰ ਸੰਗਰੂਰ ਦੀ ਅਨਾਜ ਮੰਡੀ ਵਿੱਚ ਕੀਤੀ ਜਾਣ ਵਾਲੀ ਸੂਬਾ ਪੱਧਰੀ ਰੈਲੀ ਸੰਬੰਧੀ ਮੁੱਖ ਮੰਤਰੀ ਤੇ ਵਿੱਤ ਮੰਤਰੀ ਪੰਜਾਬ ਨੂੰ ਰੈਲੀ ਦੀ ਜ਼ਿਲ੍ਹਾ ਪ੍ਰਬੰਧਕੀ ਕਮੇਟੀ ਵੱਲੋਂ ਜਿਸ ਵਿੱਚ ਪੈਨਸ਼ਨਰ ਆਗੂ ਰਾਜ ਕੁਮਾਰ ਅਰੋੜਾ, ਅਵਿਨਾਸ਼ ਸ਼ਰਮਾ, ਭੁਪਿੰਦਰ ਸਿੰਘ ਜੱਸੀ, ਪ੍ਰਿਤਪਾਲ ਸਿੰਘ, ਸੁਰੇਸ਼ ਪਾਲ ਸ਼ਰਮਾ ਵੱਲੋਂ ਡਿਪਟੀ ਕਮਿਸ਼ਨਰ ਸੰਗਰੂਰ ਸ੍ਰੀਮਤੀ ਪੂਨਮਦੀਪ ਕੌਰ ਆਈਏਐਸ ਨੂੰ ਨੋਟਿਸ ਦਿੱਤਾ ਗਿਆ।ਹਰਦੀਪ ਸੰਘ ਅਤੇ ਗੁਰਿੰਦਰਪਾਲ ਸਿੰਘ ਵੀ ਮੌਜੂਦ ਸਨ।ਆਗੂਆਂ ਵੱਲੋਂ ਆਖਿਆ ਗਿਆ ਕਿ ਪੰਜਾਬ ਦੇ ਸਮੂਹ ਪੈਨਸ਼ਨਰ ਫੈਮਲੀ ਪੈਨਸ਼ਨਰ ਤੇ ਉਨ੍ਹਾਂ ਦੇ ਵਾਰਸ ਪੰਜਾਬ ਸਰਕਾਰ ਦੁਆਰਾ ਪੈਨਸ਼ਨਰਾਂ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਨੂੰ ਬੰਦ ਕਰਨ ਦੀਆਂ ਚਾਲਾਂ ਪ੍ਰਤੀ ਭਾਰੀ ਗੁੱਸਾ ਅਤੇ ਰੋਹ ਹੈ, ਛੇਵੇਂ ਤਨਖਾਹ-ਕਮਿਸ਼ਨ ਦੀਆਂ ਸਿਫਾਰਸ਼ਾਂ ਲਾਗੂ ਕਰਨ ਤੋਂ ਲਗਾਤਾਰ ਆਨਾ ਕਾਨੀ ਕੀਤੀ ਜਾ ਰਹੀ ਹੈ, ਪੈਨਸ਼ਨਰਾਂ ਦੀਆਂ ਪੈਨਸ਼ਨਾਂ ਜਾਮ ਕਰਨ ਲਈ ਬੈਂਕਾਂ ਨੂੰ ਉਨ੍ਹਾਂ ਦੀਆਂ ਬਨਦੀਆਂ ਅਦਾਇਗੀਆਂ ਕਰਨ ਤੋਂ ਪਾਸਾ ਵੱਟਿਆ ਜਾ ਰਿਹਾ ਹੈ, ਪੈਨਸ਼ਨਰਾਂ ਨੂੰ ਖੱਜਲ ਖੁਆਰ ਕਰਨ ਲਈ ਡਿਜ਼ੀਟਲ ਲਾਈਵ ਸਰਟੀਫਿਕੇਟ ਅੱਪਡੇਟ ਨਾ ਹੋਣ ਦੇ ਬਹਾਨੇ ਹਜ਼ਾਰਾਂ ਪੈਨਸ਼ਨਰਾਂ ਦੀਆਂ ਪੈਨਸ਼ਨਾਂ ਰੋਕੀਆਂ ਹੋਈਆਂ ਹਨ। ਦੋ ਸਾਲ ਬਾਅਦ ਮਿਲਣ ਵਾਲੇ ਸਫ਼ਰੀ ਭੱਤੇ ਨੂੰ ਦੇਣ ਲਈ ਉਸ ਨੂੰ ਆਨਲਾਈਨ ਕਰਨ ਲਈ ਪੈਨਸ਼ਨ ਸੇਵਾ ਪੋਰਟਲ ਦੀ ਗੁੰਝਲਦਾਰ ਪ੍ਰਕ੍ਰਿਆ ਵਿੱਚ ਉਲਝਾ ਕੇ ਉਸਦੀ ਅਦਾਇਗੀ ਨੂੰ ਰੋਕਣ ਦੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ, ਮਾਨਯੋਗ ਹਾਈ ਕੋਰਟ ਦੇ ਮੁਲਾਜ਼ਮ ਪੈਨਸ਼ਨਰ ਪੱਖੀ ਫੈਸਲੇ ਲਾਗੂ ਕਰਨ ਦੀ ਬਜਾਏ ਉਹਨਾਂ ਨੂੰ ਲਟਕਾਉਣ ਲਈ ਮਾਨਯੋਗ ਹਾਈਕੋਰਟ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ, ਬੋਰਡਾਂ ਕਾਰਪੋਰੇਸ਼ਨਾਂ ਨਗਰ ਕਮੇਟੀਆਂ ਵਰਗੇ ਅਦਾਰਿਆਂ ਦੇ ਪੈਨਸ਼ਨਰਾਂ ਨੂੰ ਪੈਨਸ਼ਨ ਦੇਣ ਤੋਂ ਟਾਲਾ ਵੱਟਿਆ ਜਾ ਰਿਹਾ ਹੈ, ਪੈਨਸ਼ਨਰਾਂ ਦੇ ਇਲਾਜ 'ਤੇ ਹੋਏ ਲੱਖਾਂ ਰੁਪਏ ਦੇ ਖਰਚਿਆ ਦੀ ਪ੍ਰਤੀ ਪੂਰਤੀ ਲਈ ਬਣਦਾ ਬੱਜਟ ਦੋ-ਦੋ ਸਾਲ ਜਾਰੀ ਨਹੀਂ ਕੀਤਾ ਜਾਂਦਾ, ਜਿਸ ਕਰਕੇ ਪੰਜਾਬ ਦੇ ਪੈਨਸ਼ਨਰ ਪੰਜਾਬ ਸਰਕਾਰ ਖ਼ਿਲਾਫ਼ ਅੱਕ-ਥੱਕ ਕੇ ਸੰਘਰਸ਼ ਦੇ ਰਾਹ ਪੈ ਕੇ ਤੇ ਕਾਨੂੰਨੀ ਲੜਾਈ ਲੜਣ ਲਈ ਮੈਦਾਨ ਵਿੱਚ ਉੱਤਰੇ ਹਨ।

ਸਾਰੇ ਪੰਜਾਬ ਦੇ ਜ਼ਿਲ੍ਹਿਆ ਵਿੱਚੋਂ ਪੈਨਸ਼ਨਰ ਵੱਡੀ ਗਿਣਤੀ ਵਿੱਚ ਲਾਮਬੰਦੀ ਕਰਦੇ ਹੋਏ 29 ਜੁਲਾਈ ਨੂੰ ਸਾਢੇ ਦਸ ਵਜੇ ਸੰਗਰੂਰ ਦੀ ਧਰਤੀ ਤੇ ਮਹਾਂਰੈਲੀ ਕਰਨ ਲਈ ਅਤੇ ਕੁੰਭਕਰਨੀ ਨੀਂਦ 'ਚ ਸੁੱਤੀ ਸਰਕਾਰ ਨੂੰ ਜਗਾਉਣ ਲਈ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚ ਰਹੇ ਹਨ ਕਿ ਅਸੀਂ ਪੈਨਸ਼ਨਰ ਹੋਏ ਹਾਂ ਮਰੇ ਨਹੀਂ। ਪੈਨਸ਼ਨਰ ਜੁਆਇੰਟ ਫਰੰਟ ਦੇ ਸੂਬਾ ਕਨਵੀਨਰਾਂ ਭਜਨ ਸਿੰਘ ਗਿੱਲ, ਕਰਮ ਸਿੰਘ ਧਨੋਆ, ਅਵਿਨਾਸ਼ ਸ਼ਰਮਾ ਤੇ ਸੁਖਵਿੰਦਰ ਸਿੰਘ ਸੈਣੀ ਨੇ ਵਰਚੂਅਲ ਮੀਟਿੰਗ ਕਰਨ ਉਪਰੰਤ ਸੰਗਰੂਰ ਵਿਖੇ ਫ਼ਿਜ਼ੀਕਲ ਮੀਟਿੰਗ ਕਰਕੇ ਫੈਸਲਾ ਕੀਤਾ ਗਿਆ ਕਿ 29 ਜੁਲਾਈ ਦੀ ਰੈਲੀ ਉਪਰੰਤ ਵਿੱਤ ਮੰਤਰੀ ਦੀ ਰਹਾਇਸ਼ ਵੱਲ ਮਾਰਚ ਕੀਤਾ ਜਾਵੇਗਾ।

# ਲੈਕਚਰਾਰ ਕੇਡਰ ਭਰਤੀ : ਫੀਸ ਕੱਟੀ, ਅਰਜ਼ੀ ਪੋਰਟਲ ਤੋਂ ਗਾਇਬ

**ਸੁਨਾਮ ਦੇ ਪਰਵਾਰ ਨੇ ਲਾਈ ਨਿਆਂ ਦੀ ਗੁਹਾਰ**

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਲੈਕਚਰਾਰ ਕੇਡਰ ਭਰਤੀ ਲਈ ਆਨਲਾਈਨ ਅਰਜ਼ੀ ਪ੍ਰਕਿਰਿਆ ਦੌਰਾਨ ਇੱਕ ਉਮੀਦਵਾਰ ਦੀ ਫੀਸ ਕੱਟੇ ਜਾਣ ਦੇ ਬਾਵਜੂਦ ਅਰਜ਼ੀ ਪੋਰਟਲ 'ਤੇ ਦਰਜ ਨਾ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ।ਇਸ ਕਾਰਨ ਨਾ ਸਿਰਫ਼ ਉਮੀਦਵਾਰ ਦਾ 2,000 ਰੁਪਏ ਦਾ ਭੁਗਤਾਨ ਅਟਕ ਗਿਆ ਹੈ, ਸਗੋਂ ਉਸ ਦੇ ਭਵਿੱਖ ਨੂੰ ਲੈ ਕੇ ਵੀ ਪਰਿਵਾਰ ਚਿੰਤਤ ਹੈ।ਸਥਾਨਕ ਵਾਸੀ ਅਸ਼ੋਕ ਕੁਮਾਰ ਪੁੱਤਰ ਕ੍ਰਿਸ਼ਨ ਦਾਸ ਨੇ ਦੱਸਿਆ ਕਿ ਉਸ ਦੀ ਬੇਟੀ ਨੀਲਮ ਬਾਂਸਲ ਨੇ ਲੈਕਚਰਾਰ ਕੈਡਰ ਦੀ ਭਰਤੀ ਲਈ ਨਿਰਧਾਰਤ ਪੋਰਟਲ ਰਾਹੀਂ ਆਨਲਾਈਨ ਅਰਜ਼ੀ ਭਰੀ ਤੇ 2,000 ਰੁਪਏ ਦੀ ਫੀਸ ਜਮ੍ਹਾਂ ਕਰਵਾਈ।ਰਕਮ ਬੈਂਕ ਖਾਤੇ ਵਿੱਚੋਂ ਕੱਟ ਗਈ, ਪਰ ਇਸ ਤੋਂ ਬਾਅਦ ਨਾ ਤਾਂ ਪੋਰਟਲ 'ਤੇ ਅਰਜ਼ੀ ਦਾ ਕੋਈ ਰਿਕਾਰਡ ਦਿਖਾਈ ਦਿੱਤਾ ਅਤੇ ਨਾ ਹੀ ਫੀਸ ਪ੍ਰਾਪਤ ਹੋਣ ਦੀ ਪੁਸ਼ਟੀ ਮਿਲੀ।ਉਨ੍ਹਾਂ ਦੱਸਿਆ ਕਿ ਮਾਮਲੇ ਸਬੰਧੀ ਸਿੱਖਿਆ ਵਿਭਾਗ ਨਾਲ ਸੰਪਰਕ ਕਰਨ ਦੇ ਨਾਲ-ਨਾਲ ਸਬੰਧਤ ਦਫ਼ਤਰ ਵਿੱਚ ਲਿਖਤੀ ਸ਼ਿਕਾਇਤ ਵੀ ਦਿੱਤੀ ਗਈ, ਪਰ ਅਜੇ ਤੱਕ ਨਾ ਤਾਂ ਕੱਟੀ ਗਈ ਰਕਮ ਵਾਪਸ ਕੀਤੀ ਗਈ ਹੈ ਤੇ ਨਾ ਹੀ ਅਰਜ਼ੀ ਦੀ ਸਥਿਤੀ ਬਾਰੇ ਕੋਈ ਸੰਤੋਸ਼ਜਨਕ ਜਵਾਬ ਮਿਲਿਆ ਹੈ।ਅਸ਼ੋਕ ਕੁਮਾਰ ਨੇ ਕਿਹਾ ਕਿ ਜੇਕਰ ਤਕਨੀਕੀ ਖਾਮੀ ਕਾਰਨ ਉਮੀਦਵਾਰਾਂ ਨੂੰ ਇਸ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤਾਂ ਸਬੰਧਤ ਵਿਭਾਗ ਨੂੰ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ।ਉਨ੍ਹਾਂ ਮੰਗ ਕੀਤੀ ਕਿ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਜਾਂ ਤਾਂ ਅਰਜ਼ੀ ਨੂੰ ਪੋਰਟਲ 'ਤੇ ਬਹਾਲ ਕੀਤਾ ਜਾਵੇ ਜਾਂ ਕੱਟੀ ਗਈ 2,000 ਰੁਪਏ ਦੀ ਫੀਸ ਤੁਰੰਤ ਵਾਪਸ ਕੀਤੀ ਜਾਵੇ, ਤਾਂ ਜੋ ਉਮੀਦਵਾਰ ਨਾਲ ਇਨਸਾਫ਼ ਹੋ ਸਕੇ।ਪਰਿਵਾਰ ਨੇ ਉਮੀਦ ਜਤਾਈ ਹੈ ਕਿ ਸਬੰਧਤ ਅਧਿਕਾਰੀ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਜਲਦ ਹੱਲ ਕੱਢਣਗੇ, ਤਾਂ ਜੋ ਭਰਤੀ ਪ੍ਰਕਿਰਿਆ ਵਿੱਚ ਕਿਸੇ ਯੋਗ ਉਮੀਦਵਾਰ ਦਾ ਨੁਕਸਾਨ ਨਾ ਹੋਵੇ।

# ਸਰਕਾਰ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਕਾਨੂੰਨੀ ਮਾਨਤਾ ਦੇਵੇ : ਬਲਾਕ ਆਗੂ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਬਲਾਕ ਨਿਹਾਲ ਸਿੰਘ ਵਾਲਾ ਦੀ ਮਹੀਨਾਵਾਰ ਮੀਟਿੰਗ ਦੀਪ ਹਸਪਤਾਲ (ਡਾਕਟਰ ਹਰਗੁਰਪ੍ਰਤਾਪ ਸਿੰਘ) ਵਿਖੇ ਕਾਨਫਰੰਸ ਦੇ ਰੂਪ ਵਿੱਚ ਕੀਤੀ ਗਈ। ਮੀਟਿੰਗ ਦੀ ਸ਼ੁਰੂਆਤ ਵਿੱਛੜੀਆਂ ਰੂਹਾਂ ਡਾਕਟਰ ਬਲਵੰਤ ਸਿੰਘ ਦੂੰਨੇਕੇ ਦਾ ਪੋਤਰਾ ਕਾਕਾ ਹਰਸ਼ਪਰੀਤ ਸਿੰਘ, ਸੀਨੀਅਰ ਪੱਤਰਕਾਰ ਰਣਜੀਤ ਬਾਵਾ ਦੇ ਵੱਡੇ ਭਰਾ ਜਗਤਾਰ ਬਾਵਾ, ਡਾਕਟਰ ਬਲਵਿੰਦਰ ਸਿੰਘ ਬਿਲਾਸਪੁਰ ਲਈ ਦੋ ਮਿੰਟ ਦਾ ਮੌਨ ਧਾਰਨ ਕਰਕੇ ਵਿੱਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਭੇਟ ਕਰਕੇ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਚੇਅਰਮੈਨ ਸੋਹਣ ਸਿੰਘ ਸੈਦੋਕੇ ਨੇ ਵਿੱਛੜੇ ਸਾਥੀ ਬਲਵਿੰਦਰ ਸਿੰਘ ਬਿਲਾਸਪੁਰ ਦੇ ਸੰਘਰਸ਼ਮਈ ਜੀਵਨ 'ਤੇ ਚਾਨਣਾ ਪਾਉਂਦੇ ਹੋਏ ਦੱਸਿਆ ਕਿ ਪਿਛੋਕੜ ਵਿੱਚ ਉਨ੍ਹਾਂ ਦਾ ਜਥੇਬੰਦੀ ਲਈ ਚੱਲ ਰਹੇ ਸੰਘਰਸ਼ਾਂ ਵਿੱਚ ਕਿੰਨਾ ਯੋਗਦਾਨ ਰਿਹਾ ਹੈ ਤੇ ਕਿੰਨੇ ਸਮਰਪਤ ਸਨ।

ਜਥੇਬੰਦੀ ਵੱਲੋਂ ਇਸ ਲਈ ਉਨ੍ਹਾਂ ਨੂੰ ਹਮੇਸ਼ਾ ਯਾਦ ਕੀਤਾ ਜਾਂਦਾ ਰਹੇਗਾ। ਸੀਨੀਅਰ ਮੀਤ ਪ੍ਰਧਾਨ ਜਗਸੀਰ ਸਿੰਘ ਹਿੰਮਤਪੁਰਾ, ਬਹਾਦਰ ਸਿੰਘ ਮੱਲੇਆਣਾ, ਜਨਰਲ ਸਕੱਤਰ ਅਮਨਪ੍ਰੀਤ ਦੌਧਰ, ਰਣਧੀਰ ਸਿੰਘ ਮੀਨੀਆਂ ਨੇ ਦੱਸਿਆ ਕਿ ਜਥੇਬੰਦੀ ਨੇ ਸੂਝਵਾਨ ਲੀਡਰਸ਼ਿਪ ਦੀ ਅਗਵਾਈ ਵਿੱਚ ਕਿਸ ਤਰ੍ਹਾਂ ਸੰਘਰਸ਼ਾਂ ਨੂੰ ਆਪਣੇ ਪਿੰਡੇ 'ਤੇ ਹੰਢਾ ਕੇ ਸਾਡੇ ਰੋਜ਼ਗਾਰਾਂ ਨੂੰ ਬਚਾ ਕੇ ਰੱਖਿਆ ਹੈ। ਸਮੇਂ ਸਮੇਂ 'ਤੇ ਹਰੇਕ ਸਰਕਾਰ ਨੇ ਚੋਣਾਂ ਵੇਲੇ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਰਜਿਸਟਰੇਸ਼ਨ ਦੇਣ ਦਾ ਵਾਅਦਾ ਕਰਕੇ ਵੋਟਾਂ ਬਟੋਰੀਆਂ ਹਨ ਤੇ ਹਰ ਵਾਰ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਵਾਅਦਾਖਿਲਾਫੀ ਦੀ ਸ਼ਿਕਾਰ ਹੋਈ ਹੈ। ਜ਼ਿਲ੍ਹਾ ਜਰਨਲ ਸਕੱਤਰ ਰਜਿੰਦਰ ਸਿੰਘ ਲੋਪੋ, ਸੂਬਾ ਸਕੱਤਰ ਗੁਰਮੇਲ ਸਿੰਘ ਮਾਛੀਕੇ ਨੇ ਕਿਹਾ ਕਿ ਜ਼ਿਲ੍ਹਾ ਮੋਗਾ ਵਿੱਚ ਸਿਹਤ ਵਿਭਾਗ ਤੇ ਪੁਲਸ ਪ੍ਰਸ਼ਾਸਨ ਵੱਲੋਂ ਰਜਿਸਟਰੇਸ਼ਨ ਦੀ ਆੜ ਹੇਠ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਬੇਵਜ੍ਹਾ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜੋ ਕਿ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸਰਪ੍ਰਸਤ ਰਛਿੰਦਰ ਸਿੰਘ ਰਣੀਆਂ, ਬਲਾਕ ਪ੍ਰਧਾਨ ਗੁਰਮੇਲ ਸਿੰਘ ਮਾਨ ਨੇ ਚਿਤਾਵਨੀ ਦਿੰਦਿਆਂ ਆਖਿਆ ਕਿ ਜੇਕਰ ਸਿਹਤ ਵਿਭਾਗ ਵੱਲੋਂ ਇਹੋ ਜਿਹੀਆਂ ਕਾਰਵਾਈਆਂ ਨੂੰ ਤੁਰੰਤ ਬੰਦ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਜਥੇਬੰਦੀ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਵੱਡੇ ਸੰਘਰਸ਼ ਨੂੰ ਵਿੱਢਣ ਲਈ ਮਜਬੂਰ ਹੋਵੇਗੀ। ਇਸ ਮੌਕੇ ਗੁਰਪ੍ਰੀਤ ਸਿੰਘ ਰੌਂਤਾ, ਕੈਸ਼ੀਅਰ ਚਮਕੌਰ ਖਾਈ, ਰੁਪਿੰਦਰ ਦੀਦਾਰੇ ਵਾਲਾ, ਜਗਰਾਜ ਖਾਈ, ਗਗਨ ਡਾਲਾ, ਸੁਖਵਿੰਦਰ ਗੋਲਣ, ਪ੍ਰੈੱਸ ਸਕੱਤਰ ਭਗਵਾਨ ਸਿੰਘ ਖੋਟੇ ਆਦਿ ਹਾਜ਼ਰ ਸਨ।

# ਐਡਵੋਕੇਟ ਡਿੰਪਲ ਖੱਤਰੀ ਦੇ ਨਾਂਅ 'ਤੇ ਰੱਖਿਆ ਜਾਵੇਗਾ ਸੜਕ ਦਾ ਨਾਂਅ

**ਵਿਧਾਇਕ ਕੋਹਲੀ ਨੇ ਮੇਅਰ ਤੇ ਕਮਿਸ਼ਨਰ ਨੂੰ ਸੌਂਪਿਆ ਪੱਤਰ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪਟਿਆਲਾ ਸ਼ਹਿਰ ਦੀਆਂ ਪ੍ਰਮੁੱਖ ਸੜਕਾਂ ਵਿੱਚੋਂ ਇੱਕ ਦਾ ਨਾਮ ਸਵਰਗੀ ਐਡਵੋਕੇਟ ਡਿੰਪਲ ਖੱਤਰੀ ਦੇ ਨਾਮ 'ਤੇ ਕਰਨ ਦੀ ਕਵਾਇਦ ਸ਼ੁਰੂ ਹੋ ਗਈ ਹੈ। ਪਟਿਆਲਾ (ਸ਼ਹਿਰੀ) ਤੋਂ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਨੇ ਜੀਨਗਰ ਸਮਾਜ ਦੀ ਮੰਗ ਨੂੰ ਅੱਗੇ ਵਧਾਉਂਦੇ ਹੋਏ ਨਗਰ ਨਿਗਮ ਦੇ ਮੇਅਰ ਤੇ ਨਿਗਮ ਕਮਿਸ਼ਨਰ ਨੂੰ ਇੱਕ ਰਸਮੀ ਪੱਤਰ ਸੌਂਪ ਕੇ ਮਤਾ ਪਾਸ ਕਰਨ ਲਈ ਕਿਹਾ ਹੈ।

ਸਵ. ਡਿੰਪਲ ਖੱਤਰੀ ਤੇ ਜੀਨਗਰ ਸਮਾਜ ਵੱਲੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੂੰ ਇੱਕ ਮੰਗ ਪੱਤਰ ਸੌਂਪਿਆ ਗਿਆ ਸੀ, ਜਿਸ ਵਿੱਚ ਤੋਪਖਾਨਾ ਗੇਟ ਤੋਂ ਲੈ ਕੇ ਸ੍ਰੀ ਬਾਬਾ ਰਾਮਦੇਵ ਚੌਕ ਤੱਕ ਜਾਂਦੀ ਮੁੱਖ ਸੜਕ ਦਾ ਨਾਮ 'ਐਡਵੋਕੇਟ ਡਿੰਪਲ ਖੱਤਰੀ ਮਾਰਗ' ਰੱਖਣ ਦੀ ਪੁਰਜ਼ੋਰ ਅਪੀਲ ਕੀਤੀ ਗਈ ਸੀ। ਜੀਨਗਰ ਸਮਾਜ ਦੇ ਨੁਮਾਇੰਦਿਆਂ ਦਾ ਕਹਿਣਾ ਹੈ ਕਿ ਐਡਵੋਕੇਟ ਡਿੰਪਲ ਖੱਤਰੀ ਨੇ ਇਲਾਕੇ ਦੇ ਲੋਕਾਂ ਤੇ ਸਮਾਜ ਦੀ ਸੇਵਾ ਵਿੱਚ ਅਹਿਮ ਯੋਗਦਾਨ ਪਾਇਆ ਹੈ, ਜਿਸ ਕਾਰਨ ਲੋਕਾਂ ਦੇ ਦਿਲਾਂ ਵਿੱਚ ਉਨ੍ਹਾਂ ਲਈ ਡੂੰਘਾ ਸਤਿਕਾਰ ਹੈ।

ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਨਗਰ ਨਿਗਮ ਦੇ ਮੇਅਰ ਨੂੰ ਲਿਖੇ ਆਪਣੇ ਸਿਫ਼ਾਰਸ਼ੀ ਪੱਤਰ ਵਿੱਚ ਇਸ ਮੰਗ ਦੀ ਅਹਿਮੀਅਤ 'ਤੇ ਚਾਨਣਾ ਪਾਇਆ।ਉਨ੍ਹਾਂ ਕਿਹਾ ਕਿ ਇਹ ਮੰਗ ਕੇਵਲ ਜੀਨਗਰ ਸਮਾਜ ਤੱਕ ਹੀ ਸੀਮਤ ਨਹੀਂ ਹੈ, ਸਗੋਂ ਇਹ ਪੂਰੇ ਪਟਿਆਲਾ ਸ਼ਹਿਰ ਵਾਸੀਆਂ ਦੀਆਂ ਭਾਵਨਾਵਾਂ ਨਾਲ ਜੁੜੀ ਹੋਈ ਹੈ।ਐਡਵੋਕੇਟ ਡਿੰਪਲ ਖੱਤਰੀ ਨੇ ਸਮਾਜ ਭਲਾਈ ਤੇ ਨਿਆਂ ਦੇ ਖੇਤਰ ਵਿੱਚ ਜੋ ਕਾਰਜ ਕੀਤੇ ਹਨ, ਉਹ ਹਮੇਸ਼ਾ ਯਾਦ ਰੱਖੇ ਜਾਣਗੇ।ਵਿਧਾਇਕ ਕੋਹਲੀ ਨੇ ਨਗਰ ਨਿਗਮ ਮੇਅਰ ਨੂੰ ਅਪੀਲ ਕੀਤੀ ਕਿ ਆਉਣ ਵਾਲੇ ਨਗਰ ਨਿਗਮ ਦੇ ਜਨਰਲ ਹਾਊਸ ਦੀ ਮੀਟਿੰਗ ਵਿੱਚ ਇਸ ਮਤੇ ਨੂੰ ਪਹਿਲ ਦੇ ਆਧਾਰ 'ਤੇ ਰੱਖ ਕੇ ਜਲਦ ਤੋਂ ਜਲਦ ਮਨਜ਼ੂਰੀ ਦਿੱਤੀ ਜਾਵੇ, ਤਾਂ ਜੋ ਇਸ ਸੜਕ ਦਾ ਨਾਮਕਰਨ ਸਰਕਾਰੀ ਤੌਰ 'ਤੇ ਅਮਲ ਵਿੱਚ ਲਿਆਂਦਾ ਜਾ ਸਕੇ।ਗੱਲਬਾਤ ਕਰਦਿਆਂ ਵਿਧਾਇਕ ਕੋਹਲੀ ਨੇ ਆਖਿਆ ਕਿ ਸੜਕ ਦਾ ਨਾਮ ਐਡਵੋਕੇਟ ਡਿੰਪਲ ਖੱਤਰੀ ਦੇ ਨਾਮ 'ਤੇ ਰੱਖਣਾ ਉਨ੍ਹਾਂ ਦੀਆਂ ਸਮਾਜਿਕ ਸੇਵਾਵਾਂ ਨੂੰ ਇੱਕ ਸੱਚੀ ਸ਼ਰਧਾਂਜਲੀ ਹੋਵੇਗੀ।ਇਸ ਫੈਸਲੇ ਨਾਲ ਨਾ ਕੇਵਲ ਜੀਨਗਰ ਸਮਾਜ ਵਿੱਚ ਖੁਸ਼ੀ ਦੀ ਲਹਿਰ ਹੈ, ਸਗੋਂ ਇਲਾਕਾ ਨਿਵਾਸੀ ਵੀ ਵਿਧਾਇਕ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰ ਰਹੇ ਹਨ।ਪ੍ਰਸ਼ਾਸਨ ਵੱਲੋਂ ਮਤਾ ਪਾਸ ਹੁੰਦੇ ਹੀ ਇਸ ਸੜਕ 'ਤੇ ਨਵੇਂ ਨਾਮ ਦੇ ਬੋਰਡ ਲਗਾਉਣ ਦੀ ਪ੍ਰਕਿਰਿਆ ਆਰੰਭ ਕਰ ਦਿੱਤੀ ਜਾਵੇਗੀ।

# ਧੂਰੀ ਵਪਾਰ ਮੰਡਲ ਦਾ ਵ.ਫ਼ਦ ਕਾਰਜ ਸਾਧਕ ਅਫਸਰ ਨੂੰ ਮਿਲਿਆ

**ਸ.ਫ਼ਾਈ ਸੇਵਕਾਂ ਦੀ ਹੜਤਾਲ ਦੌਰਾਨ ਬਿਮਾਰੀਆਂ ਦਾ ਖ਼ਤਰਾ : ਜੈਨ, ਬਜਾਜ**



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪਿਛਲੇ ਕੁਝ ਦਿਨਾਂ ਤੋਂ ਸਫ਼ਾਈ ਸੇਵਕਾਂ ਦੀ ਚੱਲ ਰਹੀ ਅਣਮਿੱਥੇ ਸਮੇਂ ਦੀ ਹੜਤਾਲ ਕਾਰਨ ਸਫ਼ਾਈ ਵਿਵਸਥਾ ਪੂਰੀ ਤਰ੍ਹਾਂ ਵਿਗੜ ਚੁੱਕੀ ਹੈ।ਸ਼ਹਿਰ ਦੇ ਮੁੱਖ ਬਾਜ਼ਾਰਾਂ, ਰਿਹਾਇਸ਼ੀ ਇਲਾਕਿਆਂ, ਗਲੀਆਂ-ਮੁਹੱਲਿਆਂ ਤੇ ਚੌਰਾਹਿਆਂ 'ਤੇ ਕੂੜੇ-ਕਰਕਟ ਦੇ ਵੱਡੇ-ਵੱਡੇ ਢੇਰ ਲੱਗ ਗਏ ਹਨ।ਇਸ ਗੰਭੀਰ ਸਥਿਤੀ ਨੂੰ ਦੇਖਦਿਆਂ ਧੂਰੀ ਵਪਾਰ ਮੰਡਲ (ਰਜਿ:) ਨੇ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਨੂੰ ਇੱਕ ਮੰਗ ਪੱਤਰ ਸੌਂਪ ਕੇ ਤੁਰੰਤ ਢੁੱਕਵੇਂ ਕਦਮ ਚੁੱਕਣ ਦੀ ਮੰਗ ਕੀਤੀ ਹੈ।

ਧੂਰੀ ਵਪਾਰ ਮੰਡਲ ਧੂਰੀ ਦੇ ਪ੍ਰਧਾਨ ਵਿਕਾਸ ਜੈਨ ਤੇ ਚੇਅਰਮੈਨ ਹੰਸ ਰਾਜ ਬਜਾਜ ਨੇ ਦੱਸਿਆ ਕਿ ਬਰਸਾਤੀ ਮੌਸਮ ਹੋਣ ਕਰਕੇ ਲਗਾਤਾਰ ਪੈ ਰਹੇ ਮੀਂਹ ਨਾਲ ਇਹ ਕੂੜਾ ਗਲ ਰਿਹਾ ਹੈ, ਜਿਸ ਤੋਂ ਅਤਿਅੰਤ ਬਦਬੂ ਫੈਲ ਰਹੀ ਹੈ।ਬਾਰਿਸ਼ ਦੇ ਪਾਣੀ ਨਾਲ ਕੂੜਾ ਸੜਕਾਂ 'ਤੇ ਫੈਲਣ ਕਰਕੇ ਨਿਕਾਸੀ ਨਾਲੀਆਂ ਵੀ ਬੰਦ ਹੋ ਰਹੀਆਂ ਹਨ, ਜਿਸ ਨਾਲ ਦੁਕਾਨਦਾਰਾਂ ਤੇ ਲੰਘਣ-ਵੜਨ ਵਾਲੇ ਰਾਹੀਆਂ ਦਾ ਹਾਲ ਬੇਹਾਲ ਹੋ ਗਿਆ ਹੈ।

ਇਸ ਨਮੀ ਵਾਲੇ ਮੌਸਮ ਵਿੱਚ ਮੱਛਰਾਂ ਤੇ ਮੱਖੀਆਂ ਦੀ ਭਰਮਾਰ ਹੋਣ ਨਾਲ ਡੇਂਗੂ, ਮਲੇਰੀਆ, ਹੈਜ਼ਾ ਤੇ ਪੇਟ ਦੀਆਂ ਭਿਆਨਕ ਬਿਮਾਰੀਆਂ ਫੈਲਣ ਦਾ ਵੱਡਾ ਖ਼ਤਰਾ ਬਣਿਆ ਹੋਇਆ ਹੈ, ਜੋ ਬੱਚਿਆਂ ਤੇ ਬਜ਼ੁਰਗਾਂ ਦੀ ਸਿਹਤ ਲਈ ਘਾਤਕ ਹੋ ਸਕਦਾ ਹੈ।ਵਪਾਰੀਆਂ ਨੇ ਮੰਗ ਕੀਤੀ ਕਿ ਸ਼ਹਿਰ ਦੇ ਸਾਰੇ ਕੂੜੇ ਦੇ ਢੇਰਾਂ 'ਤੇ ਤੁਰੰਤ ਕੀਟਾਣੂ-ਨਾਸ਼ਕ ਤੇ ਮੱਛਰ-ਮਾਰ ਦਵਾਈਆਂ ਦਾ ਸਪਰੇਅ ਕਰਵਾਇਆ ਜਾਵੇ।ਇਸ ਤੋਂ ਇਲਾਵਾ, ਹਰ ਬਾਜ਼ਾਰ ਤੇ ਗਲੀ-ਮੁਹੱਲੇ ਵਿੱਚ ਫੋਗਿੰਗ ਕਰਵਾਈ ਜਾਵੇ ਤੇ ਹੜਤਾਲ ਦੇ ਹੱਲ ਤੱਕ ਆਰਜ਼ੀ ਤੌਰ 'ਤੇ ਕੂੜਾ ਚੁੱਕਣ ਲਈ ਕੋਈ ਵਿਸ਼ੇਸ਼ ਵਿਕਲਪਿਕ ਇੰਤਜ਼ਾਮ ਕੀਤਾ ਜਾਵੇ।

# ਸਫਾਈ ਸੇਵਕਾਂ 'ਤੇ ਪੁਲਸ ਤਸ਼ੱਦਦ ਦੀ ਐਡਵੋਕੇਟ ਧੀਰ ਵੱਲੋਂ ਨਿੰਦਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਬੀਤੇ 15 ਦਿਨਾਂ ਤੋਂ ਅਣਮਿੱਥੇ ਸਮੇਂ ਲਈ ਹੜਤਾਲ 'ਤੇ ਚੱਲੇ ਆ ਰਹੇ ਸਫਾਈ ਸੇਵਕਾਂ ਮਾਵਾਂ-ਭੈਣਾਂ 'ਤੇ ਬਰਨਾਲਾ ਵਿਖੇ ਪੰਜਾਬ ਸਰਕਾਰ ਦੀ ਹਦਾਇਤ 'ਤੇ ਬਰਨਾਲਾ ਵਿਖੇ ਹੜਤਾਲੀ ਸਫ਼ਾਈ ਸੇਵਕਾਂ ਮਾਵਾਂ-ਭੈਣਾਂ 'ਤੇ ਅੰਨ੍ਹੇਵਾਹ ਲਾਠੀਚਾਰਜ ਕੀਤਾ ਅਤੇ ਅਨੇਕਾਂ ਸਫਾਈ ਸੇਵਕਾਂ ਮਾਵਾਂ-ਭੈਣਾਂ ਨੂੰ ਲਹੂ ਲੁਹਾਨ ਕਰ ਦਿੱਤਾ। ਇਸ ਦਰਿੰਦਗੀ ਦਾ ਮੰਜਰ ਸੋਸ਼ਲ ਮੀਡੀਆ 'ਤੇ ਸਮੁੱਚੇ ਪੰਜਾਬ ਹੀ ਨਹੀਂ, ਬਲਕਿ ਸਾਰੇ ਦੇਸ਼ ਨੇ ਆਪਣੀਆਂ ਅੱਖਾਂ ਨਾਲ ਵੇਖਿਆ।ਪੰਜਾਬ ਦੇ ਸਫਾਈ ਸੇਵਕਾਂ ਨਾਲ ਏਕਤਾ ਦਾ ਮੁਜ਼ਾਹਰਾ ਕਰਦਿਆਂ ਅੱਜ ਇੱਥੇ ਨੈਸਲੇ ਫੈਕਟਰੀ ਦੇ ਨੇੜੇ ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਨਾਲ ਜੁੜੀਆਂ ਮਜ਼ਦੂਰ ਜਥੇਬੰਦੀਆਂ ਨੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਤੇ ਨੈਸਲੇ ਠੇਕੇਦਾਰ ਲੇਬਰ ਯੂਨੀਅਨ ਪ੍ਰਧਾਨ ਅਰੁਣ ਬੋਹਤ ਦੀ ਅਗਵਾਈ ਵਿੱਚ ਜਥੇਬੰਦੀਆਂ ਦੇ ਕਾਰਕੁਨਾਂ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵਿਰੁੱਧ ਜ਼ਬਰਦਸਤ ਰੋਸ ਪ੍ਰਦਰਸ਼ਨ ਕੀਤਾ ਤੇ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ।ਇਸ ਮੌਕੇ ਜਥੇਬੰਦੀਆਂ ਨੇ ਦੋਸ਼ੀ ਪੁਲਸ ਅਧਿਕਾਰੀਆਂ ਵਿਰੁੱਧ ਤੁਰੰਤ ਢੁਕਵੀਂ ਕਾਰਵਾਈ ਕਰਨ ਦੀ ਮੰਗ ਕੀਤੀ ਤੇ ਹੜਤਾਲੀ ਸਫਾਈ ਸੇਵਕਾਂ ਦੀ ਹੱਕੀ ਮੰਗਾਂ ਤੁਰੰਤ ਪ੍ਰਵਾਨ ਕਰਨ ਦੀ ਮੰਗ ਕੀਤੀ।ਇਸ ਮੌਕੇ ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਤੇ ਨੈਸਲੇ ਠੇਕੇਦਾਰ ਲੇਬਰ ਯੂਨੀਅਨ ਪ੍ਰਧਾਨ ਅਰੁਣ ਬੋਹਤ ਨੇ ਕਿਹਾ ਕਿ ਹੜਤਾਲੀ ਸਫਾਈ ਸੇਵਕਾਂ ਮਾਵਾਂ-ਭੈਣਾਂ 'ਤੇ ਬਰਨਾਲਾ ਪੁਲਸ ਵੱਲੋਂ ਕੀਤਾ ਗਿਆ ਗੈਰ-ਮਨੁੱਖੀ ਤਸ਼ੱਦਦ ਨਾ ਕਾਬਿਲੇ ਬਰਦਾਸ਼ਤ ਹੈ।

ਧੀਰ ਤੇ ਬੋਹਤ ਨੇ ਕਿਹਾ ਕਿ ਸਫਾਈ ਸੇਵਕਾਂ ਮਾਵਾਂ ਭੈਣਾਂ ਨਾਲ ਬਰਨਾਲਾ ਪੁਲਸ ਵੱਲੋਂ ਕੀਤੀ ਗਈ ਦਰਿੰਦਗੀ ਤੇ ਵਹਿਸ਼ੀਆਨਾ ਸਲੂਕ ਲਈ ਪੰਜਾਬ ਦੀ ਭਗਵੰਤ ਮਾਨ ਸਰਕਾਰ ਪੰਜਾਬ ਦੇ ਕੁੱਲ ਸਫਾਈ ਸੇਵਕਾਂ ਮਾਵਾਂ ਭੈਣਾਂ ਤੇ ਵਾਲਮੀਕੀ ਸਮਾਜ ਤੋਂ ਮਾਫੀ ਮੰਗੇ ਅਤੇ ਦੋਸ਼ੀ ਪੁਲਸ ਕਰਮਚਾਰੀਆਂ ਵਿਰੁੱਧ ਢੁਕਵੀਂ ਕਾਰਵਾਈ ਕਰੇ।ਇਸ ਮੌਕੇ ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ, ਮਿਡ ਡੇ ਮੀਲ ਕੁੱਕ ਯੂਨੀਅਨ ਦੇ ਸੂਬਾ ਪ੍ਰਧਾਨ ਕਰਮ ਚੰਦ ਚੰਡਾਲੀਆ, ਐੱਲ ਪੀ ਜੀ ਗੈਸ ਸਪਲਾਈ ਵਰਕਰ ਯੂਨੀਅਨ ਪ੍ਰਧਾਨ ਰਾਮ ਬਚਨ ਰਾਓ, ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ, ਮਿਡ ਡੇ ਮੀਲ ਕੁੱਕ ਯੂਨੀਅਨ ਦੇ ਸੂਬਾ ਪ੍ਰਧਾਨ ਕਰਮ ਚੰਦ ਚੰਡਾਲੀਆ, ਨੈਸਲੇ ਠੇਕੇਦਾਰ ਲੇਬਰ ਯੂਨੀਅਨ ਵੱਲੋਂ ਚੇਅਰਮੈਨ ਸ਼ੰਕਰ, ਪ੍ਰਧਾਨ ਅਰੁਣ ਬੋਹਤ, ਵਾਈਸ ਪ੍ਰਧਾਨ ਦਵਿੰਦਰ ਸਿੰਘ, ਮੀਤ ਪ੍ਰਧਾਨ ਅੰਗਰੇਜ਼ ਸਿੰਘ, ਜਨਰਲ ਸਕੱਤਰ ਸੋਨੂੰ ਹਾਂਡਾ, ਖਜ਼ਾਨਚੀ ਨਰਿੰਦਰ ਸਿੰਘ, ਜੁਆਇੰਟ ਖਜ਼ਾਨਚੀ ਗੁਰਮੀਤ ਸਿੰਘ ਬਿੱਲਾ, ਜਨਰਲ ਸਕੱਤਰ ਰਾਜਵੀਰ ਸਿੰਘ, ਪ੍ਰੈੱਸ ਸਕੱਤਰ ਵਰਿੰਦਰ ਕੁਮਾਰ, ਬੰਟੀ ਬੋਹਤ, ਜਸਵੰਤ ਆਦਿ ਹਾਜ਼ਰ ਸਨ।

## ਉਦੈਪੁਰ ਮਾਈਨਰ 'ਚ ਪਾਣੀ ਨਾ ਆਉਣ ਕਾਰਨ ਝੋਨਾ ਸੁੱਕਣ ਲੱਗਾ



**ਦੇਵੀਗੜ੍ਹ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਿੰਡ ਉਦੈਪੁਰ ਮਾਈਨਰ ਵਿੱਚ ਸਰਕਾਰੀ ਐਲਾਨ ਦੇ ਬਾਵਜੂਦ ਅਜੇ ਤੱਕ ਪਾਣੀ ਨਾ ਪਹੁੰਚਣ ਕਾਰਨ ਇਲਾਕੇ ਦੇ ਕਿਸਾਨਾਂ ਦੀ ਝੋਨੇ ਦੀ ਫ਼ਸਲ ਸੁੱਕਣ ਕਾਰਨ ਉਨ੍ਹਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਝੋਨੇ ਦੀ ਫ਼ਸਲ ਲਈ ਇਸ ਸਮੇਂ ਪਾਣੀ ਦੀ ਸਭ ਤੋਂ ਵੱਧ ਲੋੜ ਹੈ, ਪਰ ਮਾਈਨਰ ਸੁੱਕਾ ਪਿਆ ਹੋਣ ਕਾਰਨ ਖੇਤਾਂ 'ਚ ਖੜਾ ਝੋਨਾ ਸੁੱਕਣ ਦੀ ਕਾਗਾਰ 'ਤੇ ਪਹੁੰਚ ਗਿਆ ਹੈ।ਸਰਕਾਰ ਵੱਲੋਂ 9 ਜੁਲਾਈ ਤੋਂ ਕਿਸਾਨਾਂ ਨੂੰ ਝੋਨੇ ਦੇ ਸੀਜ਼ਨ ਨੂੰ ਮੁੱਖ ਰੱਖਦੇ ਹੋਏ ਖੇਤੀ ਸੈਕਟਰ ਲਈ ਰੋਜ਼ਾਨਾ 8 ਘੰਟੇ ਬਿਜਲੀ ਸਪਲਾਈ ਦੇਣ ਤੋਂ ਇਲਾਵਾ ਨਹਿਰੀ ਪਾਣੀ ਦੇਣ ਦਾ ਐਲਾਨ ਕੀਤਾ ਗਿਆ ਸੀ, ਪ੍ਰੰਤੂ ਸਰਕਾਰੀ ਐਲਾਨ ਦੇ ਬਾਵਜੂਦ ਸਨੌਰ ਤੇ ਘਨੌਰ ਵਿਧਾਨ ਸਭਾ ਹਲਕੇ 'ਚ ਪੈਂਦੇ ਇਸ ਰਜਬਾਹੇ 'ਚ ਨਹਿਰੀ ਵਿਭਾਗ ਵੱਲੋਂ ਅਜੇ ਤੱਕ ਪਾਣੀ ਨਹੀਂ ਛੱਡਿਆ ਗਿਆ, ਜਿਸ ਕਾਰਨ ਇਲਾਕੇ ਦੇ ਲੋਕ ਪ੍ਰੇਸ਼ਾਨ ਹਨ।ਕਿਸਾਨਾਂ ਨੇ ਦੋਸ਼ ਲਾਇਆ ਕਿ ਮਾਈਨਰ ਵਿੱਚ ਪਾਣੀ ਨਾ ਆਉਣ ਪਿੱਛੇ ਪਾਣੀ ਦੀ ਚੋਰੀ ਜਾਂ ਗੈਰ-ਕਾਨੂੰਨੀ ਢੰਗ ਨਾਲ ਪਾਣੀ ਮੋੜੇ ਜਾਣ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਸਿੰਚਾਈ ਵਿਭਾਗ ਤੋਂ ਮੰਗ ਕੀਤੀ ਹੈ ਕਿ ਮਾਈਨਰ ਦੀ ਤੁਰੰਤ ਜਾਂਚ ਕਰਾਈ ਜਾਵੇ ਅਤੇ ਜੇਕਰ ਕਿਸੇ ਵਲੋਂਗੈਰ-ਕਾਨੂੰਨੀ ਤਰੀਕੇ ਨਾਲ ਪਾਣੀ ਰੋਕਿਆ ਜਾਂ ਚੋਰੀ ਕੀਤਾ ਜਾ ਰਿਹਾ ਹੈ ਤਾਂ ਉਸ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।ਜਦੋਂ ਨਹਿਰੀ ਵਿਭਾਗ ਦੇ ਸਬੰਧਤ ਐੱਸ. ਡੀ. ਓ.ਸੁਸ਼ਾਂਤ ਵਾਲੀਆ ਤੋਂ ਜਾਨਣਾ ਚਾਹਿਆ ਤਾਂ ਉਨ੍ਹਾਂ ਦੱਸਿਆ ਕਿ ਨਰਵਾਣਾ ਬ੍ਰਾਂਚ ਨਹਿਰ 'ਚੋਂ ਜਿਸ ਥਾਂ ਤੋਂ ਇਹ ਰਜਬਾਹਾ ਨਿਕਲਦਾ ਹੈ, ਉਥੋਂ ਨਹਿਰ 'ਚ ਪਾਣੀ ਘੱਟ ਹੋਣ ਕਰ ਕੇ ਰਜਬਾਹੇ ਵਿਚ ਪਾਣੀ ਘੱਟ ਚੜ੍ਹਦਾ ਹੈ, ਜਿਸ ਕਾਰਨ ਇਸ ਰਜਬਾਹੇ ਵਿਚ ਪਾਣੀ ਨਹੀਂ ਆ ਰਿਹਾ।ਦੂਜਾ ਇਹ ਕਿ ਜੋ ਲੋਕ ਰਸਤੇ ਵਿਚ ਪਾਣੀ ਚੋਰੀ ਕਰਦੇ ਸਨ, ਉਨ੍ਹਾਂ ਖਿਲਾਫ ਸਬੰਧਤ ਥਾਣਿਆਂ 'ਚ ਸ਼ਿਕਾਇਤਾਂ ਦਰਜ ਕਰਾਈਆਂ ਹੋਈਆਂ ਹਨ।ਫਿਰ ਵੀ ਅਸੀਂ ਪਾਣੀ ਟੇਲਾਂ ਤੱਕ ਪੁਚਾਉਣ ਦੀ ਕੋਸ਼ਿਸ਼ ਕਰ ਰਹੇ ਹਾਂ।

## ਨਗਰ ਨਿਗਮ ਵਿਖੇ ਗਰਾਂਟ ਘੁਟਾਲੇ ਦੀ ਕੇਂਦਰੀ ਏਜੰਸੀ ਤੋਂ ਜਾਂਚ ਕਰਵਾਈ ਜਾਵੇ : ਦੁੱਗਲ, ਨਿੱਪੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਿਛਲੇ ਦਿਨੀਂ ਨਗਰ ਨਿਗਮ ਪਟਿਆਲਾ ਵਿੱਚ ਪ੍ਰਧਾਨ ਮੰਤਰੀ ਅਵਾਸ ਯੋਜਨਾ ਦੀ ਗ੍ਰਾਂਟ ਵਿੱਚ ਘੱਟਲਾ ਸਾਹਮਣੇ ਆਇਆ ਹੈ, ਜੋ ਕਿ ਉੱਚ ਅਧਿਕਾਰੀਆਂ ਦੀ ਆਪਸੀ ਮਿਲੀਭੁਗਤ ਦਾ ਨਤੀਜਾ ਹੈ। ਜ਼ਿਲ੍ਹਾ ਕਾਂਗਰਸ ਕਮੇਟੀ ਇਸ ਦੀ ਸਖ਼ਤ ਨਿਖੇਧੀ ਕਰਦੀ ਹੈ ਤੇ ਮੰਗ ਕਰਦੀ ਹੈ ਕਿ ਇਸ ਘੋਟਾਲੇ ਦੀ ਕਿਸੇ ਕੇਂਦਰੀ ਏਜੰਸੀ ਤੋਂ ਜਾਂਚ ਕਰਵਾਈ ਜਾਵੇ, ਕਿਉਂਕਿ ਇਹ ਗਰਾਂਟ ਕੇਂਦਰ ਦੀ ਸਰਕਾਰ ਵੱਲੋਂ ਗਰੀਬ ਨਾਗਰਿਕਾਂ ਨੂੰ ਆਪਣੇ ਘਰ ਬਣਾਉਣ ਲਈ ਜਾਂ ਪੁਰਾਣੇ ਘਰਾਂ ਦੀਆਂ ਚਾਦਰਾਂ, ਬਾਲੇ ਕੜੀਆਂ ਵਗੈਰਾ ਬਦਲਣ ਲਈ ਮੁਹੱਈਆ ਕਰਵਾਏ ਜਾਂਦੇ ਹਨ, ਪਰ ਬੜੇ ਦੁੱਖ ਦੀ ਗੱਲ ਹੈ ਕਿ ਇਹ ਗਰੀਬਾਂ ਦੇ ਪੈਸੇ ਆਪਸੀ ਮਿਲੀਭੁਗਤ ਨਾਲ ਹੇਰਾਫੇਰੀ ਕਰਕੇ ਕਿਸੇ ਹੋਰ ਅਕਾਊਂਟਾਂ ਵਿੱਚ ਪਾ ਕੇ ਬੜੇ ਵੱਡੇ ਪੱਧਰ 'ਤੇ ਘੋਟਾਲਾ ਕੀਤਾ ਗਿਆ ਹੈ ਅਤੇ ਅਸਲੀ ਹੱਕਦਾਰਾਂ ਨੂੰ ਇਹ ਕਿਹਾ ਜਾਂਦਾ ਸੀ ਕਿ ਤੁਹਾਡੇ ਪੈਸੇ ਤਾਂ ਮਨਜ਼ੂਰ ਹੋ ਗਏ ਹਨ, ਪਰ ਕੇਂਦਰ ਸਰਕਾਰ ਵੱਲੋਂ ਅਜੇ ਨਗਰ ਨਿਗਮ ਦੇ ਖਾਤੇ ਵਿੱਚ ਜਮ੍ਹਾਂ ਨਹੀਂ ਕਰਵਾਏ ਗਏ ਗਰਾਂਟ ਆਉਣ 'ਤੇ ਤੁਹਾਡੇ ਖਾਤੇ ਵਿੱਚ ਜਮ੍ਹਾਂ ਕਰਵਾ ਦਿੱਤੇ ਜਾਣਗੇ। ਨਰੇਸ਼ ਕੁਮਾਰ ਦੁੱਗਲ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ, ਹਰਵਿੰਦਰ ਸਿੰਘ ਨਿੱਪੀ ਮੈਂਬਰ ਪੀ ਪੀ ਸੀ ਸੀ ਤੇ ਰਜੇਸ਼ ਮੰਡੋਰਾ ਬਲਾਕ ਪ੍ਰਧਾਨ ਪੰਜਾਬ ਦੇ ਰਾਜਪਾਲ ਮਾਨਯੋਗ ਗ਼ੁਲਾਬ ਚੰਦ ਕਟਾਰੀਆ ਤੋਂ ਮੰਗ ਕਰਦੀ ਹੈ ਕਿ ਇਸ ਘੋਟਾਲੇ ਦੀ ਕਿਸੀ ਕੇਂਦਰੀ ਜਾਂਚ ਏਜੰਸੀ ਤੋਂ ਜਲਦੀ ਤੋਂ ਨਿਰਪੱਖ ਜਾਂਚ ਕਰਵਾਈ ਜਾਵੇ ਤਾਂ ਕਿ ਲਾਭ ਪਾਤਰੀਆ ਉਨ੍ਹਾਂ ਦਾ ਬਣਦਾ ਹੱਕ ਮਿਲ ਸਕੇ।

# ਐੱਨ ਐੱਸ ਯੂ ਆਈ ਤੇ ਯੂਥ ਕਾਂਗਰਸ ਨੇ ਕੇਂਦਰੀ ਸਿੱਖਿਆ ਮੰਤਰੀ ਦਾ ਫੂਕਿਆ ਪੁਤਲਾ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਨੀਟ ਤੇ ਹੋਰ ਮੁਕਾਬਲਾ ਪ੍ਰੀਖਿਆਵਾਂ ਵਿੱਚ ਹੋਈ ਹੇਰਾ-ਫੇਰੀ ਦੇ ਵਿਰੋਧ ਵਿੱਚ ਦਿੱਲੀ ਦੇ ਜੰਤਰ-ਮੰਤਰ ਵਿਖੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਭੁੱਖ ਹੜਤਾਲ 'ਤੇ ਬੈਠੇ ਪ੍ਰਸਿੱਧ ਸਮਾਜਿਕ ਕਾਰਕੁਨ ਸੋਨਮ ਵਾਂਗਚੁਕ ਨੂੰ ਪੁਲਸ ਵੱਲੋਂ ਜਬਰੀ ਚੁੱਕ ਕੇ ਹਸਪਤਾਲ ਦਾਖਲ ਕਰਵਾਉਣ ਦੀ ਕਾਰਵਾਈ ਦਾ ਤਿੱਖਾ ਵਿਰੋਧ ਸ਼ੁਰੂ ਹੋ ਗਿਆ।ਅੱਜ ਫਿਰੋਜ਼ਪੁਰ ਵਿਖੇ ਤੇਜਬੀਰ ਸਿੰਘ ਖਾਰਾ ਪ੍ਰਧਾਨ ਐੱਨ ਐੱਸ ਯੂ ਆਈ, ਸੁਖਵਿੰਦਰ ਸਿੰਘ ਅਟਾਰੀ ਬਲਾਕ ਪ੍ਰਧਾਨ, ਯਾਕੂਬ ਭੱਟੀ, ਰਿਸ਼ੀ ਸ਼ਰਮਾ ਐੱਮ ਸੀ ਦੀ ਅਗਵਾਈ 'ਚ ਕੇਂਦਰ ਸਰਕਾਰ ਖ਼ਿਲਾਫ਼ ਜ਼ੋਰਦਾਰ ਰੋਸ ਮੁਜ਼ਾਹਰਾ ਕੀਤਾ ਗਿਆ ਤੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਪੁਤਲਾ ਫੂਕਿਆ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਤੇਜਬੀਰ ਸਿੰਘ ਖਾਰਾ ਨੇ ਕਿਹਾ ਕਿ ਕੇਂਦਰ ਸਰਕਾਰ ਦੇਸ਼ ਦੇ ਲੱਖਾਂ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕਰਨ ਵਾਲੇ ਏਜੰਸੀਆਂ ਨੂੰ ਬਚਾਉਣ ਤੇ ਆਪਣੀਆਂ ਨਾਕਾਮੀਆਂ ਨੂੰ ਲੁਕਾਉਣ ਲਈ ਤਾਨਾਸ਼ਾਹੀ ਰਵੱਈਆ ਅਪਣਾ ਰਹੀ ਹੈ।ਸੋਨਮ ਵਾਂਗਚੁਕ ਵਰਗੀ ਲੋਕਤੰਤਰਿਕ ਤੇ ਸ਼ਾਂਤੀਪੂਰਨ ਭੁੱਖ ਹੜਤਾਲ ਨੂੰ ਜਬਰੀ ਖ਼ਤਮ ਕਰਾਉਣ ਦੀ ਮਨਸ਼ਾ ਨਾਲ ਉਨ੍ਹਾਂ ਨੂੰ ਹਿਰਾਸਤ ਵਿੱਚ ਲੈਣਾ ਨਿੰਦਣਯੋਗ ਹੈ।ਕੇਂਦਰ ਸਰਕਾਰ ਨੂੰ ਤੁਰੰਤ ਸਿੱਖਿਆ ਮੰਤਰੀ ਦਾ ਅਸਤੀਫ਼ਾ ਲੈਣਾ ਚਾਹੀਦਾ ਹੈ ਤੇ ਪ੍ਰੀਖਿਆਵਾਂ ਵਿੱਚ ਹੋਏ ਘੁਟਾਲੇ ਦੀ ਨਿਰਪੱਖ ਜਾਂਚ ਕਰਵਾਉਣੀ ਚਾਹੀਦੀ ਹੈ।ਇਸ ਮੌਕੇ ਬੁਲਾਰਿਆਂ ਨੇ ਦਿੱਲੀ 'ਚ ਪਾਰਲੀਮੈਂਟ ਵੱਲ ਕੂਚ ਕਰ ਰਹੇ ਵਿਦਿਆਰਥੀਆਂ 'ਤੇ ਸਰਕਾਰ ਵੱਲੋਂ ਕੀਤੇ ਤਸ਼ੱਦਦ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ।ਬੁਲਾਰਿਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਵਿਦਿਆਰਥੀਆਂ ਨੂੰ ਇਨਸਾਫ਼ ਨਾ ਮਿਲਿਆ ਤੇ ਲੋਕਤੰਤਰਿਕ ਆਵਾਜ਼ਾਂ ਨੂੰ ਦਬਾਉਣਾ ਬੰਦ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਉਦੇਵੀਰ ਸੰਘਾ ਜਨਰਲ ਸਕੱਤਰ, ਰੁਪਿੰਦਰ ਭੁੱਲਰ ਵਾਇਸ ਪ੍ਰਧਾਨ ਯੂਥ ਕਾਂਗਰਸ ਪੰਜਾਬ, ਸੰਦੀਪ ਸਰਪੰਚ, ਮਾਨਿਕ ਸੋਈ, ਪੁਨੀਤ ਜੈਸਵਾਲ, ਜਸ਼ਨ ਜੈਲਦਾਰ, ਸੁਖਵਿੰਦਰ ਐੱਸ ਬੀ ਐੱਸ, ਲਵ ਢਿੱਲੋਂ, ਦਲੇਰ, ਰੋਹਨਦੀਪ, ਗੁਰਸੇਵਕ ਖਾਰਾ ਸਮੇਤ ਵੱਡੀ ਗਿਣਤੀ ਵਿੱਚ ਨੌਜਵਾਨ ਮੌਜੂਦ ਸਨ।

# ਗੁਰੂਕੁਲ ਕਾਨਵੈਂਟ ਹਾਈ ਸਕੂਲ ਕਾਹਨਗੜ੍ਹ ਵਿਖੇ ਸੈਮੀਨਾਰ ਕੈਂਪ



**ਬਰੇਟਾ (ਰੀਤਵਾਲ)**-ਗੁਰੂਕੁਲ ਕਾਨਵੈਂਟ ਹਾਈ ਸਕੂਲ ਕਾਹਨਗੜ੍ਹ ਵਿੱਚ ਜਿੱਥੇ ਦੁਨਿਆਵੀ ਵਿੱਦਿਆ ਦੇ ਨਾਲ ਨਾਲ ਬੱਚਿਆਂ ਨੂੰ ਧਾਰਮਿਕ ਵਿੱਦਿਆ ਦੇ ਕੇ ਬੱਚਿਆਂ ਅੰਦਰ ਇੱਕ ਚੰਗਾ ਇਨਸਾਨ, ਚੰਗੀ ਸੋਚ ਤੇ ਉੱਚਾ ਕਿਰਦਾਰ ਸਿਰਜਣ ਦੇ ਉਪਰਾਲੇ ਕਰ ਰਿਹਾ ਹੈ, ਉੱਥੇ ਹੀ ਅੱਜ ਸਤਿਨਾਮ ਸਰਬ ਕਲਿਆਣ ਟਰੱਸਟ ਚੰਡੀਗੜ੍ਹ ਤੇ ਸ੍ਰੀ ਸਹਿਜ ਪਾਠ ਸੇਵਾ ਲਹਿਰ ਤੇ ਅੰਮ੍ਰਿਤਸਰ ਸਾਹਿਬ ਵੱਲੋਂ ਸੈਮੀਨਾਰ ਕੈਂਪ ਲਗਾਇਆ ਗਿਆ, ਜਿਸ ਦੇ ਮੁੱਖ ਬੁਲਾਰੇ ਭਾਈ ਸਤਿਨਾਮ ਸਿੰਘ ਸੇਲਬ੍ਰਹੀ ਤੇ ਭਾਈ ਗੁਰਪ੍ਰੀਤ ਸਿੰਘ ਬੁਢਲਾਡਾ ਤੇ ਬਹਾਦਰ ਸਿੰਘ ਰੀਤੇ ਕਲਾਂ ਤੇ ਭਾਈ ਗੁਰਜੀਤ ਸਿੰਘ ਲੁਧਿਆਣਾ ਵਾਲੇ ਪਹੁੰਚੇ। ਭਾਈ ਸਤਿਨਾਮ ਸਿੰਘ ਨੇ ਬੱਚਿਆਂ ਨੂੰ ਸਿਮਰਨ, ਨਿੱਤਨੇਮ ਤੇ ਸ੍ਰੀ ਸਹਿਜ ਪਾਠ ਕਰਨ ਦੀ ਪ੍ਰੇਰਨਾ ਕੀਤੀ ਤੇ ਭਾਈ ਸਤਿਨਾਮ ਸਿੰਘ ਨੇ ਅੱਗੇ ਉਨ੍ਹਾਂ ਨੂੰ ਜ਼ਿੰਦਗੀ ਵਿੱਚ ਕੰਮ ਆਉਣ ਵਾਲੀਆਂ ਚੰਗੀਆਂ ਗੱਲਾਂ ਜਿਵੇਂ ਕਿ ਵਧੀਆ ਪੜ੍ਹਾਈ ਕਰਕੇ ਸਕਾਲਰਸ਼ਿਪ ਲੈਣਾ, ਨਸ਼ਿਆਂ ਤੋਂ ਦੂਰ ਰਹਿਣਾ, ਮੋਬਾਇਲ ਨੈੱਟਵਰਕ ਦੀ ਸਹੀ ਵਰਤੋਂ ਕਰਨ ਉਪਰੰਤ ਉਨ੍ਹਾਂ ਦੇ ਲਾਭ ਤੇ ਸ੍ਰੀ ਸਹਿਜ ਪਾਠ, ਸਿਮਰਨ, ਨਿਤਨੇਮ ਨਾਲ ਜੁੜ ਕੇ ਆਪਣੇ ਜੀਵਨ ਵਿੱਚ ਉੱਚੇ ਅਹੁਦੇ ਕਿਵੇਂ ਪ੍ਰਾਪਤ ਕੀਤੇ ਜਾ ਸਕਦੇ ਹਨ।ਇਨ੍ਹਾਂ ਵਿਸ਼ਿਆਂ 'ਤੇ ਆਪਣੇ ਵਿਚਾਰ ਸਾਂਝੇ ਕਰਦਿਆਂ ਸਕੂਲ ਦੇ ਮੁਖੀ ਚੇਅਰਮੈਨ ਭੁਪਿੰਦਰ ਸਿੰਘ, ਪ੍ਰਿੰਸੀਪਲ ਆਸ਼ਾ ਰਾਣੀ ਤੇ ਸਮੂਹ ਗੁਰੂਕੁਲ ਸਟਾਫ ਨੇ ਭਾਈ ਸਤਿਨਾਮ ਸਿੰਘ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਬੱਚਿਆਂ ਨੂੰ ਉਨ੍ਹਾਂ ਵੱਲੋਂ ਦੱਸੀਆਂ ਗਈਆਂ ਚੰਗੀਆਂ ਗੱਲਾਂ ਉੱਪਰ ਅਮਲ ਕਰਨ ਲਈ ਕਿਹਾ।

# ਪੰਜਾਬ ਦਾ ਹਰ ਵਰਗ ਖੁਦ ਨੂੰ ਠੱਗਿਆ ਤੇ ਲੁੱਟਿਆ ਮਹਿਸੂਸ ਕਰ ਰਿਹੈ : ਕਲੇਰ, ਮੱਲ੍ਹਾ



**ਜਗਰਾਉਂ (ਨਛੱਤਰ ਸੰਧੂ)**-ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ, ਸਾਬਕਾ ਵਿਧਾਇਕ ਤੇ ਹਲਕਾ ਜਗਰਾਉਂ ਦੇ ਇੰਚਾਰਜ ਐੱਸ. ਆਰ. ਕਲੇਰ ਨੇ ਪੰਜਾਬ ਦੇ ਮੌਜੂਦਾ ਹਾਲਾਤ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਸੂਬੇ ਦਾ ਹਰ ਵਰਗ ਆਪਣੇ ਆਪ ਨੂੰ ਠੱਗਿਆ, ਲੁੱਟਿਆ ਤੇ ਨਿਰਾਸ਼ ਮਹਿਸੂਸ ਕਰ ਰਿਹਾ ਹੈ, ਜਿਨ੍ਹਾਂ ਵਾਅਦਿਆਂ ਦੇ ਆਧਾਰ 'ਤੇ ਲੋਕਾਂ ਨੇ ਸਰਕਾਰ ਨੂੰ ਸੱਤਾ ਸੌਂਪੀ ਸੀ, ਉਹ ਵਾਅਦੇ ਸਿਰਫ਼ ਇਸ਼ਤਿਹਾਰਾਂ ਤੱਕ ਹੀ ਸੀਮਤ ਰਹਿ ਗਏ ਹਨ, ਜਦਕਿ ਹਕੀਕਤ ਵਿੱਚ ਪੰਜਾਬ ਹਰ ਪੱਖੋਂ ਪਿੱਛੇ ਵੱਲ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦਿਨੋ-ਦਿਨ ਕਰਜ਼ੇ ਦੇ ਬੋਝ ਹੇਠ ਦੱਬਦਾ ਜਾ ਰਿਹਾ ਹੈ।ਸੂਬੇ ਦੀ ਆਰਥਿਕ ਸਥਿਤੀ ਲਗਾਤਾਰ ਕਮਜ਼ੋਰ ਹੋ ਰਹੀ ਹੈ, ਪਰ ਸਰਕਾਰ ਲੋਕਾਂ ਦੀ ਭਲਾਈ ਲਈ ਠੋਸ ਕਦਮ ਚੁੱਕਣ ਦੀ ਬਜਾਏ ਕਰੋੜਾਂ ਰੁਪਏ ਆਪਣੀ ਮਸ਼ਹੂਰੀ ਅਤੇ ਇਸ਼ਤਿਹਾਰਬਾਜ਼ੀ 'ਤੇ ਖਰਚ ਕਰ ਰਹੀ ਹੈ।ਸਰਕਾਰੀ ਖਜ਼ਾਨੇ ਦਾ ਪੈਸਾ ਵਿਕਾਸ, ਸਿੱਖਿਆ, ਸਿਹਤ ਅਤੇ ਰੁਜ਼ਗਾਰ 'ਤੇ ਲੱਗਣ ਦੀ ਥਾਂ ਪ੍ਰਚਾਰ 'ਤੇ ਖਰਚ ਕੀਤਾ ਜਾ ਰਿਹਾ ਹੈ।ਸਾਬਕਾ ਵਿਧਾਇਕ ਭਾਗ ਸਿੰਘ ਮੱਲ੍ਹਾ ਨੇ ਕਿਹਾ ਕਿ ਆਪਣੀਆਂ ਜਾਇਜ਼ ਮੰਗਾਂ ਲਈ ਸੰਘਰਸ਼ ਕਰ ਰਹੇ ਅਧਿਆਪਕਾਂ 'ਤੇ ਲਾਠੀਚਾਰਜ ਹੁੰਦਾ ਹੈ, ਸਫਾਈ ਕ੍ਰਮਚਾਰੀਆਂ ਨੂੰ ਸੜਕਾਂ 'ਤੇ ਰੋਲਿਆ ਜਾਂਦਾ ਹੈ, ਬਿਜਲੀ ਮੁਲਾਜ਼ਮਾਂ ਨਾਲ ਸਖ਼ਤੀ ਕੀਤੀ ਜਾਂਦੀ ਹੈ ਅਤੇ ਪੰਜਾਬ ਦੇ ਲਗਭਗ ਹਰ ਸ਼ਹਿਰ ਵਿੱਚ ਧਰਨੇ-ਪ੍ਰਦਰਸ਼ਨ ਆਮ ਗੱਲ ਬਣ ਚੁੱਕੇ ਹਨ।ਲੋਕਾਂ ਦੀਆਂ ਸਮੱਸਿਆਵਾਂ ਸੁਣਨ ਦੀ ਬਜਾਏ ਸਰਕਾਰ ਉਨ੍ਹਾਂ ਦੀ ਆਵਾਜ਼ ਨੂੰ ਦਬਾਉਣ ਵਿੱਚ ਲੱਗੀ ਹੋਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਸ਼ਹਿਰਾਂ ਵਿੱਚ ਕੂੜੇ ਦੇ ਢੇਰ ਪਹਾੜਾਂ ਦਾ ਰੂਪ ਧਾਰ ਚੁੱਕੇ ਹਨ। ਸਾਬਕਾ ਚੇਅਰਮੈਨ ਕਮਲਜੀਤ ਸਿੰਘ ਮੱਲ੍ਹਾ ਨੇ ਕਿਹਾ ਕਿ ਸਰਕਾਰ ਦੀਆਂ ਤਰਜੀਹਾਂ ਦਾ ਅੰਦਾਜ਼ਾ ਇਸ ਗੱਲ ਤੋਂ ਵੀ ਲਾਇਆ ਜਾ ਸਕਦਾ ਹੈ ਕਿ ਸਕੂਲੀ ਬੱਚਿਆਂ ਨਾਲ ਜੁੜੀਆਂ ਯੋਜਨਾਵਾਂ ਵਿੱਚ ਵੀ ਪ੍ਰਚਾਰ ਨੂੰ ਪਹਿਲ ਦਿੱਤੀ ਜਾ ਰਹੀ ਹੈ।ਉਨ੍ਹਾਂ ਤਨਜ਼ ਕਰਦਿਆਂ ਕਿਹਾ ਕਿ ਜਿਸ ਹਿਸਾਬ ਨਾਲ ਸਰਕਾਰ ਆਪਣੀ ਮਸ਼ਹੂਰੀ ਵਿੱਚ ਰੁੱਝੀ ਹੋਈ ਹੈ, ਇੰਝ ਲੱਗਦਾ ਹੈ ਕਿ ਉਹ ਦਿਨ ਵੀ ਦੂਰ ਨਹੀਂ ਜਦੋਂ ਨਵਜੰਮੇ ਬੱਚਿਆਂ ਦੇ ਪੋਤੜਿਆਂ 'ਤੇ ਵੀ ਸਰਕਾਰੀ ਮਸ਼ਹੂਰੀਆਂ ਦੀਆਂ ਤਸਵੀਰਾਂ ਨਜ਼ਰ ਆਉਣ ਲੱਗਣਗੀਆਂ।

## 29 ਦੀ ਸੰਗਰੂਰ ਰੈਲੀ ਤੇ ਰੋਸ ਮਾਰਚ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਬਰਾਂਚ ਫਿਰੋਜ਼ਪੁਰ ਦੀ ਮੀਟਿੰਗ ਗੁਰਨਾਮ ਸਿੰਘ ਸੁਧਾਰਾਂ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਫਿਰੋਜ਼ਪੁਰ ਵਿਖੇ ਹੋਈ। ਮੀਟਿੰਗ ਵਿੱਚ 29 ਜੁਲਾਈ ਨੂੰ ਸੰਗਰੂਰ ਵਿਖੇ ਹੋਣ ਵਾਲੀ ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਦੀ ਮਹਾਂਰੈਲੀ ਤੇ ਰੋਸ ਮਾਰਚ ਦੀਆਂ ਤਿਆਰੀਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।

ਵਿਚ ਗੁਰਨਾਮ ਸਿੰਘ ਸੁਧਾਰਾ, ਕਿਸ਼ਨ ਚੰਦ ਜਾਗੋਵਾਲੀਆ, ਪ੍ਰਤਾਪ ਸਿੰਘ ਢਿੱਲੋਂ, ਬਲਵੀਰ ਸਿੰਘ ਕੰਬੋਜ, ਤਰਸੇਮ ਬੇਦੀ, ਡਾ. ਪ੍ਰਦੀਪ ਰਾਣਾ, ਸਵਿੰਦਰਪਾਲ ਕੌਰ ਆਦਿ ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਚੋਣਾਂ ਮੌਕੇ ਕੀਤੇ ਵਾਅਦੇ ਪੂਰੇ ਨਹੀਂ ਕੀਤੇ, ਸਗੋਂ ਸੰਘਰਸ਼ਾਂ ਨਾਲ ਪ੍ਰਾਪਤ ਕੀਤੀਆ ਸਹੂਲਤਾਂ ਨੂੰ ਖੋਹਿਆ ਜਾ ਰਿਹਾ ਹੈ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ 18 ਪ੍ਰਤੀਸ਼ਤ ਮਹਿੰਗਾਈ ਭੱਤਾ ਰਿਲੀਜ਼ ਕੀਤਾ ਜਾਵੇ, ਜਨਵਰੀ 2016 ਤੋਂ ਪਹਿਲਾਂ ਸੇਵਾ ਮੁਕਤ ਹੋਏ ਪੈਨਸ਼ਨਰਾਂ 'ਤੇ ਛੇਵੇਂ ਤਨਖਾਹ ਕਮਿਸ਼ਨ ਦੀਆ ਸਿਫਾਰਸ਼ ਮੁਤਾਬਕ 2.59 ਦਾ ਗੁਣਾਂਕ ਲਾਗੂ ਕੀਤਾ ਜਾਵੇ, ਵਧੀ ਹੋਈ ਮਹਿੰਗਾਈ ਦੇ ਮੁੱਦੇ ਨਜ਼ਰ ਮੈਡੀਕਲ ਭੱਤੇ ਵਿੱਚ ਘੱਟੋ-ਘੱਟ ਦੋ ਹਜ਼ਾਰ ਦਾ ਵਾਧਾ ਕੀਤਾ ਜਾਵੇ, ਛੇਵੇਂ ਤਨਖਾਹ ਕਮਿਸ਼ਨ ਦੇ ਬਕਾਏ ਜੋ ਕਿਸ਼ਤਾਂ ਵਿੱਚ ਦਿੱਤੇ ਜਾ ਰਹੇ ਹਨ, ਪੈਨਸ਼ਨਰਾਂ ਨੂੰ ਇੱਕੋ ਕਿਸ਼ਤ ਵਿੱਚ ਦਿੱਤੇ ਜਾਣ, ਪੈਨਸ਼ਨ ਪੋਰਟਲ ਵਿੱਚ ਆ ਰਹੀਆਂ ਪੈਨਸ਼ਨਰਾਂ ਨੂੰ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕਰਨ ਵਾਲੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾਵੇ ਆਦਿ ਮੰਗਾਂ ਦੀ ਪ੍ਰਾਪਤੀ ਲਈ 29 ਜੁਲਾਈ 2026 ਨੂੰ ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਵੱਲੋਂ ਸੰਗਰੂਰ ਦੀ ਦਾਣਾ ਮੰਡੀ ਵਿਖੇ ਮਹਾਂ ਰੈਲੀ ਤੇ ਰੋਸ ਮਾਰਚ ਕੀਤਾ ਜਾਵੇਗਾ।

ਇਸ ਮਹਾਂਰੈਲੀ ਤੇ ਰੋਸ ਮਾਰਚ ਵਿੱਚ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਜ਼ਿਲ੍ਹਾ ਫਿਰੋਜ਼ਪੁਰ ਤੋਂ ਵੱਡੀ ਗਿਣਤੀ ਵਿੱਚ ਪੈਨਸ਼ਨਰ ਸ਼ਮੂਲੀਅਤ ਕਰਨਗੇ। ਮੀਟਿੰਗ ਵਿੱਚ ਜੋਗਿੰਦਰ ਸਿੰਘ, ਰਣਬੀਰ ਸਿੰਘ ਕੁੱਕੂ, ਮੇਹਰ ਸਿੰਘ, ਪ੍ਰਮੋਦ ਗੋਗਾ, ਖਜਾਨ ਸਿੰਘ, ਪਵਿੱਤਰ ਸਿੰਘ, ਸੁਖਵਿੰਦਰ ਸਿੰਘ, ਦੁਰਲੱਭ ਸਿੰਘ, ਚੰਦਰ ਮੋਹਨ, ਸਵਰਨ ਸਿੰਘ, ਸਤਨਾਮ ਸਿੰਘ, ਚੰਨਣ ਸਿੰਘ, ਰਾਜੇਸ਼ ਕੁਮਾਰ ਆਦਿ ਆਗੂ ਸ਼ਾਮਲ ਹੋਏ।

## ਮਹਿਲਾ ਖੁਦਕੁਸ਼ੀ ਮਾਮਲੇ 'ਚ ਪਤੀ ਗ੍ਰਿਫ਼ਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਨਸਰਾਲੀ ਇਲਾਕੇ ਵਿੱਚ ਇੱਕ ਮਹਿਲਾ ਵੱਲੋਂ ਫਾਹਾ ਲੈ ਕੇ ਖੁਦਕੁਸ਼ੀ ਕੀਤੇ ਜਾਣ ਦੇ ਕਥਿਤ ਮਾਮਲੇ ਵਿੱਚ ਮੰਡੀ ਗੋਬਿੰਦਗੜ੍ਹ ਪੁਲਿਸ ਵੱਲੋਂ ਮ੍ਰਿਤਕਾ ਦੇ ਪਤੀ ਨੂੰ ਗ੍ਰਿਫ਼ਤਾਰ ਕੀਤੇ ਜਾਣ ਦੀ ਸੂਚਨਾ ਹੈ।ਪ੍ਰੀਤਮ ਸਿੰਘ ਵਾਸੀ ਪਿੰਡ ਖਾਸੀਆਂ (ਪਟਿਆਲਾ) ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਕਰੀਬ ਤਿੰਨ ਸਾਲ ਪਹਿਲਾਂ ਉਸ ਦੀ ਲੜਕੀ ਸੁਖਵਿੰਦਰ ਕੌਰ (29) ਦਾ ਵਿਆਹ ਗਿਆਨ ਸਿੰਘ ਵਾਸੀ ਨਸਰਾਲੀ ਨਾਲ ਹੋਇਆ ਸੀ।ਗਿਆਨ ਸਿੰਘ ਜੋ ਕਿ ਸ਼ਰਾਬ ਪੀਣ ਦਾ ਆਦੀ ਸੀ। ਅਕਸਰ ਉਸਦੀ ਬੇਟੀ ਸੁਖਵਿੰਦਰ ਕੌਰ ਦੀ ਮਾਰਕੁੱਟ ਕਰਦਾ ਰਹਿੰਦਾ ਸੀ ਤੇ ਘਰ ਦਾ ਰਾਸ਼ਨ ਵਗੈਰਾ ਵੀ ਨਹੀਂ ਸੀ ਲਿਆ ਕੇ ਦਿੰਦਾ।ਪਰਸੋਂ ਉਸਦੀ ਲੜਕੀ ਸੁਖਵਿੰਦਰ ਕੌਰ ਨੇ ਫੋਨ ਕਰਕੇ ਦੱਸਿਆ ਕਿ ਉਹ ਦੋ ਤਿੰਨ ਦਿਨਾਂ ਤੋਂ ਬਿਮਾਰ ਚੱਲ ਰਹੀ ਹੈ ਤੇ ਉਸ ਦਾ ਪਤੀ ਉਸ ਨੂੰ ਦਵਾਈ ਵੀ ਨਹੀਂ ਦਿਵਾਉਂਦਾ, ਜਿਸ ਤੋਂ ਉਹ ਬਹੁਤ ਤੰਗ ਆ ਚੁੱਕੀ ਹੈ, ਜਿਸ ਤੋਂ ਕੁਝ ਸਮਾਂ ਬਾਅਦ ਉਸਦੇ ਜਵਾਈ ਗਿਆਨ ਸਿੰਘ ਨੇ ਉਸਦੀ ਦੂਜੀ ਲੜਕੀ ਨੂੰ ਫੋਨ ਕਰਕੇ ਦੱਸਿਆ ਕਿ ਸੁਖਵਿੰਦਰ ਕੌਰ ਨੇ ਫਾਹਾ ਲੈ ਲਿਆ ਹੈ।ਜਦੋਂ ਉਹ ਮੌਕੇ 'ਤੇ ਪਹੁੰਚੇ ਤਾਂ ਸੁਖਵਿੰਦਰ ਕੌਰ ਨੂੰ ਬੈਡ 'ਤੇ ਪਾਇਆ ਹੋਇਆ ਸੀ ਤੇ ਚੁੰਨੀ ਦਾ ਇੱਕ ਸਿਰਾ ਪੱਖੇ ਨਾਲ ਲਮਕ ਰਿਹਾ ਸੀ।ਸ਼ਿਕਾਇਤ ਕਰਤਾ ਨੇ ਦੋਸ਼ ਲਗਾਏ ਕਿ ਉਸ ਦੀ ਲੜਕੀ ਸੁਖਵਿੰਦਰ ਕੌਰ ਨੇ ਆਪਣੇ ਪਤੀ ਗਿਆਨ ਸਿੰਘ ਤੋਂ ਤੰਗ ਆ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕੀਤੀ ਹੈ।ਪ੍ਰੀਤਮ ਸਿੰਘ ਦੇ ਬਿਆਨਾਂ 'ਤੇ ਅ/ਧ 108 ਬੀ.ਐਨ.ਐਸ. ਤਹਿਤ ਦਰਜ ਕੀਤੇ ਗਏ ਮੁਕੱਦਮੇ ਵਿੱਚ ਗਿਆਨ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੇ ਸਹਾਇਕ ਥਾਣੇਦਾਰ ਗੁਰਚਰਨ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

# ਹੱਕ ਮੰਗਣ ਵਾਲਿਆਂ 'ਤੇ ਲਾਠੀਚਾਰਜ ਕਰਕੇ ਸਰਕਾਰ ਲੋਕਤੰਤਰ ਦਾ ਗਲਾ ਘੁੱਟ ਰਹੀ : ਚੱਠਾ



**ਸੁਨਾਮ (ਅਸ਼ੋਕ ਬਾਂਸਲ/ਹਾਕਮ ਭੱਟੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਜ਼ਿਲ੍ਹਾ ਜਨਰਲ ਸਕੱਤਰ ਰਣ ਸਿੰਘ ਚੱਠਾ ਨੇ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚ ਕਿਸਾਨਾਂ, ਮਜ਼ਦੂਰਾਂ, ਵਿਦਿਆਰਥੀਆਂ, ਸਫ਼ਾਈ ਕਰਮਚਾਰੀਆਂ, ਕੱਚੇ-ਪੱਕੇ ਮੁਲਾਜ਼ਮਾਂ ਤੇ ਹੋਰ ਸੰਘਰਸ਼ਸ਼ੀਲ ਵਰਗਾਂ ਉੱਤੇ ਹੋਏ ਲਾਠੀਚਾਰਜਾਂ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਹੱਕਾਂ ਲਈ ਸ਼ਾਂਤਮਈ ਸੰਘਰਸ਼ ਕਰ ਰਹੇ ਲੋਕਾਂ ਨੂੰ ਡਾਂਗਾਂ ਤੇ ਲਾਠੀਆਂ ਨਾਲ ਕੁਚਲਣਾ ਕਿਸੇ ਵੀ ਲੋਕਤੰਤਰੀ ਸਰਕਾਰ ਨੂੰ ਸ਼ੋਭਾ ਨਹੀਂ ਦਿੰਦਾ।ਕਿਸਾਨ ਆਗੂ ਰਣ ਸਿੰਘ ਚੱਠਾ ਨੇ ਕਿਹਾ ਕਿ ਚੰਡੀਗੜ੍ਹ ਵਿੱਚ ਯੂਨੀਵਰਸਿਟੀ ਦੇ ਵਿਦਿਆਰਥੀਆਂ ਤੇ ਬਰਨਾਲਾ ਵਿੱਚ ਸਫ਼ਾਈ ਕਰਮਚਾਰੀਆਂ, ਜਿਨ੍ਹਾਂ ਵਿੱਚ ਵੱਡੀ ਗਿਣਤੀ ਮਹਿਲਾਵਾਂ ਦੀ ਵੀ ਸੀ, ਨਾਲ ਪੁਲਸ ਵੱਲੋਂ ਕੀਤੀ ਗਈ ਸਖ਼ਤੀ ਬੇਹੱਦ ਮੰਦਭਾਗੀ ਤੇ ਨਿੰਦਣਯੋਗ ਹੈ।ਲੋਕਾਂ ਦੀ ਆਵਾਜ਼ ਸੁਣਨ ਦੀ ਬਜਾਏ ਉਨ੍ਹਾਂ ਨੂੰ ਡਰਾਉਣ ਤੇ ਦਬਾਉਣ ਦੀ ਕੋਸ਼ਿਸ਼ ਲੋਕਤੰਤਰੀ ਕਦਰਾਂ-ਕੀਮਤਾਂ 'ਤੇ ਸਿੱਧਾ ਹਮਲਾ ਹੈ।ਕਿਸਾਨ ਆਗੂ ਰਣ ਸਿੰਘ ਚੱਠਾ ਨੇ ਕਿਹਾ ਕਿ ਜਦੋਂ ਸਰਕਾਰਾਂ ਲੋਕਾਂ ਦੇ ਜਾਇਜ਼ ਮਸਲਿਆਂ ਦਾ ਹੱਲ ਕਰਨ ਦੀ ਬਜਾਏ ਬਲ ਪ੍ਰਯੋਗ ਦਾ ਰਸਤਾ ਅਪਣਾਉਂਦੀਆਂ ਹਨ ਤਾਂ ਇਹ ਲੋਕਾਂ ਦੇ ਭਰੋਸੇ ਨੂੰ ਠੇਸ ਪਹੁੰਚਾਉਂਦਾ ਹੈ।ਪੰਜਾਬ ਦੇ ਲੋਕ ਆਪਣੇ ਹੱਕਾਂ ਲਈ ਸੰਵਿਧਾਨਕ ਤੇ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰ ਰਹੇ ਹਨ, ਪਰ ਉਨ੍ਹਾਂ ਨੂੰ ਡਾਂਗਾਂ-ਸੋਟੀਆਂ ਨਾਲ ਜਵਾਬ ਦੇਣਾ ਬਹੁਤ ਹੀ ਦੁਖਦਾਈ ਹੈ।ਕਿਸਾਨ ਆਗੂ ਰਣ ਸਿੰਘ ਚੱਠਾ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਲੋਕਾਂ ਦੀਆਂ ਹੱਕੀ ਮੰਗਾਂ ਨੂੰ ਤੁਰੰਤ ਸੁਣਿਆ ਜਾਵੇ, ਗੱਲਬਾਤ ਰਾਹੀਂ ਹੱਲ ਕੀਤਾ ਜਾਵੇ ਤੇ ਸ਼ਾਂਤਮਈ ਅੰਦੋਲਨਾਂ 'ਤੇ ਬਲ ਪ੍ਰਯੋਗ ਦੀ ਨੀਤੀ ਨੂੰ ਤੁਰੰਤ ਬੰਦ ਕੀਤਾ ਜਾਵੇ।

## ਰੰਗਲਾ ਪੰਜਾਬ ਸਕੀਮ ਤਹਿਤ ਪਿੰਡਾਂ ਦੇ ਵਿਕਾਸ ਲਈ ਗ੍ਰਾਂਟਾਂ ਜਾਰੀ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਰੰਗਲਾ ਪੰਜਾਬ ਸਕੀਮ ਤਹਿਤ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਪਿੰਡਾਂ ਦੇ ਵਿਕਾਸ ਕੰਮਾਂ ਲਈ ਪੰਜ ਕਰੋੜ ਰੁਪਏ ਦੀਆਂ ਗਰਾਂਟਾਂ ਜਾਰੀ ਕੀਤੀਆਂ ਗਈਆਂ ਹਨ।ਸੂਬਾ ਸਰਕਾਰ ਵੱਲੋਂ ਜਾਰੀ ਕੀਤੀਆਂ ਗਈਆਂ ਗਰਾਂਟਾਂ ਦੇ ਚੈੱਕ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਵੰਡੇ ਜਾ ਰਹੇ ਹਨ।ਇਸੇ ਲੜੀ ਤਹਿਤ ਉਨ੍ਹਾਂ ਧਨੇਠਾ, ਸਪਰਹੇੜੀ, ਨਵਾਂ ਪਿੰਡ ਕਲਵਾਨੂੰ, ਖਾਂਗ ਤੇ ਸ਼ੁਤਰਾਣਾ ਦੀਆਂ ਪੰਚਾਇਤਾਂ ਦੇ ਨੁਮਾਇੰਦਿਆਂ ਨੂੰ ਚੈੱਕ ਤਕਸੀਮ ਕੀਤੇ।ਚੈੱਕ ਵੰਡਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ ਤੇ ਇਸੇ ਲੜੀ ਤਹਿਤ ਸੂਬਾ ਸਰਕਾਰ ਵੱਲੋਂ ਰੰਗਲਾ ਪੰਜਾਬ ਸਕੀਮ ਦੀ ਸ਼ੁਰੂਆਤ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਰਾਜ ਦੇ ਪਿੰਡਾਂ ਦੇ ਵਿਕਾਸ ਵੱਲ ਕੋਈ ਧਿਆਨ ਨਹੀਂ ਦਿੱਤਾ, ਜਿਸ ਕਰਕੇ ਸੂਬੇ ਦੇ ਹਾਲਾਤ ਬੇਹੱਦ ਮਾੜੇ ਹੋ ਗਏ ਸਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਬੜੀ ਉੱਚੀ ਹੈ ਤੇ ਉਹ ਬਿਨਾਂ ਕਿਸੇ ਭੇਦਭਾਵ ਦੇ ਪਿੰਡਾਂ ਦੇ ਵਿਕਾਸ ਲਈ ਲੱਗੇ ਹੋਏ ਹਨ।ਉਨ੍ਹਾਂ ਦੱਸਿਆ ਕਿ ਰੰਗਲਾ ਪੰਜਾਬ ਸਕੀਮ ਤਹਿਤ ਹਲਕੇ ਦੇ ਪਿੰਡਾਂ ਲਈ ਪੰਜ ਕਰੋੜ ਰੁਪਏ ਦੀਆਂ ਗਰਾਂਟਾਂ ਜਾਰੀ ਹੋ ਚੁੱਕੀਆਂ ਹਨ ਤੇ ਆਉਂਦੇ ਇੱਕ ਦੋ ਦਿਨਾਂ ਵਿੱਚ ਪੰਚਾਇਤਾਂ ਦੇ ਖਾਤਿਆਂ ਵਿੱਚ ਗਰਾਂਟ ਰਾਸ਼ੀ ਪੈ ਜਾਵੇਗੀ ਅਤੇ ਇਸ ਸਬੰਧੀ ਪੰਚਾਇਤਾਂ ਨੂੰ ਮਨਜ਼ੂਰੀ ਪੱਤਰ ਦਿੱਤੇ ਜਾਣਗੇ।ਉਨ੍ਹਾਂ ਦੱਸਿਆ ਕਿ ਆਉਂਦੇ ਕੁਝ ਦਿਨਾਂ ਵਿੱਚ ਹਲਕੇ ਦੇ ਪਿੰਡਾਂ ਲਈ ਪੰਜ ਕਰੋੜ ਰੁਪਏ ਹੋਰ ਆ ਰਹੇ ਹਨ।

## ਵਾਰਡ ਨੰਬਰ 6 'ਚ 70 ਲੱਖ ਦੀ ਲਾਗਤ ਨਾਲ ਬਣੇਗਾ ਆਧੁਨਿਕ ਸੈਰਗਾਹ ਪਾਰਕ : ਗੁਪਤਾ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਨਗਰ ਕੌਂਸਲ ਬਾਘਾ ਪੁਰਾਣਾ ਦੇ ਪ੍ਰਧਾਨ ਪਵਨ ਗੁਪਤਾ ਨੇ ਸਥਾਨਕ ਸ਼ਹਿਰ ਦੇ ਵਾਰਡ ਨੰਬਰ 6 ਵਿਚ ਬਾਬਾ ਬੂਟਾ ਸ਼ਾਹ ਜੀ ਦੀ ਕਬਰ ਦੇ ਨਜ਼ਦੀਕ ਬਣਨ ਜਾ ਰਹੇ ਆਧੁਨਿਕ ਸੈਰਗਾਹ ਪਾਰਕ ਦੇ ਨਿਰਮਾਣ ਸਥਾਨ ਦਾ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਨਾਲ ਨਗਰ ਕੌਂਸਲ ਦੇ ਜੇ ਈ ਸਜਲ ਗੁਪਤਾ ਵੀ ਮੌਜੂਦ ਸਨ।ਦੋਵਾਂ ਅਧਿਕਾਰੀਆਂ ਨੇ ਪਾਰਕ ਦੇ ਲੇਆਉਟ, ਵਿਕਾਸ ਕਾਰਜਾਂ ਤੇ ਹੋਰ ਲੋੜੀਂਦੀਆਂ ਸਹੂਲਤਾਂ ਸਬੰਧੀ ਵਿਚਾਰ-ਵਟਾਂਦਰਾ ਕਰਦਿਆਂ ਕੰਮ ਨੂੰ ਸਮੇਂ ਸਿਰ ਤੇ ਉੱਚ ਗੁਣਵੱਤਾ ਨਾਲ ਪੂਰਾ ਕਰਨ ਦੇ ਨਿਰਦੇਸ਼ ਦਿੱਤੇ।ਇਸ ਮੌਕੇ ਗੱਲਬਾਤ ਕਰਦਿਆਂ ਪ੍ਰਧਾਨ ਪਵਨ ਗੁਪਤਾ ਨੇ ਦੱਸਿਆ ਕਿ ਇਸ ਸੈਰਗਾਹ ਪਾਰਕ ਦੇ ਨਿਰਮਾਣ 'ਤੇ ਕਰੀਬ 70 ਲੱਖ ਰੁਪਏ ਦੀ ਲਾਗਤ ਆਵੇਗੀ। ਉਨ੍ਹਾਂ ਕਿਹਾ ਕਿ ਪਾਰਕ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾਵੇਗਾ ਤਾਂ ਜੋ ਹਰ ਵਰਗ ਦੇ ਲੋਕ ਇਸ ਦਾ ਲਾਭ ਲੈ ਸਕਣ।ਪਾਰਕ ਵਿੱਚ ਸੈਰ ਕਰਨ ਲਈ ਵਿਸ਼ੇਸ਼ ਵਾਕਿੰਗ ਟਰੈਕ, ਬੱਚਿਆਂ ਦੇ ਮਨੋਰੰਜਨ ਲਈ ਝੂਲੇ ਤੇ ਖੇਡਣ ਵਾਲਾ ਖੇਤਰ, ਬਜ਼ੁਰਗਾਂ ਦੇ ਬੈਠਣ ਲਈ ਸੁਵਿਧਾਜਨਕ ਬੈਂਚਾਂ ਤੇ ਹੋਰ ਲੋੜੀਂਦੀਆਂ ਸਹੂਲਤਾਂ ਵਿਕਸਤ ਕੀਤੀਆਂ ਜਾਣਗੀਆਂ।ਇਸ ਤੋਂ ਇਲਾਵਾ ਪਾਰਕ ਦੀ ਹਰਿਆਵਲੀ ਤੇ ਸੁੰਦਰਤਾ ਵਧਾਉਣ ਲਈ ਵੱਡੇ ਪੱਧਰ 'ਤੇ ਰੁੱਖ ਤੇ ਸਜਾਵਟੀ ਪੌਦੇ ਵੀ ਲਗਾਏ ਜਾਣਗੇ।ਪਵਨ ਗੁਪਤਾ ਨੇ ਕਿਹਾ ਕਿ ਇਹ ਪਾਰਕ ਸ਼ਹਿਰ ਵਾਸੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਸੀ, ਜਿਸ ਨੂੰ ਹੁਣ ਪੂਰਾ ਕੀਤਾ ਜਾ ਰਿਹਾ ਹੈ।ਉਨ੍ਹਾਂ ਇਸ ਪ੍ਰੋਜੈਕਟ ਲਈ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਯਤਨਾਂ ਤੇ ਸਹਿਯੋਗ ਨਾਲ ਹੀ ਇਹ ਮਹੱਤਵਪੂਰਨ ਵਿਕਾਸ ਕਾਰਜ ਸੰਭਵ ਹੋ ਸਕਿਆ ਹੈ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ ਤੇ ਲੋਕਾਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਮੁਹੱਈਆ ਕਰਵਾਉਣਾ ਕੌਂਸਲ ਦੀ ਪਹਿਲ ਹੈ।ਉਨ੍ਹਾਂ ਹੋਰ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵੱਲੋਂ ਪਾਰਕ ਦਾ ਨੀਂਹ ਪੱਥਰ ਰੱਖ ਕੇ ਰਸਮੀ ਤੌਰ 'ਤੇ ਨਿਰਮਾਣ ਕਾਰਜ ਦਾ ਉਦਘਾਟਨ ਕੀਤਾ ਜਾਵੇਗਾ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਨਿਰਮਾਣ ਕਾਰਜ ਸ਼ੁਰੂ ਹੋਣ ਤੋਂ ਬਾਅਦ ਚਾਰ ਮਹੀਨਿਆਂ ਦੇ ਅੰਦਰ ਪਾਰਕ ਨੂੰ ਮੁਕੰਮਲ ਕਰਕੇ ਸ਼ਹਿਰ ਵਾਸੀਆਂ ਨੂੰ ਸਮਰਪਤ ਕਰ ਦਿੱਤਾ ਜਾਵੇਗਾ।

**ਨਗਰ ਕੌਂਸਲ ਪ੍ਰਧਾਨ ਨੇ ਜੇ ਈ ਨਾਲ ਕੀਤਾ ਨਿਰਮਾਣ ਸਥਾਨ ਦਾ ਦੌਰਾ**



# ਪੁਲਸ ਜਬਰ ਦੀ ਵੱਖ-ਵੱਖ ਜਥੇਬੰਦੀਆਂ ਵੱਲੋਂ ਸਖਤ ਨਿੰਦਾ

**ਕੋਟਕਪੂਰਾ (ਰਛਪਾਲ ਭੁੱਲਰ)**-ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਸਾਂਝੀ ਤਾਲਮੇਲ ਕਮੇਟੀ ਵੱਲੋਂ ਦਿੱਲੀ ਵਿਖੇ ਨੌਜਵਾਨਾਂ ਤੇ ਵਿਦਿਆਰਥੀਆਂ ਅਤੇ ਬੀਤੇ ਕੱਲ੍ਹ ਬਰਨਾਲਾ ਵਿਖੇ ਸਫਾਈ ਸੇਵਕਾਂ 'ਤੇ ਕੀਤੇ ਪੁਲਸ ਜਬਰ ਦੀ ਹਰ ਪਾਸਿਓਂ ਸਖ਼ਤ ਨਿਖੇਧੀ ਹੋ ਰਹੀ ਹੈ।ਇਸ ਸਬੰਧੀ ਆਗੂਆਂ ਦੀ ਇੱਕ ਆਨਲਾਈਨ ਮੀਟਿੰਗ ਕੀਤੀ ਗਈ।ਮੀਟਿੰਗ ਦੇ ਫੈਸਲੇ ਪ੍ਰੈੱਸ ਦੇ ਨਾਂ ਜਾਰੀ ਕਰਦਿਆਂ ਸਾਂਝਾ ਫਰੰਟ ਦੇ ਪ੍ਰਮੁੱਖ ਆਗੂਆਂ ਸਤੀਸ਼ ਰਾਣਾ, ਰਣਜੀਤ ਸਿੰਘ ਰਾਣਵਾਂ, ਗਗਨਦੀਪ ਸਿੰਘ ਭੁੱਲਰ, ਕੁਲਵਿੰਦਰ ਸਿੰਘ, ਭਜਨ ਸਿੰਘ ਗਿੱਲ, ਧਨਵੰਤ ਸਿੰਘ ਭੱਠਲ, ਜਰਮਨਜੀਤ ਸਿੰਘ, ਕਰਮ ਸਿੰਘ ਧਨੋਆ, ਮਨਜੀਤ ਸਿੰਘ ਬਾਸਰਕੇ, ਜਗਦੀਸ਼ ਸਿੰਘ ਚਾਹਲ, ਰਾਧੇ ਸ਼ਾਮ, ਕੁਲਦੀਪ ਸਿੰਘ ਉਦੋਕੇ, ਸੁਰਜੀਤ ਸਿੰਘ ਗਗੜਾ, ਸੁਖਦੇਵ ਸਿੰਘ ਸੈਣੀ, ਅਮਰੀਕ ਸਿੰਘ ਕੰਗ, ਜਸਵੀਰ ਸਿੰਘ ਤਲਵਾੜਾ, ਦਿਗਵਿਜੇ ਪਾਲ ਸ਼ਰਮਾ, ਕਰਮਜੀਤ ਸਿੰਘ ਬੀਹਲਾ ਬੋਬਿੰਦਰ ਸਿੰਘ ਤੇ ਪ੍ਰੇਮ ਚਾਵਲਾ ਨੇ ਕਿਹਾ ਕਿ ਮੀਟਿੰਗ ਦੌਰਾਨ ਪਿਛਲੇ ਦਿਨੀ ਨੀਟ ਦੇ ਲੀਕ ਹੋਏ ਪੇਪਰ ਨੂੰ ਲੈ ਕੇ ਕੇਂਦਰ ਦੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਦਿੱਲੀ ਜੰਤਰ ਮੰਤਰ ਵਿਖੇ ਪ੍ਰਦਰਸ਼ਨ ਦੌਰਾਨ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਦਿੱਲੀ ਪੁਲਸ ਤੇ ਬੀਜੇਪੀ ਦੇ ਗੁੰਡਿਆਂ ਵੱਲੋਂ ਬੇਰੁਜ਼ਗਾਰ ਨੌਜਵਾਨਾਂ ਤੇ ਵਿਦਿਆਰਥੀਆਂ 'ਤੇ ਕੀਤੇ ਅੰਨ੍ਹੇ ਤਸ਼ਦਦ ਦੀ ਅਤੇ ਬਰਨਾਲਾ ਵਿਖੇ ਸਫਾਈ ਸੇਵਕਾਂ 'ਤੇ ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਪੰਜਾਬ ਪੁਲਸ ਵੱਲੋਂ ਕੀਤੇ ਗਏ ਤਸ਼ਦਦ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ।

ਆਗੂਆਂ ਨੇ ਕਿਹਾ ਕਿ ਦਿੱਲੀ ਵਿਖੇ ਬੀ ਜੇ ਪੀ ਦੇ ਗੁੰਡਿਆਂ ਤੇ ਜਾਬਰ ਪੁਲਸ ਵਾਲਿਆਂ ਵੱਲੋਂ ਬੇਕਸੂਰ ਨੌਜਵਾਨਾਂ, ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਇਥੋਂ ਤੱਕ ਕਿ ਇਲਾਜ ਕਰ ਰਹੇ ਡਾਕਟਰਾਂ ਨੂੰ ਵੀ ਨਹੀਂ ਬਖ਼ਸ਼ਿਆ ਗਿਆ।ਉਕਤ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਸਿੱਖਿਆ ਮੰਤਰੀ ਤੋਂ ਤੁਰੰਤ ਅਸਤੀਫਾ ਲਵੇ ਤੇ ਦੋਸ਼ੀ ਪੁਲਸ ਕਰਮਚਾਰੀਆਂ ਖਿਲਾਫ ਕਾਰਵਾਈ ਕਰੇ ਅਤੇ ਪੰਜਾਬ ਸਰਕਾਰ ਸਫਾਈ ਸੇਵਕਾਂ ਸਮੇਤ ਪਿਛਲੇ ਦਿਨੀ ਮਿਉਸਪਲ ਮੁਲਾਜ਼ਮ ਐਕਸ਼ਨ ਕਮੇਟੀ ਨਾਲ ਹੋਈ ਮੀਟਿੰਗ ਦੌਰਾਨ ਕੀਤੇ ਫੈਸਲੇ ਨੂੰ ਤੁਰੰਤ ਅਮਲੀ ਰੂਪ ਵਿੱਚ ਲਾਗੂ ਕਰੇ ਤੇ ਦੋਸ਼ੀ ਪੁਲਸ ਕਰਮਚਾਰੀਆਂ ਖਿਲਾਫ ਤੁਰੰਤ ਕਾਰਵਾਈ ਕਰੇ।ਆਗੂਆਂ ਨੇ ਸਮੂਹ ਸੰਘਰਸ਼ਸ਼ੀਲ ਲੋਕਾਂ ਨੂੰ ਇੱਕ ਪਲੇਟਫਾਰਮ 'ਤੇ ਇਕੱਠੇ ਹੋ ਕੇ ਇਨ੍ਹਾਂ ਜਾਬਰ ਸਰਕਾਰਾਂ ਖਿਲਾਫ ਲੜਨ ਦਾ ਸੱਦਾ ਦਿੱਤਾ, ਜਿਸ ਦੀ ਕੜੀ ਵਜੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਲੈ ਕੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਵੱਲੋਂ 7 ਅਗਸਤ ਨੂੰ ਦਾਣਾ ਮੰਡੀ, ਸੈਕਟਰ 39 ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਮਹਾਂਰੈਲੀ ਵਿੱਚ ਸਮੁੱਚੇ ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ।


**ਕੇਂਦਰ ਤੇ ਸੂਬਾ ਸਰਕਾਰ ਦੇ ਜਾਬਰ ਹੱਥਕੰਡਿਆਂ ਖਿਲਾਫ 7 ਨੂੰ ਚੰਡੀਗੜ੍ਹ 'ਚ ਹੋਵੇਗੀ ਮਹਾਂਰੈਲੀ : ਆਗੂ**

## ਪ੍ਰਿੰ. ਮੋਹਨ ਲਾਲ ਸ਼ਰਮਾ ਨੇ ਨਾਇਬ ਸਿੰਘ ਸੈਣੀ ਨਾਲ ਕੀਤੀ ਮੁਲਾਕਾਤ



**ਸਮਾਣਾ (ਇਕਬਾਲ ਸਿੰਘ ਬੱਲ)**-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਤੇ ਸਮਾਜ ਸੇਵੀ ਪ੍ਰਿੰਸੀਪਲ ਮੋਹਨ ਲਾਲ ਸ਼ਰਮਾ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਸ਼ਿਸ਼ਟਾਚਾਰ ਮੁਲਾਕਾਤ ਕਰਕੇ ਪੰਜਾਬ, ਖ਼ਾਸ ਕਰਕੇ ਸਮਾਣਾ ਵਿਧਾਨ ਸਭਾ ਹਲਕੇ ਵਿੱਚ ਭਾਜਪਾ ਦੀਆਂ ਸੰਗਠਨਾਤਮਕ ਗਤੀਵਿਧੀਆਂ ਤੇ ਜਨਸੰਪਰਕ ਮੁਹਿੰਮਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ।ਇਸ ਦੌਰਾਨ ਉਨ੍ਹਾਂ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਸਮਾਣਾ ਵਿਧਾਨ ਸਭਾ ਹਲਕੇ ਤੋਂ ਭਾਜਪਾ ਦੀ ਟਿਕਟ 'ਤੇ ਚੋਣ ਲੜਨ ਦੀ ਆਪਣੀ ਇੱਛਾ ਵੀ ਮੁੱਖ ਮੰਤਰੀ ਸਾਹਮਣੇ ਰੱਖੀ।ਮੁਲਾਕਾਤ ਦੌਰਾਨ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪ੍ਰਿੰਸੀਪਲ ਮੋਹਨ ਲਾਲ ਸ਼ਰਮਾ ਦੇ ਸਮਾਜਿਕ ਤੇ ਸਿਆਸੀ ਯੋਗਦਾਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਨੂੰ ਉਨ੍ਹਾਂ ਦੇ ਕੰਮ ਤੇ ਸੰਗਠਨ ਪ੍ਰਤੀ ਸਮਰਪਣ 'ਤੇ ਪੂਰਾ ਭਰੋਸਾ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਪਾਰਟੀ ਪੱਧਰ 'ਤੇ ਉਨ੍ਹਾਂ ਦੀ ਦਾਅਵੇਦਾਰੀ 'ਤੇ ਗੰਭੀਰਤਾ ਨਾਲ ਵਿਚਾਰ ਕੀਤਾ ਜਾਵੇਗਾ ਤੇ ਉਨ੍ਹਾਂ ਨੂੰ ਪੂਰਾ ਸਨਮਾਨ ਦਿੱਤਾ ਜਾਵੇਗਾ।ਪ੍ਰਿੰਸੀਪਲ ਮੋਹਨ ਲਾਲ ਸ਼ਰਮਾ ਨੇ ਪੰਜਾਬ ਵਿੱਚ ਭਾਜਪਾ ਦੀਆਂ ਜ਼ਮੀਨੀ ਗਤੀਵਿਧੀਆਂ, ਵਰਕਰਾਂ ਦੇ ਉਤਸ਼ਾਹ ਤੇ ਲੋਕਾਂ ਵਿੱਚ ਪਾਰਟੀ ਦੇ ਵਧ ਰਹੇ ਜਨ ਆਧਾਰ ਬਾਰੇ ਮੁੱਖ ਮੰਤਰੀ ਨੂੰ ਜਾਣੂ ਕਰਵਾਇਆ।ਇਸ ਮੁਲਾਕਾਤ ਨੂੰ ਲੈ ਕੇ ਭਾਜਪਾ ਵਰਕਰਾਂ ਵਿੱਚ ਕਾਫ਼ੀ ਉਤਸ਼ਾਹ ਦਾ ਮਾਹੌਲ ਹੈ ਤੇ ਇਸ ਨੂੰ ਆਗਾਮੀ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਦੇ ਸੰਦਰਭ ਵਿੱਚ ਇੱਕ ਮਹੱਤਵਪੂਰਨ ਸਿਆਸੀ ਘਟਨਾਕ੍ਰਮ ਵਜੋਂ ਦੇਖਿਆ ਜਾ ਰਿਹਾ ਹੈ।

## 'ਇਕ ਪੇੜ ਮਾਂ ਦੇ ਨਾਮ' ਮੁਹਿੰਮ ਤਹਿਤ ਲਾਏ ਪੌਦੇ




**ਕੋਟ ਈਸੇ ਖਾਂ (ਅਰੋੜਾ)**-ਸ੍ਰੀ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ, ਜਿੱਥੇ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਸਿੱਖਿਆ ਦੇ ਨਾਲ-ਨਾਲ ਸਮਾਜਿਕ ਜ਼ਿੰਮੇਵਾਰੀਆਂ, ਵਾਤਾਵਰਣ ਸੰਭਾਲ ਤੇ ਦੇਸ਼ ਸੇਵਾ ਦੀ ਭਾਵਨਾ ਨਾਲ ਜੋੜਿਆ ਜਾਂਦਾ ਹੈ, ਉੱਥੇ ਐਨ.ਸੀ.ਸੀ. ਦੀਆਂ ਗਤੀਵਿਧੀਆਂ ਨੂੰ ਵੀ ਵਿਸ਼ੇਸ਼ ਮਹੱਤਵ ਦਿੱਤਾ ਜਾਂਦਾ ਹੈ।ਪੰਜਾਬ ਗਰਲਜ਼ ਬਟਾਲੀਅਨ, ਮੋਗਾ ਦੇ ਕਮਾਂਡਿੰਗ ਅਫ਼ਸਰ ਕਰਨਲ ਸੁਨੀਲ ਕੁਮਾਰ ਦੀ ਅਗਵਾਈ ਹੇਠ ਚੱਲ ਰਹੀ 'ਏਕ ਪੇੜ ਮਾਂ ਦੇ ਨਾਮ' ਮੁਹਿੰਮ ਤਹਿਤ ਸਕੂਲ ਦੇ ਐਨ.ਸੀ.ਸੀ. ਕੈਡਿਟਾਂ ਨੇ ਏ.ਐਨ.ਓ. ਸਿਮਰਨਜੀਤ ਕੌਰ ਦੀ ਦੇਖ-ਰੇਖ ਹੇਠ ਸਕੂਲ ਕੈਂਪਸ 'ਚ ਵੱਖ-ਵੱਖ ਕਿਸਮਾਂ ਦੇ ਪੌਦੇ ਲਾਏ।ਕੈਡਿਟਾਂ ਨੇ ਪੌਦਿਆਂ ਦੀ ਸੰਭਾਲ ਕਰਨ ਤੇ ਵਾਤਾਵਰਨ ਨੂੰ ਹਰਿਆ-ਭਰਿਆ ਬਣਾਉਣ ਦਾ ਸੰਕਲਪ ਵੀ ਲਿਆ।ਉਨ੍ਹਾਂ ਵਿਦਿਆਰਥੀਆਂ ਅਤੇ ਸਮਾਜ ਨੂੰ ਆਪਣੀ ਮਾਂ ਦੇ ਸਨਮਾਨ ਵਿੱਚ ਘੱਟੋ-ਘੱਟ ਇੱਕ ਪੌਦਾ ਲਾਉਣ ਅਤੇ ਉਸ ਦੀ ਨਿਯਮਤ ਦੇਖਭਾਲ ਕਰਨ ਲਈ ਵੀ ਪ੍ਰੇਰਿਤ ਕੀਤਾ।ਸਕੂਲ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ ਤੇ ਐਮ.ਡੀ. ਮੈਡਮ ਰਣਜੀਤ ਕੌਰ ਸੰਧੂ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਇੱਕ ਪੇੜ ਮਾਂ ਦੇ ਨਾਮ ਮੁਹਿੰਮ ਮਾਂ ਪ੍ਰਤੀ ਸਤਿਕਾਰ ਤੇ ਕੁਦਰਤ ਪ੍ਰਤੀ ਸਾਡੀ ਜ਼ਿੰਮੇਵਾਰੀ ਦਾ ਪ੍ਰਤੀਕ ਹੈ।ਉਨ੍ਹਾਂ ਕਿਹਾ ਕਿ ਹਰ ਵਿਦਿਆਰਥੀ ਨੂੰ ਵੱਧ ਤੋਂ ਵੱਧ ਪੌਦੇ ਲਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸੰਭਾਲ ਵੀ ਕਰਨੀ ਚਾਹੀਦੀ ਹੈ ਤਾਂ ਜੁ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਫ਼-ਸੁਥਰਾ ਤੇ ਹਰਿਆ-ਭਰਿਆ ਵਾਤਾਵਰਨ ਮਿਲ ਸਕੇ।ਪ੍ਰਿੰਸੀਪਲ ਮੈਡਮ ਰਮਨਜੀਤ ਕੌਰ ਨੇ ਕੈਡਿਟਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਰੁੱਖ ਸਾਡੇ ਜੀਵਨ ਦਾ ਆਧਾਰ ਹਨ ਤੇ ਹਰ ਐਨ.ਸੀ.ਸੀ. ਕੈਡਿਟ ਦਾ ਫ਼ਰਜ਼ ਹੈ ਕਿ ਉਹ ਵਾਤਾਵਰਨ ਸੰਭਾਲ ਲਈ ਅੱਗੇ ਆਵੇ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਲਾਇਆ ਸ੍ਰੀ ਗੁਰੂ ਨਾਨਕ ਪਵਿੱਤਰ ਜੰਗਲ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਗੁਰੂ ਗ੍ਰੰਥ ਸਾਹਿਬ ਧਰਮ ਅਧਿਐਨ ਵਿਭਾਗ ਵੱਲੋਂ ਈਕੋ-ਸਿੱਖ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਕੈਂਪਸ ਵਿੱਚ 'ਸ੍ਰੀ ਗੁਰੂ ਨਾਨਕ ਪਵਿੱਤਰ ਜੰਗਲ' ਦੀ ਸਥਾਪਨਾ ਕੀਤੀ ਗਈ।ਇਸ ਉਪਰਾਲੇ ਤਹਿਤ ਜਾਪਾਨੀ ਵਣ ਵਿਗਿਆਨੀ ਡਾ. ਅਕੀਰਾ ਮਿਯਾਵਾਕੀ ਵੱਲੋਂ ਵਿਕਸਿਤ ਮਿਯਾਵਾਕੀ ਤਕਨੀਕ ਅਨੁਸਾਰ 550 ਵਿਰਾਸਤੀ ਪ੍ਰਜਾਤੀਆਂ ਦੇ ਬੂਟੇ ਲਾਏ ਗਏ।ਡਾ. ਗੁਰਸਿਮਰਨ ਕੌਰ ਵੱਲੋਂ ਆਪਣੇ ਮਾਤਾ-ਪਿਤਾ ਬ੍ਰਿਗੇਡੀਅਰ (ਡਾ.) ਨਿਰੰਜਨ ਸਿੰਘ ਬਮਰਾਹ ਤੇ ਸ੍ਰੀਮਤੀ ਰੂਪ ਬਮਰਾਹ ਦੀ ਯਾਦ ਵਿੱਚ ਇਹ ਬੂਟੇ ਦਾਨ ਕੀਤੇ ਗਏ।ਸਮਾਗਮ ਨੂੰ ਸੰਬੋਧਨ ਕਰਦਿਆਂ ਵਾਈਸ-ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਦਾ ਕੁਦਰਤ ਪ੍ਰਤੀ ਸਤਿਕਾਰ ਤੇ ਸਰਬੱਤ ਦੇ ਭਲੇ ਦਾ ਸੰਦੇਸ਼ ਸਦੀਆਂ ਤੋਂ ਮਨੁੱਖ ਨੂੰ ਕੁਦਰਤ ਨਾਲ ਸੰਤੁਲਿਤ ਜੀਵਨ ਜਿਊਣ ਦੀ ਪ੍ਰੇਰਨਾ ਦਿੰਦਾ ਆ ਰਿਹਾ ਹੈ।ਉਨ੍ਹਾਂ ਕਿਹਾ ਕਿ ਜਿਨ੍ਹਾਂ ਮੁੱਲਾਂ ਨੂੰ ਸੰਸਾਰ ਸਸਟੇਨੇਬਲ ਡਿਵੈਲਪਮੈਂਟ ਗੋਲਜ਼ (ਐੱਸ.ਡੀ.ਜੀਜ਼.) ਦੇ ਰੂਪ ਵਿੱਚ ਅਪਣਾ ਰਿਹਾ ਹੈ, ਉਨ੍ਹਾਂ ਦੀ ਭਾਵਨਾ ਗੁਰਬਾਣੀ ਵਿੱਚ ਪਹਿਲਾਂ ਹੀ ਰਚੀ-ਬਸੀ ਹੋਈ ਹੈ।ਅਜਿਹੇ ਉਪਰਾਲੇ ਵਾਤਾਵਰਨ ਸੰਭਾਲ, ਜੈਵ-ਵਿਭਿੰਨਤਾ ਤੇ ਸਮਾਜਿਕ ਜ਼ਿੰਮੇਵਾਰੀ ਨੂੰ ਹੋਰ ਮਜ਼ਬੂਤ ਕਰਦੇ ਹਨ।ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਧਰਮ ਅਧਿਐਨ ਵਿਭਾਗ ਅਤੇ ਸਹਿਯੋਗੀਆਂ ਦੀ ਸ਼ਲਾਘਾ ਕੀਤੀ।ਸ੍ਰੀ ਗੁਰੂ ਗ੍ਰੰਥ ਸਾਹਿਬ ਧਰਮ ਅਧਿਐਨ ਵਿਭਾਗ ਦੇ ਮੁਖੀ ਡਾ. ਹਰਦੇਵ ਸਿੰਘ ਨੇ ਇਸ ਉਪਰਾਲੇ ਦੇ ਸੁਚੱਜੇ ਤਾਲਮੇਲ ਲਈ ਈਕੋ-ਸਿੱਖ ਤੇ ਸਾਰੇ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਦਾ ਕੁਦਰਤ-ਕੇਂਦਰਿਤ ਸੰਦੇਸ਼ ਅੱਜ ਵੀ ਮਨੁੱਖਤਾ ਨੂੰ ਵਾਤਾਵਰਨ ਸੰਭਾਲ ਲਈ ਪ੍ਰੇਰਿਤ ਕਰਦਾ ਹੈ।ਇਸ ਮੌਕੇ ਪਵਨੀਤ ਸਿੰਘ, ਹੈੱਡ ਅਪ੍ਰੇਸ਼ਨਜ਼, ਈਕੋ-ਸਿੱਖ ਨੇ ਕਿਹਾ ਕਿ 'ਸ੍ਰੀ ਗੁਰੂ ਨਾਨਕ ਪਵਿੱਤਰ ਜੰਗਲ' ਵਰਗੇ ਉਪਰਾਲੇ ਗੁਰੂ ਨਾਨਕ ਦੇਵ ਜੀ ਦੇ ਕੁਦਰਤ-ਕੇਂਦਰਤ ਦਰਸ਼ਨ ਨੂੰ ਅਮਲੀ ਰੂਪ ਦੇਣ ਦੇ ਨਾਲ-ਨਾਲ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਹਰਿਆ-ਭਰਿਆ ਤੇ ਸਿਹਤਮੰਦ ਵਾਤਾਵਰਨ ਸਿਰਜਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

## ਨਾਬਾਲਿਗਾ ਨੂੰ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਵਾਲੇ 2 ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਇਕ ਨਾਬਾਲਿਗ ਲੜਕੀ ਨੂੰ ਵਰਗਲਾ ਫੁਸਲਾ ਕੇ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਵਾਲੇ ਇਕ ਨੌਜਵਾਨ ਸਮੇਤ 2 ਖਿਲਾਫ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਨਾਬਾਲਿਗ ਲੜਕੀ ਦੀ ਮਾਂ ਨੇ ਦੱਸਿਆ ਕਿ ਉਸ ਦੀ ਨਾਬਾਲਿਗ ਲੜਕੀ ਉਮਰ 15 ਸਾਲ, ਜੋ ਇਕ ਬਿਊਟੀ ਪਾਰਲਰ ਦੀ ਦੁਕਾਨ 'ਤੇ ਪਾਰਲਰ ਦਾ ਕੰਮ ਕਰਦੀ ਹੈ। ਲੜਕੀ ਦੀ ਮਾਂ ਨੇ ਦੱਸਿਆ ਕਿ 16 ਜੁਲਾਈ 2026 ਨੂੰ ਕਰੀਬ 9 ਵਜੇ ਸਵੇਰੇ ਉਹ ਆਪਣੀ ਲੜਕੀ ਨੂੰ ਬਿਊਟੀ ਪਾਰਲਰ 'ਤੇ ਛੱਡ ਕੇ ਆਪਣੇ ਕੰਮ 'ਤੇ ਚਲੀ ਗਈ ਸੀ। ਲੜਕੀ ਦੀ ਮਾਂ ਨੇ ਦੱਸਿਆ ਕਿ ਉਸ ਦੀ ਲੜਕੀ ਸ਼ਾਮ ਨੂੰ ਘਰ ਵਾਪਸ ਨਾ ਆਈ, ਜਿਸ ਨੂੰ ਬਾਅਦ ਵਿਚ ਪਤਾ ਲੱਗਾ ਕਿ ਉਸ ਦੀ ਲੜਕੀ ਨੂੰ ਲਵਪ੍ਰੀਤ ਉਰਫ ਲਵੀ ਪੁੱਤਰ ਬਖਸ਼ੀਸ਼ ਸਿੰਘ ਤੇ ਸਾਹਿਲ ਪੁੱਤਰ ਸੁਖਵਿੰਦਰ ਸਿੰਘ ਵਰਗਲਾ ਫੁਸਲਾ ਕੇ ਵਿਆਹ ਦਾ ਝਾਂਸਾ ਦੇ ਭਜਾ ਕੇ ਲੈ ਗਏ ਹਨ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗੁਰਮੀਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਪ੍ਰਿਤਪਾਲ ਸਿੰਘ ਸੰਧੂ ਡੀ ਐਸ ਪੀ ਡੀ ਜੀ ਪੀ ਕਮੈਂਡੇਸ਼ਨ ਡਿਸਕਾਂ ਨਾਲ ਸਨਮਾਨਤ



**ਸਮਰਾਲਾ (ਸੁਰਜੀਤ ਸਿੰਘ)**-ਡੀ ਐੱਸ ਪੀ ਪ੍ਰਿਤਪਾਲ ਸਿੰਘ ਸੰਧੂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਤੇ ਸ਼ਲਾਘਾਯੋਗ ਕਾਰਗੁਜ਼ਾਰੀ ਲਈ ਡੀ.ਜੀ.ਪੀ ਕਮੈਂਡੇਸ਼ਨ ਦੋ ਡਿਸਕਾਂ ਨਾਲ ਸਨਮਾਨਤ ਕੀਤਾ ਗਿਆ।ਇਹ ਸਨਮਾਨ ਪੰਜਾਬ ਪੁਲਸ ਦੇ ਡੀ.ਜੀ.ਪੀ ਗੌਰਵ ਯਾਦਵ ਵੱਲੋਂ ਪ੍ਰਦਾਨ ਕੀਤਾ ਗਿਆ, ਜਿਸ ਨੂੰ ਪੁਲਸ ਜ਼ਿਲ੍ਹਾ ਖੰਨਾ ਦੀ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਨੇ ਡੀ ਐੱਸ ਪੀ ਪ੍ਰਿਤਪਾਲ ਸਿੰਘ ਸੰਧੂ ਦੀ ਯੂਨੀਫਾਰਮ 'ਤੇ ਡਿਸਕਾਂ ਲਾ ਕੇ ਰਸਮੀ ਤੌਰ 'ਤੇ ਸਨਮਾਨਤ ਕੀਤਾ।ਸਨਮਾਨ ਸਮਗਮ ਦੌਰਾਨ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਨੇ ਡੀ ਐੱਸ ਪੀ ਪ੍ਰਿਤਪਾਲ ਸਿੰਘ ਸੰਧੂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ, ਮਿਹਨਤ ਤੇ ਲਗਨ ਨਾਲ ਨਿਭਾਅ ਰਹੇ ਹਨ।ਉਨ੍ਹਾਂ ਕਿਹਾ ਕਿ ਪੁਲਿਸ ਬਲ ਵਿੱਚ ਇਸ ਤਰ੍ਹਾਂ ਦੇ ਮਿਹਨਤੀ ਅਤੇ ਜ਼ਿੰਮੇਵਾਰ ਅਫ਼ਸਰ ਵਿਭਾਗ ਦੀ ਅਸਲੀ ਤਾਕਤ ਹੁੰਦੇ ਹਨ, ਜੋ ਮੁਸ਼ਕਲ ਹਾਲਾਤ ਵਿੱਚ ਵੀ ਆਪਣੀ ਡਿਊਟੀ ਨੂੰ ਪਹਿਲ ਦਿੰਦੇ ਹਨ।ਡੀ ਐੱਸ ਪੀ ਪ੍ਰਿਤਪਾਲ ਸਿੰਘ ਸੰਧੂ ਦੀ ਮਿਹਨਤ ਅਤੇ ਸਮਰਪਣ ਹੋਰ ਪੁਲਸ ਮੁਲਾਜ਼ਮਾਂ ਲਈ ਵੀ ਪ੍ਰੇਰਣਾ ਸਰੋਤ ਹੈ।

## ਚੋਰੀ ਦੇ ਮੋਟਰਸਾਈਕਲ ਤੇ 6 ਮੋਬਾਇਲਾਂ ਸਮੇਤ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਚੋਰੀ ਦੇ ਇਕ ਮੋਟਰਸਾਈਕਲ ਤੇ 6 ਮੋਬਾਇਲ ਫੋਨ ਸਮੇਤ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਉਸ ਖਿਲਾਫ 304-ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਅਯੂਬ ਮਸੀਹ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਦੌਰਾਨੇ ਗਸ਼ਤ ਸੀ ਤਾਂ ਇਸ ਦੌਰਾਨ ਉਨ੍ਹਾਂ ਨੂੰ ਇਤਲਾਹ ਮਿਲੀ ਕਿ ਰਵੀ ਪੁੱਤਰ ਗੁਰਬਚਨ ਸਿੰਘ ਵਾਸੀ ਪਿੰਡ ਆਂਸਲ, ਜੋ ਫਿਰੋਜ਼ਪੁਰ ਸ਼ਹਿਰ ਦੇ ਵੱਖ ਵੱਖ ਇਲਾਕਿਆਂ ਤੋਂ ਰਾਹ ਜਾਂਦੇ ਲੋਕਾਂ ਤੋਂ ਝਪਟ ਮਾਰ ਕੇ ਮੋਬਾਇਲ ਫੋਨ ਖੋਹ ਕਰਨ ਦਾ ਆਦੀ ਹੈ। ਜੋ ਦਾਣਾ ਮੰਡੀ ਦੇ ਗੇਟ ਨੰਬਰ 2 ਆਂਸਲ ਰੋਡ ਫਿਰੋਜ਼ਪੁਰ ਸ਼ਹਿਰ ਪਾਸ ਮੋਟਰਸਾਈਕਲ 'ਤੇ ਖੜਾ ਚੋਰੀ ਦੇ ਮੋਬਾਇਲ ਲੈ ਕੇ ਵੇਚਣ ਲਈ ਗਾਹਕਾਂ ਦਾ ਇੰਤਜ਼ਾਰ ਕਰ ਰਿਹਾ ਹੈ। ਜੇਕਰ ਹੁਣੇ ਹੀ ਛਾਪੇਮਾਰੀ ਕੀਤੀ ਜਾਵੇ ਤਾਂ ਇਸ ਪਾਸੋਂ ਚੋਰੀ ਦੇ ਖੋਹ ਕੀਤੇ ਹੋਏ ਮੋਬਾਇਲ ਫੋਨ ਬਰਾਮਦ ਹੋ ਸਕਦੇ ਹਨ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ 'ਤੇ ਛਾਪੇਮਾਰੀ ਕੀਤੀ ਤਾਂ ਦੋਸ਼ੀ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ 1 ਮੋਟਰਸਾਈਕਲ ਤੇ 6 ਮੋਬਾਇਲ ਫੋਨ ਬਰਾਮਦ ਹੋਏ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।


**AXIS BANK LTD.** ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮਿਟਿਡ, ਦੂਸਰੀ ਮੰਜ਼ਲ, ਜਾਇਦਾਦ # 7-ਈ ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : 'ਐਕਸਿਸ ਹਾਊਸ' ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ", ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

| ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ | 1. ਡਿਮਾਂਡ ਨੋਟਿਸ ਦੀ ਮਿਤੀ<br>2. ਐੱਨ ਪੀ ਏ ਦੀ ਮਿਤੀ<br>3. ਕਬਜ਼ੇ ਦੀ ਮਿਤੀ<br>4. 13-2 ਨੋਟਿਸ ਅਨੁਸਾਰ ਬਕਾਇਆ ਰਕਮ |
|---|---|
| 1. ਸ੍ਰੀ ਬਲਜੀਤ ਸਿੰਘ ਪੁੱਤਰ ਗੁਰਮੇਲ ਸਿੰਘ (ਕਰਜ਼ਦਾਰ ਅਤੇ ਰਹਿਣਕਾਰ)<br>2. ਸ੍ਰੀ ਗੁਰਪ੍ਰੀਤ ਸਿੰਘ ਪੁੱਤਰ ਗੁਰਮੇਲ ਸਿੰਘ (ਸਹਿ-ਕਰਜ਼ਦਾਰ) | 1. 13 ਮਈ 26<br>2. 05 ਮਈ 26<br>3. 21 ਜੁਲਾਈ 26<br>4. ਰੁਪਏ 20,73,545.50/- (ਵੀਹ ਲੱਖ ਤਿਹੱਤਰ ਹਜ਼ਾਰ ਪੰਜ ਸੌ ਪੰਜਤਾਲੀ ਰੁਪਏ ਅਤੇ ਪੰਜਾਹ ਪੈਸੇ ਕੇਵਲ) |

ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਰਿਹਾਇਸ਼ੀ ਮਕਾਨ ਨਾਲ ਸੰਬੰਧਤ ਸਭ ਕੁੱਝ ਦਾ ਉਚਿਤ ਗਿਰਵੀਨਾਮਾ ਰਕਬਾ 00 ਕਨਾਲ -05.90 ਮਰਲਾ ਜੋ ਕਿ 178.50 ਵਰਗ ਗਜ਼, ਖੇਵਟ/ਖਤੌਨੀ ਨੰ. 323/509 ਤੋਂ 512, ਖਸਰਾ ਨੰ. 248(1-2), 45//8/3 (0-4), 250/4 (0-18), 27//15 (8-0), 16(10-0), 17(8-0), 24(6-16), 79//5 ਐੱਮ (4-14), 27//4(8-0), 5(8-0), 6(8-0), 7(8-0), 14(8-0), 73//19/3(2-0), 20/2 (4-13), 21(8-0), 22/1(2-4), 74//10/2(1-3), 25(3-18), 79//5 ਐੱਮ (2-0), 6/1(1-0), 6/2 (8-14), 80//1(8-10), 10(7-0) ਕਿੱਤੇ 24, ਕੁੱਲ 128 ਕਨਾਲ -16 ਮਰਲਾ 'ਚੋਂ 59/25760 ਹਿੱਸਾ ਜੋ ਕਿ 00 ਕਨਾਲ -05. 90 ਮਰਲਾ, ਖਨੌਰੀ ਕਲਾਂ ਵਿਖੇ ਸਥਿਤ, ਤਹਿਸੀਲ ਮੂਨਕ, ਜ਼ਿਲ੍ਹਾ ਸੰਗਰੂਰ ਬਲਜੀਤ ਸਿੰਘ ਪੁੱਤਰ ਗੁਰਮੇਲ ਸਿੰਘ ਦੇ ਨਾਂਅ, ਤਬਾਦਲਾ ਬੈਨਾਮਾ ਨੰ. 2023-24/126/1/352 ਮਿਤੀ 03.08.2023 ਅਨੁਸਾਰ। ਹੱਦਾਂ : ਉੱਤਰ : ਰਾਮਫਲ ਦਾ ਮਕਾਨ, ਪੱਛਮ : ਬਲਦੇਵ ਸਿੰਘ ਦਾ ਮਕਾਨ, ਦੱਖਣ : ਗਲੀ 27'-0", ਪੂਰਬ : ਗਲੀ 16'-0"

ਮਿਤੀ : 25-07-2026, ਸਥਾਨ : ਪੰਜਾਬ — ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ



**ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ**

ਕਾਰਪੋਰੇਟ ਦਫ਼ਤਰ : ਪਹਿਲੀ ਮੰਜ਼ਲ, ਵੇਕਫੀਲਡ ਹਾਊਸ, ਸਪਰੌਟ ਰੋਡ, ਬੈਲਾਰਡ ਈਸਟ, ਮੁੰਬਈ-400038

**ਕਬਜ਼ਾ ਨੋਟਿਸ**

ਅੰਤਿਕਾ IV — (ਅਚੱਲ ਜਾਇਦਾਦ ਵਾਸਤੇ) — ਰੂਲ 8(1) ਨਾਲ ਪੜ੍ਹੇ ਜਾਂਦੇ

ਜਦੋਂ ਕਿ ਨਿਮਨਹਸਤਾਖਰੀ ਨੇ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ (ਸੀ ਐੱਫ ਐੱਮ ਏ ਆਰ ਸੀ ਟਰੱਸਟ-193 ਦੇ ਟਰੱਸਟੀ ਦੀ ਹੈਸੀਅਤ 'ਚ ਕਾਰਜਸ਼ੀਲ) ਦਾ ਅਧਿਕਾਰਤ ਅਫ਼ਸਰ ਹੋਣ ਦੇ ਨਾਤੇ ਸਕਿਉਰਟਾਈਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12), 13(2) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਕਤ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ ਨੋਟਿਸ 'ਚ ਦਰਸਾਈ ਰਕਮ 60 ਦਿਨਾਂ ਦੇ ਅੰਦਰ-ਅੰਦਰ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਇਸ ਤੋਂ ਇਲਾਵਾ ਸਰਫੇਸੀ ਐਕਟ 2002 ਦੇ ਸੈਕਸ਼ਨ 5 ਦੀਆਂ ਵਿਵਸਥਾਵਾਂ ਅਧੀਨ ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ਼ੀਅਲ ਪ੍ਰਾਈਵੇਟ ਲਿਮਟਿਡ ਅਤੇ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦਰਮਿਆਨ ਮਿਤੀ 30.09.2025 ਨੂੰ ਰਜਿਸਟਰਡ ਸਪੁਰਦਗੀ ਇਕਰਾਰਨਾਮੇ ਤਹਿਤ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਪੱਖ 'ਚ ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਪ੍ਰਾਈਵੇਟ ਲਿਮਟਿਡ ਨੇ ਆਪਣੇ ਸਾਰੇ ਅਧਿਕਾਰਾਂ, ਸਿਰਲੇਖ ਅਤੇ ਹਿੱਤ ਸਮੁੱਚੀ ਬਕਾਇਆ ਕਰਜ਼ ਸਕਿਉਰਟੀਜ਼ ਸਹਿਤ ਸੌਂਪ ਦਿੱਤੇ ਹਨ। ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਪਰੋਕਤ ਦਰਸਾਏ "ਕਬਜ਼ੇ ਦੀ ਮਿਤੀ" ਦੇ ਕਾਲਮ ਤਹਿਤ ਉਕਤ ਦਰਸਾਏ ਰੂਲਜ਼ ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਪਰੋਕਤ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ। ਬੈਂਕ ਦੁਆਰਾ ਲਏ ਗਏ ਗਿਰਵੀ ਜਾਇਦਾਦ ਦੇ ਕਬਜ਼ੇ ਦੇ ਨਾਲ-ਨਾਲ ਧਿਰਾਂ ਦੇ ਵੇਰਵੇ ਹੇਠਾਂ ਦਿੱਤੇ ਗਏ ਹਨ:-

| ਗਾਹਕ (ਕਰਜ਼ਦਾਰ/ਸਹਿ-ਕਰਜ਼ਦਾਰ ਅਤੇ ਗਰੰਟਰ/ਭਾਈਵਾਲ/ਰਹਿਣਕਾਰ) ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ ਅਤੇ ਰਕਮ ਰੁਪਏ 'ਚ | ਕਬਜ਼ੇ ਦੀ ਮਿਤੀ |
|---|---|---|
| ਚਰਨਜੀਤ ਕੌਰ (ਕਰਜ਼ਦਾਰ), ਅਵਤਾਰ ਸਿੰਘ (ਸਹਿ-ਕਰਜ਼ਦਾਰ), ਸੁਖਵਿੰਦਰ ਸਿੰਘ (ਸਹਿ-ਕਰਜ਼ਦਾਰ), ਮਨਿੰਦਰ ਸਿੰਘ (ਸਹਿ-ਕਰਜ਼ਦਾਰ), ਮਨਪ੍ਰੀਤ ਕੌਰ (ਗਰੰਟਰ), ਕਰਜ਼ਾ ਖਾਤਾ ਨੰ. : ਐੱਲ ਏ ਪੀ - ਜੇ ਡੀ ਐੱਚ-140 | ਡਿਮਾਂਡ ਨੋਟਿਸ ਦੀ ਮਿਤੀ : 24.02.2026 ਰੁਪਏ 4,47,017/- (ਚਾਰ ਲੱਖ ਸੰਤਾਲੀ ਹਜ਼ਾਰ ਸਤਾਰਾਂ ਰੁਪਏ ਕੇਵਲ) ਮਿਤੀ 31.01.2026 ਨੂੰ | 20.07.2026 |
| ਰਹਿਣ ਕੀਤੀ ਜਾਇਦਾਦ : ਖੇਵਟ/ਖਤੌਨੀ ਨੰ. 8/51, ਖਸਰਾ ਨੰ. 28//21/2/(7-5) ਵਾਕਿਆ ਰਕਬਾ ਗੋਇੰਦਵਾਲ ਸਾਹਿਬ, ਤਹਿਸੀਲ ਖਡੂਰ ਸਾਹਿਬ, ਜ਼ਿਲ੍ਹਾ ਤਰਨ ਤਾਰਨ, ਮੁਹੱਲਾ ਅਕਬਰਪੁਰਾ, ਗੋਇੰਦਵਾਲ ਸਾਹਿਬ-143422. ਜਾਇਦਾਦ ਦੀਆਂ ਹੱਦਾਂ ਨਿਮਨਲਿਖਤ ਅਨੁਸਾਰ ਹਨ : ਉੱਤਰ : ਕੁਲਦੀਪ ਸਿੰਘ ਦੀ ਡੇਅਰੀ ਜਾਇਦਾਦ, ਪੂਰਬ : ਕੁਲਦੀਪ ਸਿੰਘ ਦੀ ਜਾਇਦਾਦ, 22'-6", ਪੱਛਮ : ਗਲੀ 4 ਫੁੱਟ, 21', ਦੱਖਣ : ਕੁਲਦੀਪ ਸਿੰਘ ਦੀ ਜਾਇਦਾਦ 50' | | |
| ਜਸਬੀਰ ਕੌਰ (ਕਰਜ਼ਦਾਰ), ਸੂਰਜ (ਸਹਿ-ਕਰਜ਼ਦਾਰ), ਕਰਜ਼ਾ ਖਾਤਾ ਨੰ. : ਐੱਲ ਏ ਪੀ -ਐੱਚ ਐੱਸ ਐਕਸ-128 | ਡਿਮਾਂਡ ਨੋਟਿਸ ਦੀ ਮਿਤੀ : 24.02.2026 ਰੁਪਏ 2,75,453/- (ਦੋ ਲੱਖ ਪੰਝੱਤਰ ਹਜ਼ਾਰ ਚਾਰ ਸੌ ਤਿਰਵੰਜਾ ਰੁਪਏ ਕੇਵਲ) ਮਿਤੀ 31.01.2026 ਨੂੰ | 23.07.2026 |
| ਰਹਿਣ ਕੀਤੀ ਜਾਇਦਾਦ : ਖਸਰਾ ਨੰ. 20//4/2/3/2 (5-1), 20//5 (1-13), 20//6 (3-0), 22//7/1 (3-8), ਖਸਰਾ ਨੰ. 116/129 ਵਾਕਿਆ ਰਕਬਾ ਪਿੰਡ ਰਾਮ ਨਗਰ/203 ਉਰਫ ਢੇਹਾ ਹੁਸ਼ਿਆਰਪੁਰ-144105. ਜਾਇਦਾਦ ਦੀਆਂ ਹੱਦਾਂ ਨਿਮਨਲਿਖਤ ਅਨੁਸਾਰ ਹਨ : ਉੱਤਰ ਖਾਲੀ ਪਲਾਟ 80', ਪੂਰਬ : ਗਲੀ 22' ਚੌੜੀ, 35', ਪੱਛਮ : ਪਰੇਮ ਚੰਦ ਦਾ ਪਲਾਟ, 35', ਦੱਖਣ : ਗਲੀ 20' ਚੌੜੀ, 80' | | |

ਉਕਤ ਦਰਸਾਏ ਕਰਜ਼ਦਾਰਾਂ ਨੂੰ ਖਾਸ ਕਰ ਅਤੇ ਆਮ ਜਨਤਾ ਨੂੰ ਇਸ ਨੋਟਿਸ ਦੁਆਰਾ ਸਾਵਧਾਨ ਕੀਤਾ ਜਾਂਦਾ ਹੈ ਕਿ ਉਕਤ ਜਾਇਦਾਦ ਨਾਲ ਕੋਈ ਵੀ ਲੈਣ-ਦੇਣ ਨਾ ਕਰਨ। ਇਸ ਨਾਲ ਕੀਤਾ ਕੋਈ ਵੀ ਲੈਣ-ਦੇਣ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਚਾਰਜ ਅਧੀਨ ਹੋਵੇਗਾ, ਜੋ ਕਿ ਇਸ ਨੋਟਿਸ 'ਚ ਦੱਸੀ ਰਕਮ, ਠੇਕਾ ਦਰ 'ਤੇ ਵਿਆਜ, ਅਚਨਚੇਤੀ ਖਰਚੇ, ਲਾਗਤਾਂ ਅਤੇ ਚਾਰਜਜ਼ ਆਦਿ ਉਪਰੋਕਤ ਵੇਰਵਿਆਂ ਵਿੱਚ ਦਰਸਾਈ ਗਈ ਬਕਾਇਆ ਰਕਮ ਦੀ ਕਿਸਮ ਦੀ ਅਗਲੀ ਮਿਤੀ ਤੋਂ ਪੂਰੀ ਅਦਾਇਗੀ ਅਤੇ/ਜਾਂ ਪ੍ਰਾਪਤੀ ਦੀ ਮਿਤੀ ਤੱਕ। ਇਸ ਤੋਂ ਇਲਾਵਾ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਤਹਿਤ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਉਪਲਬਧ ਸਮੇਂ ਵੱਲ ਦਿਵਾਇਆ ਜਾਂਦਾ ਹੈ। ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਦਰਸਾਈਆਂ ਜਾਇਦਾਦਾਂ ਦਾ ਵੇਰਵਾ ਉਕਤ ਦੱਸਿਆ ਗਿਆ ਹੈ।

ਮਿਤੀ : 25.07.2026
ਸਥਾਨ : ਪੰਜਾਬ

ਅਧਿਕਾਰਤ ਅਫ਼ਸਰ, ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ
(ਸੀ ਐੱਫ ਐੱਮ ਏ ਆਰ ਸੀ ਟਰੱਸਟ-193 ਦੀ ਹੈਸੀਅਤ ਵਜੋਂ ਕਾਰਜਸ਼ੀਲ)

# ਮੁੱਖ ਮੰਤਰੀ ਸਿਹਤ ਯੋਜਨਾ 'ਚ ਘੁਟਾਲਾ : 14 ਹਸਪਤਾਲਾਂ 'ਤੇ ਕਾਰਵਾਈ



ਜਲੰਧਰ (ਸੁਰਿੰਦਰ ਕੁਮਾਰ)-ਪੰਜਾਬ ਸਰਕਾਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਵਿੱਚ ਵੱਡੇ ਪੱਧਰ 'ਤੇ ਹੋ ਰਹੇ ਘਪਲਿਆਂ 'ਤੇ ਸਖ਼ਤ ਰੁਖ਼ ਅਪਣਾਇਆ ਹੈ। ਜਲੰਧਰ ਦੇ ਨਾਮੀ ਸਰਵੋਦਿਆ ਹਸਪਤਾਲ ਸਮੇਤ ਸੂਬੇ ਦੇ 14 ਵੱਡੇ ਹਸਪਤਾਲਾਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਫਰਜ਼ੀ ਮਰੀਜ਼ ਦਿਖਾ ਕੇ ਵੱਧ ਪੇਮੈਂਟ ਕਲੇਮ ਕਰਨ ਦੇ ਦੋਸ਼ 'ਚ ਸਰਵੋਦਿਆ ਹਸਪਤਾਲ ਨੂੰ ਸਰਕਾਰੀ ਸੂਚੀ ਤੋਂ ਹਟਾ ਦਿੱਤਾ ਗਿਆ ਹੈ, ਜਦਕਿ ਸਾਰਿਆਂ 'ਤੇ ਮਿਲਾ ਕੇ 78 ਲੱਖ ਰੁਪਏ ਤੋਂ ਵੱਧ ਦਾ ਜੁਰਮਾਨਾ ਠੋਕਿਆ ਗਿਆ ਹੈ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਸਿਰਫ ਸਾਢੇ 6 ਮਹੀਨਿਆਂ ਵਿੱਚ ਹੀ 'ਮੁੱਖ ਮੰਤਰੀ ਸਿਹਤ ਯੋਜਨਾ' 5.12 ਲੱਖ ਲੋਕਾਂ ਲਈ ਵਰਦਾਨ ਬਣ ਚੁੱਕੀ ਹੈ। ਇਸ ਤਹਿਤ 914 ਕਰੋੜ ਰੁਪਏ ਦਾ ਕੈਸ਼ਲੈਸ ਮੁਫ਼ਤ ਇਲਾਜ ਦਿੱਤਾ ਜਾ ਚੁੱਕਾ ਹੈ। ਹੁਣ ਤੱਕ 50.3 ਲੱਖ ਤੋਂ ਵੱਧ ਈ-ਸਿਹਤ ਕਾਰਡ ਬਣ ਚੁੱਕੇ ਹਨ ਅਤੇ 868 ਸਰਕਾਰੀ-ਨਿੱਜੀ ਹਸਪਤਾਲ ਇਸ ਨਾਲ ਜੁੜੇ ਹੋਏ ਹਨ। ਯੋਜਨਾ ਦਾ ਲਾਭ 2.50 ਲੱਖ ਤੋਂ ਵੱਧ ਪਰਿਵਾਰਾਂ ਨੂੰ ਮਿਲਿਆ ਹੈ। ਕੁੱਲ 5.12 ਲੱਖ ਇਲਾਜਾਂ ਵਿੱਚੋਂ 1.65 ਲੱਖ ਸਰਜਰੀਆਂ ਹੋਈਆਂ ਹਨ। 733 ਕੈਂਸਰ ਮਰੀਜ਼, ਗੋਡੇ-ਹਿਪ ਬਦਲਾਉਣ, ਦਿਲ ਦੇ ਬਾਈਪਾਸ ਅਤੇ ਡਾਇਲਸਿਸ ਵਰਗੇ ਮਹਿੰਗੇ ਇਲਾਜ ਵੀ ਇਸ ਵਿੱਚ ਸ਼ਾਮਲ ਹਨ। ਲੁਧਿਆਣਾ 'ਚ ਸਭ ਤੋਂ ਵੱਧ 5.46 ਲੱਖ ਕਾਰਡ ਜਾਰੀ ਹੋਏ ਹਨ। ਕੁੱਲ ਲਾਭਪਾਤਰੀਆਂ 'ਚ 52% ਔਰਤਾਂ ਅਤੇ 68% ਪੇਂਡੂ ਲੋਕ ਹਨ। ਡਾ. ਬਲਬੀਰ ਸਿੰਘ ਨੇ ਸਪੱਸ਼ਟ ਕੀਤਾ ਕਿ ਆਡਿਟ ਸਿਸਟਮ ਮਜ਼ਬੂਤ ਕੀਤਾ ਗਿਆ ਹੈ। ਜਾਂਚ 'ਚ 6 ਮਹੀਨਿਆਂ 'ਚ 2.98 ਲੱਖ ਰੁਪਏ ਵਾਪਸ ਕਰਵਾਏ ਗਏ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇ ਕੋਈ ਹਸਪਤਾਲ ਕੈਸ਼ਲੈਸ ਇਲਾਜ ਦੌਰਾਨ ਪੈਸੇ ਮੰਗੇ ਜਾਂ ਬਾਹਰੋਂ ਟੈਸਟ ਕਰਵਾਉਣ ਲਈ ਕਹੇ ਤਾਂ ਤੁਰੰਤ 104 ਹੈਲਪਲਾਈਨ 'ਤੇ ਸ਼ਿਕਾਇਤ ਦਰਜ ਕਰਵਾਓ। ਉਨ੍ਹਾਂ ਕਿਹਾ ਸਰਕਾਰ ਤੋਂ ਪੀ ਜੀ ਆਈ ਚੰਡੀਗੜ੍ਹ ਨੂੰ ਵੀ ਇਸ ਯੋਜਨਾ ਨਾਲ ਜੋੜਨ ਦੀ ਮੰਗ ਕੀਤੀ।

# ਦੋ ਕੈਂਟਰਾਂ ਦੀ ਭਿਆਨਕ ਟੱਕਰ, ਕੈਬਿਨ 'ਚ ਫਸੇ ਚਾਲਕ ਦੀ ਮੌਤ



ਗੁਰਾਇਆ (ਬਿੰਦਰ ਸੁਮਨ)-ਜਲੰਧਰ-ਲੁਧਿਆਣਾ ਨੈਸ਼ਨਲ ਹਾਈਵੇ 'ਤੇ ਗੁਰਾਇਆ ਨੇੜੇ ਇੱਕ ਭਿਆਨਕ ਸੜਕ ਹਾਦਸਾ ਵਾਪਰ ਗਿਆ। ਇਸ ਹਾਦਸੇ ਵਿੱਚ ਦੋ ਕੈਂਟਰ ਆਪਸ ਵਿੱਚ ਟਕਰਾ ਗਏ। ਟੱਕਰ ਇੰਨੀ ਜ਼ਬਰਦਸਤ ਸੀ ਕਿ ਇੱਕ ਕੈਂਟਰ ਦਾ ਚਾਲਕ ਕੈਬਿਨ ਵਿੱਚ ਬੁਰੀ ਤਰ੍ਹਾਂ ਫਸ ਗਿਆ।ਹਾਦਸੇ ਤੋਂ ਬਾਅਦ ਨੈਸ਼ਨਲ ਹਾਈਵੇ 'ਤੇ ਲੰਮਾ ਜਾਮ ਲੱਗ ਗਿਆ। ਮੌਕੇ ਤੋਂ ਸਾਹਮਣੇ ਆਈਆਂ ਤਸਵੀਰਾਂ ਵਿੱਚ ਦੋਵੇਂ ਕੈਂਟਰ ਬੁਰੀ ਤਰ੍ਹਾਂ ਨੁਕਸਾਨੀ ਹਾਲਤ ਵਿੱਚ ਨਜ਼ਰ ਆ ਰਹੇ ਹਨ। ਚਾਲਕ ਕੈਬਿਨ ਵਿੱਚ ਫਸ ਕੇ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਸੀ। ਜੇ ਸੀ ਬੀ ਅਤੇ ਹਾਈਡਰਾ ਮਸ਼ੀਨ ਦੀ ਮਦਦ ਨਾਲ ਕਰੀਬ ਇੱਕ ਘੰਟੇ ਦੀ ਕੜੀ ਮੁਸ਼ੱਕਤ ਤੋਂ ਬਾਅਦ ਉਸ ਨੂੰ ਕੈਬਿਨ ਵਿੱਚੋਂ ਬਾਹਰ ਕੱਢਿਆ ਗਿਆ ਅਤੇ ਇਲਾਜ ਲਈ ਹਸਪਤਾਲ ਲਿਜਾਇਆ ਗਿਆ, ਜਿੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ।ਘਟਨਾ ਦੀ ਸੂਚਨਾ ਮਿਲਦੇ ਹੀ ਸੜਕ ਸੁਰੱਖਿਆ ਫੋਰਸ ਦੀ ਟੀਮ ਮੌਕੇ 'ਤੇ ਪਹੁੰਚ ਗਈ ਅਤੇ ਜਾਂਚ ਸ਼ੁਰੂ ਕਰ ਦਿੱਤੀ। ਟੀਮ ਨੇ ਗੁਰਾਇਆ ਪੁਲਸ ਨੂੰ ਵੀ ਹਾਦਸੇ ਦੀ ਜਾਣਕਾਰੀ ਦਿੱਤੀ।

# 'ਗ੍ਰਾਮ ਪੰਜਾਬ ਟੂ ਦਿ ਵੈਸਟਰਨ ਵਰਲਡ': ਸੰਤ ਬਾਬਾ ਤੇਜਾ ਸਿੰਘ ਦੇ ਵਿਲੱਖਣ ਜੀਵਨ ਨੂੰ ਸਮਰਪਿਤ ਡੌਕਿਊਡਰਾਮਾ




ਧਾਰੀਵਾਲ (ਮਨਦੀਪ ਵਿੱਕੀ)- ਸ਼ਾਈਨਸ਼ਵੀਅਰ ਐਂਟਰਟੇਨਮੈਂਟ ਪ੍ਰਾਈਵੇਟ ਲਿਮਟਿਡ ਆਪਣੇ ਆਗਾਮੀ ਡੌਕਿਊਡਰਾਮਾ 'ਗ੍ਰਾਮ ਪੰਜਾਬ ਟੂ ਦਿ ਵੈਸਟਰਨ ਵਰਲਡ' ਨੂੰ ਮਾਣ ਨਾਲ ਪੇਸ਼ ਕਰ ਰਿਹਾ ਹੈ।ਇਹ ਇੱਕ ਪ੍ਰੇਰਣਾਦਾਇਕ ਸਿਨੇਮੈਟਿਕ ਯਾਤਰਾ ਹੈ, ਜੋ ਦੂਰਅੰਦੇਸ਼ੀ ਵਿਦਵਾਨ, ਮਹਾਨ ਸਿੱਖਿਆ ਸ਼ਾਸਤਰੀ, ਰੂਹਾਨੀ ਆਗੂ ਅਤੇ ਸਿੱਖ ਕਦਰਾਂ-ਕੀਮਤਾਂ ਦੇ ਵਿਸ਼ਵ-ਪੱਧਰੀ ਦੂਤ ਅਤੇ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਸੰਸਥਾਪਕ ਸੰਤ ਬਾਬਾ ਤੇਜਾ ਸਿੰਘ ਜੀ (ਐੱਮ.ਏ., ਐੱਲ. ਐੱਲ. ਬੀ. ਪੰਜਾਬ; ਏ.ਐੱਮ. ਹਾਰਵਰਡ) ਦੇ ਅਸਾਧਾਰਨ ਜੀਵਨ ਅਤੇ ਵਿਸ਼ਵ ਵਿਰਾਸਤ ਨੂੰ ਦਰਸਾਉਂਦੀ ਹੈ।ਇਹ ਡੌਕਿਊਡਰਾਮਾ ਸੰਤ ਬਾਬਾ ਤੇਜਾ ਸਿੰਘ ਜੀ ਦੇ ਪੰਜਾਬ ਤੋਂ ਵਿਸ਼ਵ ਮੰਚ ਤੱਕ ਦੇ ਪ੍ਰੇਰਣਾਦਾਇਕ ਸਫ਼ਰ ਨੂੰ ਪੇਸ਼ ਕਰਦਾ ਹੈ।ਇਸ ਵਿੱਚ ਸਿੱਖਿਆ ਦੇ ਖੇਤਰ, ਅੰਤਰ-ਧਾਰਮਿਕ ਸਦਭਾਵਨਾ, ਮਨੁੱਖਤਾ ਦੀ ਸੇਵਾ ਅਤੇ ਸਿੱਖ ਦਰਸ਼ਨ ਨੂੰ ਵਿਸ਼ਵ-ਪੱਧਰ 'ਤੇ ਮਾਨਤਾ ਦਿਵਾਉਣ ਵਿੱਚ ਉਨ੍ਹਾਂ ਦੇ ਅਮੁੱਲੇ ਯੋਗਦਾਨ ਨੂੰ ਉਜਾਗਰ ਕੀਤਾ ਗਿਆ ਹੈ।ਦੁਰਲੱਭ ਇਤਿਹਾਸਕ ਤੱਥਾਂ, ਗਿਆਨਵਾਨ ਲੋਕਾਂ ਨਾਲ ਇੰਟਰਵਿਊ, ਪੁਰਾਲੇਖੀ ਸਮੱਗਰੀ ਅਤੇ ਉਨ੍ਹਾਂ ਦੇ ਜੀਵਨ ਦੀਆਂ ਮਹੱਤਵਪੂਰਨ ਘਟਨਾਵਾਂ ਦੇ ਸਜੀਵ ਪੁਨਰ-ਨਿਰਮਾਣ ਰਾਹੀਂ ਇਹ ਫ਼ਿਲਮ ਦਰਸ਼ਕਾਂ ਨੂੰ ਉਸ ਮਹਾਨ ਸ਼ਖ਼ਸੀਅਤ ਨਾਲ ਜਾਣੂ ਕਰਵਾਉਂਦੀ ਹੈ, ਜਿਸ ਦੀ ਸੋਚ ਅਤੇ ਸੇਵਾ ਅੱਜ ਵੀ ਸੰਸਾਰ ਭਰ ਵਿੱਚ ਅਨੇਕਾਂ ਪੀੜ੍ਹੀਆਂ ਲਈ ਪ੍ਰੇਰਣਾ ਦਾ ਸਰੋਤ ਹੈ।ਇਸ ਡੌਕਿਊਡਰਾਮੇ ਦਾ ਨਿਰਦੇਸ਼ਨ ਸ਼ਿਵੇਂਦੂ ਰਮੇਸ਼ ਮਹਾਜਨ ਅਤੇ ਦੀਪੇਂਦਰ ਸਿੰਘ ਵਤਸਾ ਵੱਲੋਂ ਕੀਤਾ ਗਿਆ ਹੈ, ਜਦਕਿ ਇਸ ਦਾ ਨਿਰਮਾਣ ਰੇਖਾ ਅਤੇ ਸ਼ਿਵੇਂਦੂ ਰਮੇਸ਼ ਮਹਾਜਨ ਨੇ ਸ਼ਾਈਨਸ਼ਵੀਅਰ ਐਂਟਰਟੇਨਮੈਂਟ ਪ੍ਰਾਈਵੇਟ ਲਿਮਟਿਡ ਦੇ ਬੈਨਰ ਹੇਠ ਕੀਤਾ ਹੈ।ਸੰਤ ਬਾਬਾ ਤੇਜਾ ਸਿੰਘ ਜੀ ਦੇ ਜੀਵਨ ਨਾਲ ਜੁੜੇ ਮਹੱਤਵਪੂਰਨ ਇਤਿਹਾਸਕ ਸਥਾਨਾਂ 'ਤੇ ਫ਼ਿਲਮਾਏ ਗਏ ਇਸ ਪ੍ਰੋਜੈਕਟ ਵਿੱਚ ਇਤਿਹਾਸਕਾਰਾਂ, ਵਿਦਵਾਨਾਂ, ਕਲਗੀਧਰ ਟਰੱਸਟ ਦੇ ਨੁਮਾਇੰਦਿਆਂ, ਪਰਿਵਾਰਕ ਮੈਂਬਰਾਂ ਅਤੇ ਹੋਰ ਪ੍ਰਸਿੱਧ ਸ਼ਖ਼ਸੀਅਤਾਂ ਨੂੰ ਇਕੱਠਾ ਕੀਤਾ ਗਿਆ ਹੈ, ਤਾਂ ਜੋ ਸੰਤ ਬਾਬਾ ਤੇਜਾ ਸਿੰਘ ਜੀ ਦੇ ਜੀਵਨ ਅਤੇ ਕਾਰਜਾਂ ਨੂੰ ਇੱਕ ਪ੍ਰਮਾਣਿਕ, ਪ੍ਰਭਾਵਸ਼ਾਲੀ ਅਤੇ ਦਿਲ ਨੂੰ ਛੂਹਣ ਵਾਲੇ ਰੂਪ ਵਿੱਚ ਪੇਸ਼ ਕੀਤਾ ਜਾ ਸਕੇ।'ਗ੍ਰਾਮ ਪੰਜਾਬ ਟੂ ਦਿ ਵੈਸਟਰਨ ਵਰਲਡ' ਸਿਰਫ਼ ਇੱਕ ਇਤਿਹਾਸਕ ਡੌਕਿਊਡਰਾਮਾ ਨਹੀਂ, ਸਗੋਂ ਸਿੱਖਿਆ, ਸੇਵਾ, ਅਧਿਆਤਮਿਕਤਾ ਅਤੇ ਮਨੁੱਖਤਾ ਨੂੰ ਸਮਰਪਿਤ ਇੱਕ ਮਹਾਨ ਜੀਵਨ ਨੂੰ ਸ਼ਰਧਾਂਜਲੀ ਹੈ।ਇਹ ਫ਼ਿਲਮ ਸੰਤ ਬਾਬਾ ਤੇਜਾ ਸਿੰਘ ਜੀ ਦੀ ਅਮਰ ਵਿਰਾਸਤ ਨੂੰ ਸੰਭਾਲਣ ਦੇ ਨਾਲ-ਨਾਲ ਆਉਣ ਵਾਲੀਆਂ ਪੀੜ੍ਹੀਆਂ ਨੂੰ ਗਿਆਨ, ਕਰੁਣਾ, ਸੇਵਾ ਅਤੇ ਵਿਸ਼ਵ ਭਾਈਚਾਰੇ ਦੇ ਉਨ੍ਹਾਂ ਦੇ ਮਹਾਨ ਦਰਸ਼ਨ ਤੋਂ ਪ੍ਰੇਰਿਤ ਕਰਨ ਦਾ ਯਤਨ ਕਰਦੀ ਹੈ।

# ਬਸਪਾ ਵੱਲੋਂ ਪ੍ਰਦਰਸ਼ਨ 5 ਨੂੰ

ਜਲੰਧਰ, (ਸੁਰਿੰਦਰ ਕੁਮਾਰ)-ਪੰਜਾਬ ਦੀ ਬਹੁਜਨ ਸਮਾਜ ਪਾਰਟੀ ਵੱਲੋਂ 5 ਅਗਸਤ ਨੂੰ ਜਲੰਧਰ ਵਿੱਚ ਵੱਡਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਬਸਪਾ ਆਗੂਆਂ ਦਾ ਕਹਿਣਾ ਹੈ ਕਿ ਸੂਬੇ ਵਿੱਚ ਪੁਲਿਸ ਰਾਹੀਂ ਆਮ ਲੋਕਾਂ ਨਾਲ ਧੱਕੇਸ਼ਾਹੀ, ਬੇਇਨਸਾਫੀਆਂ ਅਤੇ ਝੂਠੇ ਪਰਚੇ ਦਰਜ ਕਰਕੇ ਬੇਗੁਨਾਹਾਂ ਨੂੰ ਜੇਲ੍ਹਾਂ ਵਿੱਚ ਭੇਜਿਆ ਜਾ ਰਿਹਾ ਹੈ। ਪਾਰਟੀ ਵੱਲੋਂ ਇਹਨਾਂ ਗੈਰ-ਸੰਵਿਧਾਨਕ ਕਾਰਵਾਈਆਂ ਦੇ ਵਿਰੋਧ ਵਿੱਚ ਜਲੰਧਰ ਦੇ ਡੀ ਸੀ ਦਫ਼ਤਰ ਅਤੇ ਐੱਸ ਐੱਸ ਪੀ ਦਫ਼ਤਰ ਦੇ ਸਾਹਮਣੇ ਵੱਡਾ ਪ੍ਰਦਰਸ਼ਨ ਕੀਤਾ ਜਾਵੇਗਾ। ਬਸਪਾ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ 5 ਅਗਸਤ ਨੂੰ ਵੱਡੀ ਗਿਣਤੀ ਵਿੱਚ ਪਹੁੰਚ ਕੇ ਇਸ ਪ੍ਰਦਰਸ਼ਨ ਦਾ ਹਿੱਸਾ ਬਣਨ।

# 'ਆਪ' ਵਿਧਾਨ ਸਭਾ ਚੋਣਾਂ 'ਚ ਵੱਡੇ ਫਰਕ ਨਾਲ ਜਿੱਤ ਹਾਸਲ ਕਰੇਗੀ : ਐਡਵੋਕੇਟ ਚੋਪੜਾ



ਮੋਰਿੰਡਾ (ਨਿਹਾਲ ਸਿੰਘ ਕਲਸੀ)-ਆਪ ਦੀ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਦੌਰਾਨ ਕੀਤੇ ਵਿਕਾਸ ਕਾਰਜਾਂ ਨੂੰ ਲੈ ਕੇ ਦੁਬਾਰਾ ਸਰਕਾਰ ਬਣਾਵੇਗੀ ਇਹ ਵਿਚਾਰ ਆਮ ਆਦਮੀ ਪਾਰਟੀ ਦੇ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਅਬਜ਼ਰਵਰ ਐਡਵੋਕੇਟ ਮਲਕੀਤ ਸਿੰਘ ਚੋਪੜਾ ਨੇ ਮੋਰਿੰਡਾ ਵਿਖੇ ਪ੍ਰੈਸ ਮੀਟਿੰਗ ਦੌਰਾਨ ਪੱਤਰਕਾਰਾ ਨਾਲ ਸਾਂਝੇ ਕੀਤੇ। ਇਸ ਮੌਕੇ ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਹਰ ਵਰਗ ਨੂੰ ਬਣਦਾ ਮਾਣ ਸਨਮਾਨ ਦਿੱਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇਂ ਜਿਵੇਂ ਕਿ ਝੋਨੇ ਦੀ ਬਜਾਈ ਨੂੰ ਲੈ ਕੇ ਪਿਛਲੇ ਚਾਰ ਸਾਲਾਂ ਤੋਂ ਲਗਾਤਾਰ ਬਿਜਲੀ ਦੀ ਸਪਲਾਈ ਦਿਨ ਵੇਲੇ ਦੇਣੀ ਵੱਡੀ ਗੱਲ ਹੈ। ਉਹਨਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ 'ਆਪ' ਦੀ ਸਰਕਾਰ ਦੁਆਰਾ ਬਣੀ ਤਹਿ ਹੈ।

# ਵਿਧਾਇਕ ਵੱਲੋਂ 83 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੀ ਸੌਗਾਤ



ਜ਼ੀਰਕਪੁਰ (ਜਤਿੰਦਰ ਕੁਮਾਰ)-ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਜ਼ੀਰਕਪੁਰ ਦੇ ਵਿਕਾਸ ਨੂੰ ਹੋਰ ਗਤੀ ਦਿੰਦਿਆਂ ਵਾਰਡ ਨੰਬਰ 23 ਅਤੇ ਵਾਰਡ ਨੰਬਰ 17 ਵਿੱਚ ਕਰੀਬ 83 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜ ਲੋਕਾਂ ਨੂੰ ਸਮਰਪਿਤ ਕੀਤੇ ਗਏ ਅਤੇ ਨਵੇਂ ਕੰਮਾਂ ਦੀ ਸ਼ੁਰੂਆਤ ਕਰਵਾਈ ਗਈ। ਇਸ ਤਹਿਤ ਵਾਰਡ ਨੰਬਰ 23 ਵਿੱਚ ਨਗਰ ਕੌਂਸਲ ਵੱਲੋਂ ਲਗਭਗ 38 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਆਧੁਨਿਕ ਪਾਰਕ ਦਾ ਉਦਘਾਟਨ ਕੀਤਾ ਗਿਆ। ਇਸ ਪਾਰਕ ਵਿੱਚ ਬਾਊਂਡਰੀ ਵਾਲ, ਓਪਨ ਜਿਮ ਅਤੇ ਵਾਕਿੰਗ ਟਰੈਕ ਵਰਗੀਆਂ ਸਹੂਲਤਾਂ ਵਿਕਸਤ ਕੀਤੀਆਂ ਗਈਆਂ ਹਨ, ਜਿਸ ਨਾਲ ਇਲਾਕਾ ਵਾਸੀਆਂ ਨੂੰ ਸੈਰ-ਸਪਾਟੇ ਅਤੇ ਸਿਹਤਮੰਦ ਜੀਵਨ ਸ਼ੈਲੀ ਲਈ ਬਿਹਤਰ ਸਹੂਲਤਾਂ ਮਿਲਣਗੀਆਂ। ਇਸ ਤੋਂ ਇਲਾਵਾ ਵਾਰਡ ਨੰਬਰ 17 ਅਧੀਨ ਪੈਂਦੀ ਗਾਜ਼ੀਪੁਰ ਬਾਜ਼ੀਗਰ ਬਸਤੀ ਵਿੱਚ ਲਗਭਗ 44.88 ਲੱਖ ਰੁਪਏ ਦੀ ਲਾਗਤ ਨਾਲ ਸੀਵਰ, ਸਟਾਰਮ ਵਾਟਰ ਡਰੇਨੇਜ ਅਤੇ ਟਾਈਲਾਂ ਵਿਛਾਉਣ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ। ਇਨ੍ਹਾਂ ਕੰਮਾਂ ਦੇ ਮੁਕੰਮਲ ਹੋਣ ਨਾਲ ਇਲਾਕੇ ਵਿੱਚ ਬਰਸਾਤੀ ਪਾਣੀ ਦੀ ਨਿਕਾਸੀ ਅਤੇ ਸੀਵਰੇਜ ਦੀ ਸਮੱਸਿਆ ਦਾ ਹੱਲ ਹੋਵੇਗਾ ਅਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਾਪਤ ਹੋਣਗੀਆਂ।


# ਕਲਾਸੀਫਾਈਡ ਇਸ਼ਤਿਹਾਰ

## Change of Name

I, REKHA RANI D/O SURINDER PAL WHOSE PERMANENT ADDRESS IN INDIA 703/1 STREET NO 4 KRISHNA COLONY, RAHON ROAD, PO BASTI JODHEWAL, LUDHIANA, 141007 AND NOW LIVING AT 3 KNOX ROAD, WOLVERHAMPTON, WV2 3EF, UNITED KINGDOM HEREBY GIVE NOTICE OF MY INTENTION TO CHANGE MY NAME TO EKMEHAR (GIVEN NAME) KAUR (SURNAME). (U/I)

I, MR ANMOL SON OF AMIT KUMAR WHOSE PERMANENT ADDRESS IN INDIA IS V.P.O BHUNNA, KAITHAL, PIN: 136034, HARYANA AND NOW LIVING AT 180 UXBRIDGE ROAD, SOUTHALL, UB1 3DX, UK HEREBY GIVE NOTICE OF MY INTENTION TO CHANGE MY NAME TO ANMOL KUMAR. (U/I)

I, MR LASIS MASIH SON OF GULAM MASIH WHOSE PERMANENT ADDRESS IN INDIA IS VPO JANDIALA, TEHSIL BANGA, SBS NAGAR, PIN: 144505, PUNJAB AND NOW LIVING AT 23 MEREDITH ROAD, LEICESTER, LE3 2EP, UK HEREBY GIVE NOTICE OF MY INTENTION TO CHANGE MY NAME TO LIAS MASIH. (U/I)

I,Pardeep Singh S/O Darshan Singh R/O Pati Mana Ki,VPO Sur Singh, Distt.Tarn Taran,Punjab have changed my name from Pardeep Singh to Pardeep as my Given name and Singh as my Surname. Concerned note.

I, Surinder Kumar S/o Gaze Chand R/o VPO Dhesian Kahna, Tehsil Phillaur, Jalandhar, Punjab 144311 have changed my name to Given Name Surinder & Surname as Kumar. All Concerned Note.

I, Baljit Kaur wife of Satnam Singh resident of Village Sagranwali, PO. Bhatnura Lubana, District Jalandhar, Punjab 144201, have declare that Kaur is my Surname Baljit is my given name.

I, Satnam Singh son of Tarlok Singh resident of Village Sagranwali, PO. Bhatnura Lubana, District Jalandhar, Punjab 144201, have declare that Singh is my Surname Satnam is my given name.

I,Gursharn Kaur W/O Jagdeep Singh R/O H.No.36 B, Adarsh Nagar,Ram Tirath Road, Amritsar,PO Khalsa College Distt.Amritsar,Punjab have changed my name from Gursharn Kaur to Gursharan Kaur.Concerned note.

I Gurmeet Singh S/o Jagir Singh R/o Village Tugalwala, Teh. Batala, Distt. Gurdaspur. I have changed my name from Gurmit Singh to Gurmeet Singh. Please concerned note.

I, Rupa W/o Rinku Ram R/o Village New Basti Pandori Atwal, PO. Gardhiwala, Tehsil Dasuya, Distt. Hoshiarpur (Punjab) declare that I have changed the name of my minor son from Harpreet to Harpreet Singh. All Concerned note.

I, Poonam D/O Jaswant Rai Mohalla Jhanda Sahib,VPO Alawalpur Tehsil Adampur District Jalandhar Have changed my Name From POONAM TO POONAM HEER All Concerned Note It.

I hitherto known as RUBALDEEP KAUR D/O JAGJIT SINGH R/o VPO Udho Nangal,Tehsil Baba Bakala, District Amritsar Punjab 143114 have changed my name and shall hereafter be known as RRABHJOT KAUR.

I, Shveta Mahajan W/o Vishal Gupta R/o 481/4, Krishna Nagar, Jalandhar have changed my name from Shveta Mahajan to Shaveta Gupta (After my marriage). All Please Note.

I Sabina Rosy D/O Sunil Samson R/O 622, Diamond Avenue, Majitha Road, Amritsar Have Changed My Name From Sabina Rosy To Sabina Rosy Samson.

I, Akashdeep Singh S/o Avtar Singh R/o Patti Balo Di, Sultanwind Pind Amritsar have declare that Akashdeep is my given name and Singh is my Surname

I, Ranjit Kaur W/o Milkha Singh R/o Village Kamaska Tehsil Ajnala District Amritsar have declare that Ranjit is my Given name and Kaur is my Surname

I, Ranjit Kaur W/o Milkha Singh R/o Village Kamaska Tehsil Ajnala District Amritsar have changed my minor son's name from Sahilpreet Singh to Sahilpreet is his given name and Singh is his surname

I, Ranjit Kaur W/o Milkha Singh R/o Village Kamaska Tehsil Ajnala District Amritsar have changed my minor daughter's name from Manpreet Kaur to Manpreet is her given name and Kaur is her surname

I, Hardip Singh and Hardip Singh Gill S/o Ajit Singh R/o Village Varpal Tehsil and District Amritsar have declare that above both names are mine one and same person

I Mukesh S/o Sham Sunder Resident of 516/4, Kalla Harnama Shah, Dhab Wasti Ram, Amritsar. I have changed my name from Mukesh to Mukesh Kumar. All concerned please note.

## Change of Name

I, Radha Sharma W/o Narinder Pal R/o 62, Nagar Nigam Colony, O/s Gilwali Gate, Amritsar have changed my name from Radha Sharma to Radha

I, Sharanjit Kaur W/o Parwinder Singh R/o Village Ranewali, PO. Sansra Kalan, Tehsil Ajnala, District Amritsar Have Changed My Given Name From Sharanjit Kaur To Surname As Kaur And Given Name As Sharanjit. Concerned May Please Be Noted.

I, Jaspreet Singh S/o Jarnail Singh R/o Village Daduwal PO Barian Kalan Distt. Hoshiarpur Punjab declare that my name is Jaspreet Singh. My surname is Singh and my given name is Jaspreet. Concerned note.

I, Navjot Singh S/o Kartar Singh R/o Village and PO Khanaura Distt. Hoshiarpur Punjab declare that my name is Navjot Singh. My surname is Singh and my given name is Navjot. Concerned note.

I, Gurwinder Singh S/o Balvir Singh R/o VPO. Kotli Than Singh, Distt. Jalandhar declare that previous name of my Son was Prince. I have changed the name of my minor son from Prince to Arshdeep Singh. Please note.

I, Ramandeep Singh Arora S/o Sarabjit Singh R/o H.No. 134, Gali No. 6, G.T. Road, Sant Avenue, Amritsar, Punjab have changed my name from Ramandeep Singh Arora to Ramandeep Singh.

I, Simarjit Kar W/o Ramandeep Singh R/o H.No. 134, Gali No. 6, G.T. Road, Sant Avenue, Amritsar, Punjab have changed my name from Simarjit Kar to Simarjit Kaur.

I, Sunil Kumar S/o Surinder Kumar, R/o H.No. W.G. 119, Mohalla Islamganj, Jalandhar, Punjab have changed my minor son's name from Aarush to Aarush Dua for all purposes in future . All concerned may note.

I, Kuldip Kaur Doad W/o Amarjit Singh R/o Village Dandian, P.O. Baddon, Hoshiarpur, Punjab-144406 changed my name from Kuldip Kaur Doad to Kudip Kaur.

I, Amarjit Singh Doad S/o Rakha Singh R/o Village Dandian, P.O. Baddon, Hoshiarpur, Punjab-144406 changed my name from Amarjit Singh Doad to Amarjit Singh.

I, Sundeep Kumar s/o Tarsem Lal r/o Vill.Dhanal Khurd, Po. Phoolpur, Tehsil & Distt. Jalandhar have changed my name from Sundeep Kumar to Sandeep Kumar. All Please Note.

I, Gopal Singh S/o Sohan Singh R/o Village Bhaini Khader, Po. Nanowal Jinder, District Gurdaspur, Punjab have changed my name from Gopal Singh to Singh Gopal (Surname as Singh) All Please Note.

I, Sandeep Singh S/o Jagdish Singh R/o Village Bhaini Khader, Po. Nanowal Jinder, District Gurdaspur, Punjab have changed my name from Sandeep Singh to Singh Sandeep (Surname as Singh) All Please Note.

I Banso W/o Mangat Ram R/o Post Office Rahimpur, Rahimpur Jalandhar have changed my name from Banso to Banso Chahal.

I, Rajiv Kumar son of Sh. Ram Lubhaya resident of H.No. 504, Urban Estate Phase-2, Jalandhar, Punjab-144022 declare that Rajiv Kumar & Rajeev Kumar is one & the same person.

I, Nitin S/O Subhash Kumar, R/o Garden Colony, VTC:Nakodar, PO: Nakoder, Sub District: Jalandhar, District: Jalandhar, Punjab- 144040, have changed my name and shall hereafter be Known as Nitin Batra.

I Lakhvinder Singh Khera S/o Sohan Singh R/o Vill.Sukhia Nangal P.O. Khallu Distt. Kapurthala Punjab have Changed my name Lakhvinder Singh Khera to Lakhwinder Singh Khera. Please Note.

I, Nirmal Kaur Dhindsa W/O Hazur Singh Dhindsa Formally Changed My Name From Nirmal Kaur To Nirmal Kaur Dhindsa. All Concerned Please Note.

I, Balwant Kumar S/o Meeta Ram R/o Moh Chhota Saipur, PO. Industrial Area, Jalandhar, Punjab have changed my name from Balwant Kumar to Given Name Balwant & Surname as Kumar. All concerned please note.

I, Sachin S/o Hans Raj R/o H.No. 1089, Ravidass Mohalla, Garha, Jalandhar-144022, Punjab have changed my name from Sachin to Sachin Dadra. All concerned please note.

## Change of Name

I Dilbagh Singh S/O Gurmit Singh R/O Village Dala PO Raipur pir buxwala district Kapurthala declare that have changed my name from Dilbagh Singh to Dilbag Singh . Please note.

I, Vinod Kumar Mahto S/o Dorik Mahto R/o Plot No. 16, New Sun City, Phase-1, Basti Danishmanda, Jalandhar-144002, Punjab have changed my minor daughter's name from Khushi to Khushi Kumari. All concerned please note.

## ਨਾਂਅ ਦੀ ਬਦਲੀ

ਮੈਂ ਮੰਜੂ ਸ਼ਰਮਾ ਪਤਨੀ ਰਾਜੇਸ਼ ਕੁਮਾਰ ਵਾਸੀ ਬੁੱਟਰ ਸਿਵੀਆਂ, ਅੰਮ੍ਰਿਤਸਰ ਨੇ ਆਪਣੀ ਨਾਬਾਲਿਗ ਬੇਟੀ ਦਾ ਨਾਮ ਸ਼ਗੁਨ ਸ਼ਰਮਾ ਤੋਂ ਬਦਲ ਕੇ ਸਗੁਨ ਕਰ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ, ਨਿਰਭੈ ਸਿੰਘ ਰੰਧਾਵਾ ਪੁੱਤਰ ਸਰਬਨ ਸਿੰਘ, ਪਿੰਡ ਮਹਿਸਮਪੁਰ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਨਿਰਭੈ ਸਿੰਘ ਰੱਖ ਲਿਆ ਹੈ।

ਮੈਂ ਵਿਨੋਦ ਕੁਮਾਰ ਪੁੱਤਰ ਜਸਵੰਤ ਰਾਏ ਵਾਸੀ ਬੁਢਲਾਡਾ ਜ਼ਿਲ੍ਹਾ ਮਾਨਸਾ ਨੇ ਆਪਣੀ ਬੇਟੀ ਪਰਿਧੀ (Paridhi) ਦਾ ਨਾਮ ਪਰੀ (Pari) ਤੋਂ ਬਦਲ ਕੇ ਪਰਿਧੀ (paridhi) ਰੱਖ ਲਿਆ ਹੈ । ਸਬੰਧਤ ਨੋਟ ਕਰਨ

ਮੈਂ, ਗੁਰਸ਼ਰਨ ਸਿੰਘ ਪੁੱਤਰ ਜੀਤ ਸਿੰਘ ਵਾਸੀ ਮੁਹੱਲਾ ਸ਼ਾਹਸਲੇਮਪੁਰ, ਪਿੰਡ ਤੇ ਡਾਕ. ਮਹਿਤਪੁਰ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਇਹ ਸੂਚਿਤ ਕਰਦਾ ਹਾਂ ਕਿ ਮੈਂ ਆਪਣਾ ਨਾਂਅ ਗੁਰਸ਼ਰਨ ਸਿੰਘ ਤੋਂ ਬਦਲ ਕੇ ਗੁਰਸ਼ਰਨ ਸਿੰਘ ਲੋਹੀ ਰੱਖ ਲਿਆ ਹੈ।

ਮੈਂ, ਹਰਦੀਪ ਕੌਰ ਪਤਨੀ ਗੁਰਸ਼ਰਨ ਸਿੰਘ ਵਾਸੀ ਮੁਹੱਲਾ ਸ਼ਾਹਸਲੇਮਪੁਰ, ਪਿੰਡ ਤੇ ਡਾਕ. ਮਹਿਤਪੁਰ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਇਹ ਸੂਚਿਤ ਕਰਦੀ ਹਾਂ ਕਿ ਮੈਂ ਆਪਣਾ ਨਾਂਅ ਹਰਦੀਪ ਕੌਰ ਤੋਂ ਬਦਲ ਕੇ ਹਰਦੀਪ ਕੌਰ ਲੋਹੀ ਰੱਖ ਲਿਆ ਹੈ।

ਮੈਂ ਮਨੀਸ਼ ਵਰਮਾ ਸਪੁੱਤਰ ਕ੍ਰਿਸ਼ਨ ਲਾਲ, ਗਲੀ ਨੰ: 9, ਦੌਲੋ ਨੰਗਲ ਰੋਡ, ਪਿੰਡ ਬਾਬਾ ਸਾਵਣ ਸਿੰਘ ਨਗਰ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਨੇ ਆਪਣਾ ਨਾਮ ਬਦਲਕੇ ਦੀਪਕ ਵਰਮਾ ਰੱਖ ਲਿਆ ਹੈ । ਸਬੰਧਿਤ ਨੋਟ ਕਰਨ।

ਮੈਂ, ਈਸ਼ਾ ਬਾਂਸਲ ਪਤਨੀ ਵੈਭਵ ਬੱਸੀ ਵਾਸੀ ਮਕਾਨ ਨੰ: ਈ ਜੀ 821, ਮੁਹੱਲਾ ਗੋਬਿੰਦਗੜ੍ਹ, ਜਲੰਧਰ, ਪੰਜਾਬ-144001 ਸੂਚਿਤ ਕਰਦੀ ਹਾਂ ਕਿ ਮੈਂ ਆਪਣਾ ਨਾਮ ਈਸ਼ਾ ਬਾਂਸਲਾ ਤੋਂ ਬਦਲ ਲਿਆ ਹੈ ਅਤੇ ਹੁਣ ਤੋਂ ਈਸ਼ਾ ਬੱਸੀ ਦੇ ਨਾਮ ਨਾਲ ਜਾਣੀ ਜਾਵਾਂਗੀ। ਈਸ਼ੀ ਬਾਂਸਲ ਅਤੇ ਈਸ਼ਾ ਬੱਸੀ ਇੱਕੋ ਹੀ ਵਿਅਕਤੀ ਦੇ ਨਾਮ ਹਨ। ਸਬੰਧਿਤ ਨੋਟ ਕਰਨ।

ਮੈਂ, ਸਾਖਸ਼ੀ ਲਾਹੌਰੀਆ ਪੁੱਤਰ ਰਾਕੇਸ਼ ਲਾਹੌਰੀਆ ਪਤਨੀ ਗੁਰਦਾਸ, ਵਾਸੀ ਛਾਤਾ ਖਾਸ, ਡਾਕ. ਛਤਰਾ, ਜ਼ਿਲ੍ਹਾ ਊਨਾ, ਹਿਮਾਚਲ ਪ੍ਰਦੇਸ਼-174306, ਹਾਲ ਵਾਸੀ ਵਾਰਡ ਨੰ: 6, ਸੰਤਪੁਰਾ ਮੁਹੱਲਾ ਟਾਂਡਾ ਉੜਮੁੜ, ਤਹਿ. ਟਾਂਡਾ (ਹੁਸ਼ਿਆਰਪੁਰ) ਮੈਂ ਆਪਣਾ ਨਾਂਅ ਸਾਖਸ਼ੀ ਲਾਹੌਰੀਆ ਤੋਂ ਬਦਲ ਕੇ ਸਾਖਸ਼ੀ ਰੱਖ ਲਿਆ। ਸੰਬੰਧਤ ਨੋਟ ਕਰਨ।

## ਆਮ ਸੂਚਨਾ

ਮੈਂ ਗੁਰਪ੍ਰੀਤ ਕੌਰ, ਪਤਨੀ ਸ੍ਰੀ ਗੁਰਜੀਤ ਸਿੰਘ, ਵਾਸੀ ਮਕਾਨ ਨੰਬਰ 503, ਵਾਰਡ ਨੰਬਰ 15, ਗੁਰੂ ਅਰਜਨ ਦੇਵ ਨਗਰ, ਮਾਨਸਾ, ਪੰਜਾਬ, ਇਹ ਜਨਤਕ ਸੂਚਨਾ ਦਿੰਦੀ ਹਾਂ ਕਿ ਮੇਰੀ ਧੀ ਦੇ 10ਵੀਂ ਜਮਾਤ ਦੇ ਮਾਰਕ ਸਟੇਟਮੈਂਟ-ਕਮ-ਸਰਟੀਫਿਕੇਟ (ਸੈਸ਼ਨ 2026) ਵਿੱਚ ਉਸਦਾ ਨਾਮ ਗਲਤੀ ਨਾਲ "Subhneet Kaur" ਛਪ ਗਿਆ ਹੈ। ਉਸਦਾ ਸਹੀ ਨਾਮ "Shubhneet Kaur" ਹੈ, ਜੋ ਉਸਦੇ ਸਾਰੇ ਹੋਰ ਅਧਿਕਾਰਕ ਦਸਤਾਵੇਜ਼ਾਂ ਅਨੁਸਾਰ ਸਹੀ ਹੈ। ਭਵਿੱਖ ਵਿੱਚ ਉਸਦਾ ਸਹੀ ਨਾਮ "Shubhneet Kaur" ਹੀ ਮੰਨਿਆ ਜਾਵੇ। ਸੰਬੰਧਿਤ ਨੋਟ ਕਰਨ।

ਮੋਟਰ ਕੁਨੈਕਸ਼ਨ ਖਾਤਾ ਨੰਬਰ N-7-3519 ਜੋਗਿੰਦਰ ਸਿੰਘ ਪੁੱਤਰ ਸ਼ਿੰਗਾਰਾ ਸਿੰਘ ਦੇ ਨਾਮ ਤੇ ਪਿੰਡ ਸਵਾਈ ਕੇ ਭੋਖੜੀ ਵਿਖੇ ਚੱਲ ਰਿਹਾ ਹੈ । ਇਸ ਕੁਨੈਕਸ਼ਨ ਨੂੰ ਅਮਰਪ੍ਰੀਤ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਸ਼ਾਹਕੋਟ ਜਿਲ੍ਹਾ ਜਲੰਧਰ ਨੇ ਆਪਣੇ ਨਾਮ ਟਰਾਂਸਫ਼ਰ ਕਰਵਾਉਣ ਲਈ ਦਸਤਾਵੇਜ਼ ਪੇਸ਼ ਕੀਤੇ ਹਨ, ਕਿਸੇ ਨੂੰ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਦੇ ਦਫ਼ਤਰ ਸਬ ਡਵੀਜਨ ਮਮਦੋਟ ਵਿਖੇ ਕਰੇ ।

ਮੋਟਰ ਕੁਨੈਕਸ਼ਨ ਖਾਤਾ ਨੰਬਰ 3003201386 ਲੋਡ 10 ਐੱਚ ਪੀ ਜੋ ਕਿ ਸ੍ਰੀ ਬਾਵਾ ਸਿੰਘ ਪੁੱਤਰ ਸ੍ਰੀ ਹਾਕਮ ਸਿੰਘ ਵਾਸੀ ਬਰਨ ਦੇ ਨਾਂਅ 'ਤੇ ਪਿੰਡ ਢੱਕ ਬਰਨ ਵਿਖੇ ਹੱਦਬਸਤ ਨੰਬਰ 78 ਖਸਰਾ ਨੰਬਰ 389 ਵਿਖੇ ਚੱਲ ਰਹੀ ਹੈ। ਇਸ ਦਾ ਨਾਂਅ ਹੁਣ ਬਦਲ ਕੇ ਸ੍ਰੀ ਸੁਖਰਾਜ ਸਿੰਘ ਪੁੱਤਰ ਸ੍ਰੀ ਅਮਰੀਕ ਸਿੰਘ ਵਾਸੀ ਉੱਤਮ ਨਗਰ, ਪੱਛਮ ਦਿੱਲੀ ਦੇ ਨਾਂਅ 'ਤੇ ਕਰਨਾ ਹੈ। ਜੇਕਰ ਕਿਸੇ ਨੂੰ ਇਸ ਨਾਂਅ ਦੀ ਤਬਦੀਲੀ ਸੰਬੰਧੀ ਕਿਸੇ ਕਿਸਮ ਦਾ ਇਤਰਾਜ਼ ਹੈ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਐੱਸ ਡੀ ਓ ਸਾਹਿਬ ਸੁਵਿਧਾ ਸੈਂਟਰ ਕਮਰਸ਼ੀਅਲ ਫਗਵਾੜਾ ਕੋਲ ਦਰਜ ਕਰਵਾ ਸਕਦਾ ਹੈ। 15 ਦਿਨਾਂ ਦੇ ਬਾਅਦ ਇਹ ਮੋਟਰ ਬਿਨਾਂ ਕਿਸੀ ਨੋਟਿਸ ਸ੍ਰੀ ਸੁਖਰਾਜ ਸਿੰਘ ਪੁੱਤਰ ਸ੍ਰੀ ਅਮਰੀਕ ਸਿੰਘ ਦੇ ਨਾਂਅ 'ਤੇ ਕਰ ਦਿੱਤੀ ਜਾਵੇਗੀ।

ਮੈਂ, ਗੀਤਾ ਲੂਥਰਾ ਪਤਨੀ ਸੁਖਬਿੰਦਰ ਸਿੰਘ ਗਿੱਲ ਵਾਸੀ ਮਕਾਨ ਨੰਬਰ 3, ਗੁਰੂ ਗੋਬਿੰਦ ਸਿੰਘ ਨਗਰ ਖੰਡੇ ਵਾਲਾ ਚੌਕ, ਮਜੀਠਾ ਰੋਡ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਪਤੀ ਸੁਖਬਿੰਦਰ ਸਿੰਘ ਗਿੱਲ, ਜੋ ਕਿ ਮੇਰੇ ਅਤੇ ਪਰਵਾਰ ਨਾਲ ਚੰਗਾ ਸਲੂਕ ਨਹੀਂ ਕਰਦਾ, ਮੈਨੂੰ ਤੰਗ-ਪ੍ਰੇਸ਼ਾਨ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦਾ ਹੈ। ਮੈਨੂੰ, ਮੇਰੇ ਭਰਾ ਅਤੇ ਮਾਂ-ਪਿਓ ਨੂੰ ਝੂਠੇ ਕੇਸ ਵਿਚ ਫਸਾ ਦੇਣ ਦੀ ਧਮਕੀ ਦਿੰਦਾ ਹੈ। ਜੇ ਇਸ ਨੂੰ ਕੁਝ ਹੋ ਜਾਵੇ ਤਾਂ ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## PUBLIC NOTICE

I Ajay Gaba S/o Harjinder Pal R/O H.No.100/3, Central Town, Jalandhar declare that my date of birth has been wrongly recorded in my Adhaar card and some documents , The correct my date of birth is 16/02/1968 as per my school certificate and passport please note all concerned.

## ਬੇਦਖਲੀ ਨੋਟਿਸ

ਮੈ ਕਾਲਾ ਪੁੱਤਰ ਜਾਨਾ ਵਾਸੀ ਬਦੋਵਾਲ ਕਲਾਂ ਤਹਿਸੀਲ ਬਟਾਲਾ ਜਿਲ੍ਹਾ ਗੁਰਦਾਸਪੁਰ ਬਿਆਨ ਕਰਦਾਂ ਹਾਂ ਕਿ ਮੇਰਾ ਲੜਕਾ ਕੰਵਲਜੀਤ ਤੇ ਨੂੰਹ ਬੇਵੀ ਮੇਰੇ ਕਹਿਣੇ ਤੋਂ ਬਾਹਰ ਹਨ। ਲੈਣ ਦੇਣ ਵਾਲਾ ਖੁਦ ਜੁਮੇਵਾਰ ਹੋਵੇਗਾ ਤੇ ਇੰਨਾਂ ਨੂੰ ਚੱਲ ਤੇ ਅਚੱਲ ਜਾਇਦਾਤ ਤੋਂ ਬੇਦਖਲ ਕਰਦਾਂ ਹਾਂ। ਕਨੂੰਨ ਵਿਰੋਧੀ ਗਤੀਵਿਧੀ ਲਈ ਇੰਨਾਂ ਦੀ ਜੁਮੇਵਾਰੀ ਹੋਵੇਗੀ।ਸੰਬੰਧਤ ਨੋਟ ਕਰਨ।

ਮੈਂ, ਛਿੰਦਰਪਾਲ ਕੌਰ ਪਤਨੀ ਦਲਵਿੰਦਰ ਸਿੰਘ ਪੁੱਤਰ ਜਿਉਣ ਸਿੰਘ ਵਾਸੀ ਲੋਹਾਰਾ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੇਰੀ ਪੁੱਤਰੀ ਕਮਲਜੀਤ ਕੌਰ ਪੁੱਤਰੀ ਪਰਮਜੀਤ ਸਿੰਘ, ਜੋ ਮੇਰੇ ਅਤੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੈ। ਉਸ ਨੇ ਆਪਣੀ ਮਰਜ਼ੀ ਨਾਲ ਵਿਆਹ ਕਰਵਾ ਲਿਆ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਕੰਸ ਰਾਜ ਪੁੱਤਰ ਠਾਕੁਰ ਦਾਸ, ਵਾਸੀ ਮਕਾਨ ਨੰ: 129/4, ਪ੍ਰਬੋਧ ਚੰਦਰ ਨਗਰ ਗੁਰਦਾਸਪੁਰ ਦਾ ਰਹਿਣ ਵਾਲਾ ਹਾਂ। ਇਹ ਹੈ ਕਿ ਮੇਰਾ ਪੁੱਤਰ ਰਾਹੁਲ ਅੱਤਰੀ ਅਤੇ ਨੂੰਹ ਸੀਮਾ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਅੱਜ ਤੋਂ ਬਾਅਦ ਇਨ੍ਹਾਂ ਦਾ ਮੇਰੇ ਤੇ ਮੇਰੇ ਪਰਵਾਰ ਨਾਲ ਕੋਈ ਸੰਬੰਧ ਨਹੀਂ ਰਿਹਾ। ਜੋ ਵੀ ਇਨ੍ਹਾਂ ਨਾਲ ਲੈਣ-ਦੇਣ ਕਰੇਗਾ। ਉਹ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਦਲੀਪ ਕੁਮਾਰ ਪੁੱਤਰ ਸਰਵਨ ਕੁਮਾਰ ਵਾਸੀ ਮਕਾਨ ਨੰਬਰ 187, ਰਤਨ ਨਗਰ, ਡਾਕਖਾਨਾ ਨਾਗਰਾ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਰਸ਼ਦੀਪ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਸਾਰੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਚਰਨਜੀਤ ਕੌਰ ਪਤਨੀ ਸੁਰਿੰਦਰ ਸਿੰਘ ਵਾਸੀ ਮਕਾਨ ਨੰਬਰ 12, ਰਾਮ ਨਗਰ ਕਾਲੋਨੀ, ਨੌਸ਼ਹਿਰਾ, ਮਜੀਠਾ ਰੋਡ, ਅੰਮ੍ਰਿਤਸਰ ਦੀ ਰਹਿਣ ਵਾਲੀ ਹਾਂ। ਮੇਰਾ ਲੜਕਾ ਸਰਬਜੀਤ ਸਿੰਘ ਸੋਖੀ ਅਤੇ ਨੂੰਹ ਜਸਵਿੰਦਰ ਕੌਰ ਮੇਰੀ ਜਾਇਦਾਦ ਹਥਿਆਉਣ ਲਈ ਮੇਰੇ ਅਤੇ ਮੇਰੇ ਪਰਵਾਰ ਨਾਲ ਲੜਦੇ-ਝਗੜਦੇ ਹਨ ਅਤੇ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਆਪਣੇ ਲੜਕੇ ਸਰਬਜੀਤ ਸਿੰਘ ਸੋਖੀ ਅਤੇ ਨੂੰਹ ਜਸਵਿੰਦਰ ਕੌਰ, ਉਨ੍ਹਾਂ ਦੀ ਨਬਾਲਗ ਲੜਕੀ ਹਰਸ਼ਿਤਾ ਕੌਰ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ। ਇਨ੍ਹਾਂ ਦਾ ਮਿਲਵਰਤਣ ਰੱਖਣ ਅਤੇ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਇਸ ਵਿਚ ਮੇਰੀ ਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਭਾਗ ਸਿੰਘ ਪੁੱਤਰ ਮਹਿਰ ਸਿੰਘ ਵਾਸੀ ਪਿੰਡ ਵਰਪਾਲ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਨੂੰਹ ਅਮਨਦੀਪ ਕੌਰ ਪਤਨੀ ਸੁਖਜਿੰਦਰ ਸਿੰਘ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੈ ਅਤੇ ਬਿਨਾਂ ਵਜ੍ਹਾ ਕਿਸੇ ਨਾ ਕਿਸੇ ਕਾਰਨ ਘਰ ਵਿਚ ਕਲੇਸ਼ ਰੱਖਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦੇ ਮੈਂਬਰਾਂ ਨਾਲ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ ਸੁਖਰਾਜ ਪੁੱਤਰ ਫ਼ਕੀਰ ਚੰਦ ਵਾਸੀ ਪਿੰਡ ਖਰਲ ਖ਼ੁਰਦ ਡਾਕਖਾਨਾ ਜੌੜਾ ਤਹਿਸੀਲ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ ਆਪਣੀ ਲੜਕੀ ਸਿਮਰਜੀਤ ਨਾਹਰ ਨੂੰ ਕਹਿਣੇਕਾਰ ਨਾ ਹੋਣ ਕਰਕੇ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿਮੇਵਾਰ ਹੋਵੇਗਾ।

ਅਸੀਂ, ਯਸ਼ ਪਾਲ ਪੁੱਤਰ ਕਰਤਾਰਾ ਰਾਮ ਅਤੇ ਹਰਵਿੰਦਰ ਕੌਰ ਪਤਨੀ ਯਸ਼ ਪਾਲ ਵਾਸੀਆਨ ਮਕਾਨ ਨੰ. 224, ਮੁਹੱਲਾ ਕੋਟ ਰਾਮ ਦਾਸ, ਡਾਕਖਾਨਾ ਚੋਗਿੱਟੀ, ਜ਼ਿਲ੍ਹਾ ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਮਨਦੀਪ ਪਾਲ ਅਤੇ ਇਸਦੀ ਪਤਨੀ ਪਵਨਦੀਪ ਕੌਰ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਰਾਮ ਕੁਮਾਰ ਪੁੱਤਰ ਨੰਦ ਲਾਲ ਵਾਸੀ ਮਕਾਨ ਨੰ: 156, ਧਾਲੀਵਾਲ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਰਵੀ ਕੁਮਾਰ ਅਤੇ ਉਸਦੀ ਪਤਨੀ ਸੁਨੀਤਾ ਰਾਣੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ ਰਮੇਸ਼ ਕੁਮਾਰ ਪੁੱਤਰ ਰਾਮ ਦਿਆਲ ਅਤੇ ਆਸ਼ਾ ਦੇਵੀ ਪਤਨੀ ਰਮੇਸ਼ ਕੁਮਾਰ ਵਾਸੀਆਨ ਮਕਾਨ ਨੰ: ਐਨ ਏ-42/ਏ, ਜਗਤਪੁਰਾ, ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਕਾਸ਼ ਅਤੇ ਉਸਦੀ ਪਤਨੀ ਮਨੀਸ਼ਾ ਅਤੇ ਇਨ੍ਹਾਂ ਦਾ ਲੜਕਾ ਯਕਸ਼ਿਤ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਅਮਰਜੀਤ ਸਿੰਘ ਪੁੱਤਰ ਸ਼ੇਰ ਸਿੰਘ ਵਾਸੀ 2276, ਭਾਰਗੋ ਨਗਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਨਰਿੰਦਰ ਸਿੰਘ ਉਰਫ ਮੱਖਣ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਜਸਵਿੰਦਰ ਕੌਰ ਪਤਨੀ ਬੀਰ ਸਿੰਘ ਵਾਸੀ ਨਵਾਂ ਪਿੰਡ ਕਾਹਨੂੰਵਾਨ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਮਨਪ੍ਰੀਤ ਸਿੰਘ ਅਤੇ ਮੇਰੀ ਨੂੰਹ ਪਰਵਿੰਦਰ ਕੌਰ ਮੇਰੇ ਕਹਿਣੇ ਵਿਚ ਨਾ ਹੋਣ ਕਾਰਨ ਮੈਂ ਇਨ੍ਹਾਂ ਦੋਵਾਂ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਅੱਜ ਤੋਂ ਬਾਅਦ ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਇਨ੍ਹਾਂ ਦੀ ਕਿਸੇ ਵੀ ਹਰਕਤ ਲਈ ਮੇਰਾ ਪਰਵਾਰ ਜ਼ਿੰਮੇਵਾਰ ਨਹੀਂ ਹੋਵੇਗਾ।

ਮੈਂ, ਗੁਰਦੇਵ ਸਿੰਘ ਪੁੱਤਰ ਸ. ਭੋਲ ਸਿੰਘ ਵਾਸੀ ਮਕਾਨ ਨੰਬਰ 331, ਗਲੀ ਨੰਬਰ 4, ਸੰਤੋਸ਼ੀ ਨਗਰ, ਤਹਿਸੀਲ ਵਾ ਜ਼ਿਲਾ ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਲਖਵੀਰ ਸਿੰਘ ਅਤੇ ਉਸਦੀ ਪਤਨੀ ਮਮਤਾ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਅਦਾਲਤੀ ਇਸ਼ਤਿਹਾਰ

ਦਫਤਰ ਜਾਇੰਟ ਸਬ-ਰਜਿਸਟਰਾਰ ਕਮ ਨਾਇਬ ਤਹਿਸੀਲਦਾਰ ਝਬਾਲ ਕਲਾਂ
ਵਿਸ਼ਾ :- ਅਣ-ਰਜਿਸਟਰਡ ਵਸੀਅਤ ਨੂੰ ਜ਼ੇਰ ਧਾਰਾ 40 ਏ ਤਹਿਤ ਰਜਿਸਟਰਡ ਕਰਨ ਸੰਬੰਧੀ ਅਮਨਦੀਪ ਕੌਰ ਵਿਧਵਾ ਸ੍ਰ: ਲਵਜੀਤ ਸਿੰਘ ਪੁੱਤਰ ਸ੍ਰ: ਦਿਲਬਾਗ ਸਿੰਘ ਵਾਸੀ ਕਸੇਲ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਨੂੰ ਰਜਿਸਟਰਡ ਕਰਵਾਉਣ ਸੰਬੰਧੀ।

ਨੋਟਿਸ ਬਨਾਮ ਆਮ ਪਬਲਿਕ

ਉਪਰੋਕਤ ਵਿਸ਼ੇ ਦੇ ਸੰਬੰਧ ਵਿੱਚ ਇਕ ਦਰਖਾਸਤ ਵੱਲੋਂ ਅਮਨਦੀਪ ਕੌਰ ਵਿਧਵਾ ਸ੍ਰ. ਲਵਜੀਤ ਸਿੰਘ ਪੁੱਤਰ ਸ੍ਰ: ਦਿਲਬਾਗ ਸਿੰਘ ਵਾਸੀ ਕਸੇਲ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਨੇ ਮੇਰੇ ਹਾਜ਼ਰ ਹੋ ਕੇ ਪੇਸ਼ ਕੀਤੀ ਕਿ ਉਸ ਦੇ ਪਤੀ ਲਵਜੀਤ ਸਿੰਘ ਪੁੱਤਰ ਸ੍ਰ: ਦਿਲਬਾਗ ਸਿੰਘ ਪੁੱਤਰ ਸ੍ਰ: ਦਲੀਪ ਸਿੰਘ ਵਾਸੀ ਕਸੇਲ, ਤਹਿਸੀਲ ਵਾ ਜ਼ਿਲ੍ਹਾ ਤਰਨ ਤਾਰਨ ਦੀ ਇਕ ਬਿਲਾ- ਰਜਿਸਟਰਡ ਵਸੀਅਤ ਮਿਤੀ 09-02-2019 ਨੂੰ ਅਮਨਦੀਪ ਕੌਰ ਪਤਨੀ ਸ੍ਰੀ ਲਵਜੀਤ ਸਿੰਘ ਪੁੱਤਰ ਸ੍ਰ: ਦਿਲਬਾਗ ਸਿੰਘ ਵਾਸੀ ਕਸੇਲ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਦੀ ਕੀਤੀ ਸੀ। ਵਸੀਅਤ ਕੁਨਿੰਦਾ ਦੀ ਮੌਤ ਮਿਤੀ 24-03-2019 ਨੂੰ ਹੋ ਚੁੱਕੀ ਹੈ। ਉਹ ਇਹ ਵਸੀਅਤ ਨੂੰ ਜ਼ੇਰ ਧਾਰਾ 40 ਏ ਤਹਿਤ ਰਜਿਸਟਰਡ ਕਰਵਾਉਣਾ ਚਾਹੁੰਦੀ ਹੈ।

ਇਹ ਲਈ ਇਸ ਨੋਟਿਸ ਰਾਹੀਂ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਵਸੀਅਤ ਦੇ ਰਜਿਸਟਰਡ ਹੋਣ ਸੰਬੰਧੀ ਜੇਕਰ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਇਸ ਇਸ਼ਤਿਹਾਰ ਦੇ ਪ੍ਰਕਾਸ਼ਿਤ ਹੋਣ ਦੇ 15 ਦਿਨਾਂ ਦੇ ਅੰਦਰ ਅਸਾਲਤਨ ਜਾਂ ਵਕਾਲਤਨ ਹਾਜ਼ਰ ਹੋ ਕੇ ਆਪਣਾ ਉਜ਼ਰ ਦਾਅਵਾ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕਿਸੇ ਕਿਸਮ ਦਾ ਕੋਈ ਉਜ਼ਰ ਨਹੀਂ ਸੁਣਿਆ ਜਾਵੇਗਾ।

ਇਹ ਨੋਟਿਸ ਮੇਰੇ ਦਸਤਖ਼ਤਾਂ ਅਤੇ ਮੋਹਰ ਅਦਾਲਤ ਹੇਠ ਅੱਜ ਮਿਤੀ 22/07/2026 ਨੂੰ ਜਾਰੀ ਕੀਤਾ ਜਾਂਦਾ ਹੈ।

ਸਹੀ/- ਜਾਇੰਟ ਸਬ ਰਜਿਸਟਰਾਰ ਝਬਾਲ ਕਲਾਂ।

ਨੰ: 1716 ਮਿਤੀ : 22/07/2026

## COURT NOTICE

(U/o 5 Rule 20 CPC)
In The Court of
Ms. Amanpreet Kaur-1
Civil Judge Junior Division - 11, Patiala
Case No. CS37-349-2025
CNR No. PBPT02-004747-2025
Next Date:- 21-08-2026
State Bank of India SBI
Vs.
Sukhdev Singh

Publication Issued To:
Sukhdev Singh
Father : Sant Singh
VPO Lang, Tehsil and District Patiala.

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 21-08-2026 at 10:00 a.m.

For details logon to https://highcourtchd.gov.in/?mod=district_notice&district=patiala

Civil Judge Junior Division - 11, Patiala
Dated this day of 22-07-2026

## COURT NOTICE

(U/o 5 Rule 20 CPC)
In The Court of Gurkirat Singh
Civil Judge (Junior Division), Amritsar
CNR No. PBAS02-000721-2026
Next Date:- 14-08-2026

Kushav Kumar Anand S/O Darbari Lal Anand, R/O 361, Green Avenue Amritsar, Landlord Of Anand Market, Katra Sher Singh, Amritsar. ....petitioner

Vs.

Lok Atmik Printing Press, Through Its Partner/Prop. Sh. Panna Lal S/O Jagannath, Through His Legal Heirs, R/o 80-B, Gali No. 14, Guru Amar Dass, Avenue, Swami Satyanand College, Ajnala Road, Amritsar. .... Respondent

Publication Issued To:
Lok Atmik Printing Press, Through Its Partner, Sh. Panna Lal, S/o Jagannath,Through His Legal Heirs, R/o 80-B,Gali No.14, Guru Amar Dass Avenue, Swami Satyanand College, Ajnala Road, Amritsar.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 14-08-2026 at 10:00 a.m.

For details logon to https://highcourtchd.gov.in/?trs-district_notice&district=Amritsar

Civil Judge (Junior Division) Amritsar
Dated, this day of 23-07-2026

## ਅਦਾਲਤੀ ਇਸ਼ਤਿਹਾਰ

ਬਾ: ਅਦਾਲਤ ਸ੍ਰੀ ਬਲਜੋਤ ਸਿੰਘ ਨਾਇਬ ਤਹਿਸੀਲਦਾਰ-ਕਮ-ਏ. ਸੀ.ਫਸਟ ਗ੍ਰੇਡ, ਨਕੋਦਰ

ਸ੍ਰੀ ਰਾਜ ਕੁਮਾਰ ਪੁੱਤਰ ਚੇਤਨ ਗਿਰ ਵਾਸੀ ਪਿੰਡ ਖੀਵਾ, ਤਹਿਸੀਲ, ਨਕੋਦਰ ਜ਼ਿਲ੍ਹਾ ਜਲੰਧਰ ਵੱਲੋਂ ਮਾਲ ਰਿਕਾਰਡ ਵਿੱਚ ਨਾਮ ਦਰੁਸਤ ਕਰਵਾਉਣ ਸਬੰਧੀ ।

ਬਨਾਮ ਆਮ ਪਬਲਿਕ

ਵਿਸ਼ਾ:- ਰਿਕਾਰਡ ਮਾਲ ਵਿੱਚ ਨਾਮ ਦੀ ਦਰੁਸਤੀ ਕਰਨ ਸੰਬੰਧੀ।

ਮਾਲ ਰਿਕਾਰਡ ਪਿੰਡ ਖੀਵਾ ਵਿੱਚ ਰਵਿੰਦਰ ਕੁਮਾਰ ਪੁੱਤਰ ਰਾਮ ਚੰਦ ਦੇ ਨਾਲ-ਨਾਲ ਰਾਜ ਕੁਮਾਰ ਪੁੱਤਰ ਚੇਤਨ ਗਿਰ ਪੁੱਤਰ ਨਿਹਾਲ ਚੰਦ, ਵਾਸੀ ਪਿੰਡ ਖੀਵਾ, ਤਹਿਸੀਲ ਨਕੋਦਰ ਜ਼ਿਲ੍ਹਾ ਜਲੰਧਰ ਕਰਨ ਬਾਰੇ।

ਆਪ ਨੂੰ ਲਿਖਿਆ ਜਾਂਦਾ ਹੈ ਕਿ ਇਸ ਅਦਾਲਤ ਵਿੱਚ ਰਾਜ ਕੁਮਾਰ ਪੁੱਤਰ ਚੇਤਨ ਗਿਰ ਵੱਲੋਂ ਆਪਣੇ ਨਾਂਅ ਦੀ ਦਰੁਸਤੀ ਕਰਵਾਉਣ ਸੰਬੰਧੀ ਦਰਖਾਸਤ ਪ੍ਰਾਪਤ ਹੋਈ ਹੈ ਕਿ ਮਾਲ ਰਿਕਾਰਡ ਵਿੱਚ ਉਸ ਦਾ ਨਾਂਅ ਰਵਿੰਦਰ ਕੁਮਾਰ ਪੁੱਤਰ ਰਾਮ ਚੰਦ ਚੱਲ ਰਿਹਾ ਹੈ । ਮੁਤਾਬਿਕ ਦਰਖਾਸਤ ਉਹ ਰਾਜ ਕੁਮਾਰ ਪੁੱਤਰ ਚੇਤਨ ਗਿਰ ਪੁੱਤਰ ਨਿਹਾਲ ਚੰਦ ਅਤੇ ਰਵਿੰਦਰ ਕੁਮਾਰ ਪੁੱਤਰ ਰਾਮ ਚੰਦ ਦੋਨੋਂ ਨਾਵਾਂ ਨਾਲ ਜਾਣੇ ਜਾਂਦੇ ਹਨ । ਜਦ ਕਿ ਆਈ.ਡੀ. ਸਬੂਤਾਂ ਵਾਲੇ ਦਸਤਾਵੇਜ਼ਾਂ ਮੁਤਾਬਿਕ ਉਨ੍ਹਾਂ ਦਾ ਨਾਂਅ ਰਾਜ ਕੁਮਾਰ ਪੁੱਤਰ ਚੇਤਨ ਗਿਰ ਚੱਲਦਾ ਹੈ । ਮਾਲ ਰਿਕਾਰਡ ਵਿੱਚ ਉਸ ਦਾ ਨਾਂਅ ਰਵਿੰਦਰ ਕੁਮਾਰ ਪੁੱਤਰ ਰਾਮ ਚੰਦ ਉਰਫ ਰਾਜ ਕੁਮਾਰ ਪੁੱਤਰ ਚੇਤਨ ਗਿਰ ਪੁੱਤਰ ਨਿਹਾਲ ਚੰਦ ਕਰਨ ਵਿੱਚ ਅਗਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਮਿਤੀ 10-08-2016 ਤੱਕ ਇਸ ਅਦਾਲਤ ਵਿੱਚ ਅਸਾਲਤਨ/ਵਕਾਲਤਨ ਜਾਂ ਕਿਸੇ ਮੁਖਤਾਰ ਰਾਹੀਂ ਪੇਸ਼ ਹੋ ਕੇ ਇਤਰਾਜ਼ ਪੇਸ਼ ਕਰ ਸਕਦਾ ਹੈ। ਨਿਸ਼ਚਿਤ ਮਿਤੀ 'ਤੇ ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਦਰਖਾਸਤ ਦਾ ਫੈਸਲਾ ਨਿਯਮਾਂ ਅਨੁਸਾਰ ਕਰ ਦਿੱਤਾ ਜਾਵੇਗਾ।

ਅੱਜ ਮਿਤੀ 22-07-2026 ਨੂੰ ਮੇਰੇ ਹਸਤਾਖਰ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- ਨਾਇਬ ਤਹਿਸੀਲਦਾਰ ਕਮ ਸਰਕਲ, ਰੈਵੀਨਿਊ ਅਫਸਰ ਨਕੋਦਰ।

ਨੰ: 110/ਆਰ ਮਿਤੀ :22.07.2026

## ਅਦਾਲਤੀ ਇਸ਼ਤਿਹਾਰ

ਬਾ: ਅਦਾਲਤ ਸ੍ਰੀ ਬਲਜੋਤ ਸਿੰਘ ਨਾਇਬ ਤਹਿਸੀਲਦਾਰ-ਕਮ-ਏ. ਸੀ. ਫਸਟ ਗ੍ਰੇਡ, ਨਕੋਦਰ

ਸ੍ਰੀ ਰਾਜ ਕੁਮਾਰ ਪੁੱਤਰ ਚੇਤਨ ਗਿਰ ਵਾਸੀ ਪਿੰਡ ਖੀਵਾ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਵੱਲੋਂ ਮਾਲ ਰਿਕਾਰਡ ਵਿੱਚ ਨਾਂਅ ਦਰੁਸਤ ਕਰਵਾਉਣ ਸੰਬੰਧੀ ।

ਬਨਾਮ ਆਮ ਪਬਲਿਕ

ਵਿਸ਼ਾ:- ਰਿਕਾਰਡ ਮਾਲ ਵਿੱਚ ਨਾਂਅ ਦੀ ਦਰੁਸਤੀ ਕਰਨ ਸੰਬੰਧੀ।

ਮਾਲ ਰਿਕਾਰਡ ਪਿੰਡ ਖੀਵਾ ਵਿੱਚ ਰਵਿੰਦਰ ਕੁਮਾਰ ਪੁੱਤਰ ਰਾਮ ਚੰਦ ਦੇ ਨਾਲ-ਨਾਲ ਰਾਜ ਕੁਮਾਰ ਪੁੱਤਰ ਚੇਤਨ ਗਿਰ ਪੁੱਤਰ ਨਿਹਾਲ ਚੰਦ, ਵਾਸੀ ਪਿੰਡ ਖੀਵਾ, ਤਹਿਸੀਲ ਨਕੋਦਰ ਜ਼ਿਲ੍ਹਾ ਜਲੰਧਰ ਕਰਨ ਬਾਰੇ।

ਆਪ ਨੂੰ ਲਿਖਿਆ ਜਾਂਦਾ ਹੈ ਕਿ ਇਸ ਅਦਾਲਤ ਵਿੱਚ ਰਾਜ ਕੁਮਾਰ ਪੁੱਤਰ ਚੇਤਨ ਗਿਰ ਵੱਲੋਂ ਆਪਣੇ ਨਾਂਅ ਦੀ ਦਰੁਸਤੀ ਕਰਵਾਉਣ ਸੰਬੰਧੀ ਦਰਖਾਸਤ ਪ੍ਰਾਪਤ ਹੋਈ ਹੈ ਕਿ ਮਾਲ ਰਿਕਾਰਡ ਵਿੱਚ ਉਸ ਦਾ ਨਾਂਅ ਰਵਿੰਦਰ ਕੁਮਾਰ ਪੁੱਤਰ ਰਾਮ ਚੰਦ ਚੱਲ ਰਿਹਾ ਹੈ । ਮੁਤਾਬਿਕ ਦਰਖਾਸਤ ਉਹ ਰਾਜ ਕੁਮਾਰ ਪੁੱਤਰ ਚੇਤਨ ਗਿਰ ਪੁੱਤਰ ਨਿਹਾਲ ਚੰਦ ਅਤੇ ਰਵਿੰਦਰ ਕੁਮਾਰ ਪੁੱਤਰ ਰਾਮ ਚੰਦ ਦੋਨੋਂ ਨਾਵਾਂ ਨਾਲ ਜਾਣੇ ਜਾਂਦੇ ਹਨ, ਜਦ ਕਿ ਆਈ.ਡੀ. ਸਬੂਤਾਂ ਵਾਲੇ ਦਸਤਾਵੇਜ਼ਾਂ ਮੁਤਾਬਿਕ ਉਨ੍ਹਾਂ ਦਾ ਨਾਂਅ ਰਾਜ ਕੁਮਾਰ ਪੁੱਤਰ ਚੇਤਨ ਗਿਰ ਚੱਲਦਾ ਹੈ । ਮਾਲ ਰਿਕਾਰਡ ਵਿੱਚ ਉਸ ਦਾ ਨਾਂਅ ਰਵਿੰਦਰ ਕੁਮਾਰ ਪੁੱਤਰ ਰਾਮ ਚੰਦ ਉਰਫ ਰਾਜ ਕੁਮਾਰ ਪੁੱਤਰ ਚੇਤਨ ਗਿਰ ਪੁੱਤਰ ਨਿਹਾਲ ਚੰਦ ਕਰਨ ਵਿੱਚ ਅਗਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਮਿਤੀ 10-08-2026 ਤੱਕ ਇਸ ਅਦਾਲਤ ਵਿੱਚ ਅਸਾਲਤਨ/ਵਕਾਲਤਨ ਜਾਂ ਕਿਸੇ ਮੁਖਤਾਰ ਰਾਹੀਂ ਪੇਸ਼ ਹੋ ਕੇ ਇਤਰਾਜ਼ ਪੇਸ਼ ਕਰ ਸਕਦਾ ਹੈ। ਨਿਸ਼ਚਿਤ ਮਿਤੀ 'ਤੇ ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਦਰਖਾਸਤ ਦਾ ਫੈਸਲਾ ਨਿਯਮਾਂ ਅਨੁਸਾਰ ਕਰ ਦਿੱਤਾ ਜਾਵੇਗਾ।

ਅੱਜ ਮਿਤੀ 22-07-2026 ਨੂੰ ਮੇਰੇ ਹਸਤਾਖਰ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- ਨਾਇਬ ਤਹਿਸੀਲਦਾਰ ਕਮ ਸਰਕਲ, ਰੈਵੀਨਿਊ ਅਫਸਰ ਨਕੋਦਰ।

ਨੰ: 110/ਆਰ ਮਿਤੀ :22.07.2026

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਨਾਇਬ ਤਹਿਸੀਲਦਾਰ ਬਮਿਆਲ (ਪਠਾਨਕੋਟ)

ਵਿਸ਼ਾ : ਮਹਿਕਮਾ ਮਾਲ ਰਿਕਾਰਡ ਵਿਚ ਪਿੰਡ ਬਮਿਆਲ, ਸਬ -ਤਹਿਸੀਲ ਬਮਿਆਲ ਵਿਚ ਦਰਸ਼ਨਾ ਦੇਵੀ ਪਤਨੀ ਅਸ਼ਵਨੀ ਸ਼ਰਮਾ ਪੁੱਤਰ ਬੂਈ ਲਾਲ, ਵਾਸੀ ਪਿੰਡ ਸਿੰਬਲ ਕੁਲੀਆਂ, ਡਾਕ. ਖੋਜਕੀ ਚੱਕ, ਤਹਿ. ਵਾ ਜ਼ਿਲ੍ਹਾ ਪਠਾਨਕੋਟ, ਨਾਂਅ ਦੀ ਦਰੁਸਤੀ ਕਰਨ ਬਾਰੇ।

ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦਰਸ਼ਨਾ ਦੇਵੀ ਪਤਨੀ ਅਸ਼ਵਨੀ ਸ਼ਰਮਾ ਪੁੱਤਰ ਬੂਈ ਲਾਲ, ਵਾਸੀ ਪਿੰਡ ਸਿੰਬਲ ਕੁਲੀਆਂ ਡਾਕ. ਖੋਜਕੀ ਚੱਕ, ਤਹਿ. ਵਾ ਜ਼ਿਲ੍ਹਾ ਪਠਾਨਕੋਟ ਨੇ ਨਿਮਨਹਸਤਾਖਰੀ ਦੀ ਅਦਾਲਤ ਵਿਚ ਦਰਖਾਸਤ ਦੇ ਕੇ ਬੇਨਤੀ ਕੀਤੀ ਹੈ ਕਿ ਦਰਸ਼ਨਾ ਦੇਵੀ ਪਤਨੀ ਅਸ਼ਵਨੀ ਸ਼ਰਮਾ ਪੁੱਤਰ ਬੂਈ ਲਾਲ ਵਾਸੀ ਪਿੰਡ ਸਿੰਬਲ ਕੁਲੀਆਂ, ਡਾਕ. ਖੋਜਕੀ ਚੱਕ, ਤਹਿ. ਵਾ ਜ਼ਿਲ੍ਹਾ ਪਠਾਨਕੋਟ, ਦੀ ਮਾਲਕੀ ਪਿੰਡ ਸਿੰਬਲ ਹੱਦਬਸਤ ਨੰਬਰ 8 ਸਬ-ਤਹਿਸੀਲ ਬਮਿਆਲ ਤਹਿ. ਵਾ ਜ਼ਿਲ੍ਹਾ ਪਠਾਨਕੋਟ ਵਿਖੇ ਹੈ, ਜਿਸ ਦਾ ਮਾਲ ਰਿਕਾਰਡ ਵਿਚ ਇੰਦਰਾਜ਼ ਉਸ ਦਾ ਨਾਂਅ ਦਰਸ਼ਨਾ ਕੁਮਾਰੀ ਪਤਨੀ ਅਸ਼ਵਨੀ ਕੁਮਾਰ ਪੁੱਤਰ ਬੂਈ ਲਾਲ ਗਲਤੀ ਨਾਲ ਚੱਲ ਰਿਹਾ ਹੈ। ਜੇਕਰ ਕਿਸੇ ਨੂੰ ਇਸ 'ਤੇ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਨਿਮਨਹਸਤਾਖਰੀ ਦੀ ਅਦਾਲਤ ਵਿਚ ਹਲਫੀਆ ਬਿਆਨ ਸਮੇਤ ਇਸ ਨੋਟਿਸ ਦੇ ਛਪਣ ਦੇ ਨਿਯਤ ਸਮੇਂ ਦੇ ਅੰਦਰ-ਅੰਦਰ ਪੇਸ਼ ਕਰ ਸਕਦਾ ਹੈ। ਕਾਨੂੰਨ ਅਨੁਸਾਰ ਨਿਰਧਾਰਿਤ ਸਮੇਂ ਦੇ ਗੁਜ਼ਰ ਜਾਣ ਤੋਂ ਬਾਅਦ ਕੋਈ ਵੀ ਦਾਅਵਾ ਨਹੀਂ ਮੰਨਿਆ ਜਾਵੇਗਾ।

ਨੰ. 175/ਰੀਡਰ ਮਿਤੀ : 22/7/26 ਸਹੀ/-ਨਾਇਬ ਤਹਿਸੀਲਦਾਰ, ਬਮਿਆਲ।

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਨਾਇਬ ਤਹਿਸੀਲਦਾਰ ਬਮਿਆਲ (ਪਠਾਨਕੋਟ)

ਵਿਸ਼ਾ : ਮਹਿਕਮਾ ਮਾਲ ਰਿਕਾਰਡ ਵਿਚ ਪਿੰਡ ਬਮਿਆਲ, ਸਬ -ਤਹਿਸੀਲ ਬਮਿਆਲ ਵਿਚ ਅਸ਼ਵਨੀ ਸ਼ਰਮਾ ਪੁੱਤਰ ਬੂਈ ਲਾਲ ਪੁੱਤਰ ਦੀਵਾਨ ਚੰਦ, ਵਾਸੀ ਪਿੰਡ ਸਿੰਬਲ ਕੁਲੀਆਂ, ਡਾਕ. ਖੋਜਕੀ ਚੱਕ, ਤਹਿ. ਵਾ ਜ਼ਿਲ੍ਹਾ ਪਠਾਨਕੋਟ, ਨਾਂਅ ਦੀ ਦਰੁਸਤੀ ਕਰਨ ਬਾਰੇ।

ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਅਸ਼ਵਨੀ ਸ਼ਰਮਾ ਪੁੱਤਰ ਬੂਈ ਲਾਲ ਪੁੱਤਰ ਦੀਵਾਨ ਚੰਦ, ਵਾਸੀ ਪਿੰਡ ਸਿੰਬਲ ਕੁਲੀਆਂ, ਡਾਕ. ਖੋਜਕੀ ਚੱਕ, ਤਹਿ. ਵਾ ਜ਼ਿਲ੍ਹਾ ਪਠਾਨਕੋਟ ਨੇ ਨਿਮਨਹਸਤਾਖਰੀ ਦੀ ਅਦਾਲਤ ਵਿਚ ਦਰਖਾਸਤ ਦੇ ਕੇ ਬੇਨਤੀ ਕੀਤੀ ਹੈ ਕਿ ਅਸ਼ਵਨੀ ਸ਼ਰਮਾ ਪੁੱਤਰ ਬੂਈ ਲਾਲ ਪੁੱਤਰ ਦੀਵਾਨ ਚੰਦ ਵਾਸੀ ਪਿੰਡ ਸਿੰਬਲ ਕੁਲੀਆਂ ਡਾਕ. ਖੋਜਕੀ ਚੱਕ, ਤਹਿ. ਵਾ ਜ਼ਿਲ੍ਹਾ ਪਠਾਨਕੋਟ, ਦੀ ਮਾਲਕੀ ਪਿੰਡ ਸਿੰਬਲ ਹੱਦਬਸਤ ਨੰਬਰ 8 ਸਬ-ਤਹਿਸੀਲ ਬਮਿਆਲ ਤਹਿ. ਵਾ ਜ਼ਿਲ੍ਹਾ ਪਠਾਨਕੋਟ ਵਿਖੇ ਹੈ, ਜਿਸ ਦਾ ਮਾਲ ਰਿਕਾਰਡ ਵਿਚ ਇੰਦਰਾਜ਼ ਉਸ ਦਾ ਨਾਂਅ ਅਸ਼ਵਨੀ ਕੁਮਾਰ ਪੁੱਤਰ ਬੂਈ ਲਾਲ ਪੁੱਤਰ ਦੀਵਾਨ ਚੰਦ ਗਲਤੀ ਨਾਲ ਚੱਲ ਰਿਹਾ ਹੈ। ਜੇਕਰ ਕਿਸੇ ਨੂੰ ਇਸ 'ਤੇ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਨਿਮਨਹਸਤਾਖਰੀ ਦੀ ਅਦਾਲਤ ਵਿਚ ਹਲਫੀਆ ਬਿਆਨ ਸਮੇਤ ਇਸ ਨੋਟਿਸ ਦੇ ਛਪਣ ਦੇ ਨਿਯਤ ਸਮੇਂ ਦੇ ਅੰਦਰ-ਅੰਦਰ ਪੇਸ਼ ਕਰ ਸਕਦਾ ਹੈ। ਕਾਨੂੰਨ ਅਨੁਸਾਰ ਨਿਰਧਾਰਿਤ ਸਮੇਂ ਦੇ ਗੁਜ਼ਰ ਜਾਣ ਤੋਂ ਬਾਅਦ ਕੋਈ ਵੀ ਦਾਅਵਾ ਨਹੀਂ ਮੰਨਿਆ ਜਾਵੇਗਾ।

ਨੰ. 174/ਰੀਡਰ ਮਿਤੀ : 22/7/26 ਸਹੀ/-ਨਾਇਬ ਤਹਿਸੀਲਦਾਰ, ਬਮਿਆਲ।

## ਉੱਤਰ ਰੇਲਵੇ

### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| SN | Catalogue No. | Nature of contract |
|---|---|---|
| ਈ-ਨੀਲਾਮੀ ਦੀ ਮਿਤੀ: 04.08.2026 | | |
| 1 | EAFZR-PRKG26-11 | ਲੁਧਿਆਣਾ ਰੇਲਵੇ ਸਟੇਸ਼ਨ ਉਤੇ ਕੰਪਰੀਹੈਂਸਿਵ ਪਾਰਕਿੰਗ ਦੇ ਲਈ ਠੇਕੇ ਦਾ ਅਲਾਟਮੈਂਟ। |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ।

No. NR-FZR0COML(NFR)/18/2024 Date: 24/07/2026 2559/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਸਾਧਾਰਨ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

ਟੈਂਡਰ ਨੰਬਰ : 251-ਬਿਜਲੀ-T-24-R1-2025-26, ਕੰਮਾਂ ਦਾ ਵੇਰਵਾ : ਏ-ਐਫਜੇਡਆਰ ਡਵੀਜਨ ਦੇ ਉਪਰ ਜੇਯੂਸੀ-ਏਐਸਆਰ ਸੈਕਸ਼ਨ ਦੀ ਸੈਕਸ਼ਨਲ ਸਪੀਡ ਨੂੰ 130 ਕਿਮੀ ਪ੍ਰਤੀ ਘੰਟੇ ਤਕ ਵਧਾਉਣ ਦੇ ਲਈ 4 ਮਾਨਵਯੁਕਤ L-Xing ਗੇਟਾਂ ਦੇ ਇੰਟਰਲਾਕਿੰਗ ਨਾਲ ਸਬੰਧਿਤ ਬਿਜਲੀ ਕੰਮ। ਬੀ-ਫਿਰੋਜਪੁਰ ਡਵੀਜਨ ਦੇ ਉਪਰ 50000 ਤੋਂ ਜਿਆਦਾ ਟੀਵੀਯੂ ਵਾਲੇ 5 ਗੈਰ-ਇੰਟਰਲਾਕ L-Xing ਗੇਟਾਂ ਦੇ ਇੰਟਰਲਾਕਿੰਗ ਨਾਲ ਸਬੰਧਿਤ ਬਿਜਲੀ ਕੰਮ। ਸੀ-ਐਸਐਨਐਲ ਸੈਕਸ਼ਨ ਉਤੇ ਐਮਓਡਬਲਯੂ- ਏਐਸਆਰ, ਐਚਐਮਆਰ-ਡੀਆਈਡਬਲਯੂ ਅਤੇ ਜੇਆਰਸੀ-ਸੀਈਯੂ ਦੇ ਵਿਚ ਆਈਬੀਐਸ ਦੇ ਪ੍ਰਾਵਧਾਨ ਨਾਲ ਸਬੰਧਿਤ ਬਿਜਲੀ ਕੰਮ। ਡੀ-ਜਲੰਧਰ ਕੈਂਟ-ਸਾਹਨੇਵਾਲ ਜੰਕਸ਼ਨ ਸੈਕਸ਼ਨ ਤੇ ਬੀਐਚ-01, ਬੀਟੀਟੀਐਨ ਅਤੇ ਐਮਏਯੂਐਲ ਨੂੰ ਆਈਬੀਐਚ ਨਾਲ ਆਈਬੀਐਸ ਵਿਚ ਤਬਦੀਲ ਕਰਨ ਨਾਲ ਸਬੰਧਿਤ ਕੰਮ। ਅੰਦਾਜਨ ਲਾਗਤ (ਰੁ) : 70,27,877.42 ਬਿਆਨਾ ਰਾਸ਼ੀ (ਰੁ) : 140600.00 ਕੰਮ ਦਾ ਸਮਾਂ : 06 ਮਹੀਨੇ ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ : 13.08.2026 15:00 ਵਜੇ ਦੇ ਬਾਅਦ ਵੈਬਸਾਈਟ www.ireps.gov.in

ਨੰ. 251-ਬਿਜਲੀ ਟੈਂਡਰ ਨੋਟਿਸ ਨੰ. 24-ਆਰ1-ਬਿਜਲੀ-2025-26 ਮਿਤੀ 23.07.2026 2548/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## COURT NOTICE

(U/o 5 Rule 20 CPC)
In The Court of
Ms. Amanpreet Kaur-1
Civil Judge Junior Division - 11, Patiala
Case No. CS37-372-2025
CNR No. PBPT02-004929-2025
Next Date:- 21-08-2026
State Bank of India SBI
Vs.
Jasvir Kaur

Publication Issued To:
Jasvir Kaur
Spouse : Parwinder Singh S/o Jaspal Singh, Village Rourgarh, PO. Lang, Tehsil and District Patiala.

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 21-08-2026 at 10:00 a.m.

For details logon to https://highcourtchd.gov.in/?mod=district_notice&district=patiala

Civil Judge Junior Division - 11, Patiala
Dated this day of 22-07-2026

## COURT NOTICE

(U/o 5 Rule 20 CPC)
In the Court of
Ms. Savreen Sandhu
Civil Judge (Junior Division)-19, Jalandhar
CNR No. PBJL02-004854-2023
Next Date:- 03-09-2026
Punjab And Sind Bank
Vs.
Poonam Cosmetic Store

Suit for grant of decree for recovery of Rs.79,507 alongwith interest as prayed for.

Publication Issued To:
1. Poonam Cosmetic Store 68/69, Tilak Nagar, Jal through Its Proprietor Poonam, 2. Poonam W/O Shri Ashok Kumar Proprietor M/S Poonam Cosmetics Store 68/69 Tilak Nagar, Jalandhar City, Punjab.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 03-09-2026 at 10:00 a.m.

For details logon to https://highcourtchd.gov.in/?mod=district_notice&district=Jalandhar

Civil Judge (Junior Division)-19, Jalandhar
Dated, this day of 24-07-2026

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ-1, ਮੋਗਾ (ਪੰਜਾਬ)

ਕੇਸ ਅਨੁਵਾਨ : ਅਮਰਜੀਤ ਕੌਰ ਵਗੈਰਾ ਬਨਾਮ ਜੰਗੀਰ ਸਿੰਘ ਵਗੈਰਾ
ਕੇਸ ਨੰਬਰ : 45/ਏ.ਸੀ.-1, 46/ਏ.ਸੀ.-1, 47/ਏ.ਸੀ.-1, 48/ਏ.ਸੀ.-1 ਰਜੂਆ ਮਿਤੀ : 03/08/2022
ਵਾਕਿਆ ਪਿੰਡ : ਡਰੋਲੀ ਭਾਈ ਖੇਵਟ ਨੰਬਰ : 58/56, 59/57, 60/58, 62 ਜਮ੍ਹਾਂਬੰਦੀ ਸਾਲ 2014-15
ਅਮਰਜੀਤ ਕੌਰ ਪਤਨੀ ਬਲਵੰਤ ਸਿੰਘ ਪੁੱਤਰ ਮੋਧਾ ਸਿੰਘ ਵਾਸੀ ਪੱਤੀ ਉਮਾਹਾ, ਪਿੰਡ ਡਰੋਲੀ ਭਾਈ, ਤਹਿਸੀਲ ਅਤੇ ਜ਼ਿਲ੍ਹਾ ਮੋਗਾ। .........ਦਰਖਾਸਤੀ

ਬਨਾਮ

ਜੰਗੀਰ ਸਿੰਘ ਪੁੱਤਰ ਪਹਾੜਾ ਸਿੰਘ ਪੁੱਤਰ ਜਵਾਲਾ ਸਿੰਘ ਵਗੈਰਾ ਪੱਤੀ ਉਸਾਹਾ, ਪਿੰਡ ਡਰੋਲੀ ਭਾਈ ਤਹਿਸੀਲ ਤੇ ਜ਼ਿਲ੍ਹਾ ਮੋਗਾ। .......ਉੱਤਰਵਾਦੀ ਧਿਰ

ਉਕਤ ਅਨੁਵਾਨ ਤਹਿਤ ਕੇਸ ਨਿਮਨਹਸਤਖਾਰ ਦੀ ਅਦਾਲਤ ਵਿੱਚ ਸੁਣਵਾਈ ਅਧੀਨ ਹੈ। ਇਸ ਕੇਸ ਵਿੱਚ ਹੇਠ ਲਿਖੇ ਫਰੀਕਸਾਨੀ/ਉੱਤਰਵਾਦੀ ਧਿਰ ਦੀ ਇਤਲਾਹ ਸਧਾਰਨ ਤਰੀਕੇ ਨਾਲ ਨਹੀਂ ਹੋ ਸਕੀ । ਇਸ ਕੇਸ ਵਿੱਚ ਅਗਲੀ ਤਾਰੀਖ ਪੇਸ਼ੀ ਮਿਤੀ 30/07/2026 ਲਈ ਮੁਕੱਰਰ ਹੈ। ਇਸ ਪਬਲਿਕ ਨੋਟਿਸ ਰਾਹੀਂ ਹੇਠ ਲਿਖਤ ਧਿਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਉਕਤ ਮਿਤੀ ਨੂੰ ਸਵੇਰੇ 10.00 ਵਜੇ ਅਸਾਲਤਨ ਜਾਂ ਵਕਾਲਤਨ ਆਪਣਾ ਪੱਖ ਪੇਸ਼ ਕਰਨ ਲਈ ਨਿਮਨਹਸਤਾਖਰ ਦੀ ਅਦਾਲਤ (ਕਮਰਾ ਨੂੰ ਸੀ-105, ਪਹਿਲੀ ਮੰਜ਼ਲ, ਚੇਹਨਾਬ ਜੇਹਲਮ ਬਲਾਕ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਮੋਗਾ) ਵਿੱਚ ਹਾਜ਼ਰ ਆਉਣ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਬਾਅਦ ਗੁਜ਼ਰਨੇ ਮਿਆਦ ਕੀਤਾ ਗਿਆ ਉਜ਼ਰ ਕਾਬਲੇ ਸਮਾਇਤ ਹੋਵੇਗਾ। ਅੱਜ ਮਿਤੀ 22.07.2026 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਨੰਬਰ:144/ ਰੀਡਰ-2 ਮਿਤੀ : 22-07-2026 ਸਹੀ/-ਸਹਾਇਕ ਕੁਲੈਕਟਰ ਦਰਜਾ-1, ਮੋਗਾ

ਉੱਤਰਵਾਦੀ ਧਿਰ ਦਾ ਨਾਂਅ ਅਤੇ ਪਤਾ :-

1. ਜੰਗੀਰ ਸਿੰਘ ਪੁੱਤਰ ਪਹਾੜਾ ਸਿੰਘ ਪੁੱਤਰ ਜਵਾਲਾ ਸਿੰਘ 2. ਵੀਰ ਸਿੰਘ ਪੁੱਤਰ ਪਹਾੜਾ ਸਿੰਘ ਪੁੱਤਰ ਜਵਾਲਾ ਸਿੰਘ 3. ਕੁਲਦੀਪ ਕੌਰ ਵਿਧਵਾ ਸਤਨਾਮ ਸਿੰਘ ਪੁੱਤਰ ਕਰਨੈਲ ਸਿੰਘ 4. ਗੁਰਪ੍ਰੀਤ ਸਿੰਘ ਪੁੱਤਰ ਸਤਨਾਮ ਸਿੰਘ ਪੁੱਤਰ ਕਰਨੈਲ ਸਿੰਘ 5. ਅਵਤਾਰ ਸਿੰਘ ਪੁੱਤਰ ਸਤਨਾਮ ਸਿੰਘ ਪੁੱਤਰ ਕਰਨੈਲ ਸਿੰਘ 6. ਗੁਰਦੀਪ ਸਿੰਘ ਪੁੱਤਰ ਕਰਨੈਲ ਸਿੰਘ ਪੁੱਤਰ ਪਹਾੜਾ ਸਿੰਘ 7. ਭਜਨ ਕੌਰ ਵਿਧਵਾ ਜੀਤ ਸਿੰਘ ਪੁੱਤਰ ਪਹਾੜਾ ਸਿੰਘ 8. ਜੋਗਿੰਦਰ ਸਿੰਘ ਪੁੱਤਰ ਜੀਤ ਸਿੰਘ ਪੁੱਤਰ ਪਹਾੜਾ ਸਿੰਘ 9. ਬੇਅੰਤ ਸਿੰਘ ਪੁੱਤਰ ਜੀਤ ਸਿੰਘ ਪੁੱਤਰ ਪਹਾੜਾ ਸਿੰਘ 10. ਸਾਧੂ ਸਿੰਘ ਪੁੱਤਰ ਜੀਤ ਸਿੰਘ ਪੁੱਤਰ ਪਹਾੜਾ ਸਿੰਘ 11. ਰਣਜੀਤ ਸਿੰਘ ਪੁੱਤਰ ਵੀਰ ਸਿੰਘ ਪੁੱਤਰ ਪਹਾੜਾ ਸਿੰਘ 12. ਬਾਬੂ ਸਿੰਘ ਪੁੱਤਰ ਜੀਤ ਸਿੰਘ ਪੁੱਤਰ ਪਹਾੜਾ ਸਿੰਘ 13. ਹਰਮਿੰਦਰ ਕੌਰ ਪਤਨੀ ਬਾਬੂ ਸਿੰਘ ਪੁੱਤਰ ਜੀਤ ਸਿੰਘ 14. ਬਖਤੌਰ ਸਿੰਘ ਪੁੱਤਰ ਬਚਿੱਤਰ ਸਿੰਘ ਪੁੱਤਰ ਪਹਾੜਾ ਸਿੰਘ 15. ਸਮਸ਼ੇਰ ਸਿੰਘ ਪੁੱਤਰ ਬਖਤੌਰ ਸਿੰਘ ਪੁੱਤਰ ਪਹਾੜਾ ਸਿੰਘ 16. ਛਿੰਦਰਪਾਲ ਕੌਰ ਵਿਧਵਾ ਸੇਵਕ ਸਿੰਘ ਪੁੱਤਰ ਹਰਨੇਕ ਸਿੰਘ 17. ਮਨਪ੍ਰੀਤ ਸਿੰਘ ਪੁੱਤਰ ਸੇਵਕ ਸਿੰਘ ਪੁੱਤਰ ਹਰਨੇਕ ਸਿੰਘ 18. ਗੁਰਪ੍ਰੀਤ ਸਿੰਘ ਪੁੱਤਰ ਸੇਵਕ ਸਿੰਘ ਪੁੱਤਰ ਹਰਨੇਕ ਸਿੰਘ 19. ਕਰਨੈਲ ਕੌਰ ਪਤਨੀ ਮੇਜਰ ਸਿੰਘ ਪੁੱਤਰ ਰਤਨ ਸਿੰਘ 20. ਗੁਰਦੀਪ ਸਿੰਘ ਪੁੱਤਰ ਸ਼ਮਿੰਦਰ ਸਿੰਘ ਪੁੱਤਰ ਬਲਵੰਤ ਸਿੰਘ 21. ਜਗਦੀਪ ਸਿੰਘ ਪੁੱਤਰ ਬਲਦੇਵ ਸਿੰਘ ਪੁੱਤਰ ਹਾਕਮ ਸਿੰਘ 22. ਜਗਰਾਜ ਸਿੰਘ ਪੁੱਤਰ ਬੇਲਾ ਸਿੰਘ ਪੁੱਤਰ ਮਹਿੰਗਾ ਸਿੰਘ 23. ਸਾਧੂ ਸਿੰਘ ਪੁੱਤਰ ਭਗਤ ਸਿੰਘ ਪੁੱਤਰ ਬੂਟਾ ਸਿੰਘ 24. ਬਲਵੀਰ ਸਿੰਘ ਪੁੱਤਰ ਭਗਵਾਨ ਸਿੰਘ ਪੁੱਤਰ ਅੰਤਰ ਸਿੰਘ 25. ਜੀਤ ਸਿੰਘ ਪੁੱਤਰ ਭਗਵਾਨ ਸਿੰਘ ਪੁੱਤਰ ਅੰਤਰ ਸਿੰਘ 26. ਮਲਕੀਤ ਸਿੰਘ ਪੁੱਤਰ ਭਗਵਾਨ ਸਿੰਘ ਪੁੱਤਰ ਅੰਤਰ ਸਿੰਘ 27. ਮਹਿੰਦਰ ਸਿੰਘ ਪੁੱਤਰ ਭਗਵਾਨ ਸਿੰਘ ਪੁੱਤਰ ਅੰਤਰ ਸਿੰਘ 28. ਅਮਰਜੀਤ ਕੌਰ ਵਿਧਵਾ ਮੇਜਰ ਸਿੰਘ ਪੁੱਤਰ ਭਗਵਾਨ ਸਿੰਘ 29. ਦਵਿੰਦਰ ਸਿੰਘ ਪੁੱਤਰ ਮੇਜਰ ਸਿੰਘ ਪੁੱਤਰ ਭਗਵਾਨ ਸਿੰਘ 30. ਸੁਖਵਿੰਦਰ ਸਿੰਘ ਪੁੱਤਰ ਮੇਜਰ ਸਿੰਘ ਪੁੱਤਰ ਭਗਵਾਨ ਸਿੰਘ 31. ਸਮਸ਼ੇਰ ਸਿੰਘ ਪੁੱਤਰ ਰਣਜੀਤ ਸਿੰਘ ਪੁੱਤਰ ਬਚਿੱਤਰ ਸਿੰਘ 32. ਅਰਜਨ ਸਿੰਘ ਪੁੱਤਰ ਅਨੂਪ ਸਿੰਘ ਪੁੱਤਰ ਕਿਸ਼ਨ ਸਿੰਘ 33. ਨਰੈਣ ਸਿੰਘ ਪੁੱਤਰ ਅਨੂਪ ਸਿੰਘ ਪੁੱਤਰ ਕਿਸ਼ਨ ਸਿੰਘ 34. ਸਵਰਨਜੀਤ ਕੌਰ ਪੁੱਤਰੀ ਸਤਨਾਮ ਸਿੰਘ ਪੁੱਤਰ ਕਰਨੈਲ ਸਿੰਘ 35. ਰਾਜਵਿੰਦਰ ਸਿੰਘ ਪੁੱਤਰ ਸੁਖਦੇਵ ਸਿੰਘ ਪੁੱਤਰ ਸੂਬਾ ਸਿੰਘ 36. ਨਵਦੀਪ ਸਿੰਘ ਪੁੱਤਰ ਸੁਖਦੇਵ ਸਿੰਘ ਪੁੱਤਰ ਸੂਬਾ ਸਿੰਘ 37. ਹਰਨੇਕ ਸਿੰਘ ਪੁੱਤਰ ਪਹਾੜਾ ਸਿੰਘ ਪੁੱਤਰ ਜਵਾਲਾ ਸਿੰਘ 38. ਪ੍ਰਤਾਪ ਸਿੰਘ ਪੁੱਤਰ ਹਰਨੇਕ ਸਿੰਘ ਪੁੱਤਰ ਬਚਿੱਤਰ ਸਿੰਘ 39. ਕੁਲਵੰਤ ਸਿੰਘ ਪੁੱਤਰ ਹਰਨੇਕ ਸਿੰਘ ਪੁੱਤਰ ਪਹਾੜਾ ਸਿੰਘ 40. ਬਲਦੇਵ ਸਿੰਘ ਪੁੱਤਰ ਮਾਘ ਸਿੰਘ ਪੁੱਤਰ ਗੁਰਦਿਆਲ ਸਿੰਘ, ਸਾਰੇ ਵਾਸੀਆਨ ਪੱਤੀ ਉਸਾਹਾ, ਪਿੰਡ ਡਰੋਲੀ ਭਾਈ, ਤਹਿਸੀਲ ਤੇ ਜ਼ਿਲ੍ਹਾ ਮੋਗਾ, 41. ਗੁਰਪਾਲ ਸਿੰਘ ਪੁੱਤਰ ਗੁਰਦੇਵ ਕੌਰ ਪੁੱਤਰੀ ਬਚਨ ਸਿੰਘ 42. ਹਰਚਰਨ ਸਿੰਘ ਪੁੱਤਰ ਗੁਰਦੇਵ ਕੌਰ ਪੁੱਤਰੀ ਬਚਨ ਸਿੰਘ 43. ਅਮਰਜੀਤ ਕੌਰ ਪੁੱਤਰੀ ਗੁਰਦੇਵ ਕੌਰ ਪੁੱਤਰੀ ਬਚਨ ਸਿੰਘ 44. ਬਲਜੀਤ ਕੌਰ ਪੁੱਤਰੀ ਗੁਰਦੇਵ ਕੌਰ ਪੁੱਤਰੀ ਬਚਨ ਸਿੰਘ 45. ਪਰਮਜੀਤ ਕੌਰ ਪੁੱਤਰੀ ਗੁਰਦੇਵ ਕੌਰ ਪੁੱਤਰੀ ਬਚਨ ਸਿੰਘ, ਸਾਰੇ ਵਾਸੀਅਨ ਪਿੰਡ ਮੁੰਨਣ, ਤਹਿਸੀਲ ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ। 46. ਤੇਜ ਸਿੰਘ ਪੁੱਤਰ ਭੋਲੀ ਪੁੱਤਰੀ ਬਚਿੱਤਰ ਸਿੰਘ 47. ਸੁਖਦੇਵ ਸਿੰਘ ਪੁੱਤਰ ਭੋਲੀ ਪੁੱਤਰੀ ਬਚਿੱਤਰ ਸਿੰਘ 48. ਪਰਮਜੀਤ ਕੌਰ ਪੁੱਤਰੀ ਭੋਲੀ ਪੁੱਤਰ ਬਚਿੱਤਰ ਸਿੰਘ 49. ਸਵਰਨਜੀਤ ਕੌਰ ਪੁੱਤਰੀ ਭੋਲੀ ਪੁੱਤਰੀ ਬਚਿੱਤਰ ਸਿੰਘ ਵਾਸੀਅਨ ਪਿੰਡ ਭੰਬੇ, ਲੰਢੇ, ਤਹਿਸੀਲ ਤੇ ਜ਼ਿਲ੍ਹਾ ਫਿਰੋਜ਼ਪੁਰ। 50. ਦਵਿੰਦਰ ਸਿੰਘ ਪੁੱਤਰ ਛੋਟੇ ਉਰਫ ਕੁਲਵੰਤ ਕੌਰ ਪੁੱਤਰੀ ਬਚਿੱਤਰ ਸਿੰਘ 51. ਪਿੰਦਰ ਕੌਰ ਪੁੱਤਰੀ ਛੋਟੇ ਉਰਫ ਕੁਲਵੰਤ ਕੌਰ ਪੁੱਤਰੀ ਬਚਿੱਤਰ ਸਿੰਘ 52. ਹਰਜਿੰਦਰ ਕੌਰ ਪੁੱਤਰੀ ਛੋਟੇ ਉਰਫ ਕੁਲਵੰਤ ਕੌਰ ਪੁੱਤਰੀ ਬਚਿੱਤਰ ਸਿੰਘ 53. ਗੁਰਮੀਤ ਕੌਰ ਪੁੱਤਰੀ ਛੋਟੇ ਉਰਫ ਕੁਲਵੰਤ ਕੌਰ ਪੁੱਤਰੀ ਬਚਿੱਤਰ ਸਿੰਘ 54. ਜਸਵੀਰ ਕੌਰ ਪੁੱਤਰੀ ਛੋਟੇ ਉਰਫ ਕੁਲਵੰਤ ਕੌਰ ਪੁੱਤਰੀ ਬਚਿੱਤਰ ਸਿੰਘ, 55. ਰਾਣੀ ਪੁੱਤਰੀ ਛੋਟੇ ਉਰਫ ਕੁਲਵੰਤ ਕੌਰ ਪੁੱਤਰੀ ਬਚਿੱਤਰ ਸਿੰਘ ਵਾਸੀਅਨ ਪਿੰਡ ਮਹੀਆਂ ਵਾਲਾ, ਤਹਿਸੀਲ ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ, 56. ਸਾਗਰ ਰਾਈਸ ਮਿੱਲਜ਼, ਪਿੰਡ ਡਰੋਲੀ ਭਾਈ, ਜ਼ਿਲ੍ਹਾ ਮੋਗਾ ਰਾਹੀਂ ਰਾਮ ਗੁਪਤਾ ਵਾਸੀ ਮਕਾਨ ਨੰਬਰ 417, ਵਾਰਡ ਨੰ: 14, ਮੁਹੱਲਾ ਕਿਸ਼ਨਪੁਰਾ ਮੋਗਾ, ਤਹਿਸੀਲ ਵਾ ਜ਼ਿਲ੍ਹਾ ਮੋਗਾ। 57. ਉਰੀਐਂਟਲ ਬੈਂਕ ਆਫ ਕਾਮਰਸ ਹੁਣ ਪੰਜਾਬ ਨੈਸ਼ਨਲ ਬੈਂਕ, ਮੇਨ ਬਾਜ਼ਾਰ, ਮੋਗਾ 58. ਬੈਂਕ ਆਫ ਇੰਡੀਆ, ਪ੍ਰਤਾਪ ਰੋਡ, ਮੋਗਾ, 59, ਬੈਂਕ ਆਫ ਬੜੌਦਾ, ਰੇਲਵੇ ਰੋਡ, ਮੋਗਾ, 60. ਸਟੇਟ ਬੈਂਕ ਆਫ ਇੰਡੀਆ, ਬਰਾਂਚ ਐੱਮ. ਸੀ., ਮੋਗਾ।

# ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਰੈਲੀ 7 ਨੂੰ



**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੀ ਸੂਬਾ ਕਾਰਜਕਾਰਨੀ ਕਮੇਟੀ ਨੇ ਸਥਾਨਕ ਕਾਮਰੇਡ ਜਸਵੰਤ ਸਿੰਘ ਸਮਰਾ ਭਵਨ ਵਿਖੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਇੱਕ ਮੀਟਿੰਗ ਕਰਕੇ ਭਗਵੰਤ ਮਾਨ ਸਰਕਾਰ ਵੱਲੋਂ ਲਗਾਤਾਰ ਮੁਲਾਜ਼ਮ ਅਤੇ ਪੈਨਸ਼ਨਰ ਮੰਗਾਂ ਦੀ ਅਣਦੇਖੀ ਕਰਨ ਦੇ ਖਿਲਾਫ ਸਾਂਝੀ ਤਾਲਮੇਲ ਕਮੇਟੀ ਦੇ ਸੱਦੇ ਤੇ 7 ਅਗਸਤ ਨੂੰ ਅਨਾਜ ਮੰਡੀ ਸੈਕਟਰ 39 ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਮਹਾਂ ਰੈਲੀ ਵਿੱਚ ਪੰਜਾਬ ਦੇ ਵੱਖ-ਵੱਖ ਜਿਲ੍ਹਿਆਂ ਵਿੱਚੋਂ ਵੱਡੀ ਗਿਣਤੀ ਵਿੱਚ ਪੈਨਸ਼ਨਰਾਂ ਵੱਲੋਂ ਸ਼ਾਮਿਲ ਹੋਣ ਦਾ ਫੈਸਲਾ ਕੀਤਾ ਹੈ॥ ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ,ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ, ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸੂਬਾਈ ਆਗੂ ਜਗਤਾਰ ਸਿੰਘ ਭੁੰਗਰਨੀ,,ਸਵਰਨ ਸਿੰਘ ਹਠੂਰ, ਮਨਜੀਤ ਸਿੰਘ ਗਿੱਲ , ਇਕਬਾਲ ਸਿੰਘ ਪਠਾਨਕੋਟ, ਭੁਪਿੰਦਰ ਸਿੰਘ ਸੇਖੋਂ,ਅਵਤਾਰ ਸਿੰਘ ਤਾਰੀ, ਡਾਕਟਰ ਦਰਸ਼ਨ ਸਿੰਘ ਚੀਮਾ ਕਾਲਾ ਅਫਗਾਨਾ, ਪ੍ਰਿਤਪਾਲ ਸਿੰਘ ਪੰਡੋਰੀ, ਕੁਲਵੰਤ ਸਿੰਘ ਚਾਨੀ, ਨਸੀਬ ਸਿੰਘ ਜਡੋਤ, ਕੁਲਵੰਤ ਸਿੰਘ ਘੁੱਕੇਵਾਲੀ, ਮਨਜੀਤ ਸਿੰਘ ਮਨਸੂਰਾਂ, ਅਮਰੀਕ ਸਿੰਘ ਬਟਾਲਾ, ਗੁਰਮੇਲ ਚੰਦ ਨਵਾਂ ਸ਼ਹਿਰ, ਮੁਖਤਿਆਰ ਚੰਦ ਨੰਗਲ , ਸਵਰਨ ਸਿੰਘ ਤਰਨ ਤਾਰਨ ਅਤੇ ਵਿਜੇ ਕੁਮਾਰ ਸ਼ਰਮਾ ਜਲੰਧਰ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਸਰਕਾਰ ਤੇ ਦੋਸ਼ ਲਾਇਆ ਕਿ ਲਗਾਤਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਮੰਨਣ ਤੋਂ ਇਨਕਾਰੀ ਹੋਈ ਬੈਠੀ ਹੈ ਅਤੇ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਸਾਹਮਣੇ ਵੱਖ ਵੱਖ ਤਰ੍ਹਾਂ ਦੀਆਂ ਮੁਲਾਜ਼ਮ ਵਿਰੋਧੀ ਦਲੀਲਾਂ ਪੇਸ਼ ਕਰਕੇ ਮਾਨਯੋਗ ਅਦਾਲਤ ਨੂੰ ਗੁਮਰਾਹ ਕਰ ਰਹੀ ਹੈ ਅਤੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਬਣਦਾ 18 ਫੀਸਦੀ ਡੀ ਏ ਦੇਣ,ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਅਤੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਤੋਂ ਮੁਨਕਰ ਹੋ ਗਈ ਹੈ।

# ਕਾਂਗਰਸ ਵੱਲੋਂ ਰੋਸ ਮਾਰਚ ਅਤੇ ਮੋਦੀ ਦਾ ਪੁਤਲਾ ਫੂਕਿਆ

**ਬੰਗਾ (ਅਵਤਾਰ ਕਲੇਰ)**- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ, ਸਤਵੀਰ ਸਿੰਘ ਪੱਲੀ ਝਿੱਕੀ, ਕੁਲਵੰਤ ਸਿੰਘ ਥਾਦੀਆਂ, ਕਮਲਜੀਤ ਬੰਗਾ, ਰਜਿੰਦਰ ਸ਼ਰਮਾ, ਰਾਮਦਾਸ ਸਿੰਘ ਦੀ ਅਗਵਾਈ ਹੇਠ ਕੇਂਦਰ ਦੀ ਮੋਦੀ ਸਰਕਾਰ ਵਲੋਂ ਵਿਦਿਆਰਥੀਆਂ ਦੇ ਭਵਿੱਖ ਨਾਲ ਕੀਤੇ ਜਾ ਰਹੇ ਖਿਲਵਾੜ, ਲਗਾਤਾਰ ਪੇਪਰ ਲੀਕ ਅਤੇ ਵਿਦਿਆਰਥੀਆਂ ਦੀ ਅਵਾਜ਼ ਨੂੰ ਦਬਾਉਣ ਲਈ ਦਿੱਲੀ



ਵਿੱਚ ਕੀਤੇ ਤਸ਼ੱਸਦ ਦੇ ਖਿਲਾਫ ਕਾਂਗਰਸ ਪਾਰਟੀ ਬਲਾਕ ਬੰਗਾ ਵਲੋਂ ਸ਼ਹਿਰ 'ਚ ਰੋਸ ਮਾਰਚ ਕੀਤਾ ਅਤੇ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ। ਵੱਖ ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵਿਦਿਆਰਥੀਆਂ ਨਾਲ ਧੱਕਾ ਕਰ ਰਹੀ ਹੈ। ਬੁਲਾਰਿਆਂ ਨੇ ਮੰਗ ਕੀਤੀ ਹੈ ਕਿ ਧਰਮਿੰਦਰ ਪ੍ਰਧਾਨ ਨੂੰ ਫੌਰੀ ਅਸਤੀਫਾ ਦੇਣ ਚਾਹੀਦਾ ਹੈ।ਇਸ ਮੌਕੇ ਅਜੇ ਮੰਗੂਪੁਰ, ਸਤਵੀਰ ਸਿੰਘ ਪੱਲੀ ਝਿੱਕੀ ਸਾਬਕਾ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਕੁਲਵਰਨ ਸਿੰਘ ਥਾਂਦੀਆਂ, ਕਮਲਜੀਤ ਬੰਗਾ, ਅਮਰਜੀਤ ਕਲਸੀ, ਕੀਮਤੀ ਸੱਦੀ ਸਾਬਕਾ ਐਮ ਸੀ, ਅਰੁਣ ਘਈ, ਰਾਮਦਾਸ ਸਿੰਘ, ਰਜਿੰਦਰ ਸ਼ਰਮਾ, ਡਾ ਨਿਰੰਜਣ ਪਾਲ ਹੀਉਂ, ਹਰਭਜਨ ਸਿੰਘ ਭਰੋਲੀ, ਐਡਵੋਕੇਟ ਅਮਨਦੀਪ ਗੁਰੂ, ਯੋਗੇਸ਼ ਕੁਮਾਰ ਬਿੱਟੂ, ਨਿਰਮਲ ਸਿੰਘ ਝਿੱਕਾ, ਰਾਮ ਸਿੰਘ ਭਰੋਮਜਾਰਾ, ਦਰਵਜੀਤ ਸਿੰਘ ਪੂਨੀਆਂ, ਅਮਰੀਕ ਸਿੰਘ ਕਾਹਮਾ, ਲੈਂਬਰ ਸਿੰਘ ਲੰਗੇਰੀ, ਸੰਦੀਪ ਕੁਮਾਰ ਨੰਬਰਦਾਰ ਢਾਹਾਂ, ਜੁਝਾਰ ਸਿੰਘ ਰਹਿਪਾ, ਰੂਪ ਲਾਲ ਚੇਤਾ, ਸ਼ਾਦੀ ਲਾਲ, ਬਲਵੀਰ ਗੋਸਲ, ਸੋਮ ਨਾਥ ਕਟਾਰੀਆ, ਸੁਰਿੰਦਰ ਕਟਾਰੀਆ, ਰਾਮ ਲੁਭਾਇਆ ਭਰੋਮਜਾਰਾ, ਸੋਖੀ ਰਾਮ ਬਿੱਜੋਂ, ਸਚਿਨ ਘਈ, ਹਰਬੰਸ ਲਾਲ, ਗਿਆਨ ਚੰਦ, ਲਵਪ੍ਰੀਤ ਸੋਢੀਆਂ, ਰਾਜ ਕੁਮਾਰ ਢੰਢੂਹਾ, ਮਨਿੰਦਰਜੀਤ ਬੌਬੀ, ਹਰਪਾਲ ਪਠਲਾਵਾ ਤੋਂ ਇਲਾਵਾ ਭਾਰੀ ਗਿਣਤੀ 'ਚ ਪਾਰਟੀ ਵਰਕਰ ਹਾਜ਼ਰ ਸਨ।

# ਰੱਸਾਕੱਸ਼ੀ ਮੁਕਾਬਲੇ ਵਿਚ ਅਜਨੋਹਾ ਨੇ ਮੁੱਖਲੀਆਣਾ ਦੀ ਟੀਮ ਨੂੰ 2-0 ਨਾਲ ਹਰਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸਿੱਖਿਆ ਵਿਭਾਗ ਵਲੋਂ ਸ਼ੁਰੂ ਹੋਏ ਜੋਨ ਮੁਕਾਬਲਿਆਂ ਦੌਰਾਨ ਬੱਡੋਂ ਜੋਨ ਵਿੱਚ ਰੱਸਾਕੱਸੀ ਮੁਕਾਬਲੇ ਕਰਵਾਏ ਗਏ।ਅੰਡਰ-17 ਰੱਸਾਕੱਸੀ ਫਾਈਨਲ ਮੁਕਾਬਲਾ (ਲੜਕੇ) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਨੋਹਾ ਅਤੇ ਸੈਨੀਬਾਰ ਹਾਈ ਸਕੂਲ ਮੁੱਖਲੀਆਣਾ ਵਿਚਕਾਰ ਖੇਡਿਆ ਗਿਆ। ਇਸ ਫਾਈਨਲ ਮੈਚ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਨੋਹਾ ਦੀ ਟੀਮ ਨੇ ਸੈਨੀਬਾਰ ਹਾਈ ਸਕੂਲ ਮੁੱਖਲੀਆਣਾ ਦੀ ਟੀਮ ਨੂੰ 2-0 ਨਾਲ ਹਰਾਇਆ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਨੋਹਾ ਨੇ ਰੱਸਾਕੱਸੀ ਫਾਈਨਲ ਮੁਕਾਬਲਾ ਜਿੱਤ ਕੇ ਜੋਨ ਬੱਡੋਂ ਆਪਣੇ ਨਾਮ ਕਰ ਲਿਆ।ਇਸੇ ਤਰਾਂ ਅੰਡਰ-19 ਰੱਸਾਕੱਸੀ ਮੁਕਾਬਲੇ (ਲੜਕੇ) ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਨੋਹਾ ਦੀ ਟੀਮ ਨੇ ਜੋਨ ਵਿੱਚੋਂ ਤੀਜਾ ਸਥਾਨ ਅੰਡਰ-17 ਰੱਸਾਕੱਸੀ (ਲੜਕੀਆਂ) ਮੁਕਾਬਲੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਨੋਹਾ ਦੀ ਟੀਮ ਨੇ ਜੋਨ ਵਿੱਚੋਂ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਸਕੂਲ ਪ੍ਰਿੰਸੀਪਲ ਹਰਮਨੋਜ ਕੁਮਾਰ ਅਤੇ ਸਮੂਹ ਸਟਾਫ ਨੇ ਗਾਈਡ ਅਧਿਆਪਕ ਰਾਜਵਿੰਦਰ ਕੌਰ ਲੈਕਚਰਾਰ ਫਿਜੀਕਲ ਐਜੂਕੇਸ਼ਨ ਅਤੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੱਤੀ।ਜਿਕਰਯੋਗ ਹੈ ਕਿ ਅਜਨੋਹਾ ਸਕੂਲ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਮੱਲਾਂ ਮਾਰ ਰਿਹਾ ਹੈ।ਇਸ ਮੌਕੇ ਪ੍ਰਿੰਸੀਪਲ ਹਰਮਨੋਜ ਕੁਮਾਰ, ਪ੍ਰਿੰਸੀਪਲ ਸੁਖਇੰਦਰ ਸਿੰਘ ਰਿੱਕੀ, ਰਾਜਵਿੰਦਰ ਕੌਰ, ਨਰਿੰਦਰ ਅਜਨੋਹਾ, ਕੁਲਵਿੰਦਰ ਸਿੰਘ, ਗੁਰਦੇਵ ਸਿੰਘ, ਸਤਵਿੰਦਰ ਸਿੰਘ, ਡਿੰਪਲ ਰਾਜਾ, ਹਰਚਰਨ ਸਿੰਘ, ਪਰਵਿੰਦਰ ਸਿੰਘ, ਰੋਹਿਤ ਕੁਮਾਰ ਅਤੇ ਜੇਤੂ ਵਿਦਿਆਰਥੀਆਂ ਹਾਜ਼ਰ ਸਨ।





# ਦਲਜੀਤ ਕੌਰ ਧਾਮੀ ਨੂੰ ਕਿਰਤ ਦਾ ਸਤਿਕਾਰ ਤੇ ਅਮਨਦੀਪ ਸ਼ਰਮਾ ਨੂੰ 'ਭਾਈਚਾਰਕ ਸਾਂਝ' ਅਵਾਰਡ ਪ੍ਰਦਾਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਲਾਇਨਜ਼ ਕਲੱਬ ਇੰਟਰਨੈਸ਼ਨਲ ਰਿਹਾਣਾ ਜੱਟਾ ਕੋਹਿਨੂਰ ਤੇ ਹੁਸ਼ਿਆਰਪੁਰ ਸਮਰਪਣ ਐਕਟਿਵ ਵੱਲੋਂ ਪ੍ਰਧਾਨ ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ, ਸਕੱਤਰ ਲਾਇਨ ਡਾਕਟਰ ਤੇਜਬੀਰ ਸਿੰਘ ਧਾਲੀਵਾਲ, ਮੈਂਬਰਸ਼ਿਪ ਚੇਅਰਮੈਨ ਸੁਖਵਿੰਦਰ ਕੌਰ, ਡਾਇਰੈਕਟਰ ਲਾਇਨ ਐਮ ਪੀ ਸਿੱਧੂ ਦੀ ਅਗਵਾਈ ਵਿੱਚ ਹਰ ਖੇਤਰ ਵਿੱਚ ਕਿਰਤ ਦਾ ਸਤਿਕਾਰ ਕਰਨ ਵਾਲੀ ਸਖਸ਼ੀਅਤ ਦਲਜੀਤ ਕੌਰ ਧਾਮੀ ਐਮ ਏ, ਬੀ ਐਡ ਨੂੰ 'ਕਿਰਤ ਦਾ ਸਤਿਕਾਰ' ਐਵਾਰਡ ਅਤੇ ਭਾਈਚਾਰਕ ਸਾਂਝ ਮਜ਼ਬੂਤ ਕਰਨ ਲਈ ਕੰਮ ਕਰਨ ਵਾਲੀ ਅਮਨਦੀਪ ਸ਼ਰਮਾ ਨੂੰ 'ਭਾਈਚਾਰਕ ਸਾਂਝ' ਐਵਾਰਡ 2026 ਪ੍ਰਦਾਨ ਕੀਤੇ ਗਏ ਹਨ । ਇਸ ਸਮੇ ਸਿਖ ਮਿਸ਼ਨਰੀ ਭਾਈ ਲਾਲ ਸਿੰਘ, ਸਤਨਾਮ ਸਿੰਘ, ਜੰਗਰਾਲ, ਪ੍ਰਧਾਨ ਬਲਵਿੰਦਰ ਸਿੰਘ, ਸੁਨੀਤਾ ਭੰਡਾਰੀ, ਆਸ਼ਾ ਰਾਣੀ, ਨਿਰਮਲ ਬੈਂਸ, ਸ਼ਾਕਸ਼ੀ ਤੇ ਹੋਰ ਮਾਨਯੋਗ ਸਖਸ਼ੀਅਤਾ ਨੇ ਵਿਸੇਸ਼ ਸ਼ਿਰਕਤ ਕੀਤੀ ।

# ਸੜਕ ਹਾਦਸਾ ਪੀੜਤਾਂ ਲਈ ਪੀ ਐਮ-ਰਾਹਤ ਯੋਜਨਾ ਦਾ ਲਾਭ ਲਿਆ ਜਾਵੇ : ਆਰ ਟੀ ਓ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਖੇਤਰੀ ਟਰਾਂਸਪੋਰਟ ਅਫ਼ਸਰ (ਆਰ ਟੀ ਓ) ਅਮਨਦੀਪ ਕੌਰ ਘੁੰਮਣ ਨੇ ਕਿਹਾ ਕਿ ਸੜਕ ਹਾਦਸਿਆਂ ਵਿੱਚ ਜ਼ਖ਼ਮੀ ਹੋਏ ਲੋਕਾਂ ਦੀ ਜਾਨ ਬਚਾਉਣ ਦੇ ਉਦੇਸ਼ ਨਾਲ ਸਰਕਾਰ ਵੱਲੋਂ ਚਲਾਈ ਜਾ ਰਹੀ ਪੀ ਐਮ-ਰਾਹਤ ਯੋਜਨਾ ਆਮ ਲੋਕਾਂ ਲਈ ਬਹੁਤ ਹੀ ਲਾਭਦਾਇਕ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸੜਕ ਹਾਦਸਾ ਹੋਣ ਦੀ ਸੂਰਤ ਵਿੱਚ ਜ਼ਖ਼ਮੀਆਂ ਦੀ ਤੁਰੰਤ ਮਦਦ ਕਰਨ ਅਤੇ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਉਨ੍ਹਾਂ ਨੂੰ ਨਜ਼ਦੀਕੀ ਸੂਚੀਬੱਧ ਹਸਪਤਾਲ ਵਿੱਚ ਪਹੁੰਚਾਉਣ। ਆਰ ਟੀ ਓ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਸੜਕ ਹਾਦਸੇ ਦੇ ਹਰ ਪੀੜਤ ਨੂੰ ਹਾਦਸੇ ਦੀ ਮਿਤੀ ਤੋਂ ਵੱਧ ਤੋਂ ਵੱਧ ਸੱਤ ਦਿਨਾਂ ਤੱਕ 1.50 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਹਾਦਸੇ ਤੋਂ ਬਾਅਦ ਦੇ ਪਹਿਲੇ 24 ਤੋਂ 48 ਘੰਟੇ, ਜਿਨ੍ਹਾਂ ਨੂੰ 'ਗੋਲਡਨ ਆਵਰ' ਕਿਹਾ ਜਾਂਦਾ ਹੈ, ਜਾਨ ਬਚਾਉਣ ਲਈ ਸਭ ਤੋਂ ਮਹੱਤਵਪੂਰਨ ਹੁੰਦੇ ਹਨ। ਇਸ ਲਈ ਹਸਪਤਾਲਾਂ ਨੂੰ ਪੀੜਤਾਂ ਦਾ ਤੁਰੰਤ ਇਲਾਜ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਭਾਰਤ ਦੀਆਂ ਸੜਕਾਂ 'ਤੇ ਵਾਹਨ ਹਾਦਸੇ ਦਾ ਸ਼ਿਕਾਰ ਹੋਣ ਵਾਲਾ ਹਰ ਭਾਰਤੀ ਅਤੇ ਵਿਦੇਸ਼ੀ ਨਾਗਰਿਕ ਇਸ ਯੋਜਨਾ ਦਾ ਲਾਭ ਲੈਣ ਦਾ ਹੱਕਦਾਰ ਹੈ। ਇਸ ਲਈ ਵਾਹਨ ਦਾ ਬੀਮਾ ਹੋਣਾ ਵੀ ਲਾਜ਼ਮੀ ਨਹੀਂ ਹੈ। ਹਾਦਸੇ ਦੀ ਸਥਿਤੀ ਵਿੱਚ ਐਂਬੂਲੈਂਸ ਅਤੇ ਨਜ਼ਦੀਕੀ ਸੂਚੀਬੱਧ ਹਸਪਤਾਲ ਦੀ ਜਾਣਕਾਰੀ ਲਈ 112 ਹੈਲਪਲਾਈਨ 'ਤੇ ਤੁਰੰਤ ਸੰਪਰਕ ਕੀਤਾ ਜਾ ਸਕਦਾ ਹੈ।

# ਸੀ ਟੀ ਗਰੁੱਪ ਕੈਂਪਸ ਵਿਖੇ ਨਵੇਂ ਸੈਸ਼ਨ ਦਾ ਆਗਾਜ਼

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ ਇੰਸਟੀਟਿਊਸ਼ਨਜ਼ ਦੇ ਸ਼ਾਹਪੁਰ ਅਤੇ ਮਕਸੂਦਾਂ ਕੈਂਪਸ ਵਿੱਚ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਬਹੁਤ ਉਤਸ਼ਾਹ ਅਤੇ ਰੌਣਕ ਨਾਲ ਹੋਈ। ਹਜ਼ਾਰਾਂ ਸੀਟੀਅਨਜ਼ ਦੀ ਵਾਪਸੀ 'ਤੇ ਵੈਲਕਮ ਬੈਕ ਸੀਟੀਅਨਜ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪੰਜਾਬੀ ਫਿਲਮ ਕਣਕਾਂ ਦੇ ਓਹਲੇ ਦੀ ਸਟਾਰ ਕਾਸਟ—ਤਾਨਿਆ, ਬਾਲ ਕਲਾਕਾਰ ਕਿਸ਼ਤੂ ਕੇ ਸਮੇਤ ਹੋਰ ਕਲਾਕਾਰਾਂ ਨੇ ਹਾਜ਼ਰੀ ਭਰੀ।ਇਸ ਮੌਕੇ ਪ੍ਰਸਿੱਧ ਗਾਇਕ ਬੁਰਾ ਪੁਰੇਵਾਲ ਅਤੇ ਗੌਤਮ ਅਰੋੜਾ ਦੀ ਲਾਈਵ ਬੈਂਡ ਪਰਫਾਰਮੈਂਸ ਨੇ ਸਮਾਗਮ ਨੂੰ ਰੌਣਕਮਈ ਬਣਾ ਦਿੱਤਾ। ਰੰਗਾਰੰਗ ਸੱਭਿਆਚਾਰਕ ਪ੍ਰਸਤੁਤੀਆਂ ਅਤੇ ਮਨੋਰੰਜਨ ਗਤੀਵਿਧੀਆਂ ਨੇ ਇਸ ਦਿਨ ਨੂੰ ਯਾਦਗਾਰ ਬਣਾ ਦਿੱਤਾ।ਇਸ ਦਿਨ ਦੀ ਸ਼ੁਰੂਆਤ ਰਜਿਸਟ੍ਰੇਸ਼ਨ ਨਾਲ ਹੋਈ, ਜਿਸ ਤੋਂ ਬਾਅਦ ਵਿਦਿਆਰਥੀਆਂ ਨੇ ਆਪਣੀਆਂ ਕਲਾਸਾਂ ਵਿੱਚ ਹਾਜ਼ਰੀ ਲਗਾਈ। ਦੁਪਹਿਰ ਤੋਂ ਬਾਅਦ ਸਾਰੇ ਵਿਦਿਆਰਥੀ ਮੁੱਖ ਸਮਾਰੋਹ ਲਈ ਇਕੱਠੇ ਹੋਏ।ਡਾ. ਅਰਜਨ ਸਿੰਘ, ਡੀਨ ਸਟੂਡੈਂਟ ਵੈਲਫੇਅਰ, ਨੇ ਓਰੀਐਂਟੇਸ਼ਨ ਸੈਸ਼ਨ ਰਾਹੀਂ ਵਿਦਿਆਰਥੀਆਂ ਨੂੰ ਕੈਂਪਸ ਦੀਆਂ ਸਹੂਲਤਾਂ, ਕਲੱਬਾਂ ਅਤੇ ਸਰਵਿਸਜ਼ ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਸਰਗਰਮ ਭਾਗੀਦਾਰੀ ਲਈ ਪ੍ਰੇਰਿਤ ਕੀਤਾ।ਸਟਾਰ ਕਾਸਟ ਨਾਲ ਸੰਵਾਦ ਨੇ ਵਿਦਿਆਰਥੀਆਂ ਵਿੱਚ ਨਵਾਂ ਜੋਸ਼ ਭਰਿਆ, ਜਿੱਥੇ ਕਲਾਕਾਰਾਂ ਨੇ ਆਪਣੇ ਤਜਰਬੇ ਸਾਂਝੇ ਕੀਤੇ ਅਤੇ ਵਿਦਿਆਰਥੀਆਂ ਨੂੰ ਆਪਣੇ ਸੁਪਨਿਆਂ ਨੂੰ ਪੂਰਾ ਕਰਨ ਲਈ ਪ੍ਰੇਰਿਤ ਕੀਤਾ।ਬੁਰਾ ਪੁਰੇਵਾਲ ਅਤੇ ਗੌਤਮ ਅਰੋੜਾ ਦੀਆਂ ਧਮਾਕੇਦਾਰ ਪ੍ਰਸਤੁਤੀਆਂ ਨੇ ਸਮਾਗਮ ਨੂੰ ਚਾਰ ਚੰਨ ਲਗਾਏ। ਵਿਦਿਆਰਥੀਆਂ ਨੇ ਗਾਇਕੀ ਅਤੇ ਡਾਂਸ ਨਾਲ ਸਮਾਰੋਹ ਨੂੰ ਯਾਦਗਾਰ ਬਣਾ ਦਿੱਤਾ। ਸੱਭਿਆਚਾਰਕ ਪ੍ਰਸਤੁਤੀਆਂ ਨੇ ਸੀਟੀਅਨਜ਼ ਦੀ ਪ੍ਰਤਿਭਾ ਅਤੇ ਵੱਖ-ਵੱਖਤਾ ਨੂੰ ਦਰਸਾਇਆ। ਇਹ ਸਮਾਗਮ ਨਵੇਂ ਸੈਸ਼ਨ ਦੀ ਸ਼ਾਨਦਾਰ ਸ਼ੁਰੂਆਤ ਸਾਬਤ ਹੋਇਆ।



ਡਾ. ਜਯਾਸ਼ੀਸ਼ ਸੇਠੀ ਅਤੇ ਡਾ. ਅਨੁਰਾਗ ਸ਼ਰਮਾ ਨੇ ਵਿਦਿਆਰਥੀਆਂ ਦਾ ਗਰਮਜੋਸ਼ੀ ਨਾਲ ਸਵਾਗਤ ਕਰਦੇ ਹੋਏ ਉਨ੍ਹਾਂ ਨੂੰ ਹਰ ਮੌਕੇ ਦਾ ਪੂਰਾ ਲਾਭ ਲੈਣ ਲਈ ਉਤਸ਼ਾਹਿਤ ਕੀਤਾ।ਸਮਾਰੋਹ ਦਾ ਸਮਾਪਨ ਉਤਸ਼ਾਹਪੂਰਨ ਮਾਹੌਲ ਵਿੱਚ ਹੋਇਆ ਅਤੇ ਵਿਦਿਆਰਥੀਆਂ ਨੇ ਇਸ ਯਾਦਗਾਰ ਸਵਾਗਤ ਲਈ ਆਪਣੀ ਖੁਸ਼ੀ ਜਤਾਈ।

# ਸਿਵਲ ਸੁਸਾਇਟੀ ਵੱਲੋਂ ਕੇਂਦਰ ਤੇ ਰਾਜ ਸਰਕਾਰ ਖ਼ਿਲਾਫ਼ ਪੁਤਲਾ ਫੂਕ ਮੁਜ਼ਾਹਰਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਇੱਥੇ ਮਹਾਰਾਣਾ ਪ੍ਰਤਾਪ ਚੌਂਕ 'ਤੇ ਸਿਵਲ ਸੁਸਾਇਟੀ ਤਲਵਾੜਾ ਨੇ ਦਿੱਲੀ ਅਤੇ ਪੰਜਾਬ 'ਚ ਸੰਘਰਸ਼ ਕਰਦੇ ਵਿਦਿਆਰਥੀਆਂ ਕਰਮਚਾਰੀਆਂ 'ਤੇ ਲਾਠੀਚਾਰਜ ਦੇ ਵਿਰੋਧ ਵਿਚ ਕੇਂਦਰ ਤੇ ਪੰਜਾਬ ਸਰਕਾਰ ਦਾ ਵਰ੍ਹਦੇ ਮੀਂਹ 'ਚ ਪੁਤਲਾ ਫੂਕ ਮੁਜ਼ਾਹਰਾ ਕੀਤਾ। ਮੁਜ਼ਾਹਰੇ ਦੀ ਅਗਵਾਈ ਪ੍ਰਧਾਨ ਬੋਧਰਾਜ ਅਤੇ ਸ਼ਿਵ ਕੁਮਾਰ ਅਮਰੋਹੀ ਨੇ ਕੀਤੀ ਜਿਸ ਵਿੱਚ ਵੱਖ ਵੱਖ ਸਮਾਜਿਕ ਸੰਗਠਨਾਂ ਦੇ ਨੁਮਾਇਦੇ ਸ਼ਾਮਲ ਹੋਏ। ਇਸ ਮੌਕੇ ਬੁਲਾਰਿਆਂ ਨੇ ਦਿੱਲੀ ਦੇ ਜੰਤਰ ਮੰਤਰ 'ਤੇ ਨੀਟ ਪੇਪਰ ਲੀਕ ਮਾਮਲੇ 'ਚ ਧਰਨੇ ਉੱਤੇ ਬੈਠੇ ਵਿਦਿਆਰਥੀਆਂ ਅਤੇ ਵਾਤਾਵਰਣ ਕਾਰਕੁੰਨ ਤੇ ਸਿੱਖਿਆ ਸ਼ਾਸਤਰੀ ਸੋਨਮ ਵਾਂਗਚੁਕ ਦੇ ਹੱਕ 'ਚ ਹਾਅ ਦਾ ਨਾਅਰਾ ਮਾਰਿਆ। ਉੱਥੇ ਹੀ ਕੇਂਦਰ ਸਰਕਾਰ ਦੇ ਅੜਿਅੱਲ ਵਤੀਰੇ ਦੀ ਨਿਖੇਧੀ ਕੀਤੀ। ਇਸ ਮੌਕੇ ਪੰਜਾਬ ਸਰਕਾਰ ਅਤੇ ਉਸ ਦੇ ਮੰਤਰੀਆਂ ਵਿਧਾਇਕਾਂ ਦੇ ਦੋਹਰੇ ਕਿਰਦਾਰ 'ਤੇ ਤਨਜ਼ ਕੱਸਦਿਆਂ ਸਾਬਕਾ ਸਰਪੰਚ ਨਵਲ ਕਿਸ਼ੋਰ ਮਹਿਤਾ ਤੇ ਦੀਪਕ ਠਾਕੁਰ, ਸਵਿਤਾ ਸ਼ਰਮਾ, ਜਸਵੀਰ ਤਲਵਾੜਾ, ਰਾਜੀਵ ਸ਼ਰਮਾ, ਵਰਿੰਦਰ ਵਿੱਕੀ, ਸੁਨੀਤਾ ਦੇਵੀ, ਸ਼ਾਮ ਲਾਲ, ਕੁੰਦਨ ਸਿੰਘ, ਯੁਗਰਾਜ ਸਿੰਘ ਨੇ ਕਿਹਾ ਕਿ ਸੂਬਾ ਸਰਕਾਰ ਵੀ ਕੇਂਦਰ ਸਰਕਾਰ ਦੀ ਤਰਜ਼ 'ਤੇ ਸੰਘਰਸ਼ ਕਰਦੀਆਂ ਧਿਰਾਂ ਦੀ ਗੱਲ ਸੁਣਨ ਤੋਂ ਆਕੀ ਹੈ। ਉਪਰੰਤ ਮੁਜ਼ਾਹਰਾਕਾਰੀਆਂ ਨੇ ਮਹਾਰਾਣਾ ਪ੍ਰਤਾਪ ਚੌਂਕ 'ਤੇ ਪੰਜਾਬ ਅਤੇ ਕੇਂਦਰ ਸਰਕਾਰ ਦਾ ਪੁਤਲ ਫੂਕ ਨਾਅਰੇਬਾਜੀ ਕੀਤੀ।

# ਕਾਂਗਰਸੀ ਵਰਕਰਾਂ ਰੇਲਵੇ ਫਾਟਕ ਗੜ੍ਹਸ਼ੰਕਰ ਲਾਗੇ ਕੀਤਾ ਰੋਸ ਪ੍ਰਦਰਸ਼ਨ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਦੀ ਗ੍ਰਿਫਤਾਰੀ ਦੇ ਵਿਰੋਧ ਵਿੱਚ ਯੂਥ ਕਾਂਗਰਸ ਵਰਕਰਾਂ ਨੇ ਦੇਰ ਰਾਤ ਪੰਜਾਬ ਪ੍ਰਦੇਸ਼ ਯੂਥ ਕਾਂਗਰਸ ਦੇ ਜਨਰਲ ਸਕੱਤਰ ਪ੍ਰਣਵ ਕ੍ਰਿਪਾਲ ਦੀ ਅਗਵਾਈ ਹੇਠ ਰੇਲਵੇ ਫਾਟਕ ਗੜ੍ਹਸ਼ੰਕਰ ਕੋਲ ਰੋਸ ਪ੍ਰਦਰਸ਼ਨ ਅਤੇ ਟ੍ਰੈਫਿਕ ਜਾਮ ਕੀਤਾ। ਇਸ ਮੌਕੇ ਪ੍ਰਣਵ ਕ੍ਰਿਪਾਲ ਨੇ ਕਿਹਾ ਕਿ ਨੀਟ ਪੇਪਰ ਲੀਕ ਮਾਮਲੇ ਵਿੱਚ ਜਨ ਨਾਇਕ ਰਾਹੁਲ ਗਾਂਧੀ ਨੂੰ ਦੇਸ਼ ਭਰ ਵਿੱਚ ਮਿਲ ਰਹੇ ਅਪਾਰ ਸਮਰਥਨ ਤੋਂ ਕੇਂਦਰ ਸਰਕਾਰ ਘਬਰਾ ਗਈ ਹੈ ਅਤੇ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਦੀ ਗ੍ਰਿਫਤਾਰੀ ਇਸ ਘਬਰਾਹਟ ਦਾ ਹੀ ਨਤੀਜਾ ਹੈ। ਉਨ੍ਹਾਂ ਕਿਹਾ ਕਿ ਯੂਥ ਕਾਂਗਰਸ ਵਰਕਰ ਰਾਹੁਲ ਗਾਂਧੀ ਦੇ ਨਾਲ ਚਟਾਨ ਵਾਂਗ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਉਹ ਰਾਹੁਲ ਗਾਂਧੀ ਦੇ ਸਮਰਥਨ ਵਿੱਚ ਯੂਥ ਕਾਂਗਰਸ ਵਰਕਰਾਂ ਦੇ ਨਾਲ ਦਿੱਲੀ ਜਾ ਰਹੇ ਹਨ। ਇਸ ਮੌਕੇ ਐਡਵੋਕੇਟ ਪੰਕਜ ਕ੍ਰਿਪਾਲ ਵੀ ਹਾਜ਼ਰ ਸਨ।



# ਸਫ਼ਾਈ ਕਰਮਚਾਰੀਆਂ 'ਤੇ ਹੋਏ ਲਾਠੀਚਾਰਜ ਦੀ ਸਖ਼ਤ ਨਿੰਦਾ



**ਬਲਾਚੌਰ (ਜਸਵਿੰਦਰ ਬੈਂਸ)** ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ ਸ੍ਰੀ ਰਾਜਵਿੰਦਰ ਸਿੰਘ ਲੱਕੀ ਨੇ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰ ਰਹੇ ਸਫ਼ਾਈ ਕਰਮਚਾਰੀਆਂ ਉੱਤੇ ਬਰਨਾਲਾ ਵਿਖੇ ਕੀਤੇ ਗਏ ਪੁਲਿਸ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਰਾਜਵਿੰਦਰ ਸਿੰਘ ਲੱਕੀ ਨੇ ਕਿਹਾ ਕਿ ਲੋਕਤੰਤਰ ਵਿੱਚ ਹਰ ਵਰਗ ਨੂੰ ਆਪਣੀਆਂ ਹੱਕੀ ਮੰਗਾਂ ਲਈ ਸ਼ਾਂਤਮਈ ਢੰਗ ਨਾਲ ਧਰਨਾ-ਪ੍ਰਦਰਸ਼ਨ ਕਰਨ ਦਾ ਸੰਵਿਧਾਨਕ ਅਧਿਕਾਰ ਹੈ। ਉਨ੍ਹਾਂ ਕਿਹਾ ਕਿ ਧਰਨੇ ਵਿੱਚ ਬੈਠੇ ਸਫ਼ਾਈ ਕਰਮਚਾਰੀਆਂ, ਮਹਿਲਾਵਾਂ ਅਤੇ ਮਜ਼ਦੂਰ ਆਗੂਆਂ ਉੱਤੇ ਲਾਠੀਚਾਰਜ ਕਰਨਾ ਬਹੁਤ ਹੀ ਨਿੰਦਣਯੋਗ, ਅਮਾਨਵੀ ਅਤੇ ਗੈਰ-ਲੋਕਤੰਤਰੀ ਕਾਰਵਾਈ ਹੈ।

# ਬਾਦਲ ਵੱਲੋਂ ਐਨ ਐਸ ਏ ਅਧੀਨ ਹਿਰਾਸਤੀ ਅਧਿਕਾਰ ਦੇਣ 'ਦੀ ਨਿਖੇਧੀ

**ਜਲੰਧਰ (ਸੁਰਿੰਦਰ ਕੁਮਾਰ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਦਿੱਲੀ ਦੇ ਉਪ ਰਾਜਪਾਲ ਤਰਨਜੀਤ ਸਿੰਘ ਸੰਧੂ ਵੱਲੋਂ ਕੌਮੀ ਰਾਜਧਾਨੀ ਵਿਚ ਤਿੰਨ ਮਹੀਨਿਆਂ ਲਈ ਐਨ ਐਸ ਏ ਅਧੀਨ ਪੁਲਿਸ ਨੂੰ ਕਿਸੇ ਵੀ ਵਿਅਕਤੀ ਨੂੰ ਹਿਰਾਸਤ ਵਿਚ ਲੈਣ ਦੇ ਅਧਿਕਾਰ ਦੇਣ ਦੇ ਲਏ ਫੈਸਲੇ ਦੀ ਨਿਖੇਧੀ ਕੀਤੀ। ਇਥੇ ਸ਼ਾਹਕੋਟ ਅਤੇ ਸੁਲਤਾਨਪੁਰ ਲੋਧੀ ਹਲਕਿਆਂ ਵਿਚ ਪਾਰਟੀ ਵਰਕਰਾਂ ਨਾਲ ਗੱਲਬਾਤ ਕਰਦਿਆਂ [illegible]



ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਮੈਂ ਸਪਸ਼ਟ ਕਰਨਾ ਚਾਹੁੰਦਾ ਹਾਂ ਕਿ ਇਸ ਸ਼ਾਂਤਮਈ ਅੰਦੋਲਨ ਨਾਲ ਨਜਿੱਠਣ ਦਾ ਕੋਈ ਤਰੀਕਾ ਨਹੀਂ ਹੈ। ਉਹਨਾਂ ਕਿਹਾ ਕਿ ਮੈਂ ਉਪ ਰਾਜਪਾਲ ਨੂੰ ਅਪੀਲ ਕਰਦਾ ਹਾਂ ਕਿ ਇਹ ਹੁਕਮ ਤੁਰੰਤ ਵਾਪਸ ਲਏ ਜਾਣ। [illegible] ਬਾਦਲ ਨੇ ਦੋਵਾਂ ਹਲਕਿਆਂ ਵਿਚ [illegible] ਦਾ ਨਿਰੀਖਣ ਕੀਤਾ।

# ਵਿਦਿਆਰਥੀਆਂ 'ਤੇ ਲਾਠੀਚਾਰਜ ਦੀ ਨਿਖੇਧੀ

**ਜਲੰਧਰ (ਰਾਜੇਸ਼ ਥਾਪਾ)**- ਕੇਂਦਰ ਦੀ ਮੋਦੀ ਸਰਕਾਰ ਦੇ ਹੁਕਮਾਂ ਤਹਿਤ ਦਿੱਲੀ ਪੁਲਸ ਤੇ ਆਰ ਐੱਸ ਐੱਸ ਦੇ ਗੁੰਡਿਆਂ ਵੱਲੋਂ ਨੌਜਵਾਨਾਂ-ਵਿਦਿਆਰਥੀਆਂ ਦੀ ਵਹਿਸ਼ੀਆਨਾ ਕੁੱਟਮਾਰ ਅਤੇ ਪੰਜਾਬ ਪੁਲਸ ਦੇ ਉੱਚ ਅਧਿਕਾਰੀ ਰੋਜ਼ਾਨਾ ਲੋਕਤੰਤਰ ਨੂੰ ਛਿੱਕੇ ਟੰਗ ਕੇ, ਨਿਗੂਣੀਆਂ ਤਨਖਾਹਾਂ ਤੇ ਕੰਮ ਕਰਦੇ ਕਾਮੇ ਜੋ ਅਮਨ-ਅਮਾਨ ਨਾਲ ਆਪਣੀਆਂ ਮੰਗਾਂ ਲਈ ਸੰਘਰਸ਼ ਕਰਦੇ [illegible] ਆਊਟਸੋਰਸ ਤਹਿਤ ਭਰਤੀ ਬਿਜਲੀ ਵਿਭਾਗ, ਸੁਵਿਧਾ ਕੇਂਦਰ, ਮਨਰੇਗਾ ਕਰਮਚਾਰੀਆਂ ਸਮੇਤ ਹੋਰ ਵਿਭਾਗਾਂ ਦੇ ਕਾਮਿਆਂ ਨੂੰ ਪਟਿਆਲਾ, ਬਰਨਾਲਾ, ਲੁਧਿਆਣਾ ਵਿਖੇ ਕੀਤੇ ਅੰਨੇਵਾਹ ਲਾਠੀਚਾਰਜ ਦੀ ਨਿਖੇਧੀ ਕਰਦਿਆਂ ਸੈਂਟਰ ਆਫ ਟਰੇਡ ਯੂਨੀਅਨਜ਼ (ਸੀ ਟੀ ਯੂ) ਪੰਜਾਬ ਦੇ ਪ੍ਰਧਾਨ ਕਾਮਰੇਡ ਜਗਦੀਸ਼ ਚੰਦਰ ਲੁਧਿਆਣਾ ਅਤੇ ਜਨਰਲ ਸਕੱਤਰ ਕਾਮਰੇਡ ਹਰਿੰਦਰ ਸਿੰਘ ਰੰਧਾਵਾ ਨੇ ਸਾਂਝੇ ਪ੍ਰੈਸ ਬਿਆਨ ਵਿੱਚ ਸੱਦਾ ਦਿੱਤਾ ਕਿ ਨੌਜਵਾਨ-ਵਿਦਿਆਰਥੀਆਂ, ਠੇਕੇ ਤੇ ਆਊਟਸੋਰਸ ਭਰਤੀ ਕਾਮਿਆਂ, ਸਕੀਮ ਅਧਾਰਿਤ ਵਰਕਰਾਂ [illegible]



[illegible] ਜੋ ਕਿਸੇ ਹੋਰ ਸਰਕਾਰੀ ਯੋਜਨਾ ਵਿਚ ਵਰਤਣ ਤੇ ਲਾਈ ਰੋਕ ਦਾ ਸਵਾਗਤ ਕੀਤਾ। ਉਹਨਾਂ ਅੱਗੇ ਦੱਸਿਆ ਕਿ 31 ਜੁਲਾਈ ਤੋਂ ਸ਼ਹੀਦ ਊਧਮ ਸਿੰਘ ਸੁਨਾਮ ਨੂੰ ਸਮਰਪਤ ਭਾਈਚਾਰਕ ਸਾਂਝ ਨੂੰ ਮਜਬੂਤ ਕਰੋ ਹਫਤਾ ਭਰ ਮੀਟਿੰਗਾਂ-ਰੈਲੀਆਂ ਕਰਨ ਉਪਰੰਤ ਨਿਰਮਾਣ ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕੇ ਸੀ ਟੀ ਯੂ ਪੰਜਾਬ ਦੀ ਅਗਵਾਈ ਹੇਠ ਸਾਰੇ ਪੰਜਾਬ ਅੰਦਰ 11 ਅਗਸਤ ਨੂੰ ਜ਼ਿਲਾ ਲੇਬਰ ਅਫਸਰ ਦਫ਼ਤਰਾਂ ਸਾਹਮਣੇ ਰੋਸ ਧਰਨੇ ਦਿੱਤੇ ਜਾਣਗੇ।

# ਜੇ ਐਨ ਯੂ ਦੇ ਵਿਦਿਆਰਥੀਆਂ ਦੀ ਪ੍ਰਧਾਨ ਪੁੱਜ ਰਹੀ ਹੈ ਅੱਜ ਦੇ ਧਰਨਾ-ਪ੍ਰਦਰਸ਼ਨ 'ਚ

**ਜਲੰਧਰ-** ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਨਵੀਂ ਦਿੱਲੀ ਦੀ ਵਿਦਿਆਰਥੀ ਯੂਨੀਅਨ (ਜੇ.ਐਨ.ਯੂ.ਐਸ.ਯੂ.) ਦੀ ਚੁਣੀ



ਹੋਈ ਪ੍ਰਧਾਨ, ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ (ਆਇਸਾ) ਦੀ ਕੌਮੀ ਆਗੂ ਕਾਮਰੇਡ ਆਦਿਤੀ, ਭਲਕੇ 25 ਜੁਲਾਈ ਨੂੰ ਦੇਸ਼ ਭਗਤ ਯਾਦਗਾਰ ਜਲੰਧਰ ਵਿਖੇ ਖੱਬੀਆਂ ਪਾਰਟੀਆਂ ਵਲੋਂ ਕੀਤੇ ਜਾ ਰਹੇ ਧਰਨਾ-ਪ੍ਰਦਰਸ਼ਨ ਨੂੰ ਸੰਬੋਧਨ ਕਰਨ ਲਈ ਉਚੇਚੀ ਪੁੱਜ ਰਹੀ ਹੈ। ਉਨ੍ਹਾਂ ਦੇ ਨਾਲ ਨਿਰੰਤਰ 23 ਦਿਨ ਭੁੱਖ ਹੜਤਾਲ ਕਰਨ ਵਾਲੇ ਸਾਥੀ ਆਮੀਨ ਅਮਿਤੋਜ ਵੀ ਹੋਣਗੇ।ਇਹ ਜਾਣਕਾਰੀ ਇੱਥੋਂ ਜਾਰੀ ਇਕ ਬਿਆਨ ਰਾਹੀਂ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੀ ਕੇਂਦਰੀ ਕਮੇਟੀ ਦੇ ਮੈਂਬਰ ਸਾਥੀ ਮਹੀਪਾਲ ਨੇ ਦਿੱਤੀ।ਸਾਥੀ ਮਹੀਪਾਲ ਨੇ ਦੱਸਿਆ ਕਿ ਪੁਲਸ ਤੇ ਸੰਘ ਪਰਵਾਰ ਦੇ ਪਾਲੇ ਗੁੰਡਿਆਂ ਵਲੋਂ ਨਵੀਂ ਦਿੱਲੀ ਵਿਖੇ ਨੌਜਵਾਨਾਂ-ਵਿਦਿਆਰਥੀਆਂ 'ਤੇ ਢਾਹੇ ਗਏ ਅਣਮਨੁੱਖੀ ਜਬਰ ਖਿਲਾਫ ਕੀਤੇ ਜਾ ਰਹੇ ਉਕਤ ਧਰਨਾ-ਪ੍ਰਦਰਸ਼ਨ ਨੂੰ ਖੱਬੀਆਂ ਪਾਰਟੀਆਂ ਦੇ ਸਿਰਮੌਰ ਆਗੂ ਸਰਵ ਸਾਥੀ ਮੰਗਤ ਰਾਮ ਪਾਸਲਾ, ਦਰਸ਼ਨ ਖਟਕੜ, ਪਰਗਟ ਸਿੰਘ ਜਾਮਾਰਾਏ, ਸੁਖਦਰਸ਼ਨ ਨੱਤ, ਕਿਰਨਜੀਤ ਸਿੰਘ ਸੇਖੋਂ ਸੰਬੋਧਨ ਕਰਨਗੇ।

ਉਕਤ ਰੋਸ ਐਕਸ਼ਨ ਵਿਚ ਨਾਮਵਰ ਬੁੱਧੀਜੀਵੀ ਤੇ ਲੇਖਕ, ਉੱਘੀਆਂ ਸਮਾਜਕ ਹਸਤੀਆਂ ਤੇ ਜਨ ਸੰਗਠਨਾਂ ਦੇ ਸਿਰਮੌਰ ਆਗੂ ਵੀ ਪੁੱਜ ਰਹੇ ਹਨ।ਧਰਨਾ ਸਵੇਰੇ ਠੀਕ 11-00 ਵਜੇ ਸ਼ੁਰੂ ਹੋਵੇਗਾ ਅਤੇ ਸਮਾਪਤੀ 'ਤੇ ਡੀ ਸੀ ਦਫਤਰ ਵੱਲ ਰੋਸ ਜਲੂਸ ਵੀ ਕੱਢਿਆ ਜਾਵੇਗਾ।


# ਮੁਫ਼ਤ ਮੈਡੀਕਲ ਜਾਂਚ ਕੈਂਪ ਲਗਾਇਆ




**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਲਾਇਨਜ਼ ਕਲੱਬ ਡੇਰਾਬੱਸੀ ਵੱਲੋਂ ਸਥਾਨਕ [illegible] ਵਿਖੇ ਮੁਫ਼ਤ ਮੈਡੀਕਲ ਜਾਂਚ ਕੈਂਪ ਲਗਾਇਆ। ਕਲੱਬ ਦੇ ਪ੍ਰਧਾਨ ਕੇ ਪੀ ਸ਼ਰਮਾ ਦੀ ਅਗਵਾਈ ਹੇਠ ਆਯੋਜਿਤ ਇਸ ਕੈਂਪ ਦੌਰਾਨ ਜੀਵਨ ਜਯੋਤੀ ਹਸਪਤਾਲ ਮੁਬਾਰਿਕਪੁਰ ਤੋਂ ਡਾ. ਪਾਰਸ ਸੂਰੀ ਅਤੇ ਡਾ. ਰਵੀਨਾ ਸੂਰੀ ਦੀ ਦੇਖ-ਰੇਖ ਵਿਚ 150 ਤੋਂ ਵੱਧ ਬੱਚਿਆਂ ਦੀ ਸਿਹਤ ਦੀ ਜਾਂਚ ਕੀਤੀ। ਇਸ ਮੌਕੇ ਬੋਲਦਿਆਂ ਪ੍ਰਧਾਨ ਕੇ ਪੀ ਸ਼ਰਮਾ ਨੇ ਕਿਹਾ ਕਿ ਇਸ ਕੈਂਪ ਦਾ ਮੁੱਖ ਉਦੇਸ਼ ਬੱਚਿਆਂ ਦੀ ਸਿਹਤ ਦੀ ਜਾਂਚ ਕਰਨਾ ਅਤੇ ਉਨ੍ਹਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਹੈ। ਜਾਂਚ ਦੌਰਾਨ ਜਿਨ੍ਹਾਂ ਬੱਚਿਆਂ ਵਿਚ ਕੋਈ ਸਿਹਤ ਸਬੰਧੀ ਸਮੱਸਿਆ ਪਾਈ ਗਈ, ਉਨ੍ਹਾਂ ਨੂੰ ਅਗਲੇ ਇਲਾਜ ਲਈ ਡਾਕਟਰਾਂ ਵੱਲੋਂ ਸਲਾਹ ਦਿੱਤੀ ਗਈ ਤੇ ਮਾਪਿਆਂ ਨੂੰ ਵੀ ਇਸ ਬਾਰੇ ਜਾਣਕਾਰੀ ਦਿੱਤੀ ਗਈ। ਲਾਇਨਜ਼ ਕਲੱਬ ਵੱਲੋਂ ਜ਼ਰੂਰਤ ਅਨੁਸਾਰ ਮੁਫ਼ਤ ਦਵਾਈਆਂ ਅਤੇ ਸਿਹਤ ਸਬੰਧੀ ਜਾਣਕਾਰੀ ਵਾਲੇ ਪੈਂਫਲੇਟ ਵੀ ਵੰਡੇ ਗਏ। ਇਸ ਮੌਕੇ ਡਾਕਟਰ ਪਾਰਸ ਸੂਰੀ ਅਤੇ ਡਾ. ਰਵੀਨਾ ਸੂਰੀ ਨੇ ਵਿਦਿਆਰਥੀਆਂ ਨੂੰ ਸਫ਼ਾਈ, ਸੰਤੁਲਿਤ ਖੁਰਾਕ, ਨਿਯਮਤ ਕਸਰਤ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਨਾਉਣ ਲਈ ਪ੍ਰੇਰਿਤ ਕੀਤਾ। ਸਕੂਲ ਦੇ ਪ੍ਰਿੰਸੀਪਲ ਪ੍ਰੀਤਮ ਦਾਸ ਨੇ ਲਾਇਨਜ਼ ਕਲੱਬ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਕੈਂਪ ਬੱਚਿਆਂ ਦੀ ਸਿਹਤ ਸੰਭਾਲ ਲਈ ਬਹੁਤ ਲਾਭਦਾਇਕ ਹਨ। ਇਸ ਮੌਕੇ ਅਧਿਆਪਕ ਰਮਾ ਬੰਸਲ, ਰੀਜਨ ਚੇਅਰਮੈਨ ਸਤੀਸ਼ ਭਾਸਕਰ, ਕਲੱਬ ਦੇ ਸਕੱਤਰ ਉਪੇਸ਼, ਬੰਸਲ, ਡਾਕਟਰ ਬਰਖਾ ਰਾਮ ਪ੍ਰੇਮ ਸਿੰਘ ਆਦਿ ਕਲੱਬ ਮੈਂਬਰ ਮੌਜੂਦ ਸਨ।

# ਵਿੱਤ ਤੇ ਟਰਾਂਸਪੋਰਟ ਮੰਤਰੀ ਨਾਲ ਮੀਟਿੰਗ 28 ਨੂੰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਇੱਥੇ ਆਲ ਇੰਡੀਆ ਮੋਟਰ ਟਰਾਂਸਪੋਰਟ ਕਾਂਗਰਸ ਦੇ ਕੇਂਦਰੀ ਆਗੂ [illegible] ਨੇ ਦੱਸਿਆ ਕਿ ਸੂਬੇ ਵਿੱਚ ਟਰਾਂਸਪੋਰਟ ਨਾਲ ਜੁੜੇ ਲੋਕਾਂ ਨੂੰ ਬਹੁਤ ਵੱਡੇ ਪੱਧਰ ਤੇ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ। ਮੌਜੂਦਾ ਸਰਕਾਰ ਦੇ ਰਾਜ ਦੌਰਾਨ ਨਵੀਆਂ ਗੱਡੀਆਂ ਦੀਆਂ ਰਜਿਸਟਰੇਸ਼ਨ, ਪਰਮਿਟ ਅਤੇ ਲਾਇਸੈਂਸ ਬਣਾਉਣ ਵਿੱਚ ਦੋ ਮਹੀਨੇ ਤੋਂ ਉੱਪਰ ਸਮਾਂ ਲੱਗ ਜਾਂਦਾ ਹੈ।ਜਿਸ ਨਾਲ ਟਰੱਕ ਮਾਲਕਾਂ ਦਾ ਵੱਡੇ ਪੱਧਰ ਤੇ ਆਰਥਿਕ ਨੁਕਸਾਨ ਹੁੰਦਾ ਹੈ। ਜਦਕਿ ਦੂਜੇ ਰਾਜਾਂ ਵਿੱਚ ਮਿੰਟਾਂ ਵਿੱਚ ਹੀ ਆਰਸੀ,ਪਰਮਿਟ ਬਣਾ ਕੇ ਟਰੱਕ ਮਾਲਕਾਂ ਨੂੰ ਦੇ ਦਿੱਤਾ ਜਾਂਦਾ ਹੈ। ਉਹਨਾਂ ਨੇ ਕਿਹਾ ਇਹ ਸਾਰੀਆਂ ਸਮੱਸਿਆਵਾਂ ਨੂੰ ਲੈ ਕੇ 28 ਜੁਲਾਈ ਨੂੰ ਸੂਬੇ ਦੇ ਵਿੱਤ ਮੰਤਰੀ, ਟ੍ਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਮੀਟਿੰਗ ਤੈਅ ਕੀਤੀ ਗਈ ਹੈ।ਜਿਸ ਵਿੱਚ ਮੰਗ ਕੀਤੀ ਜਾਵੇਗੀ ਕਿ ਪੰਜਾਬ ਦੀਆਂ ਟਰੱਕ ਯੂਨੀਅਨਾਂ,ਟਰਾਂਸਪੋਰਟ ਸੁਸਾਇਟੀਆ ਦੀ ਮੁੜ ਬਹਾਲੀ ਕੀਤੀ ਜਾਵੇ। ਇਸ ਮੌਕੇ ਤੇ ਪੰਜਾਬ ਟਰੱਕ ਅਪਰੇਟਰਜ ਯੂਨੀਅਨ ਦੇ ਆਗੂ ਕਾਮਰੇਡ ਸੁਰਜੀਤ ਸਿੰਘ ਢੇਰ, ਕਾਕਾ ਸਿੰਘ, ਬਲਕਾਰ ਸਿੰਘ ਬਲਕਾਰੀ ਅਤੇ ਨੱਥਾ ਸਿੰਘ ਆਦਿ ਵੀ ਹਾਜ਼ਰ ਸਨ।



# ਸਖੀ ਐਪ ਬਾਰੇ ਟਰੇਨਿੰਗ, ਨਵੇਂ ਰਾਸ਼ਨ ਕਾਰਡ ਭਰਨ ਨੂੰ ਲੈ ਕੇ ਬਲਾਕ ਪ੍ਰਧਾਨਾਂ ਦੀ ਮੀਟਿੰਗ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਸਖੀ ਐਪ ਬਾਰੇ ਟਰੇਨਿੰਗ, ਨਵੇਂ ਰਾਸ਼ਨ ਕਾਰਡ ਭਰਨ ਨੂੰ ਲੈ ਕੇ ਅਤੇ ਆਉਣ ਵਾਲੀ ਵਿਧਾਨ ਸਭਾ ਚੋਣ ਦੇ ਸੰਬੰਧ ਵਿੱਚ ਹਲਕਾ ਨਕੋਦਰ 'ਚ ਆਮ ਆਦਮੀ ਪਾਰਟੀ ਦੀਆਂ ਬਲਾਕ ਪ੍ਰਧਾਨਾਂ ਦੀ ਇਕ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਕਿਹਾ ਆਪ ਦਾ ਇਸਤਰੀ ਵਿੰਗ ਲੋਕ ਸੇਵਾ ਲਈ ਡਟਿਆ ਹੋਇਆ ਹੈ। ਇਸ ਮੌਕੇ ਬੀਬੀ ਮਾਨ ਨੇ ਕਿਹਾ ਕਿ ਰਾਸ਼ਨ ਕਾਰਡ ਉਹਨਾਂ ਲੋਕਾਂ ਦੇ ਬਣਨੇ ਬਹੁਤ ਜ਼ਰੂਰੀ ਹਨ ਜੋ ਅਸਲ ਹੱਕਦਾਰ ਹਨ। ਇਸ ਮੌਕੇ ਬਲਾਕ ਪੱਧਰ ਤੇ ਇਸਤਰੀ ਵਿੰਗ ਦੇ ਵਰਕਰਾਂ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਘਰ ਘਰ ਤੱਕ ਪ੍ਰਚਾਰ ਕਰਨ ਦੀ ਹਦਾਇਤ ਕੀਤੀ। ਜ਼ੋਨ ਇੰਚਾਰਜ ਕ੍ਰਿਸ਼ਨਾ ਗਰੇਵਾਲ ਨੇ ਇਸ ਮੌਕੇ ਪਾਰਟੀ ਪ੍ਰੋਗਰਾਮ ਬਾਰੇ ਜਾਣਕਾਰੀ ਦਿੱਤੀ। ਜ਼ਿਲ੍ਹਾ ਪ੍ਰਧਾਨ ਹਰਪ੍ਰੀਤ ਕੌਰ ਨੇ ਆਖਿਆ ਪਿੰਡ ਪਿੰਡ ਜਾ ਕੇ ਆਮ ਆਦਮੀ ਪਾਰਟੀ ਦੇ ਸੰਗਠਨ ਵਿੱਚ ਵਾਧਾ ਕੀਤਾ ਜਾਵੇ। ਹਲਕਾ ਨਕੋਦਰ ਦੀ ਕੋਆਰਡੀਨੇਟਰ ਰੇਸ਼ਮਾ ਸਰਪੰਚ ਨੇ ਵਿਸ਼ਵਾਸ ਦਿਵਾਇਆ ਕਿ ਇਸਤਰੀ ਵਿੰਗ ਪੂਰੀ ਸਰਗਰਮੀ ਨਾਲ ਹਲਕੇ ਵਿੱਚ ਸਰਗਰਮ ਹੈ। ਇਸ ਮੌਕੇ ਬਲਾਕ ਪ੍ਰਧਾਨਾਂ ਵਿੱਚ ਰਾਜ ਰਾਣੀ ਨਕੋਦਰ, ਬਲਰਾਜ ਕੌਰ ਬਿਲਗਾ, ਕੁਲਵਿੰਦਰ ਕੌਰ ਨਕੋਦਰ, ਲਛਮੀ ਸ਼ਮਸ਼ਾਬਾਦ, ਜਸਵਿੰਦਰ ਕੌਰ ਕਾਂਗਣਾ, ਕੁਲਦੀਪ ਕੌਰ ਸ਼ੰਕਰ, ਕਮਲਜੀਤ ਕੌਰ ਥੰਮਣਵਾਲ, ਜੋਤੀਬਾਲਾ ਬੁਰਜ ਕੇਲਾ, ਰਚਨਾ ਨੂਰਮਹਿਲ, ਹਰਦੀਪ ਕੌਰ ਸਰਪੰਚ, ਹਰਬੰਸ ਕੌਰ ਬਿੱਲਾ ਨਵਾਬ , ਮੋਨਕਾ ਸੂਦ ਮਲੀਆ ਕਲਾਂ, ਪਰਵੀਨ ਕੌਰ ਚੂਹੜ ਅਤੇ ਹੋਰ ਮਹਿਲਾ ਵਿੰਗ ਦੀਆਂ ਵਰਕਰਾਂ ਇਸ ਮੌਕੇ ਸ਼ਾਮਲ ਸਨ।



# ਨੀਤੀ ਤਲਵਾਰ ਨੇ ਮਹਿਲਾਵਾਂ ਸਹਿਤ ਚੇਤਨਾ ਮਾਰਚ 'ਚ ਕੀਤੀ ਸ਼ਿਰਕਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮੀਰੀ ਪੀਰੀ ਦੇ ਮਾਲਕ, ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪਵਿੱਤਰ 'ਮੀਰੀ ਪੀਰੀ ਦਿਵਸ' ਮੌਕੇ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਇੱਕ ਵਿਸ਼ੇਸ਼ ਚੇਤਨਾ (ਖ਼ਾਲਸਾ) ਮਾਰਚ ਦਾ ਆਯੋਜਨ ਕੀਤਾ ਗਿਆ। ਇਸ ਰੂਹਾਨੀ ਅਤੇ ਪੰਥਕ ਮਾਰਚ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਮਹਿਲਾ ਨੇਤਰੀ ਨੀਤੀ ਤਲਵਾਰ ਆਪਣੇ ਵਿਸ਼ੇਸ਼ ਸਾਥੀਆਂ ਅਤੇ ਵੱਡੀ ਗਿਣਤੀ 'ਚ ਸਮਰਥਕਾਂ ਸਮੇਤ ਸ਼ਰਧਾ ਤੇ ਉਤਸ਼ਾਹ ਨਾਲ ਸ਼ਾਮਲ ਹੋਏ। ਮੀਰੀ ਪੀਰੀ ਦੇ ਮਹਾਨ ਸਿਧਾਂਤ—ਭਗਤੀ ਅਤੇ ਸ਼ਕਤੀ ਦੇ ਸੁਮੇਲ ਨੂੰ ਸੰਗਤਾਂ ਤੱਕ ਪਹੁੰਚਾਉਣ ਅਤੇ ਕੌਮੀ ਚੇਤਨਾ ਬੁਲੰਦ ਕਰਨ ਦੇ ਮਕਸਦ ਨਾਲ ਕੱਢੇ ਗਏ ਇਸ ਮਾਰਚ ਵੱਡੀ ਗਿਣਤੀ 'ਚ ਸੰਗਤਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਮਹਿਲਾ ਆਗੂ ਨੀਤੀ ਤਲਵਾਰ ਨੇ ਕਿਹਾ: 'ਮੀਰੀ ਪੀਰੀ ਦਾ ਦਿਹਾੜਾ ਸਿੱਖ ਇਤਿਹਾਸ ਦਾ ਇੱਕ ਸੁਨਹਿਰੀ ਅਤੇ ਪ੍ਰੇਰਨਾਦਾਇਕ ਪੰਨਾ ਹੈ। ਛੇਵੇਂ ਪਾਤਸ਼ਾਹ ਨੇ ਸਾਨੂੰ ਅਨਿਆਏ ਖ਼ਿਲਾਫ਼ ਲੜਨ ਅਤੇ ਧਰਮ ਦੇ ਰਾਹ 'ਤੇ ਚੱਲਣ ਦਾ ਜੋ ਮਾਰਗ ਵਿਖਾਇਆ ਹੈ, ਉਸ 'ਤੇ ਪਹਿਰਾ ਦੇਣਾ ਸਾਡਾ ਪਰਮ ਧਰਮ ਹੈ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਆਰੰਭ ਕੀਤਾ ਗਿਆ ਇਹ ਚੇਤਨਾ ਮਾਰਚ ਨੌਜਵਾਨ ਪੀੜ੍ਹੀ ਨੂੰ ਆਪਣੀ ਵਿਰਾਸਤ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਏਗਾ।' ਉਨ੍ਹਾਂ ਇਹ ਵੀ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਅਤੇ ਸਿੱਖ ਸਿਧਾਂਤਾਂ 'ਤੇ ਪਹਿਰਾ ਦਿੰਦਾ ਰਿਹਾ ਹੈ ਅਤੇ ਭਵਿੱਖ ਵਿੱਚ ਵੀ ਅਜਿਹੇ ਪੰਥਕ ਕਾਰਜਾਂ ਵਿੱਚ ਵਧ-ਚੜ੍ਹ ਕੇ ਯੋਗਦਾਨ ਪਾਉਂਦਾ ਰਹੇਗਾ। ਚੇਤਨਾ ਮਾਰਚ ਦੌਰਾਨ ਸੰਗਤਾਂ ਨੇ 'ਜੈਕਾਰਿਆਂ' ਦੀ ਗੂੰਜ ਨਾਲ ਪੂਰੇ ਮਾਹੌਲ ਨੂੰ ਖ਼ਾਲਸਾਈ ਜਾਹੋ-ਜਲਾਲ ਨਾਲ ਭਰ ਦਿੱਤਾ। ਇਸ ਮੌਕੇ ਨੀਤੀ ਤਲਵਾਰ ਦੇ ਨਾਲ ਹੋਰ ਪ੍ਰਮੁੱਖ ਆਗੂ, ਮਹਿਲਾ ਵਿੰਗ ਦੀਆਂ ਬੀਬੀਆਂ ਅਤੇ ਅਕਾਲੀ ਵਰਕਰ ਵੱਡੀ ਗਿਣਤੀ 'ਚ ਮੌਜੂਦ ਸਨ।



# ਅਕਾਲੀ ਦਲ (ਬਾਦਲ) ਦਾ ਜ਼ਿਲ੍ਹਾ ਯੂਥ ਪ੍ਰਧਾਨ 'ਆਪ' 'ਚ ਸ਼ਾਮਲ

**ਚੰਡੀਗੜ੍ਹ**- ਆਮ ਆਦਮੀ ਪਾਰਟੀ (ਆਪ) ਨੂੰ ਉਸ ਸਮੇਂ ਇੱਕ ਵੱਡੀ ਰਾਜਨੀਤਕ ਮਜ਼ਬੂਤੀ ਮਿਲੀ, ਜਦੋਂ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਮਾਨਸਾ ਤੋਂ ਜ਼ਿਲ੍ਹਾ ਯੂਥ ਪ੍ਰਧਾਨ ਹਨੀਸ਼ ਬੰਸਲ ਆਪਣੇ ਸਹਿਯੋਗੀਆਂ ਸਮੇਤ ਅਧਿਕਾਰਤ ਤੌਰ 'ਤੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਮੁੱਖ ਮੰਤਰੀ ਭਗਵੰਤ ਮਾਨ ਦੇ ਓ ਐੱਸ ਡੀ ਰਾਜਬੀਰ ਘੁੰਮਣ ਨੇ ਹਨੀਸ਼ ਬੰਸਲ ਨੂੰ ਪਾਰਟੀ ਦਾ ਸਿਰੋਪਾਓ ਪਾ ਕੇ 'ਆਪ' ਪਰਵਾਰ ਵਿੱਚ ਰਸਮੀ ਤੌਰ 'ਤੇ ਸ਼ਾਮਲ ਕਰਵਾਇਆ ਅਤੇ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ। ਹਨੀਸ਼ ਬੰਸਲ ਸ਼੍ਰੋਮਣੀ ਅਕਾਲੀ ਦਲ ਵਿੱਚ ਲੰਬੇ ਸਮੇਂ ਤੋਂ ਸਰਗਰਮ ਭੂਮਿਕਾ ਨਿਭਾਉਂਦੇ ਰਹੇ ਹਨ ਅਤੇ ਪਾਰਟੀ ਦੇ ਕਈ ਅਹਿਮ ਤੇ ਜ਼ਿੰਮੇਵਾਰ ਅਹੁਦਿਆਂ 'ਤੇ ਆਪਣੀਆਂ ਸੇਵਾਵਾਂ ਦੇ ਚੁੱਕੇ ਹਨ। ਇਸ ਮੌਕੇ ਮੁੱਖ ਮੰਤਰੀ ਦੇ ਓਐੱਸਡੀ ਰਾਜਬੀਰ ਘੁੰਮਣ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਹਮੇਸ਼ਾ ਤੋਂ ਸਮਾਜ ਦੇ ਹਰ ਵਰਗ ਨੂੰ ਨਾਲ ਲੈ ਕੇ ਚੱਲਣ ਦੀਆਂ ਰਹੀਆਂ ਹਨ। ਹਨੀਸ਼ ਬੰਸਲ ਵਰਗੇ ਜੁਝਾਰੂ ਯੂਥ ਆਗੂ ਦੇ ਆਉਣ ਨਾਲ ਮਾਨਸਾ ਵਿੱਚ ਪਾਰਟੀ ਦੀ ਤਾਕਤ ਦੁੱਗਣੀ ਹੋਵੇਗੀ। ਉਨ੍ਹਾਂ ਨੂੰ ਪਾਰਟੀ ਵਿੱਚ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ। ਉੱਥੇ ਹੀ, ਪਾਰਟੀ ਵਿੱਚ ਸ਼ਾਮਲ ਹੋਣ ਤੋਂ ਬਾਅਦ ਹਨੀਸ਼ ਬੰਸਲ ਨੇ ਕਿਹਾ ਕਿ ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਲੋਕ-ਪੱਖੀ ਨੀਤੀਆਂ ਅਤੇ ਪਾਰਦਰਸ਼ੀ ਸ਼ਾਸਨ ਤੋਂ ਪ੍ਰਭਾਵਿਤ ਹੋ ਕੇ 'ਆਪ' ਵਿੱਚ ਸ਼ਾਮਲ ਹੋਣ ਦਾ ਫੈਸਲਾ ਲਿਆ ਹੈ।



# ਮਨਰੇਗਾ ਅਤੇ ਸਫ਼ਾਈ ਕਰਮਚਾਰੀਆਂ 'ਤੇ ਕੀਤੇ ਅੰਨ੍ਹੇ ਤਸ਼ੱਦਦ ਦੀ ਨਿਖੇਧੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਵੱਲੋਂ ਮਨਰੇਗਾ ਅਤੇ ਸਫ਼ਾਈ ਕਰਮਚਾਰੀਆਂ ਤੇ ਕੀਤੇ ਗਏ ਅੰਨ੍ਹੇ ਤਸ਼ੱਦਦ ਦੀ ਗੌਰਮਿੰਟ ਟੀਚਰਜ਼ ਯੂਨੀਅਨ ਤੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਆਗੂ ਪ੍ਰਿੰਸ ਪਲਿਆਲ ਗੜ੍ਹਦੀਵਾਲ, ਰਜਤ ਮਹਾਜਨ, ਜਸਵੀਰ ਤਲਵਾੜਾ, ਪ੍ਰਿਤਪਾਲ ਸਿੰਘ ਚੌਟਾਲਾ, ਸੰਜੀਵ ਧੂਤ, ਵਰਿੰਦਰ ਵਿੱਕੀ, ਕਮਲਦੀਪ ਸਿੰਘ ਅਤੇ ਰਜਿੰਦਰ ਟੱਪਾ ਵਲੋਂ ਸਖ਼ਤ ਨਿਖੇਧੀ ਕੀਤੀ ਗਈ। ਉਪਰੋਕਤ ਆਗੂਆਂ ਨੇ ਕਿਹਾ ਕਿ ਆਪਣੇ ਹੱਕਾਂ ਲਈ ਆਵਾਜ਼ ਉਠਾ ਰਹੇ ਮਨਰੇਗਾ ਅਤੇ ਸਫਾਈ ਕਰਮਚਾਰੀਆਂ ਦੀ ਸਰਕਾਰ ਨੇ ਬੁਰੀ ਤਰ੍ਹਾਂ ਕੁੱਟ ਮਾਰ ਕੀਤੀ , ਜਿਸ ਨਾਲ ਸੈਂਕੜੇ ਕਰਮਚਾਰੀ ਜਖਮੀ ਹੋ ਗਏ ਸਨ। ਉਹਨਾਂ ਕਿਹਾ ਕਿ ਸਰਕਾਰ ਕਰਮਚਾਰੀਆਂ ਦੀਆਂ ਮੰਗਾਂ ਪੁਰਾਣੀ ਪੈਨਸ਼ਨ ਬਹਾਲੀ, ਡੀ ਏ, ਅਤੇ ਕੱਚੇ ਮੁਲਾਜ਼ਮ ਪੱਕੇ ਆਦਿ ਦਾ ਤੁਰੰਤ ਨਿਪਟਾਰਾ ਕਰੇ।

# ਮਮਤਾ ਦਿਵਸ ਤਹਿਤ ਟੀਕਾਕਰਨ ਸੈਸ਼ਨਾਂ ਦਾ ਨਿਰੀਖਣ

**ਨਵਾਂਸ਼ਹਿਰ (ਮਨੋਜ ਲਾਡੀ)**- ਸਿਵਲ ਸਰਜਨ ਡਾ.ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮੁੱਢਲਾ ਸਿਹਤ ਕੇਂਦਰ ਮੁਜ਼ੱਫਰਪੁਰ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਿੰਦਰਜੀਤ ਕੌਰ ਨੇ ਆਯੂਸ਼ਮਾਨ ਆਰੋਗਿਆ ਕੇਂਦਰ ਲੰਗੜੋਆ ਬਰਨਾਲਾ ਕਲਾਂ ਅਤੇ ਪੁੰਨੂੰ ਮਜਾਰਾ ਵਿਖੇ ਮਮਤਾ ਦਿਵਸ ਤਹਿਤ ਆਯੋਜਿਤ ਟੀਕਾਕਰਨ ਸੈਸ਼ਨਾਂ ਦਾ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਟੀਕਾਕਰਨ ਪ੍ਰਬੰਧਾਂ, ਲਾਭਪਾਤਰੀਆਂ ਦੀ ਹਾਜ਼ਰੀ, ਰਿਕਾਰਡ ਸੰਭਾਲ ਅਤੇ ਸੇਵਾਵਾਂ ਦੀ ਗੁਣਵੱਤਾ ਦਾ ਜਾਇਜ਼ਾ ਲਿਆ। ਨਿਰੀਖਣ ਦੌਰਾਨ ਡਾ. ਸਤਿੰਦਰਜੀਤ ਕੌਰ ਨੇ ਐੱਲਐੱਚਵੀਜ਼, ਏਐੱਨਐੱਮਜ਼, ਆਸ਼ਾ ਵਰਕਰਾਂ ਅਤੇ ਹੋਰ ਸਿਹਤ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ 20 ਤੋਂ 25 ਜੁਲਾਈ 2026 ਤੱਕ ਚੱਲ ਰਹੇ ਸੂਬਾ-ਪੱਧਰੀ ਐੱਮ ਆਰ ਕੈਚ-ਅੱਪ ਰਾਊਂਡ ਨੂੰ ਸਰਵਉੱਚ ਤਰਜੀਹ ਦੇ ਆਧਾਰ'ਤੇ ਸਫ਼ਲਤਾ ਪੂਰਵਕ ਨੇਪਰੇ ਚਾੜ੍ਹਿਆ ਜਾਵੇ।

# ਸੰਤ ਬਾਬਾ ਮਿੱਤ ਸਿੰਘ ਦੀ ਯਾਦ ਨੂੰ ਸਮਰਪਿਤ ਗੁਰਮਤਿ ਸਮਾਗਮ

**ਆਦਮਪੁਰ, (ਪਰਮਜੀਤ ਸਿੰਘ)**- ਸੰਤ ਬਾਬਾ ਮਿੱਤ ਸਿੰਘ ਦੀ ਯਾਦ ਨੂੰ ਸਮਰਪਿਤ ਸਾਲਾਨਾ ਮਹਾਨ ਗੁਰਮਤਿ ਸਮਾਗਮ ਮੁੱਖ ਸੇਵਾਦਾਰ ਸੰਤ ਤਲਵਿੰਦਰ ਸਿੰਘ ਪਰਮੇਸ਼ਰ ਦੀ ਅਗਵਾਈ ਸਮੂਹ ਗ੍ਰਾਮ ਪੰਚਾਇਤ ਸਮੇਤ ਇਲਾਕੇ ਦੀਆਂ ਸੰਗਤਾਂ ਦੇ ਵਿਸ਼ੇਸ਼ ਸਹਿਯੋਗ ਨਾਲ ਪਿੰਡ ਕਿਸ਼ਨਪੁਰ,ਜੱਫੂਲ ਝਿੰਗੜਾ ਵਿਖੇ ਕਰਵਾਇਆ ਗਿਆ।ਸਮਾਗਮ ਦੀ ਆਰੰਭਤਾ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਦੀਵਾਨ ਦੀਵਾਨ ਸਜਾਏ ਗਏ, ਜਿਸ 'ਚ ਇਲਾਕੇ ਦੇ ਸੰਤ ਮਹਾਂਪੁਰਸ਼ ਤੇ ਰਾਗੀ ਢਾਡੀ ਕਥਾ ਵਾਚਕ, ਜਿਨ੍ਹਾਂ 'ਚ ਭਾਈ ਘੁਮੰਡਾ ਸਿੰਘ, ਭਾਈ ਰੁਪਿੰਦਰ ਸਿੰਘ ਮਸਤੂਆਣਾ, ਢਾਡੀ ਗਿਆਨੀ ਗੁਰਦਿਆਲ ਸਿੰਘ ਲੱਖਪੁਰ, ਢਾਡੀ ਬਿਮਲਜੀਤ ਸਿੰਘ ਆਦਮਪੁਰ, ਕੁਲਜੀਤ ਸਿੰਘ ਨੈਰੋਬੀ ਵਾਲੇ, ਭਾਈ ਜਤਿੰਦਰ ਸਿੰਘ ਮਲਕਪੁਰ, ਭਾਈ ਭੁਪਿੰਦਰ ਸਿੰਘ ਉਦੇਸੀਆਂ ਬੋਲੋ ਸੰਗਤਾਂ ਨੂੰ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੌਰਾਨ ਹਾਜ਼ਰ ਸੰਤ ਮਹਾਂਪੁਰਖ ਦਿਨਾਂ 'ਚ ਸੰਤ ਤੇਜਾ ਸਿੰਘ ਖੁੱਡਾ ਕਰਾਲਾ, ਪ੍ਰਿੰਸੀਪਲ ਮਨਿੰਦਰ ਸਿੰਘ ਸਾਹਿਬਜ਼ਾਦਾ ਜੁਝਾਰ ਸਿੰਘ ਗੁਰਮਤ ਮਿਸ਼ਨਰੀ ਕਾਰਜ ਰੋਪੜ, ਸੰਤ ਅਮਰਜੀਤ ਸਿੰਘ ਹਰਖੋਵਾਲ, ਸੰਤ ਗੁਰਚਰਨ ਸਿੰਘ ਵਡੋ, ਗਿਆਨੀ ਸੁਰਜੀਤ ਸਿੰਘ ਹਰਖੋਵਾਲ, ਸੰਤ ਸੁਰਿੰਦਰ ਸਿੰਘ ਸੋਢੀ ਕੰਦੋਲਾ, ਸੰਤ ਮਨਜੀਤ ਸਿੰਘ ਠਕਰੋਵਾਲ, ਸੰਤ ਮਹਾਂਵੀਰ ਸਿੰਘ ਸੰਤ ਬਾਬਾ ਮਿੱਤ ਸਿੰਘ ਦੀ ਜੀਵਨੀ, ਉਨ੍ਹਾਂ ਦੀਆਂ ਘਾਲਣਾਵਾਂ ਅਤੇ ਮਾਨਵਤਾ ਦੀ ਸੇਵਾ ਲਈ ਪਾਏ ਯੋਗਦਾਨ, ਸੰਤ ਕਰਮਜੀਤ ਸਿੰਘ ਟਿੱਬਾ ਸਾਹਿਬ, ਸੰਤ ਨਾਗਰ ਸਿੰਘ ਈਸਪੁਰ, ਸੰਤ ਗੁਰਚਰਨ ਸਿੰਘ ਵੱਡ, ਸੰਤ ਜਸਪਾਲ ਸਿੰਘ ਪੰਜੌੜਾ, ਸੰਤ ਮੱਖਣ ਸਿੰਘ ਟੌਟੂ ਮਜਾਰਾ, ਸੰਤ ਸੁਖਵੰਤ ਸਿੰਘ ਨਾਹਲ ਵਲੋਂ ਕਥਾਵਾਚਕਾਂ ਅਤੇ ਪ੍ਰਚਾਰਕਾਂ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ 'ਤੇ ਚਾਨਣਾ ਪਾਇਆ।



ਸਟੇਜ ਦੀ ਸੇਵਾ ਭਗਵੰਤ ਸਿੰਘ ਜੌਹਲ ਵਲੋਂ ਬਾਖੂਬੀ ਨਿਭਾਈ ਗਈ। ਮੁੱਖ ਸੇਵਾਦਾਰ ਸੰਤ ਤਲਵਿੰਦਰ ਸਿੰਘ ਵਲੋਂ ਹਾਜ਼ਰ ਮੁੱਖ ਮਹਿਮਾਨਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

# ਰਜਿੰਦਰ ਕੌਰ ਜਟਾਣਾ ਦੀ ਮੌਤ 'ਤੇ ਵੱਖ ਵੱਖ ਆਗੂਆਂ ਨੇ ਕੀਤਾ ਗਹਿਰੇ ਦੁੱਖ ਦਾ ਪ੍ਰਗਟਾਵਾ

**ਨੰਗਲ (ਸੁਰਜੀਤ ਸਿੰਘ ਢੇਰ)**- ਸੇਵਾ ਮੁਕਤ ਬਲਾਕ ਸਿੱਖਿਆ ਅਫਸਰ ਬੀਬੀ ਰਜਿੰਦਰ ਕੌਰ ਜਟਾਣਾ ਪਤਨੀ ਗੌਰਮਿੰਟ ਟੀਚਰਜ਼ ਯੂਨੀਅਨ ਦੇ ਉਘੇ ਆਗੂ ਲੇਟ ਕੁਲਵੀਰ ਸਿੰਘ ਜਟਾਣਾ ਵਾਸੀ ਜਟਾਣਾ ਨੇੜੇ ਚਮਕੌਰ ਸਾਹਿਬ ਬੀਤੇ ਦਿਨੀ ਸੰਦੀਵੀ ਵਿਛੋੜਾ ਦੇ ਗਏ। ਉਹਨਾਂ ਦੀ ਮੌਤ ਨਾਲ ਜਿਥੇ ਪਰਿਵਾਰ ਨੂੰ ਭਾਰੀ ਘਾਟਾ ਪਿਆ ਉਥੇ ਇਲਾਕੇ ਦੇ ਲੋਕਾਂ ਨੂੰ ਵੀ ਬਹੁਤ ਵੱਡਾ ਘਾਟਾ ਪਿਆ। ਇਸ ਮੌਕੇ ਤੇ ਉਹਨਾਂ ਦੇ ਪੁੱਤਰ ਚਰਨਜੀਤ ਸਿੰਘ, ਇੰਦਰਜੀਤ ਸਿੰਘ, ਤਰਨਜੀਤ ਸਿੰਘ, ਨੂਹਾਂ ਗੁਰਪ੍ਰੀਤ ਕੌਰ, ਬਲਵਿੰਦਰ ਕੌਰ ਪਰਿਵਾਰ ਨਾਲ ਵੱਖ ਵੱਖ ਆਗੂਆਂ ਨੇ ਦੁੱਖ ਸਾਂਝਾ ਕੀਤਾ। ਬੀਬੀ ਜਟਾਣਾ ਗੋਰਮਿੰਟ ਟੀਚਰਜ਼ ਯੂਨੀਅਨ ਦੇ ਉਘੇ ਆਗੂ ਰਹੇ।ਇਸ ਮੌਕੇ ਤੇ ਮਾਸਟਰ ਸੁੱਚਾ ਸਿੰਘ ਖੱਟੜਾ,ਸੀਪਆਈ ਐਮ ਦੇ ਜਿਲ੍ਹਾ ਸਕੱਤਰ ਬਜਿੰਦਰ ਪੰਡਤ,



ਕਾਮਰੇਡ ਸੁਰਜੀਤ ਸਿੰਘ ਢੇਰ, ਪਵਨ ਕੁਮਾਰ ਚੱਕ ਕਰਮਾ, ਗੁਰਦੇਵ ਸਿੰਘ ਬਾਗੀ, ਜਸਵਿੰਦਰ ਸਿੰਘ ਭੰਗਲ, ਦਲੀਪ ਸਿੰਘ ਘਨੌਲਾ, ਸੁਪਿੰਦਰ ਸਿੰਘ, ਤਰਲੋਚਨ ਸਿੰਘ ਹੁਸੈਨਪੁਰ, ਮੱਘਰ ਸਿੰਘ, ਪ੍ਰਿੰਸੀਪਲ ਦੇਵ ਰਾਜ ਧਾਮੀ, ਪ੍ਰਿੰਸੀਪਲ ਸੁਖਦੇਵ ਸਿੰਘ, ਮਾਸਟਰ ਮਨੋਹਰ ਸਿੰਘ, ਮਾਸਟਰ ਪਰਮਜੀਤ ਸਿੰਘ ਖਿਜਰਾਬਾਦ, ਮਾਸਟਰ ਹਰਨੇਕ ਸਿੰਘ ਮਾਵੀ, ਸੁਖਦੇਵ ਸਿੰਘ, ਪ੍ਰਿੰਸੀਪਲ ਰਾਜੀਵ ਮੇਜਰ, ਰਜਿੰਦਰ ਸਿੰਘ ਡੋਡ, ਤਰਸੇਮ ਸਿੰਘ ਭੱਲੜੀ, ਮਹਿੰਦਰ ਸਿੰਘ ਸੰਗਤਪੁਰ, ਰਕੇਸ਼ ਬਾਲੀ ਕਲਸੇੜਾ,ਰਾਮ ਕਿਸ਼ਨ ਦਬਕੇਹੜਾ, ਭਜਨ ਸਿੰਘ ਸੰਦੋਆ, ਗੀਤਾ ਰਾਮ, ਪ੍ਰੇਮ ਚੰਦ ਜੱਟ ਪੁਰ, ਕਰਨੈਲ ਸਿੰਘ ਬਜਰੂੜ, ਸੋਮ ਸਿੰਘ ਕਰਤਾਰਪੁਰ, ਰੋਸ਼ਨ ਸਿੰਘ, ਰਾਮ ਸਿੰਘ ਸੈਣੀ ਮਾਜਰਾ,ਬਿਕੱਰ ਸਿੰਘ ਗਿੱਲ ਨੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਚੇਤੇ ਰਹਿ ਕੇ ਇਹਨਾਂ ਦੇ ਬਜ਼ੁਰਗ ਗਿਆਨੀ ਦਲਜੀਤ ਸਿੰਘ ਖੱਬੀ ਲਹਿਰ ਦੇ ਵੱਡਿਆਂ ਸਮਰਥਕਾਂ ਵਿੱਚ ਇੱਕ ਸਨ। ਬੀਬੀ ਰਜਿੰਦਰ ਕੌਰ ਦੀ ਅੰਤਿਮ ਅਰਦਾਸ 27 ਜੁਲਾਈ ਦਿਨ ਐਤਵਾਰ ਨੂੰ ਪਿੰਡ ਜਟਾਣਾ ਨੇੜੇ ਚਮਕੌਰ ਸਾਹਿਬ ਗੁਰਦੁਆਰਾ ਸਾਹਿਬ ਵਿਖੇ ਹੋਵੇਗੀ।

# ਮੀਰੀ ਪੀਰੀ ਦਿਵਸ ਸ਼ਰਧਾ ਨਾਲ ਮਨਾਇਆ

**ਮੁਹਾਲੀ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾਂ ਵਿਖੇ ਮੀਰੀ ਪੀਰੀ ਦਿਵਸ ਅਤੇ ਦਸਵੀਂ ਦਾ ਸ਼ੁੱਭ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਦਿਨ ਦੇ ਸਬੰਧ ਵਿੱਚ ਸਵੇਰੇ 9 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਇਸ ਉਪਰੰਤ ਸਾਰਾ ਦਿਨ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਗੁਰਮਤਿ ਸਮਾਗਮ ਵਿੱਚ ਭਾਈ ਗੁਰਪ੍ਰੀਤ ਸਿੰਘ ਜੀ ਲਾਂਡਰਾਂ ਵਾਲਿਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਦੁਆਰਾ ਧੰਨ ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਮੀਰੀ ਅਤੇ ਪੀਰੀ ਦੀਆਂ ਦੋ ਕ੍ਰਿਪਾਨਾ ਧਾਰਨ ਕਰਵਾਉਣ ਦਾ ਪੂਰਾ ਪ੍ਰਸੰਗ ਢਾਡੀ ਵਾਰਾਂ ਵਿੱਚ ਸਰਵਣ ਕਰਾਇਆ। ਸ਼੍ਰੋਮਣੀ ਪ੍ਰਚਾਰਕ ਗਿਆਨੀ ਗੁਰਜੰਟ ਸਿੰਘ ਜੀ ਗੁਰਦੁਆਰਾ ਦੇਗਸਰ ਸਾਹਿਬ, ਕਟਾਣਾ ਵਾਲਿਆਂ ਨੇ ਛੇਵੇਂ ਪਾਤਿਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਜੀਵਨ ਬ੍ਰਿਤਾਂਤ ਸੰਗਤਾਂ ਨੂੰ ਵਿਸਥਾਰ ਵਿੱਚ ਸੁਣਾਇਆ। ਉਨ੍ਹਾਂ ਨੇ ਗੁਰੂ ਸਾਹਿਬ ਵੱਲੋਂ ਮੀਰੀ-ਪੀਰੀ ਕ੍ਰਿਪਾਨਾਂ ਧਾਰਨ ਕਰਨ ਅਤੇ ਜ਼ੁਲਮ ਦੇ ਵਿਰੁੱਧ ਜੰਗ ਲੜਨ ਦੇ ਪ੍ਰਸੰਗ ਨੂੰ ਬੜੇ ਹੀ ਭਾਵਪੂਰਨ ਤਰੀਕੇ ਨਾਲ ਸੰਗਤਾਂ ਨੂੰ ਸਰਵਣ ਕਰਾਇਆ। ਭਾਈ ਮਹਾਬੀਰ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਸੁਰਜੀਤ ਸਿੰਘ ਜੀ ਦਮਦਮੀ ਟਕਸਾਲ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਮਹਾਰਾਜ ਦੁਆਰਾ ਸਮੁੱਚੀ ਮਾਨਵਤਾ ਨੂੰ ਇਨਸਾਫ ਦਿਵਾਉਣ ਲਈ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਸਿਰਜਣਾ ਕਰਨ ਬਾਰੇ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂ ਕਰਵਾਇਆ।



# ਹੰਸ ਰਾਜ ਹੰਸ ਦਾ 29 ਨੂੰ ਰਿਲੀਜ਼ ਹੋਵੇਗਾ ਨਵਾਂ ਪੰਜਾਬੀ ਗੀਤ 'ਆਜਾ ਦੋਵੇਂ ਨੱਚੀਏ'



**ਚੰਡੀਗੜ੍ਹ**- ਪੰਜਾਬੀ ਅਤੇ ਸੂਫ਼ੀ ਗਾਇਕੀ ਦੇ ਮਸ਼ਹੂਰ ਸਿਤਾਰੇ ਪਦਮ ਸ੍ਰੀ ਹੰਸ ਰਾਜ ਹੰਸ ਆਪਣੇ ਨਵੇਂ ਪੰਜਾਬੀ ਗੀਤ 'ਆਜਾ ਦੋਵੇਂ ਨੱਚੀਏ' ਨਾਲ ਇੱਕ ਵਾਰ ਫਿਰ ਸਰੋਤਿਆਂ ਦਾ ਦਿਲ ਜਿੱਤਣ ਲਈ ਤਿਆਰ ਹਨ। ਗੀਤ ਦਾ ਫਰਸਟ ਲੁੱਕ ਪੋਸਟਰ ਅਤੇ ਟੀਜ਼ਰ ਜਾਰੀ ਕਰ ਦਿੱਤਾ ਗਿਆ ਹੈ, ਜਿਸ ਨੇ ਰਿਲੀਜ਼ ਤੋਂ ਪਹਿਲਾਂ ਹੀ ਪ੍ਰਸ਼ੰਸਕਾਂ ਵਿੱਚ ਭਾਰੀ ਉਤਸ਼ਾਹ ਪੈਦਾ ਕਰ ਦਿੱਤਾ ਹੈ। ਵੇਵਕਾਨੋ ਮਿਊਜ਼ਿਕ ਅਤੇ ਹਰਪ੍ਰੀਤ ਸੇਖੋਂ ਵੱਲੋਂ ਪੇਸ਼ ਕੀਤਾ ਜਾ ਰਿਹਾ ਇਹ ਗੀਤ ਪਿਆਰ, ਆਪਣਾਪਣ ਅਤੇ ਪੰਜਾਬੀ ਸੰਗੀਤ ਦੇ ਜਸ਼ਨ ਨੂੰ ਸਮਰਪਿਤ ਹੈ। ਇਸ ਪ੍ਰੋਜੈਕਟ ਦੀ ਖ਼ਾਸ ਗੱਲ ਇਹ ਹੈ ਕਿ ਯੁਵਰਾਜ ਹੰਸ ਪਹਿਲੀ ਵਾਰ ਆਪਣੇ ਪਿਤਾ ਹੰਸ ਰਾਜ ਹੰਸ ਦੇ ਕਿਸੇ ਮਿਊਜ਼ਿਕ ਪ੍ਰੋਜੈਕਟ ਵਿੱਚ ਨਜ਼ਰ ਆਉਣਗੇ। ਗੀਤ ਵਿੱਚ ਸਾਕਸ਼ੀ ਸ਼ਰਮਾ, ਹਰਪ੍ਰੀਤ ਸੇਖੋਂ, ਰਾਜ ਧਾਲੀਵਾਲ, ਅਰਸ਼ ਨਾਗਰਾ, ਸਰਤਾਜ ਸਿੱਧੂ, ਭੁਪਿੰਦਰ ਸਿੰਘ, ਸਿਮਰਨ ਵੜਾਇਚ, ਦਮਨ ਮਜੀਠੀਆ, ਸ਼ੀਤਲ ਬਹਿਲ, ਰੋਬਿਨ ਸਿੱਧੂ, ਮਨਦੀਪ ਸਿੱਧੂ ਅਤੇ ਜਸਲੀਨ ਸੰਧੂ ਵੀ ਅਹਿਮ ਭੂਮਿਕਾਵਾਂ ਵਿੱਚ ਨਜ਼ਰ ਆਉਣਗੇ। ਗੀਤ ਦੇ ਬੋਲ ਹਰਪ੍ਰੀਤ ਸੇਖੋਂ ਨੇ ਲਿਖੇ ਹਨ, ਜਦਕਿ ਸੰਗੀਤ ਮਸ਼ਹੂਰ ਜੋੜੀ ਦੇਸੀ ਕਰੂ ਨੇ ਤਿਆਰ ਕੀਤਾ ਹੈ। ਮਿਊਜ਼ਿਕ ਵੀਡੀਓ ਦਾ ਨਿਰਦੇਸ਼ਨ ਬੌਬੀ ਬਾਜਵਾ ਨੇ ਕੀਤਾ ਹੈ ਅਤੇ ਸੰਪਾਦਨ ਹਰਮੀਤ ਐਸ. ਕਾਲੜਾ ਨੇ ਕੀਤਾ ਹੈ।

# 10 ਨੂੰ ਸੀ ਪੀ ਆਈ ਐਮ ਵੱਲੋਂ ਡੀ ਸੀ ਦਫਤਰ ਸਾਹਮਣੇ ਦਿੱਤੀਆਂ ਜਾਣਗੀਆਂ ਗ੍ਰਿਫ਼ਤਾਰੀਆਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸੀ ਪੀ ਆਈ (ਐੱਮ) ਜ਼ਿਲ੍ਹਾ ਕਮੇਟੀ ਹੁਸ਼ਿਆਰਪੁਰ ਦੀ ਮੀਟਿੰਗ ਹਰਬੰਸ ਸਿੰਘ ਧੂਤ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋਂ ਨੇ ਵੀ ਸ਼ਿਰਕਤ ਕੀਤੀ। ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਜ਼ਿਲ੍ਹਾ ਸਕੱਤਰ ਸਾਥੀ ਗੁਰਨੇਕ ਸਿੰਘ ਭਜਲ ਨੇ ਦੱਸਿਆ ਕਿ ਕੁਲ ਹਿੰਦ ਕਿਸਾਨ ਸਭਾ, ਕੁਲ ਹਿੰਦ ਖੇਤ ਮਜਦੂਰ ਯੂਨੀਅਨ ਅਤੇ ਸੀਟੂ ਵਲੋਂ ਜੋ 10 ਅਗਸਤ ਨੂੰ ਕੇਂਦਰੀ ਕਮੇਟੀ ਦੇ ਸੱਦੇ ਤੇ ਸ਼ਹੀਦ ਧੰਨਾ ਸਿੰਘ ਪਾਰਕ ਤੋਂ ਮਾਰਚ ਕਰਦੇ ਹੋਏ ਡੀ ਸੀ ਦਫਤਰ ਦੇ ਸਾਹਮਣੇ ਵੱਡੀ ਗਿਣਤੀ ਵਿਚ ਆਪਣੇ ਆਪ ਨੂੰ ਗਿਰਫਤਾਰੀ ਲਈ ਪੇਸ਼ ਕੀਤਾ ਜਾਵੇਗਾ, ਜਿਸ ਦਾ ਸੀ ਪੀ ਆਈ (ਐੱਮ) ਵਲੋਂ ਪੁਰਜ਼ੋਰ ਸਮਰਥਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ 1 ਅਗਸਤ ਨੂੰ ਪਾਰਟੀ ਦੇ ਸਾਬਕਾ ਜਨਰਲ ਸਕੱਤਰ ਸਾਥੀ ਹਰਕਿਸ਼ਨ ਸਿੰਘ ਸੁਰਜੀਤ ਦੀ ਭਕਨਾ ਭਵਨ ਚੰਡੀਗੜ੍ਹ ਵਿਖੇ ਮਨਾਈ ਜਾ ਰਹੀ ਬਰਸੀ ਵਿੱਚ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੀ 29 ਜੁਲਾਈ ਦਾ ਵੀ ਸਮਰਥਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਗੜ੍ਹਸ਼ੰਕਰ ਅਤੇ ਮੁਕੇਰੀਆਂ ਸੀਟ ਲੜਨ ਦਾ ਵੀ ਫ਼ੈਸਲਾ ਕੀਤਾ ਗਿਆ।



ਇਸ ਮੌਕੇ ਸਰਵ ਸਾਥੀ ਦਰਸ਼ਨ ਸਿੰਘ ਮੱਟੂ, ਸੁਭਾਸ਼ ਮੱਟੂ, ਆਸ਼ਾ ਨੰਦ, ਰਣਜੀਤ ਚੌਹਾਨ, ਪ੍ਰੇਮ ਲਤਾ, ਮਨਜੀਤ ਕੌਰ, ਗੁਰਬਖਸ਼ ਕੌਰ, ਪੰਕਜ ਚਠਿਆਲ ਹਾਜ਼ਰ ਸਨ।

# ਪੇਂਡੂ ਮਜ਼ਦੂਰ ਯੂਨੀਅਨ ਦੇ ਵਫ਼ਦ ਵੱਲੋਂ ਐੱਸ ਐੱਸ ਪੀ ਨਾਲ ਮੁਲਾਕਾਤ

**ਕਰਤਾਰਪੁਰ (ਹਰਮੇਸ਼ ਦੱਤ)** ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪੱਧਰੀ ਵਫ਼ਦ ਵੱਲੋਂ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹੰਸ ਰਾਜ ਪੱਬਵਾਂ ਦੀ ਪ੍ਰਧਾਨਗੀ ਹੇਠ ਐੱਸ ਐੱਸ ਪੀ ਜਲੰਧਰ ਦਿਹਾਤੀ ਨਾਲ ਮੁਲਾਕਾਤ ਕਰਕੇ ਕਰਤਾਰਪੁਰ ਕਪੂਰਥਲਾ ਰੋਡ 'ਤੇ ਰੋਸ ਪ੍ਰਦਰਸ਼ਨ ਕਰ ਰਹੇ ਦਲਿਤ ਮਜ਼ਦੂਰ ਪ੍ਰਦਰਸ਼ਨਕਾਰੀਆਂ 'ਤੇ ਟਰੈਕਟਰ ਚੜ੍ਹਾ ਕੇ ਕੁਚਲਣ ਦੇ ਆਦੇਸ਼ ਦੇਣ ਅਤੇ ਇਸ ਮਾਮਲੇ ਤੇ ਸ਼ਾਮਲ ਵਿਅਕਤੀਆਂ ਵਿਰੁੱਧ ਕਾਰਵਾਈ ਕਰਨ ਦੀ ਮੰਗ ਕੀਤੀ ਗਈ। ਜਿਨ੍ਹਾਂ ਇਸ ਮਾਮਲੇ ਵਿੱਚ ਕਪਤਾਨ ਪੁਲਸ ਸਥਾਨਕ ਡਾਕਟਰ ਮੁਕੇਸ਼ ਕੁਮਾਰ ਦੀ ਡਿਊਟੀ ਲਗਾਈ ਅਤੇ ਇਨਸਾਫ਼ ਦੇਣ ਦਾ ਭਰੋਸਾ ਦਿੱਤਾ। ਉੱਧਰ ਇਸ ਮਸਲੇ ਨੂੰ ਲੈ ਕੇ ਨਾਇਬ ਤਹਿਸੀਲਦਾਰ ਕਰਤਾਰਪੁਰ ਵੱਲੋਂ ਆਪਣੇ ਦਫ਼ਤਰ ਬੁਲਾਈ ਮੀਟਿੰਗ ਵੀ ਬੇਸਿੱਟਾ ਰਹੀ ਉਪਰੰਤ ਯੂਨੀਅਨ ਦੇ ਸੂਬਾਈ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਅਤੇ ਜ਼ਿਲ੍ਹਾ ਪ੍ਰਧਾਨ ਹੰਸ ਰਾਜ ਪੱਬਵਾਂ ਨੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਹਮਲਾਵਰਾਂ ਖਿਲਾਫ਼ ਐੱਸ ਸੀ, ਐੱਸ ਟੀ ਐਕਟ, ਨਾਬਾਲਗ ਦੋ ਸਾਲਾਂ ਬੱਚੇ ਸਮੇਤ ਪ੍ਰਦਰਸ਼ਨਕਾਰੀਆਂ ਦੀ ਜਾਨ ਲੈਣ ਦੀ ਕੋਸ਼ਿਸ਼ ਕਰਨ ਅਤੇ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਸੰਬੰਧੀ ਬਣਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਕਾਰਵਾਈ ਨਾ ਕੀਤੀ ਗਈ ਤਾਂ ਜਥੇਬੰਦੀ ਸੰਘਰਸ਼ ਕਰਨ ਲਈ ਮਜ਼ਬੂਰ ਹੋਵੇਗੀ। ਇਸ ਮੌਕੇ ਜਥੇਬੰਦੀ ਨੇ ਸਫ਼ਾਈ ਸੇਵਕ ਯੂਨੀਅਨ ਪੰਜਾਬ ਦੀ ਅਗਵਾਈ ਹੇਠ ਕੱਚੇ ਕਾਮਿਆਂ ਨੂੰ ਪੱਕੇ ਕਰਨ ਅਤੇ ਹੋਰ ਮੰਗਾਂ ਨੂੰ ਲੈ ਕੇ ਹੜਤਾਲ ਕਰਕੇ ਕੀਤੇ ਜਾ ਰਹੇ ਸੰਘਰਸ਼ ਨੂੰ ਅਸਫ਼ਲ ਬਣਾਉਣ ਲਈ ਬਰਨਾਲਾ ਵਿਖੇ ਸਫ਼ਾਈ ਸੇਵਕਾਂ 'ਤੇ ਲਾਠੀਚਾਰਜ ਕਰਨ ਅਤੇ ਦਿੱਲੀ ਵਿਖੇ ਕੇਂਦਰੀ ਸਿੱਖਿਆ ਮੰਤਰੀ ਦੇ ਅਸਤੀਫ਼ੇ ਨੂੰ ਲੈ ਕੇ ਜੰਤਰ ਮੰਤਰ ਵਿਖੇ ਸ਼ਾਂਤਮਈ ਪ੍ਰਦਰਸ਼ਨ ਉੱਤੇ ਅੰਨ੍ਹੇਵਾਹ ਲਾਠੀਚਾਰਜ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।



# ਫਿਲਮ 'ਕਣਕਾਂ ਦੇ ਓਹਲੇ' ਦੀ ਸਟਾਰ ਕਾਸਟ ਨੇ ਐੱਚ ਐੱਮ ਵੀ ਦਾ ਕੀਤਾ ਦੌਰਾ




**ਜਲੰਧਰ (ਸ਼ੈਲੀ ਐਲਬਰਟ)**- ਆਉਣ ਵਾਲੀ ਪੰਜਾਬੀ ਫਿਲਮ 'ਕਣਕਾਂ ਦੇ ਓਹਲੇ' ਦੀ ਸਟਾਰ ਕਾਸਟ ਨੇ ਹੰਸ ਰਾਜ ਮਹਿਲਾ ਮਹਾ ਵਿਦਿਆਲਯ ਦੇ ਕੈਂਪਸ ਦਾ ਦੌਰਾ ਕੀਤਾ। ਪ੍ਰਿੰਸੀਪਲ ਡਾ. ਸ਼੍ਰੀਮਤੀ ਏਕਤਾ ਖੋਸਲਾ ਨੇ ਸਾਰੇ ਕਲਾਕਾਰਾਂ ਦਾ ਪਲਾਂਟਰ, ਫੁਲਕਾਰੀ ਅਤੇ ਫੈਸ਼ਨ ਡਿਜ਼ਾਇਨਿੰਗ ਵਿਭਾਗ ਵੱਲੋਂ ਤਿਆਰ ਕੀਤੀਆਂ ਹੱਥੋਂ ਬਣੀਆਂ ਫੁੱਲ ਮਾਲਾਵਾਂ ਭੇਟ ਕਰਕੇ ਨਿੱਘਾ ਸਵਾਗਤ ਕੀਤਾ। ਇਸ ਸਮਾਗਮ ਦੇ ਕੋਆਰਡੀਨੇਟਰ ਡਾ. ਨਵਰੂਪ (ਡੀਨ ਯੂਥ ਵੈਲਫੇਅਰ), ਡਾ. ਪਵਨ ਕੁਮਾਰੀ ਅਤੇ ਲਵਲੀਨ ਕੌਰ ਸਨ। ਸਟਾਰ ਕਾਸਟ ਵਿੱਚ ਮਿਸ ਤਾਨੀਆ ਅਤੇ ਕਿਸ਼ਟੂ ਕੇ. ਸ਼ਾਮਲ ਸਨ। ਇਹ ਫਿਲਮ 31 ਜੁਲਾਈ, 2026 ਨੂੰ ਰਿਲੀਜ਼ ਹੋਣ ਜਾ ਰਹੀ ਹੈ। ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਫਿਲਮ ਦੀ ਸਫ਼ਲਤਾ ਲਈ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਮਿਸ ਤਾਨੀਆ ਨੇ ਨਾਰੀ ਸਸ਼ਕਤੀਕਰਨ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇਸ ਫਿਲਮ ਦਾ ਮਕਸਦ ਸਮਾਜ ਨੂੰ ਇਹ ਸੰਦੇਸ਼ ਦੇਣਾ ਹੈ ਕਿ ਮਹਿਲਾਵਾਂ ਨੂੰ ਜੀਵਨ ਵਿੱਚ ਅਨੇਕਾਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਪਰ ਉਹ ਹਿੰਮਤ, ਆਤਮਵਿਸ਼ਵਾਸ ਅਤੇ ਸਕਾਰਾਤਮਕ ਸੋਚ ਨਾਲ ਹਰ ਚੁਣੌਤੀ ਦਾ ਸਾਹਮਣਾ ਕਰਦੀਆਂ ਹਨ। ਅਧਿਆਪਕਾਂ, ਗੈਰ-ਅਧਿਆਪਕ ਕਰਮਚਾਰੀਆਂ ਅਤੇ ਵਿਦਿਆਰਥਣਾਂ ਨੇ ਫਿਲਮ ਦੇ ਕਲਾਕਾਰਾਂ ਦੀ ਪੇਸ਼ਕਾਰੀ ਦਾ ਭਰਪੂਰ ਆਨੰਦ ਮਾਣਿਆ। ਇਸ ਦੌਰਾਨ ਵਿਦਿਆਰਥਣਾਂ ਨੂੰ ਫਿਲਮ ਦਾ ਟੀਜ਼ਰ ਵੀ ਦਿਖਾਇਆ ਗਿਆ, ਜਿਸ ਨੂੰ ਉਨ੍ਹਾਂ ਨੇ ਬਹੁਤ ਪਸੰਦ ਕੀਤਾ। ਮੰਚ ਸੰਚਾਲਨ ਡਾ. ਅੰਜਨਾ ਭਾਟੀਆ ਵੱਲੋਂ ਕੀਤਾ ਗਿਆ। ਇਸ ਮੌਕੇ ਕਾਲਜ ਦੇ ਸਮੂਹ ਅਧਿਆਪਕ, ਗੈਰ-ਅਧਿਆਪਕ ਕਰਮਚਾਰੀ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥਣਾਂ ਹਾਜ਼ਰ ਸਨ।

# ਸ਼੍ਰੋਮਣੀ ਪ੍ਰਵਾਸੀ ਸਾਹਿਤਕਾਰ ਡਾ. ਗੁਰਬਖਸ਼ ਸਿੰਘ ਭੰਡਾਲ ਸੰਗ ਰੂਬਰੂ ਭਲਕੇ

**ਕਪੂਰਥਲਾ (ਮਨਜੀਤ ਮਾਨ)**- ਕਪੂਰਥਲਾ ਜ਼ਿਲ੍ਹੇ ਦੀ ਵਿਸ਼ਵ ਪ੍ਰਸਿੱਧ ਸਾਹਿਤਕ ਸੰਸਥਾ ਸਿਰਜਣਾ ਕੇਂਦਰ (ਰਜਿ.) ਵੱਲੋਂ ਮਿਤੀ 26 ਜੁਲਾਈ ਦਿਨ ਐਤਵਾਰ ਨੂੰ ਸਵੇਰੇ 10 ਵਜੇ ਦਫ਼ਤਰ ਸਿਰਜਣਾ ਕੇਂਦਰ ਵਿਰਸਾ ਵਿਹਾਰ ਕਪੂਰਥਲਾ ਵਿਖੇ ਇਲਾਕੇ ਦੇ ਸ਼੍ਰੋਮਣੀ ਪ੍ਰਵਾਸੀ ਸਾਹਿਤਕਾਰ ਡਾ. ਗੁਰਬਖ਼ਸ਼ ਸਿੰਘ ਭੰਡਾਲ ਨਾਲ ਇੱਕ ਸਾਹਿਤਕ ਮਿਲਣੀ ਕਰਵਾਈ ਜਾ ਰਹੀ ਹੈ। ਇਸ ਵਿਚਾਰ ਚਰਚਾ ਦਾ ਵਿਸ਼ਾ ਪ੍ਰਵਾਸ ਦੇ ਸਰੋਕਾਰ ਹੋਵੇਗਾ। ਜ਼ਿਕਰਯੋਗ ਹੈ ਕਿ ਡਾ. ਭੰਡਾਲ ਕਵਿਤਾ, ਵਾਰਤਕ ਅਤੇ ਵਿਗਿਆਨ ਆਦਿ ਨਾਲ ਸੰਬੰਧਿਤ ਹੁਣ ਤੱਕ ਕਈ ਪੁਸਤਕਾਂ ਲਿਖ ਚੁੱਕੇ ਨੇ।ਆਪ ਨੇ ਜਿੱਥੇ ਨਵਾਬ ਜੱਸਾ ਸਿੰਘ ਆਹਲੂਵਾਲੀਆ ਸਰਕਾਰੀ ਕਾਲਜ ਕਪੂਰਥਲਾ ਵਿੱਚ ਬਤੌਰ ਪ੍ਰੋਫੈਸਰ ਲੰਬਾ ਸਮਾਂ ਸੇਵਾਵਾਂ ਦਿੱਤੀਆਂ ਉੱਥੇ ਹੀ ਅੱਜ ਕੱਲ ਅਮਰੀਕਾ ਦੀ ਯੂਨੀਵਰਸਿਟੀ ਵਿੱਚ ਬੱਚਿਆਂ ਨੂੰ ਤਾਲੀਮ ਦੇ ਰਹੇ ਹਨ। ਇਹਨਾਂ ਦੇ ਲਿਖੇ ਲੇਖ ਕਈ ਅਖ਼ਬਾਰਾਂ ਅਤੇ ਰਸਾਲਿਆਂ ਵਿੱਚ ਛਪਦੇ ਆ ਰਹੇ ਨੇ। ਸਿਰਜਣਾ ਕੇਂਦਰ ਦੇ ਪ੍ਰਧਾਨ ਕੰਵਰ ਇਕਬਾਲ ਸਿੰਘ, ਜਨਰਲ ਸਕੱਤਰ ਸ਼ਹਿਬਾਜ਼ ਖ਼ਾਨ, ਸੀਨੀਅਰ ਮੀਤ ਪ੍ਰਧਾਨ ਆਸ਼ੂ ਕੁਮਰਾ, ਮੀਤ ਪ੍ਰਧਾਨ ਮਲਕੀਤ ਸਿੰਘ ਮੀਤ, ਸਲਾਹਕਾਰ ਡਾ. ਸੁਰਿੰਦਰਪਾਲ ਸਿੰਘ, ਅਵਤਾਰ ਸਿੰਘ ਭੰਡਾਲ, ਅਵਤਾਰ ਸਿੰਘ ਗਿੱਲ ਆਦਿ ਨੇ ਇਹ ਜਾਣਕਾਰੀ ਦਿੰਦਿਆਂ ਹੋਇਆਂ, ਇਲਾਕੇ ਦੇ ਕਲਮਕਾਰਾਂ ਨੂੰ ਇਸ ਸਮਾਗਮ ਵਿੱਚ ਸ਼ਾਮਿਲ ਹੋਣ ਦੀ ਅਪੀਲ ਵੀ ਕੀਤੀ।



# ਡੇਂਗੂ ਤੋਂ ਬਚਾਅ ਲਈ ਕੀਤਾ ਜਾਗਰੂਕ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਕਰਨ ਕੁਮਾਰ ਸੈਣੀ ਦੀ ਅਗਵਾਈ ਹੇਠ ਸੀ ਐਚ ਸੀ ਟਾਂਡਾ ਵਿਖੇ ਐਂਟੀ ਡੇਂਗੂ ਮਹੀਨੇ ਤਹਿਤ ਡੇਂਗੂ ਰੋਕਥਾਮ ਅਤੇ ਜਾਗਰੂਕਤਾ ਗਤੀਵਿਧੀਆਂ ਚਲਾਈਆਂ ਗਈਆਂ।ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਲੋਕਾਂ ਨੂੰ ਡੇਂਗੂ ਬੁਖਾਰ ਦੇ ਕਾਰਨਾਂ, ਲੱਛਣਾਂ ਅਤੇ ਬਚਾਅ ਦੇ ਉਪਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਹੋਰ ਜਾਣਕਾਰੀ ਦਿੰਦੇ ਹੋਏ ਐੱਸ ਐੱਮ ਓ ਟਾਂਡਾ ਡਾ. ਕਰਨ ਕੁਮਾਰ ਸੈਣੀ ਨੇ ਦੱਸਿਆ ਕਿ ਡੇਂਗੂ ਏਡੀਜ਼ ਮੱਛਰ ਦੇ ਕੱਟਣ ਨਾਲ ਫੈਲਣ ਵਾਲੀ ਬਿਮਾਰੀ ਹੈ ਤੇ ਇਹ ਮੱਛਰ ਸਾਫ਼ ਅਤੇ ਖੜ੍ਹੇ ਪਾਣੀ ਵਿੱਚ ਪੈਦਾ ਹੁੰਦਾ ਹੈ, ਇਸ ਲਈ ਘਰਾਂ, ਕੂਲਰਾਂ, ਗਮਲਿਆਂ, ਫਰਿੱਜ ਦੀਆਂ ਟਰੇਆਂ, ਪਾਣੀ ਵਾਲੀਆਂ ਟੈਂਕੀਆਂ ਅਤੇ ਹੋਰ ਬਰਤਨਾਂ ਵਿੱਚ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਹਰ ਸ਼ੁੱਕਰਵਾਰ ਨੂੰ ਡਰਾਈ ਡੇ ਵਜੋਂ ਮਨਾਉਂਦੇ ਹੋਏ ਪਾਣੀ ਵਾਲੇ ਬਰਤਨਾਂ ਨੂੰ ਖਾਲੀ ਕਰਕੇ ਸਾਫ਼ ਕੀਤਾ ਜਾਵੇ। ਉਹਨਾਂ ਹੋਰ ਦੱਸਿਆ ਕਿ ਇਸ ਮੁਹਿੰਮ ਦੇ ਤਹਿਤ ਸਿਹਤ ਕਰਮਚਾਰੀਆਂ ਵੱਲੋਂ ਘਰ-ਘਰ ਜਾ ਕੇ ਲਾਰਵਾ ਚੈਕਿੰਗ ਕੀਤੀ ਗਈ ਅਤੇ ਲੋਕਾਂ ਨੂੰ ਆਪਣੇ ਆਲੇ-ਦੁਆਲੇ ਦੀ ਸਫ਼ਾਈ ਬਣਾਈ ਰੱਖਣ ਲਈ ਪ੍ਰੇਰਿਤ ਕੀਤਾ ਗਿਆ।



# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਸੀ ਬੀ ਐੱਸ ਈ ਵਾਲੀਬਾਲ ਕਲਸਟਰ ਟੂਰਨਾਮੈਂਟ ਦਾ ਆਗਾਜ਼



**ਕਪੂਰਥਲਾ (ਹਨੀ)** ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਸੀ ਬੀ ਐਸ ਈ ਵਾਲੀਬਾਲ ਕਲਸਟਰ 18, ਅੰਡਰ 14, ਅੰਡਰ 17 ਅਤੇ ਅੰਡਰ 19 ਲੜਕੀਆਂ ਦੇ ਟੂਰਨਾਮੈਂਟ ਦਾ ਆਯੋਜਨ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਦੀ ਅਗਵਾਈ ਵਿਚ ਧੂਮਧਾਮ ਨਾਲ ਕੀਤਾ ਗਿਆ। ਇਸ ਦੌਰਾਨ ਸੀ ਬੀ ਐਸ ਈ ਕਪੂਰਥਲਾ ਹਰਪ੍ਰੀਤ ਸਿੰਘ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਟੂਰਨਾਮੈਂਟ ਵਿੱਚ ਹਿੱਸਾ ਲੈਣ ਲਈ ਜੰਮੂ, ਟਾਂਡਾ, ਗੁਰਦਾਸਪੁਰ, ਰਈਆ, ਫਗਵਾੜਾ, ਅੰਮ੍ਰਿਤਸਰ, ਹੁਸ਼ਿਆਰਪੁਰ, ਕਪੂਰਥਲਾ, ਜਲੰਧਰ, ਲੁਧਿਆਣਾ, ਨਵਾਂਸ਼ਹਿਰ ਅਤੇ ਪਠਾਨਕੋਟ ਦੀਆਂ ਟੀਮਾਂ ਉਤਸਾਹ ਨਾਲ ਪਹੁੰਚੀਆਂ। ਸਕੂਲ ਦੇ ਡਾਇਰੈਕਟਰ ਇੰਜ. ਹਰਨਿਆਮਤ ਕੌਰ, ਪ੍ਰਸ਼ਾਸਕ ਇੰਜ. ਨਿਮਰਤਾ ਕੌਰ, ਸਟਾਫ ਮੈਂਬਰਾਂ ਤੇ ਵਿਦਿਆਰਥੀਆਂ ਨੇ ਪਹੁੰਚੇ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ। ਇੰਜ. ਸਵਰਨ ਸਿੰਘ ਨੇ ਖਿਡਾਰੀਆਂ ਨੂੰ ਜੀ ਆਇਆ ਕਹਿੰਦਿਆਂ ਸਕੂਲ ਦੀਆਂ ਉਪਲਬਧੀਆਂ 'ਤੇ ਚਾਨਣਾ ਪਾਇਆ। ਉਦਘਾਟਨੀ ਸਮਾਗਮ ਮੌਕੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।

# 108 ਐਂਬੂਲੈਂਸ ਮੁਲਾਜ਼ਮਾਂ ਨੇ ਸਰਕਾਰ ਖਿਲਾਫ ਰੋਸ ਪ੍ਰਗਟਾਇਆ

**ਟਾਂਡਾ ਉੜਮੁੜ (ਮਿਥਲੇਸ਼ ਗਰਗ,ਜਸਵਿੰਦਰ ਸੰਧੂ)**- 108 ਐਮਬੂਲੈਂਸ ਇਮਪਲਾਈਜ ਐਸੋਸੀਏਸ਼ਨ ਪੰਜਾਬ ਨਾਲ ਜੁੜੇ ਹੋਏ ਮੁਲਾਜ਼ਮਾਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਜ਼ਿਲ੍ਹਾ ਪੱਧਰ ਤੇ ਆਵਾਜ਼ ਬੁਲੰਦ ਕਰਦੇ ਹੋਏ ਸੂਬਾ ਸਰਕਾਰ ਖਿਲਾਫ ਰੋਸ ਪ੍ਰਗਟ ਕੀਤਾ ਹੈ। ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਜਸਦੀਪ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤੇ ਜ਼ਿਲਾ ਪ੍ਰਧਾਨ ਸੁਰੇਸ਼ ਕੁਮਾਰ ਦੀ ਅਗਵਾਈ ਵਿੱਚ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਨੇ ਸਰਕਾਰ ਵੱਲੋਂ ਉਹਨਾਂ ਦੀਆਂ ਮੰਗਾਂ ਨੂੰ ਅਣਦੇਖਿਆਂ ਕਰਨ ਦੇ ਰੋਸ ਵਜੋਂ ਅਗਲੀ ਰਣਨੀਤੀ ਤੈਅ ਕੀਤੀ। ਇਸ ਮੌਕੇ ਜਿਲਾ ਪ੍ਰਧਾਨ ਸੁਰੇਸ਼ ਕੁਮਾਰ ਨੇ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਗਟ ਕਰਦੇ ਹੋਏ ਦੱਸਿਆ ਕਿ 108 ਮੁਲਾਜ਼ਮ ਪਿਛਲੇ ਕਈ ਸਾਲਾਂ ਤੋਂ ਇੱਕ ਪ੍ਰਾਈਵੇਟ ਕੰਪਨੀ ਅਧੀਨ ਕਰ ਕੰਮ ਕਰ ਰਹੇ ਹਨ ਅਤੇ ਕੰਪਨੀ ਵੱਲੋਂ ਦਿੱਤੀਆਂ ਜਾ ਰਹੀਆਂ ਬਹੁਤ ਹੀ ਘੱਟ ਤਨਖਾਹਾਂ ਦੇ ਕਾਰਨ ਉਨਾਂ ਦਾ ਗੁਜ਼ਾਰਾ ਕਰਨਾ ਔਖਾ ਹੈ। ਇਸ ਮੌਕੇ ਉਨਾਂ ਨੇ ਮੰਗ ਕੀਤੀ ਕਿ 108 ਐਬੂਲੈਂਸ ਮੁਲਾਜ਼ਮਾਂ ਨੂੰ ਸਵ ਗੁਆਂਢੀ ਸੂਬੇ ਹਰਿਆਣਾ ਦੀ ਤਨਖਾਹ ਦਿੱਤੀ ਜਾਵੇ, ਮੁਲਾਜ਼ਮਾਂ ਨੂੰ 35 ਤੋਂ 40 ਹਜ਼ਾਰ ਰੁਪਏ ਪ੍ਰਤੀ ਮਹੀਨਾ ਤਨਖਾਹ ਦਿੱਤੀ ਜਾਵੇ, ਮੁਲਾਜ਼ਮਾਂ ਦਾ 50 ਲੱਖ ਰੁਪਏ ਦਾ ਬੀਮਾ ਕੀਤਾ ਜਾਵੇ, ਮੁਲਾਜ਼ਮਾ ਪਾਸੋਂ ਵਾਧੂ ਸਮੇਂ ਵਿੱਚ ਲਈ ਜਾਂਦੇ ਕੰਮ ਲਈ ਓਵਰ ਟਾਈਮ ਦਿੱਤਾ ਜਾਵੇ, ਜਨਵਰੀ 2023 ਤੋਂ ਮੁਲਾਜ਼ਮਾ ਦੀ ਬਹਾਲੀ ਕੀਤੀ ਜਾਵੇ।ਯੂਨੀਅਨ ਦੇ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਉਹਨਾਂ ਦੀਆਂ ਮੰਗਾਂ ਨੂੰ ਅਣਦੇਖਿਆ ਕੀਤਾ ਤਾਂ ਉਹਨਾਂ ਦਾ ਇਸ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ ਅਤੇ ਸੂਬੇ ਭਰ ਵਿੱਚ ਐਂਬੂਲੈਂਸ ਸੇਵਾਵਾਂ ਠੱਪ ਵੀ ਕੀਤੀਆਂ ਜਾ ਸਕਦੀਆਂ ਹਨ ਜਿਸ ਦੀ ਜਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੌਕੇ ਤੇ ਜ਼ਿਲ੍ਹਾ ਪ੍ਰਧਾਨ ਸੁਰੇਸ਼ ਕੁਮਾਰ ਤੋਂ ਇਲਾਵਾ ਸੰਦੀਪ ਕੁਮਾਰ, ਸੁਰਜੀਤ ਸਿੰਘ, ਮਹਿਤਾਬ ਸਿੰਘ, ਗੁਰਲਾਲ ਸਿੰਘ, ਅਮਨਦੀਪ ਸਿੰਘ, ਗੁਰਪ੍ਰੀਤ ਸਿੰਘ, ਜਸ਼ਨਦੀਪ ਸਿੰਘ, ਸਤਨਾਮ ਸਿੰਘ, ਵਿਸ਼ਾਲ, ਰਾਜਵਿੰਦਰ ਕੁਮਾਰ ਵੀ ਹਾਜ਼ਰ ਸਨ।



# ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਤਿੰਨ ਮਾਮਲਿਆਂ ਵਿੱਚ ਸੂ-ਮੋਟੋ ਨੋਟਿਸ ਜਾਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਨੇ ਤਿੰਨ ਵੱਖ-ਵੱਖ ਮਾਮਲਿਆਂ ਵਿੱਚ ਸੂ-ਮੋਟੋ ਨੋਟਿਸ ਜਾਰੀ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕਮਿਸ਼ਨ ਦੇ ਚੇਅਰਮੈਨ ਸ. ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਕਮਿਸ਼ਨ ਵੱਲੋਂ ਅਖ਼ਬਾਰਾਂ ਰਾਹੀਂ ਧਿਆਨ ਵਿੱਚ ਆਏ ਤਿੰਨ ਵੱਖ-ਵੱਖ ਮਾਮਲਿਆਂ ਵਿੱਚ ਸੂ-ਮੋਟੋ ਨੋਟਿਸ ਜਾਰੀ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪਹਿਲਾ ਨੋਟਿਸ ਐਸ ਐਸ ਪੀ ਬਰਨਾਲਾ ਨੂੰ ਜਾਰੀ ਕੀਤਾ ਗਿਆ ਹੈ, ਉਨ੍ਹਾਂ ਤੋਂ ਸਫ਼ਾਈ ਕਰਚਾਰੀਆਂ 'ਤੇ ਹੋਏ ਲਾਠੀਚਾਰਜ ਸਬੰਧੀ ਰਿਪੋਰਟ ਤਲਬ ਕੀਤੀ ਗਈ ਹੈ। ਗੜ੍ਹੀ ਨੇ ਦੱਸਿਆ ਕਿ ਇਸੇ ਤਰ੍ਹਾਂ ਦੂਜੇ ਮਾਮਲੇ ਵਿੱਚ ਜਲੰਧਰ ਜ਼ਿਲ੍ਹੇ ਦੇ ਐਸ ਐਸ ਪੀ ਤੋਂ ਹਲਕਾ ਫਿਲੌਰ ਨਿਵਾਸੀ ਅਨੂ ਨਾਮਕ ਅਨੁਸੂਚਿਤ ਜਾਤੀ ਦੀ ਲੜਕੀ ਦੇ ਕਤਲ ਮਾਮਲੇ ਵਿੱਚ ਕਾਰਵਾਈ ਨਾ ਹੋਣ ਸਬੰਧੀ ਰਿਪੋਰਟ ਤਲਬ ਕੀਤੀ ਗਈ ਹੈ। ਇਸ ਤੋਂ ਇਲਾਵਾ ਸ਼ਹੀਦ ਭਗਤ ਸਿੰਘ ਨਗਰ ਦੇ ਡਿਪਟੀ ਕਮਿਸ਼ਨਰ ਤੋਂ ਪਿੰਡ ਸਹੂੰਗੜਾ ਦੇ ਸ਼ਮਸ਼ਾਨਘਾਟ ਸਬੰਧੀ ਇੱਕ ਮਾਮਲੇ ਵਿੱਚ ਰਿਪੋਰਟ ਤਲਬ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਤਿੰਨਾ ਮਾਮਲਿਆਂ ਵਿੱਚ 28 ਜੁਲਾਈ ਨੂੰ ਰਿਪੋਰਟ ਤਲਬ ਕੀਤੀ ਗਈ ਹੈ।

# ਆਂਗਣਵਾੜੀ ਵਰਕਰਾਂ ਲਈ 60 ਲੱਖ ਦਾ ਜੀਵਨ ਬੀਮਾ ਯਕੀਨੀ ਬਣਾਉਣ ਦੇ ਨਿਰਦੇਸ਼

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸੂਬੇ ਦੇ ਮੁਲਾਜ਼ਮਾਂ ਦੀਆਂ ਮੰਗਾਂ ਅਤੇ ਮੁੱਦਿਆਂ ਨੂੰ ਹੱਲ ਕਰਨ ਲਈ ਪੰਜਾਬ ਦੇ ਵਿੱਤ ਮੰਤਰੀ ਅਤੇ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਹਰਪਾਲ ਸਿੰਘ ਚੀਮਾ ਨੇ ਸਿੱਖਿਆ ਵਿਭਾਗ ਦੀਆਂ ਪੰਜ ਯੂਨੀਅਨਾਂ, ਦੋ ਆਂਗਣਵਾੜੀ ਯੂਨੀਅਨਾਂ ਅਤੇ ਇੱਕ ਆਊਟਸੋਰਸਡ ਮੁਲਾਜ਼ਮ ਯੂਨੀਅਨ ਦੇ ਨੁਮਾਇੰਦਿਆਂ ਨਾਲ ਅਹਿਮ ਮੀਟਿੰਗਾਂ ਕੀਤੀਆਂ। ਇਨ੍ਹਾਂ ਸੈਸ਼ਨਾਂ ਦੌਰਾਨ ਵਿੱਤ ਮੰਤਰੀ ਨੇ ਸਮਾਜਿਕ ਸੁਰੱਖਿਆ ਵਿਭਾਗ ਨੂੰ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਕਿ ਉਹ ਤਨਖਾਹ ਦੇਣ ਵਾਲੇ ਬੈਂਕਾਂ ਨਾਲ ਤਾਲਮੇਲ ਕਰਕੇ ਆਂਗਣਵਾੜੀ ਵਰਕਰਾਂ ਲਈ ਘੱਟੋ-ਘੱਟ 60 ਲੱਖ ਰੁਪਏ ਦਾ ਜੀਵਨ ਬੀਮਾ ਯਕੀਨੀ ਬਣਾਉਣ। ਇਹ ਵਿਸਤ੍ਰਿਤ ਮੀਟਿੰਗਾਂ ਸੂਬਾ ਸਰਕਾਰ ਦੀ ਆਪਣੇ ਮੁਲਾਜ਼ਮਾਂ ਨਾਲ ਸਿੱਧੇ ਤੌਰ 'ਤੇ ਜੁੜਨ ਤੇ ਉਨ੍ਹਾਂ ਦੀਆਂ ਪ੍ਰਸ਼ਾਸਨਿਕ ਅਤੇ ਵਿੱਤੀ ਸ਼ਿਕਾਇਤਾਂ ਦੇ ਜਲਦੀ ਤੇ ਸੁਖਾਵੇਂ ਹੱਲ ਲੱਭਣ ਦੀ ਸਮਰਪਣ ਭਾਵਨਾ ਨੂੰ ਉਜਾਗਰ ਕਰਦੀਆਂ ਹਨ। ਇਨ੍ਹਾਂ ਸਾਰਥਕ ਮੀਟਿੰਗਾਂ ਦੌਰਾਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਯੂਨੀਅਨ ਆਗੂਆਂ ਵੱਲੋਂ ਉਠਾਈਆਂ ਗਈਆਂ ਵੱਖ-ਵੱਖ ਚਿੰਤਾਵਾਂ ਨੂੰ ਹਮਦਰਦੀ ਨਾਲ ਸੁਣਿਆ ਅਤੇ ਸੂਬਾ ਸਰਕਾਰ ਦੇ ਮੁਲਾਜ਼ਮ-ਪੱਖੀ ਰੁਖ ਦੀ ਮੁੜ ਪੁਸ਼ਟੀ ਕੀਤੀ। ਉਨ੍ਹਾਂ ਨੇ ਵਫ਼ਦਾਂ ਨੂੰ ਭਰੋਸਾ ਦਿਵਾਉਂਦਿਆਂ ਕਿਹਾ, ਅਸੀਂ ਤੁਹਾਡੀਆਂ ਮੁਸ਼ਕਲਾਂ ਤੋਂ ਪੂਰੀ ਤਰ੍ਹਾਂ ਜਾਣੂ ਹਾਂ। ਮੈਂ ਇਹ ਪੁਸ਼ਟੀ ਕਰਨਾ ਚਾਹੁੰਦਾ ਹਾਂ ਕਿ ਤੁਹਾਡੀਆਂ ਜ਼ਿਆਦਾਤਰ ਜਾਇਜ਼ ਮੰਗਾਂ ਨੂੰ ਹੱਲ ਕਰਨ ਲਈ ਜ਼ਰੂਰੀ ਢਾਂਚਾ ਪਹਿਲਾਂ ਹੀ ਪ੍ਰਸ਼ਾਸਕੀ ਪ੍ਰਕਿਰਿਆ ਅਧੀਨ ਹੈ।



# 8 ਸਕੂਲ ਬੱਸਾਂ ਦੇ ਕੀਤੇ ਚਲਾਨ

**ਜਲੰਧਰ, (ਸੁਰਿੰਦਰ ਕੁਮਾਰ)**- ਸਕੂਲ ਦੇ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸੇਫ਼ ਸਕੂਲ ਵਾਹਨ ਪਾਲਿਸੀ ਤਹਿਤ ਵੱਖ-ਵੱਖ ਥਾਈਂ ਸਕੂਲ ਬੱਸਾਂ ਦੀ ਕੀਤੀ ਗਈ। ਚੈਕਿੰਗ ਦੌਰਾਨ 8 ਸਕੂਲੀ ਬੱਸਾਂ ਦੇ ਚਲਾਨ ਕੀਤੇ ਗਏ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਅਜੈ ਭਾਰਤੀ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੇਫ ਸਕੂਲ ਵਾਹਨ ਪਾਲਿਸੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੀ ਪੁਰਜ਼ੋਰ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਡਿਫੈਂਸ ਕਲੋਨੀ ਨੇੜੇ ਬੱਸ ਸਟੈਂਡ ਸਮੇਤ ਵੱਖ-ਵੱਖ ਥਾਵਾਂ 'ਤੇ ਸਕੂਲ ਬੱਸਾਂ ਦੀ ਚੈਕਿੰਗ ਕੀਤੀ ਗਈ, ਜਿਸ ਦੌਰਾਨ ਸਕੂਲ ਬੱਸ ਵਿੱਚ ਲੇਡੀ ਅਟੈਂਡੈਂਟ ਨਾ ਹੋਣ, ਬਿਨਾਂ ਵਰਦੀ ਡਰਾਈਵਰ ਸਮੇਤ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਕਰਨ ਵਾਲੀਆਂ 8 ਸਕੂਲੀ ਬੱਸਾਂ ਦੇ ਚਲਾਨ ਕੀਤੇ ਗਏ ਹਨ।



# ਬੱਸ ਚੜ੍ਹਦੇ ਸਮੇਂ ਵਿਅਕਤੀ ਦੀ ਸੋਨੇ ਦੀ ਚੈਨ ਝਪਟੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਮੋਰਿੰਡਾ ਸ਼ਹਿਰ ਵਿੱਚ ਰੋਜਾਨਾ ਝਪਟਮਾਰਾਂ ਅਤੇ ਚੋਰ ਗਿਰੋਹਾਂ ਦੇ ਹੌਸਲੇ ਬੁਲੰਦ ਹੁੰਦੇ ਜਾ ਰਹੇ ਹਨ। ਤਾਜ਼ਾ ਮਾਮਲੇ ਅਨੁਸਾਰ ਮੋਰਿੰਡਾ ਵਿਖੇ ਬੱਸ ਸਟੈਂਡ ਵਿੱਚ ਔਰਤਾਂ ਦੇ ਇੱਕ ਸ਼ਾਤਰ ਗਰੋਹ ਨੇ ਇੱਕ ਵਿਅਕਤੀ ਨੂੰ ਆਪਣਾ ਨਿਸ਼ਾਨਾ ਬਣਾਉਂਦਿਆਂ ਉਸ ਦੇ ਗਲੇ 'ਚੋਂ ਸੋਨੇ ਦੀ ਚੈਨ ਲਾਹ ਲਈ ਅਤੇ ਮੌਕੇ ਤੋਂ ਫਰਾਰ ਹੋ ਗਈਆਂ।ਜਿਸ ਸਬੰਧੀ ਮੋਰਿੰਡਾ ਸ਼ਹਿਰੀ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੁਰਚਰਨ ਸਿੰਘ ਵਾਸੀ ਸੂਦ ਕਾਲੋਨੀ ਮੋਰਿੰਡਾ ਨੇ ਦੱਸਿਆ ਕਿ ਉਹ ਸਵੇਰੇ ਮੋਰਿੰਡਾ ਬੱਸ ਸਟੈਂਡ ਤੋਂ ਚੰਡੀਗੜ੍ਹ ਜਾਣ ਵਾਲੀ ਇੱਕ ਬੱਸ ਦੇ ਪਿਛਲੇ ਦਰਵਾਜੇ ਰਾਹੀਂ ਬੱਸ ਚੜ੍ਹਿਆ ਤਾਂ ਉਸੇ ਸਮੇ ਇੱਕ ਔਰਤ ਉਸਦੇ ਨਾਲ ਹੀ ਬੱਸ ਵਿਚ ਚੜ੍ਹ ਗਈ ਅਤੇ ਉਸ ਦੇ ਨਾਲ ਦੀਆਂ ਦੋ ਔਰਤਾਂ ਅਗਲੇ ਦਰਵਾਜੇ ਰਾਹੀਂ ਬੱਸ ਵਿੱਚ ਦਾਖਲ ਹੋ ਗਈਆਂ।ਜਿਨਾਂ ਵੱਲੋਂ ਥੋੜੀ ਦੂਰ ਪਹੁੰਚ ਕੇ ਰੌਲਾ ਪਾਉਣਾ ਸ਼ੁਰੂ ਕਰ ਦਿੱਤਾ ਕਿ ਉਹ ਗਲਤ ਬੱਸ ਵਿੱਚ ਚੜ੍ਹ ਗਈਆਂ ਹਨ, ਉਨ੍ਹਾਂ ਨੂੰ ਉਤਾਰਿਆ ਜਾਵੇ।ਗੁਰਚਰਨ ਸਿੰਘ ਅਨੁਸਾਰ ਇਸੇ ਦੌਰਾਨ ਉਸ ਦੇ ਪਿੱਛੇ ਖੜੀ ਔਰਤ ਅਤੇ ਬੱਸ ਦੇ ਦਰਵਾਜ਼ੇ ਕੋਲ ਪਹਿਲਾਂ ਤੋਂ ਹੀ ਮੌਜੂਦ ਦੋ ਔਰਤਾਂ ਨੇ ਧੱਕਾ-ਮੁੱਕੀ ਅਤੇ ਭੀੜ ਦਾ ਫਾਇਦਾ ਚੁੱਕਦਿਆਂ ਬੜੀ ਸ਼ਾਤਰਤਾ ਨਾਲ ਉਸ ਦੇ ਗਲੋਂ 'ਚ ਦੋ ਤੋਲੇ ਦੀ ਸੋਨੇ ਦੀ ਚੈਨ ਲਾਹ ਲਈ।ਗੁਰਚਰਨ ਸਿੰਘ ਅਨੁਸਾਰ ਜਦੋਂ ਤੱਕ ਉਸ ਨੂੰ ਇਸ ਗੱਲ ਦਾ ਅਹਿਸਾਸ ਹੋਇਆ, ਉਦੋਂ ਤੱਕ ਉਕਤ ਔਰਤਾਂ ਬੱਸ 'ਚੋ ਉਤਰ ਕੇ ਮੌਕੇ ਤੋਂ ਫਰਾਰ ਹੋ ਚੁੱਕੀਆਂ ਸਨ।ਪੀੜਤ ਗੁਰਚਰਨ ਸਿੰਘ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਦੋਸ਼ੀ ਔਰਤਾਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕਰਕੇ ਉਸ ਦੀ ਸੋਨੇ ਦੀ ਚੈਨ ਵਾਪਸ ਦਿਵਾਈ ਜਾਵੇ।

# ਸੰਗਤਾਂ ਆਦਿ ਧਰਮ ਦੇ ਝੰਡੇ ਹੇਠ ਇਕੱਠੇ ਹੋ ਕੇ ਏਕਤਾ, ਭਾਈਚਾਰਾ ਮਜ਼ਬੂਤ ਕਰਨ : ਸੰਤ ਸਤਵਿੰਦਰ ਹੀਰਾ, ਸੰਤ ਪਰਮਜੀਤ ਦਾਸ ਨਗਰ

**ਹੁਸ਼ਿਆਰਪੁਰ (ਓ ਪੀ ਰਾਣਾ)** ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਦੇ ਰਾਸ਼ਟਰੀ ਪ੍ਰਧਾਨ ਸੰਤ ਸਤਵਿੰਦਰ ਹੀਰਾ ਦੀ ਅਗਵਾਈ ਹੇਠ ਡੇਰਾ 108 ਸੰਤ ਮੇਲਾ ਰਾਮ ਨਗਰ ਵਿਖੇ ਗੱਦੀ ਨਸ਼ੀਨ ਸੰਤ ਪਰਮਜੀਤ ਦਾਸ ਕੈਸ਼ੀਅਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਨਾਲ ਮੁਲਾਕਾਤ ਕੀਤੀ ਅਤੇ ਉਨਾਂ ਨੂੰ ਫੁੱਲਾਂ ਦੇ ਗੁਲਦਸਤੇ, ਬੁਕੇ ਭੇਟ ਕਰਕੇ ਧੰਨਬਾਦ ਕੀਤਾ। ਜ਼ਿਕਰਯੋਗ ਹੈ ਕਿ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀਆਂ ਪੰਜਾਬ ਅਤੇ ਵੱਖ ਵੱਖ ਡੇਰਿਆਂ ਦੇ ਸੰਤਾਂ ਮਹਾਂਪੁਰਸ਼ਾਂ ਵੱਲੋਂ ਆਦਿ ਧਰਮ ਦੀ ਹੋਂਦ ਨੂੰ ਕਾਇਮ ਰੱਖਦਿਆਂ ਆਦਿ ਧਰਮ ਦੇ ਨਾਅਰੇ ਨੂੰ ਬੁਲੰਦ ਕਰਨ ਅਤੇ ਸੰਗਤਾਂ ਨੂੰ ਸੰਦੇਸ਼ ਜਾਰੀ ਕਰਕੇ ਸਾਡਾ ਸਭ ਦਾ ਧਰਮ 'ਆਦਿ ਧਰਮ' ਹੈ ਅਤੇ ਜਨਗਣਨਾ ਵਿੱਚ 'ਆਦਿ ਧਰਮ' ਲਿਖਵਾਉਣ ਲਈ ਪ੍ਰੇਰਿਤ ਕੀਤਾ ਹੈ, ਜਿਸ ਲਈ ਸੰਤ ਸਤਵਿੰਦਰ ਹੀਰਾ ਅਤੇ ਸਮੁੱਚੀ ਆਦਿ ਧਰਮ ਮਿਸ਼ਨ ਟੀਮ ਵਲੋਂ ਧੰਨਬਾਦੀ ਦੌਰਾ ਆਰੰਭ ਕੀਤਾ ਹੋਇਆ ਹੈ।ਇਸ ਮੌਕੇ ਅਮਿਤ ਕੁਮਾਰ ਪਾਲ ਕੌਮੀ ਕੈਸ਼ੀਅਰ, ਵਰਿੰਦਰ ਬੰਗਾ ਜਨਰਲ ਸਕੱਤਰ, ਮੀਡੀਆ ਸਕੱਤਰ ਓ ਪੀ ਰਾਣਾ ਵੀ ਹਾਜਰ ਸਨ।

ਇਸ ਮੌਕੇ ਸੰਤ ਸਤਵਿੰਦਰ ਹੀਰਾ ਨੇ ਦੱਸਿਆ ਕਿ ਆਲ ਇੰਡੀਆ ਆਦਿ ਧਰਮ ਮਿਸ਼ਨ ਭਰਤੀ ਵੱਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਕ੍ਰਾਂਤੀਕਾਰੀ ਸੁਨੇਹੇ 'ਐਸਾ ਚਾਹੂੰ ਰਾਜ ਮੈਂ ਯਹਾਂ ਮਿਲੇ ਸਭਨ ਕੋ ਅੰਨ, ਛੋਟ ਬੜੇ ਸਭੁ ਸਮ ਵਸੈ ਰਵਿਦਾਸ ਰਹੇ ਪ੍ਰਸੰਨ' ਅਤੇ 'ਬੇਗਮਪੁਰਾ ਸ਼ਹਿਰ ਕੋ ਨਾਉ' ਦੇ ਸੰਕਲਪ ਨੂੰ ਜਨ ਜਨ ਤੱਕ ਪਹੁੰਚਾਉਣ ਲਈ ਪੂਰੇ ਭਾਰਤ ਅੰਦਰ ਮੁਹਿੰਮ ਸ਼ੁਰੂ ਕੀਤੀ ਹੋਈ ਹੈ। ਇਸ ਮੌਕੇ ਡੇਰਾ ਸੰਤ ਮੇਲਾ ਰਾਮ ਨਗਰ ਦੇ ਗੱਦੀ ਨਸ਼ੀਨ ਸੰਤ ਪਰਮਜੀਤ ਦਾਸ ਨੇ ਕਿਹਾ ਕਿ ਸੰਤ ਸਮਾਜ ਗੁਰੂਆਂ ਦੇ ਦਰਸਾਏ ਆਦਿ ਧਰਮ ਦੇ ਫਲਸਫੇ ਤੇ ਪਹਿਰਾ ਦੇਵੇਗਾ।



ਉਨ੍ਹਾਂ ਸੰਗਤਾਂ ਨੂੰ ਆਦਿ ਧਰਮ ਦੇ ਝੰਡੇ ਹੇਠ ਇਕੱਠੇ ਹੋਣ ਦੀ ਅਪੀਲ ਕੀਤੀ। ਇਸ ਮੌਕੇ ਹਰਜੀਤ ਰਾਮ, ਜਗਤ ਰਾਮ ਭੱਟੀ, ਹੰਸ ਰਾਜ ਪ੍ਰਧਾਨ, ਸ਼ਰੇਸ਼ ਕੁਮਾਰ ਫੌਜੀ, ਤਰਸੇਮ ਲਾਲ, ਦਵਿੰਦਰਪਾਲ ਰਵੀ, ਪੱਪੂ, ਰਾਣਾ ਅਤੇ ਸੈਂਕੜੇ ਸੰਗਤਾਂ ਵੀ ਹਾਜ਼ਰ ਸਨ।

# ਢੰਗਰਾਲੀ ਦੇ ਅੱਖਾਂ ਦੇ ਮੁਫਤ ਜਾਂਚ ਕੈਂਪ 'ਚ 130 ਮੁਫਤ ਐਨਕਾਂ ਵੰਡੀਆਂ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਪ੍ਰਭ ਆਸਰਾ ਟਰਸਟ ਪਡਿਆਲਾ ਵੱਲੋਂ ਪਿੰਡ ਢੰਗਰਾਲੀ ਵਿੱਚ ਅੱਖਾਂ ਦਾ ਮੁਫਤ ਜਾਂਚ ਕੈਂਪ ਲਗਾਇਆ ਗਿਆ ਅਤੇ ਲੋੜਵੰਦਾਂ ਨੂੰ 130 ਦੇ ਕਰੀਬ ਮੁਫਤ ਐਨਕਾਂ ਵੰਡੀਆਂ ਗਈਆਂ।ਕੈਂਪ ਦੀ ਕਾਰਗੁਜ਼ਾਰੀ ਬਾਰੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸੋਸ਼ਲ ਵੈਲਫ਼ੇਅਰ ਕਲੱਬ ਢੰਗਰਾਲੀ ਦੇ ਜਰਨਲ ਸਕੱਤਰ ਸਵਰਨ ਸਿੰਘ ਢੰਗਰਾਲੀ ਨੇ ਦੱਸਿਆ ਕਿ ਸਮੁੱਚੇ ਕੈਂਪ ਦਾ ਪ੍ਰਬੰਧ ਸਰਕਾਰੀ ਸੀਨੀਅਰ ਸੈਕਡਰੀ ਸਕੂਲ ਢੰਗਰਾਲੀ ਦੀ ਪ੍ਰਿੰਸੀਪਲ ਮੈਡਮ ਸੁਰਿੰਦਰਪਾਲ ਕੌਰ ਵੱਲੋਂ ਸੁਚੱਜੇ ਢੰਗ ਨਾਲ ਕੀਤਾ ਗਿਆ ਸੀ।ਅੱਖਾਂ ਦੇ ਮੁਫਤ ਜਾਂਚ ਕੈਂਪ ਵਿੱਚ ਲਗਭਗ 25 ਵਿਦਿਆਰਥੀ ਨਿਗਾ ਟੈਸਟ ਕਰਵਾਈ ਗਈ। ਪਿੰਡ ਦੇ ਲਗਭਗ 150 ਲੋੜਵੰਦਾਂ ਨੇ ਆਪਣੀ ਅੱਖਾਂ ਦੀ ਜਾਂਚ ਕਰਵਾਈ।ਜਿਸ ਵਿੱਚੋਂ 130 ਦੇ ਕਰੀਬ ਮਰੀਜ਼ਾਂ ਨੂੰ ਐਨਕਾਂ ਮੁਫਤ ਵੰਡੀਆਂ ਗਈਆਂ। ਜਿਨਾਂ ਮਰੀਜ਼ਾਂ ਦੀਆਂ ਅੱਖਾਂ ਵਿੱਚ ਜਿਆਦਾ ਦਿੱਕਤ ਸੀ, ਉਹਨਾਂ ਨੂੰ 27 ਜੁਲਾਈ ਨੂੰ ਪ੍ਰਭ ਆਸਰਾ ਹੋਸਪੀਟਲ ਚਨਾਲੋਂ ਵਿਖੇ ਬੁਲਾਇਆ ਗਿਆ ਹੈ।ਜਿੱਥੇ ਉਹਨਾਂ ਦੀ ਜਾਂਚ ਮਾਹਰ ਡਾਕਟਰ ਕੈਂਪ ਦੀ ਪਰਚੀ ਦੇ ਅਧਾਰਤ ਮੁਫਤ ਕਰਨਗੇ।ਪ੍ਰਭ ਆਸਰਾ ਟਰਸਟ ਪਡਿਆਲਾ ਦੀ ਇਸ ਟੀਮ ਦੀ ਅਗਵਾਈ ਪ੍ਰਭ ਆਸਰਾ ਦੀ ਸੰਚਾਲਕ ਰਜਿੰਦਰ ਕੌਰ ਉਨ੍ਹਾਂ ਨੇ ਖੁਦ ਕੀਤੀ।ਪ੍ਰਿੰਸੀਪਲ ਸੁਰਿੰਦਰਪਾਲ ਕੌਰ ਨੇ ਸਮੁੱਚੀ ਡਾਕਟਰਾਂ ਦੀ ਟੀਮ, ਆਪਣੇ ਸਟਾਫ ਅਤੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ।ਇਸ ਸਮੇਂ ਹੋਰਨਾਂ ਤੋਂ ਇਲਾਵਾ ਮੈਡਮ ਮਨਪ੍ਰੀਤ ਕੌਰ, ਕੰਪਿਊਟਰ ਮਾਸਟਰ ਜਗਪਾਲ ਸਿੰਘ ਬੈਂਸ, ਰਣਜੋਧ ਸਿੰਘ ਬਾਠ ਬਲਬੀਰ ਸਿੰਘ, ਅਰਸ਼ਪ੍ਰੀਤ ਸਿੰਘ ਬਾਠ, ਸਰਪੰਚ ਰਣਦੀਪ ਸਿੰਘ ਦੀਪੂ ਹਾਜ਼ਰ ਸਨ।



# ਪੀ ਐਸ ਈ ਬੀ ਇੰਪਲਾਈਜ਼ ਸਾਂਝੀ ਤਾਲਮੇਲ ਕਮੇਟੀ ਦੇ ਸੱਦੇ 'ਤੇ ਰੋਸ ਰੈਲੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੀ ਐਸ ਈ ਬੀ ਇੰਪਲਾਈਜ਼ ਸਾਂਝੀ ਤਾਲਮੇਲ ਕਮੇਟੀ, ਸਰਕਲ ਐਸ.ਏ.ਐਸ. ਨਗਰ ਦੇ ਸੱਦੇ ਤੇ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ (ਏਟਕ), ਟੈਕਨੀਕਲ ਸਰਵਿਸਿਜ਼ ਯੂਨੀਅਨ ਭੰਗਲ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼, ਪੈਨਸ਼ਨਰ ਯੂਨੀਅਨ (ਏਟਕ) ਅਤੇ ਪੈਨਸ਼ਨਰ ਐਸੋਸੀਏਸ਼ਨ ਵੱਲੋਂ ਆਪਣੀਆਂ ਹੱਕੀ ਮੰਗਾਂ ਦੇ ਸਮਰਥਨ ਵਿੱਚ ਦੋ ਦਿਨਾਂ ਦੀ ਮਾਸ ਲੀਵ ਲੈ ਕੇ ਰੋਸ ਰੈਲੀ ਕੀਤੀ ਗਈ। ਰੋਸ ਰੈਲੀ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਪਾਵਰਕੌਮ ਪ੍ਰਬੰਧਨ ਵੱਲੋਂ ਪਹਿਲਾਂ ਮੰਨੀਆਂ ਗਈਆਂ ਮੰਗਾਂ ਨੂੰ ਅਜੇ ਤੱਕ ਲਾਗੂ ਨਹੀਂ ਕੀਤਾ ਗਿਆ ਅਤੇ ਵਿਭਾਗ ਵਿੱਚ ਲੰਬੇ ਸਮੇਂ ਤੋਂ ਖਾਲੀ ਪਈਆਂ ਅਸਾਮੀਆਂ ਵੀ ਨਹੀਂ ਭਰੀਆਂ ਜਾ ਰਹੀਆਂ। ਉਨ੍ਹਾਂ ਨੇ 17.07.2020 ਦੇ ਨਾਦਰਸ਼ਾਹੀ ਪੱਤਰ ਨੂੰ ਰੱਦ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਪੈਨਸ਼ਨਰਾਂ ਲਈ 2.59 ਦੇ ਫਾਰਮੂਲੇ ਨੂੰ ਲਾਗੂ ਕਰਨ, 23 ਸਾਲਾ ਸਕੇਲ ਦੇਣ, ਮ੍ਰਿਤਕ ਕਰਮਚਾਰੀਆਂ ਦੇ ਆਸ਼ਰਿਤਾਂ ਨੂੰ ਬਿਨਾਂ ਸ਼ਰਤ ਨੌਕਰੀ ਦੇਣ, ਛੇਵੇਂ ਪੇ ਕਮਿਸ਼ਨ ਅਨੁਸਾਰ ਤਨਖ਼ਾਹਾਂ ਜਾਰੀ ਕਰਨ, ਕੰਮ ਦੇ ਮੁਤਾਬਕ ਨਵੀਆਂ ਪੋਸਟਾਂ ਦੀ ਰਚਨਾ ਕਰਨ, ਠੇਕੇਦਾਰੀ ਸਿਸਟਮ ਖਤਮ ਕਰਕੇ ਵਿਭਾਗੀ ਤੌਰ 'ਤੇ ਕੰਮ ਕਰਵਾਉਣ ਅਤੇ 18 ਪ੍ਰਤੀਸ਼ਤ ਡੀ ਏ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ।



# ਦਲਜੀਤ ਕੌਰ ਧਾਮੀ ਨੂੰ 'ਕਿਰਤ ਦਾ ਸਤਿਕਾਰ' ਤੇ ਅਮਨਦੀਪ ਸ਼ਰਮਾ ਨੂੰ 'ਭਾਈਚਾਰਕ ਸਾਂਝ' ਐਵਾਰਡ

**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)**: ਲਾਇਨਜ਼ ਕਲੱਬ ਇੰਟਰਨੈਸ਼ਨਲ ਰਿਹਾਣਾ ਜੱਟਾਂ ਕੋਹਿਨੂਰ ਅਤੇ ਹੁਸ਼ਿਆਰਪੁਰ ਸਮਰਪਣ ਐਕਟਿਵ ਵੱਲੋ ਪ੍ਰਧਾਨ ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ, ਸਕੱਤਰ ਲਾਇਨ ਡਾਕਟਰ ਤੇਜਬੀਰ ਸਿੰਘ ਧਾਲੀਵਾਲ, ਮੈਂਬਰਸ਼ਿਪ ਚੇਅਰਮੈਨ ਸੁਖਵਿੰਦਰ ਕੌਰ, ਡਾਇਰੈਕਟਰ ਲਾਇਨ ਐਮ ਪੀ ਸਿੱਧੂ ਦੀ ਅਗਵਾਈ ਵਿੱਚ ਹਰ ਖੇਤਰ ਵਿੱਚ ਕਿਰਤ ਦਾ ਸਤਿਕਾਰ ਕਰਨ ਵਾਲੀ ਸਖਸ਼ੀਅਤ ਦਲਜੀਤ ਕੌਰ ਧਾਮੀ ਐਮ ਏ, ਬੀ ਐਡ ਨੂੰ 'ਕਿਰਤ ਦਾ ਸਤਿਕਾਰ' ਐਵਾਰਡ ਅਤੇ ਭਾਈਚਾਰਕ ਸਾਂਝ ਮਜ਼ਬੂਤ ਕਰਨ ਲਈ ਕੰਮ ਕਰਨ ਵਾਲੀ ਅਮਨਦੀਪ ਸ਼ਰਮਾ ਨੂੰ, 'ਭਾਈਚਾਰਕ ਸਾਂਝ' ਐਵਾਰਡ 2026 ਪ੍ਰਦਾਨ ਕੀਤੇ ਗਏ ਹਨ।ਇਸ ਸਮੇ ਸਿਖ ਮਿਸ਼ਨਰੀ ਭਾਈ ਲਾਲ ਸਿੰਘ, ਸਤਨਾਮ ਸਿੰਘ, ਜੰਗਰਾਲ, ਪ੍ਰਧਾਨ ਬਲਵਿੰਦਰ ਸਿੰਘ, ਸ਼੍ਰੀਮਤੀ ਸੁਨੀਤਾ ਭੰਡਾਰੀ, ਸ਼੍ਰੀਮਤੀ ਆਸ਼ਾ ਰਾਣੀ, ਸ੍ਰੀਮਤੀ ਨਿਰਮਲ ਬੈਂਸ, ਸ੍ਰੀਮਤੀ ਸ਼ਾਕਸ਼ੀ ਤੇ ਹੋਰ ਸਖਸ਼ੀਅਤਾ ਨੇ ਸ਼ਿਰਕਤ ਕੀਤੀ।



# ਅਕਾਲੀ ਦਲ ਵਾਰਸ ਪੰਜਾਬ ਵੱਲੋਂ 28 ਦੇ ਚੰਡੀਗੜ੍ਹ ਘਿਰਾਓ ਲਈ ਲਾਮਬੰਦੀ



**ਟਾਂਡਾ ਉੜਮੁੜ (ਮਿਥਲੇਸ ਗਰਗ, ਜਸਵਿੰਦਰ ਸੰਧੂ)**— ਅਕਾਲੀ ਦਲ ਵਾਰਸ ਪੰਜਾਬ ਦੀ ਇੱਕ ਅਹਿਮ ਮੀਟਿੰਗ ਟਾਂਡਾ ਵਿਖੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਜੀ ਅਤੇ ਦੁਆਬਾ ਜ਼ੋਨ ਇੰਚਾਰਜ ਪਰਮਜੀਤ ਸਿੰਘ ਜੌਹਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰਧਾਨ ਅਵਤਾਰ ਸਿੰਘ ਸੇਖੋਂ ਅਤੇ ਹਲਕਾ ਟਾਂਡਾ ਇੰਚਾਰਜ ਦੀ ਅਗਵਾਈ ਹੇਠ ਕੀਤੀ ਗਈ।ਮੀਟਿੰਗ ਦਾ ਮੁੱਖ ਮਕਸਦ 28 ਜੁਲਾਈ ਨੂੰ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਅੱਗੇ ਕੀਤੇ ਜਾਣ ਵਾਲੇ ਰੋਸ ਪ੍ਰਦਰਸ਼ਨ ਸਬੰਧੀ ਰਣਨੀਤੀ ਤਿਆਰ ਕਰਨਾ ਸੀ। ਮੀਟਿੰਗ ਦੌਰਾਨ ਸਾਰੇ ਅਗੂਆਂ ਨਾਲ ਇਸ ਸੰਘਰਸ਼ ਨੂੰ ਹੋਰ ਮਜ਼ਬੂਤ ਕਰਨ ਲਈ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਨਾਲ ਹੀ ਹਦਾਇਤ ਕੀਤੀ ਗਈ ਕਿ ਪਿੰਡ-ਪਿੰਡ ਜਾ ਕੇ ਭੈਣਾਂ-ਭਰਾਵਾਂ, ਨੌਜਵਾਨਾਂ ਅਤੇ ਪੰਜਾਬ ਹਿਤੈਸ਼ੀਆਂ ਨੂੰ ਲਾਮਬੰਦ ਕੀਤਾ ਜਾਵੇ, ਤਾਂ ਜੋ 28 ਜੁਲਾਈ ਦੇ ਰੋਸ ਪ੍ਰਦਰਸ਼ਨ ਵਿੱਚ ਵੱਧ ਤੋਂ ਵੱਧ ਲੋਕ ਸ਼ਮੂਲੀਅਤ ਕਰ ਸਕਣ। ਇਸ ਮੌਕੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਮਨਜਿੰਦਰ ਸਿੰਘ ਰੜਾ, ਜ਼ਿਲ੍ਹਾ ਮੀਤ ਪ੍ਰਧਾਨ ਮਨਦੀਪ ਸਿੰਘ ਤਗੜ, ਜ਼ਿਲ੍ਹਾ ਅਗੂ ਕੁਲਦੀਪ ਸਿੰਘ ਦਸੂਹਾ, ਜ਼ਿਲ੍ਹਾ ਅਗੂ ਕੁਲਵਿੰਦਰ ਸਿੰਘ ਦਸੂਹਾ, ਨਵ-ਨਿਯੁਕਤ ਆਈਟੀ ਸੈੱਲ ਇੰਚਾਰਜ ਸਰਦਾਰ ਗੁਰਜੀਤ ਸਿੰਘ, ਸਰਕਲ ਕੰਧਾਲਾ ਜੱਟਾਂ ਤੋਂ ਜਸਵਿੰਦਰ ਸਿੰਘ ਚੌਹਾਨ, ਗੜ੍ਹਦੀਵਾਲਾ ਸਰਕਲ ਪ੍ਰਧਾਨ ਮਨਜਿੰਦਰ ਸਿੰਘ, ਦੁਵਿੰਦਰ ਸਿੰਘ, ਇੰਦਰਜੀਤ ਸਿੰਘ ਧੁੱਗਾ , ਦਸੂਹਾ ਸਰਕਲ ਪ੍ਰਧਾਨ ਅਮਰੀਕ ਸਿੰਘ ਜਲੋਟਾ ਸਤਨਾਮ ਖੈਰਾਬਾਦ ਸਮੇਤ ਹੋਰ ਕਈ ਅਹੁਦੇਦਾਰ ਅਤੇ ਸੇਵਾਦਾਰ ਹਾਜ਼ਰ ਸਨ।

# ਸਕੋਡਾ ਸਲਾਵੀਆ ਮੋਂਟੇ ਕਾਰਲੋ ਹੁਣ ਦੋ ਨਵੇਂ ਡੁਅਲ-ਟੋਨ ਰੰਗਾਂ 'ਚ

**ਜਲੰਧਰ**- ਸਕੋਡਾ ਆਟੋ ਇੰਡੀਆ ਨੇ ਆਪਣੀ ਪ੍ਰੀਮੀਅਮ ਸੈਡਾਨ ਸਲਾਵੀਆ ਮੋਂਟੇ ਕਾਰਲੋ ਲਈ ਦੋ ਨਵੇਂ ਡੁਅਲ-ਟੋਨ ਰੰਗ ਸ਼ਿਮਲਾ ਗ੍ਰੀਨ ਤੇ ਸਟਿਲ ਗ੍ਰੇ ਪੇਸ਼ ਕੀਤੇ ਹਨ। ਕੰਪਨੀ ਇਨ੍ਹਾਂ ਵਿਸ਼ੇਸ਼ ਰੰਗਾਂ ਵਾਲੀਆਂ ਸਿਰਫ਼ 200 ਯੂਨਿਟਾਂ ਹੀ ਬਾਜ਼ਾਰ ਵਿੱਚ ਉਪਲਬਧ ਕਰਵਾਏਗੀ। ਇਹ ਮਾਡਲ 1.0 ਟੀ ਐਸ ਆਈ ਆਟੋਮੈਟਿਕ ਅਤੇ 1.5 ਟੀ ਐਸ ਆਈ ਡੀ ਐਸ ਜੀ ਵੇਰੀਐਂਟਾਂ ਵਿੱਚ ਮਿਲੇਗਾ। ਨਵੇਂ ਰੰਗ ਸਲਾਵੀਆ ਮੋਂਟੇ ਕਾਰਲੋ ਦੇ ਸਪੋਰਟੀ ਡਿਜ਼ਾਈਨ ਨੂੰ ਹੋਰ ਆਕਰਸ਼ਕ ਬਣਾਉਂਦੇ ਹਨ। ਇਸ ਵਿੱਚ ਬਲੈਕਡ-ਆਊਟ ਐਕਸਟੀਰੀਅਰ, ਵਿਸ਼ੇਸ਼ ਮੋਂਟੇ ਕਾਰਲੋ ਸਟਾਈਲਿੰਗ, ਬਲੈਕ-ਰੈੱਡ ਪ੍ਰੀਮੀਅਮ ਇੰਟੀਰੀਅਰ ਅਤੇ ਫੀਚਰਾਂ ਨਾਲ ਭਰਪੂਰ ਕੈਬਿਨ ਪਹਿਲਾਂ ਵਾਂਗ ਹੀ ਮਿਲੇਗਾ।ਸਕੋਡਾ ਆਟੋ ਇੰਡੀਆ ਦੇ ਬ੍ਰਾਂਡ ਡਾਇਰੈਕਟਰ ਆਸ਼ੀਸ਼ ਗੁਪਤਾ ਨੇ ਕਿਹਾ ਕਿ ਸਲਾਵੀਆ ਮੋਂਟੇ ਕਾਰਲੋ ਨੂੰ ਇਸ ਦੇ ਵਿਲੱਖਣ ਡਿਜ਼ਾਈਨ, ਪ੍ਰੀਮੀਅਮ ਲੁੱਕ, ਸ਼ਾਨਦਾਰ ਡਰਾਈਵਿੰਗ ਤਜਰਬੇ ਅਤੇ ਮੋਟਰਸਪੋਰਟ ਵਿਰਾਸਤ ਕਰਕੇ ਗਾਹਕਾਂ ਵੱਲੋਂ ਵਧੀਆ ਪ੍ਰਤੀਕਿਰਿਆ ਮਿਲੀ ਹੈ।

# ਬਰਨਾਲਾ ਵਿਖੇ ਸਫ਼ਾਈ ਕਾਮਿਆਂ 'ਤੇ ਲਾਠੀਚਾਰਜ ਦੀ ਪ ਸ ਸ ਫ ਵੱਲੋਂ ਨਿਖੇਧੀ

**ਜਲੰਧਰ (ਰਾਜੇਸ਼ ਥਾਪਾ)** ਸੂਬੇ ਦੇ ਮੁਲਾਜ਼ਮਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਸੀਨੀਅਰ ਮੀਤ ਪ੍ਰਧਾਨ ਕਰਮਜੀਤ ਬੀਹਲਾ ਅਤੇ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਨੇ ਇੱਕ ਸਾਂਝੇ ਪ੍ਰੈਸ ਬਿਆਨ ਰਾਹੀ ਕਿਹਾ ਹੈ ਕਿ ਸੂਬੇ ਅੰਦਰ ਸਫਾਈ ਸੇਵਕਾਂ ਵਲੋਂ ਆਪਣੀਆਂ ਮੰਗਾਂ ਦੀ ਪ੍ਰਾਪਤੀ ਅਤੇ ਸਰਕਾਰ ਦੀ ਵਾਅਦਾ-ਖਿਲਾਫੀ ਵਿਰੁੱਧ ਅਣਮਿੱਥੇ ਸਮੇਂ ਦੀ ਹੜਤਾਲ ਕੀਤੀ ਹੋਈ ਹੈ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜੱਥੇਬੰਦੀ ਦੇ ਸੂਬਾ ਪ੍ਰੈਸ ਸਕੱਤਰ ਇੰਦਰਜੀਤ ਵਿਰਦੀ ਨੇ ਕਿਹਾ ਕਿ ਮੌਜੂਦਾ ਆਮ ਆਦਮੀ ਦੀ ਸਰਕਾਰ ਇਹਨਾਂ ਸਫਾਈ ਸੇਵਕਾਂ ਦੀਆਂ ਮੰਗਾਂ ਨੂੰ ਗੱਲਬਾਤ ਰਾਹੀਂ ਹੱਲ ਕਰਨ ਦੀ ਥਾਂ ਬਰਨਾਲਾ ਵਿਖੇ ਸਫਾਈ ਮੁਲਾਜ਼ਮਾਂ ਤੇ ਭਾਰੀ ਪੁਲਸ ਤਸ਼ੱਦਦ ਕੀਤਾ ਜਾ ਰਿਹਾ ਹੈ ਜਿਸ ਵਿੱਚ ਔਰਤਾਂ ਮੁਲਾਜ਼ਮਾਂ ਨੂੰ ਵੀ ਨਹੀਂ ਬਖਸ਼ਿਆ ਗਿਆ।ਲਾਠੀਚਾਰਜ ਦੀ ਪ.ਸ.ਸ.ਫ. ਵੱਲੋਂ ਪੰਜਾਬ ਸਰਕਾਰ ਅਤੇ ਬਰਨਾਲਾ ਪ੍ਰਸ਼ਾਸਨ ਦੀ ਸਖਤ ਸ਼ਬਦਾਂ ਵਿੱਚ ਨਿੰਦਿਆ ਕੀਤੀ ਹੈ। ਜੱਥੇਬੰਦੀ ਦੇ ਆਗੂਆਂ ਮੱਖਣ ਸਿੰਘ ਵਾਹਿਦਪੁਰੀ, ਸੁਖਵਿੰਦਰ ਸਿੰਘ ਚਾਹਲ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਵੀ ਸਫਾਈ ਸੇਵਕਾਂ ਵੱਲੋਂ ਲਗਭਗ ਮਹੀਨਾ ਭਰ ਹੜਤਾਲ ਕਰਕੇ ਪੂਰਨ ਤੌਰ 'ਤੇ ਕੰਮ ਬੰਦ ਰੱਖਿਆ ਸੀ ਅਤੇ ਸੰਘਰਸ਼ ਦੇ ਦਬਾਅ ਸਦਕਾ ਸਰਕਾਰ ਵੱਲੋਂ ਕੀਤੀ ਮੀਟਿੰਗ ਵਿੱਚ ਕੋਈ ਵੀ ਮੰਗ ਪ੍ਰਵਾਨ ਨਹੀਂ ਕੀਤੀ ਗਈ ਜਿਸ ਕਾਰਣ ਮੁੜ ਹੜਤਾਲ ਦਾ ਸੱਦਾ ਦਿੱਤਾ ਗਿਆ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਮੁਲਾਜ਼ਮ ਤੇ ਪੈਨਸ਼ਨਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਵਲੋਂ ਮਿਤੀ 07 ਅਗਸਤ ਨੂੰ ਚੰਡੀਗੜ੍ਹ ਵਿਖੇ ਕੀਤੀ ਜਾਣ ਵਾਲੀ ਵਿਸ਼ਾਲ ਸੂਬਾਈ ਰੈਲੀ ਵਿੱਚ ਸੂਬੇ ਭਰ ਵਿੱਚੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।



# ਨਵੇਂ ਰਾਸ਼ਨ ਕਾਰਡ ਬਣਾਉਣ ਲਈ ਆਨਲਾਈਨ ਅਰਜ਼ੀਆਂ ਪ੍ਰਾਪਤ ਕਰਨ ਦੀ ਪ੍ਰਕਿਰਿਆ ਸ਼ੁਰੂ

**ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ)**- ਜ਼ਿਲ੍ਹਾ ਕੰਟਰੋਲਰ, ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ, ਜਲੰਧਰ ਹਰਸ਼ਰਨਜੀਤ ਸਿੰਘ ਬਰਾੜ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਕੀਤੇ ਐਲਾਨ ਅਤੇ ਰਾਜ ਸਰਕਾਰ ਵਲੋਂ ਲਏ ਗਏ ਫੈਸਲੇ ਅਨੁਸਾਰ ਨੈਸ਼ਨਲ ਫੂਡ ਸਕਿਓਰਿਟੀ ਐਕਟ, 2013/ਸਮਾਰਟ ਰਾਸ਼ਨ ਕਾਰਡ ਸਕੀਮ ਅਧੀਨ ਨਵੇਂ ਰਾਸ਼ਨ ਕਾਰਡ ਬਣਾਉਣ ਅਤੇ ਮੌਜੂਦਾ ਰਾਸ਼ਨ ਕਾਰਡਾਂ ਵਿੱਚ ਮੈਂਬਰ ਸ਼ਾਮਲ ਕਰਨ ਲਈ ਆਨਲਾਈਨ ਅਰਜ਼ੀਆਂ ਪ੍ਰਾਪਤ ਕੀਤੀਆਂ ਜਾਣੀਆਂ ਹਨ।

ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਯੋਗ ਪਰਿਵਾਰਾਂ/ਲਾਭਪਾਤਰੀਆਂ ਨੂੰ ਇੱਕ ਪਾਰਦਰਸ਼ੀ, ਨਿਰਪੱਖ ਅਤੇ ਤਕਨਾਲੋਜੀ-ਆਧਾਰਿਤ ਪ੍ਰਕਿਰਿਆ ਰਾਹੀਂ ਸ਼ਾਮਲ ਕੀਤਾ ਜਾਵੇ।

ਉਨ੍ਹਾਂ ਦੱਸਿਆ ਕਿ ਨਵੇਂ ਰਾਸ਼ਨ ਕਾਰਡ ਬਣਾਉਣ ਜਾਂ ਮੌਜੂਦਾ ਰਾਸ਼ਨ ਕਾਰਡਾਂ ਵਿੱਚ ਮੈਂਬਰ ਸ਼ਾਮਲ ਕਰਨ ਲਈ ਫਾਰਮ ਅੰਗਰੇਜ਼ੀ ਅਤੇ ਪੰਜਾਬੀ ਭਾਸ਼ਾ ਵਿੱਚ ਵਿਭਾਗੀ ਵੈਬਸਾਈਟ http://foodsuppb.gov.in ਤੋਂ ਡਾਊਨਲੋਡ ਕੀਤੇ ਜਾ ਸਕਦੇ ਹਨ।


# ਸ.ਫਾਈ ਕਰਮਚਾਰੀਆਂ 'ਤੇ ਲਾਠੀਚਾਰਜ ਕਰਨਾ ਨਿੰਦਣਯੋਗ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)** ਬੀਤੇ ਦਿਨ ਬਰਨਾਲਾ ਵਿਖੇ ਸਫ਼ਾਈ ਸੇਵਕਾਂ 'ਤੇ ਹੋਏ ਪੁਲਸ ਵੱਲੋਂ ਲਾਠੀਚਾਰਜ ਅਤੇ ਕੁੱਟਮਾਰ ਕਰਨਾ ਬਹੁਤ ਮੰਦਭਾਗਾ ਹੈ, ਜਿਸਦੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਜਾਂਦੀ ਹੈ , ਇੰਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਵਾਧਸ ਦੇ ਕਨਵੀਨਰ ਸੇਠਰਾਮ ਸੇਠੀ, ਜ਼ਿਲ੍ਹਾ ਪ੍ਰਧਾਨ ਤਾਰਾ ਸਿੰਘ, ਪ੍ਰਧਾਨ ਪ੍ਰਦੀਪ ਕੁਮਾਰ ਰਾਣਾ ਤੇ ਭਗਵਾਨ ਵਾਲਮੀਕਿ ਯੂਥ ਕਮੇਟੀ ਪੰਜਾਬ ਦੇ ਪ੍ਰਧਾਨ ਰਾਜਨ ਮਲਹੋਤਰਾ ਨੇ ਸਾਂਝੇ ਤੌਰ 'ਤੇ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਬੋਲਦਿਆਂ ਉਕਤ ਆਗੂਆਂ ਨੇ ਕਿਹਾ ਕਿ ਬਰਨਾਲਾ ਵਿਖੇ ਨਗਰ ਕੌਂਸਲ ਸਫ਼ਾਈ ਕਰਮਚਾਰੀ ਜਦੋਂ ਆਪਣੀਆਂ ਮੰਗਾਂ ਨੂੰ ਲੈ ਕੇ ਹੜਤਾਲ ਦੌਰਾਨ ਰੋਸ ਪ੍ਰਦਰਸ਼ਨ ਕਰ ਰਹੇ ਸਨ ਤਾਂ ਬਰਨਾਲਾ ਪੁਲਸ ਨੇ ਸਫਾਈ ਸੇਵਕਾਂ 'ਤੇ ਬੇਦਰਦੀ ਨਾਲ ਲਾਠੀਚਾਰਜ ਕੀਤਾ, ਜਿਸ ਦੌਰਾਨ ਕਈ ਸਫਾਈ ਸੇਵਕ ਗੰਭੀਰ ਰੂਪ ਵਿਚ ਜ਼ਖਮੀ ਹੋ ਗਏ।ਆਗੂਆਂ ਨੇ ਪੰਜਾਬ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਸਫਾਈ ਸੇਵਕਾਂ ਤੇ ਲਾਠੀਚਾਰਜ ਕਰਨ ਵਾਲੇ ਮੁਲਾਜ਼ਮਾਂ 'ਤੇ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ।ਇਸ ਮੌਕੇ ਅਕਾਸ਼ ਭੱਟੀ , ਸੋਹਣ ਲਾਲ, ਹਰਪ੍ਰੀਤ ਸਿੰਘ, ਸਾਡੀ, ਮੌਜੀ, ਮਾਨਵ, ਤੋਤਾ ਹਰਸੀ ਪਿੰਡ ਆਦਿ ਹਾਜ਼ਰ ਸਨ।



# ਹਾਟ ਮਿਕਸ ਪਲਾਂਟ ਨੂੰ ਬੰਦ ਕਰਵਾਉਣ ਲਈ ਧਰਨਾ

**ਫਿਲੌਰ (ਨਿਰਮਲ)**- ਪਿੰਡ ਅੱਟੀ ਦੇ ਖੇਤਾਂ ਨੂੰ ਜਾਣ ਵਾਲੇ ਰਸਤੇ ਉਪਰ ਸਥਿਤ ਇੱਕ ਹਾਟ ਮਿਕਸ ਪਲਾਟ ਨੂੰ ਬੰਦ ਕਰਵਾਉਣ ਲਈ ਪਿੰਡ ਵਾਸੀਆਂ ਅਤੇ ਭਾਰਤੀ ਕਿਸਾਨ ਯੂਨੀਅਨ ਦੋਆਬਾ ਨੇ ਪਲਾਟ ਦੇ ਅੱਗੇ ਧਰਨਾ ਦਿੱਤਾ। ਜਲੰਧਰ ਵਿਕਾਸ ਅਥਾਰਟੀ ਵਲੋਂ ਇਸ ਫੈਕਟਰੀ ਦੇ ਨਾਂਅ ਜਾਰੀ ਇੱਕ ਪੱਤਰ 'ਚ ਸਪੱਸ਼ਟ ਕੀਤਾ ਹੋਇਆ ਹੈ ਕਿ ਉਸਾਰੀ ਰੋਕੀ ਜਾਵੇ। ਇਸ ਕੇਸ ਦੀ ਪ੍ਰਵਾਨਗੀ ਲੈਣ ਲਈ ਇਨਵੈਸਟ ਪੰਜਾਬ ਪੋਰਟਲ ਉਪਰ ਜਿਥੇ ਮਨਜ਼ੂਰੀ ਲਈ ਅਪਲਾਈ ਕੀਤਾ ਹੈ, ਉਥੇ ਦਸਤਾਵੇਜ਼ ਅਧੂਰੇ ਹਨ। ਇਸ ਪੱਤਰ 'ਚ ਇਹ ਵੀ ਸਪੱਸ਼ਟ ਕੀਤਾ ਕਿ ਵਾਰ ਵਾਰ ਸ਼ਿਕਾਇਤਾਂ ਅਨੁਸਾਰ ਆਪ ਵੱਲੋ ਹਾਟ ਮਿਕਸ ਪਲਾਟ ਬੰਦ ਨਹੀਂ ਕੀਤਾ। ਜਦੋਂ ਤੱਕ ਸਾਈਟ ਸਬੰਧੀ ਮੁਕੰਮਲ ਪ੍ਰਵਾਨਗੀ ਨਹੀਂ ਮਿਲ ਜਾਂਦੀ , ਉਸ ਸਮੇਂ ਤੱਕ ਜਨ ਹਿਤ 'ਚ ਇਸ ਨੂੰ ਨਾ ਚਲਾਉਣ ਦੇ ਪਾਬੰਦ ਹੋਵੋਗੇ। ਇਹ ਪੱਤਰ 25 ਜੂਨ ਨੂੰ ਜਾਰੀ ਕੀਤਾ ਗਿਆ। ਕਿਸਾਨ ਯੂਨੀਅਨ ਦੇ ਆਗੂ ਤਰਸੇਮ ਸਿੰਘ ਢਿੱਲੋਂ ਨੇ ਦੱਸਿਆ ਕਿ ਇਸ ਪੱਤਰ ਦੇ ਜਾਰੀ ਹੋਣ ਦੇ ਬਾਵਜੂਦ ਉਸਾਰੀ ਰੋਕਣੀ ਤਾਂ ਇੱਕ ਪਾਸੇ ਉਸਾਰੀ ਹੋਣ ਉਪਰੰਤ ਪਿਛਲੇ ਲੰਬੇ ਸਮੇਂ ਤੋਂ ਇਹ ਪਲਾਟ ਚੱਲ ਰਿਹਾ ਹੈ। ਸਾਲ ਪਹਿਲਾ ਜਦੋਂ ਪੰਚਾਇਤ ਨੇ ਖੇਤਾਂ ਨੂੰ ਜਾਣ ਵਾਲੇ ਇਸ ਰਸਤੇ ਨੂੰ ਬੰਦ ਕੀਤਾ ਤਾਂ ਅਦਾਲਤ ਦਾ ਸਹਾਰਾ ਲੈ ਕੇ ਰਸਤਾ ਖੁਲਵਾ ਲਿਆ, ਜਿਸ ਰਸਤੇ ਦੀ ਹੁਣ ਤੱਕ ਕਾਫੀ ਟੁੱਟ ਭੱਜ ਹੋ ਚੁੱਕੀ ਹੈ। ਪਿੰਡ ਵਾਸੀ ਲਗਾਤਾਰ ਤਿੰਨ ਸਾਲ ਤੋਂ ਇਸ ਫੈਕਟਰੀ ਦਾ ਵਿਰੋਧ ਕਰ ਰਹੇ ਹਨ। ਪਿੰਡ ਵਾਸੀਆਂ ਨੇ ਸਵਾਲ ਕੀਤਾ ਕਿ ਸੀ ਐੱਲ ਯੂ ਸਮੇਤ ਹੋਰ ਮਨਜ਼ੂਰੀਆਂ ਤੋਂ ਬਿਨ੍ਹਾਂ ਕਿਸ ਦੀ ਸ਼ਹਿ ਤੇ ਇਹ ਫੈਕਟਰੀ ਹੁਣ ਤੱਕ ਚਲਦੀ ਰਹੀ। ਪਿੰਡ ਵਾਸੀਆਂ ਨੇ ਦੱਸਿਆ ਕਿ ਉਹ ਜਾਰੀ ਕੀਤੇ ਪੱਤਰ ਨੂੰ ਲੈ ਕੇ ਪੁਲਸ ਕੋਲ ਜਾ ਰਹੇ ਹਨ, ਜਿਥੇ ਦਿਨ ਟਪਾਈ ਹੀ ਕੀਤੀ ਜਾਂਦੀ ਰਹੀ ਹੈ। ਲੋਕਾਂ ਨੇ ਐਲਾਨ ਕੀਤਾ ਕਿ ਉਹ ਫੈਕਟਰੀ ਨੂੰ ਜ਼ਿੰਦਰਾ ਲਗਾ ਦੇਣਗੇ। ਇਕੱਤਰ ਲੋਕਾਂ ਨੇ ਸੰਕੇਤਕ ਤੌਰ ਤੇ ਜ਼ਿੰਦਰਾ ਲਗਾ ਦਿੱਤਾ। ਮਗਰੋਂ ਪੁੱਜੇ ਥਾਣਾ ਮੁਖੀ ਬਲਵਿੰਦਰ ਸਿੰਘ ਨੇ ਫੈਕਟਰੀ ਦੇ ਹਾਜ਼ਰ ਸਟਾਫ਼ ਨੂੰ ਕਿਹਾ ਕਿ ਉਹ ਫੈਕਟਰੀ ਨਾ ਚਲਾਉਣ। ਜਿਹੜੇ ਵਾਹਨ ਅੰਦਰ ਖੜੇ ਹਨ, ਉਹ ਅੰਦਰ ਹੀ ਰਹਿਣ ਜਿਸ ਉਪਰੰਤ ਧਰਨਾ ਸਮਾਪਤ ਕੀਤਾ ਗਿਆ।



# ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਦਿੱਲੀ ਵਿਖੇ ਵਿਦਿਆਰਥੀਆਂ 'ਤੇ ਪੁਲਸ ਜਬਰ ਦੀ ਨਿਖੇਧੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਦਿੱਲੀ ਵਿਖੇ ਨੌਜਵਾਨਾਂ ਅਤੇ ਵਿਦਿਆਰਥੀਆਂ 'ਤੇ ਅਤੇ ਪਿਛਲੇ ਕੱਲ ਬਰਨਾਲਾ ਵਿੱਖੇ ਸਫਾਈ ਸੇਵਕਾਂ 'ਤੇ ਕੀਤੇ ਪੁਲਸ ਜਬਰ ਸਬੰਧੀ ਆਨਲਾਈਨ ਮੀਟਿੰਗ ਕਰਕੇ ਤਿੱਖੇ ਸ਼ਬਦਾਂ ਵਿੱਚ ਨਿਖੇਦੀ ਕੀਤੀ।ਮੀਟਿੰਗ ਦੇ ਫੈਸਲੇ ਪ੍ਰੈਸ ਬਿਆਨ ਜਾਰੀ ਕਰਦਿਆਂ ਸਾਂਝਾ ਫਰੰਟ ਦੇ ਪ੍ਰਮੁੱਖ ਆਗੂਆਂ ਸਤੀਸ਼ ਰਾਣਾ, ਕਰਮ ਸਿੰਘ ਧਨੋਆ, ਰਣਜੀਤ ਸਿੰਘ ਰਾਣਵਾਂ, ਗਗਨਦੀਪ ਸਿੰਘ ਭੁੱਲਰ, ਕੁਲਵਿੰਦਰ ਸਿੰਘ, ਭਜਨ ਸਿੰਘ ਗਿੱਲ, ਧਨਵੰਤ ਸਿੰਘ ਭੱਠਲ, ਜਰਮਨਜੀਤ ਸਿੰਘ, ਮਨਜੀਤ ਸਿੰਘ ਬਾਸਰਕੇ, ਜਗਦੀਸ਼ ਸਿੰਘ ਚਾਹਲ, ਰਾਧੇ ਸ਼ਾਮ, ਕੁਲਦੀਪ ਸਿੰਘ ਉਦੋਕੇ, ਸੁਰਜੀਤ ਸਿੰਘ ਗਗੜਾ, ਸੁਖਦੇਵ ਸਿੰਘ ਸੈਣੀ, ਅਮਰੀਕ ਸਿੰਘ ਕੰਗ, ਜਸਵੀਰ ਸਿੰਘ ਤਲਵਾੜਾ, ਦਿਗਵਿਜੇ ਪਾਲ ਸ਼ਰਮਾ, ਕਰਮਜੀਤ ਸਿੰਘ ਬੀਹਲਾ ਅਤੇ ਬੋਬਿੰਦਰ ਸਿੰਘ ਨੇ ਆਖਿਆ ਕਿ ਪਿਛਲੇ ਦਿਨੀ ਨੀਟ ਦੇ ਲੀਕ ਹੋਏ ਪੇਪਰ ਨੂੰ ਲੈ ਕੇ ਕੇਂਦਰ ਦੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਦਿੱਲੀ ਜੰਤਰ ਮੰਤਰ ਵਿਖੇ ਪ੍ਰਦਰਸ਼ਨ ਦੌਰਾਨ ਕੇਂਦਰ ਸਰਕਾਰ ਦੇ ਇਸ਼ਾਰੇ ਤੇ ਦਿੱਲੀ ਪੁਲਸ ਅਤੇ ਬੀਜੇਪੀ ਦੇ ਗੁੰਡਿਆਂ ਵੱਲੋਂ ਬੇਰੁਜ਼ਗਾਰ ਨੌਜਵਾਨਾਂ ਅਤੇ ਵਿਦਿਆਰਥੀਆਂ ਤੇ ਕੀਤੇ ਅੰਨੇ ਤਸ਼ਦਦ ਦੀ ਅਤੇ ਪਿਛਲੇ ਕੱਲ ਬਰਨਾਲਾ ਵਿਖੇ ਸਫਾਈ ਸੇਵਕਾਂ ਤੇ ਪੰਜਾਬ ਸਰਕਾਰ ਦੇ ਇਸ਼ਾਰੇ ਤੇ ਪੰਜਾਬ ਪੁਲਸ ਵੱਲੋਂ ਕੀਤੇ ਅੰਨੇ ਪੁਲਸ ਤਸ਼ਦਦ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ। ਸਾਂਝਾ ਫਰੰਟ ਦੇ ਉਕਤ ਆਗੂਆਂ ਨੇ ਆਖਿਆ ਕਿ ਕੇਂਦਰ ਸਰਕਾਰ ਸਿੱਖਿਆ ਮੰਤਰੀ ਤੋਂ ਤੁਰੰਤ ਅਸਤੀਫਾ ਲਵੇ ਅਤੇ ਦੋਸ਼ੀ ਪੁਲਸ ਕਰਮਚਾਰੀਆਂ ਖਿਲਾਫ ਕਾਰਵਾਈ ਕਰੇ। ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਲੈ ਕੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਵੱਲੋਂ 07 ਅਗਸਤ ਨੂੰ ਦਾਣਾ ਮੰਡੀ, ਸੈਕਟਰ 39 ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਮਹਾਂ ਰੈਲੀ ਵਿੱਚ ਸਮੁੱਚੇ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਸ਼ਾਮਲ ਹੋਣ ਦਾ ਸੱਦਾ ਵੀ ਦਿੱਤਾ।



# ਲੁਕਵੀਂ ਰਾਜ-ਸੱਤਾ ਦੀ ਉਪਜ... (ਸਫਾ 4 ਦੀ ਬਾਕੀ)

ਮੇਰੀ ਮਾਰਕੁੱਟ ਕਰਕੇ ਚਲੇ ਜਾਂਦੇ ਤਾਂ ਬਟਾਲੇ ਦੇ ਨਜ਼ਦੀਕੀ ਪਿੰਡ ਬੂਲੇਵਾਲ ਦਾ ਨਿਵਾਸੀ ਇਹ ਸੂਬੇਦਾਰ ਮੇਰੇ ਕਮਰੇ ਦੀਆ ਸੀਖਾਂ ਫੜ ਕੇ ਸ਼ਰਾਬੀ ਹੋਇਆ ਉਚੀ-ਉੱਚੀ ਰੋਂਦਾ ਅਤੇ ਮੈਨੂੰ ਕਹਿੰਦਾ-ਮੈਂ ਤੇਰੇ ਲਈ ਦੁੱਧ ਵਿੱਚ ਘਿਓ ਪਾ ਕੇ ਲਿਆਵਾਂ, ਉਸ ਦੀ ਹਮਦਰਦੀ ਨਾਲ ਮੇਰਾ ਗਚ ਭਰ ਆਉਂਦਾ ਤੇ ਮੈਂ ਸਿਰ ਹਿਲਾ ਕੇ ਨਾਂਹ ਕਰ ਦਿੰਦਾ, ਤਾਂ ਜੋ ਮੇਰੀ ਖਾਤਰ ਉਸ ਉਪਰ ਕੋਈ ਕਨੂੰਨੀ ਗਾਜ਼ ਨਾ ਗਿਰ ਜਾਵੇ ।ਉਹ ਹਰ ਰੋਜ਼ ਦੇਰ ਰਾਤ ਤੱਕ ਆਪਣੇ ਟੇਪ ਰਿਕਾਰਡਰ ਦੀ ਉਚੀ ਅਵਾਜ਼ ਵਿਚ ਸਿੱਖ ਸ਼ਹਾਦਤਾਂ ਦੇ ਗੀਤ ਸੁਣਾਉਂਦਾ, ਜਿਨ੍ਹਾਂ ਨੂੰ ਸੁਣ ਕੇ ਪੀੜਾਂ ਨਾਲ ਕਰਾਹ ਰਹੇ ਸਰੀਰ ਵਿੱਚ ਫਿਰ ਸ਼ਕਤੀ ਪਰਤ ਆਉਂਦੀ ।ਮੁੱਖ ਤੌਰ 'ਤੇ ਮੇਰੇ ਕਰਕੇ ਗ੍ਰਿਫਤਾਰ ਕੀਤੇ ਗਏ ਮੇਰੇ ਸਾਥੀ ਗੁਲਜਾਰ ਸਿੰਘ ਨੂੰ 28 ਸਤੰਬਰ ਨੂੰ ਉਸ ਦੇ ਇਕ ਫੌਜੀ ਰਿਸ਼ਤੇਦਾਰ ਦੇ ਦਖਲ ਦੇਣ ਕਰਕੇ ਰਿਹਾਅ ਕਰ ਦਿੱਤਾ ਗਿਆ । ਮੈਨੂੰ ਵ੍ਹਾਇਟ ਘੋਸ਼ਿਤ ਨਾ ਮੰਨਦਿਆ ਰੈੱਡ ਘੋਸ਼ਿਤ ਕਰਕੇ 4 ਅਕਤੂਬਰ ਨੂੰ ਕਰੀਬ 15 ਦਿਨ ਬਾਅਦ ਤਿਬੜੀ ਇੰਟੈਰੋਗੇਸ਼ਨ ਸੈਂਟਰ 'ਚੋਂ ਘਰ ਭੇਜ ਦਿੱਤਾ ਗਿਆ, ਪਰ ਕਹਾਣੀ ਖਤਮ ਨਹੀ ਸੀ ਹੋਈ ।ਮੈ ਤਸ਼ੱਦਦ ਦਾ ਭੰਨਿਆ ਜਦੋ ਘਰ ਵਿੱਚ ਨਮੂਨੀਏ ਬੁਖਾਰ ਨਾਲ ਪੀੜਤ ਚਲ ਰਿਹਾ ਸਾਂ ਤਾਂ ਮੈਨੂੰ 11ਅਕਤੂਬਰ ਨੂੰ ਕਲਾਨੌਰ ਦੀ ਪੁਲਸ ਚੁੱਕ ਕੇ ਲੈ ਗਈ।ਗੁਰਦਾਸਪੁਰ ਦਾ ਤਤਕਾਲੀ ਐੱਸ ਐੱਸ ਪੀ ਪਾਂਡੇ ਕਲਾਨੌਰ ਪੁਲਸ ਨੂੰ ਮੈਨੂੰ ਜਲਦੀ ਤੋਂ ਜਲਦੀ ਇੰਟੈਰੋਗੇਸ਼ਨ ਅੰਮ੍ਰਿਤਸਰ ਭੇਜਣ ਦੀਆ ਹਦਾਇਤਾ ਕਰ ਰਿਹਾ ਸੀ, ਪਰ ਥਾਣੇ ਦਾ ਐੱਸ ਐੱਚ ਓ ਤਸਵੀਰ ਸਿੰਘ ਬੋਲਦਾ ਕਿ ਇਸ ਦੀ ਹਾਲਤ ਇਸ ਦੇ ਯੋਗ ਹੀ ਨਹੀਂ ਹੋ ਰਹੀ। ਅਸਲ ਵਿੱਚ ਉਹ ਮੇਰੀ ਹਾਲਤ ਦੇਖਦਿਆਂ ਮੇਰੇ ਨਾਲ ਹਮਦਰਦੀ ਕਰ ਰਿਹਾ ਸੀ।

ਇਸ ਦੌਰਾਨ ਮੇਰੀ ਪਾਰਟੀ ਸੀ ਪੀ ਆਈ ਐਮ ਐਲ ਦੇ ਆਗੂ ਡਾਕਟਰ ਵੀ ਕੇ ਪਟੋਲੇ ਵੱਲੋਂ ਮਨੁੱਖੀ ਹੱਕਾਂ ਦੇ ਰਾਖੇ ਅਤੇ ਸੁਪਰੀਮ ਕੋਰਟ ਦੇ ਉਘੇ ਵਕੀਲ ਜਸਟਿਸ ਵੀ ਐੱਮ ਤਾਰਕੁੰਡੇ ਅਤੇ ਵਕੀਲ ਅਸ਼ੋਕ ਕੁਮਾਰ ਪੰਡਾ ਰਾਹੀਂ ਸੁਪਰੀਮ ਕੋਰਟ ਵਿੱਚ ਹੈਬੀਅਸ ਕਾਰਪਸ ਰਿਟ ਪਾ ਦਿਤੀ ਤਾਂ ਸੁਪਰੀਮ ਕੋਰਟ ਵੱਲੋਂ ਪੁਲਸ ਅਤੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰ ਦਿਤਾ ਤਾਂ ਸੁਪਰੀਮ ਕੋਰਟ ਦੇ ਦਬਾਅ ਕਾਰਨ ਮੈਨੂੰ 18 ਅਕਤੂਬਰ ਨੂੰ ਰਿਹਾਅ ਕੀਤਾ ਗਿਆ।ਰਿਹਾਅ ਹੋਣ ਪਿਛੋਂ ਮੈਂ ਇਲਾਜ ਕਰਵਾਉਣ ਲਈ ਆਲ ਇੰਡੀਆ ਮੈਡੀਕਲ ਇੰਸਟੀਚਿਊਟ ਦਿਲੀ ਦੇ ਵਿਦਿਆਰਥੀ ਹੋਸਟਲ ਵਿੱਚ ਚਲਾ ਗਿਆ, ਜਿਥੇ 30 ਅਕਤੂਬਰ ਤੱਕ ਠਹਿਰਿਆ ਤੇ ਅਚਾਨਕ ਉਸ ਦਿਨ ਵਾਪਸ ਪਰਤਿਆ, ਜਿਸ ਦਿਨ ਦੇਸ਼ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਕਤਲ ਪਿੱਛੋਂ ਸਿੱਖ ਵਿਰੋਧੀ ਦੰਗੇ ਸ਼ੁਰੂ ਹੋਏ ਸਨ ।ਮੈਨੂੰ ਪੰਜਾਬ ਆਉਂਦਿਆ ਇੰਦਰਾ ਗਾਂਧੀ ਦੇ ਕਤਲ ਦੀ ਖਬਰ ਹਰਿਅਣਾ ਵਿੱਚ ਮਿਲੀ।

# ਸੰਪਰਕ : 98142-90163

## ਸਫ਼ਾਈ ਸੇਵਕਾਂ ਤੇ ਨੌਜਵਾਨਾਂ 'ਤੇ ਪੁਲਸ ਕਾਰਵਾਈ ਲੋਕਤੰਤਰੀ ਸਿਧਾਂਤਾਂ ਦੇ ਖ਼ਿਲਾਫ਼ : ਜਗਸੀਰ ਸਿੰਘ ਕਾਲੇਕੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦੇ ਕਾਂਗਰਸ ਪਾਰਟੀ ਦੇ ਮੁੱਖ ਸੇਵਾਦਾਰ ਜਗਸੀਰ ਸਿੰਘ ਕਾਲੇਕੇ ਨੇ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਸਫ਼ਾਈ ਸੇਵਕਾਂ 'ਤੇ ਪੁਲਸ ਵੱਲੋਂ ਕੀਤੀ ਗਈ ਕਾਰਵਾਈ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ।ਉਨ੍ਹਾਂ ਕਿਹਾ ਕਿ ਲੋਕਤੰਤਰ 'ਚ ਹਰ ਨਾਗਰਿਕ ਨੂੰ ਆਪਣੀ ਗੱਲ ਕਹਿਣ, ਸ਼ਾਂਤਮਈ ਢੰਗ ਨਾਲ ਰੋਸ ਪ੍ਰਗਟ ਕਰਨ ਤੇ ਆਪਣੇ ਹੱਕਾਂ ਲਈ ਸੰਘਰਸ਼ ਕਰਨ ਦਾ ਸੰਵਿਧਾਨਕ ਅਧਿਕਾਰ ਹੈ, ਜਿਸ ਦਾ ਸਤਿਕਾਰ ਕੀਤਾ ਜਾਣਾ ਚਾਹੀਦਾ ਹੈ।ਕਾਲੇਕੇ ਨੇ ਕਿਹਾ ਕਿ ਭਾਰਤੀ ਸੰਵਿਧਾਨ ਹਰ ਨਾਗਰਿਕ ਨੂੰ ਵਿਚਾਰ ਪ੍ਰਗਟ ਕਰਨ ਦੀ ਆਜ਼ਾਦੀ ਦਿੰਦਾ ਹੈ ਤੇ ਕਿਸੇ ਵੀ ਸਰਕਾਰ ਨੂੰ ਇਸ ਅਧਿਕਾਰ ਨੂੰ ਬਲ ਦੇ ਜ਼ੋਰ 'ਤੇ ਦਬਾਉਣ ਦੀ ਕੋਸ਼ਿਸ਼ ਨਹੀਂ ਕਰਨੀ ਚਾਹੀਦੀ।ਉਨ੍ਹਾਂ ਕਿਹਾ ਕਿ ਜਨਤਾ 'ਤੇ ਲਾਠੀਆਂ ਵਰ੍ਹਾਉਣਾ ਤੇ ਸ਼ਾਂਤਮਈ ਪ੍ਰਦਰਸ਼ਨਾਂ ਨੂੰ ਬਲ ਨਾਲ ਕੁਚਲਣਾ ਲੋਕਤੰਤਰੀ ਕਦਰਾਂ-ਕੀਮਤਾਂ ਦੇ ਉਲਟ ਹੈ।ਉਨ੍ਹਾਂ ਦਿੱਲੀ ਦੇ ਜੰਤਰ-ਮੰਤਰ ਵਿਖੇ ਆਪਣੀਆਂ ਮੰਗਾਂ ਨੂੰ ਲੈ ਕੇ ਰੋਸ ਪ੍ਰਗਟ ਕਰ ਰਹੇ ਨੌਜਵਾਨਾਂ 'ਤੇ ਹੋਈ ਪੁਲਸ ਕਾਰਵਾਈ 'ਤੇ ਵੀ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਸਰਕਾਰ ਨੂੰ ਨੌਜਵਾਨਾਂ ਦੀ ਗੱਲ ਧਿਆਨ ਨਾਲ ਸੁਣਨੀ ਚਾਹੀਦੀ ਸੀ ਤੇ ਗੱਲਬਾਤ ਰਾਹੀਂ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕੱਢਣਾ ਚਾਹੀਦਾ ਸੀ।ਉਨ੍ਹਾਂ ਕਿਹਾ ਕਿ ਦੇਸ਼ ਦੀ ਜਵਾਨੀ 'ਤੇ ਬੇਲੋੜਾ ਪੁਲਿਸ ਤਸ਼ੱਦਦ ਕਰਨਾ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ।ਕਾਲੇਕੇ ਨੇ ਕਿਹਾ ਕਿ ਜੇਕਰ ਸਰਕਾਰਾਂ ਲੋਕਾਂ ਦੀਆਂ ਜਾਇਜ਼ ਮੰਗਾਂ ਨੂੰ ਸੁਣਨ ਦੀ ਬਜਾਏ ਬਲ ਪ੍ਰਯੋਗ ਦਾ ਰਾਹ ਅਪਣਾਉਣਗੀਆਂ ਤਾਂ ਲੋਕਾਂ ਦਾ ਲੋਕਤੰਤਰੀ ਪ੍ਰਣਾਲੀ 'ਤੇ ਵਿਸ਼ਵਾਸ ਕਮਜ਼ੋਰ ਹੋਵੇਗਾ।ਉਨ੍ਹਾਂ ਕਿਹਾ ਕਿ ਸਰਕਾਰਾਂ ਨੂੰ ਟਕਰਾਅ ਦੀ ਨੀਤੀ ਛੱਡ ਕੇ ਸੰਵਾਦ ਤੇ ਸਹਿਮਤੀ ਰਾਹੀਂ ਮਸਲਿਆਂ ਦਾ ਹੱਲ ਕਰਨਾ ਚਾਹੀਦਾ ਹੈ।ਉਨ੍ਹਾਂ ਕੇਂਦਰ ਤੇ ਪੰਜਾਬ ਸਰਕਾਰ ਦੇ ਅਜਿਹੇ ਰਵੱਈਏ ਦੀ ਕਰੜੇ ਸ਼ਬਦਾਂ ਵਿਚ ਨਿਖੇਧੀ ਕਰਦਿਆਂ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲੋਕਾਂ ਦੀ ਆਵਾਜ਼ ਸੁਣਨ ਤੇ ਉਨ੍ਹਾਂ ਦੇ ਸੰਵਿਧਾਨਕ ਹੱਕਾਂ ਦਾ ਸਨਮਾਨ ਕਰਨ ਵਿਚ ਹੈ।ਉਨ੍ਹਾਂ ਮੰਗ ਕੀਤੀ ਕਿ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰ ਰਹੇ ਲੋਕਾਂ ਨਾਲ ਸਨਮਾਨਪੂਰਵਕ ਵਿਵਹਾਰ ਕੀਤਾ ਜਾਵੇ ਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਗੱਲਬਾਤ ਰਾਹੀਂ ਜਲਦ ਹੱਲ ਕੀਤਾ ਜਾਵੇ।

## ਕਾਮਰੇਡ ਸੱਘੜ ਸਿੰਘ ਦਾ ਕੋਈ ਤੋੜ ਨਹੀਂ ਮਿਲ ਸਕਿਆ : ਐਡਵੋਕੇਟ ਗੋਇਲ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**
ਸੀਨੀਅਰ ਐਡਵੋਕੇਟ ਚਮਨ ਲਾਲ ਗੋਇਲ ਨੇ ਕਿਹਾ ਕਿ ਹਲਕਾ ਨਿਹਾਲ ਸਿੰਘ ਵਾਲਾ ਨੂੰ ਅੱਜ ਤੱਕ ਕਾਮਰੇਡ ਸੱਘੜ ਸਿੰਘ ਵਰਗਾ ਲੋਕ-ਪੱਖੀ, ਇਮਾਨਦਾਰ ਤੇ ਸੰਘਰਸ਼ਸ਼ੀਲ ਆਗੂ ਨਹੀਂ ਮਿਲ ਸਕਿਆ।ਉਨ੍ਹਾਂ ਕਿਹਾ ਕਿ ਕਾਮਰੇਡ ਸੱਘੜ ਸਿੰਘ ਨੇ ਆਪਣਾ ਪੂਰਾ ਜੀਵਨ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਤੇ ਆਮ ਲੋਕਾਂ ਦੇ ਹੱਕਾਂ ਲਈ ਸੰਘਰਸ਼ ਕਰਦਿਆਂ ਬਿਤਾਇਆ।ਐਡਵੋਕੇਟ ਗੋਇਲ ਨੇ ਕਿਹਾ ਕਿ ਕਾਮਰੇਡ ਸੱਘੜ ਸਿੰਘ ਨੇ ਹਮੇਸ਼ਾ ਲੋਕਾਂ ਦੇ ਦੁੱਖ-ਦਰਦ ਨੂੰ ਆਪਣਾ ਸਮਝਿਆ ਤੇ ਹਰ ਮੁੱਦੇ 'ਤੇ ਨਿੱਡਰ ਹੋ ਕੇ ਲੋਕਾਂ ਦੀ ਆਵਾਜ਼ ਬੁਲੰਦ ਕੀਤੀ।ਉਨ੍ਹਾਂ ਦੀ ਸਾਦਗੀ, ਇਮਾਨਦਾਰੀ ਤੇ ਲੋਕ ਸੇਵਾ ਦੀ ਭਾਵਨਾ ਨੇ ਉਨ੍ਹਾਂ ਨੂੰ ਹਲਕੇ ਦੇ ਹਰ ਵਰਗ ਵਿੱਚ ਵਿਸ਼ੇਸ਼ ਸਨਮਾਨ ਦਿਵਾਇਆ।ਉਨ੍ਹਾਂ ਕਿਹਾ ਕਿ ਕਾਮਰੇਡ ਸੱਘੜ ਸਿੰਘ ਵੱਲੋਂ ਸਿੱਖਿਆ, ਸਮਾਜਿਕ ਨਿਆਂ, ਲੋਕ ਭਲਾਈ ਤੇ ਵਿਕਾਸ ਲਈ ਦਿੱਤਾ ਗਿਆ ਯੋਗਦਾਨ ਹਮੇਸ਼ਾ ਯਾਦ ਰੱਖਿਆ ਜਾਵੇਗਾ।ਉਨ੍ਹਾਂ ਦੀ ਸੋਚ ਤੇ ਸੰਘਰਸ਼ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਦਾ ਸਰੋਤ ਹਨ।ਐਡਵੋਕੇਟ ਚਮਨ ਲਾਲ ਗੋਇਲ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਨਿਸ਼ਕਾਮ ਭਾਵਨਾ ਨਾਲ ਲੋਕਾਂ ਦੀ ਸੇਵਾ ਕਰਨ ਵਾਲੇ ਆਗੂਆਂ ਦੀ ਬਹੁਤ ਲੋੜ ਹੈ ਤੇ ਕਾਮਰੇਡ ਸੱਘੜ ਸਿੰਘ ਵਰਗੇ ਲੋਕ ਆਗੂ ਦੀ ਕਮੀ ਹਲਕਾ ਨਿਹਾਲ ਸਿੰਘ ਵਾਲਾ ਹਮੇਸ਼ਾ ਮਹਿਸੂਸ ਕਰੇਗਾ।

# ਸਫਾਈ ਕਾਮਿਆਂ 'ਤੇ ਲਾਠੀਚਾਰਜ ਦੀ ਪ ਸ ਸ ਫ ਵੱਲੋਂ ਨਿਖੇਧੀ

### ਸਰਕਾਰ ਸਫਾਈ ਕਾਮਿਆਂ ਦੀਆਂ ਮੰਗਾਂ ਜਲਦ ਪੂਰੀਆਂ ਕਰੇ : ਸਤੀਸ਼ ਰਾਣਾ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸੂਬੇ ਦੇ ਮੁਲਾਜ਼ਮਾਂ ਦੀ ਸੰਘਰਸ਼ਸ਼ੀਲ ਜਥੇਬੰਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਸੀਨੀਅਰ ਮੀਤ ਪ੍ਰਧਾਨ ਕਰਮਜੀਤ ਬੀਹਲਾ ਤੇ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਨੇ ਇੱਕ ਸਾਂਝੇ ਪ੍ਰੈੱਸ ਬਿਆਨ ਰਾਹੀਂ ਕਿਹਾ ਕਿ ਸੂਬੇ ਅੰਦਰ ਸਫਾਈ ਸੇਵਕਾਂ ਵੱਲੋਂ ਆਪਣੀਆਂ ਮੰਗਾਂ ਦੀ ਪ੍ਰਾਪਤੀ ਤੇ ਸਰਕਾਰ ਦੀ ਵਾਅਦਾ-ਖਿਲਾਫੀ ਵਿਰੁੱਧ ਅਣਮਿੱਥੇ ਸਮੇਂ ਦੀ ਹੜਤਾਲ ਕੀਤੀ ਹੋਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਸੂਬਾ ਪ੍ਰੈੱਸ ਸਕੱਤਰ ਇੰਦਰਜੀਤ ਵਿਰਦੀ ਨੇ ਕਿਹਾ ਕਿ ਮੌਜੂਦਾ ਆਮ ਆਦਮੀ ਦੀ ਸਰਕਾਰ ਇਨ੍ਹਾਂ ਸਫਾਈ ਸੇਵਕਾਂ ਦੀਆਂ ਮੰਗਾਂ ਨੂੰ ਗੱਲਬਾਤ ਰਾਹੀਂ ਹੱਲ ਕਰਨ ਦੀ ਥਾਂ ਬਰਨਾਲਾ ਵਿਖੇ ਸਫਾਈ ਮੁਲਾਜ਼ਮਾਂ 'ਤੇ ਭਾਰੀ ਪੁਲਸ ਤਸ਼ਦਦ ਕੀਤਾ ਜਾ ਰਿਹਾ ਹੈ, ਜਿਸ ਵਿੱਚ ਔਰਤਾਂ ਮੁਲਾਜ਼ਮਾਂ ਨੂੰ ਵੀ ਨਹੀਂ ਬਖਸ਼ਿਆ ਗਿਆ।ਇੱਕ ਪਾਸੇ ਪੰਜਾਬ ਦੇ ਮੁੱਖ ਮੰਤਰੀ ਦਿੱਲੀ ਵਿਖੇ ਜੰਤਰ ਮੰਤਰ ਵਿਖੇ ਹੋ ਰਹੇ ਨੌਜਵਾਨਾਂ 'ਤੇ ਲਾਠੀਚਾਰਜ ਦੀ ਨਿੰਦਿਆ ਕੀਤੀ ਜਾ ਰਹੀ ਹੈ, ਉੱਥੇ ਪੰਜਾਬ ਵਿੱਚ ਸਫਾਈ ਕਰਮਚਾਰੀਆਂ 'ਤੇ ਭਾਰੀ ਲਾਠੀਚਾਰਜ ਕਰਵਾਇਆ ਜਾ ਰਿਹਾ ਹੈ, ਜਿਸ ਦੀ ਪ.ਸ.ਸ.ਫ. ਵੱਲੋਂ ਪੰਜਾਬ ਸਰਕਾਰ ਤੇ ਬਰਨਾਲਾ ਪ੍ਰਸ਼ਾਸਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਜਾਂਦੀ ਹੈ।ਆਗੂਆਂ ਨੇ ਕਿਹਾ ਕਿ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਤੇ ਸਾਂਝਾ ਮੁਲਾਜ਼ਮ ਮੰਚ ਵੱਲੋਂ 7 ਅਗਸਤ ਨੂੰ ਚੰਡੀਗੜ੍ਹ ਵਿਖੇ ਕੀਤੀ ਜਾਣ ਵਾਲੀ ਵਿਸ਼ਾਲ ਸੂਬਾਈ ਰੈਲੀ ਵਿੱਚ ਸੂਬੇ ਭਰ ਵਿੱਚੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।ਇਸ ਮੌਕੇ ਉਪਰੋਕਤਾ ਆਗੂਆਂ ਤੋਂ ਇਲਾਵਾ ਗੁਰਵਿੰਦਰ ਸਿੰਘ, ਅਨਿਲ ਕੁਮਾਰ, ਕਿਸ਼ੋਰ ਚੰਦ ਗਾਜ, ਫੁੰਮਣ ਸਿੰਘ ਕਾਠਗੜ੍ਹ, ਬਲਰਾਜ ਮੌੜ, ਬਲਦੇਵ ਸਿੰਘ ਜੀਟੀਯੂ, ਹਰਨੇਕ ਗਹਿਰੀ, ਕੁਲਵੰਤ ਸਿੰਘ ਬੁਰਜ ਥਰੋੜ, ਰਣਜੀਤ ਸਿੱਧੂ, ਬਲਵਿੰਦਰ ਜਗਾਰਾਮ, ਸੁਖਚੈਨ ਸਿੰਘ, ਦਰਸ਼ਨ ਸ਼ਰਮਾ, ਹੰਸ ਰਾਜ ਬੀਜਵਾ, ਗੁਰਮੀਤ ਸਿੰਘ ਭੋਡੀਪੁਰਾ, ਜਗਦੀਪ ਫੂਸਮੰਡੀ, ਜਸਵੀਰ ਸੀਰਾ ਆਦਿ ਆਗੂਆਂ ਵੱਲੋਂ ਸਮੂਹ ਮੁਲਾਜ਼ਮ ਵਰਗ ਨੂੰ ਸਫਾਈ ਸੇਵਕਾਂ ਦੀ ਹੜਤਾਲ ਦਾ ਸਮਰਥਨ ਕਰਨ ਤੇ ਉਨ੍ਹਾਂ ਵੱਲੋਂ ਕੀਤੇ ਜਾਣ ਵਾਲੇ ਐਕਸ਼ਨਾਂ ਵਿੱਚ ਭਰਵੀਂ ਹਾਜ਼ਰੀ ਦੀ ਅਪੀਲ ਕੀਤੀ ਗਈ।

## ਐੱਚ ਐੱਮ ਈ ਐੱਲ ਵੱਲੋਂ ਸਿਹਤ ਤੇ ਅੱਖਾਂ ਦਾ ਮੁਫ਼ਤ ਜਾਂਚ ਕੈਂਪ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਪੈਟਰੋਲੀਅਮ ਪਦਾਰਥਾਂ ਦੇ ਸੁਰੱਖਿਅਤ ਸੰਚਾਲਨ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਟੈਂਕਰ ਟਰੱਕ (ਟੀ ਟੀ) ਚਾਲਕ ਦਲ ਦੀ ਸਿਹਤ, ਸੁਰੱਖਿਆ ਤੇ ਸਮੁੱਚੀ ਭਲਾਈ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦੇ ਹੋਏ ਐਚਐਮਈਐਲ ਨੇ ਸਿਵਲ ਹਸਪਤਾਲ, ਬਠਿੰਡਾ ਤੇ ਇਕਜੋਤ ਆਈ ਹਸਪਤਾਲ, ਰਾਮਾ ਦੇ ਸਹਿਯੋਗ ਨਾਲ ਮੁਫ਼ਤ ਸਿਹਤ ਜਾਂਚ ਤੇ ਅੱਖਾਂ ਦੀ ਜਾਂਚ ਕੈਂਪਾਂ ਦਾ ਆਯੋਜਨ ਕੀਤਾ।ਸਿਹਤ ਕੈਂਪਾਂ ਦਾ ਉਦੇਸ਼ ਟੈਂਕਰ ਟਰੱਕ ਚਾਲਕ ਦਲ ਤੇ ਸਹਾਇਕ ਕ੍ਰਮਚਾਰੀਆਂ ਵਿੱਚ ਰੋਕਥਾਮ ਅਧਾਰਿਤ ਸਿਹਤ ਸੰਭਾਲ ਨੂੰ ਉਤਸ਼ਾਹਤ ਕਰਨਾ, ਬਿਮਾਰੀਆਂ ਦੀ ਸਮੇਂ ਸਿਰ ਪਛਾਣ ਨੂੰ ਯਕੀਨੀ ਬਣਾਉਣਾ ਤੇ ਸਿਹਤਮੰਦ ਜੀਵਨ ਸ਼ੈਲੀ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।ਕੈਂਪਾਂ ਦੌਰਾਨ ਤਜਰਬੇਕਾਰ ਡਾਕਟਰਾਂ ਵੱਲੋਂ ਆਮ ਸਿਹਤ ਜਾਂਚ, ਡਾਕਟਰੀ ਸਲਾਹ, ਲੋੜੀਂਦੀਆਂ ਸਿਹਤ ਜਾਂਚਾਂ ਤੇ ਆਯੁਸ਼ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ।ਇਸ ਪਹਿਲ ਰਾਹੀਂ ਐਚ ਐਮ ਈ ਐਲ ਤੇ ਐਚ ਪੀ ਸੀ ਐਲ ਨਾਲ ਜੁੜੇ ਕਰਮਚਾਰੀਆਂ, ਟੈਂਕਰ ਟਰੱਕ ਚਾਲਕਾਂ ਤੇ ਸਹਿਯੋਗੀ ਕ੍ਰਮਚਾਰੀਆਂ ਨੇ ਲਾਭ ਪ੍ਰਾਪਤ ਕੀਤਾ।ਪ੍ਰੋਗਰਾਮ ਦੇ ਤਹਿਤ ਪੈਟਕੈਮ ਗੇਟ ਅਤੇ ਕੈਨਾਲ ਗੇਟ 'ਤੇ ਵਿਸ਼ੇਸ਼ ਅੱਖਾਂ ਦੀ ਜਾਂਚ ਕੈਂਪ ਵੀ ਲਾਏ ਗਏ।ਐਚ ਪੀ ਸੀ ਐਲ ਦੇ ਸਥਾਪਨਾ ਦਿਵਸ ਦੇ ਮੌਕੇ 'ਤੇ ਅੱਖਾਂ ਦੀ ਜਾਂਚ ਦੌਰਾਨ ਪਛਾਣੇ ਗਏ ਲਾਭਪਾਤਰੀਆਂ ਨੂੰ ਮੁਫ਼ਤ ਐਨਕਾਂ ਅਤੇ ਲੋੜੀਂਦੀਆਂ ਦਵਾਈਆਂ ਵੰਡੀਆਂ ਗਈਆਂ, ਤਾਂ ਜੁ ਉਨ੍ਹਾਂ ਨੂੰ ਬਿਹਤਰ ਨਜ਼ਰ, ਸੁਰੱਖਿਅਤ ਡਰਾਈਵਿੰਗ ਅਤੇ ਚੰਗੀ ਸਿਹਤ ਬਣਾਈ ਰੱਖਣ ਵਿੱਚ ਸਹਾਇਤਾ ਮਿਲ ਸਕੇ।ਸਿਹਤ ਸੇਵਾਵਾਂ ਦੇ ਨਾਲ-ਨਾਲ ਸਫ਼ਾਈ ਤੇ ਨਿੱਜੀ ਸਿਹਤ ਪ੍ਰਤੀ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ, ਸਵੱਛਤਾ ਪਖਵਾੜੇ ਦੇ ਤਹਿਤ ਤੇ ਸਵੱਛ ਭਾਰਤ ਮਿਸ਼ਨ ਦੀ ਭਾਵਨਾ ਅਨੁਸਾਰ ਸਾਰੇ ਟੈਂਕਰ ਟਰੱਕ ਚਾਲਕ ਦਲ ਅਤੇ ਉਨ੍ਹਾਂ ਦੇ ਸਹਾਇਕਾਂ ਨੂੰ ਹਾਈਜੀਨ ਕਿੱਟਾਂ ਵੰਡੀਆਂ ਗਈਆਂ।ਇਸ ਮੁਹਿੰਮ ਦਾ ਮਕਸਦ ਨਿੱਜੀ ਸਫ਼ਾਈ ਦੀਆਂ ਆਦਤਾਂ ਨੂੰ ਉਤਸ਼ਾਹਤ ਕਰਨਾ, ਭਾਈਚਾਰਕ ਭਾਗੀਦਾਰੀ ਨੂੰ ਵਧਾਵਾ ਦੇਣਾ ਅਤੇ ਕਾਰਜਸਥਲਾਂ 'ਤੇ ਸਫ਼ਾਈ ਅਤੇ ਸੁਰੱਖਿਆ ਨੂੰ ਸਾਂਝੀ ਜ਼ਿੰਮੇਵਾਰੀ ਵਜੋਂ ਸਥਾਪਤ ਕਰਨਾ ਸੀ।

## ਲੋਕਾਂ ਦੀਆਂ ਮੁਸ਼ਕਲਾਂ ਦਾ ਸਮੇਂ ਸਿਰ ਹੱਲ ਸਰਕਾਰ ਦੀ ਪਹਿਲ : ਨਰਿੰਦਰ ਕੌਰ ਭਰਾਜ



**ਭਵਾਨੀਗੜ੍ਹ (ਰਾਜ ਖੁਰਮੀ)**-ਹਲਕਾ ਸੰਗਰੂਰ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਪਿੰਡ ਬਾਲਦ ਕਲਾਂ, ਨਕਟੇ ਤੇ ਹਰਦਿੱਤਪੁਰਾ ਵਿੱਚ ਕਰਾਏ ਗਏ ਲੋਕ ਮਿਲਣੀ ਪ੍ਰੋਗਰਾਮਾਂ ਦੌਰਾਨ ਇਲਾਕਾ ਵਾਸੀਆਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਮੰਗਾਂ ਨੂੰ ਗੰਭੀਰਤਾ ਨਾਲ ਸੁਣਿਆ।ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋਕਾਂ ਵੱਲੋਂ ਉਠਾਏ ਗਏ ਮਸਲਿਆਂ ਦਾ ਤੁਰੰਤ ਤੇ ਸਮਾਂਬੱਧ ਨਿਪਟਾਰਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।ਵਿਧਾਇਕ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਤੇ ਲੋਕ ਪੱਖੀ ਪ੍ਰਸ਼ਾਸਨ ਮੁਹੱਈਆ ਕਰਾਉਣਾ ਹੈ।ਉਨ੍ਹਾਂ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮਾਂ ਰਾਹੀਂ ਸਰਕਾਰ ਅਤੇ ਆਮ ਲੋਕਾਂ ਵਿਚਕਾਰ ਸਿੱਧਾ ਸੰਪਰਕ ਬਣ ਰਿਹਾ ਹੈ, ਜਿਸ ਨਾਲ ਲੋਕਾਂ ਦੀਆਂ ਸ਼ਿਕਾਇਤਾਂ ਦਾ ਮੌਕੇ 'ਤੇ ਨਿਪਟਾਰਾ ਕਰਨ ਵਿੱਚ ਸਹੂਲਤ ਮਿਲ ਰਹੀ ਹੈ।ਉਨ੍ਹਾਂ ਕਿਹਾ ਕਿ ਹਲਕਾ ਸੰਗਰੂਰ ਦੇ ਹਰ ਪਿੰਡ ਅਤੇ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਪੰਜਾਬ ਸਰਕਾਰ ਵਚਨਬੱਧ ਹੈ। ਸੜਕਾਂ, ਗਲੀਆਂ-ਨਾਲੀਆਂ, ਪੀਣ ਵਾਲੇ ਸਾਫ਼ ਪਾਣੀ, ਸੀਵਰੇਜ, ਸਟਰੀਟ ਲਾਈਟਾਂ, ਸਿੱਖਿਆ ਤੇ ਸਿਹਤ ਵਰਗੀਆਂ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਬਣਾਉਣ ਲਈ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ।ਉਨ੍ਹਾਂ ਭਰੋਸਾ ਦਿਵਾਇਆ ਕਿ ਲੋਕਾਂ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ ਅਤੇ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਵਿਧਾਇਕ ਨੇ ਲੋਕਾਂ ਨੂੰ ਪੰਜਾਬ ਸਰਕਾਰ ਦੀਆਂ ਵੱਖ-ਵੱਖ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹਲਕੇ ਨੂੰ ਵਿਕਾਸ ਤੇ ਖੁਸ਼ਹਾਲੀ ਦੀਆਂ ਨਵੀਂਆਂ ਉਚਾਈਆਂ ਤੱਕ ਲਿਜਾਇਆ ਜਾਵੇਗਾ।

# ਪੰਜਾਬ ਦਾ ਪਹਿਲਾ ਐੱਨ ਜੀ ਓ ਕਮਿਊਨਿਟੀ ਰੇਡੀਓ ਸ਼ੁਰੂ

**ਸੰਗਰੂਰ (ਪ੍ਰਵੀਨ ਸਿੰਘ)**
ਪੰਜਾਬ 'ਚ ਕਮਿਊਨਿਟੀ ਮੀਡੀਆ ਦੇ ਖੇਤਰ ਵਿੱਚ ਇੱਕ ਇਤਿਹਾਸਕ ਪਹਿਲ ਕਰਦਿਆਂ ਅਭਿਆਨ ਫਾਊਂਡੇਸ਼ਨ ਨੇ ਰੇਡੀਓ ਸਾਂਝ 88.8 ਐਫਐਮ, ਪੰਜਾਬ ਦਾ ਪਹਿਲਾ ਐਨਜੀਓ-ਕਮਿਊਨਿਟੀ ਰੇਡੀਓ ਸਟੇਸ਼ਨ, ਸੰਤ ਤੇਜਾ ਸਿੰਘ ਹਾਲ, ਅਕਾਲ ਕਾਲਜ ਆਫ਼ ਫਿਜ਼ੀਕਲ ਐਜੂਕੇਸ਼ਨ, ਗੁਰਸਾਗਰ, ਮਸਤੂਆਣਾ ਸਾਹਿਬ ਵਿਖੇ ਸ਼ੁਰੂ ਕੀਤਾ।ਇਹ ਕਮਿਊਨਿਟੀ ਰੇਡੀਓ ਸਟੇਸ਼ਨ ਭਾਰਤ ਸਰਕਾਰ ਦੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਤੋਂ ਮਨਜ਼ੂਰੀ ਪ੍ਰਾਪਤ ਕਰਨ ਤੋਂ ਬਾਅਦ ਸਥਾਪਤ ਕੀਤਾ ਗਿਆ ਹੈ, ਜੋ ਪੰਜਾਬ 'ਚ ਜ਼ਮੀਨੀ ਪੱਧਰ ਦੇ ਸੰਚਾਰ ਨੂੰ ਮਜ਼ਬੂਤ ਕਰਨ ਅਤੇ ਕਮਿਊਨਿਟੀ ਦੀ ਸਰਗਰਮ ਭਾਗੀਦਾਰੀ ਨੂੰ ਉਤਸ਼ਾਹਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।ਮੁੱਖ ਮਹਿਮਾਨ ਵਜੋਂ ਕਮਿਊਨਿਟੀ ਰੇਡੀਓ ਸਟੇਸ਼ਨ ਦਾ ਉਦਘਾਟਨ, ਪ੍ਰਸਿੱਧ ਪੰਜਾਬੀ ਅਦਾਕਾਰਾ ਸੰਦੀਪ ਕੌਰ ਸਿੱਧੂ, ਜੋ ਰਾਵੀ ਦੇ ਕੰਢੇ ਫ਼ਿਲਮ ਲਈ ਜਾਣੀ ਜਾਂਦੀ ਹੈ ਤੇ ਜਤਿੰਦਰ ਚੌਹਾਨ ਫ਼ਿਲਮ ਪ੍ਰੋਡਿਊਸਰ ਨੇ ਕੀਤਾ।ਪ੍ਰੋਗਰਾਮ ਦੀ ਪ੍ਰਧਾਨਗੀ ਜਸਵੰਤ ਸਿੰਘ ਖਹਿਰਾ ਸਕੱਤਰ ਅਕਾਲ ਕੌਂਸਲ ਆਫ਼ ਕਾਲਜਾ ਗੁਰਸਾਗਰ ਮਸਤੂਆਣਾ ਸਾਹਿਬ ਨੇ ਕੀਤੀ। ਇਸ ਮੌਕੇ ਸਮਾਜ ਸੇਵੀ, ਵਿਦਿਆਰਥੀ, ਕਮਿਊਨਿਟੀ ਆਗੂ, ਵਲੰਟੀਅਰ ਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।ਸਾਲ 2011 ਵਿੱਚ ਸਥਾਪਤ ਅਭਿਆਨ ਫਾਊਂਡੇਸ਼ਨ ਪਿਛਲੇ 15 ਸਾਲਾਂ ਤੋਂ ਸਿੱਖਿਆ, ਸਿਹਤ, ਖੇਡਾਂ, ਵਾਤਾਵਰਣ ਜਾਗਰੂਕਤਾ ਤੇ ਪੇਂਡੂ ਮਹਿਲਾਵਾਂ ਦੇ ਆਰਥਿਕ ਸਸ਼ਕਤੀਕਰਨ ਦੇ ਖੇਤਰ ਵਿੱਚ ਕੰਮ ਕਰ ਰਹੀ ਹੈ।ਸਾਲ 2021 ਤੋਂ ਸੰਸਥਾ ਸੰਗਰੂਰ 'ਚ ਇੱਕ ਬਿਰਧ ਆਸ਼ਰਮ ਵੀ ਚਲਾ ਰਹੀ ਹੈ, ਜਿੱਥੇ 25 ਬਜ਼ੁਰਗਾਂ ਦੀ ਦੇਖਭਾਲ ਤੇ ਸਹਾਇਤਾ ਕੀਤੀ ਜਾ ਰਹੀ ਹੈ।ਅਭਿਆਨ ਫਾਊਂਡੇਸ਼ਨ ਦੇ ਨੁਮਾਇੰਦਿਆਂ ਨੇ ਕਿਹਾ ਕਿ ਰੇਡੀਓ ਸਾਂਝ 88.8 ਐਫਐਮ ਨੂੰ ਇੱਕ ਕਮਿਊਨਿਟੀ-ਅਧਾਰਤ ਮੰਚ ਵਜੋਂ ਸ਼ੁਰੂ ਕੀਤਾ ਗਿਆ ਹੈ, ਜਿਸ ਦਾ ਉਦੇਸ਼ ਪੇਂਡੂ ਪੰਜਾਬ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਅੱਗੇ ਲਿਆਉਣਾ ਹੈ।ਇਸ ਰੇਡੀਓ ਰਾਹੀਂ ਸਿੱਖਿਆ, ਸਿਹਤ, ਖੇਤੀਬਾੜੀ, ਮਹਿਲਾ ਸਸ਼ਕਤੀਕਰਨ, ਨੌਜਵਾਨਾਂ ਦਾ ਵਿਕਾਸ, ਹੁਨਰ ਵਿਕਾਸ, ਸਥਾਨਕ ਪ੍ਰਸ਼ਾਸਨ, ਪੇਂਡੂ ਰੋਜ਼ੀ-ਰੋਟੀ ਅਤੇ ਹੋਰ ਲੋਕ-ਹਿੱਤ ਦੇ ਵਿਸ਼ਿਆਂ 'ਤੇ ਪ੍ਰੋਗਰਾਮ ਪ੍ਰਸਾਰਤ ਕੀਤੇ ਜਾਣਗੇ।ਇਸ ਦੇ ਨਾਲ ਹੀ ਪੰਜਾਬੀ ਭਾਸ਼ਾ, ਸੱਭਿਆਚਾਰ, ਲੋਕ-ਪਰੰਪਰਾਵਾਂ ਅਤੇ ਸਥਾਨਕ ਪ੍ਰਤਿਭਾ ਨੂੰ ਵੀ ਉਤਸ਼ਾਹਿਤ ਕੀਤਾ ਜਾਵੇਗਾ ਤੇ ਕਮਿਊਨਿਟੀ ਦੀ ਸਰਗਰਮ ਭਾਗੀਦਾਰੀ ਨੂੰ ਪ੍ਰੋਤਸਾਹਨ ਮਿਲੇਗਾ।



## ਕਿਸਾਨ ਯੂਨੀਅਨ ਉਗਰਾਹਾਂ ਵੱਲੋਂ ਰੋਸ ਪ੍ਰਦਰਸ਼ਨ

**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਬਲਾਕ ਦਿੜ੍ਹਬਾ ਵੱਲੋਂ ਦਫਤਰ ਵਧੀਕ ਨਿਗਰਾਨ ਇੰਜੀਨੀਅਰ ਵੰਡ ਮੰਡਲ ਅੱਗੇ ਧਰਨਾ ਦੇ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ, ਕਿਉਂਕਿ ਬਿਜਲੀ ਮੁਲਾਜ਼ਮਾਂ ਦੀ ਲੰਮੇ ਸਮੇਂ ਤੋਂ ਹੜਤਾਲ ਚੱਲ ਰਹੀ ਹੈ, ਜਿਸ ਕਾਰਨ ਪਿੰਡਾਂ ਵਿੱਚ 24 ਘੰਟਿਆਂ ਅਤੇ ਖੇਤਾਂ ਵਾਲੀ ਬਿਜਲੀ ਦੀ ਬਹੁਤ ਵੱਡੀ ਸਮੱਸਿਆ ਕਿਸਾਨਾਂ ਨੂੰ ਝੱਲਣੀ ਪੈ ਰਹੀ ਹੈ।ਖੇਤਾਂ ਵਾਲੇ ਟਰਾਂਸਫਾਰਮ ਕਈ ਕਈ ਦਿਨਾਂ ਤੋਂ ਸੜੇ ਪਏ ਹਨ। ਮੁਲਾਜ਼ਮਾਂ ਦੀ ਹੜਤਾਲ ਹੋਣ ਕਾਰਨ ਕਿਸਾਨਾਂ ਨੂੰ ਟ੍ਰਾਂਸਫਾਰਮ ਨਹੀਂ ਮਿਲ ਰਹੇ, ਜਿਸ ਕਾਰਨ ਝੋਨੇ ਦੀ ਫਸਲ ਬਰਬਾਦ ਹੋ ਰਹੀ ਹੈ। ਕਿਸਾਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਬਿਜਲੀ ਮੁਲਾਜ਼ਮਾਂ ਦੀ ਗੱਲ ਸੁਣਨ ਦੀ ਬਜਾਏ ਕੁੰਭਕਰਨੀ ਨੀਂਦ ਸੁੱਤੀ ਪਈ ਹੈ, ਜਿਸ ਕਰਕੇ ਕਿਸਾਨਾਂ ਦਾ ਬਹੁਤ ਵੱਡਾ ਨੁਕਸਾਨ ਹੋ ਰਿਹਾ। ਕਿਸਾਨਾਂ ਨੇ ਚਿਤਾਵਨੀ ਭਰੇ ਲਹਿਜ਼ੇ ਵਿੱਚ ਕਿਹਾ ਕਿ ਜੇਕਰ ਸਰਕਾਰ ਨੇ ਲਾਈਟ ਦੀ ਸਮੱਸਿਆ ਨੂੰ ਜਲਦ ਹੱਲ ਨਾ ਕੀਤਾ ਤਾਂ ਸਾਨੂੰ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਊਗਾ, ਜਿਸ ਦੀ ਜ਼ਿੰਮੇਵਾਰ ਸਰਕਾਰ ਤੇ ਪ੍ਰਸ਼ਾਸਨ ਦੀ ਹੋਵੇਗੀ।

## ਉਤਸ਼ਾਹ ਨਾਲ ਮਨਾਇਆ ਕੌਮੀ ਝੰਡਾ ਦਿਵਸ



**ਰਾਏਕੋਟ (ਸੰਤੋਖ ਗਿੱਲ)**-ਸਰਕਾਰੀ ਪ੍ਰਾਇਮਰੀ ਸਕੂਲ ਐਤੀਆਣਾ 'ਚ ਕੌਮੀ ਝੰਡਾ ਦਿਵਸ ਦੇਸ਼ ਭਗਤੀ ਦੇ ਜਜ਼ਬੇ ਤੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਤਿਰੰਗੇ ਦੇ ਇਤਿਹਾਸ, ਮਹੱਤਤਾ ਤੇ ਰਾਸ਼ਟਰੀ ਏਕਤਾ ਦੇ ਸੰਦੇਸ਼ ਬਾਰੇ ਜਾਣੂ ਕਰਾਉਣ ਦੇ ਨਾਲ ਸਕੂਲ ਦੇ ਮੁੱਖ ਅਧਿਆਪਕ ਬਲਜੀਤ ਸਿੰਘ ਨੇ ਕਿਹਾ ਕਿ 22 ਜੁਲਾਈ 1947 ਨੂੰ ਭਾਰਤ ਦੀ ਸੰਵਿਧਾਨ ਸਭਾ ਨੇ ਤਿਰੰਗੇ ਨੂੰ ਦੇਸ਼ ਦੇ ਕੌਮੀ ਝੰਡੇ ਵਜੋਂ ਪ੍ਰਵਾਨਗੀ ਦਿੱਤੀ ਸੀ।ਉਨ੍ਹਾਂ ਕਿਹਾ ਕਿ ਆਜ਼ਾਦੀ ਦੇ ਪ੍ਰਤੀਕ ਤਿਰੰਗੇ ਝੰਡੇ 'ਚ [illegible] ਨੂੰ ਸ਼ਾਮਲ ਕੀਤਾ ਗਿਆ, ਜੋ ਸੱਚ, ਨਿਆਂ, ਤਰੱਕੀ ਤੇ ਨਿਰੰਤਰ ਗਤੀ ਦਾ ਪ੍ਰਤੀਕ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਕੌਮੀ ਝੰਡੇ ਦੇ ਸਨਮਾਨ ਤੇ ਦੇਸ਼ ਪ੍ਰਤੀ ਆਪਣੇ ਫ਼ਰਜ਼ਾਂ ਨੂੰ ਨਿਭਾਉਣ ਲਈ ਪ੍ਰੇਰਿਤ ਕੀਤਾ।ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੇ ਗੀਤ, ਕਵਿਤਾਵਾਂ ਤੇ ਸਭਿਆਚਾਰਕ ਪੇਸ਼ਕਾਰੀਆਂ ਕੀਤੀਆਂ ਗਈਆਂ।ਪੂਰਾ ਸਕੂਲ ਦੇਸ਼ ਭਗਤੀ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ ਤੇ ਵਿਦਿਆਰਥੀਆਂ ਵਿੱਚ ਰਾਸ਼ਟਰੀ ਚੇਤਨਾ ਅਤੇ ਏਕਤਾ ਦਾ ਸੰਦੇਸ਼ ਪ੍ਰਮੁੱਖ ਰੂਪ ਵਿੱਚ ਉੱਭਰ ਕੇ ਸਾਹਮਣੇ ਆਇਆ।

## ਗੁਰੂ ਰਵਿਦਾਸ ਜੀ ਨੂੰ ਸਮਰਪਤ ਵਿਸ਼ੇਸ਼ ਡਾਕੂਮੈਂਟਰੀ ਵਿਖਾਈ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਿੰਡ ਅਮਲਾ ਸਿੰਘ ਵਾਲਾ ਤੇ ਭੱਦਲਵੱਡ ਵਿਚ ਵਿਸ਼ੇਸ਼ ਡਾਕੂਮੈਂਟਰੀ ਦਿਖਾਈ ਗਈ।ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ, ਗੁਰੂ ਸਾਹਿਬ ਦੇ ਪਵਿੱਤਰ ਜੀਵਨ, ਮਨੁੱਖਤਾਵਾਦੀ ਫ਼ਲਸਫ਼ੇ ਤੇ ਸਿੱਖਿਆਵਾਂ ਦੇ ਸੰਦੇਸ਼ ਨੂੰ ਘਰ-ਘਰ ਪੁਚਾਉਣ ਲਈ ਪਿੰਡਾਂ ਵਿੱਚ ਵਿਸ਼ੇਸ਼ ਦਸਤਾਵੇਜ਼ੀ ਸ਼ੋਅ ਦਿਖਾਏ ਜਾ ਰਹੇ ਹਨ ਤਾਂ ਜੁ ਨਵੀਂ ਪੀੜ੍ਹੀ ਨੂੰ ਆਪਣੇ ਮਹਾਨ ਅਧਿਆਤਮਕ ਵਿਰਸੇ ਨਾਲ ਜੋੜਿਆ ਜਾ ਸਕੇ।ਪਿੰਡ ਅਮਲਾ ਸਿੰਘ ਵਾਲਾ ਅਤੇ ਭੱਦਲਵਡ ਵਿੱਚ ਵਿਸ਼ੇਸ਼ ਵੈਨ ਉੱਪਰ ਲਾਈ ਗਈ ਆਧੁਨਿਕ ਵੱਡ-ਅਕਾਰੀ ਐਲ.ਈ.ਡੀ. ਸਕ੍ਰੀਨ ਰਾਹੀਂ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਸਮਾਜਿਕ ਬਰਾਬਰੀ ਦੇ ਦਰਸ਼ਨ ਤੇ ਲੋਕ-ਭਲਾਈ ਦੀ ਸੋਚ 'ਤੇ ਅਧਾਰਤ 30 ਮਿੰਟ ਦੀ ਇੱਕ ਬੇਹੱਦ ਪ੍ਰਭਾਵਸ਼ਾਲੀ ਦਸਤਾਵੇਜ਼ੀ ਫ਼ਿਲਮ ਸੰਗਤਾਂ ਦੇ ਸਨਮੁਖ ਪੇਸ਼ ਕੀਤੀ, ਜਿਸ ਦੀ ਸੰਗਤ ਵੱਲੋਂ ਸ਼ਲਾਘਾ ਕੀਤੀ ਗਈ।ਸ਼ੋਅ ਦੇਖਣ ਉਪਰੰਤ ਹਾਜ਼ਰ ਸ਼ਰਧਾਲੂਆਂ ਤੇ ਇਲਾਕਾ ਵਾਸੀਆਂ ਨੇ ਖੁਸ਼ੀ ਪ੍ਰਗਟਾਉਂਦਿਆਂ ਕਿਹਾ ਕਿ ਇਹ ਬਹੁਤ ਹੀ ਇਤਿਹਾਸਕ ਅਤੇ ਵਡਮੁੱਲਾ ਉਦਮ ਹੈ, ਜਿਸ ਨਾਲ ਸਾਡੀ ਨਵੀਂ ਪੀੜ੍ਹੀ ਨੂੰ ਗੁਰੂ ਸਾਹਿਬ ਦੇ ਜੀਵਨ ਅਤੇ ਸਿੱਖਿਆਵਾਂ ਤੋਂ ਜਾਣੂ ਕਰਾਇਆ ਜਾ ਰਿਹਾ ਹੈ।

## ਕਿਸਾਨ ਏਕਤਾ ਮਜ਼ਬੂਤ ਕਰਨ ਲਈ ਦੋ ਜਥੇਬੰਦੀਆਂ ਦੀ ਏਕਤਾ ਦਾ ਰਾਹ ਪੱਧਰਾ



**ਰਾਏਕੋਟ (ਸੰਤੋਖ ਗਿੱਲ)**-ਜਮਹੂਰੀ ਕਿਸਾਨ ਸਭਾ ਤੇ ਪੰਜਾਬ ਕਿਸਾਨ ਯੂਨੀਅਨ ਦਰਮਿਆਨ ਹੋਈ ਇਤਿਹਾਸਕ ਏਕਤਾ ਨੂੰ ਹੋਰ ਮਜ਼ਬੂਤ ਤੇ ਮੁਕੰਮਲ ਰੂਪ ਦੇਣ ਲਈ 20-21 ਸਤੰਬਰ ਨੂੰ ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ 'ਚ ਹੋਣ ਵਾਲੀ ਦੇਸ਼ ਪੱਧਰੀ ਕਾਨਫ਼ਰੰਸ ਦੀਆਂ ਤਿਆਰੀਆਂ ਨੂੰ ਲੈ ਕੇ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ।ਕਾਨਫ਼ਰੰਸ ਨੂੰ ਸਫਲ ਬਣਾਉਣ ਲਈ ਸੂਬੇ ਭਰ ਦੀਆਂ ਇਕਾਈਆਂ ਵੱਲੋਂ ਭਰਵਾਂ ਸਹਿਯੋਗ ਦਿੱਤਾ ਜਾ ਰਿਹਾ ਹੈ।ਇਸੇ ਲੜੀ ਤਹਿਤ ਜਮਹੂਰੀ ਕਿਸਾਨ ਸਭਾ ਦੀ ਮੋਹੀ ਇਕਾਈ ਦੇ ਆਗੂਆਂ ਡਾ. ਕੁਲਵੰਤ ਸਿੰਘ ਮੋਹੀ, ਪਰਮਜੀਤ ਸਿੰਘ, ਕੈਪਟਨ ਹਰਦੇਵ ਸਿੰਘ ਅਤੇ ਪ੍ਰਦੀਪ ਸਿੰਘ ਮਾਂਗਟ ਨੇ ਪਿੰਡ ਮੋਹੀ ਪਹੁੰਚੇ ਸਭਾ ਦੇ ਆਗੂਆਂ ਨੂੰ ਕਾਨਫ਼ਰੰਸ ਦੇ ਪ੍ਰਬੰਧਾਂ ਲਈ ਸਹਿਯੋਗ ਰਾਸ਼ੀ ਭੇਟ ਕੀਤੀ ਗਈ।ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਹਰਨੇਕ ਸਿੰਘ ਗੁੱਜਰਵਾਲ ਤੇ ਰਾਜਵੀਰ ਸਿੰਘ ਕਿਲ੍ਹਾ ਰਾਏਪੁਰ ਨੇ ਕਿਹਾ ਕਿ ਦੋਵੇਂ ਕਿਸਾਨ ਜਥੇਬੰਦੀਆਂ ਵੱਲੋਂ ਏਕਤਾ ਵੱਲ ਪੁੱਟਿਆ ਗਿਆ ਇਹ ਇਤਿਹਾਸਕ ਕਦਮ ਕਿਸਾਨ ਲਹਿਰ ਨੂੰ ਨਵੀਂ ਤਾਕਤ ਅਤੇ ਨਵੀਂ ਦਿਸ਼ਾ ਪ੍ਰਦਾਨ ਕਰੇਗਾ।ਉਨ੍ਹਾਂ ਕਿਹਾ ਕਿ ਸਾਂਝੇ ਸੰਘਰਸ਼ ਨਾਲ ਹੀ ਕਿਸਾਨਾਂ ਦੇ ਹੱਕਾਂ ਦੀ ਲੜਾਈ ਨੂੰ ਹੋਰ ਮਜ਼ਬੂਤੀ ਮਿਲੇਗੀ।ਆਗੂਆਂ ਨੇ ਦੱਸਿਆ ਕਿ 20 ਅਤੇ 21 ਸਤੰਬਰ ਨੂੰ ਹੋਣ ਵਾਲੀ ਇਸ ਦੇਸ਼ ਪੱਧਰੀ ਕਾਨਫ਼ਰੰਸ ਵਿੱਚ ਦੇਸ਼ ਦੇ ਵੱਖ-ਵੱਖ ਸੂਬਿਆਂ ਤੋਂ 700 ਤੋਂ ਵੱਧ ਡੈਲੀਗੇਟ ਸ਼ਮੂਲੀਅਤ ਕਰਨਗੇ।20 ਸਤੰਬਰ ਨੂੰ ਜਲੰਧਰ ਵਿੱਚ ਕਿਸਾਨਾਂ ਦੀ ਵਿਸ਼ਾਲ ਰੈਲੀ ਕੀਤੀ ਜਾਵੇਗੀ।

## ਸਫ਼ਾਈ ਸੇਵਕਾਂ, ਨਰੇਗਾ ਕਰਮਚਾਰੀਆਂ 'ਤੇ ਲਾਠੀਚਾਰਜ ਦੀ ਨਿਖੇਧੀ

**ਧੂਰੀ (ਸੁਖਦੇਵ ਧੂਰੀ)**-ਦੀ ਕਲਾਸ ਫ਼ੋਰ ਗੌਰਮਿੰਟ ਇੰਪਲਾਈਜ ਯੂਨੀਅਨ ਪੰਜਾਬ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਮੇਲਾ ਸਿੰਘ ਪੁੰਨਾਂਵਾਲ, ਜਰਨਲ ਸਕੱਤਰ ਹੰਸ ਰਾਜ ਦੀਦਾਰਗੜ੍ਹ, ਇੰਦਰ ਸਿੰਘ ਧੂਰੀ ਨੇ ਸਫ਼ਾਈ ਸੇਵਕਾਂ, ਨਰੇਗਾ ਕ੍ਰਮਚਾਰੀਆਂ ਤੇ ਪੰਜਾਬ ਸਰਕਾਰ ਦੀ ਸ਼ਹਿ 'ਤੇ ਪੰਜਾਬ ਪੁਲਸ ਵੱਲੋਂ ਕੀਤੇ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ। ਕੇਂਦਰ ਵੱਲੋਂ ਵਿਦਿਆਰਥੀਆਂ 'ਤੇ ਕੀਤੇ ਗਏ ਲਾਠੀਚਾਰਜ ਦੀ ਸਖ਼ਤ ਨਿੰਦਾ ਕਰਦੇ ਚੱਲ ਰਹੇ ਸੰਘਰਸ਼ ਦੀ ਜ਼ੋਰਦਾਰ ਹਮਾਇਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਆਪਣਾ ਅੜੀਅਲ ਰਵੱਈਆ ਛੱਡ ਕੇ ਸੰਘਰਸ਼ ਕਰ ਮੁਲਾਜ਼ਮਾਂ ਦੀਆਂ ਮੰਗਾਂ ਦਾ ਨਿਪਟਾਰਾ ਤਰੁੰਤ ਕਰੇ, ਚੋਣਾਂ ਦੌਰਾਨ ਕੀਤੇ ਵਾਅਦੇ ਮੁਤਾਬਕ ਕੱਚੇ ਆਊਟਸੋਰਸਿਜ ਕ੍ਰਮਚਾਰੀਆਂ ਨੂੰ ਤਰੁੰਤ ਪੱਕੇ ਕੀਤੇ ਜਾਣ।ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਰਜਿ ਦੇ ਪ੍ਰਧਾਨ ਸੁਖਦੇਵ ਸ਼ਰਮਾ, ਜਨਰਲ ਸਕੱਤਰ ਡਾ. ਅਮਰਜੀਤ ਸਿੰਘ, ਕਾਰਜਕਾਰੀ ਪ੍ਰਧਾਨ ਜਸਦੇਵ ਸਿੰਘ ਤੇ ਸੀਨੀਅਰ ਆਗੂ ਚਰਨਜੀਤ ਸਿੰਘ ਕੈਂਥ ਨੇ ਸਫ਼ਾਈ ਸੇਵਕਾਂ ਦੇ ਅੰਦੋਲਨ ਵਿੱਚ ਸ਼ਾਮਲ ਹੋ ਕੇ ਮੁਕੰਮਲ ਸਮਰਥਨ ਦਾ ਐਲਾਨ ਕੀਤਾ ਤੇ ਬਰਨਾਲਾ ਵਿਖੇ ਸਫਾਈ ਸੇਵਕਾਂ ਦੇ ਅੰਦੋਲਨ 'ਤੇ ਅੰਨ੍ਹੇਵਾਹ ਲਾਠੀਚਾਰਜ ਦੀ ਸਖ਼ਤ ਨਿਖੇਧੀ ਕਰਦਿਆਂ ਬਰਨਾਲਾ ਪੁਲਸ 'ਤੇ ਕਾਰਵਾਈ ਦੀ ਮੰਗ ਕੀਤੀ।



# 5ਵਾਂ ਮੁਫ਼ਤ ਸਹਾਇਕ ਉਪਕਰਣ ਵੰਡ ਕੈਂਪ ਸਫ਼ਲਤਾਪੂਰਵਕ ਸੰਪੰਨ

### 40 ਲੋੜਵੰਦਾਂ ਨੂੰ ਮਿਲੇ ਮੁਫ਼ਤ ਸਹਾਇਕ ਉਪਕਰਣ : ਅਰਸ਼ ਸੱਚਰ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**
ਮਿਸ਼ਨ 2027 ਤਹਿਤ ਲੋਕ ਸੇਵਾ ਦੇ ਸੰਕਲਪ ਨੂੰ ਨਿਰੰਤਰ ਅੱਗੇ ਵਧਾਉਂਦਿਆਂ ਸਾਦਿਕ ਚੌਕ ਸਥਿਤ ਭਾਰਤੀ ਕ੍ਰਿਤ੍ਰਿਮ ਅੰਗ ਨਿਰਮਾਣ ਨਿਗਮ ਦੇ ਦਫ਼ਤਰ ਵਿਖੇ 5ਵਾਂ ਮੁਫ਼ਤ ਸਹਾਇਕ ਉਪਕਰਣ ਵੰਡ ਕੈਂਪ ਸਫ਼ਲਤਾਪੂਰਵਕ ਆਯੋਜਿਤ ਕੀਤਾ ਗਿਆ।ਕੈਂਪ ਦੌਰਾਨ ਲਗਭਗ 40 ਦਿਵਿਆਂਗ ਤੇ ਲੋੜਵੰਦ ਲਾਭਪਾਤਰੀਆਂ ਨੂੰ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਤਹਿਤ ਪੂਰੀ ਤਰ੍ਹਾਂ ਨਿਸ਼ੁਲਕ ਸਹਾਇਕ ਉਪਕਰਣ ਪ੍ਰਦਾਨ ਕੀਤੇ ਗਏ।ਕੈਂਪ ਵਿੱਚ ਲਾਭਪਾਤਰੀਆਂ ਨੂੰ ਉਨ੍ਹਾਂ ਦੀ ਲੋੜ ਅਨੁਸਾਰ ਵ੍ਹੀਲ ਚੇਅਰਾਂ, ਬਜ਼ੁਰਗਾਂ ਲਈ ਸਹਾਰਾ ਸੋਟੀਆਂ, ਰੀੜ੍ਹ ਦੀ ਹੱਡੀ ਲਈ ਸਹਾਇਕ ਪੱਟੀਆਂ ਤੇ ਹੋਰ ਲੋੜੀਂਦੇ ਸਹਾਇਕ ਉਪਕਰਣ ਮੁਫ਼ਤ ਵੰਡੇ ਗਏ। ਇਨ੍ਹਾਂ ਉਪਕਰਣਾਂ ਨਾਲ ਦਿਵਿਆਂਗਾਂ, ਬਜ਼ੁਰਗਾਂ ਅਤੇ ਹੋਰ ਲੋੜਵੰਦਾਂ ਨੂੰ ਰੋਜ਼ਾਨਾ ਜੀਵਨ ਵਿੱਚ ਵਧੇਰੇ ਸਹੂਲਤ ਮਿਲੇਗੀ ਤੇ ਉਹ ਹੋਰ ਆਤਮਨਿਰਭਰ ਜੀਵਨ ਬਤੀਤ ਕਰ ਸਕਣਗੇ।ਸਮਾਜ ਸੇਵੀ ਅਰਸ਼ ਸੱਚਰ ਨੇ ਕਿਹਾ ਕਿ ਮਿਸ਼ਨ 2027 ਸਿਰਫ਼ ਇੱਕ ਮੁਹਿੰਮ ਨਹੀਂ, ਸਗੋਂ ਮਨੁੱਖਤਾ, ਸੇਵਾ ਤੇ ਸਮਾਜ ਦੇ ਹਰ ਲੋੜਵੰਦ ਵਿਅਕਤੀ ਤੱਕ ਸਰਕਾਰੀ ਭਲਾਈ ਯੋਜਨਾਵਾਂ ਦਾ ਲਾਭ ਪਹੁੰਚਾਉਣ ਦਾ ਇੱਕ ਦ੍ਰਿੜ੍ਹ ਸੰਕਲਪ ਹੈ।ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਆਰਥਿਕ ਤੰਗੀ ਕਾਰਨ ਆਪਣੀ ਲੋੜ ਦੇ ਸਹਾਇਕ ਉਪਕਰਣਾਂ ਤੋਂ ਵਾਂਝਾ ਨਾ ਰਹੇ, ਇਹੀ ਇਸ ਸੇਵਾ ਕਾਰਜ ਦਾ ਮੁੱਖ ਉਦੇਸ਼ ਹੈ।ਉਨ੍ਹਾਂ ਕਿਹਾ ਕਿ ਕਿਸੇ ਦਿਵਿਆਂਗ ਨੂੰ ਚੱਲਣ-ਫਿਰਨ ਦਾ ਸਹਾਰਾ, ਕਿਸੇ ਬਜ਼ੁਰਗ ਨੂੰ ਆਤਮ-ਵਿਸ਼ਵਾਸ ਤੇ ਕਿਸੇ ਲੋੜਵੰਦ ਪਰਿਵਾਰ ਨੂੰ ਨਵੀਂ ਉਮੀਦ ਦੇਣਾ ਹੀ ਅਸਲ ਲੋਕ ਸੇਵਾ ਹੈ।ਲੋਕਾਂ ਦੇ ਚਿਹਰਿਆਂ 'ਤੇ ਆਉਣ ਵਾਲੀ ਮੁਸਕਾਨ ਅਤੇ ਉਨ੍ਹਾਂ ਦੀਆਂ ਦੁਆਵਾਂ ਹੀ ਇਸ ਸੇਵਾ ਯਾਤਰਾ ਦੀ ਸਭ ਤੋਂ ਵੱਡੀ ਪ੍ਰੇਰਣਾ ਹਨ।

## ਕਾਰਵਾਂ-ਏ-ਅਦਬ ਵੱਲੋਂ ਤਰਹੀ ਮਿਸਰਾ ਬੈਠਕ ਦਾ ਆਯੋਜਨ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਸਾਹਿਤਕ ਸੰਸਥਾ 'ਕਾਰਵਾਂ-ਏ-ਅਦਬ ਪੰਜਾਬ' ਵੱਲੋਂ ਮੁਅੱਜ਼ਮ ਮੰਜ਼ਿਲ ਮਾਲੇਰਕੋਟਲਾ ਵਿਖੇ ਇੱਕ ਤਰਹੀ ਮਿਸਰਾ ਬੈਠਕ ਦਾ ਸਫਲ ਆਯੋਜਨ ਕੀਤਾ ਗਿਆ।ਸਮਾਗਮ ਦੀ ਸ਼ੁਰੂਆਤ ਸ੍ਰੀ ਅਸਗਰ ਅਮੀਨ ਵੱਲੋਂ ਕੁਰਾਨ ਸ਼ਰੀਫ਼ ਦੀ ਤਿਲਾਵਤ ਨਾਲ ਕੀਤੀ ਗਈ।ਇਸ ਅਦਬੀ ਬੈਠਕ ਦੀ ਪ੍ਰਧਾਨਗੀ ਕਾਰਵਾਨ-ਏ-ਅਦਬ ਦੇ ਪ੍ਰਧਾਨ ਸ੍ਰੀ ਜ਼ਫ਼ਰ ਅਹਿਮਦ ਜ਼ਫ਼ਰ ਨੇ ਕੀਤੀ।ਆਪਣੇ ਪ੍ਰਧਾਨਗੀ ਭਾਸ਼ਣ ਦੌਰਾਨ ਉਨ੍ਹਾਂ ਕਿਹਾ ਕਿ ਬੈਠਕ ਵਿੱਚ ਸ਼ਾਮਲ ਸਾਰੇ ਸ਼ਾਇਰਾਂ ਨੇ ਬਹੁਤ ਹੀ ਉਮਦਾ ਕਲਾਮ ਪੇਸ਼ ਕੀਤਾ ਹੈ।ਉਨ੍ਹਾਂ ਕਿਹਾ ਕਿ ਸ਼ਾਇਰਾਂ ਦੀ ਕਲਾਮ ਤੋਂ ਉਨ੍ਹਾਂ ਦੀ ਸ਼ਾਇਰੀ ਵਿਚਲੀ ਡੂੰਘਾਈ, ਗੰਭੀਰਤਾ ਤੇ ਹਰ ਸਮਾਜਿਕ ਤੇ ਰਾਜਨੀਤਕ ਪੱਖ ਉੱਤੇ ਡੂੰਘੀ ਨਜ਼ਰ ਸਾਫ਼ ਝਲਕਦੀ ਹੈ।ਇਸ ਮੌਕੇ ਸ੍ਰੀ ਜ਼ਫ਼ਰ ਅਹਿਮਦ ਜ਼ਫ਼ਰ ਨੇ ਆਏ ਹੋਏ ਸਾਰੇ ਸ਼ਾਇਰਾਂ ਤੇ ਪਹੁੰਚੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ।ਸਮਾਗਮ ਦੌਰਾਨ ਸ਼ਾਇਰਾਂ ਵੱਲੋਂ ਮਰਹੂਮ ਡਾ. ਬਸ਼ੀਰ ਬਦਰ ਦੀ ਗ਼ਜ਼ਲ ਦੇ ਤਰਹੀ ਮਿਸਰੇ ਕਿਸੀ ਮੋੜ ਪਰ ਫਿਰ ਮੁਲਾਕਾਤ ਹੋਗੀ 'ਤੇ ਆਧਾਰਤ ਕਲਾਮ ਪੇਸ਼ ਕੀਤਾ ਗਿਆ, ਜਿਸ ਨੂੰ ਇਫ਼ਤਖ਼ਾਰ ਸੈਫ਼ੀ ਨੇ ਪੇਸ਼ ਕੀਤਾ।ਇਸ ਆਯੋਜਨ ਦੌਰਾਨ ਸ੍ਰੀ ਜ਼ਫ਼ਰ ਅਹਿਮਦ ਜ਼ਫ਼ਰ, ਡਾਕਟਰ ਸਲੀਮ ਜ਼ੁਬੈਰੀ, ਸ਼ੇਖ ਇਫ਼ਤਖ਼ਾਰ ਹੁਸੈਨ, ਮੁਹੰਮਦ ਮੁਸ਼ਤਾਕ ਜੋਸ਼, ਡਾਕਟਰ ਅਨਵਾਰ ਅਹਿਮਦ ਅੰਸਾਰੀ, ਮੁਕਰਮ ਸੈਫ਼ੀ, ਅਸਗਰ ਅਮੀਨ, ਮੁਹੰਮਦ ਮੁਅੱਜ਼ਮ ਸੈਫ਼ੀ, ਡਾਕਟਰ ਮੁਹੰਮਦ ਅਸ਼ਰਫ਼, ਡਾਕਟਰ ਸੰਦੀਪ ਕੁਮਾਰ ਗੇਰਾ, ਡਾਕਟਰ ਸ਼ਹਿਜ਼ਾਦ, ਅਖ਼ਤਰ ਸ਼ਾਦ ਤੇ ਮੁਬੀਨ ਕੁਰੈਸ਼ੀ ਨੇ ਸਰੋਤਿਆਂ ਦੀ ਹਾਜ਼ਰੀ ਵਿੱਚ ਆਪਣਾ-ਆਪਣਾ ਕਲਾਮ ਪੇਸ਼ ਕਰਕੇ ਖ਼ੂਬ ਦਾਦ ਬਟੋਰੀ ਮੰਚ ਦਾ ਸੰਚਾਲਨ ਸ੍ਰੀ ਅਸਗਰ ਅਮੀਨ ਵੱਲੋਂ ਸੁਚੱਜੇ ਤੇ ਪ੍ਰਭਾਵਸ਼ਾਲੀ ਢੰਗ ਨਾਲ ਕੀਤਾ ਗਿਆ।ਸ਼ਾਇਰਾਂ ਤੋਂ ਇਲਾਵਾ ਇਸ ਬੈਠਕ 'ਚ ਸ੍ਰੀ ਅਬਦੁਲ ਰਊਫ਼ ਸਿੱਦੀਕੀ, ਮੁਹੰਮਦ ਨਜ਼ੀਰ ਵਕੀਲ, ਮੁਹੰਮਦ ਸੁਲਤਾਨ, ਸਾਬਰ ਜੋਸ਼, ਪਰਵੇਜ਼ ਹੁਸੈਨ ਪੰਨੂ, ਮੁਹੰਮਦ ਅਰਸ਼ਦ ਤੇ ਮੁਹੰਮਦ ਫਾਰੂਕ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

## ਸ੍ਰੀ ਦਸਮੇਸ਼ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਮੱਲਾਂ ਮਾਰੀਆਂ




**ਤਲਵੰਡੀ ਸਾਬੋ (ਜਗਦੀਪ ਗਿੱਲ)**-ਸ੍ਰੀ ਦਸਮੇਸ਼ ਸਕੂਲ ਦੇ ਵਿਦਿਆਰਥੀਆਂ ਨੇ ਖੇਡਾਂ ਵਿੱਚ ਮੱਲਾਂ ਮਾਰੀਆਂ ਹਨ।ਪੰਜਾਬ ਬੋਰਡ ਵੱਲੋਂ ਕਰਾਏ ਜਾ ਰਹੇ ਜ਼ੋਨਲ ਖੇਡ ਮੁਕਾਬਲੇ ਵਿੱਚ ਵਿਦਿਆਰਥੀ ਏਕਮਪ੍ਰੀਤ ਸਿੰਘ ਨੇ ਬਾਕਸਿੰਗ ਅੰਡਰ 17 ਵਿੱਚ ਪਹਿਲੀ ਪੁਜ਼ੀਸ਼ਨ ਹਾਸਲ ਕਰਕੇ ਮਾਪਿਆਂ ਤੇ ਸਕੂਲ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ।ਇਸ ਤੋਂ ਇਲਾਵਾ ਵਾਲੀਬਾਲ ਵਿੱਚ ਲੜਕੀਆਂ ਨੇ ਪਹਿਲਾ, ਬੈਡਮਿੰਟਨ ਵਿੱਚ ਲੜਕੀਆਂ ਨੇ ਪਹਿਲਾ, ਸ਼ਤਰੰਜ ਅੰਡਰ 17 ਵਿੱਚ ਦੂਜਾ ਅਤੇ ਸ਼ਤਰੰਜ ਅੰਡਰ 14 ਵਿੱਚ ਤੀਜਾ ਸਥਾਨ ਹਾਸਲ ਕੀਤਾ ਹੈ।ਸਕੂਲ ਮੈਨੇਜਮੈਂਟ, ਸਕੂਲ ਪ੍ਰਿੰਸੀਪਲ ਮੈਡਮ ਸਾਨੀਆ ਕਾਮਰਾ ਤੇ ਖੇਡ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਇਸ ਪ੍ਰਾਪਤੀ ਲਈ ਮੁਬਾਰਕਬਾਦ ਦਿੰਦਿਆ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਸਕੂਲ ਪ੍ਰਿੰਸੀਪਲ ਮੈਡਮ ਸਾਨੀਆ ਕਾਮਰਾ ਨੇ ਕਿਹਾ ਕਿ ਸਕੂਲ ਦੇ ਹਰ ਸਾਲ ਚੰਗੇ ਨਤੀਜੇ ਆਉਂਦੇ ਹਨ ਤੇ ਪੜ੍ਹਾਈ ਦੇ ਨਾਲ ਨਾਲ ਹੋਰ ਗਤੀਵਿਧੀਆਂ ਵਿੱਚ ਵੀ ਵਿਦਿਆਰਥੀਆਂ ਦਾ ਚੰਗਾ ਪ੍ਰਦਰਸ਼ਨ ਹੁੰਦਾ ਹੈ।

# ਨੈਸਲੇ ਠੇਕੇਦਾਰ ਲੇਬਰ ਯੂਨੀਅਨ ਦੀ ਲੇਬਰ ਠੇਕੇਦਾਰਾਂ ਨਾਲ ਮੀਟਿੰਗ




**ਮੋਗਾ (ਇਕਬਾਲ ਸਿੰਘ ਖਹਿਰਾ)**
ਨੈਸਲੇ ਇੰਡੀਆ ਵਿੱਚ ਲੇਬਰ ਠੇਕੇਦਾਰਾਂ ਤਹਿਤ ਕੰਮ ਕਰਦੇ ਕਾਮਿਆਂ ਦੀ ਨੈਸਲੇ ਠੇਕੇਦਾਰ ਲੇਬਰ ਯੂਨੀਅਨ ਰਜਿਸਟਰਡ (ਨੰਬਰ 27) ਦੀ ਪਹਿਲੀ ਕਮੇਟੀ ਦੀ ਦੋ ਸਾਲ ਦੀ ਮਿਆਦ ਸਮਾਪਤ ਹੋਣ ਉਪਰੰਤ ਸਰਬ ਸੰਮਤੀ ਨਾਲ ਚੁਣੇ ਗਏ ਨਵੇਂ ਪ੍ਰਧਾਨ ਅਰੁਣ ਬੋਹਤ ਦੀ ਅਗਵਾਈ ਵਿੱਚ ਨਵੀਂ ਬਣੀ ਕਮੇਟੀ ਦੀ ਲੇਬਰ ਠੇਕੇਦਾਰਾਂ ਨਾਲ ਯੂਨੀਅਨ ਦਫਤਰ ਵਿੱਚ ਇੱਕ ਸਦਭਾਵਨਾ ਮੀਟਿੰਗ ਹੋਈ।ਇਸ ਮੌਕੇ ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਮੌਕੇ ਯੂਨੀਅਨ ਵੱਲੋਂ ਨਵੀਂ ਬਣੀ ਕਮੇਟੀ ਦੇ ਮੈਂਬਰਾਂ ਦੀ ਲਿਸਟ ਲੇਬਰ ਠੇਕੇਦਾਰਾਂ ਨੂੰ ਸੌਂਪੀ ਗਈ।ਇਸ ਮੌਕੇ ਯੂਨੀਅਨ ਪ੍ਰਧਾਨ ਅਰੁਣ ਬੋਹਤ ਦੀ ਅਗਵਾਈ ਵਿੱਚ ਕਮੇਟੀ ਮੈਂਬਰਾਂ ਤੇ ਲੇਬਰ ਠੇਕੇਦਾਰਾਂ ਨੇ ਹਰ ਮਸਲਾ ਪਹਿਲਾਂ ਦੀ ਤਰ੍ਹਾਂ ਆਪਸੀ ਸਦਭਾਵਨਾ ਤੇ ਆਪਸੀ ਗੱਲਬਾਤ ਰਾਹੀਂ ਹੱਲ ਕਰਨ ਦਾ ਸੰਕਲਪ ਲਿਆ।ਇਸ ਮੌਕੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਨੇ ਕਿਹਾ ਕਿ ਨੈਸਲੇ ਠੇਕੇਦਾਰ ਲੇਬਰ ਯੂਨੀਅਨ ਤੇ ਠੇਕੇਦਾਰ ਲੇਬਰ ਠੇਕੇਦਾਰਾਂ ਦੇ ਸਬੰਧ ਹਮੇਸ਼ਾ ਦੋਸਤਾਨਾ ਰਹੇ ਹਨ ਤੇ ਭਵਿੱਖ ਵਿੱਚ ਸਬੰਧ ਸਦਭਾਵਨਾ ਪੂਰਨ ਰਹਿਣ ਦੀ ਆਸ ਕਰਦੇ ਹਾਂ।ਇਸ ਮੀਟਿੰਗ ਵਿੱਚ ਨੈਸਲੇ ਠੇਕੇਦਾਰਾਂ ਵੱਲੋਂ ਸੁਖਜਿੰਦਰ ਸਿੰਘ, ਵਿਨੋਦ ਕੁਮਾਰ, ਨਰੇਸ਼ ਕੁਮਾਰ ਤੇ ਜਸਪਾਲ ਸਿੰਘ ਸ਼ਾਮਲ ਹੋਏ ਤੇ ਨੈਸਲੇ ਠੇਕੇਦਾਰ ਲੇਬਰ ਯੂਨੀਅਨ ਵੱਲੋਂ ਚੇਅਰਮੈਨ ਸ਼ੰਕਰ, ਪ੍ਰਧਾਨ ਅਰੁਣ ਬੋਹਤ, ਵਾਈਸ ਪ੍ਰਧਾਨ ਦਵਿੰਦਰ ਸਿੰਘ, ਮੀਤ ਪ੍ਰਧਾਨ ਅੰਗਰੇਜ਼ ਸਿੰਘ, ਜਨਰਲ ਸਕੱਤਰ ਸੋਨੂੰ ਹਾਂਡਾ, ਖਜ਼ਾਨਚੀ ਨਰਿੰਦਰ ਸਿੰਘ, ਜੁਆਇੰਟ ਖਜ਼ਾਨਚੀ ਗੁਰਮੀਤ ਸਿੰਘ ਬਿੱਲਾ, ਜਨਰਲ ਸਕੱਤਰ ਰਾਜਵੀਰ ਸਿੰਘ, ਪ੍ਰੈੱਸ ਸਕੱਤਰ ਵਰਿੰਦਰ ਕੁਮਾਰ, ਸਲਾਹਕਾਰ ਦੀਪਕ ਬੋਹਤ, ਸਲਾਹਕਾਰ ਗੁਰਮੇਜ ਸਿੰਘ, ਸਲਾਹਕਾਰ ਅਮਰ ਸਿੰਘ ਕਾਲਾ, ਸਲਾਹਕਾਰ ਵਰਿੰਦਰ ਜੋਨੀ, ਸਟੇਜ ਸਕੱਤਰ ਵਰਿੰਦਰ ਕੁਮਾਰ, ਸਲਾਹਕਾਰ ਕੁਲਵਿੰਦਰ ਸਿੰਘ, ਸਲਾਹਕਾਰ ਬੰਟੀ ਜੈਕਸਨ, ਸਲਾਹਕਾਰ ਇੰਦਰਪਾਲ ਤੇ ਵਾਈਸ ਚੇਅਰਮੈਨ ਕੁਲਵੀਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਬੀ ਐਡ ਭਾਗ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ




**ਚੀਮਾ ਮੰਡੀ (ਰਵਿੰਦਰ ਚੀਮਾ)**-ਪੰਜਾਬੀ ਯੂਨੀਵਰਸਿਟੀ ਵੱਲੋਂ ਐਲਾਨੇ ਨਤੀਜਿਆਂ ਵਿੱਚ ਮਾਡਰਨ ਕਾਲਜ ਬੀਰ ਕਲਾਂ ਦੇ ਬੀ.ਐਡ ਭਾਗ ਦੂਜਾ ਸਮੈਸਟਰ ਚੌਥਾ ਦਾ ਨਤੀਜਾ ਸ਼ਾਨਦਾਰ ਰਿਹਾ। ਅਸਿਸਟੈਂਟ ਪ੍ਰੋਫੈਸਰ ਰਜਿੰਦਰ ਕੌਰ ਨੇ ਦੱਸਿਆ ਕਿ ਸਿਮਰਨਜੀਤ ਕੌਰ ਨੇ 500 ਅੰਕਾਂ ਵਿੱਚੋਂ 392 ਅੰਕ ਪ੍ਰਾਪਤ ਕਰਕੇ ਪਹਿਲਾਂ ਸਥਾਨ, ਜਸਪ੍ਰੀਤ ਸਿੰਘ 390 ਪ੍ਰਾਪਤ ਕਰਕੇ ਦੂਜਾ ਸਥਾਨ, ਕ੍ਰਿਸ਼ੀਕਾ ਅਗਰਵਾਲ 388 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ, ਰਮਨਪ੍ਰੀਤ ਕੌਰ 487 ਅੰਕ ਪ੍ਰਾਪਤ ਕਰਕੇ ਚੌਥਾ ਸਥਾਨ, ਗਗਨਪ੍ਰੀਤ ਕੌਰ 384 ਅੰਕ ਪ੍ਰਾਪਤ ਕਰਕੇ ਪੰਜਵਾਂ, ਮਨਿੰਦਰਜੀਤ ਕੌਰ, ਉਪਿੰਦਰਜੀਤ ਕੌਰ ਤੇ ਮਨਪ੍ਰੀਤ ਕੌਰ 383 ਅੰਕ ਪ੍ਰਾਪਤ ਕਰਕੇ ਛੇਵਾਂ, ਰਮਨਦੀਪ ਕੌਰ, ਸੁਖਮੀਨ ਕੌਰ ਤੇ ਬਿਪਨਜੀਤ ਕੌਰ 379 ਅੰਕ ਪ੍ਰਾਪਤ ਕਰਕੇ ਸੱਤਵਾਂ ਸਥਾਨ ਹਾਸਲ ਕੀਤਾ।

## ਬਾਰ ਐਸੋਸੀਏਸ਼ਨ ਵੱਲੋਂ ਲੀਗਲ ਏਡ ਡਿਫੈਂਸ ਕੌਂਸਲ ਸਿਸਟਮ ਦੇ ਵਿਰੋਧ 'ਚ ਲੜੀਵਾਰ ਭੁੱਖ ਹੜਤਾਲ




**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਜੁਆਇੰਟ ਐਕਸ਼ਨ ਕਮੇਟੀ ਦੇ ਸੱਦੇ 'ਤੇ ਲੀਗਲ ਏਡ ਡਿਫੈਂਸ ਕੌਂਸਲ ਸਿਸਟਮ ਦੇ ਵਿਰੋਧ ਵਿੱਚ ਚੱਲ ਰਹੇ ਸੂਬਾ ਪੱਧਰੀ ਸੰਘਰਸ਼ ਦੇ ਤਹਿਤ ਬਾਰ ਐਸੋਸੀਏਸ਼ਨ ਵੱਲੋਂ ਪ੍ਰਧਾਨ ਅਮਨਦੀਪ ਸਿੰਘ ਚਹਿਲ ਦੀ ਅਗਵਾਈ ਹੇਠ ਭੁੱਖ ਹੜਤਾਲ ਕੀਤੀ ਗਈ, ਜਿਸ ਤਹਿਤ ਜੁਆਇੰਟ ਐਕਸ਼ਨ ਕਮੇਟੀ ਪੰਜਾਬ ਦੇ ਸੱਦੇ ਅਨੁਸਾਰ ਚੌਥੇ ਦਿਨ ਦੀ ਭੁੱਖ ਹੜਤਾਲ 'ਚ ਐਡਵੋਕੇਟ ਐੱਸ ਐੱਸ ਮੀਮਸਾ (ਸਾਬਕਾ ਪ੍ਰਧਾਨ), ਐਡਵੋਕੇਟ ਦਰਬਾਰਾ ਸਿੰਘ ਖੰਗੂੜਾ, ਐਡਵੋਕੇਟ ਬੀ ਐਸ ਸੋਹੀ, ਐਡਵੋਕੇਟ ਗੁਰਵਿੰਦਰ ਸਰਾਓ, ਐਡਵੋਕੇਟ ਹਰਸ਼ ਜਿੰਦਲ, ਐਡਵੋਕੇਟ ਤੇਜਵਿੰਦਰ ਸਿੰਘ, ਐਡਵੋਕੇਟ ਪ੍ਰਮੋਦ ਸਿੰਗਲਾ, ਐਡਵੋਕੇਟ ਗੁਰਪ੍ਰੀਤ ਗਿੱਲ ਸਕੱਤਰ, ਐਡਵੋਕੇਟ ਅਮਿਤ ਸਿੰਗਲਾ, ਐਡਵੋਕੇਟ ਸਤਿੰਦਰ ਸਿੰਘ ਖਜ਼ਾਨਚੀ, ਐਡਵੋਕੇਟ ਮਨਦੀਪ ਸਰਮਾ, ਐਡਵੋਕੇਟ ਸੀ ਪੀ ਭਾਟੀਆ, ਐਡਵੋਕੇਟ ਭਰਪੂਰ ਸਿੰਘ, ਐਡਵੋਕੇਟ ਆਸਵਾਨੀ ਕੌਸ਼ਲ, ਐਡਵੋਕੇਟ ਐਸ.ਕੇ. ਸ਼ੋਰੀ, ਵਕੀਲ ਸਹਿਬਾਨ ਭੁੱਖ ਹੜਤਾਲ 'ਤੇ ਬੈਠੇ।ਬੁਲਾਰਿਆਂ ਨੇ ਕਿਹਾ ਕਿ ਲੀਗਲ ਏਡ ਡਿਫੈਂਸ ਕੌਂਸਲ ਸਿਸਟਮ ਮੌਜੂਦਾ ਕਾਨੂੰਨੀ ਸਹਾਇਤਾ ਪ੍ਰਣਾਲੀ ਤੇ ਸੁਤੰਤਰ ਵਕਾਲਤ ਦੇ ਢਾਂਚੇ ਨੂੰ ਪ੍ਰਭਾਵਤ ਕਰ ਸਕਦਾ ਹੈ, ਕਿਉਂਕਿ ਸਰਕਾਰ ਖੁਦ ਫੜਾਉਣ ਤੇ ਖੁਦ ਛੁਡਾਉਣ ਵਾਲੀ ਬਣ ਜਾਵੇਗੀ। ਜਿਸ ਨਾਲ ਪੇਸ਼ੇਵਰ ਮੁਜਰਮਾਂ ਨੂੰ ਕਾਨੂੰਨ ਅਤੇ ਸਮਾਜ ਦਾ ਕੋਈ ਡਰ ਨਹੀਂ ਰਹੇਗਾ ਤੇ ਉਨ੍ਹਾਂ ਨੂੰ ਖੁੱਲ੍ਹੇਆਮ ਗੈਰ ਕਾਨੂੰਨੀ ਕਾਰਵਾਈਆਂ ਕਰਨ ਨੂੰ ਸ਼ਹਿ ਮਿਲੇਗੀ।ਇਸ ਲਈ ਪੰਜਾਬ ਭਰ ਦਾ ਵਕੀਲ ਭਾਈਚਾਰਾ ਲੀਗਲ ਏਡ ਡਿਫੈਂਸ ਕੌਂਸਲ ਸਿਸਟਮ ਦਾ ਵਿਰੋਧ ਕਰ ਰਿਹਾ ਹੈ ਤੇ ਸਰਕਾਰ ਤੋਂ ਇਸ ਪ੍ਰਣਾਲੀ 'ਤੇ ਮੁੜ ਵਿਚਾਰ ਕਰਨ ਦੀ ਮੰਗ ਕਰਦਾ ਹੈ।ਬਾਰ ਐਸੋਸੀਏਸ਼ਨ ਨੇ ਪੰਜਾਬ ਜੁਆਇੰਟ ਐਕਸ਼ਨ ਕਮੇਟੀ ਦੇ ਸੰਘਰਸ਼ ਨੂੰ ਪੂਰਾ ਸਮਰਥਨ ਦੇਣ ਦਾ ਐਲਾਨ ਕਰਦਿਆਂ ਕਿਹਾ ਕਿ ਜਦੋਂ ਤੱਕ ਇਸ ਸਬੰਧੀ ਤਸੱਲੀਬਖ਼ਸ਼ ਹੱਲ ਨਹੀਂ ਨਿਕਲਦਾ, ਉਦੋਂ ਤੱਕ ਕਮੇਟੀ ਦੇ ਹਰ ਫ਼ੈਸਲੇ ਦੀ ਪਾਲਣਾ ਕੀਤੀ ਜਾਵੇਗੀ ਤੇ ਸੰਘਰਸ਼ ਜਾਰੀ ਰਹੇਗਾ।

## ਸਰਕਾਰੀ ਕਾਲਜ ਦੀਆਂ ਵਿਦਿਆਰਥਣਾਂ ਨੇ ਪੜ੍ਹੇ ਸੜਕ ਸੁਰੱਖਿਆ ਦੇ ਨਿਯਮ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਰਕਾਰੀ ਕਾਲਜ ਦੇ ਵੱਖ-ਵੱਖ ਵਿਸ਼ਿਆਂ ਨਾਲ ਬੀ.ਏ, ਬੀ.ਬੀ.ਏ, ਮੈਡੀਕਲ ਤੇ ਨਾਨ ਮੈਡੀਕਲ ਕਰ ਰਹੇ ਵਿਦਿਆਰਥੀ ਸਮਾਜ ਸੇਵੀ ਸੰਸਥਾ ਸੰਕਲਪ ਐਜੂਕੇਸ਼ਨਲ ਵੈਲਫੇਅਰ ਸੁਸਾਇਟੀ (ਰਜਿ.) ਅਧੀਨ ਪ੍ਰਿੰਸੀਪਲ ਸ੍ਰੀਮਤੀ ਮੰਜੂ ਕਪੂਰ ਦੀ ਅਗਵਾਈ ਹੇਠ ਆਪਣੀ ਇੰਟਰਨਸ਼ਿਪ ਪੂਰੀ ਕਰਨ ਲਈ ਫੀਲਡ 'ਚ ਸਰਗਰਮ ਹਨ। ਸੰਸਥਾ ਦੇ ਪ੍ਰਧਾਨ ਨਰਿੰਦਰ ਸਿੰਘ ਪੰਮਾ ਸੰਧੂ ਨੇ ਦੱਸਿਆ ਕਿ ਇਸ ਪ੍ਰੋਗਰਾਮ ਨੂੰ ਮੁੱਖ ਰੱਖਦਿਆਂ ਵਿਦਿਆਰਥੀਆਂ ਪਾਸੋਂ ਵੱਖ ਵੱਖ ਖੇਤਰਾਂ ਦਾ ਸਰਵੇਖਣ, ਸਮਾਜਿਕ ਸਮੱਸਿਆਵਾਂ ਤੇ ਉਨ੍ਹਾਂ ਦੇ ਨਿਪਟਾਰੇ ਲਈ 60 ਤੇ 120 ਘੰਟੇ ਦੇ ਪ੍ਰੋਗਰਾਮ ਕਰਾਏ ਜਾ ਰਹੇ ਹਨ।ਇਸੇ ਲੜੀ ਅਧੀਨ ਬੀ.ਏ (ਭਾਗ ਤੀਜਾ) ਦੀਆਂ ਵਿਦਿਆਰਥਣਾਂ ਸਲੋਨੀ, ਗਗਨ, ਪੂਨਮ ਤੇ ਕਵਾਨਿਆ ਨੇ ਸੜਕ ਸੁਰੱਖਿਆ ਦੇ ਨਿਯਮਾਂ ਦਾ ਪਾਠ ਪੜ੍ਹਿਆ ਤੇ ਆਪੋ-ਆਪਣੇ ਗਲੀ-ਮੁਹੱਲੇ ਵਿੱਚ ਸੜਕ ਸੁਰੱਖਿਆ ਫੈਲਾਉਣ ਲਈ ਵਚਨਬੱਧਤਾ ਜ਼ਾਹਿਰ ਕੀਤੀ।ਉਨ੍ਹਾਂ ਦੱਸਿਆ ਕਿ ਸੰਕਲਪ ਸੁਸਾਇਟੀ ਅਧੀਨ ਸੜਕ ਸੁਰੱਖਿਆ ਵਿਸ਼ੇ ਨੂੰ ਲੈ ਕੇ ਟ੍ਰੈਫ਼ਿਕ ਪੁਲਿਸ ਦੇ ਸਹਿਯੋਗ ਨਾਲ ਲੋਕਾਂ ਵਿੱਚ ਜਾਗਰੂਕਤਾ ਪ੍ਰਚਾਰ ਕਰਨ ਦੇ ਨਾਲ ਨਾਲ ਸਕੂਲਾਂ ਵਿੱਚ ਬੱਚਿਆਂ ਨੂੰ ਵੀ ਸੜਕ ਸੁਰੱਖਿਆ ਨਿਯਮਾਂ ਤੋਂ ਜਾਣੂ ਕਰਾਇਆ ਜਾ ਰਿਹਾ ਹੈ।ਪ੍ਰਧਾਨ ਸੰਧੂ ਨੇ ਦੱਸਿਆ ਕਿ ਉਹਨਾਂ ਦੀ ਸੰਸਥਾ ਲੰਬੇ ਸਮੇਂ ਤੋਂ ਸੜਕ ਸੁਰੱਖਿਆ ਨੂੰ ਲੈ ਕੇ ਆਪਣੇ ਬਣਦੇ ਫਰਜ਼ਾਂ ਦੀ ਅਦਾਇਗੀ ਕਰਦੀ ਆ ਰਹੀ ਹੈ।

## ਸਕੂਲੀ ਬੱਚਿਆਂ ਨੂੰ ਬੈਗ ਤੇ ਵਰਦੀਆਂ ਵੰਡੀਆਂ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਵਿਧਾਇਕ ਸ੍ਰੀ. ਨਰਿੰਦਰਪਾਲ ਸਿੰਘ ਸਵਨਾ ਨੇ ਹਲਕਾ ਫਾਜ਼ਿਲਕਾ ਦੇ ਸਰਕਾਰੀ ਸੀਨੀਅਰ. ਸੈਕੰਡਰੀ. ਸਮਾਰਟ ਸਕੂਲ (ਲੜਕੇ), ਪਿੰਡ ਲਾਲੋ ਵਾਲੀ ਵਿਖੇ ਪੀ.ਐਮ ਸੀਨੀਅਰ.ਸੈਕੰਡਰੀ. ਸਮਾਰਟ ਸਕੂਲ ਅਤੇ ਸਰਕਾਰੀ ਸੀਨੀਅਰ.ਸੈਕੰਡਰੀ ਸਮਾਰਟ ਸਕੂਲ ਲਾਧੂਕਾ ਸਕੂਲੀ ਬੱਚਿਆਂ ਨੂੰ ਸਕੂਲ ਬੈਗ ਤੇ ਵਰਦੀਆਂ ਵੰਡੀਆਂ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਮਾਨ ਸਰਕਾਰ ਵੱਲੋਂ ਸਿੱਖਿਆ ਦਾ ਮਿਆਰ ਉੱਚਾ ਚੁੱਕਣ ਲਈ ਕੀਤੇ ਜਾ ਰਹੇ ਉਪਰਾਲਿਆਂ ਸਦਕਾ ਸਾਡੇ ਸਰਕਾਰੀ ਸਕੂਲਾਂ ਦੇ ਬੱਚੇ ਹਰ ਖੇਤਰ ਵਿੱਚ ਵੱਡੀਆਂ ਮੱਲਾਂ ਮਾਰ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਬਦਲਾਅ ਦੀ ਇੱਕ ਨਵੀਂ ਸਵੇਰ ਆਈ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਆਧੁਨਿਕ ਕਲਾਸ ਰੂਮ ਵਿਦਿਆਰਥੀਆਂ ਨੂੰ ਡਿਜੀਟਲ ਤੇ ਇੰਟਰਐਕਟਿਵ ਢੰਗ ਨਾਲ ਪੜ੍ਹਾਈ ਕਰਨ ਵਿੱਚ ਮਦਦਗਾਰ ਸਾਬਤ ਹੋ ਰਹੇ ਹਨ। ਉਨ੍ਹਾਂ ਨੇ ਬੱਚਿਆਂ ਨੂੰ ਪੜ੍ਹਾਈ ਵੱਲ ਧਿਆਨ ਦੇਣ ਅਤੇ ਮਿਹਨਤ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

# ਲਾਠੀਚਾਰਜ 'ਤੇ 'ਆਪ' ਦਾ ਲੋਕ ਵਿਰੋਧੀ ਚਿਹਰਾ ਹੋਇਆ ਨੰਗਾ : ਬੰਬ



**ਸਮਰਾਲਾ (ਸੁਰਜੀਤ ਸਿੰਘ)**
ਹੱਕ ਮੰਗਦੇ ਲੋਕਾਂ 'ਤੇ ਪੁਲਸ ਪ੍ਰਸ਼ਾਸਨ ਵੱਲੋਂ ਕੀਤੇ ਤਸ਼ੱਦਦ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਲੋਕ ਵਿਰੋਧੀ ਚਿਹਰਾ ਨਾ ਸਿਰਫ ਨੰਗਾ ਹੋਇਆ, ਸਗੋਂ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਖਸਲਤ ਲੋਕਾਂ ਸਾਹਮਣੇ ਆ ਗਈ ਹੈ ਕਿ ਉਹ ਕਿੰਨੀ ਆਮ ਲੋਕਾਂ ਦੀ ਹਿਤੈਸ਼ੀ ਹੈ।ਇਹ ਵਿਚਾਰ ਕਾਂਗਰਸ ਪਾਰਟੀ ਦੇ ਐਸ ਸੀ ਵਿੰਗ ਖੰਨਾ ਦੇ ਚੇਅਰਮੈਨ ਬਲਵਿੰਦਰ ਸਿੰਘ ਬੰਬ ਨੇ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਨਿਗੂਣੀ ਜਿਹੀ ਤਨਖਾਹਾਂ 'ਤੇ ਸਾਲਾਂ ਬੱਧੀ ਕੰਮ ਕਰਦੇ ਸਫ਼ਾਈ ਕਰਮਚਾਰੀ ਸਰਕਾਰ ਤੋਂ ਜੇਕਰ ਆਪਣੇ ਹੱਕ ਮੰਗਦੇ ਹਨ ਤਾਂ ਉਨ੍ਹਾਂ ਦਾ ਸਵਾਗਤ ਡਾਂਗਾਂ ਨਾਲ ਕੀਤਾ ਜਾਂਦਾ ਹੈ। ਇਸ ਤੋਂ ਵੀ ਵੱਧ ਸਿਤਮਜ਼ਰੀਫੀ ਤੇ ਪ੍ਰਸ਼ਾਸਨ ਦੀ ਬੇਸ਼ਰਮੀ ਇਹ ਕਿ ਔਰਤਾਂ ਨੂੰ ਬੇਰਹਿਮੀ ਨਾਲ ਕੁੱਟਿਆ ਗਿਆ।

ਉਨ੍ਹਾਂ ਕਿਹਾ ਕਿ ਆਪਣੀਆਂ ਮੰਗਾਂ ਲਈ ਸ਼ਾਂਤਮਈ ਸੰਘਰਸ਼ ਕਰ ਰਹੇ ਸਫ਼ਾਈ ਕ੍ਰਮਚਾਰੀਆਂ ਦੀ ਆਵਾਜ਼ ਨੂੰ ਦਬਾਉਣ ਲਈ ਅੰਨ੍ਹੇਵਾਹ ਲਾਠੀਚਾਰਜ ਕੀਤਾ ਗਿਆ, ਜਿਸ ਵਿੱਚ ਸਫਾਈ ਕ੍ਰਮਚਾਰੀ ਬੀਬੀਆਂ ਦੇ ਸਿਰਾਂ ਵਿੱਚ ਡਾਂਗਾਂ ਲੱਗਣ ਕਾਰਨ ਫੱਟੜ ਹੋਣਾ ਪੰਜਾਬ ਸਰਕਾਰ ਦੀ ਨਲਾਇਕੀ ਤੇ ਸ਼ਰਮਸਾਰ ਕਰਨ ਵਾਲੀ ਕਾਰਵਾਈ ਦੀ ਜਿੰਨੀ ਵੀ ਨਿੰਦਿਆ ਕੀਤੀ ਜਾਵੇ, ਥੋੜ੍ਹੀ ਹੈ।ਕਾਂਗਰਸ ਆਗੂ ਨੇ ਕਿਹਾ ਕਿ ਜਿਹੜੇ ਸਫ਼ਾਈ ਕ੍ਰਮਚਾਰੀ ਸਾਡੇ ਸ਼ਹਿਰਾਂ ਨੂੰ ਸਾਫ਼-ਸੁਥਰਾ ਰੱਖਣ ਲਈ ਹਰ ਰੋਜ਼ ਸਭ ਤੋਂ ਔਖੇ ਹਾਲਾਤ ਵਿੱਚ ਕੰਮ ਕਰਦੇ ਹਨ। ਉਨ੍ਹਾਂ 'ਤੇ ਲਾਠੀਚਾਰਜ ਕਰਨਾ ਬਹੁਤ ਮੰਦਭਾਗੀ ਗੱਲ ਹੈ।ਜ਼ਿਲ੍ਹਾ ਚੇਅਰਮੈਨ ਬੰਬ ਨੇ ਕਿਹਾ ਕੀ ਸਰਕਾਰਾਂ ਆਉਂਦੀਆਂ-ਜਾਂਦੀਆਂ ਰਹਿੰਦੀਆਂ ਹਨ, ਪਰ ਮਿਹਨਤਕਸ਼ ਲੋਕਾਂ ਦੀ ਇੱਜ਼ਤ ਤੇ ਹੱਕਾਂ ਦੀ ਰੱਖਿਆ ਕਰਨਾ ਹਰ ਸਰਕਾਰ ਤੇ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਅਤੇ ਭਾਰਤੀ ਜਨਤਾ ਪਾਰਟੀ ਦੋਵੇਂ ਹੀ ਮਿਲੇ ਹੋਏ ਹਨ, ਕਿਉਂਕਿ ਇੱਕ ਪਾਸੇ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਮੋਦੀ ਸਰਕਾਰ ਵੱਲੋਂ ਦਿੱਲੀ ਵਿਖੇ ਭਾਰਤ ਦੇ ਨੌਜਵਾਨ ਵਿਦਿਆਰਥੀਆਂ 'ਤੇ ਲਾਠੀਚਾਰਜ ਕੀਤਾ ਜਾ ਰਿਹਾ ਹੈ ਅਤੇ ਦੂਜੇ ਪਾਸੇ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਫਾਈ ਕਰਮਚਾਰੀਆਂ ਤੇ ਮਨਰੇਗਾ ਮੁਲਾਜ਼ਮਾਂ 'ਤੇ ਲਾਠੀਚਾਰਜ ਕੀਤਾ ਜਾ ਰਿਹਾ ਹੈ, ਜੋ ਬਹੁਤ ਮੰਦਭਾਗੀ ਗੱਲ ਹੈ।ਬਲਵਿੰਦਰ ਸਿੰਘ ਬੰਬ ਨੇ ਕਿਹਾ ਕਿ ਸਫ਼ਾਈ ਕ੍ਰਮਚਾਰੀਆਂ ਤੇ ਬਰਨਾਲਾ ਵਿਖੇ ਹੋਏ ਲਾਠੀਚਾਰਜ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਲੋਕ ਵਿਰੋਧੀ ਚਿਹਰਾ ਨੰਗਾ ਕੀਤਾ ਅਤੇ ਇਸ ਪਾਰਟੀ ਨੂੰ ਪੰਜਾਬ ਦੇ ਲੋਕ ਕਦੇ ਵੀ ਮਾਫ ਨਹੀਂ ਕਰਨਗੇ।

# ਛੱਤ ਡਿੱਗਣ ਨਾਲ ਘਰ ਦਾ ਲੱਖਾਂ ਦਾ ਸਾਮਾਨ ਮਲਬੇ ਹੇਠ ਦੱਬਿਆ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ ਰਣਬੀਰ ਸਿੰਘ ਗੋਲਣ)

ਤੇਜ਼ ਬਾਰਿਸ਼ ਨੇ ਖਾਲੜਾ ਮੰਡੀ ਦੇ ਇੱਕ ਗਰੀਬ ਪਰਿਵਾਰ ਲਈ ਵੱਡੀ ਮੁਸੀਬਤ ਖੜ੍ਹੀ ਕਰ ਦਿੱਤੀ।ਲਗਾਤਾਰ ਪਏ ਮੀਂਹ ਕਾਰਨ ਗੁਆਂਢ ਵਿੱਚ ਖਾਲੀ ਪਏ ਪਲਾਟ ਵਿੱਚ ਵੱਡੀ ਮਾਤਰਾ ਵਿੱਚ ਪਾਣੀ ਇਕੱਠਾ ਹੋ ਗਿਆ।ਪਾਣੀ ਦਾ ਦਬਾਅ ਵਧਣ ਨਾਲ ਨੇੜਲੇ ਘਰ ਦੀਆਂ ਕੰਧਾਂ ਕਮਜ਼ੋਰ ਹੋ ਗਈਆਂ ਅਤੇ ਕੁਝ ਹੀ ਸਮੇਂ ਵਿੱਚ ਕਮਰਿਆਂ ਦੀ ਛੱਤ ਢਹਿ ਗਈ।ਇਸ ਹਾਦਸੇ ਵਿੱਚ ਘਰ ਅੰਦਰ ਪਿਆ ਕੀਮਤੀ ਸਾਮਾਨ ਅਤੇ ਰੋਜ਼ੀ-ਰੋਟੀ ਦਾ ਸਾਧਨ ਮਲਬੇ ਹੇਠ ਦੱਬ ਗਿਆ।ਪੀੜਤ ਭਰਾ ਸਤਨਾਮ ਸਿੰਘ ਅਤੇ ਸੁਖਦੇਵ ਸਿੰਘ ਪੁੱਤਰ ਕਸ਼ਮੀਰ ਸਿੰਘ ਨੇ ਦੱਸਿਆ ਕਿ ਛੱਤ ਡਿੱਗਣ ਸਮੇਂ ਕਮਰਿਆਂ ਵਿੱਚ ਦੋ ਮੋਟਰਸਾਈਕਲ, ਫਰਿੱਜ, ਵਾਸ਼ਿੰਗ ਮਸ਼ੀਨ, ਚੱਕੀ ਦੀਆਂ ਮਸ਼ੀਨਾਂ, ਰਸੋਈ ਦਾ ਸਾਮਾਨ ਅਤੇ ਹੋਰ ਘਰੇਲੂ ਵਸਤਾਂ ਪਈਆਂ ਸਨ, ਜੋ ਮਲਬੇ ਹੇਠ ਆ ਕੇ ਬੁਰੀ ਤਰ੍ਹਾਂ ਟੁੱਟ ਗਈਆਂ।ਉਨ੍ਹਾਂ ਦੇ ਅਨੁਸਾਰ ਇਸ ਹਾਦਸੇ ਵਿੱਚ ਲਗਭਗ ਤਿੰਨ ਤੋਂ ਚਾਰ ਲੱਖ ਰੁਪਏ ਦਾ ਨੁਕਸਾਨ ਹੋਇਆ ਹੈ।ਪੀੜਤਾਂ ਨੇ ਦੋਸ਼ ਲਗਾਇਆ ਕਿ ਉਨ੍ਹਾਂ ਦੇ ਗੁਆਂਢ ਵਿੱਚ ਖਾਲੀ ਪਲਾਟ ਕਈ ਸਾਲਾਂ ਤੋਂ ਇੱਕ ਮਕਾਨ ਖੰਡਰ ਹਾਲਤ ਵਿੱਚ ਪਿਆ ਹੈ, ਜੋ ਸੜਕ ਨਾਲੋਂ ਕਾਫ਼ੀ ਨੀਵਾਂ ਹੋਣ ਕਾਰਨ ਹਰ ਬਰਸਾਤ ਵਿੱਚ ਪਾਣੀ ਨਾਲ ਭਰ ਜਾਂਦਾ ਹੈ। ਕਈ ਵਾਰ ਮਾਲਕਾਂ ਨੂੰ ਇਸ ਸਬੰਧੀ ਜਾਣੂ ਕਰਵਾਇਆ ਗਿਆ, ਪਰ ਹਰ ਵਾਰ ਕੇਵਲ ਭਰੋਸਾ ਹੀ ਮਿਲਿਆ ਅਤੇ ਸਮੱਸਿਆ ਦਾ ਕੋਈ ਪੱਕਾ ਹੱਲ ਨਹੀਂ ਕੀਤਾ ਗਿਆ। ਇਸ ਵਾਰ ਭਾਰੀ ਮੀਂਹ ਨੇ ਉਸੇ ਲਾਪਰਵਾਹੀ ਦਾ ਨਤੀਜਾ ਸਾਹਮਣੇ ਲਿਆ ਦਿੱਤਾ।ਸਤਨਾਮ ਸਿੰਘ ਨੇ ਦੱਸਿਆ ਕਿ ਉਹ ਇੱਕ ਛੋਟੀ ਦੁਕਾਨ ਚਲਾ ਕੇ ਪਰਿਵਾਰ ਦਾ ਗੁਜ਼ਾਰਾ ਕਰਦਾ ਹੈ, ਜਦਕਿ ਉਸਦਾ ਭਰਾ ਸੁਖਦੇਵ ਸਿੰਘ ਮੋਟਰਸਾਈਕਲ ਤੇ ਪਲਾਸਟਿਕ ਦਾ ਸਾਮਾਨ ਲੈ ਕੇ ਪਿੰਡ-ਪਿੰਡ ਫੇਰੀ ਲਗਾਉਂਦਾ ਹੈ।ਹਾਦਸੇ ਵਿੱਚ ਦੋਵਾਂ ਦੇ ਮੋਟਰਸਾਈਕਲ ਅਤੇ ਵੇਚਣ ਵਾਲਾ ਸਾਮਾਨ ਵੀ ਨਸ਼ਟ ਹੋ ਗਿਆ, ਜਿਸ ਨਾਲ ਉਨ੍ਹਾਂ ਦੀ ਆਮਦਨ ਦਾ ਸਾਧਨ ਵੀ ਪ੍ਰਭਾਵਿਤ ਹੋਇਆ ਹੈ।ਪੀੜਤ ਪਰਿਵਾਰ ਨੇ ਪ੍ਰਸ਼ਾਸਨ ਅਤੇ ਸਮਾਜ ਸੇਵੀ ਸੰਸਥਾਵਾਂ ਕੋਲ ਮੰਗ ਕੀਤੀ ਹੈ ਕਿ ਉਨ੍ਹਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ ਤਾਂ ਜੋ ਉਹ ਆਪਣੇ ਘਰ ਦੀ ਮੁਰੰਮਤ ਕਰਵਾ ਸਕਣ ਅਤੇ ਆਪਣਾ ਛੋਟਾ ਕਾਰੋਬਾਰ ਮੁੜ ਸ਼ੁਰੂ ਕਰ ਸਕਣ।

# ਨਰੋਟ ਜੈਮਲ ਸਿੰਘ ਬਲਾਕ ਦੀਆਂ ਪੰਚਾਇਤਾਂ ਨੂੰ 1 ਕਰੋੜ 31 ਲੱਖ ਰੁਪਏ ਦੀ ਵਿਕਾਸ ਰਾਸ਼ੀ ਵੰਡੀ

ਪਠਾਨਕੋਟ, (ਦਵਿੰਦਰ ਸਿੰਘ)

ਪੰਜਾਬ ਸਰਕਾਰ ਵੱਲੋਂ ਪੇਂਡੂ ਖੇਤਰਾਂ ਦੇ ਸਰਬਪੱਖੀ ਵਿਕਾਸ ਨੂੰ ਹੋਰ ਗਤੀ ਦੇਣ ਦੇ ਉਦੇਸ਼ ਨਾਲ ਨਰੋਟ ਜੈਮਲ ਸਿੰਘ ਬਲਾਕ ਦੀਆਂ ਦਰਜਨਾਂ ਗ੍ਰਾਮ ਪੰਚਾਇਤਾਂ ਨੂੰ 1 ਕਰੋੜ 31 ਲੱਖ ਰੁਪਏ ਦੀ ਵਿਕਾਸ ਰਾਸ਼ੀ ਦੇ ਚੈੱਕ ਵੰਡੇ ਗਏ।ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂ ਚੱਕ ਨੇ ਸਮਾਗਮ ਦੀ ਅਗਵਾਈ ਕੀਤੀ। ਸੰਬੋਧਨ ਕਰਦਿਆਂ ਕਟਾਰੂਚੱਕ ਨੇ ਕਿਹਾ ਕਿ ਉਨ੍ਹਾਂ ਦੇ ਵਿਧਾਨ ਸਭਾ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ।ਕਿਸੇ ਪੰਚਾਇਤ ਨੂੰ ਕਮਿਊਨਿਟੀ ਹਾਲ ਦੀ ਉਸਾਰੀ ਲਈ, ਕਿਸੇ ਨੂੰ ਗੰਦੇ ਪਾਣੀ ਦੀ ਨਿਕਾਸੀ ਪ੍ਰਣਾਲੀ ਮਜ਼ਬੂਤ ਕਰਨ ਲਈ, ਕਿਸੇ ਨੂੰ ਆਂਗਣਵਾੜੀ ਕੇਂਦਰਾਂ ਦੀ ਉਸਾਰੀ ਜਾਂ ਮੁਰੰਮਤ ਲਈ ਅਤੇ ਕਿਸੇ ਨੂੰ ਗਲੀਆਂ-ਨਾਲੀਆਂ ਸਮੇਤ ਹੋਰ ਬੁਨਿਆਦੀ ਵਿਕਾਸ ਕਾਰਜਾਂ ਲਈ ਫੰਡ ਮੁਹੱਈਆ ਕਰਵਾਏ ਗਏ ਹਨ।ਉਨ੍ਹਾਂ ਪੰਚਾਇਤੀ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ ਰਾਸ਼ੀ ਦੀ ਪਾਰਦਰਸ਼ੀ ਅਤੇ ਸਮੇਂ ਸਿਰ ਵਰਤੋਂ ਯਕੀਨੀ ਬਣਾਉਣ।ਜਿਨ੍ਹਾਂ ਪਿੰਡਾਂ ਵਿੱਚ ਵਿਕਾਸ ਕਾਰਜ ਚੱਲ ਰਹੇ ਹਨ, ਉਨ੍ਹਾਂ ਨੂੰ ਜਲਦੀ ਮੁਕੰਮਲ ਕੀਤਾ ਜਾਵੇ ਅਤੇ ਜਿੱਥੇ ਨਵੇਂ ਕੰਮ ਮਨਜ਼ੂਰ ਹੋਏ ਹਨ, ਉੱਥੇ ਤੁਰੰਤ ਕੰਮ ਸ਼ੁਰੂ ਕਰਵਾਇਆ ਜਾਵੇ ਤਾਂ ਜੋ ਲੋਕਾਂ ਨੂੰ ਇਨ੍ਹਾਂ ਸਹੂਲਤਾਂ ਦਾ ਲਾਭ ਜਲਦ ਤੋਂ ਜਲਦ ਮਿਲ ਸਕੇ।ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੀ ਰਫ਼ਤਾਰ ਨੂੰ ਦੇਖਦੇ ਹੋਏ ਭਵਿੱਖ ਵਿੱਚ ਵੀ ਲੋੜ ਅਨੁਸਾਰ ਹੋਰ ਫੰਡ ਮੁਹੱਈਆ ਕਰਵਾਏ ਜਾਣਗੇ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਢਾਂਚਾ ਮਜ਼ਬੂਤ ਹੋਣ ਨਾਲ ਲੋਕਾਂ ਦੇ ਜੀਵਨ ਪੱਧਰ ਵਿੱਚ ਵੀ ਸੁਧਾਰ ਆਵੇਗਾ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਪਠਾਨਕੋਟ ਦੀ ਚੇਅਰਮੈਨ ਗੁਰਪ੍ਰੀਤ ਕੌਰ, ਬਲਾਕ ਸੰਮਤੀ ਨਰੋਟ ਜੈਮਲ ਸਿੰਘ ਦੇ ਚੇਅਰਮੈਨ ਸੋਨੂੰ ਲਾਲ, ਬੀਡੀਪੀਓ ਦੀਪ ਸ਼ਰਮਾ, ਨਰੇਸ਼ ਸੈਣੀ (ਸਕੱਤਰ ਮਾਝਾ ਜ਼ੋਨ), ਸੁਨੀਤਾ ਸੈਣੀ, ਪ੍ਰਵੀਨ ਕੁਮਾਰ, ਸਰਪੰਚ ਰਾਜੇਸ਼ ਕੁਮਾਰ, ਮੀਨੂ, ਰਾਜੀ ਅਮਨ, ਪਰਮਜੀਤ, ਰੇਨੂ ਬਾਲਾ, ਰਿੰਕੂ, ਜਗੀਰ ਚੰਦ, ਰੋਜ਼ੀ ਸੈਣੀ, ਪ੍ਰਵੀਨ ਸਿੰਘ, ਬੀਡੀਓ ਨੀਰੂ ਬਾਲਾ ਸਮੇਤ ਵੱਖ-ਵੱਖ ਪਿੰਡਾਂ ਦੇ ਸਰਪੰਚ, ਪੰਚ, ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਮੈਂਬਰ, ਆਮ ਆਦਮੀ ਪਾਰਟੀ ਦੇ ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।



# ਪਨੂੰ ਦੀ ਰਸੂਲਪੁਰ ਟੱਪਰੀਆਂ 'ਚ ਲੋਕਾਂ ਨਾਲ ਰੂ-ਬ-ਰੂ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਰਸੂਲਪੁਰ ਟੱਪਰੀਆਂ ਵਿਖੇ ਆਯੋਜਿਤ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਪਿੰਡ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸੁਝਾਵਾਂ ਨੂੰ ਧਿਆਨ ਨਾਲ ਸੁਣਿਆ।ਲੋਕਾਂ ਦੇ ਹਰ ਜਾਇਜ਼ ਮਸਲੇ ਦਾ ਜਲਦ ਅਤੇ ਪ੍ਰਭਾਵਸ਼ਾਲੀ ਹੱਲ ਯਕੀਨੀ ਬਣਾਉਣ ਲਈ ਸੰਬੰਧਿਤ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ। ਪੰਨੂ ਨੇ ਕਿਹਾ ਕਿ ਮਾਨ ਸਰਕਾਰ ਦਾ ਮਕਸਦ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਨਿਪਟਾਰਾ ਕਰਕੇ ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਪੱਖੀ ਪ੍ਰਸ਼ਾਸਨ ਨੂੰ ਹਰ ਪਿੰਡ ਤੱਕ ਪਹੁੰਚਾਉਣਾ ਹੈ। ਇਸ ਮੌਕੇ ਜਸਵੰਤ ਸਿੰਘ, ਸਰਪੰਚ ਲੱਛਮੀ, ਪੰਚ ਕੁਲਵੰਤ ਸਿੰਘ, ਪੰਚ ਬਲਕਾਰ ਸਿੰਘ, ਪੰਚ ਮਨਜੀਤ ਸਿੰਘ, ਪੰਚ ਮਨਦੀਪ ਕੌਰ, ਬਲਵਿੰਦਰ ਸਿੰਘ, ਸੋਮਰਾਜ, ਜੁਗਰਾਜ ਸਿੰਘ, ਸਤਨਾਮ ਸਿੰਘ ਅਤੇ ਸ਼ਿਵਕਰਨ ਚੰਦ ਆਦਿ ਹਾਜ਼ਰ ਸਨ।



# ਮੀਰੀ-ਪੀਰੀ ਖਾਲਸਾ ਮਾਰਚ ਸੰਬੰਧੀ ਹਲਕਾ ਖਡੂਰ ਸਾਹਿਬ ਦੀਆਂ ਸੰਗਤਾਂ 'ਚ ਭਾਰੀ ਉਤਸ਼ਾਹ : ਔਲਖ



ਖਡੂਰ ਸਾਹਿਬ (ਸਰਬਜੀਤ ਸਿੰਘ ਸੰਧਾ)-ਸ਼੍ਰੋਮਣੀ ਅਕਾਲੀ ਦਲ ਦੇ ਸੂਬਾ ਮੀਤ ਪ੍ਰਧਾਨ ਕੁਲਦੀਪ ਸਿੰਘ ਔਲਖ ਨੇ ਕਿਹਾ ਕਿ ਸਿੱਖ ਪੰਥ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪਾਵਨ ਮੀਰੀ-ਪੀਰੀ ਦਿਵਸ ਨੂੰ ਸਮਰਪਿਤ ਕੱਢਿਆ ਜਾ ਰਿਹਾ ਮੀਰੀ ਪੀਰੀ ਖਾਲਸਾ ਮਾਰਚ ਸਿੱਖ ਸੰਗਤਾਂ ਵਿੱਚ ਵਿਸ਼ੇਸ਼ ਖਿੱਚ ਦਾ ਕੇਂਦਰ ਬਣਿਆ ਹੋਇਆ ਹੈ।ਹਲਕਾ ਖਡੂਰ ਸਾਹਿਬ ਸਮੇਤ ਸਮੁੱਚੇ ਇਲਾਕੇ ਦੀਆਂ ਸੰਗਤਾਂ ਇਸ ਇਤਿਹਾਸਕ ਮਾਰਚ ਦੇ ਸਵਾਗਤ ਅਤੇ ਸਫਲਤਾ ਲਈ ਪੂਰੇ ਉਤਸ਼ਾਹ ਨਾਲ ਤਿਆਰੀਆਂ ਵਿੱਚ ਜੁਟੀਆਂ ਹੋਈਆਂ ਹਨ।ਉਨ੍ਹਾਂ ਦੱਸਿਆ ਕਿ ਇਹ ਇਤਿਹਾਸਕ ਮਾਰਚ 24 ਜੁਲਾਈ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਥਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਇਆ ਹੈ ਅਤੇ ਵੱਖ-ਵੱਖ ਇਤਿਹਾਸਕ ਗੁਰਧਾਮਾਂ ਤੋਂ ਹੁੰਦਾ ਹੋਇਆ 3 ਅਗਸਤ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਵਿਖੇ ਸ਼ਰਧਾ ਅਤੇ ਚੜ੍ਹਦੀ ਕਲਾ ਨਾਲ ਸੰਪੰਨ ਹੋਵੇਗਾ। ਮਾਰਚ ਦਾ ਉਦੇਸ਼ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਮੀਰੀ-ਪੀਰੀ ਦੇ ਮਹਾਨ ਸਿਧਾਂਤ, ਖਾਲਸਾਈ ਜੀਵਨ, ਗੁਰਮਤਿ ਵਿਚਾਰਧਾਰਾ ਅਤੇ ਪੰਥਕ ਏਕਤਾ ਦਾ ਸੰਦੇਸ਼ ਘਰ-ਘਰ ਤੱਕ ਪਹੁੰਚਾਉਣਾ ਹੈ।

# ਸਹਾਇਕ ਕਮਿਸ਼ਨਰ ਗੁਰਦਾਸਪੁਰ ਵੱਲੋਂ ਆਜ਼ਾਦੀ ਦਿਵਸ ਮਨਾਉਣ ਸੰਬੰਧੀ ਅਧਿਕਾਰੀਆਂ ਨਾਲ ਮੀਟਿੰਗ

ਗੁਰਦਾਸਪੁਰ, (ਜਨਕ ਮਹਾਜਨ)

ਕੁਲਦੀਪ ਚੰਦ ਸਹਾਇਕ ਕਮਿਸ਼ਨਰ (ਜ) ਗੁਰਦਾਸਪੁਰ ਵੱਲੋਂ ਲੈਫ. ਸ਼ਹੀਦ ਨਵਦੀਪ ਸਿੰਘ (ਅਸ਼ੋਕ ਚੱਕਰ) ਖੇਡ ਸਟੇਡੀਅਮ ਗੁਰਦਾਸਪੁਰ ਵਿਖੇ



ਮਨਾਏ ਜਾਣ ਵਾਲੇ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਬੰਧੀ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਉਸ ਮੌਕੇ ਐੱਸ. ਡੀ. ਐੱਮ. ਗੁਰਦਾਸਪੁਰ ਅਸ਼ੋਕ ਕੁਮਾਰ ਵੀ ਮੌਜੂਦ ਸਨ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਚ ਮੀਟਿੰਗ ਕਰਦਿਆਂ ਕੁਲਦੀਪ ਚੰਦ ਸਹਾਇਕ ਕਮਿਸ਼ਨਰ (ਜ) ਗੁਰਦਾਸਪੁਰ ਵਲੋਂ ਸਮੂਹ ਅਧਿਕਾਰੀਆਂ ਨੂੰ ਆਜ਼ਾਦੀ ਦਿਵਸ ਸਮਾਗਮ ਸਫਲਤਾ-ਪੂਰਵਕ ਢੰਗ ਨਾਲ ਨੇਪਰੇ ਚਾੜ੍ਹਨ ਦੀਆਂ ਹਦਾਇਤਾਂ ਕੀਤੀਆਂ। ਮੀਟਿੰਗ ਦੌਰਾਨ ਉਨ੍ਹਾਂ ਨੇ ਦੱਸਿਆ ਕਿ ਗੁਰਦਾਸਪੁਰ ਵਿਖੇ 15 ਅਗਸਤ ਨੂੰ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਮਾਗਮ ਸਥਾਨਕ ਲੈਫ. ਸ਼ਹੀਦ ਨਵਦੀਪ ਸਿੰਘ (ਅਸ਼ੋਕ ਚੱਕਰ) ਖੇਡ ਸਟੇਡੀਅਮ ਵਿਖੇ ਮਨਾਇਆ ਜਾਵੇਗਾ। ਉਨ੍ਹਾਂ ਪੀ. ਡਬਲਿਊ. ਡੀ. ਪ੍ਰੀ ਲਸ, ਸਿਹਤ, ਜ਼ਿਲ੍ਹਾ ਸਿੱਖਿਆ ਅਫਸਰ, ਨਗਰ ਕੌਂਸਲ ਦੇ ਅਧਿਕਾਰੀਆਂ, ਜ਼ਿਲ੍ਹਾ ਮੰਡੀ ਅਫਸਰ, ਜ਼ਿਲ੍ਹਾ ਪ੍ਰੋਗਰਾਮ ਅਫਸਰ, ਡੀ. ਐੱਫ. ਐੱਸ. ਸੀ., ਬਾਗਬਾਨੀ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਮੇਂ ਸਿਰ ਪ੍ਰਬੰਧ ਮੁਕੰਮਲ ਕਰਨ ਲਈ ਕਿਹਾ। ਮੀਟਿੰਗ ਵਿਚ ਜੋਬਨਜੀਤ ਕੌਰ ਆਰ. ਟੀ. ਏ., ਗੁਰਦਾਸਪੁਰ, ਡੀ. ਐੱਸ. ਪੀ. ਸ਼ਾਹਬਾਜ ਸਿੰਘ, ਹਰਪ੍ਰੀਤ ਸਿੰਘ ਡੀ. ਡੀ. ਪੀ. ਓ., ਡਾ. ਰਮੇਸ਼ ਅੱਤਰੀ ਡੀ. ਐੱਮ. ਸੀ., ਅਨਿਲ ਸ਼ਰਮਾ ਡਿਪਟੀ ਜ਼ਿਲ੍ਹਾ ਸਿੱਖਿਆ ਅਫਸਰ (ਸ), ਪਰਮਿੰਦਰ ਸਿੰਘ ਸੈਣੀ ਪ੍ਰੋਗਰਾਮ ਅਫਸਰ ਜ਼ਿਲ੍ਹਾ ਹੈਰੀਟੇਜ ਸੁਸਾਇਟੀ, ਮੁਕੇਸ਼ ਕੁਮਾਰ ਵਰਮਾ ਜ਼ਿਲ੍ਹਾ ਗਾਈਡੈਂਸ ਕਾਊਂਸਲਰ, ਹਰਚਰਨ ਸਿੰਘ ਕੰਗ ਜ਼ਿਲ੍ਹਾ ਭੂਮੀ ਰੱਖਿਆ ਅਫਸਰ, ਰਾਜੀਵ ਕੁਮਾਰ ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ, ਸੁਪਰਡੈਂਟ ਵਿਜੇ ਕੁਮਾਰ, ਵਿਨੋਦ ਭਾਟੀਆ, ਸਰਬਜੀਤ ਸਿੰਘ ਮੱਲੀ, ਮੁਲਖ ਰਾਜ ਆਦਿ ਹਾਜ਼ਰ ਸਨ।

# 'ਪਾਕਿਸਤਾਨ ਫੇਰੀ ਦੀਆਂ ਮਿੱਠੀਆਂ ਯਾਦਾਂ' ਦਾ ਲੋਕ ਅਰਪਣ ਸਮਾਗਮ 26 ਨੂੰ

ਬਿਆਸ, ਬਾਬਾ ਬਕਾਲਾ (ਪਰਮਜੀਤ ਸਿੰਘ ਰੱਖੜਾ, ਨਿਰਮਲ ਸਿੰਘ ਸੰਘਾ)- ਪਿਛਲੇ 41 ਸਾਲਾਂ ਤੋਂ ਲਗਾਤਾਰ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸਾਹਿਤਕ ਸਰਗਰਮੀਆਂ ਰਚਾਉਣ ਵਾਲੀ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ 26 ਜੁਲਾਈ ਐਤਵਾਰ ਨੂੰ ਸਵੇਰੇ 10.00 ਵਜੇ ਮੀਟਿੰਗ ਹਾਲ ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ ਬਾਬਾ ਬਕਾਲਾ ਸਾਹਿਬ (ਅੰਮ੍ਰਿਤਸਰ) ਵਿਖੇ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਲੇਖਕ ਅਤੇ ਪੱਤਰਕਾਰ ਜਗਦੀਸ਼ ਸਿੰਘ ਬਮਰਾਹ ਦੀ ਪੁਸਤਕ 'ਪਾਕਿਸਤਾਨ ਫੇਰੀ ਦੀਆਂ ਮਿੱਠੀਆਂ ਯਾਦਾਂ' ਲੋਕ ਅਰਪਿਤ ਕੀਤੀ ਜਾਵੇਗੀ।ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ, ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਸੀ: ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ ਅਤੇ ਡਾ: ਪਰਮਜੀਤ ਸਿੰਘ ਬਾਠ, ਸਕੱਤਰ ਨਵਦੀਪ ਸਿੰਘ ਬਦੇਸ਼ਾ ਅਤੇ ਪ੍ਰੈੱਸ ਸਕੱਤਰ ਬਲਵਿੰਦਰ ਸਿੰਘ ਅਠੌਲਾ ਨੇ ਦੱਸਿਆ ਹੈ ਕਿ ਸਮਾਗਮ ਵਿੱਚ ਸ: ਹਰਭਜਨ ਸਿੰਘ ਬਰਾੜ ਚੇਅਰਮੈਨ ਸਾਈਂ ਮੀਆਂਮੀਰ ਇੰਟਰਨੈਸ਼ਨਲ ਫਾਊਂਡੇਸ਼ਨ ਬਤੌਰ ਮੁੱਖ ਮਹਿਮਾਨ ਪੁੱਜਣਗੇ, ਜਦਕਿ ਪ੍ਰਧਾਨਗੀ ਮੰਡਲ ਵਿੱਚ ਮੱਖਣ ਕੁਹਾੜ (ਸੀ: ਮੀਤ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ), ਸੁਖਵਿੰਦਰ ਸਿੰਘ (ਨੀਡਜ਼ ਹੋਲਸੇਲ ਵਾਲੇ), ਸ: ਦੀਪ ਦਵਿੰਦਰ ਸਿੰਘ (ਦਫਤਰ ਸਕੱਤਰ ਕੇਂ.ਪੰ.ਲੇ. ਸਭਾ), ਸ: ਗੁਰਮੀਤ ਸਿੰਘ ਬਾਜਵਾ (ਕਾਰਜਕਾਰੀ ਮੈਂਬਰ ਕੇਂ.ਪੰ.ਲੇ. ਸਭਾ), ਸ: ਹਰਦਰਸ਼ਨ ਸਿੰਘ ਕਮਲ (ਜਨਰਲ ਸਕੱਤਰ ਮਾਝਾ ਜਨਵਾਦੀ ਲੇਖਕ ਸਭਾ), ਸ: ਕੁਲਵਿੰਦਰ ਸਿੰਘ ਗਾਖਲ (ਪ੍ਰਧਾਨ ਪੰਜਾਬ ਸਾਹਿਤਕ ਮੰਚ, ਜਲੰਧਰ), ਡਾ: ਗਗਨਦੀਪ (ਪ੍ਰਧਾਨ ਮਝੈਲਾਂ ਦੀ ਸੱਥ) ਅਤੇ ਵਿਸ਼ਾਲ (ਪ੍ਰਧਾਨ ਸ਼ਬਦ ਨਾਦ ਮੰਚ) ਸੁਸ਼ੋਭਿਤ ਹੋਣਗੇ । ਹਾਜ਼ਰੀਨ ਵੱਲੋਂ ਕਵੀ ਦਰਬਾਰ ਹੋਵੇਗਾ।

# ਸਿੱਖਿਆ ਕ੍ਰਾਂਤੀ ਨੇ ਪੰਜਾਬ ਦੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ : ਸ਼ਮਸ਼ੇਰ ਸਿੰਘ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)

ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਸੂਬੇ ਅੰਦਰ ਸਿੱਖਿਆ ਕ੍ਰਾਂਤੀ ਤਹਿਤ ਅਹਿਮ ਕਦਮ ਚੁੱਕਦੇ ਹੋਏ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ ਗਏ।ਦੀਨਾਨਗਰ ਦੇ ਸਰਕਾਰੀ ਸਮਾਰਟ ਸੀਨੀਅਰ ਸੈਕੰਡਰੀ ਸਕੂਲ



ਲੜਕੇ ਵਿਖੇ ਪ੍ਰਿੰਸੀਪਲ ਜਸਕਰਨਜੀਤ ਸਿੰਘ ਕਾਹਲੋਂ ਦੀ ਅਗਵਾਈ ਹੇਠ ਕਰਵਾਏ ਗਏ ਪ੍ਰੋਗਰਾਮ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਸਕੂਲ ਦੇ ਗਿਆਰਵੀਂ ਅਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡਣ ਮੌਕੇ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿੱਖਿਆ ਕ੍ਰਾਂਤੀ ਯੋਜਨਾ ਤਹਿਤ ਸਰਕਾਰੀ ਸਕੂਲਾਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਵੱਡੇ ਕਦਮ ਚੁੱਕੇ ਹਨ।ਸਰਕਾਰੀ ਸਕੂਲਾਂ ਅੰਦਰ ਨਿੱਜੀ ਸਕੂਲਾਂ ਵਾਂਗ ਸਹੂਲਤਾਂ ਦੇਣ ਦੇ ਇਲਾਵਾ ਸਰਕਾਰੀ ਸਕੂਲਾਂ ਦੇ ਪ੍ਰਿੰਸੀਪਲਾਂ ਅਤੇ ਅਧਿਆਪਕਾਂ ਨੂੰ ਬਾਹਰਲੇ ਮੁਲਕਾਂ ਦੀ ਸਿੱਖਿਆ ਦਾ ਅਧਿਐਨ ਕਰਨ ਅਤੇ ਚੰਗੇ ਕੰਮਾਂ ਨੂੰ ਪੰਜਾਬ ਦੇ ਸਰਕਾਰੀ ਸਕੂਲਾਂ ਅੰਦਰ ਲਾਗੂ ਕਰਨ ਲਈ ਕੰਮ ਕੀਤਾ ਜਾ ਰਿਹਾ ਹੈ ਜਿਸ ਸਦਕਾ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਨੀਟ ਅਤੇ ਜੇਈਈ ਵਰਗੀਆਂ ਦੇਸ਼ ਪੱਧਰੀ ਪ੍ਰੀਖਿਆਵਾਂ ਚ ਸ਼ਾਨਦਾਰ ਰੈਂਕ ਹਾਸਲ ਕਰਕੇ ਦੇਸ਼ ਭਰ ਚ ਪੰਜਾਬ ਦੇ ਸਰਕਾਰੀ ਸਕੂਲਾਂ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਟਰੇਡਰਜ਼ ਕਮਿਸ਼ਨ ਦੇ ਹਲਕਾ ਚੇਅਰਮੈਨ ਰਾਜੀਵ ਸੈਣੀ, ਸਾਬਕਾ ਕੌਂਸਲਰ ਸੁਨੀਲ ਦੱਤ, ਰਿਟਾ. ਲੈਕਚਰਾਰ ਵਿਜੇ ਮਹਾਜਨ, ਵਾਰਡ ਇੰਚਾਰਜ ਰਾਜੀਵ ਕੁਮਾਰ, ਵਾਰਡ ਇੰਚਾਰਜ ਅਮ੍ਰਿਤਪਾਲ ਅੱਮੂ ਅਤੇ ਵਾਰਡ ਇੰਚਾਰਜ ਰਜਿੰਦਰ ਸੰਨੀ ਦੇ ਇਲਾਵਾ ਸਕੂਲ ਸਟਾਫ ਵਜੋਂ ਲੈਕਚਰਾਰ ਕੁਲਵੰਤ ਸਿੰਘ, ਲੈਕਚਰਾਰ ਰਕੇਸ਼ ਕੁਮਾਰ, ਡਾ. ਸੁਰੇਸ਼ ਮਹਿਤਾ, ਲੈਕਚਰਾਰ ਅਸ਼ਵਨੀ ਕੁਮਾਰ, ਲੈਕਚਰਾਰ ਰੰਜਨਾ ਸ਼ਰਮਾ, ਲੈਕਚਰਾਰ ਨੇਕ ਚੰਦ, ਲੈਕਚਰਾਰ ਰਚਨਾ, ਲੈਕਚਰਾਰ ਸੁਰਜੀਤ ਚੰਦ, ਲੈਕਚਰਾਰ ਹਰਮੇਸ਼ ਸਿੰਘ, ਲੈਕਚਰਾਰ ਸਪਨਾ ਦੇਵੀ, ਲੈਕਚਰਾਰ ਅਨੁਪਮ ਸ਼ਰਮਾ ਅਤੇ ਲੈਕਚਰਾਰ ਨੀਰੂ ਬਾਲਾ ਵੀ ਮੌਜੂਦ ਸਨ।

# ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ



ਚਵਿੰਡਾ ਦੇਵੀ/ਮਜੀਠਾ (ਖੁਸ਼ਹਾਲ ਸੁੰਦਰ/ਸੋਇਮ ਆਨੰਦ)-ਮਾਨ ਸਰਕਾਰ ਵੱਲੋਂ ਸਿੱਖਿਆ ਦੇ ਮਿਆਰ ਨੂੰ ਉਚਾ ਚੱਕਣ ਲਈ ਕੀਤੇ ਜਾ ਰਹੇ ਉਪਰਾਲਿਆਂ ਸਦਕਾ ਹਲਕਾ ਮਜੀਠਾ ਦੇ ਸੀਨੀਅਰ ਸੈਕੰਡਰੀ ਸਕੂਲ ਸ਼ਹੀਦ ਅਮਰਜੀਤ ਸਿੰਘ ਵਿਖੇ ਆਪ ਦੇ ਹਲਕਾ ਮਜੀਠਾ ਤੋਂ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਰਹਿਨੁਮਾਈ ਹੇਠ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ ਗਏ। ਇਸ ਮੌਕੇ ਪ੍ਰਿੰਸੀਪਲ ਗੁਰਪ੍ਰਤਾਪ ਸਿੰਘ ਰੰਧਾਵਾ ਤੇ ਸਮੂਹ ਟੀਚਰ ਸਾਹਿਬਾਨ ਨਾਲ ਨਗਰ ਕੌਂਸਲ ਪ੍ਰਧਾਨ ਅਮਰਜੀਤ ਸਿੰਘ, ਯੂਥ ਪ੍ਰਧਾਨ ਨਵੀਨ ਮਹਾਜਨ, ਕੌਂਸਲਰ ਸੋਨੂੰ ਸੇਠ, ਪ੍ਰਦੀਪ ਗੋਲਣ, ਵਿਵੇਕ ਮਹਾਜਨ ਦੁਬਈ ਵਾਲੇ, ਵਿਜੈ ਸੁਪਾਰੀਵਿੰਡ, ਅਰਸ਼ਦੀਪ ਸਿੰਘ ਤੇ ਹੋਰ ਮੋਹਤਬਰ ਸੱਜਣ ਹਾਜ਼ਰ ਸਨ।

# ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈੱਸ ਵੇਅ ਲਈ 14 ਪਿੰਡਾਂ ਦੀ ਜ਼ਮੀਨ ਐਕਵਾਇਰ ਕੀਤੀ : ਐੱਸ ਡੀ ਐੱਮ

ਬਟਾਲਾ, (ਤਰਲੋਕ ਬੱਗਾ)-ਉਪ ਮੰਡਲ ਮੈਜਿਸਟ੍ਰੇਟ ਬਟਾਲਾ ਸਾਰੰਗਪ੍ਰੀਤ ਸਿੰਘ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈਸ ਵੇਅ ਦੇ ਵਿਕਾਸ ਉਸਾਰੀ ਲਈ ਬਟਾਲਾ ਸਬ ਡਵੀਜ਼ਨ ਦੇ 14 ਪਿੰਡ ਜਿਨ੍ਹਾਂ ਵਿੱਚ



ਬਸਰਾਏ, ਹਰਚੋਵਾਲ, ਭਾਮੜੀ, ਨੰਗਲ ਝੌਰ, ਭਰਥ, ਮੇਤਲਾ, ਚੀਮਾ, ਖੁੰਡੀ, ਕਿਸ਼ਨਕੋਟ, ਸੁਕਾਲਾ, ਮਛਰਾਏ, ਪੇਜੇਚੱਕ, ਮਾੜੀ ਬੁੱਚੀਆਂ ਬੱਲੜਵਾਲ ਦੀ ਜ਼ਮੀਨ ਐਕਵਾਈਰ ਕੀਤੀ ਗਈ ਹੈ ਅਤੇ ਇਸ ਪ੍ਰੋਜੈਕਟ ਲਈ ਸਬ-ਡਵੀਜ਼ਨ ਬਟਾਲਾ ਦਾ 19.01 ਕਿਲੋਮੀਟਰ ਏਰੀਆ ਪੈਂਦਾ ਹੈ ਜਿਸਦਾ 207.18 ਹੈਕਟੇਅਰ ਏਰੀਆ ਬਣਦਾ ਹੈ।ਉਨ੍ਹਾਂ ਕਿਹਾ ਕਿ ਬਟਾਲਾ ਸਬ-ਡਵੀਜ਼ਨ ਵਿੱਚ ਪੈਂਦੇ ਪਿੰਡਾਂ ਦੀ ਐਕਵਾਇਰ ਹੋਈ ਜ਼ਮੀਨ ਦੇ ਜਿਨ੍ਹਾਂ ਭੌਂ ਮਾਲਕਾਂ ਵੱਲੋਂ ਅਜੇ ਤੱਕ ਮੁਆਵਜ਼ੇ ਦੀ ਰਕਮ ਪ੍ਰਾਪਤ ਨਹੀਂ ਕੀਤੀ ਗਈ, ਉਨ੍ਹਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਆਪਣੇ ਲੋੜੀਂਦੇ ਦਸਤਾਵੇਜ਼ ਜਿਵੇਂ ਕਿ ਆਧਾਰ ਕਾਰਡ, ਹਲਫੀਆ ਬਿਆਨ, ਬੈਂਕ ਅਕਾਊਂਟ, ਜਮਾਂਬੰਦੀ ਆਦਿ ਤੁਰੰਤ ਇਸ ਦਫਤਰ ਵਿੱਚ ਜਮ੍ਹਾ ਕਰਾਉਣ ਤਾਂ ਜੋ ਉਨ੍ਹਾਂ ਨੂੰ ਇਸ ਐਕਵਾਇਰ ਕੀਤੀ ਗਈ ਜ਼ਮੀਨ ਦੇ ਮੁਆਵਜ਼ੇ ਦੀ ਰਕਮ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਜਮ੍ਹਾ ਕੀਤੀ ਜਾ ਸਕੇ।ਇਸ ਤੋਂ ਇਲਾਵਾ ਸਬੰਧਿਤ ਭੌਂ ਮਾਲਕਾਂ ਨੂੰ ਇਹ ਵੀ ਅਪੀਲ ਕੀਤੀ ਜਾਂਦੀ ਹੈ ਕਿ ਜ਼ਮੀਨ ਮਾਲਕ ਇਸ ਐਕਾਵਾਇਰ ਕੀਤੀ ਗਈ ਜ਼ਮੀਨ 'ਤੇ ਕੋਈ ਵੀ ਫਸਲ ਕਾਸ਼ਤ ਨਾ ਕਰਨ ਅਤੇ ਐੱਨ. ਐੱਚ. ਏ. ਆਈ. ਨੂੰ ਸੜਕ ਨਿਰਮਾਣ ਦੇ ਕੰਮ ਵਿੱਚ ਸਹਿਯੋਗ ਕੀਤਾ ਜਾਵੇ।

# ਮਨੁੱਖਤਾ ਦੀ ਸੇਵਾ ਖ਼ੂਨਦਾਨ ਸੁਸਾਇਟੀ ਨੇ ਐੱਸ. ਐੱਮ. ਓ. ਨੂੰ ਦਿੱਤਾ ਮੰਗ ਪੱਤਰ

ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)

ਮਨੁੱਖਤਾ ਦੀ ਸੇਵਾ ਖ਼ੂਨਦਾਨ ਸੁਸਾਇਟੀ, ਪੱਟੀ (ਰਜਿ.) ਵੱਲੋਂ ਪ੍ਰਧਾਨ ਮਲਕੀਅਤ ਸਿੰਘ ਬੱਬਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੱਟੀ ਸਿਵਲ ਹਸਪਤਾਲ ਦੇ ਐੱਸ. ਐੱਮ. ਓ. ਡਾ.



ਅਸੀਸ ਗੁਪਤਾ ਨੂੰ ਸਰਕਾਰੀ ਬਲੱਡ ਬੈਂਕ ਵਿੱਚ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣ ਸਬੰਧੀ ਇੱਕ ਮੰਗ ਪੱਤਰ ਸੌਂਪਿਆ ਗਿਆ।ਇਸ ਦੌਰਾਨ ਸੁਸਾਇਟੀ ਦੇ ਨੁਮਾਇੰਦਿਆਂ ਨੇ ਬਲੱਡ ਬੈਂਕ ਵਿੱਚ ਮੌਜੂਦ ਕਈ ਅਹਿਮ ਕਮੀਆਂ ਵੱਲ ਧਿਆਨ ਦਿਵਾਉਂਦਿਆਂ ਜਲਦ ਹੱਲ ਦੀ ਮੰਗ ਕੀਤੀ।ਇਸ ਮੌਕੇ ਸੁਸਾਇਟੀ ਦੇ ਆਗੂ ਸੁਖਬੀਰ ਸਿੰਘ ਨੇ ਕਿਹਾ ਕਿ ਪੱਟੀ ਅਤੇ ਆਸ-ਪਾਸ ਦੇ ਇਲਾਕਿਆਂ ਦੇ ਹਜ਼ਾਰਾਂ ਲੋਕ ਸਰਕਾਰੀ ਬਲੱਡ ਬੈਂਕ ਦੀਆਂ ਸੇਵਾਵਾਂ ਤੇ ਨਿਰਭਰ ਹਨ, ਪਰ ਪੀ. ਆਰ. ਬੀ. ਸੀ. (ਪੈਕਡ ਰੈੱਡ ਬਲੱਡ ਸੈੱਲਜ਼) ਅਤੇ ਹੋਰ ਬਲੱਡ ਕੰਪੋਨੈਂਟਸ ਦੀ ਸਹੂਲਤ ਨਾ ਹੋਣ ਕਾਰਨ ਮਰੀਜ਼ਾਂ ਨੂੰ ਅੰਮ੍ਰਿਤਸਰ ਜਾਣ ਲਈ ਮਜਬੂਰ ਹੋਣਾ ਪੈਂਦਾ ਹੈ। ਐਮਰਜੈਂਸੀ ਦੀ ਸਥਿਤੀ ਵਿੱਚ ਇਹ ਦੇਰੀ ਕਈ ਵਾਰ ਮਰੀਜ਼ ਦੀ ਜਾਨ ਲਈ ਵੀ ਖ਼ਤਰਾ ਬਣ ਸਕਦੀ ਹੈ।ਉਨ੍ਹਾਂ ਕਿਹਾ ਕਿ ਸਾਡੀ ਮੰਗ ਹੈ ਕਿ ਸਰਕਾਰੀ ਬਲੱਡ ਬੈਂਕ, ਪੱਟੀ ਨੂੰ ਵੀ ਆਧੁਨਿਕ ਸਾਜ਼ੋ-ਸਾਮਾਨ ਅਤੇ ਹਰ ਲੋੜੀਂਦੀ ਸਹੂਲਤ ਨਾਲ ਲੈਸ ਕੀਤਾ ਜਾਵੇ ਤਾਂ ਜੋ ਇਲਾਕੇ ਦੇ ਲੋਕਾਂ ਨੂੰ ਆਪਣੇ ਹੀ ਸ਼ਹਿਰ ਵਿੱਚ ਵਧੀਆ ਸਿਹਤ ਸੇਵਾਵਾਂ ਮਿਲ ਸਕਣ।ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਸੁਸਾਇਟੀ ਵੱਲੋਂ ਇਹ ਸੇਵਾ ਨਿਰੰਤਰ ਜਾਰੀ ਰਹੇਗੀ।ਉਨ੍ਹਾਂ ਨੇ ਵਿਸ਼ਵਾਸ ਪ੍ਰਗਟਾਇਆ ਕਿ ਸਿਵਲ ਹਸਪਤਾਲ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਇਸ ਮੰਗ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਪੱਟੀ ਦੇ ਸਰਕਾਰੀ ਬਲੱਡ ਬੈਂਕ ਵਿੱਚ ਲੋੜੀਂਦੀਆਂ ਸਹੂਲਤਾਂ ਦਾ ਜਲਦ ਵਿਸਥਾਰ ਕਰੇਗਾ, ਜਿਸ ਨਾਲ ਸਮੁੱਚੇ ਇਲਾਕੇ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਇਸ ਮੌਕੇ ਮਾਸਟਰ ਗੁਰਵਿੰਦਰ ਸਿੰਘ, ਮਲਕੀਤ ਸਿੰਘ, ਫਾਰਮਾਸਿਸਟ ਅਮਨਦੀਪ ਸਿੰਘ, ਗਗਨਦੀਪ ਸਿੰਘ ਆਦਿ ਹਾਜ਼ਰ ਸਨ।

# ਪੁਰਾਣੀ ਰੰਜਿਸ਼ ਨੂੰ ਲੈ ਕੇ ਨੌਜਵਾਨ ਦਾ ਕਤਲ

ਗੁਰਦਾਸਪੁਰ, (ਜਨਕ ਮਹਾਜਨ)-ਪਿੰਡ ਭੰਗਵਾਂ ਵਿੱਚ ਪੁਰਾਣੀ ਰੰਜਿਸ਼ ਦੇ ਚੱਲਦਿਆਂ ਸ਼ਰੇਆਮ ਨੌਜਵਾਨਾਂ ਨੇ ਗੋਲੀਆਂ ਮਾਰ ਕੇ



ਇਕ ਨੌਜਵਾਨ ਨੂੰ ਮਾਰ ਦਿੱਤਾ। ਇਕੱਤਰ ਕੀਤੀ ਜਾਣਕਾਰੀ ਅਨੁਸਾਰ ਮ੍ਰਿਤਕ ਵਿਜੇ ਮਸੀਹ (26) ਪੁੱਤਰ ਲੁਭਾਇਆ ਮਸੀਹ ਵਾਸੀ ਭੰਗਵਾਂ ਦਾ ਝਗੜਾ ਪਿੰਡ ਦੇ ਹੀ ਇੱਕ ਵਿਅਕਤੀ ਨਾਲ ਚੱਲ ਰਿਹਾ ਸੀ। ਇਸ ਸਬੰਧੀ ਪਿੰਡ ਦੇ ਸਰਪੰਚ ਤੇ ਹੋਰ ਪਿੰਡ ਵਾਸੀਆਂ ਨੇ ਦੱਸਿਆ ਕਿ ਕਥਿਤ ਦੋਸ਼ੀ ਆਪਣੇ ਹੋਰ ਸਾਥੀਆਂ ਸਮੇਤ ਸ਼ਾਮ ਸਾਢੇ 9.30 ਵਜੇ ਜਦ ਵਿਜੇ ਆਪਣੇ ਘਰ ਤੋਂ ਬਾਹਰ ਥੋੜ੍ਹੀ ਦੂਰ ਆਇਆ ਤਾਂ ਕਥਿਤ ਦੋਸ਼ੀਆਂ ਨੇ ਸਿੱਧੇ ਰਿਵਾਲਵਰ ਨਾਲ ਵਿਜੇ ਮਸੀਹ ਦੇ ਗੋਲੀਆਂ ਮਾਰ ਦਿੱਤੀਆਂ। ਇਸ ਘਟਨਾ ਨਾਲ ਪਿੰਡ ਭੰਗਵਾਂ ਅੰਦਰ ਦਹਿਸ਼ਤ ਦਾ ਮਾਹੌਲ ਪੈਦਾ ਹੋ ਗਿਆ। ਵਿਜੇ ਦੇ ਪਰਿਵਾਰਕ ਮੈਂਬਰਾਂ ਅਤੇ ਪਿੰਡ ਵਾਸੀਆਂ ਨੇ ਉਸ ਨੂੰ ਸਰਕਾਰੀ ਹਸਪਤਾਲ ਪਹੁੰਚਾਇਆ ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਕਰ ਦਿੱਤਾ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਕਥਿਤ ਦੋਸ਼ੀਆਂ ਨੂੰ ਜਲਦ ਤੋਂ ਜਲਦ ਕਾਬੂ ਕਰਕੇ ਉਨ੍ਹਾਂ ਨੂੰ ਇਨਸਾਫ ਦਵਾਇਆ ਜਾਵੇ। ਇਸ ਮਾਮਲੇ ਸਬੰਧੀ ਪੁਲਸ ਕਾਰਵਾਈ ਕਰ ਰਹੀ ਹੈ।

# ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਨੇ ਸਰਕਾਰੀ ਸਕੂਲਾਂ ਦਾ ਕੀਤਾ ਦੌਰਾ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਡਿਪਟੀ ਕਮਿਸ਼ਨਰ ਗੁਰਦਾਸਪੁਰ ਅਦਿਤਿਆ ਉੱਪਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਰਾਜੇਸ਼ ਕੁਮਾਰ ਸ਼ਰਮਾ (ਸਟੇਟ ਐਵਾਰਡੀ) ਦੀ ਰਹਿਨੁਮਾਈ ਹੇਠ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਵੱਲੋਂ ਕਾਹਨੂੰਵਾਨ ਬਲਾਕ-1 ਅਤੇ ਬਲਾਕ-2 ਦੇ ਵੱਖ-ਵੱਖ ਸਰਕਾਰੀ ਸਕੂਲਾਂ ਦਾ ਵਿਸਤ੍ਰਿਤ ਦੌਰਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਦੇ ਨਾਲ ਬਲਾਕ ਗਾਈਡੈਂਸ ਕੌਂਸਲਰ ਜਸਵਿੰਦਰ ਸਿੰਘ (ਸਟੇਟ ਐਵਾਰਡੀ) ਵੀ ਮੌਜੂਦ ਸਨ।ਦੌਰੇ ਦੌਰਾਨ ਮੁਕੇਸ਼ ਵਰਮਾ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਕਾਹਨੂੰਵਾਨ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਕਾਹਨੂੰਵਾਨ, ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਕੋਟ ਧੰਦਲ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੈਣੇਕੋਟ ਦਾ ਨਿਰੀਖਣ ਕੀਤਾ। ਉਨ੍ਹਾਂ ਨੇ ਸਕੂਲਾਂ ਵਿੱਚ ਚੱਲ ਰਹੀਆਂ ਅਕਾਦਮਿਕ ਅਤੇ ਗਾਈਡੈਂਸ ਗਤੀਵਿਧੀਆਂ ਦਾ ਜਾਇਜ਼ਾ ਲੈਂਦਿਆਂ ਸਕੂਲ ਮੁਖੀਆਂ, ਗਾਈਡੈਂਸ ਕੌਂਸਲਰਾਂ ਅਤੇ ਅਧਿਆਪਕਾਂ ਨਾਲ ਵਿਸਤ੍ਰਿਤ ਵਿਚਾਰ-ਵਟਾਂਦਰਾ ਕੀਤਾ।ਇਸ ਮੌਕੇ ਇੰਚਾਰਜ ਰਵਿੰਦਰ ਕੌਰ, ਅਮਨਦੀਪ ਕੌਰ, ਵੀਨਾ ਕੁਮਾਰੀ, ਰਜਿੰਦਰ ਕੁਮਾਰ, ਬਲਾਕ ਗਾਈਡੈਂਸ ਕੌਂਸਲਰ ਕਾਹਨੂੰਵਾਨ-2 ਗੁਰਪ੍ਰੀਤ ਸਿੰਘ, ਵਿਕਾਸ ਕੁਮਾਰ, ਇੰਚਾਰਜ ਗੁਰਪ੍ਰੀਤ ਸਿੰਘ ਅਤੇ ਹੋਰ ਅਧਿਆਪਕ ਹਾਜ਼ਰ ਸਨ।



# ਹਜ਼ੂਰ ਸਾਹਿਬ ਲਈ ਵੰਦੇ ਭਾਰਤ ਚਲਾਉਣ ਲਈ ਔਜਲਾ ਨੇ ਰੇਲ ਮੰਤਰੀ ਨੂੰ ਲਿਖਿਆ ਪੱਤਰ

ਛੇਹਰਟਾ, (ਮਨੋਜ ਕੁਮਾਰ)

ਅੰਮ੍ਰਿਤਸਰ ਤੋਂ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਕੇਂਦਰੀ ਰੇਲ ਮੰਤਰੀ ਅਸ਼ਵਿਨੀ ਵੈਸ਼ਣਵ ਨੂੰ ਪੱਤਰ ਲਿਖ ਕੇ ਅੰਮ੍ਰਿਤਸਰ ਤੇ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਵਿਚਕਾਰ ਰੋਜ਼ਾਨਾ ਵੰਦੇ ਭਾਰਤ ਸਲੀਪਰ ਟਰੇਨ ਸ਼ੁਰੂ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਰੇਲ ਸਹੂਲਤ ਦਾ ਮਾਮਲਾ ਨਹੀਂ, ਸਗੋਂ ਦੇਸ਼ ਭਰ ਦੇ ਲੱਖਾਂ ਸਿੱਖ ਸ਼ਰਧਾਲੂਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਧਾਰਮਿਕ ਭਾਵਨਾ ਨਾਲ ਜੁੜਿਆ ਮੁੱਦਾ ਹੈ। ੌਜਲਾ ਨੇ ਆਪਣੇ ਪੱਤਰ ਵਿਚ ਦੱਸਿਆ ਕਿ ਪਿਛਲੇ ਕਈ ਮਹੀਨਿਆਂ ਤੋਂ ਉਨ੍ਹਾਂ ਨੂੰ ਸਿੱਖ ਜਥਿਆਂ, ਸੰਤ-ਮਹਾਂਪੁਰਸ਼ਾਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਧਾਰਮਿਕ ਸੰਸਥਾਵਾਂ ਤੇ ਸ਼ਰਧਾਲੂਆਂ ਵੱਲੋਂ ਲਗਾਤਾਰ ਮੰਗ-ਪੱਤਰ ਮਿਲ ਰਹੇ ਹਨ। ਇਨ੍ਹਾਂ ਸਾਰਿਆਂ ਨੇ ਅੰਮ੍ਰਿਤਸਰ ਤੇ ਹਜ਼ੂਰ ਸਾਹਿਬ ਦਰਮਿਆਨ ਆਧੁਨਿਕ, ਤੇਜ਼ ਤੇ ਆਰਾਮਦਾਇਕ ਸਲੀਪਰ ਰੇਲ ਸੇਵਾ ਸ਼ੁਰੂ ਕਰਨ ਦੀ ਮੰਗ ਕੀਤੀ ਹੈ। ਸਦ ਮੈਂਬਰ ਨੇ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ ਤੇ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਸਿੱਖ ਧਰਮ ਦੇ ਦੋ ਮਹਾਨ ਤਖ਼ਤ ਹਨ। ਹਰ ਸਾਲ ਪੰਜਾਬ, ਹਰਿਆਣਾ, ਦਿੱਲੀ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ ਤੇ ਦੇਸ਼ ਦੇ ਹੋਰ ਹਿੱਸਿਆਂ ਤੋਂ ਲੱਖਾਂ ਸ਼ਰਧਾਲੂ ਦਰਸ਼ਨਾਂ ਲਈ ਇਸ ਲੰਬੇ ਸਫ਼ਰ 'ਤੇ ਜਾਂਦੇ ਹਨ। ਮੌਜੂਦਾ ਰੇਲ ਸੇਵਾਵਾਂ ਵਿਚ ਵੱਧ ਰਹੀ ਭੀੜ ਨੂੰ ਦੇਖਦਿਆਂ ਆਧੁਨਿਕ ਸਲੀਪਰ ਟਰੇਨ ਦੀ ਲੋੜ ਲਗਾਤਾਰ ਮਹਿਸੂਸ ਕੀਤੀ ਜਾ ਰਹੀ ਹੈ। ੌਜਲਾ ਨੇ ਰੇਲ ਮੰਤਰੀ ਤੋਂ ਮੰਗ ਕੀਤੀ ਕਿ ਅੰਮ੍ਰਿਤਸਰ-ਨਾਂਦੇੜ ਰੂਟ 'ਤੇ ਜਲਦ ਤੋਂ ਜਲਦ ਰੋਜ਼ਾਨਾ ਵੰਦੇ ਭਾਰਤ ਸਲੀਪਰ ਟਰੇਨ ਚਲਾਈ ਜਾਵੇ। ਇਸ ਦੇ ਨਾਲ ਹੀ ਟਰੇਨ ਦਾ ਸਮਾਂ ਅਜਿਹਾ ਰੱਖਿਆ ਜਾਵੇ ਕਿ ਸ਼ਰਧਾਲੂਆਂ ਨੂੰ ਦੇਰ ਰਾਤ ਜਾਂ ਤੜਕੇ ਸਵੇਰੇ ਯਾਤਰਾ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਸੁਝਾਅ ਦਿੱਤਾ ਕਿ ਟਰੇਨ ਦੇ ਰਵਾਨਗੀ ਤੇ ਪਹੁੰਚਣ ਦਾ ਸਮਾਂ ਦਿਨ ਜਾਂ ਸ਼ਾਮ ਦੇ ਸਮੇਂ ਨਿਰਧਾਰਤ ਕੀਤਾ ਜਾਵੇ ਤਾਂ ਜੋ ਸ਼ਰਧਾਲੂ, ਬਜ਼ੁਰਗ ਤੇ ਪਰਿਵਾਰ ਸੁਵਿਧਾਜਨਕ ਢੰਗ ਨਾਲ ਯਾਤਰਾ ਕਰ ਸਕਣ।



# ਐੱਸਸੀ/ਬੀਸੀ ਏਕਤਾ ਮੰਚ ਪੰਜਾਬ ਦੀ ਵਿਸ਼ਾਲ ਮੀਟਿੰਗ ਭਲਕੇ

ਧਾਰੀਵਾਲ, (ਮਨਦੀਪ ਵਿੱਕੀ)-ਐੱਸਸੀ/ਬੀਸੀ ਏਕਤਾ ਮੰਚ ਪੰਜਾਬ ਵੱਲੋਂ ਇੱਕ ਵਿਸ਼ਾਲ ਮੀਟਿੰਗ 26 ਜੁਲਾਈ ਦਿਨ ਐਤਵਾਰ ਨੂੰ ਸ਼ਾਮ 5 ਵਜੇ ਗੁਰੂ ਰਵਿਦਾਸ ਭਵਨ ਧਾਰੀਵਾਲ ਵਿਖੇ ਕੀਤੀ ਜਾ ਰਹੀ ਹੈ। ਐੱਸੀ/ਬੀਸੀ ਏਕਤਾ ਮੰਚ ਪੰਜਾਬ ਦੇ ਅਹੁਦੇਦਾਰਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਇਸ ਮੀਟਿੰਗ ਦਾ ਮੁੱਖ ਏਜੰਡਾ ਐੱਸਸੀ/ਬੀਸੀ ਭਾਈਚਾਰੇ ਨਾਲ ਹੋ ਰਹੇ ਵਿਕਤਰੇ, ਧੱਕੇਸ਼ਾਹੀ ਅਤੇ ਸਰਕਾਰਾਂ ਵਿੱਚ ਬਹੁ-ਗਿਣਤੀ ਵੋਟਰ ਹੋਣ ਦੇ ਬਾਵਜੂਦ ਵੀ ਕੋਈ ਵੀ ਵੱਡੇ ਲੈਵਲ ਚੇਅਰਮੈਨੀਆਂ ਤੇ ਅਹੁਦੇਦਾਰੀਆਂ ਨਾ ਦੇਣਾ, ਸਰਕਾਰੇ ਦਰਬਾਰੇ ਉਨਾਂ ਦੀ ਸੁਣਵਾਈ ਨਾ ਹੋਣਾ, ਬਾਰੇ ਖੁੱਲ ਕੇ ਵਿਚਾਰ ਕੀਤੇ ਜਾਣਗੇ। ਇਸ ਮੀਟਿੰਗ ਵਿੱਚ ਉਨ੍ਹਾਂ ਨੇ ਐੱਸੀ/ਬੀਸੀ ਭਾਈਚਾਰੇ ਨਾਲ ਸੰਬੰਧਿਤ ਸਾਰੇ ਹੀ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਮੀਟਿੰਗ ਦਾ ਹਿੱਸਾ ਬਣਨ ਤੇ ਆਪਣੇ ਵਿਚਾਰ ਰੱਖਣ ਅਤੇ ਮੰਚ ਦੇ ਅਹੁਦੇਦਾਰਾਂ ਦੇ ਵਿਚਾਰ ਸੁਣ ਕੇ ਇਸ ਜਥੇਬੰਦੀ ਨੂੰ ਇੱਕ ਵਿਸ਼ਾਲ ਰੂਪ ਦਿੱਤਾ ਜਾਵੇ। ਅਹੁਦੇਦਾਰਾਂ ਨੇ ਪੱਤਰਕਾਰਾਂ ਗੱਲਬਾਤ ਕਰਦੇ ਹੋਏ ਦੱਸਿਆ ਕਿ ਇਹ ਪੂਰੇ ਪੰਜਾਬ ਵਿੱਚ ਜ਼ਿਲ੍ਹੇ ਦੀਆਂ ਟੀਮਾਂ ਬਣਾਈਆਂ ਜਾਣਗੀਆਂ ਅਤੇ ਖਾਸ ਕਰਕੇ ਧਾਰੀਵਾਲ ਦੇ 13 ਵਾਰਡ ਅਤੇ ਆਸ ਪਾਸ ਦੇ ਪਿੰਡਾਂ ਦੇ ਵਿੱਚ ਐੱਸੀ/ਬੀਸੀ ਭਾਈਚਾਰੇ ਨਾਲ ਸੰਬੰਧਿਤ ਲੋਕਾਂ ਨਾਲ ਸੰਪਰਕ ਕਰਕੇ ਜਲਦ ਮੀਟਿੰਗਾਂ ਕਰ ਕੇ ਇਸ ਜਥੇਬੰਦੀ ਨਾਲ ਜੋੜਿਆ ਜਾਵੇਗਾ ਤਾਂ ਜੋ ਉਨ੍ਹਾਂ ਨੂੰ ਇਨਸਾਫ ਮਿਲ ਸਕੇ। ਇਸ ਮੌਕੇ ਇੰਜੀਨੀਅਰ ਜੇਪੀ ਸਿੰਘ, ਜਸਪਾਲ ਸਿੰਘ ਕਲਿਆਣਪੁਰ, ਬਾਊ ਹੰਸਰਾਜ, ਡਾਕਟਰ ਕਮਲਜੀਤ ਸਿੰਘ ਕੇਜੇ, ਰਾਮਪਾਲ ਬੱਲ, ਵਿਜੇ ਕੰਗ, ਰਾਜੇਸ਼ ਕੁਮਾਰ ਸੋਹਲ, ਬਲਕਾਰ ਸਿੰਘ ਅਤੇ ਦਲਜੀਤ ਸਿੰਘ ਆਦਿ ਹਾਜ਼ਰ ਸਨ।

# ਸਫਾਈ ਕਰਮਚਾਰੀਆਂ 'ਤੇ ਜਬਰ ਢਾਹੁਣ ਵਾਲਿਆਂ ਖਿਲਾਫ ਕਾਰਵਾਈ ਦੀ ਮੰਗ



ਤਰਨ ਤਾਰਨ (ਪ੍ਰਿਤਪਾਲ ਸਿੰਘ)- ਬਰਨਾਲਾ ਵਿਖੇ ਸਫਾਈ ਕਰਮਚਾਰੀਆਂ 'ਤੇ ਪੁਲਸ ਵੱਲੋਂ ਲਾਠੀਚਾਰਜ ਕਰਨ ਦੀ ਸਖ਼ਤ ਨਿੰਦਾ ਕਰਦਿਆ ਮਨਰੇਗਾ ਵਰਕਜ਼ ਯੂਨੀਅਨ ਦੇ ਸੂਬਾਈ ਆਗੂ ਬਲਦੇਵ ਸਿੰਘ ਪੰਡੋਰੀ, ਮੰਗਲ ਸਿੰਘ ਟਾਂਡਾ, ਜਿਲ੍ਹਾ ਸਕੱਤਰ ਨਰਿੰਦਰ ਸਿੰਘ ਰਟੌਲ ਨੇ ਲਾਠੀਚਾਰਜ ਦੇ ਦੋਸ਼ੀ ਪੁਲਸ ਅਧਿਕਾਰੀਆਂ 'ਤੇ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ।ਆਗੂਆਂ ਨੇ ਜਾਰੀ ਕੀਤੇ ਬਿਆਨ ਰਾਹੀਂ ਆਖਿਆ ਕਿ ਮਰਦਾਨਾ ਪੁਲਸ ਵੱਲੋਂ ਸਫ਼ਾਈ ਕਰਮਚਾਰੀਆਂ, ਔਰਤਾਂ 'ਤੇ ਪਸ਼ੂਆਂ ਵਾਂਗ ਡਾਂਗ ਵਰ੍ਹਾਈ ਗਈ ।ਉਨ੍ਹਾਂ ਆਖਿਆ ਕਿ ਆਪ ਗੰਦਗੀ 'ਚ ਸਾਰਾ ਦਿਨ ਰਹਿ ਕੇ ਦੂਜਿਆਂ ਲਈ ਸਫਾਈ ਦਾ ਵੱਡਮੁੱਲਾ ਕਾਰਜ ਕਰਨ ਵਾਲੇ ਇਹ ਲੋਕ ਸਭ ਤੋਂ ਵੱਧ ਸਤਿਕਾਰ ਦੇ ਹੱਕਦਾਰ ਹਨ, ਪਰ ਅਫ਼ਸਰਸ਼ਾਹੀ ਇਨ੍ਹਾਂ ਨੂੰ ਨਫਰਤ ਨਾਲ ਦੇਖਦੀ ਹੈ।ਉਨ੍ਹਾਂ ਆਖਿਆ ਕਿ ਦਿੱਲੀ 'ਚ ਵਿਦਿਆਰਥੀਆਂ 'ਤੇ ਲਾਠੀਚਾਰਜ ਖ਼ਿਲਾਫ਼ ਤਾਂ ਆਪ ਪਾਰਟੀ ਦੇ ਲੀਡਰ ਮਗਰਮੱਛ ਦੇ ਹੰਝੂ ਵਹਾ ਰਹੇ ਹਨ ਪਰ ਆਪਣੀ ਸਰਕਾਰ 'ਚ ਮੋਦੀ ਸਰਕਾਰ ਵਾਂਗ ਹੱਕਾਂ ਲਈ ਆਵਾਜ਼ ਬੁਲੰਦ ਕਰ ਰਹੇ ਲੋਕਾਂ 'ਤੇ ਅੰਨ੍ਹੇਵਾਹ ਤਸ਼ੱਦਦ ਢਾਹ ਰਹੇ ਹਨ।ਖੇਤ ਮਜ਼ਦੂਰ ਆਗੂਆਂ ਨੇ ਮੰਗ ਕੀਤੀ ਕਿ ਸਫਾਈ ਕਰਮਚਾਰੀਆਂ 'ਤੇ ਜਬਰ ਦੇ ਦੋਸ਼ੀ ਅਧਿਕਾਰੀਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ, ਸਫਾਈ ਕਰਮਚਾਰੀਆਂ ਨੂੰ ਫੌਰੀ ਤੌਰ 'ਤੇ ਪੱਕੇ ਕੀਤਾ ਜਾਵੇ ਅਤੇ ਗੁਜ਼ਾਰੇ ਯੋਗ ਤਨਖਾਹ ਦੇਣ ਤੋਂ ਇਲਾਵਾ ਉਨ੍ਹਾਂ ਦੀ ਸੁਰੱਖਿਆ ਤੇ ਇਲਾਜ ਦੇ ਢੁੱਕਵੇਂ ਪ੍ਰਬੰਧ ਕੀਤੇ ਜਾਣ।

# ਬਰਸਾਤਾਂ 'ਚ ਡੇਂਗੂ ਤੇ ਮਲੇਰੀਏ ਤੋਂ ਆਪਣਾ ਤੇ ਆਪਣੇ ਬੱਚਿਆਂ ਦਾ ਖਿਆਲ ਰੱਖੋ : ਡਾ. ਬੌਬੀ ਮਸੀਹ

ਫਤਿਹਗੜ੍ਹ ਚੂੜੀਆਂ, (ਜਸਦੇਵ ਮਾਨ)

ਮੌਸਮ ਬਦਲਿਆ ਹੈ, ਜਗ੍ਹਾ ਜਗ੍ਹਾ ਗੰਦਾ ਪਾਣੀ ਖੜ੍ਹਾ ਰਹਿੰਦਾ ਤੇ ਗੰਦੇ ਪਾਣੀ ਦੇ ਲਾਗੇ ਨਾ ਜਾਓ, ਆਪਣੇ ਘਰਾਂ 'ਚ ਬਰਤਨ, ਕੂਲਰ, ਬਾਲਟੀਆਂ 'ਚ ਪਾਣੀ ਜਮ੍ਹਾ ਨਾ ਰਹਿਣ ਦਿਓ।ਇਹ ਜਾਣਕਾਰੀ ਡਾ. ਬੌਬੀ ਮਸੀਹ ਪਬਾਰਾਲੀ ਨੇ ਦਿੱਤੀ। ਉਨ੍ਹਾਂ ਕਿਹਾ ਕਿ ਖੜ੍ਹੇ ਪਾਣੀ ਕਰਕੇ ਡੇਂਗੂ, ਮਲੇਰੀਆ ਹੁੰਦਾ ਹੈ। ਡਾ. ਬੌਬੀ ਮਸੀਹ ਨੇ ਕਿਹਾ ਕਿ ਸਭ ਤੋਂ ਪਹਿਲਾਂ ਸਫਾਈ ਦਾ ਧਿਆਨ ਦੇਣਾ ਚਾਹੀਦਾ ਕਿਉਂਕਿ ਅਗਰ ਸਫਾਈ ਨਹੀਂ ਤਾਂ ਫਿਰ ਬਿਮਾਰੀ ਹੀ ਬਿਮਾਰੀ ਹੈ। ਮਹਿੰਗੇ ਮਹਿੰਗੇ ਇਲਾਜ ਕਰਵਾਉਣੇ ਪੈ ਸਕਦੇ ਹਨ।ਮੱਛਰ ਬਰਸਾਤਾਂ 'ਗੰਦੇ ਪਾਣੀ 'ਚ ਪਲ ਕੇ ਬੜੀ ਛੇਤੀ ਵੱਡੇ ਹੁੰਦੇ ਹਨ, ਜਿਨ੍ਹਾਂ ਦੇ ਡੰਗਣ ਨਾਲ ਸਰੀਰ 'ਚ ਕਮਜ਼ੋਰੀ, ਥਕਾਨ, ਬੁਖਾਰ ਹੋ ਜਾਂਦਾ। ਇਸ ਲਈ ਸਫਾਈ ਭਾਵੇਂ ਘਰ ਦੀ ਹੋਵੇ ਭਾਵੇਂ ਬਾਹਰ ਦੀ, ਬੜੀ ਜ਼ਰੂਰੀ ਹੈ।ਭਾਵੇਂ ਕਿ ਸਰਕਾਰ ਨੇ ਇਨ੍ਹਾਂ ਬਿਮਾਰੀਆਂ ਦਾ ਇਲਾਜ ਫ੍ਰੀ ਕੀਤਾ ਹੈ ਪਰ ਜਦੋਂ ਡੇਂਗੂ ਵਰਗੀ ਬਿਮਾਰੀ ਸਾਹਮਣੇ ਆਉਂਦੀ ਹੈ ਤਾਂ ਬੰਦਾ ਘਬਰਾ ਜਾਂਦਾ ਹੈ, ਪਰ ਇਸ ਤੋਂ ਘਬਰਾਉਣ ਦੀ ਲੋੜ ਨਹੀਂ।ਆਪਣੇ ਪੈਰਾਂ ਨੂੰ ਚੰਗੀ ਤਰ੍ਹਾਂ ਢੱਕ ਕੇ ਸੌਂਵੋ, ਘਰ ਦੀ ਛੱਤ 'ਤੇ ਪਾਣੀ ਜਮ੍ਹਾ ਹੈ ਤੇ ਸਾਫ਼ ਕਰੋ, ਖਾਣਾ ਖਾਣ ਤੋਂ ਬਾਅਦ ਬਰਤਨ ਨੂੰ ਓਸੇ ਵੇਲੇ ਸਾਫ ਕਰੋ ਤਾਂ ਜੋ ਪਾਣੀ ਨਾ ਜਮ੍ਹਾ ਹੋ ਸਕੇ।ਬੱਸ ਇਨ੍ਹਾਂ ਗੱਲਾਂ ਦਾ ਧਿਆਨ ਜ਼ਰੂਰ ਰੱਖੋ।ਤੁਸੀਂ ਬਿਮਾਰੀਆਂ ਤੋਂ ਬਚ ਸਕਦੇ ਹੋ।



# 'ਮਾਵਾਂ-ਧੀਆਂ ਸਤਿਕਾਰਯੋਗ ਯੋਜਨਾ' ਤਹਿਤ ਸੂਬਾ ਪੱਧਰੀ ਸਮਾਗਮ ਪਹਿਲੀ ਅਗਸਤ ਨੂੰ



ਪਠਾਨਕੋਟ, (ਦਵਿੰਦਰ ਸਿੰਘ)

ਪੰਜਾਬ ਸਰਕਾਰ ਦੀ 'ਮਾਵਾਂ-ਧੀਆਂ ਸਤਿਕਾਰਯੋਗ ਯੋਜਨਾ' ਤਹਿਤ 1 ਅਗਸਤ ਨੂੰ ਵਾਈਟ ਮੈਡੀਕਲ ਕਾਲਜ, ਮਮੂਨ (ਪਠਾਨਕੋਟ) ਵਿਖੇ ਕਰਵਾਏ ਜਾ ਰਹੇ ਸੂਬਾ ਪੱਧਰੀ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਡਾ. ਪੱਲਵੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਇੱਕ ਉਚ ਪੱਧਰੀ ਸਮੀਖਿਆ ਮੀਟਿੰਗ ਆਯੋਜਿਤ ਕੀਤੀ ਗਈ।ਮੀਟਿੰਗ ਵਿੱਚ ਹਲਕਾ ਇੰਚਾਰਜ ਸੁਜਾਨਪੁਰ ਠਾਕੁਰ ਸਵਰਨ ਸਿੰਘ ਸਲਾਰੀਆ, ਵਧੀਕ ਡਿਪਟੀ ਕਮਿਸ਼ਨਰ (ਜ) ਸ. ਅਰਸ਼ਦੀਪ ਸਿੰਘ, ਡਾ. ਅਨਿਲ ਭਾਰਦਵਾਜ (ਚੇਅਰਮੈਨ, ਟਰੇਡ ਵਿੰਗ ਪਠਾਨਕੋਟ), ਐੱਸ.ਡੀ.ਐੱਮ. ਪਠਾਨਕੋਟ ਮਨਦੀਪ ਸਿੰਘ ਮਾਨ, ਐੱਸ.ਡੀ.ਐੱਮ. ਧਾਰ ਕਲਾਂ ਸ਼ੰਕਰ ਸ਼ਰਮਾ, ਡੀ.ਡੀ.ਪੀ.ਓ. ਜਸਵੰਤ ਸਿੰਘ, ਡੀ.ਐੱਸ.ਐੱਸ.ਓ. ਆਸ਼ੀਸ਼ ਇੰਦਰ ਸਿੰਘ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਰਾਮ ਲੁਭਾਇਆ ਅਤੇ ਹੋਰ ਸਬੰਧਤ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਹਾਜ਼ਰ ਸਨ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ (ਜ) ਸ. ਅਰਸ਼ਦੀਪ ਸਿੰਘ ਨੇ ਦੱਸਿਆ ਕਿ ਇਸ ਸੂਬਾ ਪੱਧਰੀ ਸਮਾਗਮ ਵਿੱਚ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ।ਉਨ੍ਹਾਂ ਸਮਾਗਮ ਦੀਆਂ ਤਿਆਰੀਆਂ ਸਬੰਧੀ ਕੀਤੇ ਜਾ ਰਹੇ ਪ੍ਰਬੰਧਾਂ ਦੀ ਵਿਸਥਾਰ ਨਾਲ ਸਮੀਖਿਆ ਕਰਦਿਆਂ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਲਈ ਕਿਹਾ।ਉਨ੍ਹਾਂ ਸਪੱਸ਼ਟ ਕੀਤਾ ਕਿ ਪ੍ਰਬੰਧਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਹਰੇਕ ਅਧਿਕਾਰੀ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਏ।ਮੀਟਿੰਗ ਉਪਰੰਤ ਵਧੀਕ ਡਿਪਟੀ ਕਮਿਸ਼ਨਰ (ਜ) ਸ. ਅਰਸ਼ਦੀਪ ਸਿੰਘ, ਹਲਕਾ ਇੰਚਾਰਜ ਸ਼੍ਰੀ ਠਾਕੁਰ ਸਵਰਨ ਸਿੰਘ ਸਲਾਰੀਆ ਅਤੇ ਹੋਰ ਜ਼ਿਲ੍ਹਾ ਅਧਿਕਾਰੀਆਂ ਨੇ ਵਾਈਟ ਮੈਡੀਕਲ ਕਾਲਜ, ਮਮੂਨ ਵਿਖੇ ਸਮਾਗਮ ਸਥਾਨ ਦਾ ਮੌਕੇ 'ਤੇ ਨਿਰੀਖਣ ਕਰਕੇ ਚੱਲ ਰਹੀਆਂ ਤਿਆਰੀਆਂ ਦਾ ਜਾਇਜ਼ਾ ਲਿਆ।

# ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮੀਰੀ-ਪੀਰੀ ਖਾਲਸਾ ਮਾਰਚ ਜਾਹੋ-ਜਲਾਲ ਨਾਲ ਆਰੰਭ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਜਗਦੀਸ਼ ਕਮਲੇਸ਼)

ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਵੱਲੋਂ ਮਨੁੱਖਤਾ ਦੀ ਰਾਖੀ, ਧਰਮ ਦੀ ਆਜ਼ਾਦੀ, ਇਨਸਾਫ਼ ਅਤੇ ਰੂਹਾਨੀ ਉੱਚਤਾ ਦੇ ਸੰਦੇਸ਼ ਨੂੰ ਪ੍ਰਗਟ ਕਰਦੇ ਮੀਰੀ-ਪੀਰੀ ਦਿਵਸ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੱਕ ਮੀਰੀ-ਪੀਰੀ ਖਾਲਸਾ ਮਾਰਚ ਦੀ ਅੱਜ ਖ਼ਾਲਸਾਈ ਜਾਹੋ-ਜਲਾਲ ਨਾਲ ਆਰੰਭਤਾ ਹੋਈ।ਇਸ ਖ਼ਾਲਸਾ ਮਾਰਚ ਦਾ ਮਕਸਦ ਮੀਰੀ-ਪੀਰੀ ਦੇ ਮਹਾਨ ਸਿਧਾਂਤ ਨੂੰ ਸੰਗਤਾਂ ਅਤੇ ਖ਼ਾਸਕਰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ, ਕੌਮੀ ਏਕਤਾ ਤੇ ਪੰਥਕ ਚੇਤਨਾ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪ੍ਰਭੁਸਤਾ ਦਾ ਪ੍ਰਚਾਰ ਕਰਨਾ ਹੈ।ਮੀਰੀ-ਪੀਰੀ ਖ਼ਾਲਸਾ ਮਾਰਚ ਦੀ ਆਰੰਭਤਾ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਨੇ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਈ। ਮੀਰੀ-ਪੀਰੀ ਖਾਲਸਾ ਮਾਰਚ 'ਚ ਨਿਹੰਗ ਸਿੰਘ ਦਲ ਪੰਥ ਦੀ ਹਾਥੀ, ਊਠ ਤੇ ਘੋੜਿਆਂ ਸਮੇਤ ਸ਼ਮੂਲੀਅਤ ਨੇ ਇਸ ਦੇ ਖ਼ਾਲਸਾਈ ਜਲੌਅ ਵਿਚ ਵਾਧਾ ਕੀਤਾ।ਇਸ ਦੇ ਨਾਲ ਹੀ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀ ਵੀ ਮੀਰੀ-ਪੀਰੀ ਖਾਲਸਾ ਮਾਰਚ ਦਾ ਹਿੱਸਾ ਬਣੇ।ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੰਬੋਧਨ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਵੱਲੋਂ ਬਖ਼ਸ਼ਿਆ ਮੀਰੀ ਪੀਰੀ ਦਾ ਸਿਧਾਂਤ ਸਿੱਖੀ ਦੀ ਰੂਹ ਹੈ, ਜੋ ਮਨੁੱਖ ਨੂੰ ਇਕ ਪਾਸੇ ਅਕਾਲ ਪੁਰਖ ਨਾਲ ਜੋੜਦਾ ਹੈ ਅਤੇ ਦੂਜੇ ਪਾਸੇ ਜ਼ੁਲਮ



ਬੇਇਨਸਾਫ਼ੀ ਤੇ ਅਨਿਆਂ ਦੇ ਵਿਰੁੱਧ ਡਟ ਕੇ ਖੜ੍ਹਨ ਦੀ ਪ੍ਰੇਰਣਾ ਦਿੰਦਾ ਹੈ।ਉਨ੍ਹਾਂ ਕਿਹਾ ਕਿ ਪੰਜਵੇਂ ਪਾਤਸ਼ਾਹ ਦੀ ਸ਼ਹਾਦਤ ਮਗਰੋਂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਕਰਕੇ ਸਿੱਖ ਕੌਮ ਨੂੰ ਸੰਦੇਸ਼ ਦਿੱਤਾ ਕਿ ਸੰਤ ਅਤੇ ਸਿਪਾਹੀ ਦਾ ਸਰੂਪ ਹੀ ਸਿੱਖੀ ਦਾ ਅਸਲ ਅਦਰਸ਼ ਹੈ।ਗੁਰੂ ਸਾਹਿਬ ਨੇ ਨਗਾਰਾ ਵਜਾ ਕੇ ਅਜ਼ਾਦ ਹੋਂਦ ਅਤੇ ਸਵੈਮਾਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਸਿੱਖ ਕੌਮ ਨੇ ਮੀਰੀ ਪੀਰੀ ਦੇ ਸਿਧਾਂਤ ਨੂੰ ਅਪਨਾ ਕੇ ਹਰ ਚੁਣੌਤੀ ਦਾ ਡਟ ਕੇ ਸਾਹਮਣਾ ਕੀਤਾ।

# ਦਸਮੇਸ਼ ਹੈਰੀਟੇਜ ਸਕੂਲ ਮਹਿਤਾ ਵਿਖੇ ਇੰਟਰ ਸਕੂਲ ਡਿਬੇਟ ਕੰਪੀਟੀਸ਼ਨ ਕਰਵਾਇਆ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)

ਦਸਮੇਸ਼ ਹੈਰੀਟੇਜ ਸਕੂਲ, ਮਹਿਤਾ ਚੌਂਕ ਵਿਖੇ ਵਿਦਿਆਰਥੀਆਂ ਦੀ ਬੋਲਣ ਕਲਾ, ਤਰਕਸ਼ੀਲ ਸੋਚ ਅਤੇ ਆਤਮ-ਵਿਸ਼ਵਾਸ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਫਰੈਂਕ ਐਨਥਨੀ ਮੈਮੋਰੀਅਲ ਆਲ-ਇੰਡੀਆ ਇੰਟਰ ਸਕੂਲ ਡਿਬੇਟ ਮੁਕਾਬਲੇ ਦਾ ਸਫਲ ਆਯੋਜਨ ਕੀਤਾ ਗਿਆ।ਇਸ ਮੁਕਾਬਲੇ ਵਿੱਚ ਸੇਂਟ ਫਰਾਂਸਿਸ ਸਕੂਲ ਅੰਮ੍ਰਿਤਸਰ, ਲਿਟਲ ਫਲਾਵਰ ਕਾਨਵੈਂਟ ਸਕੂਲ ਧਾਰੀਵਾਲ, ਪੰਜਾਬ ਕਾਨਵੈਂਟ ਸਕੂਲ ਗੋਹਲਵਰ, ਹੋਲੀ ਹਾਰਟ ਪ੍ਰੈਜ਼ੀਡੈਂਸੀ ਸਕੂਲ ਰਣਜੀਤ ਐਵਨਿਊ ਅੰਮ੍ਰਿਤਸਰ, ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਬਸੰਤ ਐਵਨਿਊ ਅੰਮ੍ਰਿਤਸਰ ਦੁਆਰਾ ਭਾਗ ਲਿਆ ਗਿਆ ।ਵਿਦਿਆਰਥੀਆਂ ਨੇ ਵੱਡੇ ਉਤਸ਼ਾਹ ਨਾਲ ਭਾਗ ਲਿਆ ਅਤੇ ਵੱਖ-ਵੱਖ ਸਮਕਾਲੀ ਵਿਸ਼ਿਆਂ 'ਤੇ ਆਪਣੇ ਵਿਚਾਰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤੇ।ਮੁਕਾਬਲੇ ਦੌਰਾਨ ਵਿਦਿਆਰਥੀਆਂ ਨੇ ਆਪਣੇ ਤਰਕਾਂ, ਭਾਸ਼ਣ ਕਲਾ ਅਤੇ ਵਿਸ਼ੇ ਦੀ ਡੂੰਘੀ ਸਮਝ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੁਕਾਬਲੇ ਦੌਰਾਨ ਜਤਿੰਦਰ ਸ਼ਰਮਾ, ਮੈ. ਮਨਜੀਤ ਕੌਰ ਵਾਲੀਆ, ਅਮਨਪਾਲ ਸਿੰਘ ਨੇ ਬਤੌਰ ਜੱਜ ਭੂਮਿਕਾ ਨਿਭਾਈ।ਸਕੂਲ ਪ੍ਰਬੰਧਕ ਕਮੇਟੀ, ਪ੍ਰਿੰਸੀਪਲ ਅਤੇ ਸਟਾਫ਼ ਨੇ ਸਾਰੇ ਵਿਦਿਆਰਥੀਆਂ ਦਾ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਜੇਤੂ ਵਿਦਿਆਰਥੀਆਂ ਨੂੰ ਟਰਾਫੀਆਂ, ਸਰਟੀਫਿਕੇਟ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਸੰਸਥਾ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਦੁਆਰਾ ਜੇਤੂ




ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਜ਼ਿੰਦਗੀ ਵਿੱਚ ਦ੍ਰਿੜ੍ਹ ਇਰਾਦੇ ਨਾਲ ਮਿਹਨਤ ਕਰਦੇ ਰਹਿਣ ਦੀ ਪ੍ਰੇਰਨਾ ਦਿੱਤੀ ਗਈ ।ਅੰਤ ਵਿੱਚ ਸਕੂਲ ਮੈਨੇਜਮੈਂਟ ਵੱਲੋਂ ਸਾਰੇ ਭਾਗ ਲੈਣ ਵਾਲੇ ਸਕੂਲਾਂ, ਜੱਜ ਸਾਹਿਬਾਨ ਅਤੇ ਅਧਿਆਪਕਾਂ ਦਾ ਧੰਨਵਾਦ ਕੀਤਾ ਗਿਆ ਅਤੇ ਭਵਿੱਖ ਵਿੱਚ ਵੀ ਅਜਿਹੇ ਵਿੱਦਿਅਕ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਕਰਵਾਉਣ ਦਾ ਭਰੋਸਾ ਦਿੱਤਾ ਗਿਆ।ਇਸ ਮੌਕੇ ਸਕੂਲ ਡਾਇਰੈਕਟਰ ਲਕਸ਼ਮਣ ਸਿੰਘ ਰਾਵਤ, ਮੈ. ਹਰਪ੍ਰੀਤ ਕੌਰ, ਮੈ. ਸੰਦੀਪ ਕੌਰ, ਮੈ. ਰਵਨੀਤ ਕੌਰ, ਮੈ. ਸੰਜਨਾ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

## ਸਮਾਜਿਕ ਸੁਰੱਖਿਆ ਸਕੀਮਾਂ ਤਹਿਤ 2,150.73 ਕਰੋੜ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)** ਸੂਬੇ ਦੇ ਆਰਥਿਕ ਅਤੇ ਸਮਾਜਿਕ ਤੌਰ 'ਤੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਪੰਜਾਬ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਉਂਦਿਆਂ, ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਚਾਲੂ ਵਿੱਤੀ ਸਾਲ ਦੌਰਾਨ ਜੂਨ 2026 ਤੱਕ ਵੱਖ-ਵੱਖ ਸਮਾਜਿਕ ਸੁਰੱਖਿਆ ਸਕੀਮਾਂ ਤਹਿਤ 2,150.73 ਕਰੋੜ ਰੁਪਏ ਦੀ ਰਾਸ਼ੀ ਜਾਰੀ ਕਰ ਦਿੱਤੀ ਹੈ।ਹੋਰ ਜਾਣਕਾਰੀ ਸਾਂਝੀ ਕਰਦਿਆਂ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਦੇ 35.90 ਲੱਖ ਲਾਭਪਾਤਰੀ ਸਮਾਜਿਕ ਸੁਰੱਖਿਆ ਸਕੀਮਾਂ ਦਾ ਲਾਭ ਲੈ ਰਹੇ ਹਨ।ਵਿੱਤੀ ਸਾਲ 2026-27 ਦੌਰਾਨ ਇਹ ਵਿੱਤੀ ਸਹਾਇਤਾ ਬਿਨਾਂ ਕਿਸੇ ਰੁਕਾਵਟ ਦੇ ਲਗਾਤਾਰ ਜਾਰੀ ਰੱਖਣ ਲਈ ਸਰਕਾਰ ਨੇ 6,131.91 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਹੈ, ਜੋ ਸਰਬਪੱਖੀ ਵਿਕਾਸ ਅਤੇ ਸਮਾਜਿਕ ਇਨਸਾਫ਼ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਜੂਨ 2026 ਤੱਕ ਬੁਢਾਪਾ ਪੈਨਸ਼ਨ ਸਕੀਮ ਤਹਿਤ 1,423.33 ਕਰੋੜ ਰੁਪਏ ਜਾਰੀ ਕੀਤੇ ਗਏ ਹਨ, ਜਿਸ ਨਾਲ ਸੂਬੇ ਦੇ ਲਗਭਗ 23.77 ਲੱਖ ਬਜ਼ੁਰਗਾਂ ਨੂੰ ਲਾਭ ਮਿਲਿਆ ਹੈ। ਇਸ ਤੋਂ ਇਲਾਵਾ, ਹੋਰ ਸਮਾਜਿਕ ਸੁਰੱਖਿਆ ਸਕੀਮਾਂ ਤਹਿਤ 727.40 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ, ਜਿਸ ਦਾ ਲਾਭ ਵਿਧਵਾਵਾਂ, ਆਸ਼ਰਿਤ ਬੱਚਿਆਂ ਅਤੇ ਹੋਰ ਲੋੜਵੰਦ ਵਰਗਾਂ ਦੇ ਲਗਭਗ 12.13 ਲੱਖ ਲਾਭਪਾਤਰੀਆਂ ਨੂੰ ਪਹੁੰਚਿਆ ਹੈ। ਡਾ. ਬਲਜੀਤ ਕੌਰ ਨੇ ਕਿਹਾ ਕਿ ਪੈਨਸ਼ਨਾਂ ਅਤੇ ਹੋਰ ਵਿੱਤੀ ਲਾਭਾਂ ਦੀ ਸਮੇਂ ਸਿਰ ਵੰਡ ਬਜ਼ੁਰਗਾਂ ਅਤੇ ਲੋੜਵੰਦਾਂ ਦੇ ਜੀਵਨ ਨੂੰ ਸੁਖਾਲਾ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੀ ਹੈ।



## 6 ਨੌਜਵਾਨ ਨਾਜਾਇਜ਼ ਅਸਲੇ ਸਮੇਤ ਗ੍ਰਿਫ਼ਤਾਰ

**ਫਿਲੌਰ, (ਨਿਰਮਲ)**- ਹਰਵਿੰਦਰ ਸਿੰਘ ਵਿਰਕ ਸੀਨੀਅਰ ਪੁਲਿਸ ਕਪਤਾਨ ਜਲੰਧਰ ਦਿਹਾਤੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਵਨੀਤ ਅਹਲਾਵਤ ਪੁਲਿਸ ਕਪਤਾਨ, ਇੰਨਵੈਸਟੀਗੇਸ਼ਨ, ਜਲੰਧਰ ਦਿਹਾਤੀ ਤੇ ਭਾਰਤ ਮਸੀਹ ਲੱਧੜ, ਉਪ ਪੁਲਿਸ ਕਪਤਾਨ ਸਬ ਡਵੀਜਨ ਫਿਲੌਰ ਦੀ ਯੋਗ ਅਗਵਾਈ ਹੇਠ ਬਲਵਿੰਦਰ ਸਿੰਘ ਭੁੱਲਰ, ਮੁੱਖ ਅਫਸਰ ਥਾਣਾ ਫਿਲੌਰ ਜਿਲ੍ਹਾ ਜਲੰਧਰ ਦਿਹਾਤੀ ਦੀ ਟੀਮ ਵੱਲੋਂ ਨਜਾਇਜ਼ ਹਥਿਆਰ ਤਸਕਰੀ ਦਾ ਪਰਦਾਫਾਸ਼ ਕਰਦੇ ਹੋਏ ਨਜਾਇਜ ਪਿਸਟਲ ਸਮੇਤ 6 ਨੌਜਵਾਨਾ ਨੂੰ ਗ੍ਰਿਫਤਾਰ ਕੀਤਾ। ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਭਾਰਤ ਮਸੀਹ ਲੱਧੜ, ਉਪ ਪੁਲਿਸ ਕਪਤਾਨ ਸਬ ਡਵੀਜਨ ਫਿਲੌਰ ਨੇ ਦੱਸਿਆ ਕਿ ਥਾਣਾ ਫਿਲੌਰ ਦੇ ਮੁੱਖ ਅਫਸਰ ਬਲਵਿੰਦਰ ਸਿੰਘ ਭੁੱਲਰ, ਦੀ ਟੀਮ ਵੱਲੋਂ ਹਾਈਟੈਕ ਨਾਕਾ ਸਤਲੁਜ ਪੁਲ ਪਰ ਸ਼ਪੈਸ਼ਲ ਨਾਕਾਬੰਦੀ ਅਤੇ ਚੈਕਿੰਗ ਦੌਰਾਨ ਇੱਕ ਸਵਿਫਟ ਕਾਰ ਸ਼ੱਕ ਦੀ ਬਿਨ੍ਹਾ ਪਰ ਕਾਬੂ ਕੀਤੀ ਜੋ ਕਾਰ ਸਵਾਰਾਂ ਮਹਿਕਪ੍ਰੀਤ ਉਰਫ ਰੋਹਿਤ ਪੁੱਤਰ ਹਰਪਾਲ ਵਾਸੀ ਪਿੰਡ ਬੋੜੇਵਾਲ ਕੰਗ ਥਾਣਾ ਮਜੀਠਾ ਜਿਲਾ ਅਮ੍ਰਿਤਸਰ,ਕਰਨਦੀਪ ਸਿੰਘ ਉਰਫ ਕਰਨ ਪੁੱਤਰ ਅਮਨਦੀਪ ਸਿੰਘ ਵਾਸੀ ਫਤਿਹਗੜ੍ਹ ਚੂੜੀਆਂ ਥਾਣਾ ਫਤਿਹਗੜ੍ਹ ਚੂੜੀਆਂ ਜਿਲਾ ਗੁਰਦਾਸਪੁਰ,ਰੋਬਿਨਪ੍ਰੀਤ ਸਿੰਘ ਪੁੱਤਰ ਬਿਕਰਮਜੀਤ ਸਿੰਘ ਵਾਸੀ ਬੱਦੋਵਾਲ ਕਲਾਂ ਥਾਣਾ ਫਤਿਹਗੜ੍ਹ ਚੂੜੀਆਂ ਜਿਲਾ ਗੁਰਦਾਸਪੁਰ,ਰਜੇਸ਼ਵਰ ਸਿੰਘ ਪੁੱਤਰ ਮਹਿਤਾਬ ਸਿੰਘ ਵਾਸੀ ਪਿੰਡ ਕੋਟਲਾ ਗੁਜਰਾਂ ਥਾਣਾ ਮਜੀਠਾ ਜਿਲਾ ਅਮ੍ਰਿਤਸਰ, ਮਨਜੀਤ ਸਿੰਘ ਪੁੱਤਰ ਬਿਕਰਮਜੀਤ ਸਿੰਘ ਵਾਸੀ ਸੰਗਤਪੁਰਾ ਥਾਣਾ ਝੰਡੇਰ ਜਿਲਾ ਅਮ੍ਰਿਤਸਰ ਅਤੇ ਨਿਖਿਲ ਪੁੱਤਰ ਅਸ਼ੋਕ ਕੁਮਾਰ ਵਾਸੀ ਸਦਰ ਬਜਾਰ ਥਾਣਾ ਕੰਟੋਨਮੈਂਟ ਅਮ੍ਰਿਤਸਰ ਜਿਲਾ ਅਮ੍ਰਿਤਸਰ ਨੂੰ ਕਾਬੂ ਕਰਕੇ ਇਹਨਾਂ ਦੇ ਕਬਜਾ ਵਿੱਚੋਂ ਇੱਕ ਪਿਸਟਲ 30 ਬੋਰ ਸਮੇਤ ਮੈਗਜੀਨ ਅਤੇ 03 ਰੌਂਦ ਜਿੰਦਾ ਬਰਾਮਦ ਕਰਕੇ ਮੁਕੱਦਮਾ ਨੰਬਰ 205 ਮਿਤੀ 21.07.2026 ਜੁਰਮ 25/54/59-ਅਸਲਾ ਐਕਟ ਥਾਣਾ ਫਿਲੌਰ, ਜਿਲਾ ਜਲੰਧਰ ਦਿਹਾਤੀ ਦਰਜ ਰਜਿਸਟਰ ਕੀਤਾ ਗਿਆ ਹੈ।



## ਸਾਹਿਤਕਾਰ ਮਾਧਵ ਕੌਸ਼ਿਕ ਨੂੰ ਨੰਦ ਲਾਲ ਪਾਠਕ ਸਾਹਿਤ ਪੁਰਸਕਾਰ ਨਾਲ ਕੀਤਾ ਜਾਵੇਗਾ ਸਨਮਾਨਤ

**ਚੰਡੀਗੜ੍ਹ (ਸੁਰਜੀਤ ਸੁਮਨ)**- ਉੱਘੇ ਸਾਹਿਤਕਾਰ ਮਾਧਵ ਕੌਸ਼ਿਕ ਨੂੰ ਨੰਦ ਲਾਲ ਪਾਠਕ ਸਾਹਿਤ ਪੁਰਸਕਾਰ ਨਾਲ ਸਨਮਾਨਤ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਚੰਡੀਗੜ੍ਹ ਸਾਹਿਤ ਅਕਾਦਮੀ ਦੇ ਸਕੱਤਰ ਸੁਭਾਸ਼ ਭਾਸਕਰ ਨੇ ਕਿਹਾ ਕਿ ਕੌਸ਼ਿਕ ਨੂੰ ਇਹ ਵੱਕਾਰੀ ਪੁਰਸਕਾਰ ਮਿਲਣਾ ਸਾਡੇ ਲਈ ਬਹੁਤ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਪ੍ਰੋਫੈਸਰ ਨੰਦ ਲਾਲ ਪਾਠਕ ਦੇ ਮਾਰਗ ਦਰਸ਼ਨ ਅਧੀਨ ਚੱਲ ਰਹੇ ਅਦਿੱਤੀ ਬਿਰਲਾ ਸੈਂਟਰ, ਮੁੰਬਈ ਹੋਣ ਵਾਲੇ ਸਾਹਿਤ ਸਮਾਰੋਹ ਤੇ ਕਾਵਿਕ ਸ਼ਾਮ ਵਿੱਚ ਮਾਧਵ ਕੌਸ਼ਿਕ ਨੂੰ ਇਸ ਸਾਹਿਤ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾਵੇਗਾ। ਦੇਸ਼ ਦੀ ਪ੍ਰਮੁੱਖ ਉਦਯੋਗਪਤੀ ਰਾਜਸ਼੍ਰੀ ਬਿਰਲਾ ਦੀ ਪ੍ਰਧਾਨਗੀ ਵਿੱਚ ਹੋਣ ਵਾਲ਼ੇ ਇਸ ਸਮਾਰੋਹ ਦਾ ਸੰਚਾਲਨ ਸਾਹਿਤ ਫਾਊਂਡੇਸ਼ਨ ਮੁੰਬਈ ਦੇ ਨਿਰਦੇਸ਼ਕ ਸ਼ਾਇਰ ਦੇਵਮਣੀ ਪਾਂਡੇ ਕਰ ਰਹੇ ਹਨ। ਜ਼ਿਕਰਯੋਗ ਹੈ ਕਿ ਉੱਘੇ ਸਾਹਿਤਕਾਰ ਮਾਧਵ ਕੌਸ਼ਿਕ ਰਾਸ਼ਟਰੀ ਸਾਹਿਤ ਅਕਾਦਮੀ, ਨਵੀਂ ਦਿੱਲੀ ਦੇ ਪ੍ਰਧਾਨ ਹਨ ਅਤੇ ਉਹ ਚੰਡੀਗੜ੍ਹ ਸਾਹਿਤ ਅਕਾਦਮੀ ਦੇ ਪ੍ਰਧਾਨ ਵੀ ਰਹਿ ਚੁੱਕੇ ਹਨ। ਚੰਡੀਗੜ੍ਹ ਸਾਹਿਤ ਅਕਾਦਮੀ ਦੇ ਪ੍ਰਧਾਨ ਡਾ. ਮਨਮੋਹਨ, ਸੁਭਾਸ਼ ਭਾਸਕਰ, ਅਨੀਸ਼ ਗਰਗ, ਜਗਦੀਪ ਸਿੱਧੂ, ਬਲੀਜੀਤ, ਗੁੱਲ ਚੌਹਾਨ, ਜੰਗ ਬਹਾਦਰ ਗੋਇਲ, ਵਿਜੈ ਕਪੂਰ, ਰੇਖਾ ਮਿੱਤਲ, ਪਰਵੀਨ ਸ਼ੇਰੋਂ, ਪ੍ਰੇਮ ਵਿੱਜ, ਡਾ. ਯੋਗ ਰਾਜ, ਪਰਮਜੀਤ ਮਾਨ, ਡਾ. ਲਾਭ ਸਿੰਘ ਖੀਵਾ, ਇੰਦਰਜੀਤ ਪ੍ਰੇਮੀ, ਸੁਰਜੀਤ ਸੁਮਨ, ਜੇ.ਐੱਸ ਮਹਿਰਾ, ਸਰੂਪ ਸਿਆਲ਼ਵੀ, ਪਾਲ ਅਜਨਬੀ ਨੇ ਉਨ੍ਹਾਂ ਨੂੰ ਵਧਾਈ ਦਿੱਤੀ।



## ਜੰਤਰ-ਮੰਤਰ 'ਤੇ ਵਿਦਿਆਰਥੀਆਂ ਖ਼ਿਲਾਫ਼ ਪੁਲਸ ਕਾਰਵਾਈ ਦੀ ਨਿੰਦਾ

**ਜਲੰਧਰ (ਰਾਜੇਸ਼ ਥਾਪਾ)** ਐਡਵੋਕੇਟਸ ਫਾਰ ਫਾਰਮਰਜ਼ ਐਂਡ ਲੇਬਰਰਜ਼, ਜਲੰਧਰ ਨੇ ਨਵੀਂ ਦਿੱਲੀ ਦੇ ਜੰਤਰ-ਮੰਤਰ ਵਿਖੇ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ 'ਤੇ ਪੁਲਸ ਵੱਲੋਂ ਕੀਤੀ ਗਈ ਕਾਰਵਾਈ ਦੀ ਸਖ਼ਤ ਨਿੰਦਾ ਕੀਤੀ ਹੈ।ਸੰਸਥਾ ਦੇ ਪ੍ਰਧਾਨ ਐਡਵੋਕੇਟ ਗੁਰਜੀਤ ਸਿੰਘ ਕਾਹਲੋਂ ਅਤੇ ਜਨਰਲ ਸਕੱਤਰ ਐਡਵੋਕੇਟ ਰਾਜੂ ਅੰਬੇਡਕਰ ਨੇ ਕਿਹਾ ਕਿ ਲੋਕਤੰਤਰ ਵਿੱਚ ਹਰ ਨਾਗਰਿਕ ਨੂੰ ਸ਼ਾਂਤੀਪੂਰਨ ਢੰਗ ਨਾਲ ਆਪਣੀ ਗੱਲ ਰੱਖਣ ਦਾ ਸੰਵਿਧਾਨਕ ਅਧਿਕਾਰ ਹੈ ਅਤੇ ਵਿਦਿਆਰਥੀਆਂ ਦੀਆਂ ਜਾਇਜ਼ ਮੰਗਾਂ ਨੂੰ ਬਲ ਪ੍ਰਯੋਗ ਦੀ ਬਜਾਏ ਗੱਲਬਾਤ ਰਾਹੀਂ ਸੁਣਿਆ ਜਾਣਾ ਚਾਹੀਦਾ ਹੈ।ਉਨ੍ਹਾਂ ਕੇਂਦਰ ਸਰਕਾਰ ਤੋਂ ਮਾਮਲੇ ਦੀ ਨਿਰਪੱਖ ਜਾਂਚ ਕਰਵਾਉਣ, ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਕਰਨ ਅਤੇ ਵਿਦਿਆਰਥੀਆਂ ਦੀਆਂ ਚਿੰਤਾਵਾਂ ਦਾ ਜਲਦ ਹੱਲ ਕਰਨ ਦੀ ਮੰਗ ਕੀਤੀ। ਇਸ ਮੌਕੇ ਐਡਵੋਕੇਟ ਕਰਨਜੀਤ ਸਿੰਘ, ਐਡਵੋਕੇਟ ਰਮਨਦੀਪ ਕੌਰ, ਐਡਵੋਕੇਟ ਨੇਹਾ, ਐਡਵੋਕੇਟ ਟੀਨਾ, ਐਡਵੋਕੇਟ ਲਵਪ੍ਰੀਤ ਸੁਮਨ, ਐਡਵੋਕੇਟ ਵਿਸਾਖਾ, ਐਡਵੋਕੇਟ ਪੂਜਾ, ਐਡਵੋਕੇਟ ਅੰਜਲੀ, ਐਡਵੋਕੇਟ ਅਰੁਣ ਸਿੱਧੂ, ਐਡਵੋਕੇਟ ਅਮਲੋਕ ਸਿੰਘ ਹਾਜ਼ਰ ਸਨ।



## ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਸਹੂਲਤ ਲਈ ਚਲਾਈ ਜਾ ਰਹੀ ਮੁਫ਼ਤ ਸਕੂਲ ਬੈਗ ਯੋਜਨਾ ਤਹਿਤ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਸਕੂਲ ਆਫ਼ ਐਮੀਨੈਂਸ, ਡੇਰਾਬੱਸੀ ਵਿਖੇ 11ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ। ਇਸ ਮੌਕੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦੇ ਨਾਲ-ਨਾਲ ਹਰ ਲੋੜੀਂਦੀ ਸਹੂਲਤ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕਿਸੇ ਵੀ ਵਿਦਿਆਰਥੀ ਨੂੰ ਸਿੱਖਿਆ ਪ੍ਰਾਪਤ ਕਰਨ ਦੌਰਾਨ ਸਹੂਲਤਾਂ ਦੀ ਘਾਟ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਸਰਕਾਰ ਦਾ ਟੀਚਾ ਹੈ ਕਿ ਹਰ ਵਿਦਿਆਰਥੀ ਨੂੰ ਬਿਹਤਰ ਸਿੱਖਿਆ, ਆਧੁਨਿਕ ਸਹੂਲਤਾਂ ਅਤੇ ਸੁਖਾਵਾਂ ਵਿੱਦਿਅਕ ਮਾਹੌਲ ਮਿਲੇ, ਤਾਂ ਜੋ ਉਹ ਆਪਣੀ ਪ੍ਰਤਿਭਾ ਨੂੰ ਨਿਖਾਰਦੇ ਹੋਏ ਆਪਣੇ ਸੁਪਨਿਆਂ ਨੂੰ ਸਾਕਾਰ ਕਰ ਸਕਣ ਅਤੇ ਸੂਬੇ ਦੇ ਵਿਕਾਸ ਵਿੱਚ ਆਪਣਾ ਯੋਗਦਾਨ ਪਾ ਸਕਣ।



## ਚਰਚਾ ਲਈ ਸੰਸਦ ਹੀ ਸਹੀ ਮੰਚ, ਹੱਲ ਲੱਭਣ ਦੀ ਬਜਾਏ ਡਰਾਮਾ ਕਰ ਰਹੀ ਹੈ ਕਾਂਗਰਸ : ਸਾਂਪਲਾ

**ਜਲੰਧਰ, (ਲਖਵਿੰਦਰ ਸਿੰਘ ਆਧੀ)** ਸਾਬਕਾ ਕੇਂਦਰੀ ਮੰਤਰੀ ਅਤੇ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸਾਬਕਾ ਸੂਬਾ ਪ੍ਰਧਾਨ ਵਿਜੈ ਸਾਂਪਲਾ ਨੇ ਕਾਂਗਰਸ 'ਤੇ ਨੀਟ ਮਾਮਲੇ ਦਾ ਸਿਆਸੀਕਰਨ ਕਰਨ ਦਾ ਦੋਸ਼ ਲਗਾਉਂਦਿਆਂ ਕਿਹਾ ਕਿ ਇਸ ਮੁੱਦੇ 'ਤੇ ਰਚਨਾਤਮਕ ਚਰਚਾ ਸੰਸਦ ਵਿੱਚ ਹੋਣੀ ਚਾਹੀਦੀ ਸੀ, ਪਰ ਕਾਂਗਰਸ ਨੇ ਹੱਲ ਲੱਭਣ ਦੀ ਬਜਾਏ ਇਸ ਨੂੰ ਸਿਆਸੀ ਮੁੱਦਾ ਬਣਾ ਦਿੱਤਾ। ਪੰਜਾਬ ਪ੍ਰੈਸ ਕਲੱਬ ਜਲੰਧਰ ਵਿਖੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਾਂਪਲਾ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵਿਦਿਆਰਥੀਆਂ ਦੇ ਹਿੱਤਾਂ ਦੀ ਰੱਖਿਆ ਕਰਨ ਅਤੇ ਪ੍ਰੀਖਿਆਵਾਂ ਵਿੱਚ ਹੋਈਆਂ ਬੇਨਿਯਮੀਆਂ ਲਈ ਜ਼ਿੰਮੇਵਾਰ ਲੋਕਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।



## ਨੌਕਰੀ ਲਗਵਾਉਣ ਦਾ ਝਾਂਸਾ ਦੇ ਕੇ ਕਰੀਬ 8 ਲੱਖ ਰੁਪਏ ਦੀ ਕਥਿਤ ਠੱਗੀ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਇਨਕਮ ਟੈਕਸ ਵਿਭਾਗ ਵਿੱਚ ਅਸਿਸਟੈਂਟ ਮੈਨੇਜਰ ਦੀ ਨੌਕਰੀ ਲਗਵਾਉਣ ਦਾ ਝਾਂਸਾ ਦੇ ਕੇ ਕਰੀਬ 7 ਲੱਖ 90 ਹਜ਼ਾਰ ਰੁਪਏ ਦੀ ਕਥਿਤ ਠੱਗੀ ਕਰਨ ਦੇ ਦੋਸ਼ ਹੇਠ ਢਕੋਲੀ ਪੁਲਸ ਨੇ ਇੱਕ ਵਿਅਕਤੀ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਜੈਪਾਲ ਪੁੱਤਰ ਓਮ ਪ੍ਰਕਾਸ਼, ਵਾਸੀ ਤਲਵਾੜਾ (ਹੁਸ਼ਿਆਰਪੁਰ), ਹਾਲ ਵਾਸੀ ਮਾਇਆ ਗਾਰਡਨ ਸਿਟੀ, ਜ਼ੀਰਕਪੁਰ ਵਜੋਂ ਹੋਈ ਹੈ। ਪੁਲਸ ਵੱਲੋਂ ਮੁਲਜ਼ਮ ਦੀ ਭਾਲ ਕੀਤੀ ਜਾ ਰਹੀ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦਿਪੇਂਦਰ ਕੁਮਾਰ ਪੁੱਤਰ ਹਰੀ ਸਿੰਘ, ਮੂਲ ਵਾਸੀ ਪਿੰਡ ਸਾਈ (ਹਿਮਾਚਲ ਪ੍ਰਦੇਸ਼) ਅਤੇ ਹਾਲ ਵਾਸੀ ਕਜਹੇੜੀ, ਚੰਡੀਗੜ੍ਹ ਨੇ ਦੱਸਿਆ ਕਿ ਸਾਲ 2023 ਦੌਰਾਨ ਉਸ ਦੇ ਜਾਣਕਾਰ ਧੀਰਜ ਨੇ ਉਸ ਦੀ ਜਾਣ-ਪਛਾਣ ਜੈਪਾਲ ਨਾਲ ਕਰਵਾਈ ਸੀ। ਸ਼ਿਕਾਇਤਕਰਤਾ ਅਨੁਸਾਰ ਜੈਪਾਲ ਢਕੋਲੀ ਵਿਖੇ ਇੱਕ ਸੀ ਐਚ ਸੀ ਸੈਂਟਰ ਚਲਾਉਂਦਾ ਸੀ ਅਤੇ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਨੌਕਰੀ ਲਗਵਾਉਣ ਦਾ ਦਾਅਵਾ ਕਰਦਾ ਸੀ। ਸ਼ਿਕਾਇਤ ਮੁਤਾਬਕ ਜੈਪਾਲ ਨੇ ਉਸ ਨੂੰ ਦੱਸਿਆ ਕਿ ਇਨਕਮ ਟੈਕਸ ਵਿਭਾਗ ਵਿੱਚ ਅਸਿਸਟੈਂਟ ਮੈਨੇਜਰ ਦੀਆਂ ਅਸਾਮੀਆਂ ਨਿਕਲੀਆਂ ਹੋਈਆਂ ਹਨ ਅਤੇ ਉਹ 10 ਲੱਖ ਰੁਪਏ ਦੇ ਬਦਲੇ ਉਸ ਦੀ ਨੌਕਰੀ ਲਗਵਾ ਸਕਦਾ ਹੈ। ਇਸ ਭਰੋਸੇ 'ਤੇ ਉਸ ਨੇ ਵੱਖ-ਵੱਖ ਤਰੀਕਾਂ 'ਤੇ ਮੁਲਜ਼ਮ ਨੂੰ ਕੁੱਲ 7 ਲੱਖ 90 ਹਜ਼ਾਰ ਰੁਪਏ ਅਦਾ ਕਰ ਦਿੱਤੇ। ਇਸ ਦੇ ਬਾਵਜੂਦ ਨਾ ਤਾਂ ਉਸ ਦੀ ਨੌਕਰੀ ਲਗਵਾਈ ਗਈ ਅਤੇ ਨਾ ਹੀ ਉਸ ਦੇ ਪੈਸੇ ਵਾਪਸ ਕੀਤੇ ਗਏ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਸ ਨੇ ਇਸ ਸਬੰਧੀ ਏ ਐਸ ਪੀ ਜ਼ੀਰਕਪੁਰ ਨੂੰ ਲਿਖਤੀ ਸ਼ਿਕਾਇਤ ਦਿੱਤੀ ਸੀ। ਢਕੋਲੀ ਪੁਲਸ ਨੇ ਮੁਲਜ਼ਮ ਜੈਪਾਲ ਖ਼ਿਲਾਫ਼ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਵੱਲੋਂ ਮੁਲਜ਼ਮ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ ਅਤੇ ਮਾਮਲੇ ਦੇ ਸਾਰੇ ਪਹਿਲੂਆਂ ਦੀ ਜਾਂਚ ਜਾਰੀ ਹੈ।

## ਕਾਰਗਿਲ ਵਿਜੈ ਦਿਵਸ 'ਤੇ ਵਿਸ਼ੇਸ਼ ਅਸੈਂਬਲੀ

**ਗੁਰਾਇਆ (ਬਿੰਦਰ ਸੁਮਨ)**- ਕਾਰਗਿਲ ਵਿਜੈ ਦਿਵਸ ਮਨਾਉਣ ਲਈ, ਦਸਵੀਂ-ਬੀ ਜਮਾਤ ਦੇ ਵਿਦਿਆਰਥੀਆਂ ਨੇ ਆਪਣੇ ਗ੍ਰੇਡ ਇੰਚਾਰਜ, ਗਗਨ ਦੀ ਅਗਵਾਈ ਹੇਠ ਇੱਕ ਗੰਭੀਰ ਅਤੇ ਪ੍ਰੇਰਨਾਦਾਇਕ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ। ਅਸੈਂਬਲੀ ਦਾ ਉਦੇਸ਼ 1999 ਦੇ ਕਾਰਗਿਲ ਯੁੱਧ ਦੌਰਾਨ ਬਹਾਦਰੀ ਨਾਲ ਲੜਨ ਵਾਲੇ ਭਾਰਤੀ ਹਥਿਆਰਬੰਦ ਸੈਨਾਵਾਂ ਦੇ ਬਹਾਦਰ ਸੈਨਿਕਾਂ ਦੀ ਬੇਮਿਸਾਲ ਹਿੰਮਤ, ਦੇਸ਼ ਭਗਤੀ ਅਤੇ ਸਰਵਉੱਚ ਕੁਰਬਾਨੀ ਦਾ ਸਨਮਾਨ ਕਰਨਾ ਸੀ। ਪ੍ਰੋਗਰਾਮ ਨੇ ਵਿਦਿਆਰਥੀਆਂ ਵਿੱਚ ਰਾਸ਼ਟਰੀ ਮਾਣ, ਸ਼ੁਕਰਗੁਜ਼ਾਰੀ ਅਤੇ ਰਾਸ਼ਟਰ ਪ੍ਰਤੀ ਜ਼ਿੰਮੇਵਾਰੀ ਦੀ ਡੂੰਘੀ ਭਾਵਨਾ ਪੈਦਾ ਕੀਤੀ। ਅਸੈਂਬਲੀ ਦੀ ਸ਼ੁਰੂਆਤ ਆਤਮਵਿਸ਼ਵਾਸੀ ਸਾਥੀਆਂ, [illegible] ਦੁਆਰਾ ਨਿੱਘਾ ਸਵਾਗਤ ਨਾਲ ਹੋਈ, ਜਿਨ੍ਹਾਂ ਨੇ ਕਾਰਗਿਲ ਵਿਜੈ ਦਿਵਸ ਦੀ ਮਹੱਤਤਾ ਨੂੰ ਉਜਾਗਰ ਕਰਕੇ [illegible] ਕੀਤਾ। ਅਮਾਨਤ ਨੇ ਦਿਵਸ ਦਾ [illegible] ਸਾਰਿਆਂ ਨੂੰ ਇਹ ਯਾਦ ਰੱਖਣ [illegible] ਸੈਨਿਕਾਂ ਦੀ ਹਿੰਮਤ ਅਤੇ ਕੁਰਬਾਨੀਆਂ ਸਾਨੂੰ ਜ਼ਿੰਮੇਵਾਰ ਅਤੇ ਸਮਰਪਿਤ ਨਾਗਰਿਕ ਬਣਨ ਲਈ ਪ੍ਰੇਰਿਤ ਕਰਦੀਆਂ ਹਨ। ਵਿਦਿਆਰਥੀਆਂ ਦੀ ਸ਼ਬਦਾਵਲੀ ਨੂੰ ਵਧਾਉਣ ਲਈ, ਬਾਰਲੀਨ ਨੇ ਇੱਕ ਨਵਾਂ ਸ਼ਬਦ ਪੇਸ਼ ਕੀਤਾ। ਹਰਲੀਨ ਨੇ ਖ਼ਬਰਾਂ ਦੀਆਂ ਸੁਰਖੀਆਂ ਪੇਸ਼ ਕੀਤੀਆਂ, ਇਸ ਤੋਂ ਬਾਅਦ ਗੌਰੀ ਨੇ ਇੱਕ ਪ੍ਰੇਰਨਾਦਾਇਕ ਭਾਸ਼ਣ ਦਿੱਤਾ, ਜਿਸ ਵਿੱਚ ਭਾਰਤੀ ਸੈਨਿਕਾਂ ਦੀ ਬਹਾਦਰੀ, ਕਾਰਗਿਲ ਯੁੱਧ ਵਿੱਚ ਭਾਰਤ ਦੀ ਜਿੱਤ ਦੀ ਮਹੱਤਤਾ [illegible] ਭਾਰਤੀ ਸੈਨਿਕਾਂ ਦੀ ਹਿੰਮਤ, ਦ੍ਰਿੜ੍ਹਤਾ ਅਤੇ ਕੁਰਬਾਨੀਆਂ ਨੂੰ ਦਰਸਾਇਆ, ਜਿਸ ਨਾਲ ਦਰਸ਼ਕਾਂ ਨੂੰ ਦੇਸ਼ ਦੇ ਨਾਇਕਾਂ ਲਈ ਪ੍ਰੇਰਿਤ ਅਤੇ ਸਤਿਕਾਰ ਨਾਲ ਭਰ ਦਿੱਤਾ ਗਿਆ।



## ਸਫ਼ਾਈ ਸੇਵਕਾਂ ਨੇ ਲਾਠੀ ਚਾਰਜ ਦੇ ਵਿਰੋਧ 'ਚ ਸਰਕਾਰ ਦੀ ਅਰਥੀ ਫੂਕੀ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਮੁੱਖ ਸਫ਼ਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ 'ਤੇ ਮਹਿਤਪੁਰ ਵਿੱਚ ਹੜਤਾਲ 16ਵੇਂ ਦਿਨ ਵੀ ਜਾਰੀ ਰਹੀ।ਇਸ ਦੌਰਾਨ ਸਫ਼ਾਈ ਕਰਮਚਾਰੀਆਂ ਨੇ ਪੰਜਾਬ ਸਰਕਾਰ ਵਿਰੁੱਧ ਰੋਸ ਮਾਰਚ ਕੱਢ ਕੇ ਬਰਨਾਲਾ ਵਿੱਚ ਸਫ਼ਾਈ ਸੇਵਕਾਂ 'ਤੇ ਕੀਤੇ ਗਏ ਲਾਠੀਚਾਰਜ ਦੇ ਵਿਰੋਧ ਵਿੱਚ ਪੰਜਾਬ ਸਰਕਾਰ ਦੀ ਅਰਥੀ ਸਾੜ ਕੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ [illegible] ਲਾਠੀ ਚਾਰਜ ਲਈ ਜ਼ਿੰਮੇਵਾਰ [illegible] ਵਿਰੁੱਧ ਕਾਰਵਾਈ ਕੀਤੀ ਜਾਵੇ। ਇਸ ਮੌਕੇ ਸੁਭਾਸ਼ ਵਾਲਮੀਕ, ਪੱਪੂ ਪ੍ਰਧਾਨ, ਓਮ ਪ੍ਰਕਾਸ਼, ਸੁਨੀਲ ਮਹਿਤਪੁਰੀ, ਕੁਲਵਿੰਦਰ, ਕਮਲ ਕਿਸ਼ੋਰ, ਰਾਮ ਚਰਨ ਅਤੇ [illegible]



## ਵਿਦਿਆਰਥੀਆਂ ਦੇ ਭਵਿੱਖ ਨਾਲ ਮੋਦੀ ਸਰਕਾਰ ਖਿਲਵਾੜ ਕਰ ਰਹੀ : ਠੇਕੇਦਾਰ ਭਗਵਾਨ, ਐਡਵੋਕੇਟ ਮਾਨਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)** ਬਹੁਜਨ ਸਮਾਜ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਠੇਕੇਦਾਰ ਭਗਵਾਨ ਦਾਸ ਸਿੱਧੂ ਅਤੇ ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਬਸਪਾ ਹਲਕਾ ਚੱਬੇਵਾਲ ਨੇ ਸਿੱਖਿਆ ਪ੍ਰਣਾਲੀ ਦੀ ਮਾੜੀ ਕਾਰਗੁਜ਼ਾਰੀ ਕਰਕੇ ਨੀਟ ਪੇਪਰ ਵਾਰ ਵਾਰ ਲੀਕ ਹੋਣ ਤੋਂ ਦੁੱਖੀ ਦਿੱਲੀ 'ਚ ਰੋਸ ਪ੍ਰਦਰਸ਼ਨ ਕਰ ਰਹੇ ਲੱਖਾਂ ਵਿਦਿਆਰਥੀਆਂ ਉੱਪਰ ਸਰਕਾਰ ਦੇ ਇਸ਼ਾਰੇ 'ਤੇ ਦਿੱਲੀ ਪੁਲਸ ਵਲੋਂ ਅੰਨੇਵਾਹ ਲਾਠੀਚਾਰਜ ਅਤੇ ਵਹਿਸ਼ੀਆਨਾ ਢੰਗ ਦੀ ਸਖਤ ਆਲੋਚਨਾ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕਰ ਰਹੀ ਹੈ ਅਤੇ ਨੀਟ ਪੇਪਰ ਲੀਕ ਮਾਮਲੇ ਅਤੇ ਸਿੱਖਿਆ ਪ੍ਰਣਾਲੀ ਦੀ ਬੇਹੱਦ ਮਾੜੀ ਕਾਰਗੁਜ਼ਾਰੀ ਤੇ ਚੁੱਪ ਧਾਰੀ ਬੈਠੀ ਹੈ।ਠੇਕੇਦਾਰ ਭਗਵਾਨ ਅਤੇ ਐਡਵੋਕੇਟ ਮਾਨਾ ਨੇ ਕਿਹਾ ਕਿ ਸਿੱਖਿਆ ਪ੍ਰਣਾਲੀ ਅੰਦਰ ਘਟੀਆ ਕਾਰਗੁਜ਼ਾਰੀ ਲਈ ਜਿੰਮੇਵਾਰ ਲੋਕਾਂ ਨੂੰ ਤੁਰੰਤ ਹਟਾਇਆ ਜਾਣਾ ਚਾਹੀਦਾ ਹੈ ਅਤੇ ਸਿੱਖਿਆ ਪ੍ਰਬੰਧਾਂ ਦੇ ਸੁਧਾਰ ਲਈ ਸਖਤ ਕਦਮ ਚੁੱਕਣੇ ਚਾਹੀਦੇ ਹਨ।



## ਮਨਰੇਗਾ ਮੁਲਾਜ਼ਮਾਂ ਤੇ ਸਫਾਈ ਕਰਮਚਾਰੀਆਂ ਉੱਪਰ ਲਾਠੀਚਾਰਜ ਦੀ ਨਿਖੇਧੀ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਮਨਰੇਗਾ ਮੁਲਾਜਮਾਂ ਅਤੇ ਸਫਾਈ ਕਰਮਚਾਰੀਆਂ ਜੋ ਆਪਣੀਆਂ ਮੰਗਾਂ ਮਨਵਾਉਣ ਲਈ ਸ਼ਾਂਤਮਈ ਵਿਰੋਧ ਪ੍ਰਦਰਸ਼ਨ ਕਰ ਰਹੇ ਸਨ, ਉੱਪਰ ਪੁਲਿਸ ਵਲੋਂ ਪੰਜਾਬ ਸਰਕਾਰ ਦੀ ਸ਼ਹਿ ਤੇ ਕੀਤੇ ਲਾਠੀਚਾਰਜ ਦੀ ਪਸਸਫ, ਜੀ.ਟੀ.ਯੂ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਅਤੇ ਜੇ.ਪੀ.ਐਮ.ਓ ਵਲੋਂ ਪੁਰਜੋਰ ਨਿਖੇਧੀ ਕੀਤੀ ਜਾਂਦੀ ਹੈ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਨਰਿੰਦਰ ਅਜਨੋਹਾ, ਜਨਰਲ ਸਕੱਤਰ ਮੱਖਣ ਸਿੰਘ ਲੰਗੇਰੀ, ਅਮਰਜੀਤ ਕੁਮਾਰ ਨੰਗਲ ਖਿਲਾੜੀਆਂ, ਮਲਕੀਤ ਸਿੰਘ ਬਾਹੋਵਾਲ ਅਤੇ ਜਿਲ੍ਹਾ ਜੀ.ਟੀ.ਯੂ ਆਗੂ ਪਰਮਜੀਤ ਕਾਤਿਬ ਨੇ ਕੀਤਾ। ਆਗੂਆਂ ਨੇ ਕਿਹਾ ਕਿ ਸ਼ਾਂਤਮਈ ਵਿਰੋਧ ਪ੍ਰਦਰਸ਼ਨ ਕਰਨਾ ਸਾਰਿਆਂ ਦਾ ਸੰਵਿਧਾਨਿਕ ਹੱਕ ਹੈ। ਸਰਕਾਰ ਨੂੰ ਵਿਰੋਧ ਦੀ ਅਵਾਜ ਦਬਾਉਣਾ ਆਉਣ ਵਾਲੀਆਂ ਚੋਣਾਂ ਵਿੱਚ ਮਹਿੰਗਾ ਪਵੇਗਾ।ਆਗੂਆਂ ਨੇ ਕਿਹਾ ਕਿ ਸਰਕਾਰ ਇਹਨਾਂ ਹੱਕ ਮੰਗਣ ਵਾਲਿਆਂ ਤੇ ਲਾਠੀਚਾਰਜ ਕਰਨ ਦੀ ਵਜਾਏ ਉਹਨਾਂ ਦੀਆਂ ਹੱਕੀ ਅਤੇ ਜਾਇਜ ਮੰਗਾਂ ਪੂਰੀਆਂ ਕਰੇ।ਇਸ ਮੌਕੇ ਜਸਵੀਰ ਸਿੰਘ, ਵਰਿੰਦਰ ਕੁਮਾਰ, ਸੰਜੀਵ ਕੁਮਾਰ, ਸਤਨਾਮ ਸਿੰਘ, ਗੁਰਨਾਮ ਚੰਦ, ਰਾਮ ਆਸਰਾ, ਰਜੇਸ਼ ਕੁਮਾਰ, ਕਮਲਜੀਤ ਸਿੰਘ, ਗਿਆਨ ਚੰਦ ਅਤੇ ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।



## ਮਨਰੇਗਾ ਕਰਮਚਾਰੀਆਂ ਦੀ ਹੜਤਾਲ 55ਵੇਂ ਦਿਨ ਜਾਰੀ

**ਸ੍ਰੀ ਅਨੰਦਪੁਰ (ਅਰਵਿੰਦਰ ਸਿੰਘ ਬਿੰਦੀ)**- ਮਨਰੇਗਾ ਕਰਮਚਾਰੀਆਂ ਦੀ ਹੜਤਾਲ ਅੱਜ 55ਵੇਂ ਦਿਨ ਪਹੁੰਚ ਚੁੱਕੀ ਹੈ। ਸਰਕਾਰ ਲਗਾਤਾਰ ਦਬਾਅ ਬਣਾ ਰਹੀ ਹੈ। ਮਨਰੇਗਾ ਕਰਮਚਾਰੀਆਂ ਦੀਆਂ ਮੰਗਾਂ ਦਾ ਸਾਰਥਕ ਹੱਲ ਨਹੀਂ ਕਰ ਰਹੀ। ਅੱਠ ਮਹੀਨੇ ਤੋਂ ਤਨਖਾਹਾਂ ਨਹੀਂ ਮਿਲ ਰਹੀਆਂ ਹਨ।ਇਸ ਮੌਕੇ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ [illegible] ਨੇ ਮਨਰੇਗਾ ਕਰਮਚਾਰੀਆਂ ਦੀ ਹੜਤਾਲ ਦਾ ਸਮਰਥਨ ਕਰਦਿਆਂ ਕਿਹਾ ਕਿ ਮਨਰੇਗਾ ਕਰਮਚਾਰੀਆਂ ਦੀਆਂ ਮੰਗਾਂ ਜਾਇਜ਼ ਹਨ। [illegible] 18,20 ਸਾਲਾਂ ਵਿਭਾਗ ਵਿੱਚ ਕੰਮ ਕਰਦੇ ਆ ਰਹੇ ਹਨ। [illegible]



## ਗਲਤ ਪਾਰਕਿੰਗ ਕਰਨ ਵਾਲੇ ਵਾਹਨਾਂ ਦੇ ਕੱਟੇ ਚਲਾਨ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਟ੍ਰੈਫਿਕ ਪੁਲਸ ਵੱਲੋਂ ਸਰਕਾਰੀ ਹਸਪਤਾਲ ਡੇਰਾਬੱਸੀ ਦੇ ਮੁੱਖ ਗੇਟ ਸਾਹਮਣੇ ਇੱਕ ਵਿਸ਼ੇਸ਼ ਮੁਹਿੰਮ ਚਲਾਈ ਗਈ। ਇਸ ਦੌਰਾਨ ਹਸਪਤਾਲ ਦੇ ਬਾਹਰ ਗਲਤ ਢੰਗ ਨਾਲ ਪਾਰਕ ਕੀਤੇ ਮੋਟਰਸਾਈਕਲਾਂ ਅਤੇ ਹੋਰ ਵਾਹਨਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਦਿਆਂ ਕਈ ਚਲਾਨ ਕੱਟੇ ਗਏ। ਇਸ ਤੋਂ ਇਲਾਵਾ, ਜਿਨ੍ਹਾਂ ਵਾਹਨਾਂ ਦਾ ਆਨਲਾਈਨ ਰਿਕਾਰਡ ਜਾਂ ਰਜਿਸਟ੍ਰੇਸ਼ਨ ਵੇਰਵਾ ਨਹੀਂ ਮਿਲਿਆ, ਉਨ੍ਹਾਂ ਨੂੰ ਜ਼ਬਤ ਕਰ ਲਿਆ ਗਿਆ, ਜਦਕਿ ਬਿਨਾਂ ਨੰਬਰ ਪਲੇਟ ਵਾਲੇ ਮੋਟਰਸਾਈਕਲ ਵੀ ਪੁਲਿਸ ਨੇ ਆਪਣੇ ਕਬਜ਼ੇ ਵਿੱਚ ਲਏ। ?ਇਸ ਮੁਹਿੰਮ ਦੀ ਅਗਵਾਈ ਟ੍ਰੈਫਿਕ ਇੰਚਾਰਜ ਸੁਰਿੰਦਰ ਸਿੰਘ ਨੇ ਖੁਦ ਮੌਕੇ 'ਤੇ ਹਾਜ਼ਰ ਰਹਿ ਕੇ ਕੀਤੀ। ਉਨ੍ਹਾਂ ਨੇ ਆਪਣੀ ਟੀਮ ਨਾਲ ਮਿਲ ਕੇ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਚਾਲਕਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਅਤੇ ਆਮ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਜਾਗਰੂਕ ਕੀਤਾ।



## ਬਰਨਾਲਾ 'ਚ ਮਹਿਲਾ ਸਫਾਈ ਕਰਮਚਾਰੀਆਂ 'ਤੇ ਲਾਠੀਚਾਰਜ ਦੀ ਘਟਨਾ ਬੇਹੱਦ ਨਿੰਦਣਯੋਗ : ਐਡਵੋਕੇਟ ਨਾਗਰਾਜ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਨਕੋਦਰ ਤੋਂ ਉੱਘੇ ਸਮਾਜ ਸੇਵਕ ਐਡਵੋਕੇਟ ਗੌਰਵ ਨਾਗਰਾਜ ( ਪ੍ਰਧਾਨ ਸ਼ਹੀਦ ਭਗਤ ਸਿੰਘ ਕਲੱਬ ਨਕੋਦਰ) ਵਲੋਂ ਬਰਨਾਲਾ ਵਿੱਚ ਆਪਣੀਆਂ ਮੰਗਾਂ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਸਫਾਈ ਸੇਵਕਾਂ 'ਤੇ ਹੋਏ ਲਾਠੀਚਾਰਜ ਦੀ ਤਿੱਖੀ ਨਿੰਦਾ ਕੀਤੀ ਹੈ। ਉਨਾਂ ਕਿਹਾ ਕਿ ਖ਼ਾਸ ਕਰਕੇ ਮਹਿਲਾ ਪ੍ਰਦਰਸ਼ਨਕਾਰੀਆਂ ਨਾਲ ਪੁਲਸ ਮੁਲਾਜ਼ਮਾਂ ਵੱਲੋਂ ਕੀਤੀ ਗਈ ਧੱਕੇਸ਼ਾਹੀ ਅਤੇ ਗੈਰ ਸ਼ਾਂਤੀਪੂਰਵਕ ਵਿਹਾਰ ਦਾ ਹੱਕ ਹਰ ਨਾਗਰਿਕ ਨੂੰ ਹੈ। [illegible] ਜਾਇਜ਼ ਮੰਗਾਂ ਦਾ ਜਲਦ ਹੱਲ ਕੀਤਾ ਜਾਵੇ। ਢੰਗ ਨਾਲ ਆਪਣੀਆਂ ਜਾਇਜ਼ ਮੰਗਾਂ ਰੱਖ ਰਹੇ ਸਨ, ਉਨ੍ਹਾਂ ਉਪਰ ਅਣ ਮਨੁੱਖੀ ਤਸ਼ਦੱਦ ਕੀਤਾ ਗਿਆ ਤੇ ਬਹੁਤ ਸਖ਼ਤੀ ਵਰਤੀ ਗਈ ਜੋ ਕਿ ਬਹੁਤ ਹੀ ਨਿੰਦਣਯੋਗ ਤੇ ਸ਼ਰਮਨਾਕ ਹੈ।ਐਡਵੋਕੇਟ ਨਾਗਰਾਜ ਨੇ ਇਸ ਘਟਨਾ ਤੋਂ ਬਾਅਦ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਦੀ ਕਾਰਵਾਈ 'ਤੇ ਸਵਾਲ ਉਠਾਏ ਹਨ। ਐਡਵੋਕੇਟ ਨਾਗਰਾਜ ਦਾ ਕਹਿਣਾ ਹੈ ਕਿ ਲੋਕਤੰਤਰ ਵਿੱਚ ਆਪਣੀ ਗੱਲ ਸ਼ਾਂਤੀਪੂਰਵਕ ਰੱਖਣ ਦਾ ਹੱਕ ਹਰ ਨਾਗਰਿਕ ਨੂੰ ਹੈ। ਐਡਵੋਕੇਟ ਨਾਗਰਾਜ ਨੇ ਮੰਗ ਕੀਤੀ ਹੈ ਕਿ ਘਟਨਾ ਦੀ ਨਿਰਪੱਖ ਜਾਂਚ ਕਰਵਾਈ ਜਾਵੇ, ਜ਼ਖ਼ਮੀਆਂ ਨੂੰ ਯੋਗ ਇਲਾਜ ਅਤੇ ਸਹਾਇਤਾ ਦਿੱਤੀ ਜਾਵੇ ਅਤੇ ਜਾਇਜ਼ ਮੰਗਾਂ ਦਾ ਜਲਦ ਹੱਲ ਕੀਤਾ ਜਾਵੇ। ਐਡਵੋਕੇਟ ਗੌਰਵ ਨਾਗਰਾਜ ਨੇ ਇਹ ਵੀ ਕਿਹਾ ਮੈਂ ਅਤੇ ਮੇਰੀ ਪੂਰੀ ਟੀਮ ਸਫਾਈ ਕਰਮਚਾਰੀਆਂ ਨੂੰ ਇਨਸਾਫ਼ ਦਿਵਾਉਣ ਲਈ ਓਹਨਾਂ ਦੇ ਨਾਲ ਖੜ੍ਹੀ ਹੈ।



## ਸਫ਼ਾਈ ਕਰਮਚਾਰੀਆਂ 'ਤੇ ਲਾਠੀਚਾਰਜ ਦੀ ਨਿਖੇਧੀ



**ਨਕੋਦਰ (ਮਨਜੀਤ ਮਾਨ)**- ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਰਜਿ. 26 ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਸ਼ੀਰਾ ਅਤੇ ਜ਼ਿਲ੍ਹਾ ਪ੍ਰਧਾਨ ਪ੍ਰਤਾਪ ਸਿੰਘ ਸੰਧੂ ਜਲੰਧਰ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਬਰਨਾਲਾ ਵਿੱਚ ਆਪਣੀਆਂ ਜਾਇਜ਼ ਮੰਗਾਂ ਲਈ ਸੰਘਰਸ਼ ਕਰ ਰਹੇ ਸਫ਼ਾਈ ਕਰਮਚਾਰੀਆਂ 'ਤੇ ਕੀਤੇ ਗਏ ਪੁਲਿਸ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਉਨ੍ਹਾਂ ਕਿਹਾ ਕਿ ਸ਼ਾਂਤਮਈ ਅਤੇ ਲੋਕਤੰਤਰੀ ਢੰਗ ਨਾਲ ਆਪਣੀਆਂ ਹੱਕੀ ਮੰਗਾਂ ਲਈ ਆਵਾਜ਼ ਉਠਾਉਣ ਵਾਲੇ ਕਰਮਚਾਰੀਆਂ 'ਤੇ ਲਾਠੀਚਾਰਜ ਕਰਨਾ ਬਹੁਤ ਹੀ ਨਿੰਦਣਯੋਗ ਅਤੇ ਲੋਕਤੰਤਰ ਵਿਰੋਧੀ ਕਦਮ ਹੈ। ਯੂਨੀਅਨ ਦੇ ਆਗੂ ਜਸਵੀਰ ਸਿੰਘ ਸ਼ੀਰਾ ਨੇ ਕਿਹਾ ਕਿ ਸਰਕਾਰ ਡੈਮੋਕ੍ਰੇਟਿਕ ਅਧਿਕਾਰਾਂ ਦਾ ਗਲਾ ਘੁੱਟ ਕੇ ਮੁਲਾਜ਼ਮ ਲਹਿਰਾਂ ਨੂੰ ਕੁਚਲਣਾ ਚਾਹੁੰਦੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੁੱਖ ਸਲਾਹਕਾਰ ਸ਼ਿੰਦਰਪਾਲ ਸੰਧੂ,ਮੀਤ ਪ੍ਰਧਾਨ ਸੰਦੀਪ ਸਿੰਘ ਕੰਗ,ਵਿੱਤ ਸਕੱਤਰ ਰੇਸ਼ਮ ਸਿੰਘ ਭੋਇਪੁਰ, ਸੀਨੀਅਰ ਮੀਤ ਪ੍ਰਧਾਨ ਗੁਰਭੇਜ ਸਿੰਘ ਧੁੱਗੜ,ਮੀਤ ਪ੍ਰਧਾਨ ਕੁਲਦੀਪ ਚੰਦ ਨਾਹਰ, ਭਗਵੰਤ ਸਿੰਘ ਫਾਜਲਵਾਲ, ਗੁਰਵਿੰਦਰ ਸਿੰਘ ਲਾਡੀ, ਸਾਬ ਸਿੰਘ, ਹਰਵਿੰਦਰ ਸਿੰਘ ਹੁੰਦਲ, ਪ੍ਰੈੱਸ ਸਕੱਤਰ ਅਜੇ ਸਿੰਘ ਭੋਗਪੁਰ ਆਦਿ ਆਗੂ ਹਾਜ਼ਰ ਸਨ ।

## ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ 'ਚ ਇਤਿਹਾਸਕ ਸੁਧਾਰ ਕੀਤੇ : ਮੋਹਿੰਦਰ ਭਗਤ

**ਜਲੰਧਰ (ਸ਼ੈਲੀ ਐਲਬਰਟ)** ਪੰਜਾਬ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਸਕੂਲ ਬੈਗ ਮੁਹੱਈਆ ਕਰਵਾਉਣ ਦੀ ਮੁਹਿੰਮ ਤਹਿਤ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵੱਲੋਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਅਬਾਦਪੁਰਾ ਵਿਖੇ 11ਵੀਂ ਅਤੇ 12ਵੀਂ ਕਲਾਸ ਦੀਆਂ ਵਿਦਿਆਰਥਣਾਂ ਨੂੰ ਸਕੂਲ ਬੈਗਾਂ ਦੀ ਵੰਡ ਕੀਤੀ ਗਈ।ਇਸ ਮੌਕੇ ਕੈਬਨਿਟ ਮੰਤਰੀ ਨੇ ਸਕੂਲ ਦੇ ਵਿਕਾਸ ਕਾਰਜਾਂ ਲਈ 30 ਲੱਖ ਰੁਪਏ ਦੀ ਰਾਸ਼ੀ ਦੇਣ ਦਾ ਐਲਾਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ ਵਿੱਚ ਇਤਿਹਾਸਕ ਸੁਧਾਰ ਕੀਤੇ ਹਨ। ਸ਼੍ਰੀ ਭਗਤ ਨੇ ਕਿਹਾ ਕਿ ਸਕੂਲ ਬੈਗ ਮੁਹੱਈਆ ਕਰਵਾਉਣ ਦਾ ਉਦੇਸ਼ ਵਿਦਿਆਰਥੀਆਂ ਨੂੰ ਪੜ੍ਹਾਈ ਲਈ ਉਤਸ਼ਾਹਿਤ ਕਰਨ ਦੇ ਨਾਲ-ਨਾਲ ਮਾਪਿਆਂ 'ਤੇ ਪੈਣ ਵਾਲੇ ਆਰਥਿਕ ਬੋਝ ਨੂੰ ਵੀ ਘੱਟ ਕਰਨਾ ਹੈ।ਇਸ ਮੌਕੇ ਕੈਬਨਿਟ ਮੰਤਰੀ ਨੇ ਵਿਭਾਗ ਵੱਲੋਂ ਭੇਜਿਆ ਆਰ.ਓ. ਅਤੇ ਸੈਨੇਟਰੀ ਨੈਪਕਿਨ ਵੈਂਡਿੰਗ ਮਸ਼ੀਨ ਵੀ ਸਕੂਲ ਨੂੰ ਸਮਰਪਿਤ ਕੀਤੀ। ਇਸ ਤੋਂ ਪਹਿਲਾਂ ਪ੍ਰਿੰਸੀਪਲ ਸੋਨੀਆ ਧਵਨ ਨੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਦਾ ਸਕੂਲ ਪਹੁੰਚਣ 'ਤੇ ਸਵਾਗਤ ਕੀਤਾ। ਇਸ ਮੌਕੇ ਸੰਜੀਵ ਭਗਤ, ਆਪ ਆਗੂ ਗੁਰਨਾਮ ਸਿੰਘ, ਰਣਜੀਤ ਕੁਮਾਰ, ਸਰਬਜੀਤ ਕੌਰ, ਗੁਰਦਰਸ਼ਨ ਅਤੇ ਅਧਿਆਪਕ ਪ੍ਰਵੀਨ ਬਾਲਾ, ਗੁਰਪ੍ਰੀਤ ਸਿੰਘ, ਤ੍ਰਿਪਤਾ ਭਾਟੀਆ, ਸਰੋਜ ਬਾਲਾ ਅਤੇ ਹੋਰ ਸਟਾਫ ਵੀ ਮੌਜੂਦ ਸੀ।



## ਮੋਰਿੰਡਾ ਵਿੱਚ ਅੱਜ ਨਿਕਲੇਗੀ ਜਗਨਨਾਥ ਰਥ ਯਾਤਰਾ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਇਸਕਾਨ ਸੈਂਟਰ ਮੋਰਿੰਡਾ, ਸਮੂਹ ਧਾਰਮਿਕ ਸੰਸਥਾਵਾਂ ਤੇ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ 25 ਜੁਲਾਈ ਨੂੰ ਜਗਨਨਾਥ ਰਥ ਯਾਤਰਾ ਸ਼ਰਧਾ ਅਤੇ ਉਤਸ਼ਾਹ ਨਾਲ ਕੱਢੀ ਜਾਵੇਗੀ। ਯਾਤਰਾ ਸ਼ਾਮ 4 ਵਜੇ ਸ੍ਰੀ ਰਾਮ ਭਵਨ ਮੋਰਿੰਡਾ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਮੁੱਖ ਬਾਜ਼ਾਰਾਂ ਅਤੇ ਮਾਰਗਾਂ ਤੋਂ ਗੁਜ਼ਰਦੀ ਹੋਈ ਰਾਮ ਧਰਮਾਰਥ ਟਰੱਸਟ ਗੋਵਰਧਨ ਗਊਸ਼ਾਲਾ ਵਿਖੇ ਸਮਾਪਤ ਹੋਵੇਗੀ। ਇਸ ਤੋਂ ਪਹਿਲਾਂ ਸਵੇਰੇ 11 ਵਜੇ ਤੋਂ ਸ੍ਰੀ ਰਾਮ ਭਵਨ ਵਿਖੇ ਧਾਰਮਿਕ ਪ੍ਰੋਗਰਾਮ ਹੋਣਗੇ, ਜਦਕਿ ਸ਼ਾਮ 7 ਵਜੇ ਗਊਸ਼ਾਲਾ ਵਿਖੇ ਵਿਸ਼ੇਸ਼ ਕੀਰਤਨ ਅਤੇ ਪ੍ਰਸਾਦ ਦਾ ਪ੍ਰਬੰਧ ਕੀਤਾ ਗਿਆ ਹੈ। ਰਥ ਯਾਤਰਾ ਨੂੰ ਲੈ ਕੇ ਸ਼ਹਿਰ ਵਿੱਚ ਭਗਤਾਂ ਵਿੱਚ ਭਾਰੀ ਉਤਸ਼ਾਹ ਦੇਖਿਆ ਜਾ ਰਿਹਾ ਹੈ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਦੇ ਸ਼ਾਮਲ ਹੋਣ ਦੀ ਉਮੀਦ ਹੈ। ਪ੍ਰਬੰਧਕਾਂ ਵੱਲੋਂ ਯਾਤਰਾ ਦੇ ਸੁਚੱਜੇ ਪ੍ਰਬੰਧਾਂ ਲਈ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ। ਹਾਲਾਂਕਿ, ਦੂਜੇ ਪਾਸੇ ਮੋਰਿੰਡਾ ਵਿੱਚ ਸਫ਼ਾਈ ਕਰਮਚਾਰੀਆਂ ਦੀ ਜਾਰੀ ਹੜਤਾਲ ਕਾਰਨ ਸ਼ਹਿਰ ਦੇ ਕਈ ਇਲਾਕਿਆਂ ਵਿੱਚ ਕੂੜੇ ਦੇ ਢੇਰ ਲੱਗੇ ਹੋਏ ਹਨ। ਰਥ ਯਾਤਰਾ ਦੇ ਮਾਰਗ 'ਤੇ ਵੀ ਕਈ ਥਾਵਾਂ 'ਤੇ ਗੰਦਗੀ ਦੇ ਢੇਰ ਨਜ਼ਰ ਆ ਰਹੇ ਹਨ। ਸ਼ਹਿਰ ਵਾਸੀਆਂ ਅਤੇ ਧਾਰਮਿਕ ਜਥੇਬੰਦੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਰਥ ਯਾਤਰਾ ਤੋਂ ਪਹਿਲਾਂ ਯਾਤਰਾ ਮਾਰਗ ਅਤੇ ਆਸ-ਪਾਸ ਦੇ ਇਲਾਕਿਆਂ ਦੀ ਵਿਸ਼ੇਸ਼ ਸਫ਼ਾਈ ਕਰਵਾਈ ਜਾਵੇ।



## ਸਨਮਾਨ ਸਮਾਰੋਹ ਤੇ ਸੱਭਿਆਚਾਰਕ ਪ੍ਰੋਗਰਾਮ ਭਲਕੇ

**ਚੰਡੀਗੜ੍ਹ (ਸੁਰਜੀਤ ਸੁਮਨ)**- ਸ਼ਿਵਾਲਕ ਵੈੱਲਫੇਅਰ, ਸਪੋਰਟਸ ਤੇ ਕਲਚਰਲ ਸੋਸਾਇਟੀ (ਰਜਿ.) ਵੱਲੋਂ ਮੋਹਾਲੀ ਦੇ ਪੈਰਾਗਾਨ ਸੀਨੀਅਰ ਸੈਕੰਡਰੀ ਸਕੂਲ ਸੈਕਟਰ 71 ਵਿਖੇ 26 ਜੁਲਾਈ ਨੂੰ ਸ਼ਾਮ 4.00 ਵਜੇ ਇੱਕ ਸਨਮਾਨ ਸਮਾਰੋਹ ਤੇ ਸੱਭਿਆਚਾਰਕ ਸਮਾਗਮ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਚਰਚਿਤ ਕਲਾਕਾਰਾਂ ਵੱਲੋਂ ਆਪਣੇ ਫਨ ਦਾ ਮੁਜ਼ਾਹਰਾ ਕੀਤਾ ਜਾਵੇਗਾ। ਇਸ ਸਬੰਧੀ ਸੋਸਾਇਟੀ ਦੇ ਪ੍ਰਧਾਨ ਅਵਤਾਰ ਸਿੰਘ ਰੰਗਰਾ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਉਤਸ਼ਾਹਿਤ ਕਰਦਿਆਂ ਨਸ਼ਿਆਂ ਤੋਂ ਦੂਰ ਰਹਿਣ ਵੱਲ ਪ੍ਰੇਰਿਤ ਕਰਨ ਦੇ ਮਕਸਦ ਨਾਲ ਸੱਭਿਆਚਾਰ, ਖੇਡਾਂ ਤੇ ਵਿੱਦਿਆ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਦੇ ਨਾਲ ਨਾਲ ਉੱਘੇ ਸਮਾਜ ਸੇਵੀਆਂ, ਲੋਕ ਗਾਇਕਾਂ, ਫਿਲਮੀ ਹਸਤੀਆਂ ਅਤੇ ਉੱਘੇ ਖਿਡਾਰੀਆਂ ਦਾ ਸਨਮਾਨ ਕੀਤਾ ਜਾਵੇਗਾ।




## ਡੇਰਾ ਬਾਪੂ ਗੰਗਾ ਦਾਸ ਮਾਹਿਲਪਰ ਵਿਖੇ ਸ੍ਰੀ ਮੱਧ ਭਾਗਵਤ ਕਥਾ ਜਾਰੀ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਬਾਪੂ ਗੰਗਾ ਦਾਸ ਜੀ ਵੈਲਫੇਅਰ ਸੁਸਾਇਟੀ ਰਜਿ. ਮਾਹਿਲਪੁਰ ਵਲੋਂ ਸ੍ਰੀ ਸ੍ਰੀ 1008 ਧੰਨ - ਧੰਨ ਗੁਰੂ ਬਾਪੂ ਗੰਗਾ ਦਾਸ ਮਹਾਰਾਜ ਦੀ 11ਵੀਂ ਬਰਸੀ 'ਤੇ ਸਲਾਨਾ ਧਾਰਮਿਕ ਸਮਾਗਮ 28 ਅਤੇ 29 ਜੁਲਾਈ ਨੂੰ ਤਪ ਅਸਥਾਨ ਡੇਰਾ ਬਾਪੂ ਗੰਗਾ ਦਾਸ ਮਾਹਿਲਪੁਰ ਵਿਖੇ ਕਰਵਾਇਆ ਜਾ ਰਿਹਾ ਹੈ। ਅਸਥਾਨ ਦੇ ਮੁੱਖ ਸੇਵਾਦਾਰ ਦਾਸ ਮਨਦੀਪ ਸਿੰਘ ਨੇ ਦੱਸਿਆ ਕਿ 21 ਜੁਲਾਈ ਤੋਂ ਡੇਰਾ ਬਾਪੂ ਗੰਗਾ ਦਾਸ ਵਿਖੇ ਗੌਰਦਾਸ ਵਰਿੰਦਾਵਨ ਵਾਲੇ ਸ਼ਾਮ ਨੂੰ 6 ਤੋਂ ਰਾਤ 10 ਵਜੇ ਤੱਕ ਸ੍ਰੀ ਮੱਧ ਭਾਗਵਤ ਕਥਾ ਕਰ ਰਹੇ ਹਨ। ਬੀਤੇ ਦਿਨ ਇਸ ਸਮਾਗਮ ਵਿੱਚ ਸੰਤ ਬਾਬਾ ਬਾਲ ਜੀ ਮਹਾਰਾਜ ਊਨਾ ਵਾਲਿਆਂ ਨੇ ਧਾਰਮਿਕ ਪ੍ਰਵਚਨ ਕਰਦਿਆਂ ਸ੍ਰੀ ਮੱਧ ਭਗਵਤ ਵਿੱਚ ਸ੍ਰੀ ਕ੍ਰਿਸ਼ਨ ਦੇ ਉਪਦੇਸ਼ਾਂ ਅਤੇ ਬਾਪੂ ਗੰਗਾ ਦਾ ਦੇ ਪਰਉਪਕਾਰੀ ਜੀਵਨ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ। ਉਹਨਾਂ ਦੱਸਿਆ ਕਿ 28 ਜੁਲਾਈ ਨੂੰ ਸ੍ਰੀ ਰਮਾਇਣ ਦੇ ਪਾਠ ਸਵੇਰੇ 9 ਵਜੇ ਆਰੰਭ ਕੀਤੇ ਜਾਣਗੇ। 29 ਜੁਲਾਈ ਨੂੰ ਸਵੇਰੇ 7 ਵਜੇ ਹਵਨ ਯੱਗ ਹੋਵੇਗਾ। ਇਸ ਤੋਂ ਬਾਅਦ ਸ੍ਰੀ ਰਾਮਾਇਣ ਦੇ ਪਾਠ ਦੇ ਭੋਗ ਪਾਏ ਜਾਣਗੇ। 28 ਅਤੇ 29 ਜੁਲਾਈ ਨੂੰ ਹੀ ਬਾਪੂ ਜੀ ਦੇ ਦਰਬਾਰ ਵਿੱਚ ਦੇਸ਼ ਭਰ ਦੇ ਨਾਮੀ ਕਲਾਕਾਰ ਉਹਨਾਂ ਦੀ ਮਹਿਮਾ ਦਾ ਗੁਣ ਗਾਇਨ ਕਰਨਗੇ। ਬਾਪੂ ਜੀ ਦੇ ਦਰਬਾਰ ਦੀ ਉਸਾਰੀ ਦਾ ਕਾਰਜ ਚੱਲ ਰਿਹਾ ਹੈ, ਸਾਰੀਆਂ ਸੰਗਤਾਂ ਇਸ ਕਾਰਜ ਵਿੱਚ ਵੀ ਵੱਧ ਤੋਂ ਵੱਧ ਸਹਿਯੋਗ ਪਾਉਣ । ਡੇਰੇ ਵਿੱਚ ਚੱਲ ਰਹੇ ਸਮਾਗਮ ਦੌਰਾਨ ਸਮੁੱਚੇ ਕਮੇਟੀ ਮੈਂਬਰ ਅਤੇ ਅਛਰ ਸਿੰਘ ਜੋਸ਼ੀ, ਜੋਗਿੰਦਰ ਪਾਲ ਪਿੰਕੀ, ਅਨਿਲ ਕੁਮਾਰ ਕਾਲਾ, ਵਿੱਕੀ ਅਗਨੀਹੋਤਰੀ, ਪਰਮਜੀਤ ਬੈਂਸ, ਗੀਟਾ ਰਾਣੀ ਸਾਬਕਾ ਐਮ.ਸੀ, ਅਨੁਰਾਗ ਹਾਂਡਾ ਸਮੇਤ ਮਾਹਿਲਪੁਰ ਅਤੇ ਲਾਗਲੇ ਪਿੰਡਾਂ ਦੀਆਂ ਸੰਗਤਾਂ ਪੂਰਾ ਸਹਿਯੋਗ ਕਰ ਰਹੀਆਂ ਹਨ। ਲੰਗਰ ਅਟੁੱਟ ਚਲ ਰਿਹਾ ਹੈ।



## ਬ੍ਰਹਮਪੁਰ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ 'ਤੇ ਡਾਕੂਮੈਂਟਰੀ ਦਿਖਾਈ

**ਫਗਵਾੜਾ (ਜਸਵਿੰਦਰ ਢੱਡਾ)** ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਦੇ ਸਾਲ ਭਰ ਚੱਲਣ ਵਾਲੇ ਯਾਦਗਾਰੀ ਪ੍ਰੋਗਰਾਮਾਂ ਦੇ ਹਿੱਸੇ ਫਗਵਾੜਾ ਦੇ ਪਿੰਡ ਬ੍ਰਹਮਪੁਰ ਵਿਖੇ ਗੁਰੂ ਜੀ ਦੇ ਜੀਵਨ, ਸਿੱਖਿਆਵਾਂ ਅਤੇ ਯਾਤਰਾ ਨੂੰ ਦਰਸਾਉਂਦੀਆਂ ਡਾਕੂਮੈਂਟਰੀਆਂ ਦੇ ਸ਼ੋਅ ਕਰਵਾਏ ਗਏ।ਡਾਕੂਮੈਂਟਰੀ ਨੂੰ ਭਰਵਾਂ ਹੁੰਗਾਰਾ ਮਿਲਿਆ, ਜਿਸ ਵਿੱਚ ਨੌਜਵਾਨਾਂ, ਮਹਿਲਾਵਾਂ ਅਤੇ ਬਜ਼ੁਰਗਾਂ ਸਮੇਤ ਪਿੰਡ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਪਿੰਡ ਵਾਸੀਆਂ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।



## ਹੈਰੋਇਨ ਸਮੇਤ ਨੌਜਵਾਨ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)** ਪੁਲਸ ਥਾਣਾ ਸਿਟੀ ਨਵਾਂਸ਼ਹਿਰ ਵਿਖੇ ਦਰਜ ਮਾਮਲੇ ਅਨੁਸਾਰ ਐੱਚ ਸੀ ਨਰੇਸ਼ ਕੁਮਾਰ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਦੇ ਥਾਣਾ ਸਿਟੀ ਨਵਾਸ਼ਹਿਰ ਤੋਂ ਹੁੰਦੇ ਹੋਏ ਪਿੰਡ ਅਮਰਗੜ ਵੱਲ ਨੂੰ ਜਾ ਰਹੇ ਸੀ। ਪੁਲਸ ਪਾਰਟੀ ਨਾਖਾ ਵਾਲੇ ਬਾਗ ਨੇੜੇ ਪੁਲੀ ਪੁੱਜੀ ਤਾਂ ਇੱਕ ਵਿਅਕਤੀ ਆਉਂਦਾ ਦਿਖਾਈ ਦਿੱਤਾ।ਜਿਸ ਨੇ ਪੁਲਸ ਪਾਰਟੀ ਦੀ ਸਰਕਾਰੀ ਗੱਡੀ ਦੇਖ ਕੇ ਘਬਰਾ ਕੇ ਆਪਣੇ ਖੱਬੇ ਹੱਥ ਵਿਚ ਫੜੀ ਇੱਕ ਪਾਰਦਰਸ਼ੀ ਵਜਨਦਾਰ ਲਿਫਾਫੀ ਨੇੜੇ ਘਾਹ ਫੂਸ ਵਿਚ ਸੁੱਟ ਦਿੱਤੀ।ਤਾਂ ਉਸ ਵਿਅਕਤੀ ਨੂੰ ਕਾਬੂ ਕਰਕੇ ਨਾਮ ਪਤਾ ਪੁਛਿਆ। ਜਿਸਨੇ ਆਪਣਾ ਨਾਮ ਪ੍ਰਿੰਸ ਪੁੱਤਰ ਰਾਕੇਸ਼ ਕੁਮਾਰ ਵਾਸੀ ਵਾਲਮੀਕਿ ਮੁੱਹਲਾ ਨਵਾਂਸ਼ਹਿਰ ਦੱਸਿਆ। ਉਸ ਵੱਲੋਂ ਸੁੱਟੀ ਲਿਫਾਫੀ ਵਿਚੋਂ 2 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਪੁਲਿਸ ਨੇ ਕਥਿਤ ਮੁਲਜ਼ਮ ਖਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਪੁਲਸ ਚੌਕੀ ਵਿਖੇ ਲਾਰਵੇਸਾਈਡ ਦਵਾਈ ਦਾ ਕੀਤਾ ਛਿੜਕਾਅ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸ੍ਰੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਪੁਲਿਸ ਚੌਂਕੀ ਲੁਠੇੜੀ ਵਿਖੇ ਡੇਂਗੂ ਤੋਂ ਬਚਾਅ ਲਈ ਲਾਰਵੇਸਾਈਡ ਦਵਾਈ ਦਾ ਛਿੜਕਾਅ ਕੀਤਾ ਗਿਆ।ਇਸ ਮੌਕੇ ਤੇ ਲਖਵਿੰਦਰ ਸਿੰਘ ਮਲਟੀਪਰਪਜ਼ ਹੈਲਥ ਸੁਪਰਵਾਈਜਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਡੇਂਗੂ ਦਾ ਮੱਛਰ ਕੂਲਰਾਂ ਵਿੱਚ,ਪਾਣੀ ਦੀਆਂ ਟੈਕੀਆਂ ਵਿੱਚ, ਗਮਲਿਆਂ ਵਿੱਚ, ਟੁੱਟੇ-ਭੱਜੇ/ਸੁੱਟੇ ਭਾਂਡਿਆਂ ਅਤੇ ਟਾਇਰਾਂ ਆਦਿ ਵਿੱਚ ਖੜ੍ਹੇ ਸਾਫ ਪਾਣੀ ਵਿੱਚ ਪਲਦਾ ਹੈ।ਇਸ ਲਈ ਆਪਣੇ ਆਲੇ-ਦੁਆਲੇ ਸਫਾਈ ਰੱਖੀ ਜਾਵੇ।ਉਨ੍ਹਾਂ ਕਿਹਾ ਕਿ ਅੰਡੇ ਤੋਂ ਅਡੱਲਟ ਮੱਛਰ ਹਫ਼ਤੇ ਵਿੱਚ ਬਣਦਾ ਹੈ ਇਸ ਲਈ ਕੂਲਰਾਂ, ਗਮਲਿਆਂ, ਫਰਿਜਾਂ ਦੀਆਂ ਟ੍ਰੇਆਂ ਅਤੇ ਹੋਰ ਪਾਣੀ ਦੇ ਕੰਟੇਨਰਾਂ ਨੂੰ ਹਫ਼ਤੇ ਦੇ ਹਰੇਕ ਸ਼ੁੱਕਰਵਾਰ ਨੂੰ ਸਾਫ ਕਰਕੇ ਸੁੱਕਾ ਰੱਖਿਆ ਜਾਵੇ।ਛੱਤਾਂ ਤੇ ਰੱਖੀਆਂ ਪਾਣੀ ਦੀਆਂ ਟੈਂਕੀਆਂ ਦੇ ਢੱਕਣਾਂ ਨੂੰ ਚੰਗੀ ਤਰ੍ਹਾਂ ਬੰਦ ਰੱਖਿਆ ਜਾਵੇ।ਟੁੱਟੇ ਬਰਤਨਾਂ, ਡਰਮਾਂ ਅਤੇ ਟਾਇਰਾਂ ਆਦਿ ਨੂੰ ਖੁੱਲ੍ਹੇ ਵਿੱਚ ਨਾ ਰੱਖਿਆ ਜਾਵੇ।ਇਸ ਮੌਕੇ ਤੇ ਲਖਮਿੰਦਰ ਸਿੰਘ ਹੈਲਥ ਵਰਕਰ ਨੇ ਕਿਹਾ ਕਿ ਜੇਕਰ ਕਿਸੀ ਵਿਅਕਤੀ ਨੂੰ ਤੇਜ ਸਿਰ ਦਰਦ ਤੇ ਤੇਜ਼ ਬੁਖਾਰ ਹੋਵੇ, ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ ਹੋਵੇ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ, ਜੀ ਕੱਚਾ ਹੋਣਾ ਅਤੇ ਉਲਟੀਆਂ ਲੱਗਣਾ ਅਜਿਹੇ ਲੱਛਣ ਜਾ ਡੇਂਗੂ ਹੋਣ ਤੇ ਦਵਾਈ ਆਪਣੇ ਪੱਧਰ ਤੇ ਨਾ ਲਈ ਜਾਵੇ ਅਤੇ ਸਿਰਫ ਪੈਰਾਸਿਟਾਮੋਲ ਦਵਾਈ ਦੀ ਹੀ ਵਰਤੋਂ ਕੀਤੀ ਜਾਵੇ।ਇਸ ਮੌਕੇ ਤੇ ਬੇਅੰਤ ਸਿੰਘ ਨੇ ਕਿਹਾ ਕਿ ਡੇਂਗੂ ਦਾ ਟੈਸਟ ਸਿਵਲ ਹਸਪਤਾਲ ਰੂਪਨਗਰ ਵਿਖੇ ਮਾਈਕਰੋਬਾਇਓਲਾਜੀ ਲੈਬ ਵਿੱਚ ਮੁਫ਼ਤ ਕੀਤਾ ਜਾਂਦਾ ਹੈ।



## ਸਤਨਾਮ ਸਿੰਘ ਸ਼ੌਕਰ ਭਲਕੇ ਪੜ੍ਹਨਗੇ ਕਹਾਣੀ 'ਬਦਕਾਰ ?'

**ਚੰਡੀਗੜ੍ਹ (ਸੁਰਜੀਤ ਸੁਮਨ)** ਕਹਾਣੀ ਸੰਗਤ ਚੰਡੀਗੜ੍ਹ ਦੀ ਇਕੱਤਰਤਾ ਰਾਣੀ ਲਕਸ਼ਮੀ ਬਾਈ ਭਵਨ, ਸੈਕਟਰ 38, ਚੰਡੀਗੜ੍ਹ ਵਿਖੇ 26 ਜੁਲਾਈ ਨੂੰ ਸਵੇਰੇ 9.30 ਵਜੇ ਹੋ ਰਹੀ ਹੈ। ਕਹਾਣੀ ਸੰਗਤ ਦੇ ਕਨਵੀਨਰ ਪਰਮਜੀਤ ਮਾਨ ਨੇ ਕਿਹਾ ਕਿ ਇਸ ਸਮਾਗਮ ਵਿੱਚ ਸਤਨਾਮ ਸਿੰਘ ਸ਼ੌਕਰ, ਆਪਣੀ ਅਣਛਪੀ ਕਹਾਣੀ 'ਬਦਕਾਰ ?' ਪੜ੍ਹਨਗੇ। ਚੇਅਰਪਰਸਨ ਦੀਪਤੀ ਬਬੂਟਾ ਕਹਾਣੀ ਬਾਰੇ ਸੰਵਾਦ ਰਚਾਉਣਗੇ, ਜਦਕਿ ਹਾਜ਼ਰ ਸਾਹਿਤਕਾਰ ਵੀ ਆਪਣੇ ਵਿਚਾਰ ਪ੍ਰਗਟਾਉਂਦਿਆਂ ਸੰਵਾਦ ਵਿੱਚ ਸ਼ਾਮਲ ਹੋਣਗੇ।




## ਸਿਮਰਨਜੀਤ ਸਿੰਘ ਮਾਨ 2 ਨੂੰ ਪੰਡੋਰੀ ਖਜੂਰ ਵਿਖੇ ਬੇਗਮਪੁਰਾ ਪੰਥਕ ਇਕੱਠ ਨੂੰ ਸੰਬੋਧਨ ਕਰਨਗੇ : ਡਾ. ਜੱਖੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ੍ਰ. ਸਿਮਰਨਜੀਤ ਸਿੰਘ ਮਾਨ ਦੋ ਅਗਸਤ ਨੂੰ ਹਲਕਾ ਸ਼ਾਮ 84 ਦੇ ਪਿੰਡ ਪੰਡੋਰੀ ਖਜੂਰ ਵਿਖੇ ਢਿੱਲੋਂ ਮੈਰਿਜ ਪੈਲਸ ਵਿੱਚ ਹੋ ਰਹੇ ਬੇਗਮਪੁਰਾ ਪੰਥਕ ਇਕੱਠ ਨੂੰ ਸੰਬੋਧਨ ਕਰਨਗੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਡਾਕਟਰ ਹਰਜਿੰਦਰ ਸਿੰਘ ਜੱਖੂ ਜਨਰਲ ਸਕੱਤਰ ਤੇ ਦੁਆਬਾ ਇੰਚਾਰਜ ਨੇ ਪਰਮਿੰਦਰ ਸਿੰਘ ਖਾਲਸਾ ਹਲਕਾ ਇੰਚਾਰਜ ਮੁਕੇਰੀਆਂ ਦੀ ਅਗਵਾਈ ਹੇਠ ਹੋਈ ਵਿਸ਼ੇਸ਼ ਮੀਟਿੰਗ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਸਮੇਂ ਪਰਮਿੰਦਰ ਸਿੰਘ ਖਾਲਸਾ ਨੇ ਕਿਹਾ ਕਿ ਸਿਮਰਨਜੀਤ ਸਿੰਘ ਮਾਨ ਦੇ ਵਿਚਾਰ ਸੁਣਨ ਲਈ ਮੁਕੇਰੀਆਂ ਤੋਂ ਵੱਡਾ ਜਥਾ ਇਕੱਠ ਵਿੱਚ ਸ਼ਾਮਿਲ ਹੋਵੇਗਾ। ਇਸ ਸਮੇ ਸੰਤੋਖ ਸਿੰਘ ਡਾਲੋਵਾਲ, ਸਤਨਾਮ ਸਿੰਘ ਧਾਮੀਆਂ, ਗੁਰਪ੍ਰੀਤ ਸਿੰਘ ਲਾਡੀ ਯੂਥ ਪ੍ਰਧਾਨ, ਪ੍ਰੀਆ ਕੌਰ ਸਿੰਘ ਇਸਤਰੀ ਵਿੰਗ ਪ੍ਰਧਾਨ, ਰਚਨ ਸਿੰਘ ਟਾਂਡਾ ਚੂੜੀਆਂ, ਭਜਨ ਸਿੰਘ ਟਾਂਡਾ ਚੂੜੀਆਂ, ਭੁਪਿੰਦਰ ਸਿੰਘ ਪਿੰਕੀ, ਹਰਪ੍ਰੀਤ ਸਿੰਘ ਹੈਪੀ, ਚਰਨਜੀਤ ਸਿੰਘ, ਬੱਗਾ ਜੀਤਾ, ਬਲਰਾਜ ਸਿੰਘ ਸ਼ੇਰਾ, ਡਾਕਟਰ ਧਿਆਨ ਸਿੰਘ, ਸਾਬਕਾ ਸਰਪੰਚ ਲਖਵਿੰਦਰ ਸਿੰਘ ਮਾਨਾ, ਨਿਸ਼ਾਨ ਸਿੰਘ ਬੁੱਢੇਵਾਲ, ਅਵਤਾਰ ਸਿੰਘ ਸ਼ਹਿਰੀ ਪ੍ਰਧਾਨ ਆਦਿ ਹਾਜ਼ਰ ਸਨ।



## ਨੀਟ ਪ੍ਰੀਖਿਆ 'ਚ 581 ਅੰਕ ਲੈਣ 'ਤੇ ਪ੍ਰੀਤਪਾਲ ਸਨਮਾਨਤ

**ਭਲਾਣ (ਹਰਭਜਨ ਸਿੰਘ ਢਿੱਲੋਂ)** ਪਿੰਡ ਸੁਖਸਾਲ ਦੇ ਹੋਣਹਾਰ ਵਿਦਿਆਰਥੀ ਪ੍ਰੀਤਪਾਲ ਵੱਲੋਂ ਨੀਟ ਪ੍ਰੀਖਿਆ 581 ਅੰਕਾਂ ਨਾਲ ਪਾਸ ਕਰਕੇ ਇਲਾਕੇ ਦਾ ਨਾਮ ਰੌਸ਼ਨ ਕਰਨ 'ਤੇ ਪੰਜਾਬ ਵਿਧਾਨ ਸਭਾ ਦੇ ਸਾਬਕਾ ਸਪੀਕਰ ਰਾਣਾ ਕੇ.ਪੀ. ਸਿੰਘ ਨੇ ਉਨ੍ਹਾਂ ਦੇ ਗ੍ਰਹਿ ਪਹੁੰਚ ਕੇ ਪ੍ਰੀਤਪਾਲ ਨੂੰ ਸਨਮਾਨਤ ਕੀਤਾ ਅਤੇ ਪਰਿਵਾਰ ਨੂੰ ਵਧਾਈ ਦਿੱਤੀ। ਇਸ ਮੌਕੇ ਰਾਣਾ ਕੇ.ਪੀ. ਸਿੰਘ ਨੇ ਕਿਹਾ ਕਿ ਪ੍ਰੀਤਪਾਲ ਨੇ ਆਪਣੀ ਸਖ਼ਤ ਮਿਹਨਤ, ਲਗਨ ਅਤੇ ਦ੍ਰਿੜ੍ਹ ਇਰਾਦੇ ਨਾਲ ਇਹ ਸ਼ਾਨਦਾਰ ਸਫਲਤਾ ਹਾਸਲ ਕੀਤੀ ਹੈ। ਉਨ੍ਹਾਂ ਕਿਹਾ ਕਿ ਇੱਕ ਸਧਾਰਨ ਪਰਿਵਾਰ ਦੇ ਬੱਚੇ ਵੱਲੋਂ ਦੇਸ਼ ਪੱਧਰ ਦੀ ਪ੍ਰੀਖਿਆ ਪਾਸ ਕਰਨਾ ਨਾ ਸਿਰਫ਼ ਪਿੰਡ ਸੁਖਸਾਲ ਲਈ ਸਗੋਂ ਸਮੁੱਚੇ ਇਲਾਕੇ ਲਈ ਮਾਣ ਅਤੇ ਪ੍ਰੇਰਨਾ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਅਜਿਹੇ ਹੋਣਹਾਰ ਨੌਜਵਾਨ ਸਮਾਜ ਦੇ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਸਰੋਤ ਬਣਦੇ ਹਨ ਅਤੇ ਸਾਬਤ ਕਰਦੇ ਹਨ ਕਿ ਮਿਹਨਤ ਅਤੇ ਸਮਰਪਣ ਨਾਲ ਹਰ ਮੰਜ਼ਿਲ ਹਾਸਲ ਕੀਤੀ ਜਾ ਸਕਦੀ ਹੈ। ਰਾਣਾ ਕੇ.ਪੀ. ਸਿੰਘ ਨੇ ਪ੍ਰੀਤਪਾਲ ਦੇ ਮਾਪਿਆਂ ਨੂੰ ਵੀ ਵਧਾਈ ਦਿੰਦਿਆਂ ਕਿਹਾ ਕਿ ਬੱਚਿਆਂ ਦੀ ਸਫਲਤਾ ਵਿੱਚ ਪਰਿਵਾਰ ਦੀ ਮਿਹਨਤ, ਹੌਸਲਾ-ਅਫ਼ਜ਼ਾਈ ਅਤੇ ਸੰਸਕਾਰਾਂ ਦਾ ਵੀ ਵੱਡਾ ਯੋਗਦਾਨ ਹੁੰਦਾ ਹੈ। ਉਨ੍ਹਾਂ ਪ੍ਰੀਤਪਾਲ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਡਾਕਟਰੀ ਖੇਤਰ ਵਿੱਚ ਵੀ ਨਵੀਆਂ ਉਚਾਈਆਂ ਨੂੰ ਛੂਹ ਕੇ ਦੇਸ਼ ਅਤੇ ਸਮਾਜ ਦੀ ਸੇਵਾ ਕਰੇਗਾ।



## ਹੈਰੋਇਨ ਸਮੇਤ ਇੱਕ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**- ਪੁਲਸ ਥਾਣਾ ਸਦਰ ਨਵਾਂਸ਼ਹਿਰ ਵਿਖੇ ਦਰਜ਼ ਮਾਮਲੇ ਅਨੁਸਾਰ ਐੱਸ ਆਈ ਬਲਵੀਰ ਸਿੰਘ ਸਮੇਤ, ਸਾਥੀ ਕਰਮਚਾਰੀਆਂ ਦੇ ਗਸ਼ਤ ਬਾ ਚੈਕਿੰਗ ਸ਼ੱਕੀ ਪੁਰਸ਼ਾਂ ਤੇ ਸ਼ੱਕੀ ਵਹੀਕਲਾ ਦੇ ਸਬੰਧ ਵਿਚ ਪਿੰਡ ਸਜਾਵਲਪੁਰ ਤੋਂ ਪਿੰਡ ਸਾਹਬਪੁਰ ਵੱਲ ਨੂੰ ਜਾ ਰਹੇ ਸੀ।ਜਦੋਂ ਪੁਲਿਸ ਪਾਰਟੀ ਪਿੰਡ ਸਹਾਬਪੁਰ ਟ੍ਰਾਂਸਫਾਰਮ ਲਾਗੇ ਪੁੱਜੀ ਤਾਂ ਸਾਹਮਣੇ ਤੋਂ ਇੱਕ ਨੌਜਵਾਨ ਪੈਦਲ ਆਉਂਦਾ ਦਿਖਾਈ ਦਿੱਤਾ ਜਿਸ ਨੇ ਪੁਲਿਸ ਪਾਰਟੀ ਦੀ ਗੱਡੀ ਨੂੰ ਦੇਖ ਕੇ ਯਕਦਮ ਘਬਰਾ ਕੇ ਜਲਦੀ ਨਾਲ ਆਪਣੇ ਖੱਬੇ ਹੱਥ ਵਿਚ ਫੜੀ ਵਜਨਦਾਰ ਪਾਰਦਰਸ਼ੀ ਮੋਮੀ ਲਿਫਾਫੀ ਸੜਕ ਕਿਨਾਰੇ ਘਾਹ ਫੂਸ ਵਿਚ ਸੁੱਟ ਦਿੱਤੀ ਅਤੇ ਪਿਛਾਹ ਨੂੰ ਮੁੜ ਕੇ ਖਿਸਕਣ ਲੱਗਾ। ਇਸ ਨੂੰ ਗੱਡੀ ਰੁਕਵਾ ਕੇ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕਰਕੇ ਨਾਮ ਪਤਾ ਪੁੱਛਿਆ ਜਿਸ ਨੇ ਆਪਣਾ ਨਾਮ ਪਵਨ ਕੁਮਾਰ, ਪੁੱਤਰ ਰਾਮ ਲੁਭਾਇਆ ਵਾਸੀ ਪਿੰਡ ਰੱਕੜਾ ਢਾਂਹਾ ਦੱਸਿਆ ਜਿਸ ਵੱਲੋਂ ਸੁੱਟੀ ਮੋਮੀ ਪਾਰਦਰਸ਼ੀ ਲਿਫਾਫੀ ਵਿਚੋਂ 50 ਗ੍ਰਾਮ ਹੈਰੋਇਨ ਬਰਾਮਦ ਹੋਈ।

## ਪ੍ਰਕਾਸ਼ ਪੁਰਬ ਨੂੰ ਸਮਰਪਤ ਕੀਰਤਨ ਦਰਬਾਰ ਕਰਵਾਇਆ

**ਬੰਗਾ (ਅਵਤਾਰ ਕਲੇਰ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਵਿਸ਼ਾਲ ਅਤੇ ਆਤਮਿਕ ਉਤਸ਼ਾਹ ਨਾਲ ਭਰਪੂਰ ਕੀਰਤਨ ਦਰਬਾਰ ਸ਼ੁੱਕਰਵਾਰ ਨੂੰ ਦਾਨਾ ਮੰਡੀ ਬੰਗਾ ਵਿਖੇ ਕਰਵਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕਰਕੇ ਗੁਰਬਾਣੀ ਅਤੇ ਭਗਤੀ ਭਜਨਾਂ ਦੇ ਰਸ ਦਾ ਆਨੰਦ ਮਾਣਿਆ। ਧਾਰਮਿਕ ਸਮਾਗਮ ਦੌਰਾਨ ਸ਼ਰਧਾ, ਸਤਿਕਾਰ ਅਤੇ ਆਤਮਿਕ ਭਾਵਨਾ ਦਾ ਮਾਹੌਲ ਬਣਿਆ ਰਿਹਾ। ਕੀਰਤਨ ਦਰਬਾਰ ਵਿੱਚ ਵਿਧਾਇਕ ਬੰਗਾ ਡਾ. ਸੁਖਵਿੰਦਰ ਕੁਮਾਰ ਸੁੱਖੀ, ਚੇਅਰਮੈਨ ਇੰਪਰੂਵਮੈਂਟ ਟਰੱਸਟ ਸਤਨਾਮ ਸਿੰਘ ਜਲਵਾਹਾ, ਹਲਕਾ ਇੰਚਾਰਜ ਰੂਬੀ ਕੰਗ, ਭੁਪਿੰਦਰ ਪਾਲ ਜਾਡਲਾ ਅਤੇ ਪਵਨਜੀਤ ਸਿੱਧੂ ਨੇ ਸ਼ਰਧਾਲੂਆਂ ਵਜੋਂ ਹਾਜ਼ਰੀ ਭਰੀ ਅਤੇ ਮੱਥਾ ਟੇਕਿਆ। ਇਸ ਮੌਕੇ ਸੰਤ ਸਮਾਜ ਦੀਆਂ ਕਈ ਪ੍ਰਮੁੱਖ ਹਸਤੀਆਂ ਵੀ ਪਹੁੰਚੀਆਂ, ਜਿਨ੍ਹਾਂ ਵਿੱਚ ਸੰਤ ਸਤਵਿੰਦਰਜੀਤ ਸਿੰਘ ਹੀਰਾ, ਸੰਤ ਕਾਹਨ ਸਿੰਘ ਹੈਬੋਵਾਲ, ਸੰਤ ਸੋਹਨ ਸਿੰਘ, ਸੰਤ ਨਿਰਮਲ ਦਾਸ ਜੋੜੇ ਵਾਲੇ, ਸੰਤ ਸੁੰਦਰ ਦਾਸ, ਸੰਤ ਬਾਬਾ ਨਰੇਸ਼ ਸਿੰਘ, ਸੰਤ ਬਾਬਾ ਸੁਖਦੇਵ ਸਿੰਘ, ਸੰਤ ਅਰਜਨ ਦੇਵ, ਸ੍ਰੀ ਖੁਰਾਲਗੜ੍ਹ ਸਾਹਿਬ ਦੇ ਸੰਤ ਜਗਦੀਸ਼, ਸੰਤ ਕੇਵਲ ਸਿੰਘ, ਸੰਤ ਗਿਰਧਾਰੀ ਲਾਲ, ਸੰਤ ਬਾਬਾ ਰਜਿੰਦਰ ਸਿੰਘ, ਸੰਤ ਬਾਬਾ ਸਤਨਾਮ ਦਾਸ ਅਤੇ ਸੰਤ ਬਾਬਾ ਜਸਵਿੰਦਰ ਸਿੰਘ ਸ਼ਾਮਲ ਸਨ। ਪ੍ਰਸਿੱਧ ਰਾਗੀ ਭਾਈ ਦਵਿੰਦਰ ਸਿੰਘ ਸੋਢੀ ਲੁਧਿਆਣਾ ਵਾਲੇ ਅਤੇ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਰਵਿੰਦਰ ਸਿੰਘ ਵੱਲੋਂ ਕੀਤੇ ਗਏ ਮਧੁਰ ਗੁਰਬਾਣੀ ਕੀਰਤਨ ਨੇ ਸੰਗਤਾਂ ਨੂੰ ਨਿਹਾਲ ਕਰ ਦਿੱਤਾ। ਭਾਈ ਗੁਰਮੀਤ ਸਿੰਘ ਨੇ ਗੁਰਬਾਣੀ ਕਥਾ ਕਰਦਿਆਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਸਿੱਖਿਆਵਾਂ ਅਤੇ ਦਰਸ਼ਨ ਬਾਰੇ ਚਾਨਣਾ ਪਾਇਆ ਅਤੇ ਸੰਗਤਾਂ ਨੂੰ ਗੁਰੂ ਜੀ ਦੇ ਸਮਾਨਤਾ, ਨਿਮਰਤਾ ਅਤੇ ਨਿਸ਼ਕਾਮ ਸੇਵਾ ਦੇ ਆਦਰਸ਼ਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਜਨਮ ਦਿਹਾੜੇ ਨੂੰ ਸਮਰਪਿਤ ਪੂਰੇ ਸੂਬੇ ਵਿੱਚ ਕਈ ਪ੍ਰੋਗਰਾਮ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਭਰ ਵਿੱਚ ਵਿਸ਼ਾਲ ਕੀਰਤਨ ਦਰਬਾਰ ਕਰਵਾਏ ਜਾ ਰਹੇ ਹਨ ਅਤੇ ਮੁੱਖ ਮੰਤਰੀ ਵੱਲੋਂ ਝੰਡੀ ਦੇ ਕੇ ਰਵਾਨਾ ਕੀਤੀਆਂ ਗਈਆਂ ਵਿਸ਼ੇਸ਼ ਪ੍ਰਚਾਰ ਵੈਨਾਂ ਰਾਹੀਂ ਸੂਬੇ ਦੇ 12,000 ਤੋਂ ਵੱਧ ਪਿੰਡਾਂ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਡਾਕੂਮੈਂਟਰੀ ਫਿਲਮਾਂ ਦਿਖਾਈਆਂ ਜਾ ਰਹੀਆਂ ਹਨ।



## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਇਕ ਵੱਲੋਂ ਤਿੰਨ ਬੱਸਾਂ ਰਵਾਨਾ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਦੀ ਦੇਖ-ਰੇਖ ਹੇਠ ਸ਼ਰਧਾਲੂਆਂ ਦੀਆਂ ਤਿੰਨ ਬੱਸਾਂ ਰਵਾਨਾ ਕੀਤੀਆਂ ਗਈਆਂ। ਇਹ ਬੱਸਾਂ ਹਲਕੇ ਤੋਂ ਰਵਾਨਾ ਹੋਣ ਵਾਲੀਆਂ ਕ੍ਰਮਵਾਰ 86ਵੀਂ, 87ਵੀਂ ਅਤੇ 88ਵੀਂ ਬੱਸਾਂ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਯੋਜਨਾ ਦੀ ਸ਼ੁਰੂਆਤ ਦੌਰਾਨ ਜਦੋਂ ਹਲਕੇ ਤੋਂ ਚਾਰ-ਪੰਜ ਬੱਸਾਂ ਰਵਾਨਾ ਕੀਤੀਆਂ ਜਾਂਦੀਆਂ ਸਨ ਤਾਂ ਸ਼ਰਧਾਲੂਆਂ ਤੱਕ ਪਹੁੰਚ ਕਰਨ ਵਿੱਚ ਕਾਫ਼ੀ ਸਮਾਂ ਲੱਗਦਾ ਸੀ। ਪਰ ਜਦੋਂ ਤੀਰਥ ਯਾਤਰਾ ਤੋਂ ਵਾਪਸ ਆਏ ਸ਼ਰਧਾਲੂਆਂ ਨੇ ਆਪਣੇ ਸੰਗੀ-ਸਾਥੀਆਂ ਅਤੇ ਰਿਸ਼ਤੇਦਾਰਾਂ ਨਾਲ ਇਸ ਯਾਤਰਾ ਦੇ ਆਪਣੇ ਅਨੁਭਵ ਸਾਂਝੇ ਕੀਤੇ ਤਾਂ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਯੋਜਨਾ ਤਹਿਤ ਰਜਿਸਟ੍ਰੇਸ਼ਨ ਕਰਵਾਉਣੀ ਸ਼ੁਰੂ ਕਰ ਦਿੱਤੀ।

